ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 74
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 17 March, 2026) ਮੰਗਲਵਾਰ, 17 ਮਾਰਚ, 2026, 4 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ 23 ਮਈ ਨੂੰ ਖੁੱਲ੍ਹਣਗੇ

ਚਮੋਲੀ, 16 ਮਾਰਚ (ਚ.ਨ.ਸ.): ਉੱਤਰਾਖੰਡ ਦੇ ਚਮੋਲੀ ਜ਼ਿਲ੍ਹੇ 'ਚ ਸਥਿਤ ਸਿੱਖਾਂ ਦੇ ਪ੍ਰਸਿੱਧ ਅਤੇ ਪਵਿੱਤਰ ਹਿਮਾਲਿਆ ਧਾਰਮਿਕ ਸਥਾਨਕ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ 23 ਮਈ ਨੂੰ ਖੁੱਲ੍ਹਣਗੇ। ਗੋਵਿੰਦ ਘਾਟ ਗੁਰੂਘਰ ਦੇ ਮੈਨੇਜਰ ਸਰਦਾਰ ਸੇਵਾ ਸਿੰਘ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ 23 ਮਈ ਨੂੰ ਖੋਲ੍ਹੇ ਜਾਣਗੇ। ਉਨ੍ਹਾਂ ਦੱਸਿਆ ਹੇਮਕੁੰਟ ਸਾਹਿਬ ਪ੍ਰਬੰਧਨ ਟਰੱਸਟ ਦੇ ਚੇਅਰਮੈਨ ਬਿੰਦਰਾ ਨੇ ਮੁੱਖ ਸਕੱਤਰ ਨਾਲ ਆਉਣ ਵਾਲੀ ਤੀਰਥ ਯਾਤਰਾ ਸੀਜ਼ਨ (ਬਾਕੀ ਸਫਾ 2 'ਤੇ)

ਪੰਜਾਬ ਵਿਧਾਨ ਸਭਾ ਵੱਲੋਂ ਦੋ ਅਹਿਮ ਬਿੱਲ ਪਾਸ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 16 ਮਾਰਚ:ਪੰਜਾਬ ਵਿਧਾਨ ਸਭਾ ਨੇ ਅੱਜ ਦੋ ਮਹੱਤਵਪੂਰਨ ਬਿੱਲ ਪਾਸ ਕੀਤੇ ਹਨ। ਇਨ੍ਹਾਂ ਵਿੱਚੋਂ ਪਹਿਲਾ ਬਿੱਲ ਪੰਜਾਬ ਰੈਗੂਲੇਸ਼ਨ ਆਫ਼ ਕਰੱਸ਼ਰ ਯੂਨਿਟਸ ਅਤੇ ਸਟਾਕਿਸਟ ਐਂਡ ਰਿਟੇਲਰਜ਼ (ਸੋਧ) ਬਿੱਲ, 2026, ਪੰਜਾਬ ਦੇ ਜਲ ਸਰੋਤ ਤੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਪੇਸ਼ ਕੀਤਾ ਗਿਆ, ਜਿਸ ਨੂੰ ਸਦਨ ਨੇ ਬਹੁਮਤ ਨਾਲ ਪਾਸ ਕਰ ਦਿੱਤਾ।

ਦੂਜਾ ਬਿੱਲ ਸ੍ਰੀ ਗੁਰੂ ਤੇਗ ਬਹਾਦਰ ਵਰਲਡ ਕਲਾਸ ਯੂਨੀਵਰਸਿਟੀ, ਪੰਜਾਬ ਬਿੱਲ, 2026 ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪੇਸ਼ ਕੀਤਾ ਗਿਆ ਸੀ, ਜਿਸ ਨੂੰ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ।

ਸਦਨ ਨੇ ਸਰਬਸੰਮਤੀ ਨਾਲ ਇੱਕ ਹੋਰ ਅਹਿਮ ਮਤਾ ਵੀ ਪਾਸ ਕੀਤਾ, ਜਿਸ ਵਿੱਚ ਕੇਂਦਰ ਸਰਕਾਰ ਨੂੰ ਉੱਘੇ ਦਲਿਤ ਨੇਤਾ ਅਤੇ ਸਮਾਜ ਸੁਧਾਰਕ ਸਾਹਿਬ ਸ੍ਰੀ ਕਾਂਸ਼ੀ ਰਾਮ ਨੂੰ ਦੇਸ਼ ਦਾ ਸਭ ਤੋਂ ਵੱਡਾ ਨਾਗਰਿਕ ਪੁਰਸਕਾਰ ਭਾਰਤ ਰਤਨ ਦੇਣ ਦੀ ਸਿਫਾਰਸ਼ ਕੀਤੀ ਗਈ।

ਸਦਨ ਨੇ ਵਿਰੋਧੀ ਧਿਰ ਦੇ ਨੇਤਾ (ਐਲ.ਓ.ਪੀ.) ਪ੍ਰਤਾਪ ਸਿੰਘ ਬਾਜਵਾ ਦੁਆਰਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਅਤੇ ਜਾਤੀਵਾਦੀ ਟਿੱਪਣੀਆਂ ਦੀ ਸਖ਼ਤ ਨਿੰਦਾ ਕਰਦਿਆਂ ਇੱਕ ਮਤਾ ਵੀ ਪਾਸ ਕੀਤਾ। ਇਹ ਮਤਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੁਆਰਾ ਪੇਸ਼ ਕੀਤਾ ਗਿਆ ਸੀ।

ਇਸ ਤੋਂ ਪਹਿਲਾਂ 11 ਰਿਪੋਰਟਾਂ, ਜਿਨ੍ਹਾਂ ਵਿੱਚ ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ ਦੁਆਰਾ ਸਾਲ 2023-24 ਲਈ ਰਾਜ ਦੇ ਵਿੱਤ ਬਾਰੇ ਰਿਪੋਰਟ, ਮਾਰਚ 2023 ਤੱਕ ਦੇ ਵਿੱਤੀ ਵਰ੍ਹੇ ਲਈ ਸਟੇਟ ਪਬਲਿਕ ਸੈਕਟਰ ਇੰਟਰਪ੍ਰਾਈਜਜ਼ ਬਾਰੇ ਰਿਪੋਰਟ, ਮਾਰਚ 2023 ਤੱਕ ਦੇ ਵਿੱਤੀ ਵਰ੍ਹੇ ਲਈ ਰਾਜ ਦੇ ਮਾਲੀਏ ਬਾਰੇ ਰਿਪੋਰਟ ਅਤੇ ਮਾਰਚ 2023 ਤੱਕ ਦੇ ਵਿੱਤੀ ਵਰ੍ਹੇ ਲਈ ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ ਦੀ ਇੱਕ ਹੋਰ ਰਿਪੋਰਟ ਸ਼ਾਮਲ ਹੈ।

ਇਸ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਪਰਫਾਰਮੈਂਸ ਆਡਿਟ ਅਤੇ ਪੰਜਾਬ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਦੁਆਰਾ ਠੋਸ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ, ਮਾਰਚ 2024 ਤੱਕ ਦੇ ਵਿੱਤੀ ਵਰ੍ਹੇ ਲਈ ਰਾਜ ਦੇ ਮਾਲੀਏ ਬਾਰੇ ਰਿਪੋਰਟ, ਮਾਰਚ 2024 ਤੱਕ ਦੇ ਵਿੱਤੀ ਵਰ੍ਹੇ ਲਈ ਇੱਕ ਹੋਰ ਰਿਪੋਰਟ ਅਤੇ ਮਾਰਚ 2023 ਤੱਕ ਦੇ ਵਿੱਤੀ ਵਰ੍ਹੇ ਲਈ ਸਥਾਨਕ ਸੰਸਥਾਵਾਂ ਬਾਰੇ ਰਿਪੋਰਟ ਵੀ ਪੇਸ਼ ਕੀਤੀ ਗਈ।

ਇਸ ਤੋਂ ਇਲਾਵਾ ਸਾਲ 2024-25 ਲਈ ਪੰਜਾਬ ਸਰਕਾਰ ਦੇ ਵਿੱਤ ਖਾਤੇ (ਭਾਗ-1), ਸਾਲ 2024-25 (ਬਾਕੀ ਸਫਾ 2 'ਤੇ)

'ਆਪ' ਸਰਕਾਰ ਨੇ ਸਿਰ.ਫ ਚਾਰ ਸਾਲਾਂ 'ਚ ਸਾਰੀਆਂ ਗਾਰੰਟੀਆਂ ਪੂਰੀਆਂ ਕੀਤੀਆਂ: ਮਾਨ

ਲੋਕਾਂ ਨੇ ਕਾਂਗਰਸ, ਅਕਾਲੀ ਤੇ ਭਾਜਪਾ ਨੂੰ ਰੱਦ ਕਰਕੇ ਸਾਥੋਂ ਉਮੀਦਾਂ ਰੱਖੀਆਂ ਸਨ ਤੇ ਅਸੀਂ ਲੋਕਾਂ ਦਾ ਭਰੋਸਾ ਨਹੀਂ ਟੁੱਟਣ ਦਿੱਤਾ: ਮੁੱਖ ਮੰਤਰੀ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 16 ਮਾਰਚ:ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਵਰ੍ਹੇ ਮੁਕੰਮਲ ਹੋਣ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ 'ਕੰਮ ਦੀ ਸਿਆਸਤ' ਰਾਹੀਂ ਲੋਕਾਂ ਨੂੰ ਦਿੱਤੀਆਂ ਸਾਰੀਆਂ ਗਾਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੇ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਨੂੰ ਰੱਦ ਕਰਕੇ ਸਾਥੋਂ ਉਮੀਦਾਂ ਰੱਖੀਆਂ ਸਨ ਅਤੇ ਅਸੀਂ ਲੋਕਾਂ ਦਾ ਭਰੋਸਾ ਟੁੱਟਣ ਨਹੀਂ ਦਿੱਤਾ।

ਮੁੱਖ ਮੰਤਰੀ ਨੇ ਮੁੱਖ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਜਿਨ੍ਹਾਂ ਵਿੱਚ ਮੁਫ਼ਤ ਬਿਜਲੀ, ਕਿਸਾਨਾਂ ਲਈ ਦਿਨ ਵੇਲੇ ਬਿਜਲੀ, 78 ਫੀਸਦੀ ਖੇਤਾਂ ਨੂੰ ਨਹਿਰੀ ਪਾਣੀ, 65,000 ਸਰਕਾਰੀ ਨੌਕਰੀਆਂ ਅਤੇ 5.5 ਲੱਖ ਰੁਜ਼ਗਾਰ ਦੇ ਨਵੇਂ ਮੌਕੇ, ਆਮ ਆਦਮੀ ਕਲੀਨਿਕਾਂ ਰਾਹੀਂ ਸਿਹਤ ਸੰਭਾਲ ਦਾ ਵਿਸਥਾਰ ਅਤੇ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਸ਼ਾਮਲ ਹਨ।

ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ', 1.55 ਲੱਖ ਕਰੋੜ ਰੁਪਏ ਦੇ ਰਿਕਾਰਡ ਨਿਵੇਸ਼ ਅਤੇ ਸੜਕ ਸੁਰੱਖਿਆ ਫੋਰਸ ਨਾਲ ਸਰਕਾਰ ਦੇ ਇਰਾਦੇ ਸਪੱਸ਼ਟ ਹੁੰਦੇ ਹਨ ਕਿ ਪੰਜਾਬ ਦੇ ਮੁੜ (ਬਾਕੀ ਸਫਾ 2 'ਤੇ)

ਪੰਜਾਬ ਸਰਕਾਰ ਨੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ: ਸੰਧਵਾਂ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 16 ਮਾਰਚ:ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ 16 ਮਾਰਚ 2026 ਨੂੰ ਆਮ ਆਦਮੀ ਪਾਰਟੀ ਸਰਕਾਰ ਨੇ ਆਪਣੇ ਚਾਰ ਸਾਲ ਪੂਰੇ ਕਰ ਲਏ ਹਨ ਅਤੇ ਇਹ ਤਾਰੀਖ ਪੰਜਾਬ ਦੀ ਰਾਜਨੀਤੀ ਦੇ ਇਤਿਹਾਸ ਵਿੱਚ ਬੇਹੱਦ ਅਹਿਮ ਰਹੇਗੀ। ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨੇ ਪੂਰੇ ਵਿਸ਼ਵਾਸ ਨਾਲ ਸਾਡੀ ਪਾਰਟੀ ਨੂੰ ਸੱਤਾ ਸੌਂਪੀ ਅਤੇ ਸ. ਭਗਵੰਤ ਸਿੰਘ ਮਾਨ ਪੰਜਾਬ ਦੇ ਮੁੱਖ ਮੰਤਰੀ ਬਣੇ। ਲੋਕਾਂ ਦੀਆਂ ਉਮੀਦਾਂ ਅਨੁਸਾਰ, ਨਵੀਂ ਬਣੀ ਆਪ ਸਰਕਾਰ ਰਵਾਇਤੀ ਰਾਜਨੀਤੀ ਤੋਂ ਵੱਖਰੀ ਹੈ। ਸਾਡੀ ਸਰਕਾਰ ਪਾਰਦਰਸ਼ੀ, ਇਮਾਨਦਾਰ ਅਤੇ ਲੋਕ ਪੱਖੀ ਪ੍ਰਸ਼ਾਸਨ ਵਿੱਚ ਵਿਸ਼ਵਾਸ ਰੱਖਦੀ ਹੈ ਅਤੇ ਦੂਜੀਆਂ ਪਾਰਟੀਆਂ ਤੋਂ ਬਿਲਕੁਲ ਵੱਖਰੀ ਹੈ। 4 ਸਾਲਾਂ ਦੇ ਇਸ ਸਫ਼ਰ ਦੌਰਾਨ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਰੁਜ਼ਗਾਰ ਵਰਗੇ ਵੱਖ-ਵੱਖ ਖੇਤਰਾਂ ਵਿੱਚ ਕਈ ਪਹਿਲਕਦਮੀਆਂ ਕੀਤੀਆਂ ਹਨ।

ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਨਸ਼ਿਆਂ ਵਿਰੁੱਧ ਜੰਗ ਸ਼ੁਰੂ ਕੀਤੀ ਗਈ ਸੀ। ਪੰਜਾਬ (ਬਾਕੀ ਸਫਾ 2 'ਤੇ)

ਹਾਈ ਕੋਰਟ ਨੇ ਕੇਜਰੀਵਾਲ ਅਤੇ ਸਿਸੋਦੀਆ ਨੂੰ ਜਵਾਬ ਦਾਖ਼ਲ ਕਰਨ ਲਈ ਦਿੱਤਾ ਸਮਾਂ

ਸੀ.ਬੀ.ਆਈ. ਦੀ ਪਟੀਸ਼ਨ 'ਤੇ ਹੁਣ 6 ਅਪ੍ਰੈਲ ਨੂੰ ਹੋਵੇਗੀ ਸੁਣਵਾਈ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 16 ਮਾਰਚ:ਦਿੱਲੀ ਹਾਈ ਕੋਰਟ ਨੇ ਸੋਮਵਾਰ ਨੂੰ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ 21 ਹੋਰਨਾਂ ਨੂੰ ਸੀ.ਬੀ.ਆਈ. ਦੀ ਉਸ ਪਟੀਸ਼ਨ 'ਤੇ ਜਵਾਬ ਦਾਖ਼ਲ ਕਰਨ ਲਈ ਸਮਾਂ ਦੇ ਦਿੱਤਾ ਹੈ, ਜਿਸ ਵਿੱਚ ਉਨ੍ਹਾਂ ਨੂੰ ਸ਼ਰਾਬ ਨੀਤੀ ਮਾਮਲੇ ਵਿੱਚ ਬਰੀ ਕੀਤੇ ਜਾਣ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਗਈ ਹੈ। ਜਸਟਿਸ ਸਵਰਨ ਕਾਂਤਾ ਸ਼ਰਮਾ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ 6 ਅਪਰੈਲ ਨੂੰ ਤੈਅ ਕੀਤੀ ਹੈ। ਅਦਾਲਤ ਵਿੱਚ ਸੀ.ਬੀ.ਆਈ. ਵੱਲੋਂ ਪੇਸ਼ ਹੋਏ ਸੋਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਟਰਾਇਲ ਕੋਰਟ ਦੇ ਫੈਸਲੇ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਇਸ ਨੂੰ 'ਗਲਤ' ਕਰਾਰ ਦਿੱਤਾ। ਉਨ੍ਹਾਂ ਦਲੀਲ ਦਿੱਤੀ ਕਿ ਅਜਿਹਾ ਆਦੇਸ਼ ਇੱਕ ਸੈਕੰਡ ਲਈ ਵੀ ਰਿਕਾਰਡ 'ਤੇ ਨਹੀਂ ਰਹਿਣਾ ਚਾਹੀਦਾ ਅਤੇ ਮੁਲਜ਼ਮਾਂ ਨੂੰ ਜਵਾਬ ਲਈ ਇੱਕ ਹਫ਼ਤੇ ਤੋਂ ਵੱਧ (ਬਾਕੀ ਸਫਾ 2 'ਤੇ)

ਰਿਸ਼ਵਤਖੋਰੀ ਮਾਮਲਾ

ਮੁਅੱਤਲ ਡੀ.ਆਈ.ਜੀ. ਭੁੱਲਰ ਵੱਲੋਂ ਸੀ.ਬੀ.ਆਈ. ਅਦਾਲਤ ਦੇ ਹੁਕਮ ਨੂੰ ਚੁਣੌਤੀ

ਚੰਡੀਗੜ੍ਹ , 16 ਮਾਰਚ (ਚ.ਨ.ਸ.): ਪੰਜਾਬ ਪੁਲਿਸ ਦੇ ਮੁਅੱਤਲ ਡਿਪਟੀ ਇੰਸਪੈਕਟਰ ਜਨਰਲ (ਡੀ.ਆਈ.ਜੀ.) ਹਰਚਰਨ ਸਿੰਘ ਭੁੱਲਰ ਅਤੇ ਉਨ੍ਹਾਂ ਦੇ ਸਹਿਯੋਗੀ ਕਿਰਸ਼ਾਨੂ ਸ਼ਾਰਦਾ ਨੇ ਚੰਡੀਗੜ੍ਹ ਦੀ ਵਿਸ਼ੇਸ਼ ਸੀ.ਬੀ.ਆਈ. ਅਦਾਲਤ ਵਿੱਚ ਇੱਕ ਅਰਜ਼ੀ ਦਾਇਰ ਕੀਤੀ ਹੈ। ਇਸ ਅਰਜ਼ੀ ਰਾਹੀਂ ਉਨ੍ਹਾਂ ਨੇ ਅਦਾਲਤ ਵੱਲੋਂ ਪਿਛਲੇ ਸਾਲ ਦਰਜ ਹੋਏ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਲਏ ਗਏ ਨੋਟਿਸ ਦੇ ਹੁਕਮ ਨੂੰ ਵਾਪਸ ਲੈਣ ਦੀ ਮੰਗ ਕੀਤੀ ਹੈ। ਮੁਅੱਤਲ ਡੀ.ਆਈ.ਜੀ. ਨੇ ਦਲੀਲ ਦਿੱਤੀ ਹੈ ਕਿ ਅਦਾਲਤ ਨੇ ਅਜਿਹੇ ਸਮੇਂ ਨੋਟਿਸ ਲਿਆ ਹੈ ਜਦੋਂ ਪ੍ਰੋਸੀਕਿਊਸ਼ਨ ਵੱਲੋਂ ਪੇਸ਼ ਕੀਤਾ ਗਿਆ ਚਲਾਨ (ਬਾਕੀ ਸਫਾ 2 'ਤੇ)

ਰਸੋਈ ਗੈਸ ਦੇ ਮੁੱਦੇ 'ਤੇ ਰਾਜ ਸਭਾ 'ਚ ਖੜਗੇ ਅਤੇ ਨੱਢਾ ਵਿਚਾਲੇ ਹੋਈ ਤਿੱਖੀ ਬਹਿਸ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 16 ਮਾਰਚ:ਰਾਜ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਨੇ ਪੱਛਮੀ ਏਸ਼ੀਆ ਸੰਕਟ ਕਾਰਨ ਦੇਸ਼ 'ਚ ਰਸੋਈ ਗੈਸ ਸਿਲੰਡਰ ਦੀ ਸਪਲਾਈ ਪ੍ਰਭਾਵਿਤ ਹੋਣ ਦਾ ਮੁੱਦਾ ਸੋਮਵਾਰ ਨੂੰ ਸਦਨ 'ਚ ਚੁੱਕਿਆ, ਜਿਸ 'ਤੇ ਨੇਤਾ ਸਦਨ ਜਗਤ ਪ੍ਰਕਾਸ਼ ਨੱਢਾ (ਜੇਪੀ ਨੱਢਾ) ਨੇ ਇਹ ਕਹਿੰਦੇ ਹੋਏ ਵਿਰੋਧ ਕੀਤਾ ਕਿ ਕਾਂਗਰਸ ਇਤਰਾਜ਼ ਦੇ ਸਮੇਂ ਵੀ ਰਾਜਨੀਤੀ ਕਰ ਕੇ ਲੋਕਾਂ ਨੂੰ ਭੜਕਾ ਰਹੀ ਹੈ। ਖੜਗੇ ਨੇ ਸਿਫਰ ਕਾਲ ਦੌਰਾਨ ਇਹ ਮੁੱਦਾ ਚੁੱਕਦੇ ਹੋਏ ਕਿਹਾ ਕਿ ਦੇਸ਼ 'ਚ ਰਸੋਈ ਗੈਸ ਸਿਲੰਡਰ ਦੀ ਸਪਲਾਈ ਪ੍ਰਭਾਵਿਤ ਹੋਣ ਕਾਰਨ ਹਾਹਾਕਾਰ ਮਚਿਆ ਹੈ ਅਤੇ ਇਸ ਨਾਲ ਵਿਸ਼ੇਸ਼ ਰੂਪ ਵਿੱਚ ਗਰੀਬ, ਮੱਧਮ ਵਰਗ ਅਤੇ ਛੋਟੇ ਰੈਸਟੋਰੈਂਟ ਪ੍ਰਭਾਵਿਤ ਹੋਏ ਹਨ। ਉਨ੍ਹਾਂ ਕਿਹਾ ਕਿ ਭਾਰਤ ਆਪਣੀ ਜ਼ਰੂਰਤ ਦੀ 6 ਫੀਸਦੀ ਰਸੋਈ ਗੈਸ ਆਯਾਤ ਕਰਦਾ ਹੈ ਅਤੇ ਇਨ੍ਹਾਂ 'ਚੋਂ ਵੀ 90 ਫੀਸਦੀ Strait of Hormu ਦੇ ਰਸਤੇ ਆਉਂਦੀ ਹੈ। ਖੜਗੇ ਨੇ ਕਿਹਾ ਕਿ ਸਪਲਾਈ ਪ੍ਰਭਾਵਿਤ ਹੋਣ ਨਾਲ ਕਮਿਊਨਿਟੀ ਰਸੋਈ ਬੰਦ ਕਰਨੇ ਪੈ ਰਹੇ ਹਨ ਅਤੇ ਸਿਲੰਡਰ ਦੀ ਕੀਮਤ ਵੀ ਵਧ ਗਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਇਹ ਦਾਅਵਾ ਕਰ ਰਹੀ ਹੈ ਕਿ ਦੇਸ਼ 'ਚ ਗੈਸ ਸਿਲੰਡਰ ਦੀ ਕਮੀ ਨਹੀਂ ਹੈ ਅਤੇ ਲੋਕ ਅਫਵਾਹਾਂ 'ਤੇ ਧਿਆਨ ਨਾ ਦੇਣ ਤਾਂ ਫਿਰ ਇਹ ਲਾਈਨ ਕਿਉਂ ਲੱਗ ਰਹੀ ਹੈ। ਉਨ੍ਹਾਂ ਕਿਹਾ ਕਿ (ਬਾਕੀ ਸਫਾ 2 'ਤੇ)

ਕਟਕ ਦੇ ਐਸ.ਸੀ.ਬੀ. ਹਸਪਤਾਲ ਦੇ ਆਈ.ਸੀ.ਯੂ. 'ਚ ਅੱਗ ਕਾਰਨ 10 ਮਰੀਜ਼ਾਂ ਦੀ ਮੌਤ

ਚੜ੍ਹਦੀਕਲਾ ਬਿਊਰੋ

ਭੁਵਨੇਸ਼ਵਰ, 16 ਮਾਰਚ: ਓੜੀਸ਼ਾ ਦੇ ਕਟਕ ਸਥਿਤ ਸਰਕਾਰੀ ਐਸ.ਸੀ.ਬੀ. ਮੈਡੀਕਲ ਕਾਲਜ ਅਤੇ ਹਸਪਤਾਲ ਦੇ ਟਰਾਮਾ ਕੇਅਰ ਆਈ.ਸੀ.ਯੂ. ਵਿੱਚ ਸੋਮਵਾਰ ਤੜਕੇ ਭਿਆਨਕ ਅੱਗ ਲੱਗਣ ਕਾਰਨ 10 ਮਰੀਜ਼ਾਂ ਦੀ ਦਰਦਨਾਕ ਮੌਤ ਹੋ ਗਈ। ਇਹ ਹਾਦਸਾ ਸਵੇਰੇ ਤੜਕਸਾਰ 2:30 ਤੋਂ 3:00 ਵਜੇ ਦੇ ਦਰਮਿਆਨ ਵਾਪਰਿਆ, ਜਿਸ ਸਮੇਂ ਜ਼ਿਆਦਾਤਰ ਮਰੀਜ਼ ਗਹਿਰੀ ਨੀਂਦ ਵਿੱਚ ਸਨ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਮਰੀਜ਼ਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ ਹਸਪਤਾਲ ਦੇ 11 ਮੁਲਾਜ਼ਮ ਵੀ ਬੁਰੀ ਤਰ੍ਹਾਂ ਝੁਲਸ ਗਏ। ਫਾਇਰ ਬ੍ਰਿਗੇਡ ਦੀਆਂ ਟੀਮਾਂ ਨੇ ਮੌਕੇ 'ਤੇ ਪਹੁੰਚ ਕੇ ਸਥਾਨਕ ਪੁਲਿਸ ਅਤੇ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਦੀ ਮਦਦ ਨਾਲ ਬਚਾਅ ਕਾਰਜ ਸ਼ੁਰੂ ਕੀਤੇ, ਜਿਸ ਦੌਰਾਨ 23 ਮਰੀਜ਼ਾਂ ਨੂੰ ਸੁਰੱਖਿਅਤ ਦੂਜੇ ਵਾਰਡਾਂ ਵਿੱਚ ਤਬਦੀਲ ਕੀਤਾ ਗਿਆ। ਮੁੱਖ ਮੰਤਰੀ ਮੋਹਨ ਚਰਨ ਮਾਝੀ ਨੇ ਸਿਹਤ ਮੰਤਰੀ ਮੁਕੇਸ਼ ਮਹਾਲਿੰਗ ਦੇ ਨਾਲ ਹਸਪਤਾਲ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਪੀੜਤਾਂ ਦਾ ਹਾਲ-ਚਾਲ ਜਾਣਿਆ। ਮੁੱਖ ਮੰਤਰੀ ਨੇ ਦੱਸਿਆ ਕਿ (ਬਾਕੀ ਸਫਾ 2 'ਤੇ)

ਭਾਈ ਰਣਜੀਤ ਸਿੰਘ ਢੱਡਰੀਆਂਵਾਲੇ ਖ਼ਿਲਾਫ਼ ਸੰਮਨ ਜਾਰੀ

ਫ਼ਤਹਿਗੜ੍ਹ ਸਾਹਿਬ, 16 ਮਾਰਚ (ਚ.ਨ.ਸ.):ਭਾਈ ਰਣਜੀਤ ਸਿੰਘ ਢੱਡਰੀਆਂਵਾਲੇ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਫ਼ਤਹਿਗੜ੍ਹ ਸਾਹਿਬ ਦੀ ਅਦਾਲਤ ਨੇ ਇਕ ਮਾਣਹਾਨੀ ਮਾਮਲੇ ਵਿਚ ਉਨ੍ਹਾਂ ਨੂੰ ਸੰਮਨ ਜਾਰੀ ਕੀਤੇ ਹਨ। ਹੁਣ ਉਨ੍ਹਾਂ ਨੂੰ ਅਦਾਲਤ ਵਿਚ ਪੇਸ਼ ਹੋ ਕੇ ਜ਼ਮਾਨਤ ਲੈਣੀ ਪਵੇਗੀ। ਇਸ ਮਾਮਲੇ ਦੀ ਅਗਲੀ ਸੁਣਵਾਈ 24 ਮਾਰਚ ਨੂੰ ਹੋਵੇਗੀ। ਇਸ ਬਾਰੇ ਜਾਣਕਾਰੀ ਦਿੰਦਿਆਂ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਨੇ ਦੱਸਿਆ ਕਿ ਸਾਲ 2019 ਵਿਚ ਭਾਈ ਰਣਜੀਤ ਸਿੰਘ ਢੱਡਰੀਆਂਵਾਲੇ ਨੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਪ੍ਰੀਤ ਸਿੰਘ ਰੰਧਾਵਾ ਬਾਰੇ ਕਥਿਤ ਤੌਰ 'ਤੇ ਅਪਮਾਨਜਨਕ ਸ਼ਬਦ ਬੋਲੇ ਸਨ। ਇਸ ਤੋਂ ਬਾਅਦ ਭਾਈ ਰੰਧਾਵਾ ਵੱਲੋਂ ਹੇਠਲੀ ਅਦਾਲਤ ਵਿਚ ਮਾਣਹਾਨੀ ਦਾ ਕੇਸ ਦਰਜ ਕਰਵਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ (ਬਾਕੀ ਸਫਾ 2 'ਤੇ)

ਮਹਿੰਗਾਈ 11 ਮਹੀਨਿਆਂ ਦੇ ਉੱਚਤਮ ਪੱਧਰ 'ਤੇ ਪੁੱਜੀ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 16 ਮਾਰਚ: ਦੇਸ਼ ਵਿਚ ਫਰਵਰੀ ਮਹੀਨੇ ਦੌਰਾਨ ਥੋਕ ਮਹਿੰਗਾਈ ਦਰ ਵਧ ਕੇ 2.13 ਫੀਸਦੀ ਹੋ ਗਈ ਹੈ ਜੋ ਕਿ ਪਿਛਲੇ 11 ਮਹੀਨਿਆਂ ਵਿੱਚ ਸਭ ਤੋਂ ਵੱਧ ਹੈ। ਇਹ ਲਗਾਤਾਰ ਚੌਥਾ ਮਹੀਨਾ ਹੈ ਜਦੋਂ ਥੋਕ ਮੁੱਲ ਸੂਚਕ ਅੰਕ ਵਿੱਚ ਵਾਧਾ ਦੇਖਿਆ ਗਿਆ ਹੈ। ਜਨਵਰੀ ਵਿੱਚ ਇਹ ਦਰ 1.81 ਫੀਸਦੀ ਸੀ। ਇਸ ਵਾਧੇ ਦਾ ਮੁੱਖ ਕਾਰਨ ਖਾਣ-ਪੀਣ ਦੀਆਂ ਵਸਤੂਆਂ ਅਤੇ ਹੋਰ ਉਦਯੋਗਿਕ ਸਾਮਾਨ ਦੀਆਂ ਕੀਮਤਾਂ ਵਿੱਚ ਹੋਇਆ ਵਾਧਾ ਹੈ। ਹਾਲਾਂਕਿ ਸਬਜ਼ੀਆਂ ਦੀਆਂ ਕੀਮਤਾਂ ਵਿੱਚ ਪਿਛਲੇ ਮਹੀਨੇ ਦੇ ਮੁਕਾਬਲੇ ਕੁਝ ਨਰਮੀ ਆਈ ਹੈ ਪਰ ਦਾਲਾਂ, ਆਲੂ, ਆਂਡੇ ਅਤੇ ਮੀਟ ਵਰਗੀਆਂ ਚੀਜ਼ਾਂ ਮਹਿੰਗੀਆਂ ਹੋ ਗਈਆਂ ਹਨ।

ਮਾਹਰਾਂ ਦਾ ਮੰਨਣਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਮਹਿੰਗਾਈ ਹੋਰ ਵਧ ਸਕਦੀ ਹੈ। ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਜੋ ਮਾਰਚ ਮਹੀਨੇ ਵਿੱਚ 100 ਡਾਲਰ ਪ੍ਰਤੀ ਬੈਰਲ ਤੋਂ ਪਾਰ ਚਲੀਆਂ ਗਈਆਂ ਹਨ ਕਿਉਂਕਿ ਥੋਕ ਮਹਿੰਗਾਈ ਸਿੱਧੇ ਤੌਰ 'ਤੇ ਵਿਸ਼ਵ ਪੱਧਰੀ ਕੀਮਤਾਂ ਨਾਲ ਜੁੜੀ ਹੁੰਦੀ ਹੈ, ਇਸ ਲਈ ਤੇਲ ਦੀਆਂ ਵਧਦੀਆਂ ਕੀਮਤਾਂ ਦਾ ਅਸਰ ਖਾਦਾਂ ਅਤੇ ਧਾਤਾਂ ਵਰਗੀਆਂ ਹੋਰ ਚੀਜ਼ਾਂ 'ਤੇ ਵੀ ਪਵੇਗਾ। ਅਮਰੀਕਾ ਅਤੇ ਈਰਾਨ ਵਿਚਾਲੇ ਚੱਲ ਰਹੀ ਜੰਗ ਕਾਰਨ ਤੇਲ ਦੀ ਸਪਲਾਈ ਵਿੱਚ ਆ ਰਹੀਆਂ ਰੁਕਾਵਟਾਂ ਇਸ ਸਥਿਤੀ ਨੂੰ ਹੋਰ ਗੰਭੀਰ ਬਣਾ ਰਹੀਆਂ ਹਨ। ਅਰਥਸ਼ਾਸਤਰੀਆਂ ਅਨੁਸਾਰ ਭਾਵੇਂ ਆਮ ਜਨਤਾ ਲਈ ਪੈਟਰੋਲ ਅਤੇ ਡੀਜ਼ਲ ਦੀਆਂ ਪ੍ਰਚੂਨ ਕੀਮਤਾਂ ਸ਼ਾਇਦ ਤੁਰੰਤ ਨਾ ਵਧਣ ਪਰ ਥੋਕ ਪੱਧਰ 'ਤੇ ਇਸ ਦਾ ਭਾਰੀ ਅਸਰ ਪਵੇਗਾ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਮਾਰਚ ਮਹੀਨੇ ਵਿੱਚ ਥੋਕ ਮਹਿੰਗਾਈ ਦਰ ਵਧ ਕੇ 3.7 ਫੀਸਦੀ ਤੱਕ ਪਹੁੰਚ ਸਕਦੀ ਹੈ। ਉਦਯੋਗਿਕ ਖੇਤਰ ਦੇ ਨੁਮਾਇੰਦਿਆਂ ਦਾ ਕਹਿਣਾ ਹੈ ਕਿ ਅਜਿਹੇ ਹਾਲਾਤ ਵਿੱਚ ਸਰਕਾਰ ਨੂੰ ਸਪਲਾਈ ਲੜੀ ਨੂੰ ਬਿਹਤਰ ਬਣਾਉਣ ਅਤੇ ਉਦਯੋਗਾਂ ਲਈ ਲਾਗਤ ਘਟਾਉਣ ਵੱਲ ਧਿਆਨ ਦੇਣਾ ਚਾਹੀਦਾ ਹੈ।

ਚੋਣ ਕਮਿਸ਼ਨ ਨੇ ਬੰਗਾਲ ਦੇ ਮੁੱਖ ਸਕੱਤਰ ਅਤੇ ਡੀ.ਜੀ.ਪੀ. ਨੂੰ ਹਟਾਇਆ

ਕੋਲਕਾਤਾ, 16 ਮਾਰਚ (ਚ.ਨ.ਸ.): ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਦੀਆਂ ਤਰੀਕਾਂ ਦੇ ਐਲਾਨ ਤੋਂ ਕੁਝ ਘੰਟਿਆਂ ਬਾਅਦ ਹੀ ਚੋਣ ਕਮਿਸ਼ਨ ਨੇ ਸੂਬੇ ਵਿੱਚ ਵੱਡਾ ਪ੍ਰਸ਼ਾਸਨਿਕ ਫੇਰਬਦਲ ਕੀਤਾ ਹੈ। ਚੋਣ ਕਮਿਸ਼ਨ ਨੇ ਮਮਤਾ ਬੈਨਰਜੀ ਪ੍ਰਸ਼ਾਸਨ ਦੇ ਚੋਟੀ ਦੇ ਨੌਕਰਸ਼ਾਹਾਂ, ਜਿਨ੍ਹਾਂ ਵਿੱਚ ਮੁੱਖ ਸਕੱਤਰ ਨੰਦਿਨੀ ਚੱਕਰਵਰਤੀ , ਗ੍ਰਹਿ ਸਕੱਤਰ ਜਗਦੀਸ਼ ਪ੍ਰਸਾਦ, ਡੀ.ਜੀ.ਪੀ. ਪੀਯੂਸ਼ ਪਾਂਡੇ ਅਤੇ ਕੋਲਕਾਤਾ ਪੁਲਿਸ ਕਮਿਸ਼ਨਰ ਸੁਪ੍ਰਤੀਮ ਸਰਕਾਰ ਸ਼ਾਮਲ ਹਨ, ਨੂੰ ਹਟਾ ਦਿੱਤਾ ਹੈ। ਚੋਣ ਕਮਿਸ਼ਨ ਨੇ 1993 ਬੈਚ ਦੇ ਆਈ.ਏ.ਐਸ. ਅਧਿਕਾਰੀ ਦੁਸ਼ਯੰਤ ਨਾਰਿਆਲਾ ਨੂੰ ਰਾਜ ਦਾ ਮੁੱਖ ਸਕੱਤਰ ਨਿਯੁਕਤ ਕੀਤਾ ਹੈ। ਐਤਵਾਰ ਰਾਤ ਨੂੰ ਸੂਬਾ ਸਰਕਾਰ ਨੂੰ ਭੇਜੀ ਇੱਕ ਚਿੱਠੀ ਵਿੱਚ, (ਬਾਕੀ ਸਫਾ 2 'ਤੇ)

ਪੰਜਾਬ 'ਚ ਅਜੇ 3 ਦਿਨ ਹੋਰ ਪਵੇਗਾ ਭਾਰੀ ਮੀਂਹ

ਮੌਸਮ ਵਿਭਾਗ ਵੱਲੋਂ ਹਨ੍ਹੇਰੀ-ਤੂਫ਼ਾਨ ਦਾ ਅਲਰਟ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 16 ਮਾਰਚ:ਪੰਜਾਬ ਦੇ ਮੌਸਮ ਵਿਚ ਆਈ ਤਬਦੀਲੀ ਤੋਂ ਬਾਅਦ ਠੰਢ ਨੇ ਇਕ ਵਾਰ ਫਿਰ ਜ਼ੋਰ ਫੜ ਲਿਆ ਹੈ। ਬੀਤੇ ਦਿਨ ਤੋਂ ਪੰਜਾਬ ਵਿਚ ਮੌਸਮ ਸੁਹਾਵਣਾ ਹੋਇਆ ਪਿਆ ਹੈ ਅਤੇ ਜ਼ਿਲ੍ਹਿਆਂ ਵਿਚ ਲਗਾਤਾਰ ਬਾਰਿਸ਼ ਹੋਣ ਦੇ ਨਾਲ-ਨਾਲ ਗੜ੍ਹੇਮਾਰੀ ਵੀ ਹੋਈ ਹੈ। ਉਥੇ ਹੀ ਮੌਸਮ ਵਿਭਾਗ ਨੇ ਅਗਲੇ ਦਿਨਾਂ ਲਈ ਵੱਡੀ ਚਿਤਾਵਨੀ ਜਾਰੀ ਕੀਤੀ ਹੈ। ਮੌਸਮ ਵਿਭਾਗ ਵੱਲੋਂ 21 ਤਾਰੀਖ਼ ਤੱਕ ਵੱਡੀ ਭਵਿੱਖਬਾਣੀ ਕੀਤੀ ਗਈ ਹੈ, ਜਿਨ੍ਹਾਂ ਵਿਚ ਤਿੰਨ ਦਿਨ ਅਹਿਮ ਹਨ। ਤਿੰਨ ਦਿਨ ਲਗਾਤਾਰ ਮੀਂਹ ਪਵੇਗਾ ਅਤੇ ਤੇਜ਼ ਹਵਾਵਾਂ ਚੱਲਣ ਦੇ ਨਾਲ-ਨਾਲ ਬਿਜਲੀ ਚਮਕਣ, ਹਨ੍ਹੇਰੀ-ਤੂਫ਼ਾਨ ਦਾ ਅਲਰਟ ਜਾਰੀ ਕੀਤਾ ਗਿਆ ਹੈ। ਚੰਡੀਗੜ੍ਹ ਮੌਸਮ ਵਿਗਿਆਨ ਕੇਂਦਰ ਨੇ ਗਰਜ, ਬਿਜਲੀ ਅਤੇ ਤੂਫ਼ਾਨ ਦੀ ਸੰਭਾਵਨਾ ਦੇ ਮੱਦੇਨਜ਼ਰ 'ਯੈਲੋ ਅਲਰਟ' ਜਾਰੀ ਕੀਤਾ ਹੈ। ਇਸ ਦੌਰਾਨ ਹਵਾਵਾਂ ਦੀ ਰਫ਼ਤਾਰ ਲਗਭਗ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਰਹਿ ਸਕਦੀ ਹੈ। ਮੌਸਮ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਜਾਰੀ ਕੀਤੇ ਗਏ ਅਨੁਮਾਨ ਮੁਤਾਬਕ ਅਗਲੇ 5-7 ਦਿਨਾਂ ਤੱਕ ਮੌਸਮ ਬਦਲਦਾ ਹੋਇਆ ਨਜ਼ਰ ਆਵੇਗਾ। ਇਸੇ ਕਾਰਨ ਸਾਵਧਾਨ ਰਹਿਣ ਦੀ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। (ਬਾਕੀ ਸਫਾ 2 'ਤੇ)

ਸੋਨਾ 2,685 ਰੁ. ਦੀ ਗਿਰਵਾਟ ਨਾਲ 1.56 ਲੱਖ 'ਤੇ ਪੁੱਜਾ

ਨਵੀਂ ਦਿੱਲੀ, 16 ਮਾਰਚ (ਚ.ਨ.ਸ.): ਅੱਜ ਲਗਾਤਾਰ ਦੂਜੇ ਕਾਰੋਬਾਰੀ ਦਿਨ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਗਿਰਾਵਟ ਆਈ। ਇੰਡੀਆ ਬੁਲੀਅਨ ਐਂਡ ਜਵੈਲਰਜ਼ ਐਸੋਸੀਏਸ਼ਨ ਦੇ ਅਨੁਸਾਰ, 24 ਕੈਰੇਟ ਸੋਨੇ ਦੇ 10 ਗ੍ਰਾਮ 2,685 ਰੁਪਏ ਡਿੱਗ ਕੇ 1.56 ਲੱਖ ਰੁਪਏ 'ਤੇ ਆ ਗਏ। ਇਸ ਤੋਂ ਪਹਿਲਾਂ, 13 ਮਾਰਚ ਨੂੰ, ਸੋਨੇ ਦੀ ਕੀਮਤ 1.58 ਲੱਖ ਪ੍ਰਤੀ 10 ਗ੍ਰਾਮ ਸੀ।ਇਸ ਦੌਰਾਨ, ਇੱਕ ਕਿਲੋਗ੍ਰਾਮ ਚਾਂਦੀ ਦੀ ਕੀਮਤ 11,777 ਰੁਪਏ ਡਿੱਗ ਕੇ 2.48 ਲੱਖ ਰੁਪਏ 'ਤੇ ਆ ਗਈ। ਇਸ ਤੋਂ ਪਹਿਲਾਂ, ਸ਼ੁੱਕਰਵਾਰ ਨੂੰ, ਇਹ 2.60 ਲੱਖ ਪ੍ਰਤੀ ਕਿਲੋਗ੍ਰਾਮ ਸੀ। ਅਮਰੀਕਾ-ਈਰਾਨ ਯੁੱਧ ਕਾਰਨ, ਦੋ ਕਾਰੋਬਾਰੀ ਦਿਨਾਂ ਵਿੱਚ ਸੋਨਾ 4,589 ਰੁਪਏ ਅਤੇ ਚਾਂਦੀ 19,590 ਰੁਪਏ ਡਿੱਗ ਗਈ ਹੈ। ਇਸ ਤੋਂ ਪਹਿਲਾਂ 12 ਮਾਰਚ ਨੂੰ ਸੋਨਾ 1.60 ਲੱਖ ਰੁਪਏ ਅਤੇ ਚਾਂਦੀ 2.68 ਲੱਖ ਰੁਪਏ 'ਤੇ ਸੀ।

ਇਜ਼ਰਾਈਲੀ ਰਾਜਦੂਤ ਨੇ ਨੇਤਨਯਾਹੂ ਦੀ ਮੌਤ ਦੀਆਂ ਅ.ਫਵਾਹਾਂ ਨੂੰ ਨਕਾਰਿਆ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 16 ਮਾਰਚ:ਭਾਰਤ ਵਿੱਚ ਇਜ਼ਰਾਈਲ ਦੇ ਰਾਜਦੂਤ ਰੂਵਨ ਅਜ਼ਾਰ ਨੇ ਸੋਮਵਾਰ ਨੂੰ ਪੱਛਮੀ ਏਸ਼ੀਆ ਦੇ ਭਖਦੇ ਸੰਘਰਸ਼ ਦਰਮਿਆਨ 'ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੀ ਮੌਤ ਬਾਰੇ ਫੈਲੀਆਂ ਅਫਵਾਹਾਂ ਨੂੰ ਨਕਾਰਦਿਆਂ ਕਿਹਾ ਕਿ 'ਪ੍ਰਧਾਨ ਮੰਤਰੀ ਨੇਤਨਯਾਹੂ ਜਿਊਂਦੇ ਹਨ'। ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਇਹ ਵੀ ਕਿਹਾ ਕਿ ਇਜ਼ਰਾਈਲ ਦੇ ਇੱਕ ਕੈਫੇ ਵਿੱਚ ਨੇਤਨਯਾਹੂ ਦੇ ਜਾਣ ਦੀ ਵੀਡੀਓ 'ਏ.ਆਈ.-ਫੈਬਰੀਕੇਟਿਡ' (ਬਣਾਵਟੀ) ਨਹੀਂ ਸੀ ਅਤੇ ਅਜਿਹੇ ਦਾਅਵਿਆਂ ਨੂੰ 'ਗਲਤ ਜਾਣਕਾਰੀ' ਫੈਲਾਉਣਾ ਦੱਸ ਕੇ ਖਾਰਜ ਕਰ ਦਿੱਤਾ। ਭਾਰਤ ਵਿੱਚ ਇਜ਼ਰਾਈਲ ਦੇ ਚੋਟੀ ਦੇ ਡਿਪਲੋਮੈਟ ਦਾ ਇਹ ਸਪੱਸ਼ਟੀਕਰਨ ਕਈ ਸੋਸ਼ਲ ਮੀਡੀਆ ਪੋਸਟਾਂ ਦੇ ਪਿਛੋਕੜ ਵਿੱਚ ਆਇਆ ਹੈ ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਸੰਘਰਸ਼ ਦੌਰਾਨ ਨੇਤਨਯਾਹੂ ਘਾਤਕ ਤੌਰ 'ਤੇ ਜ਼ਖ਼ਮੀ ਹੋ ਗਏ ਸਨ। ਇਜ਼ਰਾਈਲ ਦੇ 'ਅਪਰੇਸ਼ਨ ਰੋਅਰਿੰਗ ਲਾਇਨ' ਬਾਰੇ ਮੀਡੀਆ ਬ੍ਰੀਫਿੰਗ ਦੌਰਾਨ ਜਦੋਂ ਅਜ਼ਾਰ ਨੂੰ ਪੁੱਛਿਆ ਗਿਆ ਕਿ (ਬਾਕੀ ਸਫਾ 2 'ਤੇ)

ਦੁਬਈ 'ਚ ਡਿੱਗੀ ਈਰਾਨੀ ਮਿਜ਼ਾਈਲ ਕਾਰਨ ਇੱਕ ਦੀ ਮੌਤ

ਦੁਬਈ, 16 ਮਾਰਚ (ਚ.ਨ.ਸ.): : ਮੱਧ ਪੂਰਬ ਵਿੱਚ ਤਣਾਅ ਵਧਦਾ ਜਾ ਰਿਹਾ ਹੈ। ਈਰਾਨ ਇਜ਼ਰਾਈਲੀ ਅਤੇ ਅਮਰੀਕੀ ਫੌਜੀ ਠਿਕਾਣਿਆਂ ਦੇ ਨਾਲ-ਨਾਲ ਖਾੜੀ ਦੇਸ਼ਾਂ 'ਤੇ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਹਮਲਾ ਕਰ ਰਿਹਾ ਹੈ।ਸੋਮਵਾਰ ਸਵੇਰੇ, ਈਰਾਨ ਨੇ ਸੰਯੁਕਤ ਅਰਬ ਅਮੀਰਾਤ (ਯੂਏਈ) ਵਿੱਚ ਦੁਬਈ ਹਵਾਈ ਅੱਡੇ ਦੇ ਨੇੜੇ ਇੱਕ ਡਰੋਨ ਹਮਲਾ ਕੀਤਾ। ਹੁਣ, ਮਿਜ਼ਾਈਲ ਹਮਲੇ ਕਾਰਨ ਅਬੂ ਧਾਬੀ ਵਿੱਚ ਇੱਕ ਮੌਤ ਦੀ ਖ਼ਬਰ ਸਾਹਮਣੇ ਆਈ ਹੈ।

ਦੁਬਈ ਤੋਂ ਬਾਅਦ, ਅਬੂ ਧਾਬੀ ਦੇ ਅਲ ਬਾਹੀਆ ਖੇਤਰ ਵਿੱਚ ਇੱਕ ਨਾਗਰਿਕ ਵਾਹਨ 'ਤੇ ਇੱਕ ਮਿਜ਼ਾਈਲ ਹਮਲਾ ਹੋਇਆ, ਜਿਸ ਵਿੱਚ ਇੱਕ ਫਲਸਤੀਨੀ ਨਾਗਰਿਕ ਦੀ ਮੌਤ ਹੋ ਗਈ।ਅਬੂ ਧਾਬੀ ਦੇ ਮੀਡੀਆ ਦਫਤਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਅਲ ਬਾਹੀਆ ਖੇਤਰ ਵਿੱਚ ਇੱਕ ਨਾਗਰਿਕ ਵਾਹਨ 'ਤੇ ਮਿਜ਼ਾਈਲ ਹਮਲੇ ਵਿੱਚ ਇੱਕ ਫਲਸਤੀਨੀ (ਬਾਕੀ ਸਫਾ 2 'ਤੇ)

ਈਰਾਨ 'ਚ ਫਸੇ ਭਾਰਤੀਆਂ ਲਈ ਐਡਵਾਇਜ਼ਰੀ

ਬਿਨਾਂ ਦੂਤਾਵਾਸ ਦੀ ਸਲਾਹ ਦੇ ਸਰਹੱਦ ਪਾਰ ਨਾ ਕਰਨ ਭਾਰਤੀ

ਦੂਤਾਵਾਸ ਵੱਲੋਂ ਭਾਰਤੀ ਨਾਗਰਿਕਾਂ ਲਈ ਹੈਲਪਲਾਈਨ ਨੰਬਰ ਵੀ ਜਾਰੀ

ਚੜ੍ਹਦੀਕਲਾ ਬਿਊਰੋ



ਦੁਬਈ, 16 ਮਾਰਚ:ਭਾਰਤ ਨੇ ਸੋਮਵਾਰ ਨੂੰ ਈਰਾਨ ਵਿੱਚ ਮੌਜੂਦ ਆਪਣੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਤਹਿਰਾਨ ਵਿੱਚ ਭਾਰਤੀ ਦੂਤਾਵਾਸ ਦੇ ਪਹਿਲੇ ਅਤੇ ਸਪੱਸ਼ਟ ਤਾਲਮੇਲ ਤੋਂ ਬਿਨਾਂ ਅੱਗੇ ਦੀ ਯਾਤਰਾ ਲਈ ਕਿਸੇ ਵੀ ਜ਼ਮੀਨੀ ਸਰਹੱਦ ਦੇ ਨੇੜੇ ਨਾ ਜਾਣ ਜਾਂ ਉਸ ਨੂੰ ਪਾਰ ਕਰਨ ਦੀ ਕੋਸ਼ਿਸ਼ ਨਾ ਕਰਨ। ਭਾਰਤੀ ਦੂਤਾਵਾਸ ਨੇ ਇੱਕ ਐਡਵਾਇਜ਼ਰੀ ਵਿੱਚ ਅੱਗੇ ਕਿਹਾ ਕਿ ਜੋ ਭਾਰਤੀ ਨਾਗਰਿਕ ਦੂਤਾਵਾਸ ਦੀ ਜਾਣਕਾਰੀ ਅਤੇ ਮਾਰਗਦਰਸ਼ਨ ਤੋਂ ਬਿਨਾਂ ਜ਼ਮੀਨੀ ਸਰਹੱਦਾਂ ਰਾਹੀਂ ਈਰਾਨ ਛੱਡਣ ਦੀ ਕੋਸ਼ਿਸ਼ ਕਰਨਗੇ, ਉਨ੍ਹਾਂ ਨੂੰ ਗੰਭੀਰ ਲੌਜਿਸਟਿਕਲ ਅਤੇ ਇਮੀਗ੍ਰੇਸ਼ਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ, '...ਈਰਾਨ ਵਿੱਚ ਮੌਜੂਦ ਸਾਰੇ ਭਾਰਤੀ ਨਾਗਰਿਕਾਂ ਨੂੰ ਸਖ਼ਤ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਾਰਤੀ ਦੂਤਾਵਾਸ ਦੇ ਪਹਿਲੇ ਅਤੇ ਸਪੱਸ਼ਟ ਤਾਲਮੇਲ ਤੋਂ ਬਿਨਾਂ ਈਰਾਨ ਦੀ ਕਿਸੇ ਵੀ ਜ਼ਮੀਨੀ ਸਰਹੱਦ 'ਤੇ ਨਾ ਜਾਣ।' ਦੂਤਾਵਾਸ ਨੇ ਸਪੱਸ਼ਟ ਕੀਤਾ ਕਿ ਜੇਕਰ ਕੋਈ ਵਿਅਕਤੀ ਬਿਨਾਂ ਤਾਲਮੇਲ ਦੇ ਈਰਾਨੀ ਖੇਤਰ ਤੋਂ ਬਾਹਰ ਜਾਂਦਾ ਹੈ, ਤਾਂ ਦੂਤਾਵਾਸ ਸਹਾਇਤਾ ਪ੍ਰਦਾਨ ਕਰਨ ਦੀ ਸਥਿਤੀ ਵਿੱਚ ਨਹੀਂ ਹੋਵੇਗਾ। ਦੂਤਾਵਾਸ ਨੇ ਭਾਰਤੀ ਨਾਗਰਿਕਾਂ ਲਈ ਹੈਲਪਲਾਈਨ ਨੰਬਰ ਵੀ ਜਾਰੀ ਕੀਤੇ ਹਨ: ਟੈਲੀਫੋਨ: +98 912 810 9115, +98 912 810 9102, +98 912 810 9109, +98 993 217 9359. ਈ-ਮੇਲ: cons.tehrant@mea.gov.in. ਇਹ ਐਡਵਾਇਜ਼ਰੀ ਈਰਾਨ 'ਤੇ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਕੀਤੇ ਗਏ ਹਾਲੀਆ ਹਮਲਿਆਂ ਅਤੇ ਖੇਤਰ ਵਿੱਚ ਵਧਦੇ ਤਣਾਅ ਦੇ ਮੱਦੇਨਜ਼ਰ ਜਾਰੀ ਕੀਤੀ ਗਈ ਹੈ।

ਭਾਰਤ ਪੁੱਜੀ 54 ਹਜ਼ਾਰ ਟਨ ਗੈਸ

ਈਰਾਨ ਤੇ ਇਜ਼ਰਾਈਲ ਵਿਚਾਲੇ ਚੱਲ ਰਹੀ ਜੰਗ ਕਾਰਨ ਭਾਰਤ 'ਚ ਪੈਦਾ ਹੋਇਆ ਐਲਪੀਜੀ ਦਾ ਗੰਭੀਰ ਸੰਕਟ ਹੁਣ ਖ਼ਤਮ ਹੋਣ ਦੀ ਉਮੀਦ ਹੈ। ਭਾਰਤ ਦੇ ਰਾਜਨੀਤਿਕ ਯਤਨਾਂ ਸਦਕਾ ਭਾਰਤੀ ਜਹਾਜ਼ 'ਸ਼ਿਵਾਲਿਕ' 54 ਹਜ਼ਾਰ ਟਨ ਗੈਸ ਲੈ ਕੇ ਗੁਜਰਾਤ ਦੇ ਮੁੰਦਰਾ ਪੋਰਟ 'ਤੇ ਸੁਰੱਖਿਅਤ ਪਹੁੰਚ ਗਿਆ ਹੈ। ਇਸ ਤੋਂ ਇਲਾਵਾ ਇੱਕ ਹੋਰ ਜਹਾਜ਼ ਵੀ ਅੱਜ ਸ਼ਾਮ ਜਾਂ ਭਲਕੇ ਸਵੇਰ ਤੱਕ ਭਾਰਤ ਪਹੁੰਚ ਸਕਦਾ ਹੈ, ਜਿਸ ਨਾਲ ਦੇਸ਼ ਵਿੱਚ ਰਸੋਈ ਗੈਸ ਦੀ ਕਿੱਲਤ ਕਾਫੀ ਹੱਦ ਤੱਕ (ਬਾਕੀ ਸਫਾ 2 'ਤੇ)

ਸ਼ੇਅਰ ਬਾਜ਼ਾਰ 'ਚ ਸੁਧਾਰ ਪਰ ਰੁਪਿਆ ਇਤਿਹਾਸਕ ਹੇਠਲੇ ਪੱਧਰ ਤੱਕ ਡਿੱਗਾ

ਮੁੰਬਈ, 16 ਮਾਰਚ (ਚ.ਨ.ਸ.): ਅੱਜ ਭਾਰਤੀ ਵਿੱਤੀ ਬਾਜ਼ਾਰ ਵਿੱਚ ਦੋ ਵਿਰੋਧੀ ਰੁਝਾਨ ਦੇਖਣ ਨੂੰ ਮਿਲੇ। ਪਿਛਲੇ ਤਿੰਨ ਦਿਨਾਂ ਦੀ ਭਾਰੀ ਗਿਰਾਵਟ ਤੋਂ ਬਾਅਦ ਸ਼ੇਅਰ ਬਾਜ਼ਾਰ ਵਿੱਚ ਅੱਜ 'ਵੈਲਿਊ ਬਾਇੰਗ' (ਸਸਤੇ ਭਾਅ 'ਤੇ ਖਰੀਦਦਾਰੀ) ਕਾਰਨ ਸੁਧਾਰ ਦੇਖਿਆ ਗਿਆ। ਐਚ.ਡੀ.ਐਫ.ਸੀ. ਬੈਂਕ ਅਤੇ ਸਟੇਟ ਬੈਂਕ ਆਫ਼ ਇੰਡੀਆ ਵਰਗੇ ਵੱਡੇ ਸ਼ੇਅਰਾਂ ਵਿੱਚ ਖਰੀਦਦਾਰੀ ਕਾਰਨ ਸੈਂਸੈਕਸ ਸ਼ੁਰੂਆਤੀ ਗਿਰਾਵਟ ਤੋਂ ਉੱਭਰ ਕੇ 342 ਅੰਕਾਂ ਦੇ ਉਛਾਲ ਨਾਲ 74,899 'ਤੇ ਕਾਰੋਬਾਰ ਕਰਦਾ ਦੇਖਿਆ ਗਿਆ। ਇਸੇ ਤਰ੍ਹਾਂ ਨਿਫ਼ਟੀ ਵੀ 88 ਅੰਕ ਚੜ੍ਹ ਕੇ 23,240 ਦੇ ਪੱਧਰ 'ਤੇ ਪਹੁੰਚ ਗਿਆ। ਅਲਟਰਾਟੈਕ ਸੀਮਿੰਟ ਅਤੇ ਟਾਟਾ ਸਟੀਲ ਅੱਜ ਦੇ ਪ੍ਰਮੁੱਖ ਲਾਭਪਾਤਰੀਆਂ ਵਿੱਚ ਸ਼ਾਮਲ ਰਹੇ, ਜਦੋਂਕਿ ਇਨਫੋਸਿਸ ਅਤੇ ਟੀ.ਸੀ.ਐਸ. ਵਰਗੀਆਂ ਆਈ.ਟੀ. ਕੰਪਨੀਆਂ ਦੇ (ਬਾਕੀ ਸਫਾ 2 'ਤੇ)

ਪਹਿਲੇ ਸਫ਼ੇ ਦੀ ਬਾਕੀ

ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ

ਦੀਆਂ ਤਿਆਰੀਆਂ 'ਤੇ ਚਰਚਾ ਲਈ ਮੁਲਾਕਾਤ ਕੀਤੀ। ਵਿਸਥਾਰਪੂਰਵਕ ਵਿਚਾਰ-ਵਟਾਂਦਰੇ ਮਗਰੋਂ ਅਤੇ ਮੌਜੂਦਾ ਮੌਸਮ ਸਥਿਤੀਆਂ ਦਾ ਮੁਲਾਂਕਣ ਕਰਨ ਤੋਂ ਬਾਅਦ ਦੋਵਾਂ ਧਿਰਾਂ ਨੇ ਪਵਿੱਤਰ ਗੁਰਦੁਆਰਾ ਹੇਮਕੁੰਟ ਸਾਹਿਬ ਦੇ ਕਿਵਾੜ ਸ਼ਨੀਵਾਰ 23 ਮਈ ਨੂੰ ਖੋਲ੍ਹਣ 'ਤੇ ਆਪਸੀ ਸਹਿਮਤੀ ਜ਼ਾਹਰ ਕੀਤੀ ਹੈ। ਹੇਮਕੁੰਟ ਸਾਹਿਬ ਵਿਸ਼ਵ ਭਰ ਦੇ ਸ਼ਰਧਾਲੂਆਂ, ਖਾਸ ਕਰ ਕੇ ਸਿੱਖ ਧਰਮ 'ਚ ਬੇਹੱਦ ਅਧਿਆਤਮਿਕ ਮਹੱਤਵ ਰੱਖਦਾ ਹੈ। ਸ੍ਰੀ ਬਿੰਦਰਾ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਵਿੱਤਰ ਹੇਮਕੁੰਟ ਸਾਹਿਬ ਹਿਮਾਲਿਆ ਦੀਆਂ ਪਹਾੜੀਆਂ ਵਿਚਕਾਰ 15,000 ਫੁੱਟ ਤੋਂ ਵੱਧ ਦੀ ਉਚਾਈ 'ਤੇ ਸਥਿਤ ਹੈ। ਹਰੇਕ ਸਾਲ ਦੁਨੀਆ ਭਰ ਤੋਂ ਹਜ਼ਾਰਾਂ ਸ਼ਰਧਾਲੂ ਇਸ ਯਾਤਰਾ ਲਈ ਪਹੁੰਚਦੇ ਹਨ। ਜੋ ਵਿਸ਼ਵ ਪੱਧਰ 'ਤੇ ਸ਼ਰਧਾ, ਏਕਤਾ ਅਤੇ ਅਧਿਆਤਮਿਕ ਨਵੀਨੀਕਰਨ ਦਾ ਪ੍ਰਤੀਕ ਬਣ ਚੁੱਕੀ ਹੈ।

ਪੰਜਾਬ ਵਿਧਾਨ ਸਭਾ ਵੱਲੋਂ ਦੋ ਅਹਿਮ ਬਿੱਲ ਪਾਸ

ਲਈ ਪੰਜਾਬ ਸਰਕਾਰ ਦੇ ਵਿੱਤ ਖਾਤੇ (ਭਾਗ-2) ਅਤੇ ਸਾਲ 2024-25 ਲਈ ਪੰਜਾਬ ਸਰਕਾਰ ਦੇ ਨਮਿੱਤਣ ਖਾਤੇ ਵੀ ਸਦਨ ਦੇ ਸਾਹਮਣੇ ਰੱਖੇ ਗਏ। ਇਸਦੇ ਨਾਲ ਹੀ ਬੁੱਢਾ ਦਰਿਆ ਅਤੇ ਘੱਗਰ ਦਰਿਆ ਬਾਰੇ ਚੇਅਰਮੈਨ ਕਮੇਟੀ ਦੀ ਰਿਪੋਰਟ ਵੀ ਪੇਸ਼ ਕੀਤੀ ਗਈ।

ਇਸ ਤੋਂ ਇਲਾਵਾ ਸਾਲ 2026-27 ਲਈ ਚੁਣੀਆਂ ਗਈਆਂ ਕਮੇਟੀਆਂ ਦੇ ਗਠਨ ਬਾਰੇ ਇੱਕ ਮਤਾ ਵੀ ਸਦਨ ਵਿੱਚ ਲਿਆਂਦਾ ਗਿਆ।

'ਆਪ' ਸਰਕਾਰ ਨੇ ਸਿਰਫ਼ ਚਾਰ ਸਾਲਾਂ 'ਚ ਸਾਰੀਆਂ

ਨਿਰਮਾਣ 'ਤੇ ਧਿਆਨ ਦਿੱਤਾ ਜਾ ਰਿਹਾ ਹੈ। ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਥੇ ਕਾਂਗਰਸ, ਅਕਾਲੀ ਅਤੇ ਭਾਜਪਾ ਸੱਤਾ ਦੀ ਚਿੰਤਾ ਕਰ ਰਹੇ ਹਨ, ਉੱਥੇ 'ਆਪ' ਸਰਕਾਰ ਪੰਜਾਬ ਨੂੰ ਬਚਾਉਣ ਲਈ ਫਿਕਰਮੰਦ ਹੈ ਅਤੇ ਸੂਬੇ ਵਿੱਚ ਫੁੱਟ ਪਾਊ ਸਿਆਸਤ ਨੂੰ ਸਫਲ ਨਹੀਂ ਹੋਣ ਦੇਵੇਗੀ।

'ਆਪ' ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ ਚਾਰ ਸਾਲਾਂ ਵਿੱਚ ਸਾਰੇ ਵਾਅਦੇ ਪੂਰੇ ਕਰਕੇ ਸਿਆਸਤ ਵਿੱਚ ਨਵੀਂ ਪ੍ਰਥਾ ਕਾਇਮ ਕੀਤੀ ਹੈ ਜਦੋਂ ਕਿ ਰਵਾਇਤੀ ਪਾਰਟੀਆਂ ਪੰਜ ਸਾਲਾਂ ਵਿੱਚ ਵੀ ਅਜਿਹਾ ਕਰਨ ਦੇ ਯੋਗ ਨਹੀਂ ਹਨ।" ਉਨ੍ਹਾਂ ਅੱਗੇ ਕਿਹਾ, "ਸਾਲ 2022 ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੱਦੀ ਪਿੰਡ ਵਿਖੇ ਅਹੁਦਾ ਸੰਭਾਲਣ ਤੋਂ ਬਾਅਦ, ਪੰਜਾਬ ਸਰਕਾਰ ਨੇ ਕਈ ਲੋਕ-ਪੱਖੀ ਫੈਸਲੇ ਲਏ।" ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਮੇਰੇ ਨਾਲ, ਲੱਖਾਂ ਪੰਜਾਬੀਆਂ ਨੇ ਸੂਬੇ ਦੀ ਪੁਰਾਤਨ ਸ਼ਾਨ ਨੂੰ ਬਹਾਲ ਕਰਨ ਦੀ ਸਹੁੰ ਚੁੱਕੀ ਸੀ।"

'ਆਪ' ਸਰਕਾਰ ਦੇ ਚਾਰ ਸਾਲ ਪੂਰੇ, ਹੁਣ ਪੰਜਾਬ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਣ ਦਾ ਟੀਚਾ

ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੇ ਚਾਰ ਸਾਲਾਂ ਵਿੱਚ, ਪੰਜਾਬ ਸਰਕਾਰ ਨੇ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਅਤੇ ਸਿਰਤੋੜ ਯਤਨ ਕੀਤੇ ਹਨ ਅਤੇ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰ ਦਿੱਤੇ ਹਨ।" ਉਨ੍ਹਾਂ ਅੱਗੇ ਕਿਹਾ, "ਆਉਣ ਵਾਲਾ ਸਾਲ ਪੰਜਾਬ ਨੂੰ ਵਿਕਾਸ ਅਤੇ ਖੁਸ਼ਹਾਲੀ ਦੇ ਇਕ ਨਵੇਂ ਸਿਖਰ 'ਤੇ ਲਿਜਾਣ ਲਈ ਸਮਰਪਿਤ ਹੋਵੇਗਾ।"

ਸਿੱਖਿਆ ਕ੍ਰਾਂਤੀ ਨੇ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ

ਸਿੱਖਿਆ ਖੇਤਰ ਵਿੱਚ ਬਦਲਾਅ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਰਤ ਸਰਕਾਰ ਦੇ ਸਰਵੇਖਣ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲ ਹੁਣ ਪੜ੍ਹਾਈ ਵਿੱਚ ਦੇਸ ਵਿੱਚੋਂ ਪਹਿਲੇ ਸਥਾਨ 'ਤੇ ਹਨ।" ਉਨ੍ਹਾਂ ਅੱਗੇ ਕਿਹਾ, "ਸਰਕਾਰੀ ਸਕੂਲ ਵਿੱਚ ਹੁਣ ਕੋਈ ਵੀ ਬੱਚਾ ਫਰਸ਼ 'ਤੇ ਨਹੀਂ ਬੈਠਦਾ, ਕਿਉਂਕਿ ਇਕ ਲੱਖ ਤੋਂ ਵੱਧ ਡੈਸਕ ਦਿੱਤੇ ਗਏ ਹਨ ਤਾਂ ਜੋ ਹਰ ਵਿਦਿਆਰਥੀ ਸਨਮਾਨ ਨਾਲ ਪੜ੍ਹ ਸਕੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਸਰਕਾਰੀ ਸਕੂਲਾਂ ਵਿੱਚ ਡਿਜੀਟਲ ਕ੍ਰਾਂਤੀ ਹੇਠ 9,000 ਤੋਂ ਵੱਧ ਸਮਾਰਟ ਕਲਾਸਰੂਮ ਅਤੇ 5,000 ਕੰਪਿਊਟਰ ਲੈਬ ਖੋਲ੍ਹੇ ਗਏ ਹਨ, ਜਿਸ ਨਾਲ ਪੰਜਾਬ ਭਰ ਦੇ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਮਿਲ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਠੇਕੇ 'ਤੇ ਰੱਖੇ ਅਧਿਆਪਕਾਂ ਨੂੰ ਰੈਗੂਲਰ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ ਲਈ 15,000 ਤੋਂ ਵੱਧ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲ ਤੇ ਅਧਿਆਪਕ ਫਿਨਲੈਂਡ, ਸਿੰਗਾਪੁਰ ਅਤੇ ਆਈ.ਆਈ.ਐਮ. ਅਹਿਮਦਾਬਾਦ ਵਿੱਚ ਵਿਸ਼ਵ ਪੱਧਰੀ ਸਿਖਲਾਈ ਪ੍ਰਾਪਤ ਕਰ ਰਹੇ ਹਨ, ਜਿਸ ਨਾਲ ਪੰਜਾਬ ਵਿੱਚ ਬੱਚਿਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਮਿਲ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਦੇ ਨੌਜਵਾਨਾਂ ਨੂੰ ਨੌਕਰੀ ਲੱਭਣ ਵਾਲੇ ਨਹੀਂ ਸਗੋਂ ਨੌਕਰੀਆਂ ਪੈਦਾ ਕਰਨ ਵਾਲੇ ਬਣਨ ਲਈ ਤਿਆਰ ਕੀਤਾ ਜਾ ਰਿਹਾ ਹੈ ਅਤੇ ਹਰ ਸਾਲ ਲਗਭਗ 1.5 ਲੱਖ ਕਾਲਜ ਵਿਦਿਆਰਥੀ ਕਾਰੋਬਾਰ ਅਤੇ ਹੁਨਰ ਸਿੱਖ ਰਹੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਸਰਕਾਰੀ ਸਕੂਲ ਹੁਣ ਪ੍ਰਾਈਵੇਟ ਸਕੂਲਾਂ ਨਾਲ ਮੁਕਾਬਲਾ ਕਰ ਰਹੇ ਹਨ।" ਉਨ੍ਹਾਂ ਅੱਗੇ ਕਿਹਾ, "ਸਿਰਫ ਸਾਲ 2026 ਵਿੱਚ ਸਰਕਾਰੀ ਸਕੂਲਾਂ ਦੇ 305 ਵਿਦਿਆਰਥੀਆਂ ਨੇ ਜੇ.ਈ.ਈ. ਮੇਨਜ਼ ਅਤੇ 845 ਨੇ ਨੀਟ ਪਾਸ ਕੀਤੀ।"

ਮੁੱਖ ਮੰਤਰੀ ਸਿਹਤ ਯੋਜਨਾ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਸਿਹਤ ਸੰਭਾਲ ਦਾ ਵਿਸਥਾਰ

ਸਿਹਤ ਖੇਤਰ ਬਾਰੇ ਗੱਲ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ ਪੰਜਾਬ ਦੇ ਹਰ ਪਰਿਵਾਰ ਨੂੰ ਵੱਡੇ ਪ੍ਰਾਈਵੇਟ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਮੁਫਤ ਅਤੇ ਨਕਦੀ ਰਹਿਤ ਇਲਾਜ ਮਿਲੇਗਾ।" ਉਨ੍ਹਾਂ ਅੱਗੇ ਕਿਹਾ, "ਇਹ ਦੁਨੀਆ ਦੀ ਸਭ ਤੋਂ ਵੱਡੀ ਸਿਹਤ ਯੋਜਨਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਜਦੋਂ ਪਿਛਲੀਆਂ ਸਰਕਾਰਾਂ ਨੇ 75 ਸਾਲਾਂ ਵਿੱਚ ਪੰਜਾਬ 'ਚ ਸਿਰਫ 400 ਕਲੀਨਿਕ ਬਣਾਏ ਸਨ, ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ 881 ਆਮ ਆਦਮੀ ਕਲੀਨਿਕ ਖੋਲ੍ਹੇ ਹਨ।" ਉਨ੍ਹਾਂ ਅੱਗੇ ਕਿਹਾ, "ਇਨ੍ਹਾਂ ਕਲੀਨਿਕਾਂ ਦੀ ਓ.ਪੀ.ਡੀ. ਵਿੱਚ ਇਲਾਜ ਲਈ ਆਉਣ ਵਾਲਿਆਂ ਦੀ ਗਿਣਤੀ ਪੰਜ ਕਰੋੜ ਤੋਂ ਵੱਧ ਪਾਰ ਹੋ ਗਈ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਡਾਕਟਰਾਂ ਦੀ ਸਭ ਤੋਂ ਵੱਡੀ ਭਰਤੀ ਸਰਕਾਰੀ ਹਸਪਤਾਲਾਂ ਵਿੱਚ ਹੋਈ ਹੈ ਅਤੇ ਪਿਛਲੇ ਚਾਰ ਸਾਲਾਂ ਵਿੱਚ 1,575 ਡਾਕਟਰਾਂ ਦੀ ਭਰਤੀ ਕੀਤੀ ਗਈ ਹੈ।" 'ਫਰਿਸ਼ਤੇ' ਸਕੀਮ ਬਾਰੇ ਬੋਲਦਿਆਂ ਉਨ੍ਹਾਂ ਕਿਹਾ, "ਇਹ ਸਕੀਮ ਸੜਕ 'ਤੇ ਲੰਘਣ ਵਾਲੇ ਹਰ ਰਾਹਗੀਰ ਨੂੰ ਮਦਦ ਲਈ ਪ੍ਰੇਰਦੀ ਹੈ ਅਤੇ ਮਦਦ ਕਰਨ ਲਈ 2,000 ਰੁਪਏ ਦੀ ਸਨਮਾਨ ਰਾਸ਼ੀ ਦਿੱਤੀ ਜਾਂਦੀ ਹੈ ਤਾਂ ਜੋ ਜ਼ਖਮੀਆਂ ਨੂੰ ਸਮੇਂ ਸਿਰ ਹਸਪਤਾਲਾਂ ਤੱਕ ਪਹੁੰਚਾਇਆ ਜਾ ਸਕੇ ਜਦੋਂ ਕਿ ਹਾਦਸੇ ਦੇ ਪੀੜਤਾਂ ਨੂੰ ਪੰਜਾਬ ਦੇ ਕਿਸੇ ਵੀ ਹਸਪਤਾਲ ਵਿੱਚ ਮੁਫਤ ਇਲਾਜ ਮਿਲ ਸਕੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਇਹ ਬਹੁਤ ਮਾਣ ਤੇ ਸੰਤੁਸ਼ਟੀ ਦੀ ਗੱਲ ਹੈ ਕਿ ਇਸ ਸਕੀਮ ਤਹਿਤ 1,700 ਤੋਂ ਵੱਧ ਜ਼ਖਮੀਆਂ ਨੂੰ ਮੁਫਤ ਇਲਾਜ ਮਿਲਿਆ ਹੈ।" ਉਨ੍ਹਾਂ ਅੱਗੇ ਕਿਹਾ, "ਸੀਐਮ ਦੀ ਯੋਗਸ਼ਾਲਾ ਦੀ ਪਹਿਲਕਦਮੀ ਪੰਜਾਬ ਭਰ ਵਿੱਚ ਸਿਹਤਮੰਦ ਜੀਵਨ ਨੂੰ ਉਤਸ਼ਾਹਿਤ ਕਰ ਰਹੀ ਹੈ ਅਤੇ ਲੱਗਭੱਗ ਦੋ ਲੱਖ ਲੋਕ ਹਰ ਰੋਜ਼ ਮੁਫਤ ਯੋਗਾ ਕਰਦੇ ਹਨ।"

ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਵੀ ਕਿਹਾ, "ਹੁਸ਼ਿਆਰਪੁਰ, ਕਪੂਰਥਲਾ, ਸੰਗਰੂਰ, ਐਸਬੀਐਸ ਨਗਰ, ਲਹਿਰਾਗਾਗਾ, ਮਲੇਰਕੋਟਲਾ ਅਤੇ ਲੁਧਿਆਣਾ ਵਿੱਚ 7 ਨਵੇਂ ਮੈਡੀਕਲ ਕਾਲਜ ਬਣਾਏ ਜਾ ਰਹੇ ਹਨ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਵਿੱਚ ਐਮ.ਬੀ.ਬੀ.ਐਸ. ਦੀਆਂ 600 ਨਵੀਆਂ ਸੀਟਾਂ ਹੋਣਗੀਆਂ, ਜਿਸ ਨਾਲ ਵਿਦਿਆਰਥੀਆਂ ਨੂੰ ਸੂਬੇ ਦੇ ਅੰਦਰ ਡਾਕਟਰੀ ਦੀ ਪੜ੍ਹਾਈ ਕਰਨ ਦੇ ਹੋਰ ਮੌਕੇ ਮਿਲਣਗੇ।"

ਖੇਡਾਂ ਦੇ ਬੁਨਿਆਦੀ ਢਾਂਚੇ ਅਤੇ ਨੌਜਵਾਨਾਂ ਦੇ ਵਿਕਾਸ ਲਈ ਇਤਿਹਾਸਕ ਉਪਰਾਲੇ

ਖੇਡਾਂ ਦੀਆਂ ਪ੍ਰਾਪਤੀਆਂ ਬਾਰੇ ਗੱਲ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਪਿੰਡਾਂ ਦੇ ਖੇਡ ਮੈਦਾਨਾਂ ਵਿੱਚ ਇਤਿਹਾਸਕ ਨਿਵੇਸ਼ ਕਰ ਰਿਹਾ ਹੈ ਅਤੇ 1100 ਕਰੋੜ ਰੁਪਏ ਦੇ ਨਿਵੇਸ਼ ਨਾਲ 3000 ਆਧੁਨਿਕ ਖੇਡ ਮੈਦਾਨ ਬਣਾਏ ਜਾ ਰਹੇ ਹਨ।" ਉਨ੍ਹਾਂ ਅੱਗੇ ਕਿਹਾ, "6000 ਹੋਰ ਖੇਡ ਮੈਦਾਨਾਂ 'ਤੇ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ ਅਤੇ ਸਾਰੇ ਪਿੰਡਾਂ ਦੇ ਖੇਡ ਮੈਦਾਨਾਂ ਵਿੱਚ ਕ੍ਰਿਕਟ, ਵਾਲੀਬਾਲ ਅਤੇ ਫੁੱਟਬਾਲ ਦੇ ਮੈਦਾਨਾਂ ਸਮੇਤ ਮੁਫਤ ਖੇਡ ਕਿੱਟਾਂ ਪ੍ਰਦਾਨ ਕੀਤੀਆਂ ਜਾਣਗੀਆਂ ਤਾਂ ਜੋ ਹਰ ਨੌਜਵਾਨ ਨੂੰ ਖੇਡਣ ਦਾ ਮੌਕਾ ਮਿਲ ਸਕੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਨੌਜਵਾਨਾਂ ਵਿੱਚ ਤੰਦਰੁਸਤੀ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਪਿੰਡਾਂ ਵਿੱਚ 6000 ਇਨਡੋਰ ਜਿਮ ਬਣਾਏ ਜਾ ਰਹੇ ਹਨ।" ਉਨ੍ਹਾਂ ਅੱਗੇ ਕਿਹਾ, "ਓਲੰਪਿਕ ਤਗਮਾ ਜੇਤੂ ਪੰਜਾਬੀ ਹਾਕੀ ਖਿਡਾਰੀਆਂ ਨੂੰ ਇਕ ਕਰੋੜ ਰੁਪਏ ਅਤੇ ਸਰਕਾਰੀ ਨੌਕਰੀਆਂ ਮਿਲੀਆਂ ਹਨ, ਜਦੋਂ ਕਿ ਮਹਿਲਾ ਕ੍ਰਿਕਟ ਵਿਸ਼ਵ ਕੱਪ-2025 ਦੇ ਜੇਤੂਆਂ ਨੂੰ 4.91 ਕਰੋੜ ਰੁਪਏ ਨਾਲ ਸਨਮਾਨਿਤ ਕੀਤਾ ਗਿਆ ਹੈ।"

ਪੇਂਡੂ ਵਿਕਾਸ ਅਤੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ

ਪੇਂਡੂ ਵਿਕਾਸ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੇ ਚਾਰ ਸਾਲਾਂ ਵਿੱਚ 76,000 ਪਰਿਵਾਰਾਂ ਨੂੰ ਆਪਣੇ ਘਰ ਬਣਾਉਣ ਲਈ ਸਹਾਇਤਾ ਪ੍ਰਾਪਤ ਹੋਈ ਹੈ, ਜਿਸ ਵਿੱਚ ਹੜ੍ਹਾਂ ਤੋਂ ਪ੍ਰਭਾਵਿਤ 30,000 ਪਰਿਵਾਰ ਵੀ ਸ਼ਾਮਲ ਹਨ।" ਉਨ੍ਹਾਂ ਅੱਗੇ ਕਿਹਾ, "ਪਿਛਲੀ ਸਰਕਾਰ ਨੇ ਪੰਜ ਸਾਲਾਂ ਵਿੱਚ 39,000 ਘਰ ਬਣਾਏ, ਜਦੋਂ ਕਿ ਮੌਜੂਦਾ ਸਰਕਾਰ ਨੇ ਸਿਰਫ ਚਾਰ ਸਾਲਾਂ ਵਿੱਚ 76,000 ਪਰਿਵਾਰਾਂ ਨੂੰ ਸਹਾਇਤਾ ਦਿੱਤੀ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "40,000 ਕਿਲੋਮੀਟਰ ਤੋਂ ਵੱਧ ਪੇਂਡੂ ਲਿੰਕ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਅਤੇ ਇਹ ਪੰਜਾਬ ਦੇ ਇਤਿਹਾਸ ਵਿੱਚ ਇਕ ਸਾਲ ਵਿੱਚ ਹੁਣ ਤੱਕ ਦੀ ਸਭ ਤੋਂ ਵੱਡੀ ਸੜਕ ਨਵੀਨੀਕਰਨ ਯੋਜਨਾ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਸੜਕਾਂ ਪੰਜ ਸਾਲਾਂ ਦੀ ਰੱਖ-ਰਖਾਅ ਦੀ ਗਾਰੰਟੀ ਨਾਲ ਬਣਾਈਆਂ ਜਾ ਰਹੀਆਂ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਪੰਜਾਬ ਭਰ ਵਿੱਚ ਕੁੱਲ 13,414 ਪਿੰਡਾਂ ਦੇ ਛੱਪੜਾਂ ਦੀ ਸਫਾਈ ਕੀਤੀ ਗਈ ਹੈ ਜਦੋਂ ਕਿ ਸੂਬੇ ਦੀਆਂ 36 ਮੰਡੀਆਂ ਵਿੱਚ ਸੋਲਰ ਪੈਨਲ ਲਾਉਣ ਅਤੇ 664 ਨੂੰ ਸ਼ੈੱਡਾਂ ਨਾਲ ਢਕ ਕੇ ਸੂਬਾ ਭਰ ਦੀਆਂ ਮੰਡੀਆਂ ਨੂੰ ਅਪਗ੍ਰੇਡ ਕੀਤਾ ਗਿਆ ਹੈ।" ਉਨ੍ਹਾਂ ਅੱਗੇ ਕਿਹਾ, "ਮਨਰੇਗਾ ਅਧੀਨ ਲੱਗਭੱਗ 9 ਲੱਖ ਮਜ਼ਦੂਰਾਂ ਨੂੰ ਰੁਜ਼ਗਾਰ ਮਿਲਿਆ ਹੈ, ਜਿਸ ਨਾਲ 1100 ਕਰੋੜ ਰੁਪਏ ਮਜ਼ਦੂਰੀ 'ਤੇ ਖਰਚ ਹੋਏ ਹਨ ਅਤੇ 2.3 ਕਰੋੜ ਕੰਮਕਾਜੀ ਦਿਨ ਪੈਦਾ ਹੋਏ ਹਨ।"

ਕਿਸਾਨਾਂ ਤੇ ਖੇਤੀਬਾੜੀ ਸੁਧਾਰਾਂ ਲਈ ਇਤਿਹਾਸਕ ਕਦਮ

ਖੇਤੀਬਾੜੀ ਸੁਧਾਰਾਂ ਬਾਰੇ ਗੱਲ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸਾਨਾਂ ਨੂੰ ਸਿੰਚਾਈ ਲਈ ਦਿਨ ਵੇਲੇ ਅੱਠ ਘੰਟੇ ਨਿਰਵਿਘਨ ਬਿਜਲੀ ਮਿਲ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਲੰਬੇ ਸਮੇਂ ਤੋਂ ਬੰਦ ਪਏ ਕੁੱਲ 18,349 ਖਾਲਿਆਂ ਨੂੰ ਮੁੜ ਸੁਰਜੀਤ ਕੀਤਾ ਗਿਆ ਹੈ, ਜਿਸ ਨਾਲ ਹੁਣ ਕਿਸਾਨਾਂ ਦੇ ਖੇਤਾਂ ਵਿੱਚ ਨਹਿਰੀ ਪਾਣੀ ਜਾ ਰਿਹਾ ਹੈ।"

ਮੁੱਖ ਮੰਤਰੀ ਨੇ ਅੱਗੇ ਕਿਹਾ, "ਪੰਜਾਬ ਦੇ ਕਿਸਾਨਾਂ ਨੂੰ ਗੰਨੇ ਲਈ ਪ੍ਰਤੀ ਕੁਇੰਟਲ 416 ਰੁਪਏ ਮਿਲ ਰਹੇ ਹਨ, ਜੋ ਕਿ ਦੇਸ਼ ਵਿੱਚ ਸਭ ਤੋਂ ਵੱਧ ਕੀਮਤ ਹੈ।" ਉਨ੍ਹਾਂ ਅੱਗੇ ਕਿਹਾ, "ਕਿਸਾਨਾਂ ਨੂੰ ਫਸਲਾਂ ਦੇ ਨੁਕਸਾਨ ਲਈ 20,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਮਿਲਿਆ ਹੈ, ਜੋ ਕਿ ਭਾਰਤ ਵਿੱਚ ਸਭ ਤੋਂ ਵੱਧ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ ਕਿਸਾਨਾਂ ਨੂੰ ਸਬਸਿਡੀ 'ਤੇ ਕੁੱਲ 1.58 ਲੱਖ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਪ੍ਰਦਾਨ ਕੀਤੀਆਂ ਗਈਆਂ ਹਨ।" ਉਨ੍ਹਾਂ ਅੱਗੇ ਕਿਹਾ, "ਫਸਲਾਂ ਦੀ ਤੁਰੰਤ ਖਰੀਦ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਸਮੇਂ ਸਿਰ ਭੁਗਤਾਨ ਕੀਤਾ ਜਾ ਰਿਹਾ ਹੈ।"

ਮਹਿਲਾ ਸਸ਼ਕਤੀਕਰਨ ਅਤੇ ਸਮਾਜ ਭਲਾਈ ਪਹਿਲਕਦਮੀਆਂ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਹੈ ਜਿਸ ਤਹਿਤ ਹਰ ਔਰਤ ਨੂੰ ਹਰ ਮਹੀਨੇ 1,000 ਰੁਪਏ ਜਦੋਂ ਕਿ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1,500 ਰੁਪਏ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਾਪਤ ਹੋਣਗੇ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਦੀਆਂ ਸਰਕਾਰੀ ਬੱਸਾਂ ਵਿੱਚ ਔਰਤਾਂ ਲਈ ਮੁਫਤ ਯਾਤਰਾ ਯੋਜਨਾ ਵੀ ਸ਼ੁਰੂ ਕੀਤੀ ਗਈ ਹੈ ਅਤੇ ਹਰ ਸਾਲ 14.5 ਕਰੋੜ ਤੋਂ ਵੱਧ ਮੁਫਤ ਬੱਸ ਸਫਰ ਦਾ ਲਾਭ ਉਠਾਇਆ ਜਾਂਦਾ ਹੈ।"

ਉਨ੍ਹਾਂ ਅੱਗੇ ਕਿਹਾ, "ਪਿਛਲੇ ਚਾਰ ਸਾਲਾਂ ਦੌਰਾਨ ਪੈਨਸ਼ਨ ਸਕੀਮਾਂ ਵਿੱਚ ਕੁੱਲ 5.2 ਲੱਖ ਨਵੇਂ ਲਾਭਪਾਤਰੀ ਸ਼ਾਮਲ ਕੀਤੇ ਗਏ ਹਨ ਅਤੇ 35.7 ਲੱਖ ਲੋਕਾਂ ਨੂੰ 23,102 ਕਰੋੜ ਰੁਪਏ ਦਾ ਲਾਭ ਦਿੱਤਾ ਗਿਆ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "4,400 ਵਰਕਰਾਂ ਦੀ ਭਰਤੀ ਅਤੇ 6,100 ਹੋਰ ਭਰਤੀਆਂ ਜਾਰੀ ਹੋਣ ਨਾਲ ਆਂਗਣਵਾੜੀ ਸੇਵਾਵਾਂ ਨੂੰ ਮਜ਼ਬੂਤ ਕੀਤਾ ਗਿਆ ਹੈ।"

ਉਨ੍ਹਾਂ ਨੇ ਇਹ ਵੀ ਕਿਹਾ, "27,314 ਆਂਗਣਵਾੜੀ ਕੇਂਦਰਾਂ ਰਾਹੀਂ ਹਰ ਮਹੀਨੇ ਮੁਫਤ ਸੈਨੇਟਰੀ ਪੈਡ ਵੰਡੇ ਜਾਂਦੇ ਹਨ ਅਤੇ ਹੁਣ ਤੱਕ 13.7 ਲੱਖ ਔਰਤਾਂ ਨੂੰ 7.4 ਕਰੋੜ ਸੈਨੇਟਰੀ ਪੈਡ ਵੰਡੇ ਜਾ ਚੁੱਕੇ ਹਨ।"

ਬਿਜਲੀ ਖੇਤਰ ਦੇ ਸੁਧਾਰਾਂ ਨਾਲ ਘਰਾਂ ਨੂੰ ਰਾਹਤ ਮਿਲੀ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦੇ 90 ਫੀਸਦੀ ਘਰਾਂ ਨੂੰ ਹੁਣ ਜ਼ੀਰੋ ਬਿਜਲੀ ਬਿੱਲ ਆਉਂਦੇ ਹਨ, ਜਿਸ ਨਾਲ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਬਿਜਲੀ ਦੀਆਂ ਦਰਾਂ ਘਟਾ ਦਿੱਤੀਆਂ ਗਈਆਂ ਹਨ, ਜਿਸ ਨਾਲ ਘਰਾਂ ਲਈ ਬਿਜਲੀ ਦੀਆਂ ਦਰਾਂ ਵਿੱਚ ਪ੍ਰਤੀ ਯੂਨਿਟ 1.5 ਰੁਪਏ, ਵਪਾਰਕ ਖਪਤਕਾਰਾਂ ਲਈ 79 ਪੈਸੇ ਅਤੇ ਉਦਯੋਗਾਂ ਲਈ 74 ਪੈਸੇ ਦੀ ਕਟੌਤੀ ਕੀਤੀ ਗਈ ਹੈ।"

ਉਨ੍ਹਾਂ ਅੱਗੇ ਕਿਹਾ, "ਪੰਜਾਬ ਸਰਕਾਰ ਨੇ 540 ਮੈਗਾਵਾਟ ਦੀ ਸਮਰੱਥਾ ਵਾਲਾ ਜੀ.ਵੀ.ਕੇ. ਪ੍ਰਾਈਵੇਟ ਪਾਵਰ ਪਲਾਂਟ ਖਰੀਦਿਆ ਜਿਸ ਨਾਲ ਬਿਜਲੀ ਉਤਪਾਦਨ ਦੀਆਂ ਲਾਗਤਾਂ ਘਟਾਉਣ ਵਿੱਚ ਮਦਦ ਮਿਲੀ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਪੀ.ਐਸ.ਪੀ.ਸੀ.ਐਲ., ਜੋ ਕਦੇ ਘਾਟੇ ਵਿੱਚ ਚੱਲ ਰਿਹਾ ਸੀ, ਹੁਣ ਲਗਾਤਾਰ ਤਿੰਨ ਸਾਲਾਂ ਤੋਂ ਮੁਨਾਫੇ ਵਿੱਚ ਹੈ ਅਤੇ ਭਾਰਤ ਸਰਕਾਰ ਤੋਂ ਸਭ ਤੋਂ ਵੱਧ ਏ+ ਰੇਟਿੰਗ ਪ੍ਰਾਪਤ ਕੀਤੀ ਹੈ।"

ਉਨ੍ਹਾਂ ਇਹ ਵੀ ਕਿਹਾ, "ਪਛਵਾੜਾ ਕੋਲਾ ਖਾਣ ਤੋਂ ਖਰੀਦੇ ਗਏ ਸਸਤੇ ਕੋਲੇ ਨੇ ਸਰਕਾਰੀ ਖਜ਼ਾਨੇ ਦੀ 1,000 ਕਰੋੜ ਰੁਪਏ ਦੀ ਬੱਚਤ ਕੀਤੀ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਰੌਸ਼ਨ ਪੰਜਾਬ ਪਹਿਲਕਦਮੀ ਤਹਿਤ ਬਿਜਲੀ ਟਰਾਂਸਮਿਸ਼ਨ ਅਤੇ ਵੰਡ ਨੈੱਟਵਰਕ ਨੂੰ ਮਜ਼ਬੂਤ ਕਰਨ ਅਤੇ 247 ਬਿਜਲੀ ਸਪਲਾਈ ਯਕੀਨੀ ਬਣਾਉਣ ਲਈ 5,000 ਕਰੋੜ ਰੁਪਏ ਦਾ ਨਿਵੇਸ਼ ਕੀਤਾ ਜਾ ਰਿਹਾ ਹੈ।"

ਰੋਜ਼ਗਾਰ ਕ੍ਰਾਂਤੀ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ

ਰੋਜ਼ਗਾਰ ਉਤਪਤੀ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ ਸੂਬੇ ਵਿੱਚ ਰੋਜ਼ਗਾਰ ਕ੍ਰਾਂਤੀ ਸ਼ੁਰੂ ਕੀਤੀ ਹੈ।" ਉਨ੍ਹਾਂ ਅੱਗੇ ਕਿਹਾ, "ਪਿਛਲੇ ਚਾਰ ਸਾਲਾਂ ਵਿੱਚ ਨੌਜਵਾਨਾਂ ਨੂੰ ਸਿਫਾਰਸ਼ ਜਾਂ ਰਿਸ਼ਵਤ ਤੋਂ ਬਿਨਾਂ ਸਿਰਫ ਯੋਗਤਾ ਦੇ ਆਧਾਰ 'ਤੇ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।"

ਮੁੱਖ ਮੰਤਰੀ ਭਗਵੰਤ ਮਾਨ ਨੇ ਅੱਗੇ ਕਿਹਾ, "ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ ਰਿਕਾਰਡ ਉਦਯੋਗਿਕ ਨਿਵੇਸ਼ ਨੇ ਲੱਗਭੱਗ ਰੋਜ਼ਗਾਰ ਦੇ 5.5 ਲੱਖ ਮੌਕੇ ਪੈਦਾ ਕੀਤੇ ਹਨ।"

ਯੁੱਧ ਨਸ਼ਿਆ ਵਿਰੁੱਧ ਨਸ਼ਿਆਂ ਵਿਰੁੱਧ ਫੈਸਲਾਕੁੰਨ ਕਾਰਵਾਈ

ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਫੈਸਲਾਕੁੰਨ ਅਤੇ ਸਖ਼ਤ ਕਾਰਵਾਈ ਕੀਤੀ ਗਈ ਹੈ।" ਉਨ੍ਹਾਂ ਕਿਹਾ, "ਕੁੱਲ 68,389 ਐਫਆਈਆਰ ਦਰਜ ਕੀਤੀਆਂ ਗਈਆਂ ਹਨ ਅਤੇ 92,264 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "5,480 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਗਈ ਹੈ ਜੋ ਕਿ ਦੇਸ਼ ਭਰ ਵਿੱਚ ਜ਼ਬਤ ਕੀਤੀ ਗਈ ਸਭ ਤੋਂ ਵੱਡੀ ਖੇਪ ਹੈ।" ਉਨ੍ਹਾਂ ਕਿਹਾ, "ਨਸ਼ਾ ਤਸਕਰਾਂ ਨਾਲ ਸਬੰਧਤ 760 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ ਜਦੋਂ ਕਿ 64 ਹਵਾਲਾ ਅਪ੍ਰੇਟਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।"

ਉਨ੍ਹਾਂ ਕਿਹਾ, "ਸੂਬੇ ਭਰ ਵਿੱਚ 1.5 ਲੱਖ ਤੋਂ ਵੱਧ ਮੈਂਬਰਾਂ ਵੱਲੋਂ ਵਿਲੇਜ ਡਿਫੈਂਸ ਕਮੇਟੀਆਂ ਬਣਾਈਆਂ ਗਈਆਂ ਹਨ ਜੋ ਨਸ਼ਿਆਂ ਵਿਰੁੱਧ ਵਿੱਚ ਸਰਕਾਰ ਦੀਆਂ ਅੱਖਾਂ ਅਤੇ ਕੰਨ ਵਜੋਂ ਕੰਮ ਕਰਦੀਆਂ ਹਨ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਇਨ੍ਹਾਂ ਕਮੇਟੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ 'ਤੇ 600 ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।"

ਮੁੱਖ ਮੰਤਰੀ ਨੇ ਕਿਹਾ, "ਪਿੰਡ ਦੇ ਪਹਿਰੇਦਾਰ ਪਿੰਡਾਂ ਅਤੇ ਵਾਰਡਾਂ ਵਿੱਚ ਤਾਇਨਾਤ ਕੀਤੇ ਗਏ ਹਨ ਤਾਂ ਜੋ ਭਾਈਚਾਰਿਆਂ ਨੂੰ ਨਸ਼ਿਆਂ ਵਿਰੁੱਧ ਸੁਚੇਤ ਰੱਖਿਆ ਜਾ ਸਕੇ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਚਾਰ ਸਾਲਾਂ ਦੌਰਾਨ ਨਸ਼ਾ ਛੁਡਾਊ ਕੇਂਦਰਾਂ ਵਿੱਚ ਬੈਡਾਂ ਦੀ ਗਿਣਤੀ 1,455 ਤੋਂ ਵਧਾ ਕੇ 5,255 ਕਰ ਦਿੱਤੀ ਗਈ ਹੈ ਜੋ ਕਿ 360 ਫੀਸਦ ਵਾਧੇ ਨੂੰ ਦਰਸਾਉਂਦੀ ਹੈ ਅਤੇ ਸਰਕਾਰੀ ਸਕੂਲਾਂ ਵਿੱਚ 9ਵੀਂ ਤੋਂ 12ਵੀਂ ਜਮਾਤ ਲਈ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਪਾਠਕ੍ਰਮ ਸ਼ੁਰੂ ਕੀਤਾ ਗਿਆ ਹੈ।"

*ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਗੈਂਗਸਟਰਾਂ 'ਤੇ ਨਕੇਲ ਕਸਣ ਲਈ 'ਗੈਂਗਸਟਰਾਂ 'ਤੇ ਵਾਰ' ਮੁਹਿੰਮ

ਕਾਨੂੰਨ ਵਿਵਸਥਾ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਵੱਲੋਂ 'ਗੈਂਗਸਟਰਾਂ 'ਤੇ ਵਾਰ' ਅਤੇ ਆਪ੍ਰੇਸ਼ਨ ਪ੍ਰਹਾਰ ਸ਼ੁਰੂ ਕੀਤਾ ਗਿਆ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸੰਗਠਿਤ ਗੈਂਗ ਪੰਜਾਬ ਵਿੱਚ ਪੈਰ ਨਾ ਪਸਾਰ ਸਕਣ।" ਉਨ੍ਹਾਂ ਅੱਗੇ ਕਿਹਾ, "ਹੁਣ ਤੱਕ 12,000 ਪੁਲਿਸ ਮੁਲਾਜ਼ਮਾਂ ਵਾਲੀਆਂ ਟੀਮਾਂ ਵੱਲੋਂ 44,424 ਥਾਵਾਂ 'ਤੇ ਛਾਪੇਮਾਰੀ ਕੀਤੀ ਗਈ ਹੈ ਜਿਸ ਨਾਲ 14,722 ਗੈਂਗਸਟਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜਿਨ੍ਹਾਂ ਵਿੱਚ 711 ਭਗੌੜੇ ਅਪਰਾਧੀ ਵੀ ਸ਼ਾਮਲ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਕਾਰਵਾਈ ਤਹਿਤ 76 ਅੱਤਵਾਦੀ ਮਾਡਿਊਲਾਂ ਦਾ ਪਰਦਾਫਾਸ਼ ਕਰਕੇ ਅਤੇ 486 ਅੱਤਵਾਦੀਆਂ ਅਤੇ ਕੱਟੜਪੰਥੀਆਂ ਨੂੰ ਵੱਡੀ ਮਾਤਰਾ ਵਿੱਚ ਹਥਿਆਰਾਂ, ਵਿਸਫੋਟਕਾਂ ਅਤੇ ਗ੍ਰਨੇਡਾਂ ਸਮੇਤ ਕਾਬੂ ਕਰਕੇ ਅੱਤਵਾਦੀ ਨੈੱਟਵਰਕਾਂ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਗਈ ਹੈ।" ਉਨ੍ਹਾਂ ਅੱਗੇ ਕਿਹਾ, "ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਮੁਤਾਬਕ ਪੰਜਾਬ ਦੀ ਅਪਰਾਧ ਦਰ ਘੱਟ ਕੇ ਪ੍ਰਤੀ ਲੱਖ ਵਿਅਕਤੀ ਪਿੱਛੇ 227 ਅਪਰਾਧ ਹੋ ਗਈ ਹੈ ਜੋ ਕਿ 448 ਦੀ ਕੌਮੀ ਔਸਤ ਦਾ ਲੱਗਭੱਗ ਅੱਧਾ ਹੈ ਅਤੇ ਹਰਿਆਣਾ ਦੀ 740 ਦੀ ਅਪਰਾਧ ਦਰ ਨਾਲੋਂ ਤਿੰਨ ਗੁਣਾ ਘੱਟ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਰਹੱਦ ਪਾਰ ਦੇ ਡਰੋਨ ਖਤਰਿਆਂ ਨਾਲ ਨਜਿੱਠਣ ਲਈ 9 ਉੱਨਤ ਐਂਟੀ-ਡਰੋਨ ਸਿਸਟਮ ਖਰੀਦੇ ਗਏ ਹਨ।" ਉਨ੍ਹਾਂ ਅੱਗੇ ਕਿਹਾ, "ਪੁਲਿਸ ਫੋਰਸ ਨੂੰ ਮਜ਼ਬੂਤ ਕਰਨ ਲਈ ਕੁੱਲ 12,197 ਕਰਮਚਾਰੀਆਂ ਦੀ ਭਰਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚ 1,062 ਸਬ ਇੰਸਪੈਕਟਰ, 450 ਹੈੱਡ ਕਾਂਸਟੇਬਲ ਅਤੇ 10,285 ਕਾਂਸਟੇਬਲ ਸ਼ਾਮਲ ਹਨ।"

ਉਨ੍ਹਾਂ ਅੱਗੇ ਕਿਹਾ, "ਪੁਲਿਸ ਦੇ ਆਧੁਨਿਕੀਕਰਨ, ਬੁਨਿਆਦੀ ਢਾਂਚੇ ਦੇ ਅਪਗ੍ਰੇਡੇਸ਼ਨ, ਸਾਈਬਰ ਸਮਰੱਥਾਵਾਂ, ਖੁਫੀਆ ਜਾਣਕਾਰੀ ਦੀ ਮਜ਼ਬੂਤੀ, ਸਰਹੱਦੀ ਪੁਲਿਸ ਸਟੇਸ਼ਨਾਂ ਅਤੇ ਪੁਲਿਸ ਭਲਾਈ ਵਿੱਚ 1,156 ਕਰੋੜ ਰੁਪਏ ਤੋਂ ਵੱਧ ਦਾ ਖਰਚ ਕੀਤਾ ਗਿਆ ਹੈ।"

ਮਜ਼ਬੂਤ ਵਿੱਤੀ ਪ੍ਰਬੰਧਨ ਨਾਲ ਪੰਜਾਬ ਦੀ ਆਰਥਿਕਤਾ ਵਿੱਚ ਸੁਧਾਰ

ਪੰਜਾਬ ਦੀ ਆਰਥਿਕਤਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੌਜੂਦਾ ਸਰਕਾਰ ਦੇ ਪੰਜ ਸਾਲਾਂ ਵਿੱਚ ਆਬਕਾਰੀ ਨੀਤੀ ਤੋਂ ਪੰਜਾਬ ਨੂੰ 53,122 ਕਰੋੜ ਰੁਪਏ ਦੀ ਕਮਾਈ ਹੋਣ ਦੀ ਸੰਭਾਵਨਾ ਹੈ ਜੋ ਕਿ ਪਿਛਲੀ ਸਰਕਾਰ ਦੇ ਮਾਲੀਏ ਨਾਲੋਂ ਲੱਗਭੱਗ ਦੁੱਗਣਾ ਹੈ।"

ਉਨ੍ਹਾਂ ਅੱਗੇ ਕਿਹਾ, "ਸਟੈਂਪ ਅਤੇ ਰਜਿਸਟ੍ਰੇਸ਼ਨ ਤੋਂ 30,367 ਕਰੋੜ ਰੁਪਏ ਦੀ ਕਮਾਈ ਹੋਈ ਹੈ ਜੋ ਕਿ ਪਿਛਲੀ ਸਰਕਾਰ ਨਾਲੋਂ ਲੱਗਭੱਗ 2.5 ਗੁਣਾ ਵੱਧ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਜੀ.ਐਸ.ਟੀ. ਵਸੂਲੀ ਵਿੱਚ ਵੀ ਭਾਰੀ ਵਾਧਾ ਹੋਇਆ ਹੈ, ਕਿਉਂਕਿ ਸਿਰਫ 46 ਮਹੀਨਿਆਂ ਵਿੱਚ 83,739 ਕਰੋੜ ਰੁਪਏ ਜੀ.ਐਸ.ਟੀ. ਵਸੂਲਿਆ ਗਿਆ ਹੈ ਜੋ ਕਿ ਪਿਛਲੀ ਸਰਕਾਰ ਵੱਲੋਂ ਪੰਜ ਸਾਲਾਂ ਵਿੱਚ ਵਸੂਲੇ 61,286 ਕਰੋੜ ਰੁਪਏ ਤੋਂ ਵੱਧ ਹੈ।"

ਉਨ੍ਹਾਂ ਅੱਗੇ ਕਿਹਾ, "ਮਜ਼ਬੂਤ ਵਿੱਤੀ ਪ੍ਰਬੰਧਨ ਨੇ ਪੰਜਾਬ ਦੇ ਕਰਜ਼ੇ-ਜੀਐਸਡੀਪੀ ਅਨੁਪਾਤ ਨੂੰ 2022 ਵਿੱਚ 48.25 ਫੀਸਦ ਤੋਂ ਘਟਾ ਕੇ 2026 ਵਿੱਚ 44.47 ਫੀਸਦ ਕਰ ਦਿੱਤਾ ਹੈ।"

ਰਿਕਾਰਡ ਨਿਵੇਸ਼ ਅਤੇ ਉਦਯੋਗਿਕ ਵਿਕਾਸ

ਉਦਯੋਗਿਕ ਵਿਕਾਸ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੋਹਾਲੀ ਵਿੱਚ ਹੋਏ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਵਿੱਚ ਵਿਸ਼ਵ ਭਰ ਦੇ ਨਿਵੇਸ਼ਕ ਸ਼ਾਮਲ ਹੋਏ ਅਤੇ ਪੰਜਾਬ ਨੇ ਚਾਰ ਸਾਲਾਂ ਵਿੱਚ 1.55 ਲੱਖ ਕਰੋੜ ਰੁਪਏ ਦਾ ਰਿਕਾਰਡ ਨਿਵੇਸ਼ ਆਇਆ ਹੈ।" ਉਨ੍ਹਾਂ ਅੱਗੇ ਕਿਹਾ, "ਯੂ.ਕੇ., ਜਾਪਾਨ ਅਤੇ ਦੱਖਣੀ ਕੋਰੀਆ ਨਾਲ ਰਣਨੀਤਕ ਸਾਂਝੇਦਾਰੀ ਨਾਲ ਪੰਜਾਬ ਵਿੱਚ ਨਵੇਂ ਉਦਯੋਗ ਸਥਾਪਤ ਹੋ ਰਹੇ ਹਨ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋ ਰਹੇ ਹਨ।"

ਮੁੱਖ ਮੰਤਰੀ ਭਗਵੰਤ ਮਾਨ ਨੇ ਅੱਗੇ ਕਿਹਾ, "ਰਾਈਟ ਟੂ ਬਿਜ਼ਨਸ ਐਕਟ ਤਹਿਤ ਐਮ.ਐਸ.ਐਮ.ਈਜ਼ ਨੂੰ ਹੁਣ ਨਵੀਆਂ ਫੈਕਟਰੀਆਂ ਸਥਾਪਤ ਕਰਨ ਲਈ ਪ੍ਰਵਾਨਗੀਆਂ ਸਵੈ-ਘੋਸ਼ਣਾ ਦੇ ਆਧਾਰ 'ਤੇ 5 ਤੋਂ 18 ਦਿਨਾਂ ਦੇ ਅੰਦਰ ਦਿੱਤੀਆਂ ਜਾ ਰਹੀਆਂ ਹਨ ਜੋ ਉਦਯੋਗਾਂ ਨੂੰ ਜਲਦ ਨਿਰਮਾਣ ਸ਼ੁਰੂ ਕਰਨ ਵਿੱਚ ਮਦਦਗਾਰ ਸਾਬਤ ਹੁੰਦਾ ਹੈ।"

ਉਨ੍ਹਾਂ ਅੱਗੇ ਕਿਹਾ, "ਫਾਸਟਟ੍ਰੈਕ ਪੰਜਾਬ ਪੋਰਟਲ ਰਾਹੀਂ 50 ਤੋਂ ਵੱਧ ਰੈਗੂਲੇਟਰੀ ਪ੍ਰਵਾਨਗੀਆਂ ਅਤੇ 200 ਸੇਵਾ ਬੇਨਤੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਅਤੇ ਜੇਕਰ 45 ਦਿਨਾਂ ਦੇ ਅੰਦਰ ਪ੍ਰਵਾਨਗੀਆਂ ਨਹੀਂ ਦਿੱਤੀਆਂ ਜਾਂਦੀਆਂ ਤਾਂ ਡੀਮਡ (ਆਪਣੇ ਆਪ) ਪ੍ਰਵਾਨਗੀ ਜਾਰੀ ਹੋ ਜਾਂਦੀ ਹੈ।"

ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਵੀ ਕਿਹਾ, "ਉਦਯੋਗਪਤੀਆਂ ਨਾਲ ਵਿਆਪਕ ਸਲਾਹ-ਮਸ਼ਵਰੇ ਤੋਂ ਬਾਅਦ ਪੰਜਾਬ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026 ਤਿਆਰ ਕੀਤੀ ਗਈ ਹੈ ਜੋ ਬਿਹਤਰ ਰਿਆਇਤਾਂ ਦੀ ਪੇਸ਼ਕਸ਼ ਕਰਦੀ ਹੈ।"

ਡਿਜੀਟਲ ਗਵਰਨੈਂਸ ਅਤੇ ਭ੍ਰਿਸ਼ਟਾਚਾਰ ਵਿਰੋਧੀ ਕਦਮ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇੱਕ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਸ਼ੁਰੂ ਕੀਤੀ ਗਈ ਹੈ ਤਾਂ ਜੋ ਨਾਗਰਿਕ ਸਿੱਧੇ ਤੌਰ 'ਤੇ ਭ੍ਰਿਸ਼ਟਾਚਾਰ ਦੀ ਰਿਪੋਰਟ ਕਰ ਸਕਣ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਪਹਿਲਾ ਸੂਬਾ ਬਣ ਗਿਆ ਹੈ, ਜਿੱਥੇ ਜਾਇਦਾਦ ਦੀਆਂ ਰਜਿਸਟ੍ਰੇਸ਼ਨਾਂ ਪੂਰੀ ਤਰ੍ਹਾਂ ਡਿਜੀਟਲ ਕਰ ਦਿੱਤੀ ਗਈ ਹੈ ਅਤੇ ਆਸਾਨ ਰਜਿਸਟਰੀ ਪ੍ਰਣਾਲੀ ਰਾਹੀਂ 48 ਘੰਟਿਆਂ ਦੇ ਅੰਦਰ ਮੁਕੰਮਲ ਕੀਤੀਆਂ ਜਾਂਦੀਆਂ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਸਰਕਾਰ ਤੁਹਾਡੇ ਦੁਆਰ ਪਹਿਲਕਦਮੀ ਤਹਿਤ 1076 ਹੈਲਪਲਾਈਨ ਰਾਹੀਂ ਹੁਣ ਲੋਕਾਂ ਨੂੰ ਉਨ੍ਹਾਂ ਦੀ ਬਰੂਹਾਂ 'ਤੇ ਕੁੱਲ 406 ਸਰਕਾਰੀ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ।"

ਉਨ੍ਹਾਂ ਅੱਗੇ ਕਿਹਾ, "ਡਰਾਈਵਿੰਗ ਲਾਇਸੈਂਸ ਅਤੇ ਵਾਹਨ ਰਜਿਸਟ੍ਰੇਸ਼ਨ ਨਾਲ ਸਬੰਧਤ 56 ਸੇਵਾਵਾਂ ਨੂੰ ਪੂਰੀ ਤਰ੍ਹਾਂ ਡਿਜੀਟਲ ਬਣਾਇਆ ਗਿਆ ਹੈ ਜਿਸ ਨਾਲ ਆਰਟੀਓ ਦਫਤਰਾਂ ਵਿੱਚ ਜਾਏ ਬਗੈਰ ਸਾਲਾਨਾ 30 ਲੱਖ ਤੋਂ ਵੱਧ ਲੈਣ-ਦੇਣ ਸੰਭਵ ਹੋ ਸਕੇਗਾ।"

ਇਤਿਹਾਸਕ ਨਹਿਰੀ ਸਿੰਚਾਈ ਕ੍ਰਾਂਤੀ

ਸਿੰਚਾਈ ਸੁਧਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੇ ਚਾਰ ਸਾਲਾਂ ਦੌਰਾਨ ਨਹਿਰੀ ਸਿੰਚਾਈ ਵਿੱਚ 6,700 ਕਰੋੜ ਰੁਪਏ ਦਾ ਨਿਵੇਸ਼ ਕੀਤਾ ਗਿਆ ਹੈ।"

ਉਨ੍ਹਾਂ ਅੱਗੇ ਕਿਹਾ, "ਨਹਿਰੀ ਪਾਣੀ ਰਾਹੀਂ ਸਿੰਜਾਈ ਕੀਤੀ ਜਾਣ ਵਾਲੀ ਖੇਤੀਬਾੜੀ ਜ਼ਮੀਨ ਸਾਲ 2022 ਵਿੱਚ 26 ਫੀਸਦ ਤੋਂ ਵੱਧ ਕੇ 2026 ਵਿੱਚ 78 ਫੀਸਦ ਹੋ ਗਈ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "40 ਤੋਂ 50 ਸਾਲਾਂ ਵਿੱਚ ਪਹਿਲੀ ਵਾਰ 1,365 ਪਿੰਡਾਂ ਤੱਕ ਨਹਿਰੀ ਪਾਣੀ ਪਹੁੰਚਿਆ ਹੈ ਜਦੋਂ ਕਿ 15,539 ਕਿਲੋਮੀਟਰ ਤੋਂ ਵੱਧ ਨਹਿਰਾਂ ਦੀ ਸਫਾਈ ਕੀਤੀ ਗਈ ਹੈ ਅਤੇ 18,349 ਜਲ ਮਾਰਗਾਂ ਨੂੰ ਬਹਾਲ ਕੀਤਾ ਗਿਆ ਹੈ।"

ਉਨ੍ਹਾਂ ਕਿਹਾ, "239 ਕਰੋੜ ਰੁਪਏ ਦੀ ਲਾਗਤ ਨਾਲ ਕੰਢੀ ਨਹਿਰੀ ਪ੍ਰਣਾਲੀ ਦੇ ਪੁਨਰ ਵਿਕਾਸ ਨਾਲ 1.25 ਲੱਖ ਏਕੜ ਰਕਬੇ ਵਾਲੇ 433 ਪਿੰਡਾਂ ਤੱਕ ਸਿੰਚਾਈ ਦਾ ਪਾਣੀ ਪਹੁੰਚਿਆ ਹੈ ਜਦੋਂ ਕਿ 288 ਕਰੋੜ ਰੁਪਏ ਦੀ ਲਾਗਤ ਵਾਲੇ ਮਹੋਰਾਣਾ ਡਿਸਟ੍ਰੀਬਿਊਟਰੀ ਰੀਮਾਡਲਿੰਗ ਅਤੇ ਮਾਲੇਰਕੋਟਲਾ ਮਾਈਨਰ ਪ੍ਰੋਜੈਕਟ ਨਾਲ 55 ਪਿੰਡਾਂ ਦੇ 44,000 ਏਕੜ ਰਕਬੇ ਨੂੰ ਨਹਿਰੀ ਪਾਣੀ ਦਿੱਤਾ ਜਾਵੇਗਾ।"

ਧਾਰਮਿਕ ਸੈਰ-ਸਪਾਟਾ ਅਤੇ ਵਿਰਾਸਤੀ ਪਹਿਲਕਦਮੀਆਂ

ਧਾਰਮਿਕ ਸੈਰ-ਸਪਾਟੇ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 9,300 ਤੋਂ ਵੱਧ ਬਜ਼ੁਰਗ ਹਰ ਹਫਤੇ ਪਵਿੱਤਰ ਨਗਰੀ ਅੰਮ੍ਰਿਤਸਰ ਜਾਂ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਮੁਫਤ ਯਾਤਰਾ ਕਰਦੇ ਹਨ।"

ਉਨ੍ਹਾਂ ਅੱਗੇ ਕਿਹਾ, "ਤੀਰਥ ਯਾਤਰਾ ਦੌਰਾਨ ਸੰਗਤ ਨੂੰ ਮੁਫਤ ਏਸੀ ਬੱਸਾਂ, ਏਅਰ ਕੰਡੀਸ਼ਨਡ ਰਿਹਾਇਸ਼ ਅਤੇ ਮੁਫਤ ਭੋਜਨ ਪ੍ਰਦਾਨ ਕੀਤਾ ਜਾਂਦਾ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਟਿਆਲਾ ਦੇ ਇਤਿਹਾਸਕ ਸ੍ਰੀ ਕਾਲੀ ਮਾਤਾ ਮੰਦਿਰ ਲਈ ਵਿਸ਼ੇਸ਼ ਵਿਕਾਸ ਯੋਜਨਾ ਸ਼ੁਰੂ ਕੀਤੀ ਗਈ ਹੈ।" ਉਨ੍ਹਾਂ ਅੱਗੇ ਕਿਹਾ, "ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬੇ ਭਰ ਵਿੱਚ ਵਿਸ਼ਾਲ ਸਮਾਗਮ ਕਰਵਾਏ ਗਏ ਹਨ ਜਦੋਂ ਕਿ ਖੁਰਾਲਗੜ੍ਹ ਅਤੇ ਹੋਰ ਇਤਿਹਾਸਕ ਸਥਾਨਾਂ 'ਤੇ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਜਨਮ ਦਿਹਾੜੇ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਜਸ਼ਨ ਮਨਾਏ ਜਾ ਰਹੇ ਹਨ।"

ਸੜਕ ਸੁਰਖਿਆ ਫੋਰਸ ਅਤੇ ਲੋਕ ਭਲਾਈ ਪਹਿਲਕਦਮੀਆਂ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਵਿੱਚ ਭਾਰਤ ਦੀ ਪਹਿਲੀ ਸੜਕ ਸੁਰਖਿਆ ਫੋਰਸ ਸਥਾਪਿਤ ਕੀਤੀ ਗਈ ਹੈ ਜਿਸ ਕਾਰਨ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ 50.12 ਫੀਸਦ ਦੀ ਕਮੀ ਆਈ ਹੈ। ਸੜਕ ਹਾਦਸਿਆਂ ਦੌਰਾਨ ਜ਼ਖਮੀ ਹੋਣ ਵਾਲੇ 47,000 ਤੋਂ ਵੱਧ ਲੋਕਾਂ ਨੂੰ ਸਮੇਂ ਸਿਰ ਸਹਾਇਤਾ ਦਿੱਤੀ ਗਈ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਭਰ ਵਿੱਚ ਕਈ ਟੋਲ ਪਲਾਜ਼ੇ ਬੰਦ ਕਰ ਦਿੱਤੇ ਗਏ ਹਨ ਜਿਸ ਨਾਲ ਪੰਜਾਬੀਆਂ ਨੂੰ ਰੋਜ਼ਾਨਾ ਲਗਭਗ 64 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ।"

ਸ਼ਹੀਦਾਂ ਦਾ ਸਨਮਾਨ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ, "ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨੂੰ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ 50 ਲੱਖ ਰੁਪਏ ਤੋਂ ਵਧਾ ਕੇ ਇਕ ਕਰੋੜ ਰੁਪਏ ਕਰ ਦਿੱਤੀ ਗਈ ਹੈ।"

*ਵਿਰੋਧੀ ਧਿਰ ਅਤੇ ਕੇਂਦਰ-ਰਾਜ ਮੁੱਦਿਆਂ ਬਾਰੇ ਜਵਾਬ

ਵਿੱਤੀ ਸਥਿਤੀ ਦੀ ਆਲੋਚਨਾ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕੁਝ ਲੋਕਾਂ ਨੇ ਫੰਡਾਂ ਦੇ ਪ੍ਰਬੰਧਨ ਬਾਰੇ ਸ਼ੱਕ ਪ੍ਰਗਟਾਇਆ ਸੀ ਪਰ ਪੰਜਾਬ ਸਰਕਾਰ ਨੇ ਕਈ ਪਹਿਲਕਦਮੀਆਂ ਰਾਹੀਂ ਮੁਕੰਮਲ ਵਿਕਾਸ ਨੂੰ ਯਕੀਨੀ ਬਣਾਇਆ ਹੈ।" ਉਨ੍ਹਾਂ ਅੱਗੇ ਕਿਹਾ, "ਸੰਗਰੂਰ ਵਿਖੇ ਮੈਡੀਕਲ ਕਾਲਜ ਹੁਣ ਤੱਕ ਕਾਰਜਸ਼ੀਲ ਹੋ ਜਾਣਾ ਸੀ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕੀ ਕਮੇਟੀ ਨੇ ਰੁਕਾਵਟਾਂ ਪੈਦਾ ਕੀਤੀਆਂ ਜੋ ਸੂਬੇ ਦੇ ਹਿੱਤਾਂ ਦੇ ਵਿਰੁੱਧ ਸਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ ਸਰਕਾਰਾਂ ਕਦੇ ਵੀ ਵਾਅਦੇ ਪੂਰੇ ਕਰਨ ਵੱਲ ਧਿਆਨ ਨਹੀਂ ਦਿੰਦੀਆਂ ਅਤੇ ਵਾਰ-ਵਾਰ ਪੇਪਰ ਲੀਕ ਕਰਕੇ ਨੌਜਵਾਨਾਂ ਦੇ ਭਵਿੱਖ ਨੂੰ ਵੀ ਬਰਬਾਦ ਕਰ ਦਿੱਤਾ ਹੈ। ਲੋਕਾਂ ਦੇ ਖਾਤਿਆਂ ਵਿੱਚ 15 ਲੱਖ ਰੁਪਏ ਜਮ੍ਹਾਂ ਕਰਵਾਉਣ ਅਤੇ 2 ਕਰੋੜ ਨੌਕਰੀਆਂ ਦੇਣ ਵਰਗੇ ਵਾਅਦੇ ਜੁਮਲਾ ਸਾਬਤ ਹੋਏ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਪੰਜਾਬ ਵਿੱਚ ਨਫਰਤ ਦੇ ਬੀਜ ਕਦੇ ਨਹੀਂ ਪੁੰਗਰਨਗੇ ਅਤੇ ਸੂਬੇ ਨੂੰ ਡਬਲ ਇੰਜਣ ਵਾਲੀ ਸਰਕਾਰ ਦੀ ਲੋੜ ਨਹੀਂ ਹੈ, ਕਿਉਂਕਿ ਇੱਕ ਇੰਜਣ ਨਾਲ ਪਹਿਲਾਂ ਹੀ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕੇਂਦਰ ਸਰਕਾਰ ਵੱਲੋਂ ਐਨ.ਐਚ.ਐਮ., ਆਰ.ਡੀ.ਐਫ. ਅਤੇ ਹੋਰ ਯੋਜਨਾਵਾਂ ਨਾਲ ਸਬੰਧਤ ਪੰਜਾਬ ਦੇ ਫੰਡਾਂ ਨੂੰ ਰੋਕ ਦਿੱਤਾ ਗਿਆ ਹੈ ਜੋ ਕਿ ਘੋਰ ਬੇਇਨਸਾਫੀ ਹੈ ਅਤੇ ਸੰਘੀ ਢਾਂਚੇ ਨੂੰ ਢਾਹ ਲਗਾਉਣ ਵਾਲਾ ਵਤੀਰਾ ਹੈ।" ਉਨ੍ਹਾਂ ਅੱਗੇ ਕਿਹਾ, "ਅਕਾਲੀ ਆਗੂ ਜਿਨ੍ਹਾਂ ਦੀ ਪਾਰਟੀ ਵਿੱਚ ਲੀਡਰਸ਼ਿਪ ਵੀ ਨਹੀਂ ਹੈ, ਹੁਣ ਚੋਣ ਟਿਕਟਾਂ ਵੰਡਣ ਲਈ ਗੈਂਗਸਟਰਾਂ ਦੀ ਸਰਪ੍ਰਸਤੀ ਕਰ ਰਹੇ ਹਨ ਅਤੇ ਆਪਣੇ ਸ਼ਾਸਨ ਦੌਰਾਨ ਪ੍ਰਫੁੱਲਤ ਹੋਏ ਗੈਂਗਸਟਰ ਸੱਭਿਆਚਾਰ ਬਾਰੇ ਅਣਜਾਣ ਬਣਨ ਦਾ ਦਿਖਾਵਾ ਕਰ ਰਹੇ ਹਨ।"

ਪੰਜਾਬ ਸਰਕਾਰ ਨੇ ਆਪਣੇ ਸਾਰੇ

ਸਰਕਾਰ ਨੇ 2024 ਵਿੱਚ ਪੰਜਾਬ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਦੂਰ ਕਰਨ ਲਈ 'ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ' ਯੋਜਨਾ ਸ਼ੁਰੂ ਕੀਤੀ ਸੀ। ਇਸ ਦਾ ਉਦੇਸ਼ ਪੰਜਾਬ ਦੇ ਲੋਕਾਂ ਨੂੰ ਉਹਨਾਂ ਦੀਆਂ ਬਰੂਹਾਂ 'ਤੇ ਸਰਕਾਰੀ ਸੇਵਾਵਾਂ ਪ੍ਰਦਾਨ ਕਰਨਾ ਹੈ। ਹੁਣ ਲੋਕ 1076 ਹੈਲਪਲਾਈਨ ਰਾਹੀਂ ਜਨਮ, ਮੌਤ, ਆਮਦਨ, ਜਾਤੀ ਸਰਟੀਫਿਕੇਟ, ਪੈਨਸ਼ਨ, ਬਿੱਲ ਭੁਗਤਾਨ ਆਦਿ ਸਮੇਤ 406 ਸੇਵਾਵਾਂ ਤੱਕ ਪਹੁੰਚ ਕਰ ਸਕਦੇ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਕਈ ਅਹਿਮ ਬਦਲਾਅ ਕੀਤੇ ਗਏ ਹਨ। ਸਾਡੀ ਸਰਕਾਰ ਨੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਫ਼ਤ ਦਵਾਈਆਂ, ਟੈਸਟ ਅਤੇ ਮੁੱਢਲੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਆਮ ਆਦਮੀ ਕਲੀਨਿਕ ਸਥਾਪਤ ਕੀਤੇ। ਮੌਜੂਦਾ ਸਮੇਂ ਪੰਜਾਬ ਵਿੱਚ 842 ਤੋਂ ਵੱਧ ਕਲੀਨਿਕ ਕਾਰਜਸ਼ੀਲ ਹਨ। ਪੰਜਾਬ ਸਰਕਾਰ ਵੱਲੋਂ 23 ਮਾਰਚ 2022 ਨੂੰ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਸ਼ੁਰੂ ਕੀਤੀ ਗਈ, ਜਿਸ ਤਹਿਤ ਲੋਕ ਵਟਸਐਪ ਨੰਬਰ 9501200200 'ਤੇ ਭ੍ਰਿਸ਼ਟਾਚਾਰ ਬਾਰੇ ਆਡੀਓ ਜਾਂ ਵੀਡੀਓ ਸਬੂਤ ਭੇਜ ਕੇ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਵਿਜੀਲੈਂਸ ਬਿਊਰੋ ਵੱਲੋਂ ਇਨ੍ਹਾਂ ਸ਼ਿਕਾਇਤਾਂ ਦੀ ਜਾਂਚ ਕੀਤੀ ਜਾਂਦਾ ਹੈ ਅਤੇ ਲੋੜੀਂਦੀ ਕਾਰਵਾਈ ਆਰੰਭੀ ਜਾਂਦੀ ਹੈ।

ਹਾਈ ਕੋਰਟ ਨੇ ਕੇਜਰੀਵਾਲ ਅਤੇ

ਸਮਾਂ ਨਹੀਂ ਮਿਲਣਾ ਚਾਹੀਦਾ। ਦੂਜੇ ਪਾਸੇ, 'ਆਪ' ਆਗੂਆਂ ਦੇ ਵਕੀਲਾਂ ਨੇ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੇ ਇਸ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਹੈ। ਹਾਲਾਂਕਿ, ਹਾਈ ਕੋਰਟ ਨੇ ਸਪੱਸ਼ਟ ਕੀਤਾ ਕਿ ਜਿੰਨਾ ਚਿਰ ਉੱਚ ਅਦਾਲਤ ਵੱਲੋਂ ਕੋਈ ਰੋਕ ਨਹੀਂ ਲਗਾਈ ਜਾਂਦੀ, ਉਦੋਂ ਤੱਕ ਕਾਰਵਾਈ ਜਾਰੀ ਰਹੇਗੀ। ਜ਼ਿਕਰਯੋਗ ਹੈ ਕਿ 27 ਫਰਵਰੀ ਨੂੰ ਟਰਾਇਲ ਕੋਰਟ ਨੇ ਸੀ.ਬੀ.ਆਈ. ਦੇ ਕੇਸ ਨੂੰ 'ਸਿਰਫ਼ ਅੰਦਾਜ਼ਿਆਂ 'ਤੇ ਆਧਾਰਿਤ' ਦੱਸਦਿਆਂ ਕੇਜਰੀਵਾਲ ਅਤੇ ਹੋਰਨਾਂ ਨੂੰ ਬਰੀ ਕਰ ਦਿੱਤਾ ਸੀ।

ਮੁਅੱਤਲ ਡੀ.ਆਈ.ਜੀ. ਭੁੱਲਰ ਵੱਲੋਂ ਸੀ.ਬੀ.ਆਈ.

ਅਜੇ ਅਧੂਰਾ ਹੈ। ਅਰਜ਼ੀ ਅਨੁਸਾਰ, ਸੀ.ਐਫ.ਐਸ.ਐਲ. ਰਿਪੋਰਟ ਨਾਲ ਸਬੰਧਤ ਦਸਤਾਵੇਜ਼ ਅਜੇ ਤੱਕ ਮੁਹੱਈਆ ਨਹੀਂ ਕਰਵਾਏ ਗਏ ਹਨ। ਬਚਾਅ ਪੱਖ ਦੇ ਵਕੀਲ ਅਨੁਸਾਰ, ਮੁਕੱਦਮਾ ਚਲਾਉਣ ਲਈ ਲਈ ਗਈ ਪ੍ਰਵਾਨਗੀ ਅਵੈਧ ਹੈ। ਉਨ੍ਹਾਂ ਕਿਹਾ ਕਿ ਕਿਉਂਕਿ ਮੁਲਜ਼ਮ ਪੰਜਾਬ ਸਰਕਾਰ ਦਾ ਕਰਮਚਾਰੀ ਹੈ, ਇਸ ਲਈ ਰਾਜ ਸਰਕਾਰ ਦੀ ਸਹਿਮਤੀ ਲੈਣੀ ਲਾਜ਼ਮੀ ਸੀ, ਜੋ ਕਿ ਨਹੀਂ ਲਈ ਗਈ। ਜ਼ਿਕਰਯੋਗ ਹੈ ਕਿ 13 ਮਾਰਚ, 2026 ਨੂੰ ਸੀ.ਬੀ.ਆਈ. ਅਦਾਲਤ ਨੇ ਇਸ ਮਾਮਲੇ ਵਿੱਚ ਸੰਗਿਆਨ ਲੈਂਦਿਆਂ ਕਿਹਾ ਸੀ ਕਿ ਰਿਸ਼ਵਤ ਦੀ ਮੰਗ, ਪੈਸਿਆਂ ਦੀ ਬਰਾਮਦਗੀ, ਇਲੈਕਟ੍ਰਾਨਿਕ ਸਬੂਤ ਅਤੇ ਗਵਾਹਾਂ ਦੇ ਬਿਆਨ ਪਹਿਲੀ ਨਜ਼ਰੇ ਮੁਲਜ਼ਮਾਂ ਵਿਚਕਾਰ ਅਪਰਾਧਿਕ ਸਾਜ਼ਿਸ਼ ਨੂੰ ਸਾਬਤ ਕਰਦੇ ਹਨ। ਅਦਾਲਤ ਨੇ ਦੋਵਾਂ ਵਿਰੁੱਧ ਬੀ.ਐਨ.ਐਸ., 2023 ਦੀ ਧਾਰਾ 61(2) ਅਤੇ ਭ੍ਰਿਸ਼ਟਾਚਾਰ ਰੋਕੂ ਐਕਟ, 1988 ਦੀਆਂ ਧਾਰਾਵਾਂ 7 ਅਤੇ 12 ਤਹਿਤ ਅਪਰਾਧਿਕ ਮਾਮਲਾ ਬਣਦਾ ਦੱਸਿਆ ਸੀ। ਮਾਮਲੇ ਦੀ ਅਗਲੀ ਸੁਣਵਾਈ ਹੁਣ 27 ਮਾਰਚ ਨੂੰ ਹੋਵੇਗੀ।

ਰਸੋਈ ਗੈਸ ਦੇ ਮੁੱਦੇ 'ਤੇ ਰਾਜ ਸਭਾ 'ਚ ਖੜਗੇ

ਪੱਛਮੀ ਏਸ਼ੀਆ ਸੰਕਟ ਦੇ ਮੱਧ ਨਜ਼ਰ ਜਦੋਂ ਸਰਕਾਰ ਉੱਥੇ ਰਹਿ ਰਹੇ ਭਾਰਤੀਆਂ ਲਈ ਐਡਵਾਇਜ਼ਰੀ ਜਾਰੀ ਕਰ ਰਹੀ ਸੀ ਤਾਂ ਸਪਲਾਈ ਲਈ ਵੀ ਵਿਕਲਪਿਕ ਵਿਵਸਥਾ ਕਿਉਂ ਨਹੀਂ ਕੀਤੀ ਗਈ ਅਤੇ ਸਪਲਾਈ ਕਿਉਂ ਨਹੀਂ ਵਧਾਈ ਗਈ। ਸਦਨ ਦੇ ਨੇਤਾ ਨੱਢਾ ਨੇ ਕਿਹਾ ਕਿ ਇਹ ਸਿਫਰ ਕਾਲ ਹੈ ਅਤੇ ਇਸ 'ਚ ਹਰ ਮੈਂਬਰ ਨੂੰ ਤਿੰਨ ਮਿੰਟ ਦਾ ਸਮਾਂ ਆਪਣੀ ਗੱਲ ਰੱਖਣ ਲਈ ਦਿੱਤਾ ਜਾਂਦਾ ਹੈ ਪਰ ਖੜਗੇ ਵਿਰੋਧੀ ਧਿਰ ਦੇ ਨੇਤਾ ਹੋਣ ਦੇ ਬਾਵਜੂਦ ਨਿਯਮਾਂ ਦੀ ਉਲੰਘਣਾ ਕਰ ਰਹੇ ਹਨ। ਸਪੀਕਰ ਵੱਲੋਂ ਖੜਗੇ ਨੂੰ ਵਾਧੂ ਸਮਾਂ ਦਿੱਤੇ ਜਾਣ ਦੇ ਬਾਵਜੂਦ ਉਨ੍ਹਾਂ ਦੇ ਬੋਲਦੇ ਰਹਿਣ 'ਤੇ ਨੱਢਾ ਨੇ ਕਿਹਾ ਕਿ ਇਹ ਵਿਸ਼ਵਵਿਆਪੀ ਸੰਕਟ ਦਾ ਸਮਾਂ ਹੈ ਅਤੇ ਇਸ 'ਚ ਭਾਰਤ ਦੀ ਕੋਈ ਭੂਮਿਕਾ ਨਹੀਂ ਹੈ।

ਕਟਕ ਦੇ ਐਸ.ਸੀ.ਬੀ. ਹਸਪਤਾਲ ਦੇ

ਸ਼ੁਰੂਆਤੀ ਜਾਂਚ ਵਿੱਚ ਅੱਗ ਲੱਗਣ ਦਾ ਕਾਰਨ ਸ਼ਾਰਟ-ਸਰਕਟ ਮੰਨਿਆ ਜਾ ਰਿਹਾ ਹੈ। ਉਨ੍ਹਾਂ ਅਫ਼ਸੋਸ ਜਤਾਉਂਦਿਆਂ ਕਿਹਾ ਕਿ ਸੱਤ ਗੰਭੀਰ ਮਰੀਜ਼ਾਂ ਦੀ ਮੌਤ ਦੂਜੇ ਆਈ.ਸੀ.ਯੂ. ਵਿੱਚ ਸ਼ਿਫਟ ਕਰਨ ਦੌਰਾਨ ਹੋਈ, ਜਦੋਂਕਿ ਤਿੰਨ ਹੋਰਾਂ ਨੇ ਬਾਅਦ ਵਿੱਚ ਦਮ ਤੋੜ ਦਿੱਤਾ। ਸੂਬਾ ਸਰਕਾਰ ਨੇ ਇਸ ਮੰਦਭਾਗੀ ਘਟਨਾ ਵਿੱਚ ਜਾਨ ਗੁਆਉਣ ਵਾਲੇ ਮਰੀਜ਼ਾਂ ਦੇ ਵਾਰਸਾਂ ਲਈ 25-25 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਰਾਸ਼ੀ ਦੇਣ ਦਾ ਐਲਾਨ ਕੀਤਾ ਹੈ ਅਤੇ ਸਬੰਧਤ ਅਧਿਕਾਰੀਆਂ ਨੂੰ ਜ਼ਖ਼ਮੀਆਂ ਦੇ ਮੁਫ਼ਤ ਤੇ ਬਿਹਤਰ ਇਲਾਜ ਦੇ ਸਖ਼ਤ ਨਿਰਦੇਸ਼ ਦਿੱਤੇ ਹਨ।

ਭਾਈ ਰਣਜੀਤ ਸਿੰਘ ਢੱਡਰੀਆਂਵਾਲੇ

ਸਾਲ 2021 ਵਿਚ ਇਸ ਮਾਮਲੇ ਸਬੰਧੀ ਫ਼ਤਹਿਗੜ੍ਹ ਸਾਹਿਬ ਦੀ ਸੈਸ਼ਨ ਅਦਾਲਤ ਵਿਚ ਰੀਵੀਜ਼ਨ ਪਟੀਸ਼ਨ ਦਾਇਰ ਕੀਤੀ ਗਈ ਸੀ। ਇਸ 'ਤੇ ਸੁਣਵਾਈ ਕਰਦਿਆਂ ਅਦਾਲਤ ਨੇ ਹੁਕਮ ਦਿੱਤਾ ਕਿ ਹੇਠਲੀ ਅਦਾਲਤ ਵਿਚ ਚੱਲ ਰਹੇ ਕੇਸ ਵਿਚ ਸਬੰਧਤ ਧਿਰ ਨੂੰ ਸੰਮਨ ਜਾਰੀ ਕੀਤੇ ਜਾਣ ਅਤੇ ਦੂਜੀ ਧਿਰ ਅਦਾਲਤ ਵਿਚ ਪੇਸ਼ ਹੋ ਕੇ ਜ਼ਮਾਨਤ ਲਵੇ।

ਚੋਣ ਕਮਿਸ਼ਨ ਨੇ ਬੰਗਾਲ ਦੇ ਮੁੱਖ ਸਕੱਤਰ

ਚੋਣ ਪੈਨਲ ਨੇ 1997 ਬੈਚ ਦੀ ਆਈ.ਏ.ਐਸ. ਅਧਿਕਾਰੀ ਸੰਘਮਿਤਰਾ ਘੋਸ਼ ਨੂੰ ਪ੍ਰਮੁੱਖ ਸਕੱਤਰ, ਗ੍ਰਹਿ ਅਤੇ ਪਹਾੜੀ ਮਾਮਲੇ ਵਜੋਂ ਨਿਯੁਕਤ ਕਰਨ ਦੇ ਨਿਰਦੇਸ਼ ਵੀ ਦਿੱਤੇ ਹਨ। ਇਸ ਤੋਂ ਇਲਾਵਾ ਚੋਣ ਕਮਿਸ਼ਨ ਨੇ ਡੀ.ਜੀ.ਪੀ. ਪਾਂਡੇ ਦੀ ਥਾਂ ਸੀਨੀਅਰ ਆਈ.ਪੀ.ਐਸ. ਅਧਿਕਾਰੀ ਸਿਧ ਨਾਥ ਗੁਪਤਾ ਨੂੰ ਡਾਇਰੈਕਟਰ ਜਨਰਲ ਆਫ਼ ਪੁਲਿਸ ਨਿਯੁਕਤ ਕੀਤਾ ਹੈ ਜਦਕਿ ਚੋਣ ਪੈਨਲ ਨੇ ਅਜੈ ਕੁਮਾਰ ਨੰਦ ਨੂੰ ਕੋਲਕਾਤਾ ਦਾ ਪੁਲਿਸ ਕਮਿਸ਼ਨਰ ਵੀ ਨਿਯੁਕਤ ਕੀਤਾ ਹੈ। ਚੋਣ ਕਮਿਸ਼ਨ ਨੇ ਕਿਹਾ ਕਿ ਅਧਿਕਾਰੀਆਂ ਨੂੰ ਹਟਾਉਣ ਦਾ ਫੈਸਲਾ ਸੂਬੇ ਦੀ ਚੋਣ ਤਿਆਰੀਆਂ ਦੀ ਸਮੀਖਿਆ ਤੋਂ ਬਾਅਦ ਲਿਆ ਗਿਆ ਹੈ। ਸੂਬੇ ਵਿੱਚ ਵਿਧਾਨ ਸਭਾ ਚੋਣਾਂ ਲਈ ਵੋਟਾਂ 23 ਅਤੇ 29 ਅਪਰੈਲ ਨੂੰ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ 4 ਮਈ ਨੂੰ ਹੋਵੇਗੀ।

ਪੰਜਾਬ 'ਚ ਅਜੇ 3 ਦਿਨ ਹੋਰ ਪਵੇਗਾ ਭਾਰੀ

ਫਿਲਹਾਲ ਜਾਰੀ ਹੋਏ ਅਨੁਮਾਨ ਮੁਤਾਬਕ 20 ਮਾਰਚ ਤੋਂ ਬਾਅਦ ਮੌਸਮ ਆਮ ਵਾਂਗ ਹੋ ਜਾਵੇਗਾ। ਮੌਸਮ ਵਿਭਾਗ ਨੇ ਫਤਹਿਗੜ੍ਹ ਸਾਹਿਬ, ਲੁਧਿਆਣਾ, ਰੂਪਨਗਰ, ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਹੁਸ਼ਿਆਰਪੁਰ 'ਚ ਅਸਮਾਨੀ ਬਿਜਲੀ ਅਤੇ ਤੇਜ਼ ਹਵਾਵਾਂ ਦੀ ਸੰਭਾਵਨਾ ਜਤਾਈ ਹੈ। 21 ਤਾਰੀਖ਼ ਤੋਂ ਮੌਸਮ ਆਮ ਹੋਵੇਗਾ। ਪਿਛਲੇ 24 ਘੰਟਿਆਂ ਦੌਰਾਨ ਰਾਜ ਦਾ ਵੱਧ ਤੋਂ ਵੱਧ ਤਾਪਮਾਨ 1.2 ਡਿਗਰੀ ਸੈਲਸੀਅਸ ਘਟਿਆ ਹੈ, ਪਰ ਇਹ ਫਿਰ ਵੀ ਆਮ ਨਾਲੋਂ 5.8 ਡਿਗਰੀ ਵੱਧ ਰਿਹਾ। ਇਥੇ ਦੱਸਣਯੋਗ ਹੈ ਕਿ ਪਿਛਲੇ ਦਿਨਾਂ ਤੋਂ ਪੈ ਰਹੀ ਗਰਮੀ ਕਾਰਨ ਲੋਕਾਂ ਨੇ ਗਰਮ ਕੱਪੜੇ ਅੰਦਰ ਰੱਖ ਦਿੱਤੇ ਸਨ। ਪਰ ਅੱਜ ਮੀਂਹ ਕਾਰਨ ਲੋਕਾਂ ਨੂੰ ਵਿੰਡ ਸ਼ੀਟਰ ਦੀ ਵਰਤੋਂ ਕਰਦਿਆਂ ਵੇਖਿਆ ਗਿਆ। ਮੁੜ ਠੰਢ ਦਾ ਅਹਿਸਾਸ ਹੁੰਦਿਆਂ ਵੇਖ ਪੰਜਾਬ ਵਾਸੀਆਂ ਨੇ ਜੈਕਟਾਂ ਕੱਢ ਲਈਆਂ ਹਨ। ਮਾਹਿਰਾਂ ਵੱਲੋਂ ਬਦਲ ਰਹੇ ਮੌਸਮ ਵਿਚ ਸਾਵਧਾਨੀ ਵਰਤਣ ਦੀ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ, ਕਿਉਂਕਿ ਅਜਿਹੇ ਮੌਸਮ ਵਿਚ ਸਿਹਤ ਖ਼ਰਾਬ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ।

ਇਜ਼ਰਾਈਲੀ ਰਾਜਦੂਤ ਨੇ ਨੇਤਨਯਾਹੂ ਦੀ

ਕੀ ਸੰਘਰਸ਼ ਵਿੱਚ ਨੇਤਨਯਾਹੂ ਨੂੰ ਕੋਈ ਨੁਕਸਾਨ ਪਹੁੰਚਿਆ ਹੈ, ਤਾਂ ਉਨ੍ਹਾਂ ਕਿਹਾ, 'ਪ੍ਰਧਾਨ ਮੰਤਰੀ ਨੇਤਨਯਾਹੂ ਜਿਊਂਦੇ ਹਨ। ਮੈਂ ਉਨ੍ਹਾਂ ਨੂੰ ਇੱਕ ਤੋਂ ਵੱਧ ਵਾਰ ਉਦੋਂ ਦੇਖਿਆ ਜਦੋਂ ਮੈਂ ਇਜ਼ਰਾਈਲ ਵਿੱਚ ਸੀ। ਕੈਫੇ ਵਾਲੀ ਵੀਡੀਓ ਏ.ਆਈ.-ਫੈਬਰੀਕੇਟਿਡ ਨਹੀਂ ਹੈ। ਬਹੁਤ ਸਾਰੀਆਂ ਗਲਤ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ।' ਉਨ੍ਹਾਂ ਨੇ ਈਰਾਨ ਅਤੇ ਉਸ ਦੇ 'ਸਹਿਯੋਗੀਆਂ' 'ਤੇ ਗਲਤ ਜਾਣਕਾਰੀ ਫੈਲਾਉਣ ਦਾ ਦੋਸ਼ ਵੀ ਲਗਾਇਆ। ਗੱਲਬਾਤ ਕਰਦਿਆਂ ਅਜ਼ਾਰ ਨੇ ਕਿਹਾ, 'ਦੇਖੋ, ਇਹ ਇੱਕ ਕਲਾਸੀਕਲ ਗਲਤ ਜਾਣਕਾਰੀ ਦਾ ਪ੍ਰਸਾਰ ਹੈ ਜੋ ਈਰਾਨੀ ਅਤੇ ਉਨ੍ਹਾਂ ਦੇ ਸਾਥੀ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਸਾਡੇ ਪ੍ਰਧਾਨ ਮੰਤਰੀ ਬਿਲਕੁਲ ਠੀਕ ਮਹਿਸੂਸ ਕਰ ਰਹੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ (ਇਜ਼ਰਾਈਲ) ਫੇਰੀ ਤੋਂ ਬਾਅਦ ਮੈਂ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਮਿਲਿਆ ਸੀ। ਉਹ ਪੂਰੀ ਤਰ੍ਹਾਂ ਸੁਰੱਖਿਅਤ ਹਨ। ਉਨ੍ਹਾਂ ਨੇ ਕੱਲ੍ਹ ਇੱਕ ਵੀਡੀਓ ਰਾਹੀਂ ਵੀ ਇਹ ਦਿਖਾਇਆ ਜਦੋਂ ਉਹ ਇਜ਼ਰਾਈਲ ਦੇ ਇੱਕ ਕੈਫੇ ਵਿੱਚ ਗਏ ਸਨ। ਇਸ ਲਈ ਚਿੰਤਾ ਨਾ ਕਰੋ, ਉਹ ਠੀਕ ਹਨ।' ਐਤਵਾਰ ਨੂੰ ਨੇਤਨਯਾਹੂ ਨੇ ਆਪਣੀ ਮੌਤ ਬਾਰੇ ਸੋਸ਼ਲ ਮੀਡੀਆ 'ਤੇ ਫੈਲੀਆਂ ਖ਼ਬਰਾਂ ਦਾ ਮਜ਼ਾਕ ਉਡਾਉਂਦਿਆਂ ਇੱਕ ਵੀਡੀਓ ਜਾਰੀ ਕੀਤੀ ਸੀ, ਜਿਸ ਵਿੱਚ ਉਹ ਇੱਕ ਸੜਕ ਕਿਨਾਰੇ ਮਿੰਨੀ ਮਾਰਕੀਟ ਵਿੱਚ ਕੌਫੀ ਦਾ ਆਰਡਰ ਦਿੰਦੇ ਹੋਏ ਦਿਖਾਈ ਦੇ ਰਹੇ ਸਨ। ਪਿਛਲੇ ਲੱਗਭੱਗ ਇੱਕ ਹਫਤੇ ਤੋਂ ਨੇਤਨਯਾਹੂ ਦੀ ਜਨਤਕ ਗੈਰ-ਹਾਜ਼ਰੀ 'ਤੇ ਕਈ ਤਰ੍ਹਾਂ ਦੀਆਂ ਅਟਕਲਾਂ ਲਗਾਈਆਂ ਜਾ ਰਹੀਆਂ ਸਨ। ਆਪਣੇ ਨਿੱਜੀ 'ਐਕਸ' ਹੈਂਡਲ 'ਤੇ ਪੋਸਟ ਕੀਤੀ ਗਈ ਵੀਡੀਓ ਵਿੱਚ ਨੇਤਨਯਾਹੂ ਨੂੰ ਇਹ ਕਹਿੰਦੇ ਸੁਣਿਆ ਜਾ ਸਕਦਾ ਹੈ, 'ਬਹੁਤ ਵਧੀਆ (ਉਹ ਕੌਫੀ ਦੇਣ ਵਾਲੇ ਵਿਕਰੇਤਾ ਨੂੰ ਕਹਿੰਦੇ ਹਨ), ਧੰਨਵਾਦ।' ਵੀਡੀਓ ਵਿੱਚ ਉਹ ਵੀਡੀਓਗ੍ਰਾਫਰ ਨੂੰ ਪੁੱਛਦੇ ਨਜ਼ਰ ਆ ਰਹੇ ਹਨ, 'ਤੁਸੀਂ ਮੈਨੂੰ ਕੀ ਪੁੱਛਿਆ ਸੀ?' ਜਦੋਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਚੈਨਲ ਕਹਿ ਰਹੇ ਹਨ ਕਿ ਤੁਹਾਡੀ ਮੌਤ ਹੋ ਗਈ ਹੈ, ਤਾਂ ਨੇਤਨਯਾਹੂ ਨੇ ਮਜ਼ਾਕੀਆ ਲਹਿਜ਼ੇ ਵਿੱਚ ਕਿਹਾ, 'ਮੈਂ ਤਾਂ ਕੌਫੀ ਲਈ ਮਰ ਰਿਹਾ ਹਾਂ।'

ਦੁਬਈ 'ਚ ਡਿੱਗੀ ਈਰਾਨੀ

ਨਾਗਰਿਕ ਦੀ ਮੌਤ ਹੋ ਗਈ ਹੈ। ਜਨਤਾ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਿਰਫ਼ ਅਧਿਕਾਰਤ ਸਰੋਤਾਂ ਤੋਂ ਜਾਣਕਾਰੀ ਪ੍ਰਾਪਤ ਕਰਨ ਅਤੇ ਅਫਵਾਹਾਂ ਜਾਂ ਗੈਰ-ਪ੍ਰਮਾਣਿਤ ਜਾਣਕਾਰੀ ਫੈਲਾਉਣ ਤੋਂ ਪਰਹੇਜ਼ ਕਰਨ। ਈਰਾਨ ਨੇ ਸੋਮਵਾਰ ਸਵੇਰੇ ਦੁਬਈ ਹਵਾਈ ਅੱਡੇ ਦੇ ਨੇੜੇ ਹਮਲਾ ਕੀਤਾ। ਹਮਲੇ ਤੋਂ ਬਾਅਦ, ਇੱਕ ਬਾਲਣ ਟੈਂਕ ਨੂੰ ਅੱਗ ਲੱਗ ਗਈ। ਦੁਬਈ ਹਵਾਈ ਅੱਡੇ ਨੇ ਸੁਰੱਖਿਆ ਕਾਰਨਾਂ ਕਰਕੇ ਉਡਾਨਾਂ ਨੂੰ ਮੁਅੱਤਲ ਕਰ ਦਿੱਤਾ। ਕੋਚੀ ਤੋਂ ਦੁਬਈ ਜਾਣ ਵਾਲੀ ਇੱਕ ਉਡਾਣ ਨੂੰ ਵਿਘਨ ਕਾਰਨ ਵਾਪਸ ਮੋੜ ਦਿੱਤਾ ਗਿਆ।

ਭਾਰਤ ਪੁੱਜੀ 54 ਹਜ਼ਾਰ ਟਨ ਗੈਸ

ਦੂਰ ਹੋ ਜਾਵੇਗੀ। ਈਰਾਨ-ਇਜ਼ਰਾਈਲ ਜੰਗ ਤੇ ਹੋਰਮੁਜ਼ ਦੇ ਰਸਤੇ ਬੰਦ ਹੋਣ ਕਾਰਨ ਭਾਰਤ ਦੇ ਕਈ ਇਲਾਕਿਆਂ ਵਿੱਚ ਗੈਸ ਦਾ ਭਾਰੀ ਸੰਕਟ ਦੇਖਣ ਨੂੰ ਮਿਲ ਰਿਹਾ ਸੀ। ਗੈਸ ਦੀਆਂ ਦੁਕਾਨਾਂ ਦੇ ਬਾਹਰ ਲੋਕਾਂ ਦੀਆਂ ਲੰਬੀਆਂ ਲਾਈਨਾਂ ਲੱਗੀਆਂ ਹੋਈਆਂ ਸਨ ਅਤੇ ਕਈ ਥਾਵਾਂ 'ਤੇ ਲੋਕਾਂ ਨੂੰ ਸਿਲੰਡਰ ਲਈ ਦੋ-ਦੋ ਦਿਨਾਂ ਤੱਕ ਇੰਤਜ਼ਾਰ ਕਰਨਾ ਪੈ ਰਿਹਾ ਸੀ। ਇਸ ਕਿੱਲਤ ਕਾਰਨ ਕਈ ਥਾਵਾਂ 'ਤੇ ਹੋਟਲ ਬੰਦ ਹੋ ਚੁੱਕੇ ਹਨ ਅਤੇ ਗੈਸ ਵੰਡਣ ਸਮੇਂ ਲੜਾਈਆਂ ਦੀਆਂ ਖ਼ਬਰਾਂ ਵੀ ਸਾਹਮਣੇ ਆਈਆਂ ਸਨ, ਜਿਸ ਕਾਰਨ ਪੁਲਿਸ ਤਾਇਨਾਤ ਕਰਨੀ ਪਈ। ਹੋਰਮੁਜ਼ ਦਾ ਰਸਤਾ ਬੰਦ ਹੋਣ ਕਾਰਨ ਭਾਰਤ ਦੇ ਜਹਾਜ਼ ਉੱਥੇ ਫਸੇ ਹੋਏ ਸਨ। ਭਾਰਤੀ ਵਿਦੇਸ਼ ਮੰਤਰਾਲੇ ਅਤੇ ਈਰਾਨ ਦੇ ਵਿਦੇਸ਼ ਮੰਤਰਾਲੇ ਵਿਚਾਲੇ ਹੋਈ ਉੱਚ ਪੱਧਰੀ ਗੱਲਬਾਤ ਤੋਂ ਬਾਅਦ ਹੀ ਦੋ ਭਾਰਤੀ ਜਹਾਜ਼ਾਂ, 'ਸ਼ਿਵਾਲਿਕ' ਅਤੇ 'ਨੰਦਾ' ਨੂੰ ਉੱਥੋਂ ਨਿਕਲਣ ਦੀ ਇਜਾਜ਼ਤ ਦਿੱਤੀ ਗਈ ਸੀ। ਈਰਾਨ ਨੇ ਭਾਰਤ ਨੂੰ ਆਪਣਾ 'ਦੋਸਤ' ਦੱਸਦੇ ਹੋਏ ਕਿਹਾ ਕਿ ਦੋਵਾਂ ਦੇਸ਼ਾਂ ਦੇ ਹਿੱਤ ਸਾਂਝੇ ਹਨ, ਜਿਸ ਕਾਰਨ ਜੰਗ ਦੇ ਹਾਲਾਤਾਂ ਦੇ ਬਾਵਜੂਦ ਭਾਰਤੀ ਜਹਾਜ਼ਾਂ ਨੂੰ ਸੁਰੱਖਿਅਤ ਰਸਤਾ ਦਿੱਤਾ ਗਿਆ।

ਸ਼ੇਅਰ ਬਾਜ਼ਾਰ 'ਚ ਸੁਧਾਰ ਪਰ ਰੁਪਿਆ

ਸ਼ੇਅਰਾਂ ਵਿੱਚ ਨਰਮੀ ਰਹੀ। ਦੂਜੇ ਪਾਸੇ, ਕਰੰਸੀ ਬਾਜ਼ਾਰ ਵਿੱਚ ਚਿੰਤਾਜਨਕ ਸਥਿਤੀ ਬਣੀ ਹੋਈ ਹੈ। ਅਮਰੀਕੀ ਡਾਲਰ ਦੇ ਮੁਕਾਬਲੇ ਰੁਪਿਆ 13 ਪੈਸੇ ਹੋਰ ਟੁੱਟ ਕੇ 92.43 ਦੇ ਪੱਧਰ 'ਤੇ ਆ ਗਿਆ, ਜੋ ਇਸ ਦਾ ਹੁਣ ਤੱਕ ਦਾ ਸਭ ਤੋਂ ਨੀਵਾਂ ਪੱਧਰ ਹੈ। ਬਾਜ਼ਾਰ ਮਾਹਿਰਾਂ ਅਨੁਸਾਰ, ਪੱਛਮੀ ਏਸ਼ੀਆ (ਇਜ਼ਰਾਈਲ-ਈਰਾਨ ਜੰਗ) ਵਿੱਚ ਵਧਦੇ ਤਣਾਅ ਕਾਰਨ ਕੱਚਾ ਤੇਲ 104.2 ਡਾਲਰ ਪ੍ਰਤੀ ਬੈਰਲ 'ਤੇ ਪਹੁੰਚ ਗਿਆ ਹੈ, ਜਿਸ ਨੇ ਰੁਪਏ 'ਤੇ ਭਾਰੀ ਦਬਾਅ ਪਾਇਆ ਹੈ। ਹਾਲਾਂਕਿ ਘਰੇਲੂ ਸੰਸਥਾਗਤ ਨਿਵੇਸ਼ਕਾਂ ਨੇ 9,977 ਕਰੋੜ ਰੁਪਏ ਦੀ ਖਰੀਦਦਾਰੀ ਕਰਕੇ ਬਾਜ਼ਾਰ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ, ਪਰ ਵਿਦੇਸ਼ੀ ਨਿਵੇਸ਼ਕਾਂ ਵੱਲੋਂ ਕੀਤੀ ਗਈ 10,716 ਕਰੋੜ ਰੁਪਏ ਦੀ ਵੱਡੀ ਬਿਕਵਾਲੀ ਅਤੇ ਘਟਦੇ ਵਿਦੇਸ਼ੀ ਮੁਦਰਾ ਭੰਡਾਰ ਨੇ ਨਿਵੇਸ਼ਕਾਂ ਨੂੰ ਚੌਕਸ ਕਰ ਦਿੱਤਾ ਹੈ।

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.

Chief Editor : Jagjit Singh Dardi

PRGI (RNI) Regd. No. 22972/1972

ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਲਈ ਪੰਜਾਬ ਬਜਟ 2026-27 ਵਿੱਚ 2,000 ਕਰੋੜ ਦਾ ਉਪਬੱਧ ਇਸਨੂੰ ਹੋਰ ਮਜ਼ਬੂਤੀ ਦੇਵੇਗਾ

ਚੰਡੀਗੜ੍ਹ, 16 ਮਾਰਚ (ਚ.ਨ.ਸ.) : ਭਗਵੰਤ ਮਾਨ ਸਰਕਾਰ ਨੇ ਪੰਜਾਬ ਬਜਟ 2026-27 ਵਿੱਚ 'ਮੁੱਖ ਮੰਤਰੀ ਸਿਹਤ ਯੋਜਨਾ' ਲਈ 2,000 ਕਰੋੜ ਰੁਪਏ ਅਲਾਟ ਕਰਕੇ ਸਰਵਵਿਆਪੀ ਸਿਹਤ ਸੰਭਾਲ ਪਹੁੰਚ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ। ਇਹ ਅਲਾਟਮੈਂਟ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਸਭ ਤੋਂ ਵੱਡੀ ਸਿਹਤ ਸੰਭਾਲ ਸੁਰੱਖਿਆ ਪਹਿਲਕਦਮੀ ਨੂੰ ਹੋਰ ਮਜ਼ਬੂਤ ਕਰਦੀ ਹੈ, ਜਿਸਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਵਰਗ ਨਾਲ ਸਬੰਧਤ ਪਰਿਵਾਰ ਵਿੱਤੀ ਤੰਗੀਆਂ-ਤੁਰਸ਼ੀਆਂ ਕਰਕੇ ਮਿਆਰੀ ਇਲਾਜ ਤੋਂ ਵਾਂਝਾ ਨਾ ਰਹੇ।

ਮੈਡੀਕਲ ਐਮਰਜੈਂਸੀ ਨੂੰ ਲੈ ਕੇ ਜ਼ਿਆਦਾਤਰ ਪਰਿਵਾਰਾਂ ਲਈ ਅਕਸਰ ਦੋ ਵੱਡੇ ਸਵਾਲ ਹੁੰਦੇ ਹਨ ਕਿ ਇਲਾਜ ਕਿੰਨੀ ਜਲਦ ਸ਼ੁਰੂ ਹੋ ਸਕਦਾ ਹੈ ਅਤੇ ਖ਼ਰਚੇ ਦਾ ਪ੍ਰਬੰਧ ਕਿਵੇਂ ਹੋਵੇਗਾ। ਪਿਛਲੇ ਮਹੀਨਿਆਂ ਵਿੱਚ ਪੰਜਾਬ ਭਰ ਦੇ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ, ਸਿਹਤ ਸੁਰੱਖਿਆ ਪ੍ਰੋਗਰਾਮ ਜਿਸ ਦੀ ਪਹੁੰਚ ਨੂੰ ਸੂਬੇ ਭਰ ਵਿੱਚ ਲਗਾਤਾਰ ਵਧਾਇਆ ਜਾ ਰਿਹਾ ਹੈ, ਰਾਹੀਂ ਇਨ੍ਹਾਂ ਸਵਾਲਾਂ ਦੇ ਜਵਾਬ ਮਿਲਣੇ ਸ਼ੁਰੂ ਹੋ ਗਏ ਹਨ।

ਇਸ ਯੋਜਨਾ ਲਈ ਪੰਜਾਬ ਸਰਕਾਰ ਨੇ 2026-27 ਦੇ ਬਜਟ ਵਿੱਚ 2,000 ਕਰੋੜ ਰੁਪਏ ਅਲਾਟ ਕੀਤੇ ਹਨ, ਤਾਂ ਜੋ ਇਸਦਾ ਹੋਰ ਵਿਸਥਾਰ ਕੀਤਾ ਜਾ ਸਕੇ ਅਤੇ ਪੰਜਾਬ ਭਰ ਦੇ ਪਰਿਵਾਰਾਂ ਨੂੰ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਮਿਲਣਾ ਯਕੀਨੀ ਬਣਾਇਆ ਜਾ ਸਕੇ।

ਇਹ ਪ੍ਰੋਗਰਾਮ ਹੁਣ ਪੰਜਾਬ ਭਰ ਵਿੱਚ ਲੱਗਭੱਗ 65 ਲੱਖ ਪਰਿਵਾਰਾਂ ਨੂੰ ਕਵਰ ਕਰਦਾ ਹੈ, ਜਿਸ ਦਾ ਲਗਭਗ 3 ਕਰੋੜ ਨਿਵਾਸੀਆਂ ਨੂੰ ਲਾਭ ਪਹੁੰਚ ਰਿਹਾ ਹੈ ਅਤੇ ਗੰਭੀਰ ਬਿਮਾਰੀ ਕਾਰਨ ਪੈਣ ਵਾਲੇ ਵਿੱਤੀ ਬੋਝ ਤੋਂ ਸੁਰੱਖਿਆ ਪ੍ਰਦਾਨ ਕਰਦਾ ਹੈ। ਇਸ ਪ੍ਰੋਗਰਾਮ ਦੀ ਵਧਦੀ ਪਹੁੰਚ ਪੰਜਾਬ ਭਰ ਵਿੱਚ ਨਾਮਾਂਕਨ ਅਤੇ ਸਿਹਤ ਸੰਭਾਲ ਭਾਈਵਾਲੀ ਦੇ ਤੇਜ਼ੀ ਨਾਲ ਵਿਸਥਾਰ ਤੋਂ ਸਾਫ਼ ਝਲਕਦੀ ਹੈ।

ਇਸ ਯੋਜਨਾ ਤਹਿਤ 9 ਲੱਖ ਤੋਂ ਵੱਧ ਸਿਹਤ ਕਾਰਡ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ, ਜਿਸ ਨਾਲ ਲਾਭਪਾਤਰੀਆਂ ਨੂੰ 820 ਤੋਂ ਵੱਧ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਇਲਾਜ ਦੀ ਸਹੂਲਤ ਮਿਲ ਰਹੀ ਹੈ। ਮੌਜੂਦਾ ਸਮੇਂ ਇਹ ਸਕੀਮ 2,300 ਤੋਂ ਵੱਧ ਇਲਾਜ ਪੈਕੇਜ ਪੇਸ਼ ਕਰਦੀ ਹੈ ਜੋ ਡਾਕਟਰੀ ਪ੍ਰਕਿਰਿਆਵਾਂ ਦੀ ਇੱਕ ਵਿਆਪਕ ਸ਼੍ਰੇਣੀ ਨੂੰ ਕਵਰ ਕਰਦੀ ਹੈ।

ਇਸ ਯੋਜਨਾ ਲਈ ਬਜਟ ਵਿੱਚ ਵਧਾਈ ਗਈ ਵੰਡ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਿਮਾਰੀ ਦੇ ਔਖੇ ਵੇਲੇ ਪਰਿਵਾਰਾਂ ਨੂੰ ਇਲਾਜ ਕਰਵਾਉਣ ਲਈ ਪੈਸੇ ਬਾਰੇ ਸੋਚਣ ਦੀ ਲੋੜ ਨਹੀਂ। ਉਨ੍ਹਾਂ ਅੱਗੇ ਕਿਹਾ ਕਿ ਸਾਡਾ ਉਦੇਸ਼ ਬਿਲਕੁਲ ਸਪੱਸ਼ਟ ਹੈ ਕਿ ਲੋੜ ਪੈਣ 'ਤੇ ਪੰਜਾਬ ਦੇ ਹਰ ਪਰਿਵਾਰ ਲਈ ਮਿਆਰੀ ਸਿਹਤ ਸੰਭਾਲ ਉਪਲੱਬਧ ਹੋਵੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਡਾਕਟਰੀ ਖਰਚਿਆਂ ਦੇ ਵਿੱਤੀ ਬੋਝ ਦੀ ਮਾਰ ਝੱਲ ਰਹੇ ਸੂਬੇ ਦੇ ਹਜ਼ਾਰਾਂ ਪਰਿਵਾਰ ਹੁਣ ਇਲਾਜ ਤੱਕ ਪਹੁੰਚ ਦੇ ਯੋਗ ਹੋ ਜਾਣਗੇ।

ਇਸ ਯੋਜਨਾ ਤਹਿਤ ਲਾਭਪਾਤਰੀ ਦਿਲ ਦੀ ਬਿਮਾਰੀ, ਕੈਂਸਰ, ਗੁਰਦੇ ਦੀਆਂ ਬਿਮਾਰੀਆਂ, ਆਰਥੋਪੀਡਿਕ ਪ੍ਰਕਿਰਿਆਵਾਂ ਅਤੇ ਦੁਰਘਟਨਾ ਵੇਲੇ ਲੱਗੀਆਂ ਸੱਟਾਂ ਸਮੇਤ ਕਈ ਤਰ੍ਹਾਂ ਦੀਆਂ ਗੰਭੀਰ ਡਾਕਟਰੀ ਸਥਿਤੀਆਂ ਦਾ ਇਲਾਜ ਬਿਨਾਂ ਕਿਸੇ ਖਰਚੇ ਦੇ ਪ੍ਰਾਪਤ ਕਰ ਸਕਦੇ ਹਨ। ਇਹ ਕਵਰੇਜ ਇਹ ਯਕੀਨੀ ਬਣਾਉਂਦੀ ਹੈ ਕਿ ਇਲਾਜ ਕਰਵਾਉਣ ਦਾ ਫੈਸਲਾ ਪਰਿਵਾਰ ਦੀ ਵਿੱਤੀ ਸਮਰੱਥਾ ਦੀ ਬਜਾਏ ਡਾਕਟਰੀ ਲੋੜ ਅਨੁਸਾਰ ਹੋਵੇ।

ਹਾਲ ਹੀ ਦੇ ਸਾਲਾਂ ਵਿੱਚ 1500 ਤੋਂ ਵੱਧ ਡਾਕਟਰਾਂ ਦੀ ਨਿਯੁਕਤੀ ਰਾਹੀਂ ਪੰਜਾਬ ਭਰ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 600 ਤੋਂ ਵੱਧ ਮਾਹਰ ਅਤੇ 900 ਤੋਂ ਵੱਧ ਜਨਰਲ ਡਾਕਟਰ ਸ਼ਾਮਲ ਹਨ, ਜੋ ਕਿ ਪੰਜਾਬ ਭਰ ਵਿੱਚ ਮੌਜੂਦਾ ਸਮੇਂ ਸੇਵਾ ਕਰ ਰਹੇ ਡਾਕਟਰਾਂ ਦਾ ਲਗਭਗ 35 ਫ਼ੀਸਦ ਹਨ।

ਪੰਜਾਬ ਸਰਕਾਰ ਯੋਗ ਨਿਵਾਸੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਨਕਦ ਰਹਿਤ ਇਲਾਜ ਲਾਭ ਪ੍ਰਾਪਤ ਕਰਨ ਲਈ ਨੇੜਲੇ ਸੇਵਾ ਕੇਂਦਰਾਂ ਅਤੇ ਕਾਮਨ ਸਰਵਿਸ ਸੈਂਟਰਾਂ ਵਿੱਚ ਸਿਹਤ ਕਾਰਡ ਲਈ ਨਾਮ ਦਰਜ ਕਰਵਾਉਣ ਵਾਸਤੇ ਉਤਸ਼ਾਹਿਤ ਕਰ ਰਹੀ ਹੈ। ਇਸ ਸਬੰਧੀ ਜਾਗਰੂਕਤਾ ਅਤੇ ਨਾਮਾਂਕਣ ਨੂੰ ਵਧਾਉਣ ਲਈ ਸਿਖਲਾਈ ਪ੍ਰਾਪਤ ਯੂਥ ਕਲੱਬ ਦੇ ਮੈਂਬਰ ਘਰ-ਘਰ ਜਾ ਕੇ ਮੁਹਿੰਮਾਂ ਚਲਾ ਰਹੇ ਹਨ, ਤਾਂ ਜੋ ਯੋਗ ਨਿਵਾਸੀਆਂ ਦੀ ਰਜਿਸਟਰੇਸ਼ਨ ਅਤੇ ਸਿਹਤ ਕਾਰਡ ਜਾਰੀ ਕਰਵਾਉਣ ਵਿੱਚ ਉਨ੍ਹਾਂ ਦੀ ਸਹਾਇਤਾ ਕੀਤੀ ਜਾ ਸਕੇ।

1962, 1965 ਅਤੇ 1971 ਦੀਆਂ ਜੰਗਾਂ ਵਿੱਚ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਸਬੰਧੀ ਮੋਹਿੰਦਰ ਭਗਤ ਵੱਲੋਂ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ

ਚੰਡੀਗੜ੍ਹ, 16 ਮਾਰਚ, (ਚ.ਨ.ਸ.) : ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਏ ਅਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਅੱਜ 1962, 1965 ਅਤੇ 1971 ਦੀਆਂ ਜੰਗਾਂ ਵਿੱਚ ਸ਼ਹੀਦ ਹੋਏ ਸੈਨਿਕਾਂ ਦੇ ਉਹਨਾਂ ਪਰਿਵਾਰਾਂ ਨੂੰ ਮੁਆਵਜ਼ਾ ਰਾਸ਼ੀ ਜਾਰੀ ਕਰਨ ਸਬੰਧੀ, ਜੋ ਅਜੇ ਤੱਕ ਇਸ ਤੋਂ ਵਾਂਝੇ ਰਹਿ ਗਏ ਹਨ, ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਅਧਿਕਾਰੀਆਂ ਨੇ ਮੰਤਰੀ ਨੂੰ ਦੱਸਿਆ ਕਿ ਇਹਨਾਂ ਜੰਗਾਂ ਵਿੱਚ ਸ਼ਹੀਦ ਸੈਨਿਕਾਂ ਦੇ ਜ਼ਿਆਦਾਤਰ ਪਰਿਵਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਮੁਆਵਜ਼ਾ ਜ਼ਮੀਨ ਜਾਂ ਰਾਸ਼ੀ ਦੇ ਰੂਪ ਵਿੱਚ ਦਿੱਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਬਾਕੀ ਰਹਿ ਗਏ ਕੇਸਾਂ ਅਤੇ ਉਨ੍ਹਾਂ ਦੀ ਮੌਜੂਦਾ ਸਥਿਤੀ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਮੰਤਰੀ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ ਅਤੇ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨਾਲ ਸਬੰਧਿਤ ਸਾਰੇ ਮਾਮਲਿਆਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਜਾਵੇ, ਤਾਂ ਜੋ ਯੋਗ ਪਰਿਵਾਰਾਂ ਨੂੰ ਜਲਦ ਤੋਂ ਜਲਦ ਮੁਆਵਜ਼ਾ ਰਾਸ਼ੀ ਮਿਲ ਸਕੇ।

ਉਨ੍ਹਾਂ ਕਿਹਾ ਕਿ ਦੇਸ਼ ਦੀ ਰੱਖਿਆ ਕਰਦਿਆਂ ਆਪਣੀ ਜਾਨ ਨਿਓਛਾਵਰ ਕਰਨ ਵਾਲੇ ਬਹਾਦਰ ਸੈਨਿਕਾਂ ਪ੍ਰਤੀ ਪੰਜਾਬ ਸਰਕਾਰ ਪੂਰੀ ਸ਼ਰਧਾ ਰੱਖਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਮੀਟਿੰਗ ਵਿੱਚ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਸੰਯੁਕਤ ਸਕੱਤਰ ਅਮਰਿੰਦਰ ਸਿੰਘ ਟਿਵਾਣਾ, ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਭੂਪਿੰਦਰ ਸਿੰਘ ਢਿੱਲੋਂ (ਸੇਵਾਮੁਕਤ), ਕਮਾਂਡਰ ਬਲਜਿੰਦਰ ਵਿਰਕ (ਸੇਵਾਮੁਕਤ), ਰੇਵਨਿਊ ਵਿਭਾਗ ਤੋਂ ਅਧੀਨ ਸਕੱਤਰ ਪਰਵਿੰਦਰਕੌਰ ਪਾਲ ਅਤੇ ਲੀਗਲ ਰੀਮੇਮਬਰੈਂਸ ਵਿਭਾਗ ਤੋਂ ਜੁਆਇੰਟ ਐਲ.ਆਰ. ਉਦੇਪਾਲ ਸਿੰਘ ਹੁੰਦਲ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

ਗੈਂਗਸਟਰਾਂ 'ਤੇ ਵਾਰ ਦਾ 55ਵਾਂ ਦਿਨ: 363 ਥਾਵਾਂ ਉੱਤੇ ਛਾਪੇਮਾਰੀ; 172 ਗ੍ਰਿਫ਼ਤਾਰ

ਚੰਡੀਗੜ੍ਹ, 16 ਮਾਰਚ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 55ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 363 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ'- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

55ਵੇਂ ਦਿਨ, ਪੁਲਿਸ ਟੀਮਾਂ ਨੇ 172 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 14,894 ਹੋ ਗਈ ਹੈ।

ਇਸ ਤੋਂ ਇਲਾਵਾ 77 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 72 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ 9

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 380ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 91 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 706 ਗ੍ਰਾਮ ਹੈਰੋਇਨ, 364 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 1.37 ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ ਸਿਰਫ 380 ਦਿਨਾਂ 'ਚ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਗਿਣਤੀ 53,853 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 21 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

ਪੰਜਾਬ ਵਿਧਾਨ ਸਭਾ ਵੱਲੋਂ ਕੈਬਨਿਟ ਮੰਤਰੀ ਈ.ਟੀ.ਓ. ਵਿਰੁੱਧ ਅਪਮਾਨਜਨਕ ਟਿੱਪਣੀਆਂ ਲਈ ਸਰਬਸੰਮਤੀ ਨਾਲ ਨਿੰਦਾ ਮਤਾ ਪਾਸ

ਚੰਡੀਗੜ੍ਹ, 16 ਮਾਰਚ, (ਚ.ਨ.ਸ.) : ਪੰਜਾਬ ਵਿਧਾਨ ਸਭਾ ਨੇ ਅੱਜ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਬਾਰੇ ਵਿਰੋਧੀ ਧਿਰ ਦੇ ਆਗੂ (ਐਲਓਪੀ) ਪ੍ਰਤਾਪ ਸਿੰਘ ਬਾਜਵਾ ਵੱਲੋਂ ਕੀਤੀਆਂ ਗਈਆਂ ਅਪਮਾਨਜਨਕ ਅਤੇ ਜਾਤੀਵਾਦੀ ਟਿੱਪਣੀਆਂ ਲਈ ਸਰਬਸੰਮਤੀ ਨਾਲ ਨਿੰਦਾ ਮਤਾ ਪਾਸ ਕੀਤਾ ਹੈ।

ਇਹ ਮੁੱਦਾ 6 ਫਰਵਰੀ, 2026 ਨੂੰ ਅੰਮ੍ਰਿਤਸਰ ਦੇ ਜੰਡਿਆਲਾ ਗੁਰੂ ਵਿਖੇ ਇੱਕ ਜਨਤਕ ਇਕੱਠ ਦੌਰਾਨ ਪ੍ਰਤਾਪ ਸਿੰਘ ਬਾਜਵਾ ਵੱਲੋਂ ਦਿੱਤੇ ਗਏ ਬਿਆਨ ਨਾਲ ਸਬੰਧਤ ਹੈ। ਆਪਣੇ ਸੰਬੋਧਨ ਦੌਰਾਨ ਬਾਜਵਾ ਨੇ ਕਥਿਤ ਤੌਰ 'ਤੇ ਮੰਤਰੀ ਹਰਭਜਨ ਸਿੰਘ ਈਟੀਓ, ਜੋ ਕਿ ਦਲਿਤ ਭਾਈਚਾਰੇ ਨਾਲ ਸਬੰਧਤ ਹਨ, ਲਈ ਅਪਮਾਨਜਨਕ ਅਤੇ ਜਾਤੀ-ਅਧਾਰਤ ਟਿੱਪਣੀਆਂ ਕਰਦੇ ਹੋਏ ਨਿਸ਼ਾਨਾ ਸਾਧਿਆ। ਸਦਨ ਦੇ ਮੈਂਬਰਾਂ ਨੇ ਕਿਹਾ ਕਿ ਅਜਿਹੀਆਂ ਟਿੱਪਣੀਆਂ ਸਿਰਫ਼ ਮੰਤਰੀ ਦਾ ਹੀ ਨਹੀਂ, ਸਗੋਂ ਉਨ੍ਹਾਂ ਦੇ ਪਰਿਵਾਰਕ ਪਿਛੋਕੜ ਅਤੇ ਮਿਹਨਤੀ ਦਲਿਤ ਭਾਈਚਾਰੇ ਦਾ ਵੀ ਘੋਰ ਅਪਮਾਨ ਕਰਦੀਆਂ ਹਨ।

ਇਹ ਮਤਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਸਦਨ ਵਿੱਚ ਲਿਆਂਦਾ, ਜਿਨ੍ਹਾਂ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਇਹ ਟਿੱਪਣੀਆਂ ਇਮਾਨਦਾਰੀ ਨਾਲ ਮਿਹਨਤ ਕਰਕੇ ਆਪਣੀ ਰੋਜ਼ੀ-ਰੋਟੀ ਕਮਾਉਣ ਵਾਲੇ ਬੈਂਡ-ਆਰਕੈਸਟਰਾ ਕਲਾਕਾਰਾਂ ਅਤੇ ਦਿਹਾੜੀਦਾਰ ਮਜ਼ਦੂਰਾਂ ਦੇ ਮਾਣ-ਸਨਮਾਨ ਨੂੰ ਠੇਸ ਪਹੁੰਚਾਉਂਦੀਆਂ ਹਨ। ਵਿਧਾਇਕ ਨੇ ਅੱਗੇ ਕਿਹਾ ਕਿ ਜ਼ਿੰਮੇਵਾਰ ਜਨਤਕ ਅਹੁਦਿਆਂ 'ਤੇ ਬੈਠੇ ਵਿਅਕਤੀਆਂ ਨੂੰ ਸੰਜਮ ਵਰਤਣਾ ਚਾਹੀਦਾ ਹੈ ਅਤੇ ਸਤਿਕਾਰ, ਸਮਾਨਤਾ ਅਤੇ ਸਮਾਜਿਕ ਸਦਭਾਵਨਾ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣਾ ਚਾਹੀਦਾ ਹੈ।

ਨਿੰਦਾ ਮਤਾ ਪੇਸ਼ ਕਰਦਿਆਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਸਦਨ ਪ੍ਰਤਾਪ ਸਿੰਘ ਬਾਜਵਾ ਦੁਆਰਾ ਕੀਤੀਆਂ ਗਈਆਂ ਸ਼ਰਮਨਾਕ ਟਿੱਪਣੀਆਂ ਦੀ ਸਖ਼ਤ ਨਿੰਦਾ ਕਰਦਾ ਹੈ। ਉਨ੍ਹਾਂ ਟਿੱਪਣੀ ਕੀਤੀ ਕਿ ਅਜਿਹਾ ਵਿਵਹਾਰ ਇੱਕ ਜਗੀਰੂ ਅਤੇ ਦਲਿਤ ਵਿਰੋਧੀ ਮਾਨਸਿਕਤਾ ਨੂੰ ਦਰਸਾਉਂਦਾ ਹੈ, ਜੋ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਅਤੇ ਭਾਈਚਾਰਕ ਸਦਭਾਵਨਾ ਲਈ ਹਾਨੀਕਾਰਕ ਹੈ।

ਇਸ ਮਤੇ ਵਿੱਚ ਪ੍ਰਤਾਪ ਸਿੰਘ ਬਾਜਵਾ ਤੋਂ ਦਲਿਤ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਲਈ ਬਿਨਾਂ ਸ਼ਰਤ ਜਨਤਕ ਮੁਆਫ਼ੀ ਮੰਗਣ ਦੀ ਮੰਗ ਕੀਤੀ ਹੈ।

ਮਾਨਯੋਗ ਸਪੀਕਰ ਨੂੰ ਇਸ ਮਾਮਲੇ ਦਾ ਨੋਟਿਸ ਲੈਣ ਅਤੇ ਢੁਕਵੀਂ ਅਨੁਸ਼ਾਸਨੀ ਕਾਰਵਾਈ ਸ਼ੁਰੂ ਕਰਨ ਦੀ ਅਪੀਲ ਕੀਤੀ ਗਈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਭਵਿੱਖ ਵਿੱਚ ਕੋਈ ਵੀ ਸਿਆਸੀ ਆਗੂ ਕਿਸੇ ਵੀ ਵਿਅਕਤੀ ਦਾ ਉਸ ਦੇ ਪੇਸ਼ੇ ਜਾਂ ਜਾਤ ਦੇ ਆਧਾਰ 'ਤੇ ਅਪਮਾਨ ਨਾ ਕੀਤਾ ਜਾਵੇ।

ਸਦਨ ਵੱਲੋਂ ਮਤਾ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ।

ਸਪੀਕਰ ਵੱਲੋਂ ਪੰਜਾਬ ਵਿਧਾਨ ਸਭਾ ਹਾਲ ਵਿੱਚ ਮੌਜੂਦਾ ਵਿਧਾਇਕਾਂ ਦੀਆਂ ਲਗਾਈਆਂ ਫੋਟੋਆਂ ਦਾ ਉਦਘਾਟਨ

ਚੰਡੀਗੜ੍ਹ 16 ਮਾਰਚ, (ਚ.ਨ.ਸ.) : ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਵਿਧਾਨ ਸਭਾ ਦੇ 117 ਮੈਂਬਰਾਂ ਦੀਆਂ ਤਸਵੀਰਾਂ ਲਗਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ, ਪੰਜਾਬ ਦੇ ਮੁੱਖ ਮੰਤਰੀ, ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਵਿਰੋਧੀ ਧਿਰ ਦੇ ਨੇਤਾ ਸ਼ਾਮਲ ਹਨ। ਇਸ ਦਾ ਉਦਘਾਟਨ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੀਤਾ। ਉਦਘਾਟਨ ਦੌਰਾਨ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੀ ਮੌਜੂਦ ਸਨ।

ਸੰਧਵਾਂ ਨੇ ਇਸ ਸਾਲ ਸਿਵਲ ਸੇਵਾਵਾਂ ਪ੍ਰੀਖਿਆ ਪਾਸ ਕਰਨ ਵਾਲੇ ਪੰਜਾਬ ਦੇ ਵਿਦਿਆਰਥੀਆਂ ਨਾਲ ਕੀਤੀ ਮੁਲਾਕਾਤ ਅਤੇ ਦਿੱਤੀ ਵਧਾਈ

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਆਪਣੇ ਚੈਂਬਰ ਵਿੱਚ ਇਸ ਸਾਲ ਸਿਵਲ ਸੇਵਾਵਾਂ ਪ੍ਰੀਖਿਆ ਪਾਸ ਕਰਨ ਵਾਲੇ ਪੰਜਾਬ ਦੇ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਦੀ ਕਾਰਵਾਈ ਵੀ ਦੇਖੀ। ਸਪੀਕਰ ਨੇ ਸਿਵਲ ਸੇਵਾਵਾਂ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਕਾਰ ਅਤੇ ਸਰਕਾਰੀ ਮੁਲਾਜ਼ਮਾਂ ਦਰਮਿਆਨ ਸਹੀ ਅੰਤਰ ਬਾਰੇ ਦੱਸਿਆ।

ਸਪੀਕਰ ਸੰਧਵਾਂ ਨੇ ਵਿਦਿਆਰਥੀਆਂ ਨੂੰ ਲੋਹੀ ਅਤੇ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਹਰਦੀਪ ਸਿੰਘ ਮੁੰਡੀਆਂ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਵੀ ਇਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

ਸੰਪਾਦਕੀ

ਆਉਣ ਵਾਲੀਆਂ ਚੋਣਾਂ-ਭਾਰਤੀ ਲੋਕਤੰਤਰ ਅਤੇ ਰਾਜਨੀਤਿਕ ਤਾਕਤ ਦੀ ਅਗਨੀ-ਪ੍ਰੀਖਿਆ

ਭਾਰਤ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸਿਰਫ਼ ਇੱਕ ਸੰਵਿਧਾਨਕ ਪ੍ਰਕਿਰਿਆ ਨਹੀਂ ਹਨ ਬਲਕਿ ਇਹ ਦੇਸ਼ ਦੀ ਰਾਜਨੀਤਿਕ ਦਿਸ਼ਾ, ਵਿਚਾਰਧਾਰਕ ਟਕਰਾਅ ਅਤੇ ਤਾਕਤ ਦੇ ਸੰਤੁਲਨ ਦੀ ਇੱਕ ਮਹੱਤਵਪੂਰਨ ਪਰਖ ਹਨ। ਪੱਛਮੀ ਬੰਗਾਲ, ਕੇਰਲ, ਤਮਿਲਨਾਡੂ, ਅਸਾਮ ਅਤੇ ਪੁਡੂਚੇਰੀ ਵਰਗੇ ਰਾਜਾਂ ਵਿੱਚ ਹੋਣ ਜਾ ਰਹੇ ਇਹ ਚੋਣ ਮੁਕਾਬਲੇ ਕਈ ਮਾਇਨਿਆਂ ਵਿੱਚ ਇਤਿਹਾਸਕ ਸਾਬਤ ਹੋਣਗੇ। ਇਹ ਚੋਣਾਂ ਇੱਕ ਪਾਸੇ ਕੇਂਦਰ ਦੀ ਸੱਤਾਧਾਰੀ ਪਾਰਟੀ ਲਈ ਆਪਣੇ ਰਾਸ਼ਟਰੀ ਪ੍ਰਭਾਵ ਨੂੰ ਹੋਰ ਖੇਤਰਾਂ ਤੱਕ ਫੈਲਾਉਣ ਦਾ ਮੌਕਾ ਹਨ ਤਾਂ ਦੂਜੇ ਪਾਸੇ ਇਹ ਖੇਤਰੀ ਪਾਰਟੀਆਂ ਲਈ ਆਪਣੀ ਹੋਂਦ ਅਤੇ ਸੱਭਿਆਚਾਰਕ ਪਛਾਣ ਨੂੰ ਬਚਾਉਣ ਦੀ ਇੱਕ ਵੱਡੀ ਚੁਣੌਤੀ ਵੀ ਹਨ। ਇਨ੍ਹਾਂ ਰਾਜਾਂ ਵਿੱਚ ਲੰਬੇ ਸਮੇਂ ਤੋਂ ਖੇਤਰੀ ਲੀਡਰਸ਼ਿਪ ਦਾ ਦਬਦਬਾ ਰਿਹਾ ਹੈ, ਜਿੱਥੇ ਸਥਾਨਕ ਮੁੱਦੇ ਅਤੇ ਖੇਤਰੀ ਅਸਮਿਤਾ ਹਮੇਸ਼ਾ ਰਾਸ਼ਟਰੀ ਏਜੰਡੇ 'ਤੇ ਭਾਰੀ ਪੈਂਦੀ ਰਹੀ ਹੈ। ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ ਅਤੇ ਤਮਿਲਨਾਡੂ ਵਿੱਚ ਡੀਐਮਕੇ ਵਰਗੀਆਂ ਪਾਰਟੀਆਂ ਲਈ ਇਹ ਚੋਣਾਂ ਉਨ੍ਹਾਂ ਦੇ ਰਾਜਨੀਤਿਕ ਕਿਲ੍ਹਿਆਂ ਦੀ ਰਾਖੀ ਕਰਨ ਵਰਗੀਆਂ ਹਨ।

ਇਸ ਵਾਰ ਦੀ ਚੋਣੀ ਪ੍ਰਕਿਰਿਆ ਵਿੱਚ 'ਵਿੱਤੀ ਲੋਕਲੁਭਾਵਨਤਾ' ਦਾ ਰੁਝਾਨ ਵੀ ਬੇਹੱਦ ਭਾਰੂ ਨਜ਼ਰ ਆ ਰਿਹਾ ਹੈ। ਲਗਭਗ ਹਰ ਰਾਜਨੀਤਿਕ ਧਿਰ ਵੋਟਰਾਂ ਨੂੰ ਆਪਣੇ ਹੱਕ ਵਿੱਚ ਭੁਗਤਾਉਣ ਲਈ ਮੁਫ਼ਤ ਸਹੂਲਤਾਂ, ਨਕਦੀ ਸਹਾਇਤਾ ਅਤੇ ਕਈ ਤਰ੍ਹਾਂ ਦੀਆਂ ਵੈਲਫੇਅਰ ਸਕੀਮਾਂ ਦੇ ਵਾਅਦੇ ਕਰ ਰਹੀ ਹੈ। ਹਾਲਾਂਕਿ ਗਰੀਬ ਅਤੇ ਪੱਛੜੇ ਵਰਗਾਂ ਦੀ ਸਹਾਇਤਾ ਕਰਨਾ ਸਰਕਾਰਾਂ ਦਾ ਮੁਢਲਾ ਫਰਜ਼ ਹੈ ਪਰ ਅਰਥਸ਼ਾਸਤਰੀਆਂ ਵੱਲੋਂ ਇਸ ਰੁਝਾਨ 'ਤੇ ਚਿੰਤਾ ਪ੍ਰਗਟਾਈ ਜਾ ਰਹੀ ਹੈ। ਜੇਕਰ ਵਿਕਾਸ ਕਾਰਜਾਂ ਲਈ ਰੱਖਿਆ ਬਜਟ ਸਿਰਫ਼ ਚੋਣਾਂ ਜਿੱਤਣ ਲਈ ਮੁਫ਼ਤ ਵੰਡੀਆਂ ਵਿੱਚ ਖ਼ਰਚ ਕੀਤਾ ਗਿਆ ਤਾਂ ਇਸ ਨਾਲ ਰਾਜਾਂ ਦੀ ਆਰਥਿਕ ਸਿਹਤ ਅਤੇ ਭਵਿੱਖੀ ਬੁਨਿਆਦੀ ਢਾਂਚੇ 'ਤੇ ਨਕਾਰਾਤਮਕ ਅਸਰ ਪੈ ਸਕਦਾ ਹੈ। ਰਾਜਨੀਤੀ ਨੂੰ ਸਿਰਫ਼ ਵੋਟਾਂ ਬਟੋਰਨ ਦਾ ਸਾਧਨ ਬਣਾਉਣ ਦੀ ਬਜਾਏ ਲੰਬੇ ਸਮੇਂ ਦੇ ਆਰਥਿਕ ਸੁਧਾਰਾਂ 'ਤੇ ਧਿਆਨ ਦੇਣਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਇਸ ਦੇ ਨਾਲ ਹੀ ਚੋਣਾਂ ਦੌਰਾਨ ਹੋਣ ਵਾਲੀ ਹਿੰਸਾ ਅਤੇ ਕਾਨੂੰਨ-ਵਿਵਸਥਾ ਦੀ ਸਥਿਤੀ ਵੀ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਪਿਛਲੇ ਤਜ਼ਰਬਿਆਂ ਤੋਂ ਪਤਾ ਲੱਗਦਾ ਹੈ ਕਿ ਕਈ ਵਾਰ ਸਿਆਸੀ ਰੰਜਿਸ਼ਾਂ ਕਾਰਨ ਲੋਕਤੰਤਰ ਦੀ ਪਵਿੱਤਰਤਾ ਭੰਗ ਹੋ ਜਾਂਦੀ ਹੈ। ਚੋਣ ਕਮਿਸ਼ਨ ਲਈ ਇਹ ਯਕੀਨੀ ਬਣਾਉਣਾ ਇੱਕ ਵੱਡੀ ਜ਼ਿੰਮੇਵਾਰੀ ਹੈ ਕਿ ਹਰ ਵੋਟਰ ਬਿਨਾਂ ਕਿਸੇ ਡਰ, ਲਾਲਚ ਜਾਂ ਦਬਾਅ ਦੇ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕੇ। ਪਾਰਦਰਸ਼ੀ ਅਤੇ ਸ਼ਾਂਤੀਪੂਰਨ ਚੋਣਾਂ ਹੀ ਕਿਸੇ ਵੀ ਜੀਵੰਤ ਲੋਕਤੰਤਰ ਦੀ ਅਸਲ ਪਛਾਣ ਹੁੰਦੀਆਂ ਹਨ।

ਅੰਤ ਵਿੱਚ, ਇਹ ਚੋਣਾਂ ਸਿਰਫ਼ ਸਰਕਾਰਾਂ ਦੇ ਬਦਲਾਅ ਜਾਂ ਕਿਸੇ ਖ਼ਾਸ ਪਾਰਟੀ ਦੀ ਜਿੱਤ-ਹਾਰ ਦਾ ਮਾਮਲਾ ਨਹੀਂ ਹਨ ਸਗੋਂ ਇਹ ਭਾਰਤੀ ਸੰਘੀ ਢਾਂਚੇ ਦੀ ਮਜ਼ਬੂਤੀ ਅਤੇ ਜਨਤਾ ਦੀ ਰਾਜਨੀਤਿਕ ਜਾਗਰੂਕਤਾ ਦਾ ਪ੍ਰਤੀਕ ਹਨ। ਵਿਰੋਧੀ ਧਿਰ ਲਈ ਇਹ ਚੋਣਾਂ ਆਪਣੀ ਗੁਆਚੀ ਹੋਈ ਜ਼ਮੀਨ ਨੂੰ ਮੁੜ ਤਲਾਸ਼ਣ ਦਾ ਮੌਕਾ ਹਨ ਜਦਕਿ ਸੱਤਾਧਾਰੀ ਧਿਰ ਲਈ ਇਹ ਆਪਣੀਆਂ ਨੀਤੀਆਂ 'ਤੇ ਜਨਤਾ ਦੀ ਮੋਹਰ ਲਗਵਾਉਣ ਦੀ ਕੋਸ਼ਿਸ਼ ਹੈ। ਲੋਕਤੰਤਰ ਦੀ ਅਸਲੀ ਸਫ਼ਲਤਾ ਇਸ ਗੱਲ ਵਿੱਚ ਹੈ ਕਿ ਜਨਤਾ ਆਪਣੇ ਅਸਲ ਮੁੱਦਿਆਂ ਜਿਵੇਂ ਕਿ ਸਿੱਖਿਆ, ਸਿਹਤ ਅਤੇ ਰੁਜ਼ਗਾਰ ਨੂੰ ਮੁੱਖ ਰੱਖ ਕੇ ਫੈਸਲਾ ਲਵੇ। ਜੇਕਰ ਵੋਟਰ ਸਿਆਣਪ ਅਤੇ ਸੁਤੰਤਰ ਸੋਚ ਨਾਲ ਆਪਣੇ ਨੁਮਾਇੰਦੇ ਚੁਣਦੇ ਹਨ ਤਾਂ ਨਤੀਜੇ ਜੋ ਵੀ ਹੋਣ ਜਿੱਤ ਹਮੇਸ਼ਾ ਲੋਕਤੰਤਰ ਦੀ ਹੀ ਹੋਵੇਗੀ।

-ਜਗਜੀਤ ਸਿੰਘ ਦਰਦੀ

ਲੋਕਤੰਤਰ ਲਈ ਜ਼ਰੂਰੀ ਹੈ ਸੰਸਦ ਤੇ ਵਿਧਾਨ ਸਭਾਵਾਂ ਵਿੱਚ ਰਾਜਨੀਤੀ ਦੀ ਮਰਿਯਾਦਾ ਤੇ ਨੇਤਾਵਾਂ ਦਾ ਆਚਰਣ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਭਾਰਤੀ ਲੋਕਤੰਤਰ ਦੇ ਅਜੀਬ ਰੰਗ ਅਤੇ ਮਰਿਆਦਾ ਦੀ ਗਿਰਾਵਟ: ਇੱਕ ਗੰਭੀਰ ਸਵਾਲ

ਅੱਜ ਭਾਰਤੀ ਲੋਕਤੰਤਰ ਨੂੰ ਵਿਸ਼ਵ ਦੇ ਸਭ ਤੋਂ ਵੱਡੇ ਲੋਕਤੰਤਰ ਵਜੋਂ ਜਾਣਿਆ ਜਾਂਦਾ ਹੈ, ਪਰ ਅੱਜ ਇਸ ਦੀਆਂ ਸੰਸਥਾਵਾਂ-ਖਾਸ ਕਰਕੇ ਸੰਸਦ ਅਤੇ ਵਿਧਾਨ ਸਭਾਵਾਂ-ਵਿੱਚ ਵੱਧ ਰਹੀ ਅਰਾਜਕਤਾ, ਅਸੰਸਦੀ ਭਾਸ਼ਾ ਅਤੇ ਮਰਿਆਦਾ ਦੀ ਘਾਟ ਨੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।

ਹੁਣ ਹਾਲ ਹੀ ਵਿੱਚ ਲੋਕ ਸਭਾ ਵਿੱਚ ਵਾਪਰੀ ਇੱਕ ਘਟਨਾ ਇਸ ਦੀ ਤਾਜ਼ਾ ਮਿਸਾਲ ਹੈ। ਬਜਟ ਸੈਸ਼ਨ ਦੌਰਾਨ ਜਦੋਂ ਰਾਹੁਲ ਗਾਂਧੀ ਬੋਲ ਰਹੇ ਸਨ ਅਤੇ ਹਾਊਸ ਵਿੱਚ ਹੰਗਾਮਾ ਚੱਲ ਰਿਹਾ ਸੀ, ਕਾਂਗਰਸੀ ਸੰਸਦ ਨੇ ਸਪੀਕਰ ਕ੍ਰਿਸ਼ਨਾ ਪ੍ਰਸਾਦ ਟੇਨੇਟੀ ਨੂੰ 'ਯਾਰ' ਕਹਿ ਕੇ ਸੰਬੋਧਨ ਕੀਤਾ। ਸਪੀਕਰ ਨੇ ਤੁਰੰਤ ਇਤਰਾਜ਼ ਜਤਾਇਆ ਅਤੇ ਕਿਹਾ, ਇਹ ਕੀ ਹੈ ਯਾਰ? ਚੇਅਰ ਨੂੰ ਯਾਰ ਜਾਂ ਬੱਡੀ ਨਹੀਂ ਕਿਹਾ ਜਾਂਦਾ। ਇਹ ਸ਼ਬਦ ਅਸੰਸਦੀ ਭਾਸ਼ਾ ਵਜੋਂ ਮੰਨਿਆ ਗਿਆ ਅਤੇ ਹਾਊਸ ਵਿੱਚ ਹੋਰ ਵਿਗੜ ਗਿਆ - ਕਾਗਜ਼ ਸੁੱਟੇ ਗਏ, ਨਾਅਰੇ ਲਗਾਏ ਗਏ ਅਤੇ ਕਈ ਮੈਂਬਰਾਂ ਨੂੰ ਸਸਪੈਂਡ ਵੀ ਕੀਤਾ ਗਿਆ। ਅੱਜ ਇਹ ਘਟਨਾ ਕੇਵਲ ਇੱਕ ਵਿਅਕਤੀਗਤ ਭੁੱਲ ਨਹੀਂ ਸੀ, ਸਗੋਂ ਭਾਰਤੀ ਲੋਕਤੰਤਰ ਵਿੱਚ ਵੱਧ ਰਹੀ ਮਰਿਆਦਾ-ਹੀਣਤਾ ਦਾ ਪ੍ਰਤੀਕ ਹੈ। ਸੰਸਦ ਨੂੰ ਲੋਕਤੰਤਰ ਦਾ ਮੰਦਰ ਕਿਹਾ ਜਾਂਦਾ ਹੈ, ਪਰ ਅੱਜ ਇੱਥੇ ਗਾਲ੍ਹਾਂ-ਗਲੋਚ, ਨਾਅਰੇਬਾਜ਼ੀ, ਵਾਕਆਊਟ ਅਤੇ ਵਿਘਨ ਪਾਉਣ ਵਰਗੀਆਂ ਗੱਲਾਂ ਆਮ ਹੋ ਗਈਆਂ ਹਨ।

ਅੱਜ ਇਸ ਨਾਲ ਨਾ ਸਿਰਫ਼ ਸੈਸ਼ਨਾਂ ਦਾ ਵੱਡਾ ਹਿੱਸਾ ਵਿਅਰਥ ਜਾਂਦਾ ਹੈ, ਸਗੋਂ ਜਨਤਕ ਮੁੱਦਿਆਂ 'ਤੇ ਗੰਭੀਰ ਬਹਿਸ ਵੀ ਨਹੀਂ ਹੋ ਪਾਉਂਦੀ। PRS ਲੈਜਿਸਲੇਟਿਵ ਰਿਸਰਚ ਅਨੁਸਾਰ, 17ਵੀਂ ਲੋਕ ਸਭਾ (2019-2024) ਵਿੱਚ ਉਤਪਾਦਕਤਾ ਸਿਰਫ਼ 47% ਰਹੀ, ਜੋ ਕਿ ਹਾਲ ਦੇ ਦਹਾਕਿਆਂ ਵਿੱਚ ਸਭ ਤੋਂ ਘੱਟ ਹੈ। ਮੌਸਮ ਸੈਸ਼ਨ 2025 ਵਿੱਚ ਲੋਕ ਸਭਾ ਨੇ ਸਿਰਫ਼ 29% ਅਤੇ ਰਾਜ ਸਭਾ ਨੇ 34% ਸਮਾਂ ਕੰਮ ਕੀਤਾ। ਵਿੰਟਰ ਸੈਸ਼ਨ 2024 ਵਿੱਚ ਵੀ ਲੋਕ ਸਭਾ ਦੀ ਉਤਪਾਦਕਤਾ 52% ਅਤੇ ਰਾਜ ਸਭਾ ਦੀ 39% ਰਹੀ। ਇਹ ਅੰਕੜੇ ਦੱਸਦੇ ਹਨ ਕਿ ਸੰਸਦੀ ਕਾਰਵਾਈਆਂ ਵਿੱਚ ਡਿੱਗਣ ਵਾਲੀ ਗਿਰਾਵਟ ਇੱਕ ਲੰਬੇ ਸਮੇਂ ਤੋਂ ਚੱਲ ਰਹੀ ਪ੍ਰਕਿਰਿਆ ਹੈ।

ਪਿਛਲੇ 1950ਵਿਆਂ ਵਿੱਚ ਸੰਸਦੀ ਬਹਿਸਾਂ ਉੱਚ ਪੱਧਰੀ ਅਤੇ ਸ਼ਿਸ਼ਟਾਚਾਰ ਵਾਲੀਆਂ ਹੁੰਦੀਆਂ ਸਨ। ਨਹਿਰੂ, ਪਟੇਲ, ਅੰਬੇਡਕਰ ਵਰਗੇ ਨੇਤਾਵਾਂ ਦੀਆਂ ਬਹਿਸਾਂ ਨੇ ਲੋਕਤੰਤਰ ਨੂੰ ਮਜ਼ਬੂਤ ਕੀਤਾ। ਪਰ ਅੱਜ ਸਥਿਤੀ ਬਦਲ ਚੁੱਕੀ ਹੈ। ਬਿੱਲਾਂ ਨੂੰ ਬਿਨਾਂ ਚਰਚਾ ਦੇ ਪਾਸ ਕੀਤਾ ਜਾਂਦਾ ਹੈ - 17ਵੀਂ ਲੋਕ ਸਭਾ ਵਿੱਚ 58% ਬਿੱਲ ਦੋ ਹਫ਼ਤਿਆਂ ਵਿੱਚ ਪਾਸ ਹੋਏ ਅਤੇ 35% ਇੱਕ ਘੰਟੇ ਤੋਂ ਘੱਟ ਚਰਚਾ ਨਾਲ। ਪਾਰਲੀਮੈਂਟਰੀ ਕਮੇਟੀਆਂ ਨੂੰ ਬਿੱਲ ਭੇਜਣ ਦੀ ਦਰ 60-70% ਤੋਂ ਘਟ ਕੇ 25% ਰਹਿ ਗਈ ਹੈ। ਇਸ ਨਾਲ ਨੀਤੀਆਂ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ ਅਤੇ ਲੋਕਤੰਤਰ ਦੀ ਜੜ੍ਹ ਕਮਜ਼ੋਰ ਹੁੰਦੀ ਹੈ।

ਇੱਥੇ ਵਰਨਣਯੋਗ ਹੈ ਕਿ ਰਾਜਾਂ ਦੀਆਂ ਵਿਧਾਨ ਸਭਾਵਾਂ ਵਿੱਚ ਵੀ ਇਹੀ ਹਾਲ ਹੈ। ਬਿਹਾਰ, ਉੱਤਰ ਪ੍ਰਦੇਸ਼, ਤਾਮਿਲਨਾਡੂ ਅਤੇ ਪੰਜਾਬ ਵਿੱਚ ਅਕਸਰ ਹੰਗਾਮੇ ਅਤੇ ਵਿਘਨ ਵੇਖੇ ਜਾਂਦੇ ਹਨ। ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਵਿੱਚ ਵਿਰੋਧੀ ਕਾਂਗਰਸ ਨੇ ਗਵਰਨਰ ਦੇ ਭਾਸ਼ਣ ਦੌਰਾਨ ਵਾਕਆਊਟ ਕੀਤਾ ਅਤੇ ਟ੍ਰੈਜ਼ਰੀ ਬੈਂਚਾਂ ਨੇ ਮਿਊਜ਼ੀਕਲ ਪ੍ਰੋਟੈਸਟ ਕੀਤਾ। ਬਿਹਾਰ ਵਿੱਚ ਗਵਰਨਰ ਦੇ ਭਾਸ਼ਣ ਦੌਰਾਨ ਮਾਈਕ੍ਰੋਫੋਨ ਸਿਸਟਮ ਫੇਲ੍ਹ ਹੋ ਗਿਆ ਅਤੇ ਸੈਸ਼ਨ ਪੇਪਰ 'ਤੇ ਚੱਲੇ। ਉੱਤਰ ਪ੍ਰਦੇਸ਼ ਅਤੇ ਤਾਮਿਲਨਾਡੂ ਵਿੱਚ ਵੀ ਅਸੰਸਦੀ ਭਾਸ਼ਾ ਅਤੇ ਵਿਘਨ ਆਮ ਹਨ।

ਅੱਜ ਇਹ ਸਭ ਜਨਤਕ ਮੁੱਦਿਆਂ-ਬੇਰੁਜ਼ਗਾਰੀ, ਮਹਿੰਗਾਈ, ਕਿਸਾਨ ਸੰਕਟ, ਸਿਹਤ ਅਤੇ ਸਿੱਖਿਆ - ਤੋਂ ਧਿਆਨ ਹਟਾਉਂਦੇ ਹਨ। ਲੋਕ ਮੁੱਦੇ ਪਿੱਛੇ ਰਹਿ ਜਾਂਦੇ ਹਨ ਅਤੇ ਰਾਜਨੀਤੀ ਡਰਾਮੇ ਵਿੱਚ ਬਦਲ ਜਾਂਦੀ ਹੈ। ਸੰਸਦੀ ਮਰਿਆਦਾ ਦੇ ਨਿਯਮਾਂ ਅਨੁਸਾਰ, ਅਸੰਸਦੀ ਭਾਸ਼ਾ ਨੂੰ ਐਕਸਪੰਜ ਕੀਤਾ ਜਾ ਸਕਦਾ ਹੈ। ਲੋਕ ਸਭਾ ਸਕੱਤਰੇਤ ਨੇ ਅਜਿਹੇ ਸ਼ਬਦਾਂ ਦੀ ਲੰਮੀ ਸੂਚੀ ਤਿਆਰ ਕੀਤੀ ਹੈ, ਜਿਸ ਵਿੱਚ ਯਾਰ, ਜੁਮਲਾਜੀਵੀ, ਬਾਲ ਬੁੱਧੀ ਵਰਗੇ ਸ਼ਬਦ ਸੰਦਰਭ ਅਨੁਸਾਰ ਅਸੰਸਦੀ ਮੰਨੇ ਜਾਂਦੇ ਹਨ। ਪਰ ਸਮੱਸਿਆ ਸਿਰਫ਼ ਸ਼ਬਦਾਂ ਦੀ ਨਹੀਂ, ਸਗੋਂ ਰਵੱਈਏ ਦੀ ਹੈ।

ਅੱਜ ਰਾਜਨੀਤੀ ਵਿੱਚ ਵਧਦੀ ਅਸਹਿਣਸ਼ੀਲਤਾ, ਪਰਸਨਲ ਅਟੈਕ, ਪੋਲਰਾਈਜ਼ੇਸ਼ਨ ਅਤੇ ਮੀਡੀਆ ਦਾ ਸੈਂਸੇਸ਼ਨਲਿਜ਼ਮ ਨੇ ਸੰਸਦ ਨੂੰ ਸਟੇਜ ਬਣਾ ਦਿੱਤਾ ਹੈ। ਸਪੀਕਰ ਦੀ ਨਿਰਪੱਖਤਾ 'ਤੇ ਸਵਾਲ ਉੱਠਦੇ ਰਹਿੰਦੇ ਹਨ, ਜਿਸ ਨਾਲ ਚੇਅਰ ਦੀ ਭੂਮਿਕਾ ਕਮਜ਼ੋਰ ਪੈਂਦੀ ਹੈ। ਇਸ ਗਿਰਾਵਟ ਦੇ ਮੁੱਖ ਕਾਰਨ ਹਨ:ਵਾਰ-ਵਾਰ ਵਿਘਨ ਅਤੇ ਡਿਸਰਪਸ਼ਨ।

ਹੁਣ ਵਿਰੋਧੀ ਅਤੇ ਸੱਤਾਧਾਰੀ ਦੋਵੇਂ ਡਿਸਰਪਸ਼ਨ ਨੂੰ ਹਥਿਆਰ ਵਜੋਂ ਵਰਤਦੇ ਹਨ। ਇਹ ਰਣਨੀਤੀ ਬਣ ਚੁੱਕੀ ਹੈ। ਐਂਟੀ-ਡਿਫੈਕਸ਼ਨ ਲਾਅ ਦਾ ਦੁਰਉਪਯੋਗ ਇਹ ਕਾਨੂੰਨ ਪਾਰਟੀ ਵਿਪ ਨੂੰ ਮਜ਼ਬੂਤ ਕਰਦਾ ਹੈ ਅਤੇ ਵਿਅਕਤੀਗਤ ਸੰਸਦ ਮੈਂਬਰਾਂ ਦੀ ਆਜ਼ਾਦੀ ਖਤਮ ਕਰਦਾ ਹੈ।

ਐਗਜ਼ੀਕਿਊਟਿਵ ਦੀ ਵਧਦੀ ਪ੍ਰਭਾਵਸ਼ੀਲਤਾ: ਸਰਕਾਰ ਬਿੱਲਾਂ ਨੂੰ ਬਿਨਾਂ ਚਰਚਾ ਦੇ ਪਾਸ ਕਰਵਾਉਂਦੀ ਹੈ ਅਤੇ ਆਰਡੀਨੈਂਸਾਂ ਦੀ ਵਰਤੋਂ ਵਧਾ ਦਿੱਤੀ ਹੈ। ਕਮੇਟੀ ਸਿਸਟਮ ਦੀ ਕਮਜ਼ੋਰੀ ਕਾਰਨ ਬਿੱਲਾਂ ਨੂੰ ਕਮੇਟੀਆਂ ਵਿੱਚ ਭੇਜਣ ਦੀ ਦਰ ਘਟੀ ਹੈ, ਜਿਸ ਨਾਲ ਵਿਸਥਾਰ ਵਾਲੀ ਜਾਂਚ ਨਹੀਂ ਹੁੰਦੀ।

ਅੱਜ ਸੰਸਦੀ ਸੈਸ਼ਨਾਂ ਦੀ ਗਿਣਤੀ ਵਿੱਚ ਘਾਟ ਹੈ। 1950ਵਿਆਂ ਵਿੱਚ 120-140 ਦਿਨ ਸੈਸ਼ਨ ਹੁੰਦੇ ਸਨ, ਅੱਜ 70 ਦਿਨ ਵੀ ਨਹੀਂ। ਰਾਜਨੀਤਿਕ ਪੋਲਰਾਈਜ਼ੇਸ਼ਨ ਅਤੇ ਅਸਹਿਣਸ਼ੀਲਤਾ: ਵਿਵਾਦ ਨੂੰ ਵਿਅਕਤੀਗਤ ਬਣਾਇਆ ਜਾਂਦਾ ਹੈ, ਜਿਸ ਨਾਲ ਬਹਿਸ ਨਹੀਂ ਹੁੰਦੀ। ਮੀਡੀਆ ਅਤੇ ਸੋਸ਼ਲ ਮੀਡੀਆ ਦਾ ਪ੍ਰਭਾਵਸ਼ਾਲੀ ਸੈਂਸੇਸ਼ਨਲ ਖ਼ਬਰਾਂ ਨੇ ਰਾਜਨੀਤੀ ਨੂੰ ਡਰਾਮੈਟਿਕ ਬਣਾ ਦਿੱਤਾ ਹੈ। ਇਸ ਨੂੰ ਰੋਕਣ ਲਈ ਕੁਝ ਸੁਝਾਅ:ਸੰਸਦ ਮੈਂਬਰਾਂ ਲਈ ਟ੍ਰੇਨਿੰਗ ਅਤੇ ਓਰੀਐਂਟੇਸ਼ਨ ਪ੍ਰੋਗਰਾਮਾਂ ਵਿੱਚ ਮਰਿਆਦਾ ਅਤੇ ਐਥਿਕਸ 'ਤੇ ਜ਼ੋਰ ਅਤੇ ਅਸੰਸਦੀ ਵਿਵਹਾਰ 'ਤੇ ਸਖ਼ਤ ਅਤੇ ਨਿਰਪੱਖ ਸਜ਼ਾਵਾਂ ਤੇ ਸੈਸ਼ਨਾਂ ਦੀ ਗਿਣਤੀ ਵਧਾਉਣਾ ਅਤੇ ਆਟੋਮੈਟਿਕ ਪੈਨਲਟੀ ਸਿਸਟਮ। ਪਾਰਟੀਆਂ ਨੂੰ ਆਪਣੇ ਮੈਂਬਰਾਂ 'ਤੇ ਅਨੁਸ਼ਾਸਨ ਲਾਗੂ ਕਰਨਾ। ਜਨਤਾ ਨੂੰ ਜਾਗਰੂਕ ਕਰਕੇ ਅਜਿਹੇ ਉਮੀਦਵਾਰਾਂ ਨੂੰ ਨਕਾਰਨਾ ਜੋ ਮਰਿਆਦਾ ਨਹੀਂ ਮੰਨਦੇ। ਸਪੀਕਰ ਅਤੇ ਚੇਅਰਮੈਨ ਦੀ ਨਿਰਪੱਖਤਾ ਨੂੰ ਮਜ਼ਬੂਤ ਕਰਨਾ।

ਅੱਜ ਲੋਕਤੰਤਰ ਵਿੱਚ ਬਹਿਸ ਅਤੇ ਵਿਵਾਦ ਜ਼ਰੂਰੀ ਹਨ, ਪਰ ਉਹ ਸਭਿਅਕ, ਨੀਤੀ ਅਧਾਰਿਤ ਅਤੇ ਜਨਤਕ ਹਿੱਤ ਵਿੱਚ ਹੋਣੇ ਚਾਹੀਦੇ ਹਨ। ਜੇਕਰ ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਮਰਿਆਦਾ ਨਹੀਂ ਰਹੇਗੀ ਤਾਂ ਲੋਕਤੰਤਰ ਦੀ ਜੜ੍ਹਾਂ ਕਮਜ਼ੋਰ ਹੋ ਜਾਣਗੀਆਂ ਅਤੇ ਜਨਤਾ ਦਾ ਵਿਸ਼ਵਾਸ ਖਤਮ ਹੋ ਜਾਵੇਗਾ। ਯਾਰ ਵਰਗੇ ਸ਼ਬਦਾਂ ਦੀ ਬਹਿਸ ਛੋਟੀ ਲੱਗ ਸਕਦੀ ਹੈ, ਪਰ ਇਹ ਵੱਡੀ ਤਸਵੀਰ ਦਾ ਹਿੱਸਾ ਹੈ - ਜਿੱਥੇ ਰਾਜਨੀਤੀ ਸੜਕੀ ਭਾਸ਼ਾ ਵੱਲ ਵਧ ਰਹੀ ਹੈ।

ਅੱਜ ਹੁਣ ਸਮਾਂ ਆ ਗਿਆ ਹੈ ਕਿ ਸਾਰੇ ਰਾਜਨੀਤਿਕ ਦਲ ਮਿਲ ਕੇ ਇਸ ਨੂੰ ਰੋਕਣ ਲਈ ਵਚਨਬੱਧ ਹੋਣ। ਨਹੀਂ ਤਾਂ ਲੋਕਤੰਤਰ ਨੂੰ ਤਰ-ਤਰ ਕਰਨ ਵਾਲੇ ਇਹ ਰੰਗ ਹੋਰ ਗੂੜ੍ਹੇ ਹੋ ਜਾਣਗੇ।

ਨਵੇਂ ਇਰਾਦਿਆਂ, ਲੋਕ-ਭਲਾਈ ਨੀਤੀਆਂ ਅਤੇ ਪ੍ਰਸ਼ਾਸਨਿਕ ਸੁਧਾਰਾਂ ਨਾਲ ਤਰੱਕੀ ਦੇ ਰਾਹ 'ਤੇ ਵਧਦਾ ਪੰਜਾਬ



ਵਿੰਕਲਜੀਤ ਸਿੰਘ ਸਰਾ
9501477889

ਪੰਜਾਬ ਦੀ ਵਿਰਾਸਤ ਅਤੇ ਬਦਲਦੇ ਦੌਰ ਦੀਆਂ ਲੋੜਾਂ : ਪੰਜਾਬ, ਜਿਸ ਨੂੰ ਭਾਰਤ ਦਾ ਅੰਨਦਾਤਾ ਅਤੇ ਬਹਾਦਰਾਂ ਦੀ ਧਰਤੀ ਕਿਹਾ ਜਾਂਦਾ ਹੈ ਅੱਜ ਇਤਿਹਾਸ ਦੇ ਇੱਕ ਅਜਿਹੇ ਮੋੜ 'ਤੇ ਖੜ੍ਹਾ ਹੈ ਜਿੱਥੇ ਰਵਾਇਤੀ ਸ਼ਾਨ ਅਤੇ ਆਧੁਨਿਕ ਚੁਣੌਤੀਆਂ ਦਾ ਆਪਸੀ ਟਕਰਾਅ ਹੋ ਰਿਹਾ ਹੈ। ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਇਸ ਧਰਤੀ ਨੇ ਹਮੇਸ਼ਾ ਦੇਸ਼ ਨੂੰ ਮੁਸੀਬਤਾਂ ਵਿੱਚੋਂ ਕੱਢਿਆ ਹੈ ਚਾਹੇ ਉਹ ਸਰਹੱਦਾਂ ਦੀ ਰਾਖੀ ਹੋਵੇ ਜਾਂ ਦੇਸ਼ ਦਾ ਪੇਟ ਭਰਨ ਲਈ ਹਰੀ ਕ੍ਰਾਂਤੀ ਦਾ ਆਗਾਜ਼। ਪਰ ਪਿਛਲੇ ਕੁਝ ਦਹਾਕਿਆਂ ਦੌਰਾਨ ਪੰਜਾਬ ਨੇ ਕੁਝ ਅਜਿਹੇ ਸੰਕਟਾਂ ਦਾ ਸਾਹਮਣਾ ਕੀਤਾ, ਜਿਨ੍ਹਾਂ ਨੇ ਇਸ ਦੀ ਸਮਾਜਿਕ ਅਤੇ ਆਰਥਿਕ ਤਾਣੀ-ਬਾਣੀ ਨੂੰ ਉਲਝਾ ਕੇ ਰੱਖ ਦਿੱਤਾ। ਵਧਦਾ ਕਰਜ਼ਾ, ਨੌਜਵਾਨਾਂ ਦਾ ਵਿਦੇਸ਼ਾਂ ਵੱਲ ਪਰਵਾਸ, ਨਸ਼ਿਆਂ ਦੀ ਲਾਹਨਤ ਅਤੇ ਪ੍ਰਸ਼ਾਸਨਿਕ ਸੁਸਤੀ ਨੇ ਆਮ ਨਾਗਰਿਕ ਦੇ ਮਨ ਵਿੱਚ ਨਿਰਾਸ਼ਾ ਪੈਦਾ ਕੀਤੀ ਸੀ। ਅਜਿਹੇ ਮਾਹੌਲ ਵਿੱਚ ਸੂਬੇ ਨੂੰ ਇੱਕ ਨਵੀਂ ਸੋਚ, ਦ੍ਰਿੜ ਇਰਾਦੇ ਅਤੇ ਲੋਕ-ਪੱਖੀ ਨੀਤੀਆਂ ਦੀ ਲੋੜ ਸੀ ਜੋ ਸਿਰਫ਼ ਕਾਗਜ਼ੀ ਨਾ ਹੋਣ ਸਗੋਂ ਜ਼ਮੀਨੀ ਪੱਧਰ 'ਤੇ ਬਦਲਾਅ ਲਿਆਉਣ ਦੇ ਸਮਰੱਥ ਹੋਣ। ਅੱਜ ਜਦੋਂ ਅਸੀਂ ਪੰਜਾਬ ਦੇ ਮੌਜੂਦਾ ਸਰੂਪ ਵੱਲ ਦੇਖਦੇ ਹਾਂ ਤਾਂ ਸਾਨੂੰ ਪ੍ਰਸ਼ਾਸਨਿਕ ਸੁਧਾਰਾਂ ਦੀ ਇੱਕ ਅਜਿਹੀ ਲਹਿਰ ਨਜ਼ਰ ਆਉਂਦੀ ਹੈ ਜੋ ਸੂਬੇ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦੇ ਰਾਹ 'ਤੇ ਤੋਰ ਰਹੀ ਹੈ। ਇਹ ਸਿਰਫ਼ ਸਿਆਸੀ ਨਾਅਰਾ ਨਹੀਂ ਸਗੋਂ ਇੱਕ ਅਜਿਹਾ ਸੰਕਲਪ ਹੈ, ਜਿਸ ਵਿੱਚ ਹਰ ਵਰਗ ਦੀ ਭਾਈਵਾਲੀ ਅਤੇ ਭਲਾਈ ਸ਼ਾਮਲ ਹੈ।

ਲੋਕ-ਕੇਂਦਰਿਤ ਸ਼ਾਸਨ ਅਤੇ ਨੈਤਿਕ ਜਵਾਬਦੇਹੀ ਦਾ ਨਵਾਂ ਮਾਡਲ : ਲੋਕਤੰਤਰ ਦੀ ਅਸਲ ਸਫਲਤਾ ਇਸ ਗੱਲ ਵਿੱਚ ਹੁੰਦੀ ਹੈ ਕਿ ਸਰਕਾਰ ਲੋਕਾਂ ਲਈ ਕਿੰਨੀ ਕੁ ਪਹੁੰਚਯੋਗ ਹੈ। ਪੰਜਾਬ ਵਿੱਚ ਪਿਛਲੇ ਸਮੇਂ ਦੌਰਾਨ ਸ਼ਾਸਨ ਦੀ ਪਰਿਭਾਸ਼ਾ ਨੂੰ ਬਦਲਣ ਦੀ ਕੋਸ਼ਿਸ਼ ਕੀਤੀ ਗਈ ਹੈ। ਪਹਿਲਾਂ ਪ੍ਰਸ਼ਾਸਨ ਨੂੰ ਇੱਕ ਅਜਿਹੀ ਕੰਧ ਵਜੋਂ ਦੇਖਿਆ ਜਾਂਦਾ ਸੀ, ਜਿਸ ਨੂੰ ਪਾਰ ਕਰਨਾ ਆਮ ਬੰਦੇ ਲਈ ਅਸੰਭਵ ਸੀ ਪਰ ਹੁਣ 'ਸਰਕਾਰ ਤੁਹਾਡੇ ਦੁਆਰ' ਵਰਗੇ ਉਪਰਾਲਿਆਂ ਨੇ ਇਸ ਦੂਰੀ ਨੂੰ ਖ਼ਤਮ ਕੀਤਾ ਹੈ। ਜਦੋਂ ਪ੍ਰਸ਼ਾਸਨਿਕ ਅਧਿਕਾਰੀ ਅਤੇ ਨੀਤੀ ਘੜਨ ਵਾਲੇ ਖ਼ੁਦ ਪਿੰਡਾਂ ਅਤੇ ਮੁਹੱਲਿਆਂ ਵਿੱਚ ਜਾ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣਦੇ ਹਨ ਤਾਂ ਇਸ ਨਾਲ ਨਾ ਸਿਰਫ਼ ਸਮੱਸਿਆਵਾਂ ਦਾ ਜਲਦੀ ਹੱਲ ਹੁੰਦਾ ਹੈ ਸਗੋਂ ਲੋਕਾਂ ਦਾ ਲੋਕਤੰਤਰ ਵਿੱਚ ਵਿਸ਼ਵਾਸ ਵੀ ਬਹਾਲ ਹੁੰਦਾ ਹੈ। ਇਸ ਨਵੇਂ ਮਾਡਲ ਵਿੱਚ ਪਾਰਦਰਸ਼ਤਾ ਨੂੰ ਮੁੱਖ ਰੱਖਿਆ ਗਿਆ ਹੈ। ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਦੀ ਨੀਤੀ ਨੇ ਸਰਕਾਰੀ ਦਫ਼ਤਰਾਂ ਵਿੱਚ ਕੰਮ ਕਰਨ ਦੇ ਸੱਭਿਆਚਾਰ ਨੂੰ ਬਦਲ ਦਿੱਤਾ ਹੈ। ਹੁਣ ਆਮ ਨਾਗਰਿਕ ਨੂੰ ਆਪਣਾ ਹੱਕ ਲੈਣ ਲਈ ਕਿਸੇ ਵਿਚੋਲੇ ਜਾਂ ਸਿਫ਼ਾਰਸ਼ ਦੀ ਲੋੜ ਨਹੀਂ ਮਹਿਸੂਸ ਹੁੰਦੀ। ਇਹ ਸੁਧਾਰ ਸਿਰਫ਼ ਉੱਪਰੀ ਸਤ੍ਹਾ 'ਤੇ ਨਹੀਂ ਹਨ ਸਗੋਂ ਨੀਚੇ ਤੱਕ ਪ੍ਰਣਾਲੀ ਨੂੰ ਸਾਫ਼-ਸੁਥਰਾ ਬਣਾਉਣ ਦੀ ਇੱਕ ਨਿਰੰਤਰ ਪ੍ਰਕਿਰਿਆ ਹੈ ਜੋ ਸੂਬੇ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਲਈ ਇੱਕ ਮਜ਼ਬੂਤ ਨੀਂਹ ਪ੍ਰਦਾਨ ਕਰ ਰਹੀ ਹੈ।

ਸਿਹਤ ਕ੍ਰਾਂਤੀ, ਆਮ ਆਦਮੀ ਲਈ ਮਿਆਰੀ ਸਹੂਲਤਾਂ ਦਾ ਆਗਾਜ਼ : ਸਿਹਤ ਕਿਸੇ ਵੀ ਦੇਸ਼ ਜਾਂ ਰਾਜ ਦੇ ਵਿਕਾਸ ਦਾ ਮੂਲ ਅਧਾਰ ਹੈ। ਪੰਜਾਬ ਵਿੱਚ ਸਿਹਤ ਸੇਵਾਵਾਂ ਦਾ ਪੱਧਰ ਸੁਧਾਰਨ ਲਈ ਜੋ ਕਦਮ ਚੁੱਕੇ ਗਏ ਹਨ, ਉਹ ਮਿਸਾਲੀ ਹਨ। ਪਹਿਲਾਂ ਪੇਂਡੂ ਖੇਤਰਾਂ ਵਿੱਚ ਮੁੱਢਲੀਆਂ ਸਿਹਤ ਸਹੂਲਤਾਂ ਦੀ ਭਾਰੀ ਘਾਟ ਸੀ ਅਤੇ ਗਰੀਬ ਪਰਿਵਾਰਾਂ ਨੂੰ ਇਲਾਜ ਲਈ ਸ਼ਹਿਰਾਂ ਦੇ ਮਹਿੰਗੇ ਪ੍ਰਾਈਵੇਟ ਹਸਪਤਾਲਾਂ 'ਤੇ ਨਿਰਭਰ ਹੋਣਾ ਪੈਂਦਾ ਸੀ, ਜਿਸ ਨਾਲ ਉਹ ਕਰਜ਼ੇ ਦੇ ਜਾਲ ਵਿੱਚ ਫਸ ਜਾਂਦੇ ਸਨ। ਇਸ ਸਥਿਤੀ ਨੂੰ ਨੱਥ ਪਾਉਣ ਲਈ 'ਆਮ ਆਦਮੀ ਕਲੀਨਿਕਾਂ' ਦੀ ਸਥਾਪਨਾ ਕੀਤੀ ਗਈ। ਇਹ ਕਲੀਨਿਕ ਸਿਰਫ਼ ਇਮਾਰਤਾਂ ਨਹੀਂ ਹਨ ਸਗੋਂ ਭਰੋਸੇ ਦੇ ਕੇਂਦਰ ਹਨ, ਜਿੱਥੇ ਮਰੀਜ਼ ਨੂੰ ਮੁਫ਼ਤ ਦਵਾਈਆਂ, ਮੁਫ਼ਤ ਟੈਸਟ ਅਤੇ ਮਾਹਿਰ ਡਾਕਟਰਾਂ ਦੀ ਸਲਾਹ ਮਿਲਦੀ ਹੈ। ਇਸ ਉਪਰਾਲੇ ਨੇ ਵੱਡੇ ਹਸਪਤਾਲਾਂ 'ਤੇ ਬੋਝ ਘਟਾਇਆ ਹੈ ਅਤੇ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਮਿਆਰੀ ਇਲਾਜ ਮੁਹੱਈਆ ਕਰਵਾਇਆ ਹੈ। ਇਸ ਦੇ ਨਾਲ ਹੀ ਸਰਕਾਰੀ ਹਸਪਤਾਲਾਂ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨਾ, ਨਵੀਆਂ ਮਸ਼ੀਨਾਂ ਲਗਾਉਣਾ ਅਤੇ ਪੈਰਾ-ਮੈਡੀਕਲ ਸਟਾਫ਼ ਦੀ ਭਰਤੀ ਕਰਨਾ ਸੂਬੇ ਦੀ ਸਿਹਤ ਨੀਤੀ ਦਾ ਅਹਿਮ ਹਿੱਸਾ ਹੈ।

ਸਿੱਖਿਆ ਪ੍ਰਣਾਲੀ ਵਿੱਚ ਸੁਧਾਰ, ਸੁਪਨਿਆਂ ਨੂੰ ਉਡਾਣ ਦੇਣ ਦੀ ਕੋਸ਼ਿਸ਼ : ਸਿੱਖਿਆ ਉਹ ਹਥਿਆਰ ਹੈ ਜੋ ਸਮਾਜਿਕ ਕੁਰੀਤੀਆਂ ਅਤੇ ਗਰੀਬੀ ਨੂੰ ਜੜ੍ਹੋਂ ਖ਼ਤਮ ਕਰ ਸਕਦਾ ਹੈ। ਪੰਜਾਬ ਦੇ ਸਰਕਾਰੀ ਸਕੂਲਾਂ ਦੀ ਦਸ਼ਾ ਅਤੇ ਦਿਸ਼ਾ ਬਦਲਣ ਲਈ ਸ਼ੁਰੂ ਕੀਤੀ ਗਈ 'ਸਕੂਲ ਆਫ਼ ਐਮੀਨੈਂਸ' ਵਰਗੀ ਮੁਹਿੰਮ ਨੇ ਸਿੱਖਿਆ ਦੇ ਖੇਤਰ ਵਿੱਚ ਇੱਕ ਨਵਾਂ ਮਿਆਰ ਸਥਾਪਿਤ ਕੀਤਾ ਹੈ। ਇਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਨਾ ਸਿਰਫ਼ ਕਿਤਾਬੀ ਗਿਆਨ ਦਿੱਤਾ ਜਾਂਦਾ ਹੈ ਸਗੋਂ ਉਨ੍ਹਾਂ ਦੀਆਂ ਕਲਾਤਮਕ ਅਤੇ ਵਿਗਿਆਨਕ ਰੁਚੀਆਂ ਨੂੰ ਵੀ ਨਿਖਾਰਿਆ ਜਾਂਦਾ ਹੈ। ਆਧੁਨਿਕ ਲੈਬਾਂ, ਸਮਾਰਟ ਕਲਾਸਰੂਮ ਅਤੇ ਖੇਡਾਂ ਦੀਆਂ ਸਹੂਲਤਾਂ ਨੇ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਨਜ਼ਰੀਆ ਬਦਲ ਦਿੱਤਾ ਹੈ। ਹੁਣ ਮਾਪੇ ਮਾਣ ਨਾਲ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਭੇਜ ਰਹੇ ਹਨ। ਇਸ ਤੋਂ ਇਲਾਵਾ ਅਧਿਆਪਕਾਂ ਨੂੰ ਵਿਦੇਸ਼ੀ ਸੰਸਥਾਵਾਂ ਵਿੱਚ ਸਿਖਲਾਈ ਲਈ ਭੇਜਣਾ ਇੱਕ ਦੂਰਅੰਦੇਸ਼ੀ ਕਦਮ ਹੈ ਤਾਂ ਜੋ ਉਹ ਦੁਨੀਆ ਭਰ ਦੀਆਂ ਸਰਵੋਤਮ ਸਿੱਖਿਆ ਪੱਧਤੀਆਂ ਨੂੰ ਪੰਜਾਬ ਦੇ ਬੱਚਿਆਂ 'ਤੇ ਲਾਗੂ ਕਰ ਸਕਣ। ਸਿੱਖਿਆ ਵਿੱਚ ਇਹ ਨਿਵੇਸ਼ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸੁਨਹਿਰੀ ਭਵਿੱਖ ਦੀ ਗਰੰਟੀ ਹੈ। ਜਦੋਂ ਇੱਕ ਗਰੀਬ ਦਾ ਬੱਚਾ ਉੱਚ ਦਰਜੇ ਦੀ ਸਿੱਖਿਆ ਪ੍ਰਾਪਤ ਕਰਕੇ ਡਾਕਟਰ, ਇੰਜੀਨੀਅਰ ਜਾਂ ਅਫ਼ਸਰ ਬਣਦਾ ਹੈ ਤਾਂ ਉਹ ਸਿਰਫ਼ ਆਪਣੇ ਪਰਿਵਾਰ ਨੂੰ ਹੀ ਨਹੀਂ ਸਗੋਂ ਪੂਰੇ ਸਮਾਜ ਨੂੰ ਉੱਪਰ ਚੁੱਕਦਾ ਹੈ।

ਖੇਤੀਬਾੜੀ ਅਤੇ ਕਿਸਾਨੀ, ਸੰਕਟ ਤੋਂ ਖੁਸ਼ਹਾਲੀ ਵੱਲ ਵਧਦੇ ਕਦਮ : ਪੰਜਾਬ ਦੀ ਆਤਮਾ ਖੇਤੀਬਾੜੀ ਵਿੱਚ ਵਸਦੀ ਹੈ। ਪਰ ਅੱਜ ਦਾ ਕਿਸਾਨ ਕਈ ਤਰ੍ਹਾਂ ਦੀਆਂ ਚੁਣੌਤੀਆਂ ਜਿਵੇਂ ਕਿ ਪਾਣੀ ਦੀ ਘਾਟ, ਮਿੱਟੀ ਦੀ ਘਟਦੀ ਉਪਜਾਊ ਸ਼ਕਤੀ ਅਤੇ ਫ਼ਸਲਾਂ ਦੇ ਲਾਹੇਵੰਦ ਭਾਅ ਨਾ ਮਿਲਣ ਕਾਰਨ ਪ੍ਰੇਸ਼ਾਨ ਹੈ। ਇਸ ਸਥਿਤੀ ਵਿੱਚ ਸੁਧਾਰ ਲਈ ਸਰਕਾਰ ਨੇ ਬਹੁ-ਪੱਖੀ ਰਣਨੀਤੀ ਅਪਣਾਈ ਹੈ। ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨਾ ਅੱਜ ਦੀ ਮੁੱਖ ਲੋੜ ਹੈ ਤਾਂ ਜੋ ਝੋਨੇ ਦੇ ਚੱਕਰ ਵਿੱਚੋਂ ਨਿਕਲ ਕੇ ਪਾਣੀ ਦੀ ਬਚਤ ਕੀਤੀ ਜਾ ਸਕੇ। ਮੂੰਗੀ, ਮੱਕੀ ਅਤੇ ਬਾਸਮਤੀ ਵਰਗੀਆਂ ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ (MSP) ਦੇਣ ਦੇ ਭਰੋਸੇ ਨੇ ਕਿਸਾਨਾਂ ਵਿੱਚ ਇੱਕ ਨਵੀਂ ਉਮੀਦ ਜਗਾਈ ਹੈ। ਇਸ ਦੇ ਨਾਲ ਹੀ ਨਹਿਰੀ ਪਾਣੀ ਨੂੰ ਖੇਤਾਂ ਦੇ ਅੰਤਿਮ ਸਿਰੇ ਤੱਕ ਪਹੁੰਚਾਉਣਾ ਇੱਕ ਇਤਿਹਾਸਕ ਪ੍ਰਾਪਤੀ ਹੈ, ਜਿਸ ਨਾਲ ਟਿਊਬਵੈੱਲਾਂ 'ਤੇ ਨਿਰਭਰਤਾ ਘਟੀ ਹੈ ਅਤੇ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਰੋਕਣ ਵਿੱਚ ਮਦਦ ਮਿਲੀ ਹੈ। ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਲੋੜੀਂਦੀ ਮਸ਼ੀਨਰੀ ਮੁਹੱਈਆ ਕਰਵਾਉਣਾ ਵਾਤਾਵਰਣ ਦੀ ਸੰਭਾਲ ਲਈ ਇੱਕ ਵੱਡਾ ਕਦਮ ਹੈ।

ਉਦਯੋਗਿਕ ਪੁਨਰ-ਸੁਰਜੀਤੀ ਅਤੇ ਨਿਵੇਸ਼ ਦਾ ਅਨੁਕੂਲ ਮਾਹੌਲ : ਸਿਰਫ਼ ਖੇਤੀਬਾੜੀ 'ਤੇ ਨਿਰਭਰ ਰਹਿ ਕੇ ਪੰਜਾਬ ਦੀ ਆਰਥਿਕਤਾ ਨੂੰ ਪੂਰੀ ਤਰ੍ਹਾਂ ਮਜ਼ਬੂਤ ਨਹੀਂ ਕੀਤਾ ਜਾ ਸਕਦਾ। ਇਸ ਲਈ ਉਦਯੋਗਿਕ ਵਿਕਾਸ ਲਾਜ਼ਮੀ ਹੈ। ਪਿਛਲੇ ਕੁਝ ਸਮੇਂ ਵਿੱਚ ਪੰਜਾਬ ਨੇ 'ਨਿਵੇਸ਼ ਪੰਜਾਬ' ਦੇ ਸੰਕਲਪ ਰਾਹੀਂ ਦੇਸ਼-ਵਿਦੇਸ਼ ਦੇ ਵੱਡੇ ਉਦਯੋਗਪਤੀਆਂ ਨੂੰ ਆਪਣੇ ਵੱਲ ਖਿੱਚਿਆ ਹੈ। ਸਿੰਗਲ ਵਿੰਡੋ ਸਿਸਟਮ ਅਤੇ ਲਾਲ ਫ਼ੀਤਾਸ਼ਾਹੀ ਦੇ ਖ਼ਾਤਮੇ ਨੇ ਕਾਰੋਬਾਰ ਕਰਨਾ ਸੌਖਾ ਬਣਾ ਦਿੱਤਾ ਹੈ। ਲੁਧਿਆਣਾ, ਜਲੰਧਰ ਅਤੇ ਮੰਡੀ ਗੋਬਿੰਦਗੜ੍ਹ ਵਰਗੇ ਉਦਯੋਗਿਕ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਪੰਜਾਬ ਵਿੱਚ ਸੂਚਨਾ ਤਕਨਾਲੋਜੀ (IT), ਟੈਕਸਟਾਈਲ ਅਤੇ ਫੂਡ ਪ੍ਰੋਸੈਸਿੰਗ ਦੇ ਖੇਤਰ ਵਿੱਚ ਅਥਾਹ ਸੰਭਾਵਨਾਵਾਂ ਹਨ। ਜਦੋਂ ਸੂਬੇ ਵਿੱਚ ਨਵੇਂ ਉਦਯੋਗ ਲੱਗਦੇ ਹਨ ਤਾਂ ਇਹ ਨਾ ਸਿਰਫ਼ ਸਰਕਾਰ ਦੇ ਖ਼ਜ਼ਾਨੇ ਵਿੱਚ ਵਾਧਾ ਕਰਦੇ ਹਨ ਸਗੋਂ ਸਥਾਨਕ ਨੌਜਵਾਨਾਂ ਲਈ ਰੋਜ਼ਗਾਰ ਦੇ ਹਜ਼ਾਰਾਂ ਮੌਕੇ ਵੀ ਪੈਦਾ ਕਰਦੇ ਹਨ। ਛੋਟੇ ਅਤੇ ਦਰਮਿਆਨੇ ਉਦਯੋਗਾਂ (MSMEs) ਨੂੰ ਵਿਸ਼ੇਸ਼ ਸਬਸਿਡੀਆਂ ਅਤੇ ਰਿਆਇਤਾਂ ਦੇ ਕੇ ਸੂਬੇ ਦੇ ਆਰਥਿਕ ਚੱਕਰ ਨੂੰ ਤੇਜ਼ੀ ਦਿੱਤੀ ਜਾ ਰਹੀ ਹੈ। ਪੰਜਾਬ ਨੂੰ ਇੱਕ ਨਿਰਮਾਣ ਹੱਬ (Manufacturing Hub) ਵਜੋਂ ਵਿਕਸਤ ਕਰਨਾ ਹੀ ਬੇਰੁਜ਼ਗਾਰੀ ਦੀ ਸਮੱਸਿਆ ਦਾ ਸਥਾਈ ਹੱਲ ਹੈ।

ਨੌਜਵਾਨੀ ਅਤੇ ਰੋਜ਼ਗਾਰ, ਪਰਵਾਸ ਨੂੰ ਰੋਕਣ ਦੀ ਚੁਣੌਤੀ : ਪੰਜਾਬ ਦਾ ਸਭ ਤੋਂ ਕੀਮਤੀ ਸਰਮਾਇਆ ਉਸ ਦੀ ਨੌਜਵਾਨੀ ਹੈ। ਪਰ ਰੋਜ਼ਗਾਰ ਦੀ ਘਾਟ ਕਾਰਨ ਪੰਜਾਬ ਦੇ ਗੱਭਰੂ ਅਤੇ ਮੁਟਿਆਰਾਂ ਵੱਡੀ ਗਿਣਤੀ ਵਿੱਚ ਵਿਦੇਸ਼ਾਂ ਵੱਲ ਰੁਖ਼ ਕਰ ਰਹੇ ਹਨ। ਇਸ 'ਬ੍ਰੇਨ ਡਰੇਨ' (Brain Drain) ਨੂੰ ਰੋਕਣ ਲਈ ਸੂਬਾ ਸਰਕਾਰ ਨੇ ਸਰਕਾਰੀ ਖੇਤਰ ਵਿੱਚ ਪਾਰਦਰਸ਼ੀ ਤਰੀਕੇ ਨਾਲ ਭਰਤੀਆਂ ਸ਼ੁਰੂ ਕੀਤੀਆਂ ਹਨ। ਹਜ਼ਾਰਾਂ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦੇਣਾ ਇਸ ਗੱਲ ਦਾ ਸਬੂਤ ਹੈ ਕਿ ਜੇਕਰ ਨੀਅਤ ਸਾਫ਼ ਹੋਵੇ ਤਾਂ ਨੌਕਰੀਆਂ ਮਿਲ ਸਕਦੀਆਂ ਹਨ। ਪਰ ਸਿਰਫ਼ ਸਰਕਾਰੀ ਨੌਕਰੀਆਂ ਹੀ ਕਾਫ਼ੀ ਨਹੀਂ ਹਨ; ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਅਤੇ ਸਟਾਰਟਅੱਪਸ ਲਈ ਪ੍ਰੇਰਿਤ ਕਰਨਾ ਵੀ ਬਹੁਤ ਜ਼ਰੂਰੀ ਹੈ। ਹੁਨਰ ਵਿਕਾਸ (Skill Development) ਕੇਂਦਰਾਂ ਰਾਹੀਂ ਨੌਜਵਾਨਾਂ ਨੂੰ ਆਧੁਨਿਕ ਲੋੜਾਂ ਅਨੁਸਾਰ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਜੋ ਉਹ ਨਿੱਜੀ ਖੇਤਰ ਵਿੱਚ ਚੰਗੀਆਂ ਨੌਕਰੀਆਂ ਹਾਸਲ ਕਰ ਸਕਣ। ਇਸ ਤੋਂ ਇਲਾਵਾ ਖੇਡਾਂ ਦੇ ਖੇਤਰ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਮੁਕਾਬਲੇ ਕਰਵਾ ਕੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਮੋੜਿਆ ਜਾ ਰਿਹਾ ਹੈ। ਜਦੋਂ ਨੌਜਵਾਨਾਂ ਦੇ ਹੱਥ ਵਿੱਚ ਕੰਮ ਅਤੇ ਮਨ ਵਿੱਚ ਉਮੀਦ ਹੁੰਦੀ ਹੈ ਤਾਂ ਉਹ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿੰਦੇ ਹਨ।

ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਅਤੇ ਪ੍ਰਬੰਧਕੀ ਸੁਧਾਰ : ਕਿਸੇ ਵੀ ਦੇਸ਼ ਦੀ ਤਰੱਕੀ ਦੀ ਸਭ ਤੋਂ ਵੱਡੀ ਰੁਕਾਵਟ ਭ੍ਰਿਸ਼ਟਾਚਾਰ ਹੁੰਦਾ ਹੈ। ਪੰਜਾਬ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਇੱਕ ਫੈਸਲਾਕੁੰਨ ਜੰਗ ਛੇੜੀ ਗਈ ਹੈ। ਐਂਟੀ-ਕਰੱਪਸ਼ਨ ਹੈਲਪਲਾਈਨ ਨੰਬਰ ਜਾਰੀ ਕਰਨਾ ਅਤੇ ਦੋਸ਼ੀ ਪਾਏ ਜਾਣ ਵਾਲੇ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਕਰਨਾ ਇੱਕ ਮਜ਼ਬੂਤ ਸੁਨੇਹਾ ਹੈ ਕਿ ਹੁਣ ਲੁੱਟ-ਖਸੁੱਟ ਦੀ ਰਾਜਨੀਤੀ ਨਹੀਂ ਚੱਲੇਗੀ। ਪ੍ਰਸ਼ਾਸਨਿਕ ਸੁਧਾਰਾਂ ਤਹਿਤ ਜ਼ਿਆਦਾਤਰ ਸੇਵਾਵਾਂ ਨੂੰ ਡਿਜੀਟਲਾਈਜ਼ਡ ਕਰ ਦਿੱਤਾ ਗਿਆ ਹੈ। ਹੁਣ ਲੋਕ ਆਪਣੇ ਘਰ ਬੈਠੇ ਹੀ ਸਰਟੀਫਿਕੇਟਾਂ ਅਤੇ ਹੋਰ ਸਹੂਲਤਾਂ ਲਈ ਅਪਲਾਈ ਕਰ ਸਕਦੇ ਹਨ। ਇਸ ਨਾਲ ਦਫ਼ਤਰਾਂ ਵਿੱਚ ਭੀੜ ਘਟੀ ਹੈ ਅਤੇ ਭ੍ਰਿਸ਼ਟਾਚਾਰ ਦੇ ਮੌਕੇ ਵੀ ਖ਼ਤਮ ਹੋਏ ਹਨ। 'ਸੇਵਾ ਕੇਂਦਰਾਂ' ਦੀ ਕਾਰਗੁਜ਼ਾਰੀ ਵਿੱਚ ਸੁਧਾਰ ਕਰਕੇ ਆਮ ਆਦਮੀ ਦੇ ਸਮੇਂ ਅਤੇ ਪੈਸੇ ਦੀ ਬਚਤ ਕੀਤੀ ਜਾ ਰਹੀ ਹੈ। ਇੱਕ ਸਾਫ਼-ਸੁਥਰਾ ਪ੍ਰਸ਼ਾਸਨ ਹੀ ਵਿਕਾਸ ਦੇ ਲਾਭਾਂ ਨੂੰ ਆਖਰੀ ਕਤਾਰ ਵਿੱਚ ਖੜ੍ਹੇ ਵਿਅਕਤੀ ਤੱਕ ਪਹੁੰਚਾ ਸਕਦਾ ਹੈ।

ਬੁਨਿਆਦੀ ਢਾਂਚਾ ਅਤੇ ਸ਼ਹਿਰੀ ਵਿਕਾਸ, ਆਧੁਨਿਕ ਪੰਜਾਬ ਦੀ ਤਸਵੀਰ : ਪੰਜਾਬ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦਾ ਵਿਸਤਾਰ ਤਰੱਕੀ ਦੀ ਨਿਸ਼ਾਨੀ ਹੈ। ਸੜਕਾਂ ਦਾ ਜਾਲ ਵਿਛਾਉਣਾ, ਪੁਲਾਂ ਦੀ ਉਸਾਰੀ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਯਕੀਨੀ ਬਣਾਉਣਾ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਸ਼ਹਿਰਾਂ ਵਿੱਚ ਸਫ਼ਾਈ ਵਿਵਸਥਾ ਨੂੰ ਸੁਧਾਰਨ ਅਤੇ ਟਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਲਈ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ। ਸਮਾਰਟ ਸਿਟੀ ਮਿਸ਼ਨ ਤਹਿਤ ਲੁਧਿਆਣਾ, ਅੰਮ੍ਰਿਤਸਰ ਅਤੇ ਜਲੰਧਰ ਵਰਗੇ ਸ਼ਹਿਰਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਪੇਂਡੂ ਖੇਤਰਾਂ ਵਿੱਚ ਸਟਰੀਟ ਲਾਈਟਾਂ, ਪੱਕੀਆਂ ਗਲੀਆਂ ਅਤੇ ਸਿਵਰੇਜ ਸਿਸਟਮ ਲਗਾ ਕੇ ਪਿੰਡਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਿਆ ਜਾ ਰਿਹਾ ਹੈ। ਇਹ ਵਿਕਾਸ ਸਿਰਫ਼ ਸ਼ਹਿਰਾਂ ਤੱਕ ਸੀਮਿਤ ਨਹੀਂ ਹੈ, ਸਗੋਂ ਪੰਜਾਬ ਦੇ ਕੋਨੇ-ਕੋਨੇ ਤੱਕ ਪਹੁੰਚ ਰਿਹਾ ਹੈ। ਇੱਕ ਮਜ਼ਬੂਤ ਬੁਨਿਆਦੀ ਢਾਂਚਾ ਹੀ ਵਪਾਰ ਅਤੇ ਸੈਰ-ਸਪਾਟੇ ਨੂੰ ਹੁਲਾਰਾ ਦਿੰਦਾ ਹੈ।

ਮਹਿਲਾ ਸਸ਼ਕਤੀਕਰਨ ਅਤੇ ਸਮਾਜਿਕ ਸੁਰੱਖਿਆ : ਕਿਸੇ ਵੀ ਸਮਾਜ ਦੀ ਤਰੱਕੀ ਔਰਤਾਂ ਦੀ ਭਾਈਵਾਲੀ ਤੋਂ ਬਿਨਾਂ ਅਧੂਰੀ ਹੈ। ਪੰਜਾਬ ਵਿੱਚ ਔਰਤਾਂ ਦੀ ਸੁਰੱਖਿਆ ਅਤੇ ਸਿੱਖਿਆ ਲਈ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ। ਔਰਤਾਂ ਲਈ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਨੇ ਉਨ੍ਹਾਂ ਦੀ ਗਤੀਸ਼ੀਲਤਾ ਅਤੇ ਆਤਮ-ਵਿਸ਼ਵਾਸ ਵਿੱਚ ਵਾਧਾ ਕੀਤਾ ਹੈ। ਗਰੀਬ ਪਰਿਵਾਰਾਂ ਦੀਆਂ ਲੜਕੀਆਂ ਦੀ ਸਿੱਖਿਆ ਲਈ ਵਜ਼ੀਫ਼ੇ ਅਤੇ ਹੁਨਰ ਸਿਖਲਾਈ ਦੇ ਪ੍ਰੋਗਰਾਮ ਚਲਾਏ ਜਾ ਰਹੇ ਹਨ। ਸਮਾਜਿਕ ਸੁਰੱਖਿਆ ਪੈਨਸ਼ਨਾਂ ਨੂੰ ਸਮੇਂ ਸਿਰ ਅਤੇ ਸਿੱਧੇ ਬੈਂਕ ਖਾਤਿਆਂ ਵਿੱਚ ਪਹੁੰਚਾਉਣਾ ਯਕੀਨੀ ਬਣਾਇਆ ਗਿਆ ਹੈ।

ਵਾਤਾਵਰਣ ਦੀ ਸੰਭਾਲ ਅਤੇ ਟਿਕਾਊ ਵਿਕਾਸ : ਵਿਕਾਸ ਦੀ ਦੌੜ ਵਿੱਚ ਅਸੀਂ ਅਕਸਰ ਕੁਦਰਤ ਨੂੰ ਵਿਸਾਰ ਦਿੰਦੇ ਹਾਂ। ਪੰਜਾਬ ਵਿੱਚ ਪਾਣੀ ਦੀ ਘਾਟ ਅਤੇ ਹਵਾ ਪ੍ਰਦੂਸ਼ਣ ਗੰਭੀਰ ਮੁੱਦੇ ਹਨ। ਸਰਕਾਰ ਨੇ ਬੂਟੇ ਲਗਾਉਣ ਦੀ ਮੁਹਿੰਮ ਅਤੇ ਜੰਗਲਾਤ ਹੇਠ ਰਕਬਾ ਵਧਾਉਣ ਲਈ ਵਿਸ਼ੇਸ਼ ਯੋਜਨਾਵਾਂ ਬਣਾਈਆਂ ਹਨ। ਸੂਰਜੀ ਊਰਜਾ (Solar Energy) ਨੂੰ ਉਤਸ਼ਾਹਿਤ ਕਰਕੇ ਬਿਜਲੀ ਦੀ ਕਿੱਲਤ ਨੂੰ ਦੂਰ ਕਰਨ ਅਤੇ ਵਾਤਾਵਰਣ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਨਦੀਆਂ ਅਤੇ ਦਰਿਆਵਾਂ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਸਖ਼ਤ ਕਾਨੂੰਨ ਲਾਗੂ ਕੀਤੇ ਜਾ ਰਹੇ ਹਨ। ਪੰਜਾਬ ਦੇ ਲੋਕਾਂ ਨੂੰ 'ਹਰਾ-ਭਰਾ ਪੰਜਾਬ' ਦੇ ਸੰਕਲਪ ਨਾਲ ਜੋੜਨਾ ਅੱਜ ਦੀ ਸਭ ਤੋਂ ਵੱਡੀ ਲੋੜ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਾਫ਼-ਸੁਥਰਾ ਵਾਤਾਵਰਣ ਛੱਡਿਆ ਜਾ ਸਕੇ।

ਇੱਕ ਨਵੀਂ ਸਵੇਰ ਦੀ ਉਮੀਦ : ਪੰਜਾਬ ਅੱਜ ਬਦਲਾਅ ਦੀ ਰਾਹ 'ਤੇ ਹੈ। ਇਹ ਸਫ਼ਰ ਚੁਣੌਤੀਆਂ ਭਰਿਆ ਜ਼ਰੂਰ ਹੈ ਪਰ ਅਸੰਭਵ ਨਹੀਂ। ਨਵੇਂ ਇਰਾਦਿਆਂ ਅਤੇ ਲੋਕ-ਭਲਾਈ ਦੀਆਂ ਨੀਤੀਆਂ ਨੇ ਪੰਜਾਬੀਆਂ ਦੇ ਮਨਾਂ ਵਿੱਚ ਇੱਕ ਨਵੀਂ ਉਮੀਦ ਜਗਾਈ ਹੈ। ਸਿਹਤ, ਸਿੱਖਿਆ, ਖੇਤੀਬਾੜੀ ਅਤੇ ਉਦਯੋਗ ਦੇ ਖੇਤਰ ਵਿੱਚ ਕੀਤੇ ਜਾ ਰਹੇ ਸੁਧਾਰਾਂ ਦੇ ਨਤੀਜੇ ਹੌਲੀ-ਹੌਲੀ ਸਾਹਮਣੇ ਆਉਣ ਲੱਗੇ ਹਨ। ਪੰਜਾਬ ਦੀ ਤਰੱਕੀ ਸਿਰਫ਼ ਅੰਕੜਿਆਂ ਵਿੱਚ ਨਹੀਂ ਸਗੋਂ ਲੋਕਾਂ ਦੀਆਂ ਖ਼ੁਸ਼ੀਆਂ ਅਤੇ ਜੀਵਨ ਪੱਧਰ ਵਿੱਚ ਝਲਕਣੀ ਚਾਹੀਦੀ ਹੈ। ਜੇਕਰ ਸਰਕਾਰ ਅਤੇ ਜਨਤਾ ਮਿਲ ਕੇ ਇਮਾਨਦਾਰੀ ਨਾਲ ਯਤਨ ਕਰਦੇ ਰਹਿਣ, ਤਾਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਇੱਕ ਵਾਰ ਫਿਰ ਭਾਰਤ ਦਾ ਮੋਹਰੀ ਰਾਜ ਬਣ ਕੇ ਉੱਭਰੇਗਾ। ਇਹ ਸਿਰਫ਼ ਇੱਕ ਰਾਜ ਦੀ ਤਰੱਕੀ ਨਹੀਂ ਹੋਵੇਗੀ, ਸਗੋਂ ਪੂਰੇ ਦੇਸ਼ ਲਈ ਇੱਕ ਮਾਡਲ ਹੋਵੇਗਾ ਜੋ ਇਹ ਦਰਸਾਏਗਾ ਕਿ ਕਿਵੇਂ ਸਹੀ ਨੀਤੀਆਂ ਅਤੇ ਨੇਕ ਨੀਅਤ ਨਾਲ ਕਿਸੇ ਵੀ ਖ਼ਿੱਤੇ ਦੀ ਤਕਦੀਰ ਬਦਲੀ ਜਾ ਸਕਦੀ ਹੈ। ਪੰਜਾਬ ਵੱਲੋਂ ਲਏ ਗਏ ਇਹ ਨਵੇਂ ਇਰਾਦੇ ਹੀ ਇਸ ਦੀ ਮਜ਼ਬੂਤ ਅਰਥਵਿਵਸਥਾ ਅਤੇ ਸੁਨਹਿਰੀ ਭਵਿੱਖ ਦੀ ਗਰੰਟੀ ਹਨ।

ਕਮਲਜੀਤ ਸਿੰਘ ਬਨਵੈਤ
98147 34035



ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ !

ਪੰਜਾਬ ਦੀ ਸਿਆਸਤ ਵਿੱਚ ਇਨਕਲਾਬੀ ਸੋਚ ਤੇ ਕੱਟੜ ਇਮਾਨਦਾਰੀ ਦੇ ਦਾਅਵੇ ਅਤੇ ਵਾਅਦੇ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਚਾਰ ਸਾਲ ਪੂਰੇ ਕਰ ਲਏ ਹਨ। ਸਰਕਾਰ ਕੋਲ ਆਪਣੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ ਲਈ ਇੱਕ ਸਾਲ ਤੋਂ ਘੱਟ ਦਾ ਸਮਾਂ ਬਚਿਆ ਹੈ। ਵੋਟਾਂ ਤੋਂ ਛੇ ਮਹੀਨੇ ਪਹਿਲਾਂ ਸੂਬੇ ਜਾਂ ਮੁਲਕ ਵਿੱਚ ਚੋਣਾਂ ਦੀ ਰੁੱਤ ਸ਼ੁਰੂ ਹੋ ਜਾਂਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਨੇ 2022 ਤੋਂ 2026 ਦੌਰਾਨ ਅਨੇਕਾਂ ਮਹੱਤਵਪੂਰਨ ਫੈਸਲੇ ਲਏ ਹਾਲਾਂਕਿ ਕਈ ਮਾਮਲਿਆਂ ਵਿੱਚ ਕੂਹਣੀ ਮੁੜ ਕੱਟਣਾ ਪਿਆ। ਅਜਿਹੇ ਵੀ ਮਾਮਲੇ ਹੋਣਗੇ ਜਿਹੜੇ ਅੱਧ ਵਿਚਾਲੇ ਲਟਕ ਕੇ ਰਹਿ ਗਏ ਹਨ। ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਦੇ 92 ਵਿਧਾਇਕਾਂ ਨੂੰ ਜਿਤਾਇਆ ਸੀ ਪਰ ਹੁਣ ਸਰਕਾਰ 95 ਵਿਧਾਇਕਾਂ ਨਾਲ ਕਾਰਜਸ਼ੀਲ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਨੇ 16 ਮਾਰਚ 2022 ਨੂੰ ਸ਼ਹੀਦ ਭਗਤ ਸਿੰਘ ਦੇ ਪਿੰਡ ਹਲਫ਼ ਲਿਆ ਸੀ। ਪੰਜਾਬ ਸਰਕਾਰ ਆਪਣੇ ਚਾਰ ਸਾਲ ਪੂਰੇ ਹੋਣ ਉੱਤੇ ਸਾਰੀਆਂ ਗਰੰਟੀਆਂ ਪੂਰੀਆਂ ਕਰਨ ਦਾ ਦਾਅਵਾ ਕਰ ਰਹੀ ਹੈ। ਪੰਜਾਬ ਸਰਕਾਰ ਵੱਲੋਂ ਆਪਣੀਆਂ ਪ੍ਰਾਪਤੀਆਂ ਦਾ ਇੱਕ ਕਿਤਾਬਚਾ ਜਾਰੀ ਕੀਤਾ ਗਿਆ ਹੈ ਅਤੇ ਸਾਰੀਆਂ ਅਖ਼ਬਾਰਾਂ ਵਿੱਚ ਦੋ ਪੰਨਿਆਂ ਦਾ ਇਸ਼ਤਿਹਾਰ ਪਵਾਇਆ ਗਿਆ ਹੈ। ਇਸ਼ਤਿਹਾਰ ਦੇ ਵਿਚਕਾਰ ਮੁੱਖ ਮੰਤਰੀ ਮਾਨ ਦੀ ਇੱਕ ਸੰਤੁਸ਼ਟੀ ਵਾਲੀ ਤਸਵੀਰ ਲਾਈ ਗਈ ਹੈ। ਇਸ ਇਸ਼ਤਿਹਾਰ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਗੁਣਗਾਣ ਕੀਤਾ ਗਿਆ ਹੈ।

ਸਭ ਤੋਂ ਉੱਪਰ ਸਿਹਤ ਦੇ ਖੇਤਰ ਵਿੱਚ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹਾਂ ਹਰ ਪਰਿਵਾਰ ਲਈ 10 ਲੱਖ ਦਾ ਬਿਲਕੁਲ ਮੁਫ਼ਤ ਇਲਾਜ ਦੇਣ ਦਾ ਦਾਅਵਾ ਕੀਤਾ ਗਿਆ ਹੈ। ਆਮ ਆਦਮੀ ਕਲੀਨ ਕੰਮ ਵਿੱਚ ਦਵਾਈਆਂ ਅਤੇ ਜਾਂਚ ਮੁਫਤ, 2661 ਡਾਕਟਰਾਂ ਦੀ ਭਰਤੀ ਅਤੇ ਸੀਐਮ ਦੀ ਯੋਗਸ਼ਾਲਾ ਵਿੱਚ ਰੋਜ਼ਾਨਾ ਲੱਖਾਂ ਲੋਕਾਂ ਨੂੰ ਮੁਫਤ ਯੋਗਾ ਕਲਾਸਾਂ ਦੇਣ ਦੀ ਗੱਲ ਕਹੀ ਗਈ ਹੈ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੁਫ਼ਤ ਯਾਤਰਾ ਦਾ ਗੁਣਗਾਨ ਕੀਤਾ ਗਿਆ ਹੈ। ਹਾਲਾਂਕਿ ਇਹੋ ਜਿਹੀ ਸਕੀਮ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਵੀ ਦਿੱਤੀ ਗਈ ਸੀ।

ਸਿੱਖਿਆ ਦੇ ਖੇਤਰ ਵਿੱਚ ਪੰਜਾਬ ਨੂੰ ਨੰਬਰ ਵਨ ਉੱਤੇ ਲਿਆਉਣ ਦਾ ਦਾਅਵਾ ਕੀਤਾ ਗਿਆ ਹੈ, ਜਿਸ ਲਈ ਵੱਖ-ਵੱਖ ਤਰ੍ਹਾਂ ਦੀਆਂ ਛੇ ਪ੍ਰਾਪਤੀਆਂ ਗਿਣਾਈਆਂ ਗਈਆਂ ਹਨ। ਯੁੱਧ ਨਸ਼ਿਆਂ ਵਿਰੁੱਧ ਤਹਿਤ ਦੱਸਿਆ ਗਿਆ ਹੈ ਕਿ 50 ਤਸਕਰ ਗ੍ਰਿਫਤਾਰ ਕੀਤੇ ਗਏ ਹਨ ਅਤੇ 32620 ਕਿਲੋ ਨਸ਼ਾ ਜ਼ਬਤ ਕਰਕੇ ਟੀਚਾ ਹਾਸਿਲ ਕਰ ਲਿਆ ਗਿਆ ਹੈ। ਸੜਕ ਸੁਰੱਖਿਆ ਫੋਰਸ ਦੇ ਸਹਾਰੇ ਮੌਤ ਦਰ 50 ਫੀਸਦੀ ਤੋਂ ਵੱਧ ਕੱਟਣ ਦਾ ਦਾਅਵਾ ਕੀਤਾ ਗਿਆ ਹੈ। ਭਰਿਸ਼ਟਾਚਾਰ ਮੁਕਤ ਪੰਜਾਬ ਦੀ ਗੱਲ ਕਰਦਿਆਂ 1000 ਤੋਂ ਵੱਧ ਭ੍ਰਿਸ਼ਟਾਚਾਰੀਆਂ ਦੀਆਂ ਗ੍ਰਿਫਤਾਰੀਆਂ ਗਿਣਤੀ ਦੱਸੀ ਗਈ ਹੈ।

ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਸ਼ਾਨਦਾਰ ਚਾਰ ਸਾਲ ਵਿੱਚ ਲੋਕਾਂ ਨੂੰ ਦਿੱਤੀਆਂ ਸਹੂਲਤਾਂ ਦਾ ਪਹੜਾ ਪੜ੍ਹਦਿਆਂ 90 ਫ਼ੀਸਦੀ ਘਰਾਂ ਨੂੰ 600 ਯੂਨਿਟ ਬਿਜਲੀ ਮੁਫ਼ਤ ਦੇਣ ਅਤੇ ਕਿਸਾਨਾਂ ਨੂੰ ਖੇਤੀ ਲਈ ਦਿਨ ਵਿੱਚ ਬਿਜਲੀ ਦੇਣਾ ਪ੍ਰਾਪਤੀਆਂ ਵਿੱਚ ਸ਼ਾਮਿਲ ਹੈ। ਸ਼ਹੀਦਾਂ ਦੇ ਪਰਿਵਾਰਾਂ ਨੂੰ ਇਕ ਕਰੋੜ ਦੀ ਸਨਮਾਨ ਰਾਸ਼ੀ ਅਤੇ ਓਲੰਪਿਕ ਤਗਮਾ ਜੇਤੂ ਖਿਡਾਰੀਆਂ ਨੂੰ ਇਕ ਕਰੋੜ ਨਗਦ ਤੇ ਸਰਕਾਰੀ ਨੌਕਰੀ ਦੇਣ ਦੀ ਜਾਣਕਾਰੀ ਦਿੱਤੀ ਗਈ ਹੈ। ਇਸ਼ਤਿਹਾਰ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲਾਂ ਵਿੱਚ 1.55 ਲੱਖ ਕਰੋੜ ਦਾ ਨਿਵੇਸ਼ ਅਤੇ 5 ਲੱਖ ਨੌਜਵਾਨਾਂ ਨੂੰ ਰੁਜ਼ਗਾਰ ਦੇ ਨਵੇਂ ਮੌਕੇ ਦੇਣ ਦਾ ਦਾਅਵਾ ਕੀਤਾ ਗਿਆ ਹੈ। ਪੇਂਡੂ ਵਿਕਾਸ ਤਹਿਤ 49 ਕਿਲੋਮੀਟਰ ਸੜਕਾਂ ਦੇ ਨਿਰਮਾਣ ਅਤੇ ਪੇਂਡੂ ਖੇਤਰਾਂ ਵਿੱਚ ਆਧੁਨਿਕ ਲਾਇਬ੍ਰੇਰੀਆਂ ਦੇ ਨਿਰਮਾਣ ਦੀ ਗੱਲ ਕਹੀ ਗਈ ਹੈ। ਖੇਤੀਬਾੜੀ ਖੇਤਰ ਦੀ ਗੱਲ ਕਰਦਿਆਂ ਦੇਸ਼ ਵਿੱਚ ਸਭ ਤੋਂ ਵੱਧ ਮੁਆਵਜ਼ਾ ਦੇਣ ਦਾ ਦਾਅਵਾ ਕੀਤਾ ਗਿਆ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਈਜ਼ੀ ਰਜਿਸਟਰੀ ਨੂੰ ਪਹਿਲਾਂ ਤੋਂ ਹੀ ਆਪਣੀ ਵਿਲੱਖਣ ਪ੍ਰਾਪਤੀ ਦੱਸੀ ਜਾ ਰਹੀ ਹੈ। ਮੇਰੀ ਰਸੋਈ ਯੋਜਨਾ ਤਹਿਤ 40 ਲੱਖ ਗਰੀਬ ਪਰਿਵਾਰਾਂ ਨੂੰ ਦੋ ਕਿਲੋ ਦਾਲ, ਇੱਕ ਕਿਲੋ ਖੰਡ, ਇਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ ਇੱਕ ਲੀਟਰ ਸਰੋਂ ਦਾ ਤੇਲ ਦੇਣ ਦਾ ਦਾਅਵਾ ਕੀਤਾ ਗਿਆ ਹੈ।

ਰਸੋਈ ਸਕੀਮ ਦੀ ਗੱਲ ਕਰੀਏ ਤਾਂ ਸਰਕਾਰ ਨੇ ਹੁਣ ਨਵੇਂ ਰਾਸ਼ਨ ਕਾਰਡਾਂ ਲਈ ਸ਼ਰਤਾਂ ਵਿੱਚ ਖੁੱਲ੍ਹੀ ਛੁੱਟੀ ਦੇ ਦਿੱਤੀ ਹੈ। ਵਿਧਾਨ ਸਭਾ ਚੋਣਾਂ ਵਿੱਚ ਕੁਝ ਮਹੀਨੇ ਰਹਿੰਦਿਆਂ ਸਰਕਾਰ ਨੇ ਨਵੇਂ ਰਾਸ਼ਨ ਕਾਰਡ ਬਣਾਉਣ ਲਈ ਕਈ ਢਿੱਲਾਂ ਦੇਣ ਦਾ ਐਲਾਨ ਕੀਤਾ। ਸੂਬਾ ਸਰਕਾਰ ਨੇ ਅਗਲੇ ਸਾਲ ਦੇ ਵਿੱਚ 10 ਲੱਖ ਨਵੇਂ ਰਾਸ਼ਨ ਕਾਰਡ ਬਣਾਉਣ ਦਾ ਐਲਾਨ ਕੀਤਾ ਸੀ। ਆਪ ਸਰਕਾਰ ਨੇ 11 ਸਤੰਬਰ 2025 ਨੂੰ ਜਾਰੀ ਨੋਟੀਫਿਕੇਸ਼ਨ ਪੂਰੀ ਤਰ੍ਹਾਂ ਪਲਟ ਦਿੱਤਾ ਹੈ, ਜਿਸ ਵਿੱਚ ਕੇਂਦਰੀ ਫਾਰਮੂਲੇ ਨੂੰ ਪ੍ਰਵਾਨ ਕੀਤਾ ਗਿਆ ਸੀ। ਨਵੇਂ ਫੈਸਲੇ ਅਨੁਸਾਰ ਸਰਕਾਰੀ ਮੁਲਾਜ਼ਮਾਂ ਨੂੰ ਛੱਡ ਕੇ ਪੂਰੀ ਦੀ ਪੂਰੀ ਮਿਡਲ ਕਲਾਸ ਨੂੰ ਇਹ ਸਹੂਲਤ ਮਿਲਣ ਲੱਗ ਪਵੇਗੀ। ਸਰਕਾਰ ਨੇ ਆਮਦਨ ਦੀ ਸ਼ਰਤ 8 ਲੱਖ ਕਰ ਦਿੱਤੀ ਹੈ ਅਤੇ ਉਪਜਾਊ ਏਕੜ ਜ਼ਮੀਨ ਦੀ ਸ਼ਰਤ ਪੰਜ ਏਕੜ ਕਰ ਦਿੱਤੀ ਹੈ। ਜ਼ਮੀਨ ਲਈ ਸ਼ਰਤ ਕੋਈ ਨਹੀਂ ਰਹੇਗੀ।

ਇਹਨਾਂ ਦਾਅਵਿਆਂ 'ਤੇ ਗੱਲ ਕਰੀਏ ਤਾਂ ਇਸ ਵਿੱਚੋਂ ਮੁਫਤ ਬਿਜਲੀ ਵਾਲੀ ਗਰੰਟੀ ਸਭ ਤੋਂ ਅਹਿਮ ਸੀ। ਸੂਬਾ ਸਰਕਾਰ ਵੱਲੋਂ ਵਾਅਦੇ ਮੁਤਾਬਕ 300 ਯੂਨਿਟ ਮੁਫਤ ਬਿਜਲੀ ਦੀ ਯੋਜਨਾ ਲਗਾਤਾਰ ਜਾਰੀ ਹੈ। ਐਮੀਨੈਂਸ ਸਕੂਲ ਤੇ ਆਮ ਆਦਮੀ ਕਲੀਨਕਾਂ ਵਿਰੋਧੀ ਧਿਰਾਂ ਦੇ ਸ਼ੁਰੂ ਤੋਂ ਹੀ ਨਿਸ਼ਾਨੇ 'ਤੇ ਹਨ। ਭਰਿਸ਼ਟਾਚਾਰ ਨੂੰ ਸਰਕਾਰ ਚਾਹੇ ਪੂਰੀ ਤਰ੍ਹਾਂ ਨੱਥ ਨਹੀਂ ਪਾ ਸਕੀ ਪਰ ਇਸ ਪਾਸੇ ਵੱਲ ਚੁੱਕਿਆ ਕਦਮ ਸਵਾਗਤ ਯੋਗ ਮੰਨਿਆ ਜਾਣਾ ਬਣਦਾ ਹੈ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਮੁਕੰਮਲ ਨਤੀਜੇ ਆਉਣੇ ਹਾਲੇ ਬਾਕੀ ਹਨ।

ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਕਰਜ਼ਾ ਚਾਰ ਲੱਖ ਕਰੋੜ ਨੂੰ ਟੱਪ ਚੁੱਕਾ ਹੈ। ਅਗਲੇ ਵਿੱਤੀ ਸਾਲ ਦੇ ਅੰਤ ਵਿੱਚ ਇਹ ਪੰਜ ਲੱਖ ਕਰੋੜ ਨੂੰ ਪਾਰ ਕਰ ਜਾਵੇਗਾ। ਹਰਪਾਲ ਸਿੰਘ ਚੀਮਾ ਅਨੁਸਾਰ ਕੁਲ ਮਾਲੀਏ ਦਾ ਪੰਜਾਬ ਫ਼ੀਸਦੀ ਵਿਆਜ ਭਰਨ ਅਤੇ 35 ਫ਼ੀਸਦੀ ਕਰਜ਼ਾ ਮੋੜਨ ਵਿੱਚ ਜਾ ਰਿਹਾ ਹੈ। ਸੂਬੇ ਦੇ ਵਿਕਾਸ ਲਈ ਕੇਵਲ 15 ਫ਼ੀਸਦੀ ਬਚਦੇ ਹਨ।

ਸਰਕਾਰ ਨੇ ਕਿਸਾਨ ਹਿਤੈਸ਼ੀ ਹੋਣ ਦਾ ਦਾਅਵਾ ਕੀਤਾ ਹੈ ਪਰ ਕਿਸਾਨ ਪਿਛਲੀਆਂ ਸਰਕਾਰਾਂ ਦੀਆਂ ਨਿਸਬਤ ਸਭ ਤੋਂ ਵੱਧ ਭਗਵੰਤ ਸਿੰਘ ਮਾਨ ਦੀ ਸਰਕਾਰ ਨੂੰ ਘੇਰਦੇ ਆ ਰਹੇ ਹਨ। ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਸਕੂਲਾਂ ਵਿੱਚ ਧੜਾ-ਧੜ ਕੀਤੇ ਜਾ ਰਹੇ ਉਦਘਾਟਨ ਵੀ ਚਰਚਾ ਬਣੇ ਰਹੇ ਹਨ। ਕਿਸੇ ਨਾ ਕਿਸੇ ਮੌਕੇ 'ਤੇ ਆ ਕੇ ਸਰਕਾਰ ਨੇ ਸ਼ਾਇਦ ਆਪ ਹੀ ਮੰਨ ਲਿਆ ਸੀ ਕਿ ਇਹ ਉਦਘਾਟਨ ਇੱਕ ਪ੍ਰਚਾਰ ਤੋਂ ਵੱਧ ਕੁਝ ਨਹੀਂ ਹਨ। ਸਰਕਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਚਿਰਾਂ ਤੋਂ ਚੱਲ ਰਹੇ ਕੇਸਾਂ ਨੂੰ ਲੈ ਕੇ ਵੀ ਆਲੋਚਨਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵਿਰੋਧੀ ਧਿਰਾਂ ਦਾ ਦੋਸ਼ ਹੈ ਕਿ ਗੈਂਗਸਟਰ ਘਟਨਾਵਾਂ ਵਿੱਚ ਸਰਕਾਰ ਬੁਰੀ ਤਰ੍ਹਾਂ ਅਸਫਲ ਰਹੀ ਹੈ ਅਤੇ ਅਮਨ ਕਾਨੂੰਨ ਇੱਕ ਤਰ੍ਹਾਂ ਨਾਲ ਖੰਭ ਲਾ ਕੇ ਉੱਡ ਗਿਆ ਹੈ। ਸਰਕਾਰ ਉੱਤੇ ਕਿਸਾਨ ਖ਼ੁਦਕੁਸ਼ੀਆਂ ਨੂੰ ਵੀ ਸੰਜੀਦਗੀ ਨਾਲ ਨਾ ਲੈਣ ਦਾ ਦੋਸ਼ ਹੈ।

ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕੱਚਘਰੜ ਅਤੇ ਗ਼ੈਰ ਤਜਰਬਾਕਾਰ ਤੋਹਮਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਤਜ਼ਰਬਾ ਨਾ ਹੋਣ ਕਰਕੇ ਹੀ ਸਰਕਾਰ ਨੂੰ ਕਈ ਵਾਰ ਕੂਹਣੀ ਮੋੜ ਕੱਟਣਾ ਪਿਆ ਸੀ ਅਤੇ ਅਫਸਰਸ਼ਾਹੀ ਉੱਤੇ ਵੀ ਕਾਠੀ ਨਹੀਂ ਪਾਈ ਜਾ ਸਕੀ।

ਕਿਹਾ ਜਾ ਸਕਦਾ ਹੈ ਕਿ ਸਰਕਾਰ ਨੇ ਆਪਣੇ ਚਾਰ ਸਾਲਾਂ ਵਿੱਚ ਕਈ ਸਾਰੇ ਅਹਿਮ ਕੰਮ ਕੀਤੇ ਹਨ ਪਰ ਵਿੱਤੀ ਹਾਲਾਤ ਅਤੇ ਗੈਂਗਸਟਰਾਂ ਸਮੇਤ ਅਮਨ ਕਾਨੂੰਨ ਦੀ ਸਥਿਤੀ ਨੇ ਜ਼ਿਆਦਾ ਵਾਹ ਪੇਸ਼ ਨਹੀਂ ਜਾਣ ਦਿੱਤੀ ਹੈ। ਵਿੱਤੀ ਤੰਗੀ ਤੁਰਸ਼ੀ ਦੇ ਬਾਵਜੂਦ ਵਿੱਤੀ ਗਰੰਟੀਆਂ ਪੂਰੀਆਂ ਕਰਨਾ ਸਰਕਾਰ ਦੀ ਵੱਡੀ ਪ੍ਰਾਪਤੀ ਮੰਨਣੀ ਪਵੇਗੀ। ਅਗਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਜੇ ਸਾਰੀਆਂ ਪਾਰਟੀਆਂ ਇਹ ਪ੍ਰਣ ਕਰ ਲੈਣ ਕਿ ਵੋਟਰਾਂ ਨੂੰ ਪਾਇਆ ਜਾਣ ਵਾਲਾ ਚੋਗਾ ਘਾਟੇ ਦਾ ਸੌਦਾ ਹੈ ਤਾਂ ਸ਼ਾਇਦ ਵਿੱਤੀ ਹਾਲਤ ਵਿੱਚ ਸੁਧਾਰ ਤਾਂ ਹੋਵੇਗਾ ਹੀ ਨਾਲ ਹੀ ਵਿਕਾਸ ਦੀ ਗੱਡੀ ਵੀ ਲੀਹ 'ਤੇ ਆ ਜਾਵੇਗੀ।

ਮਨੁੱਖ ਤੇ ਮਨੁੱਖਤਾ ਵਿਰੁੱਧ : ਯੁੱਧ

ਗੁਰਮੀਤ ਸਿੰਘ ਪਲਾਹੀ
9815802070

ਦੂਜੇ ਸੰਸਾਰ ਮਹਾਂਯੁੱਧ ਸਮੇਂ ਅਮਰੀਕਾ ਦੇ ਮਸ਼ਹੂਰ ਸੈਨਿਕ ਜਨਰਲ ਡਵਾਈਟ ਡੀ. ਆਇਜ਼ਨਹਾਵਰ, ਜੋ ਬਾਅਦ ਵਿੱਚ ਅਮਰੀਕਾ ਦੇ 34ਵੇਂ ਰਾਸ਼ਟਰਪਤੀ ਵੀ ਬਣੇ, ਨੇ ਕਿਹਾ ਸੀ ਕਿ ਯੁੱਧ ਅੱਤਿਆਚਾਰੀ, ਬੇਅਰਥ ਅਤੇ ਬੇਵਕੂਫ਼ੀ ਭਰਿਆ ਹੁੰਦਾ ਹੈ। ਅਮਰੀਕਾ ਅਤੇ ਇਜ਼ਰਾਇਲ ਵੱਲੋਂ ਈਰਾਨ ਦੇ ਵਿਰੁੱਧ 28 ਫਰਵਰੀ 2026 ਨੂੰ ਬਿਨਾਂ ਸੋਚੇ ਸਮਝੇ ਯੁੱਧ ਸ਼ੁਰੂ ਕੀਤਾ ਗਿਆ ਹੈ। ਇਸ ਯੁੱਧ ਦੇ ਨਤੀਜੇ ਦੁਨੀਆਂ ਨੂੰ ਲੰਮੇ ਸਮੇਂ ਤੱਕ ਭੁਗਤਣੇ ਪੈਣਗੇ।

ਦੋ ਹਫ਼ਤਿਆਂ ਦੇ ਇਸ ਭਿਆਨਕ ਯੁੱਧ ਵਿੱਚ ਈਰਾਨ ਤਬਾਹ ਹੋਇਆ ਲੱਗਦਾ ਹੈ, ਪਰ ਕੀ ਈਰਾਨ ਯੁੱਧ ਹਾਰ ਗਿਆ ਹੈ? ਯੁੱਧ ਦੇ ਪਹਿਲੇ ਦਿਨ ਹੀ ਈਰਾਨ ਦਾ ਪ੍ਰਮੁੱਖ ਆਯਤੁੱਲਾ ਅਲੀ ਖਾਮਨੇਈ ਸਮੇਤ ਉਸਦੇ ਕਈ ਉੱਚ ਕੋਟੀ ਦੇ ਸਾਥੀ ਸਮੇਤ ਮਾਰਿਆ ਗਿਆ। ਪਰ ਵੱਡੀ ਤੇਜ਼ੀ ਨਾਲ ਈਰਾਨ ਨੇ ਆਪਣਾ ਨਵਾਂ ਨੇਤਾ ਚੁਣ ਲਿਆ। ਹੁਣ ਤੱਕ ਹਜ਼ਾਰਾਂ ਈਰਾਨੀ ਮਾਰੇ ਗਏ ਹਨ ਅਤੇ ਦਸ ਹਜ਼ਾਰ ਤੋਂ ਵੱਧ ਜ਼ਖ਼ਮੀ ਹੋਏ ਹਨ।

ਇੱਕ ਅਮਰੀਕੀ ਟੋਮਾਹਾਕ ਮਿਸਾਈਲ ਇੱਕ ਈਰਾਨੀ ਸਕੂਲ ਉੱਤੇ ਡਿੱਗੀ, ਜਿਸ ਵਿੱਚ 168 ਬੱਚੇ ਅਤੇ 14 ਅਧਿਆਪਕ ਮਾਰੇ ਗਏ। ਆਖ਼ਿਰ ਉਹਨਾਂ ਦਾ ਕੀ ਕਸੂਰ ਸੀ?

ਇਜ਼ਰਾਇਲ ਨੇ ਅਮਰੀਕਾ ਨੂੰ ਉਕਸਾਇਆ ਕਿ ਈਰਾਨ ਨੇ ਵੱਡੀ ਮਾਤਰਾ ਵਿੱਚ ਯੂਰੇਨੀਅਮ ਇਕੱਠਾ ਕਰ ਲਿਆ ਹੈ ਅਤੇ ਉਸਨੇ ਪਰਮਾਣੂ ਹਥਿਆਰਾਂ ਦੇ ਨਿਰਮਾਣ ਨੂੰ ਲਗਭਗ ਪੂਰਾ ਕਰ ਲਿਆ ਹੈ।

ਇਸ ਸਬੰਧ ਵਿੱਚ ਕਤਰ ਦੇਸ਼ ਨੇ ਗੱਲਬਾਤ ਲਈ ਭੂਮਿਕਾ ਨਿਭਾਉਣ ਦਾ ਯਤਨ ਕੀਤਾ। ਓਮਾਨ ਦੇ ਵਿਦੇਸ਼ ਮੰਤਰੀ ਨੇ ਵਾਸ਼ਿੰਗਟਨ ਪਹੁੰਚ ਕੇ ਈਰਾਨ ਦਾ ਇਹ ਵਾਇਦਾ ਅਮਰੀਕਾ ਦੇ ਰਾਸ਼ਟਰਪਤੀ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਕਿ ਈਰਾਨ ਯੂਰੇਨੀਅਮ ਦਾ ਕੋਈ ਭੰਡਾਰਨ ਨਾ ਰੱਖਣ ਲਈ ਸਹਿਮਤ ਹੋ ਗਿਆ ਹੈ ਅਤੇ ਉਸਨੇ ਕਦੇ ਵੀ ਪਰਮਾਣੂ ਹਥਿਆਰ ਨਾ ਰੱਖਣ ਦੀ ਕਸਮ ਖਾਧੀ ਹੈ। ਪਰ ਇਸ ਵਾਇਦੇ ਨੂੰ ਦਰਕਿਨਾਰ ਕਰਦਿਆਂ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਚਾਨਕ ਗੱਲਬਾਤ ਖ਼ਤਮ ਕਰ ਦਿੱਤੀ ਅਤੇ ਈਰਾਨ ਉੱਤੇ ਹਮਲੇ ਦਾ ਹੁਕਮ ਚਾੜ੍ਹ ਦਿੱਤਾ। ਕੀ ਇਹ ਜਾਇਜ਼ ਹੈ?

ਅਮਰੀਕਾ, ਇਜ਼ਰਾਇਲ ਅਤੇ ਈਰਾਨ ਦੇ ਦਰਮਿਆਨ ਚੱਲ ਰਹੇ ਇਸ ਯੁੱਧ ਦੇ ਪਿੱਛੇ ਸਿਰਫ਼ ਪਰਮਾਣੂ ਹਥਿਆਰ ਰੱਖਣ ਦੀ ਗੱਲ ਹੀ ਨਹੀਂ ਹੈ, ਸਗੋਂ ਨਸਲੀ ਅਤੇ ਧਾਰਮਿਕ ਭਾਵਨਾਵਾਂ ਵੀ ਕੰਮ ਕਰ ਰਹੀਆਂ ਹਨ। ਇਜ਼ਰਾਇਲ ਇੱਕ ਸਾਮਰਾਜਵਾਦੀ ਦੇਸ਼ ਦੇ ਰੂਪ ਵਿੱਚ ਦੁਨੀਆ ਸਾਹਮਣੇ ਆਇਆ ਹੈ। ਇਸ ਵੇਲੇ ਅਮਰੀਕਾ ਉਹਨਾਂ ਸਾਰੇ ਸਿਧਾਂਤਾਂ ਨੂੰ ਛਿੱਕੇ ਟੰਗ ਕੇ, ਜਿਨ੍ਹਾਂ ਉੱਤੇ ਉਸ ਦੀ ਨੀਂਹ ਰੱਖੀ ਗਈ ਸੀ, ਇਜ਼ਰਾਇਲ ਨਾਲ ਰਲ ਕੇ ਵਿਸਥਾਰਵਾਦੀ ਨੀਤੀਆਂ ਨੂੰ ਲਾਗੂ ਕਰਨ ਦੇ ਰਾਹ ਪੈ ਗਿਆ ਹੈ। ਦੁਨੀਆ ਭਰ ਵਿੱਚ ਹਥਿਆਰਾਂ ਦਾ ਵੱਡਾ ਵਪਾਰੀ ਅਤੇ ਹੈਂਕੜਬਾਜ਼ ਥਾਣੇਦਾਰ ਵਜੋਂ ਵੀ ਉਸਦੀ ਵੱਡੀ ਭੂਮਿਕਾ ਹੈ।

ਪਰ ਸਵਾਲ ਇਹ ਹੈ ਕਿ ਅਮਰੀਕਾ ਨੇ ਵੀਅਤਨਾਮ ਨਾਲ ਯੁੱਧ ਲੜ ਕੇ ਕੀ ਪ੍ਰਾਪਤ ਕੀਤਾ ਸੀ? ਉੱਥੇ ਲੰਮਾ ਯੁੱਧ ਚੱਲਿਆ ਅਤੇ ਅਖ਼ੀਰ ਅਮਰੀਕਾ ਨੂੰ ਵੀਅਤਨਾਮ ਦੇ ਲੋਕਾਂ ਦੇ ਦ੍ਰਿੜ ਵਿਸ਼ਵਾਸ ਕਾਰਨ ਉੱਥੋਂ ਵਾਪਸ ਮੁੜਨਾ ਪਿਆ। ਰੂਸ ਨੇ ਚਾਰ ਸਾਲ ਪਹਿਲਾਂ ਯੂਕਰੇਨ ਉੱਤੇ ਹਮਲਾ ਕੀਤਾ, ਪਰ ਉਹ ਹੁਣ ਤੱਕ ਯੁੱਧ ਜਿੱਤ ਨਹੀਂ ਸਕਿਆ। ਇਸ ਦੌਰਾਨ ਰੂਸ ਉੱਤੇ ਕਰਜ਼ੇ ਦਾ ਬੋਝ ਵਧਿਆ, ਤੇਲ ਤੋਂ ਹੋਣ ਵਾਲੀ ਕਮਾਈ ਘੱਟ ਗਈ ਹੈ ਅਤੇ ਰੂਸੀ ਸੈਨਿਕਾਂ ਨੂੰ ਹੁਣ ਕਿਰਾਏ ਦੇ ਵਿਦੇਸ਼ੀ ਸੈਨਿਕਾਂ ਦਾ ਸਹਾਰਾ ਲੈਣਾ ਪੈ ਰਿਹਾ ਹੈ।

ਈਰਾਨ ਨਾਲ ਅਮਰੀਕੀ ਯੁੱਧ ਵੀ ਉਦੋਂ ਤੱਕ ਚੱਲੇਗਾ ਜਿੰਨਾ ਚਿਰ ਤੱਕ ਅਮਰੀਕੀ ਮਸ਼ੀਨਾਂ ਕੰਮ ਕਰ ਰਹੀਆਂ ਹਨ। ਜਦ ਤੱਕ ਮਸ਼ੀਨਾਂ ਦੀ ਪੂਰਤੀ ਹੁੰਦੀ ਰਹੇਗੀ, ਅਮਰੀਕਾ ਆਪਣੀ ਜੰਗ ਜਾਰੀ ਰੱਖ ਸਕਦਾ ਹੈ। ਪਰ ਇਸ ਨਾਲ ਉਹ ਕਿਹੜੇ ਨਿਸ਼ਾਨੇ ਦੀ ਪੂਰਤੀ ਕਰ ਸਕੇਗਾ? ਵੇਖਣ ਵਾਲੀ ਗੱਲ ਇਹ ਹੈ ਕਿ ਜਦੋਂ ਵੀ ਕੋਈ ਦੇਸ਼ ਯੁੱਧ ਸ਼ੁਰੂ ਕਰਦਾ ਹੈ, ਤਾਂ ਉਸ ਨੂੰ ਇਹ ਵੀ ਪਤਾ ਹੋਣਾ ਚਾਹੀਦਾ ਹੈ ਕਿ ਉਸਨੇ ਯੁੱਧ ਕਦੋਂ ਰੋਕਣਾ ਹੈ। ਇੱਕ ਗੱਲ ਜੋ ਸੋਲ੍ਹਾਂ ਆਨੇ ਸੱਚ ਹੈ-ਯੁੱਧ ਵਿੱਚ ਮਨੁੱਖਤਾ ਨੂੰ ਵੱਡੀ ਕੀਮਤ ਤਾਰਨੀ ਪੈਂਦੀ ਹੈ। ਇਸ ਕੀਮਤ ਦਾ ਅੰਦਾਜ਼ਾ ਲਗਾਉਣਾ ਮੁਸ਼ਕਲ ਹੈ।

ਅਸਲ 'ਚ ਇਹ ਯੁੱਧ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਹੈਂਕੜਬਾਜ਼ ਸੋਚ ਦਾ ਨਤੀਜਾ ਹੈ। ਜੇਕਰ ਸੋਚਿਆ ਜਾਵੇ ਤਾਂ ਅਮਰੀਕਾ ਦੇ ਕੋਲ ਇਹ ਤੈਅ ਕਰਨ ਦਾ ਅਧਿਕਾਰ ਕਿਸ ਨੇ ਦਿੱਤਾ ਕਿ ਕਿਸ ਦੇਸ਼ ਕੋਲ ਪਰਮਾਣੂ ਹਥਿਆਰ ਹੋਣੇ ਚਾਹੀਦੇ ਹਨ ਅਤੇ ਕਿਸ ਕੋਲ ਨਹੀਂ? ਸਵਾਲ ਇਹ ਵੀ ਉੱਠਦਾ ਹੈ ਕਿ ਕੀ ਅਮਰੀਕਾ ਭਾਰਤ, ਪਾਕਿਸਤਾਨ ਜਾਂ ਉੱਤਰੀ ਕੋਰੀਆ ਦੀ ਪਰਮਾਣੂ ਸਮਰੱਥਾ ਵਿੱਚ ਵੀ ਦਖ਼ਲ ਦੇ ਕੇ ਉਹਨਾਂ ਨੂੰ ਤਬਾਹ ਕਰਨ ਦਾ ਫ਼ੈਸਲਾ ਕਰੇਗਾ? ਜੇਕਰ ਐਸਾ ਹੋਇਆ ਤਾਂ ਇਸ ਦਾ ਸਿੱਟਾ ਕੀ ਨਿਕਲੇਗਾ? ਜਿਸ ਖ਼ਤਰਨਾਕ ਸਥਿਤੀ ਵਿੱਚ ਅੱਜ ਦੁਨੀਆ ਇਸ ਜੰਗ ਕਾਰਨ ਫਸ ਚੁੱਕੀ ਹੈ, ਉਸ ਸਥਿਤੀ ਵਿੱਚੋਂ ਬਾਹਰ ਨਿਕਲਣਾ ਮੁਸ਼ਕਲ ਜਾਪਦਾ ਹੈ। ਟਰੰਪ ਦੀ ਮਨਮਾਨੀ ਕਾਰਨ ਪੈਦਾ ਹੋਏ ਇਸ ਟਕਰਾਅ ਦੇ ਸਿੱਟੇ ਵਜੋਂ ਤੇਲ ਦੀਆਂ ਕੀਮਤਾਂ ਤੇਜ਼ੀ ਨਾਲ ਵਧ ਰਹੀਆਂ ਹਨ। ਅਮਰੀਕਾ ਵਿੱਚ ਮਹਿੰਗਾਈ ਵਧ ਗਈ ਹੈ। ਭਾਰਤ ਵਿੱਚ ਗੈਸ ਸਿਲੰਡਰਾਂ ਦੀ ਕਮੀ ਵੇਖਣ ਨੂੰ ਮਿਲ ਰਹੀ ਹੈ ਅਤੇ ਉਹਨਾਂ ਦੀਆਂ ਕੀਮਤਾਂ ਵੀ ਵਧ ਰਹੀਆਂ ਹਨ। ਇੱਥੋਂ ਤੱਕ ਕਿ ਸ਼ੇਅਰ ਬਾਜ਼ਾਰ ਵੀ ਡਿੱਗਦਾ ਨਜ਼ਰ ਆ ਰਿਹਾ ਹੈ।

ਇੱਕ ਅੰਦਾਜ਼ੇ ਮੁਤਾਬਕ ਇਸ ਯੁੱਧ ਉੱਤੇ ਹਰ ਦਿਨ ਅਰਬਾਂ ਡਾਲਰ ਖ਼ਰਚ ਹੋ ਰਹੇ ਹਨ। ਵਾਤਾਵਰਣ ਜਿਸ ਢੰਗ ਨਾਲ ਦੂਸ਼ਿਤ ਹੋ ਰਿਹਾ ਹੈ, ਉਸਦਾ ਅੰਦਾਜ਼ਾ ਲਗਾਉਣਾ ਵੀ ਮੁਸ਼ਕਲ ਹੈ। ਹਵਾਈ ਸਫ਼ਰ ਮਹਿੰਗਾ ਹੋ ਚੁੱਕਾ ਹੈ ਅਤੇ ਪੂਰੀ ਦੁਨੀਆ ਦਹਿਸ਼ਤ ਦੇ ਮਾਹੌਲ ਵਿੱਚ ਜਿਊ ਰਹੀ ਹੈ ਅਤੇ ਜੰਗ ਦੇ ਖਿਡਾਰੀ ਆਪਣੇ ਹਥਿਆਰ ਵੇਚ ਕੇ ਨਫ਼ਾ ਕਮਾ ਰਹੇ ਹਨ। ਪਰ ਇਹ ਕਦੋਂ ਤੱਕ ਸੰਭਵ ਹੈ?

ਵੈਨਜ਼ੁਏਲਾ ਵਿੱਚ ਉੱਥੋਂ ਦੇ ਰਾਸ਼ਟਰਪਤੀ ਨੂੰ ਹਟਾਉਣ ਤੋਂ ਬਾਅਦ ਉਸਦੇ ਪੈਰ ਧਰਤੀ ਤੋਂ ਉੱਪਰ ਉੱਠੇ ਨਜ਼ਰ ਆਉਂਦੇ ਹਨ। ਟਰੰਪ ਨੇ ਸੋਚਿਆ ਤਾਂ ਇਹ ਸੀ ਕਿ ਈਰਾਨ ਦੇ ਖਾਮਨੇਈ ਨੂੰ ਮਾਰਨ ਤੋਂ ਬਾਅਦ ਈਰਾਨ ਗੋਡਿਆਂ ਭਾਰ ਹੋ ਜਾਏਗਾ, ਲਿਫ਼ ਜਾਏਗਾ, ਢਹਿ ਜਾਏਗਾ। ਪਰ ਈਰਾਨ ਨੇ ਜਿਸ ਢੰਗ ਨਾਲ ਅਮਰੀਕਾ-ਇਜ਼ਰਾਇਲ ਸੈਨਾ ਦਾ ਮੁਕਾਬਲਾ ਕੀਤਾ ਹੈ, ਉਸ ਤੋਂ ਇੰਝ ਲੱਗਦਾ ਹੈ ਕਿ ਟਰੰਪ ਇਸ ਨਵੇਂ ਯੁੱਧ ਦੀ ਦਲਦਲ ਵਿੱਚ ਫਸ ਗਏ ਹਨ, ਜਿੱਥੋਂ ਲੰਮਾ ਸਮਾਂ ਸ਼ਾਇਦ ਉਹ ਨਿਕਲ ਹੀ ਨਾ ਸਕਣ।

ਪੰਦਰਾਂ ਦਿਨਾਂ ਦੇ ਯੁੱਧ ਤੋਂ ਬਾਅਦ ਟਰੰਪ ਦੇ ਆਪਣੇ ਨਿਸ਼ਾਨੇ ਵਿੱਚ ਬਦਲਾਅ ਆ ਗਿਆ ਹੈ। ਉਸ ਦਾ ਧਿਆਨ ਈਰਾਨ ਦੇ ਪਰਮਾਣੂ ਹਥਿਆਰਾਂ ਦੇ ਖ਼ਾਤਮੇ ਤੋਂ ਹਟ ਕੇ ਈਰਾਨ ਦੀ ਸੈਨਿਕ ਸਮਰੱਥਾ ਨੂੰ ਪੂਰੀ ਤਰ੍ਹਾਂ ਤਬਾਹ ਕਰਨ ਵੱਲ, ਈਰਾਨ ਵਿੱਚ ਸੱਤਾ ਦੀ ਤਬਦੀਲੀ ਅਤੇ ਆਖ਼ਿਰਕਾਰ ਈਰਾਨ ਨੂੰ ਬਿਨਾਂ ਕਿਸੇ ਸ਼ਰਤ ਦੇ ਆਤਮ ਸਮਰਪਣ ਕਰਨ ਵੱਲ ਕੇਂਦਰਿਤ ਹੋ ਗਿਆ ਹੈ।

ਉਸ ਨੇ ਈਰਾਨ ਦੀ ਜਨਤਾ ਨੂੰ ਕਿਹਾ ਹੈ ਕਿ ਤੁਸੀਂ ਆਪਣੀ ਸਰਕਾਰ ਦੀ ਵਾਗਡੋਰ ਆਪਣੇ ਹੱਥਾਂ ਵਿੱਚ ਲੈ ਲਵੋ। ਇਹ ਤੁਹਾਡੀ ਸਾਰਿਆਂ ਦੀ ਸਰਕਾਰ ਹੋਵੇਗੀ। ਪਰ ਟਰੰਪ ਦੀਆਂ ਇਹਨਾਂ ਆਸਾਂ ਨੂੰ ਬੂਰ ਨਹੀਂ ਪਿਆ। ਉਸ ਦਾ ਇਹ ਬਿਆਨ ਬੇਅਸਰ ਰਿਹਾ। ਬਿਨਾਂ ਸ਼ੱਕ ਈਰਾਨ ਵਿੱਚ ਕੱਟੜਪੰਥੀ ਇਸਲਾਮੀ ਨਿਜ਼ਾਮ ਰਾਜ ਕਰਦਾ ਹੈ। ਉੱਥੋਂ ਦੇ ਸਾਧੂ-ਸੰਤ ਧਰਮ ਅਤੇ ਮਜ਼ਹਬ ਦੇ ਦਾਇਰੇ ਵਿੱਚੋਂ ਨਿਕਲ ਕੇ ਸਿਆਸਤ ਅਤੇ ਸ਼ਾਸਨ ਵਿੱਚ ਦਖ਼ਲ ਦਿੰਦੇ ਹਨ, ਜਿਸ ਦਾ ਨਤੀਜਾ ਆਮ ਜਨਤਾ, ਖ਼ਾਸ ਕਰਕੇ ਈਰਾਨੀ ਔਰਤਾਂ ਨੂੰ ਭੁਗਤਣਾ ਪੈਂਦਾ ਹੈ। ਈਰਾਨ ਦੇ ਸ਼ਾਸਕਾਂ ਨੇ ਹਮਾਸ ਅਤੇ ਹਿਜ਼ਬੁੱਲਾ ਜਿਹੀਆਂ ਆਤੰਕੀ ਸੈਨਾਵਾਂ ਅਮਰੀਕਾ-ਇਜ਼ਰਾਇਲ ਵਰਗੇ ਮੁਲਕਾਂ ਵਿਰੁੱਧ ਲੜਨ ਲਈ ਤਿਆਰ ਕੀਤੀਆਂ ਹਨ। ਇਹਨਾਂ ਸੈਨਾਵਾਂ ਨੇ ਲਿਬਨਾਨ ਅਤੇ ਸੀਰੀਆ ਜਿਹੇ ਪ੍ਰਗਤੀਸ਼ੀਲ ਦੇਸ਼ਾਂ ਨੂੰ ਬਰਬਾਦ ਕੀਤਾ ਹੈ। ਪਿਛਲੇ ਮਹੀਨੇ ਜਦੋਂ ਈਰਾਨ ਦੇ ਆਮ ਲੋਕਾਂ ਨੇ ਸਰਕਾਰ ਦੇ ਵਿਰੁੱਧ ਪ੍ਰਦਰਸ਼ਨ ਕੀਤੇ ਤਾਂ ਖਾਮਨੇਈ ਸਰਕਾਰ ਨੇ ਨਿਹੱਥੇ ਲੋਕਾਂ 'ਤੇ ਗੋਲੀਆਂ ਚਲਾਉਣ ਦੇ ਹੁਕਮ ਦਿੱਤੇ। ਕਿਹਾ ਜਾਂਦਾ ਹੈ ਕਿ ਇਸ ਅੰਦੋਲਨ ਦੌਰਾਨ 20 ਤੋਂ 30 ਹਜ਼ਾਰ ਲੋਕ ਮਾਰ ਦਿੱਤੇ ਗਏ। ਪਰ ਇਸ ਸਭ ਕੁਝ ਦੇ ਦਰਮਿਆਨ ਅਮਰੀਕਾ-ਇਜ਼ਰਾਇਲ ਦਾ ਈਰਾਨ ਅਤੇ ਖਾੜੀ ਮੁਲਕਾਂ ਨੂੰ ਯੁੱਧ ਵਿੱਚ ਧੱਕਣਾ ਯੂਐਨਓ ਦੇ ਚਾਰਟਰ ਦੇ ਆਰਟੀਕਲ 2(4), ਜੋ ਕਿ ਕਿਸੇ ਵੀ ਮੁਲਕ ਦੀ ਇਲਾਕਾਈ ਅਖੰਡਤਾ ਅਤੇ ਸਿਆਸੀ ਆਜ਼ਾਦੀ ਦੀ ਸੰਭਾਵਨਾ ਨੂੰ ਨਕਾਰਦਾ ਹੈ, ਦੀ ਸਿੱਧੀ ਉਲੰਘਣਾ ਹੈ।

ਇਜ਼ਰਾਇਲ 1948 ਵਿੱਚ ਬਰਤਾਨੀਆ ਅਤੇ ਅਮਰੀਕਾ ਸਮੇਤ ਹੋਰ ਸਮਰਾਜੀ ਸ਼ਕਤੀਆਂ ਵੱਲੋਂ ਫਲਸਤੀਨ ਦੀ ਧਰਤੀ 'ਤੇ ਕਬਜ਼ਾ ਕਰਕੇ ਹੋਂਦ ਵਿੱਚ ਲਿਆਂਦਾ ਗਿਆ ਸੀ। ਉਦੋਂ ਤੋਂ ਹੁਣ ਤੱਕ ਇਜ਼ਰਾਇਲ ਅਮਰੀਕਾ ਲਈ ਇੱਕ ਗੈਂਗਸਟਰ ਦੀ ਤਰ੍ਹਾਂ ਕੰਮ ਕਰ ਰਿਹਾ ਹੈ ਅਤੇ ਅਰਬ ਦੇਸ਼ਾਂ ਦੇ ਭੰਡਾਰਾਂ 'ਤੇ ਕਬਜ਼ਾ ਕਰਨ ਲਈ ਅਮਰੀਕੀ ਅੱਡੇ ਦੇ ਤੌਰ 'ਤੇ ਕੰਮ ਕਰ ਰਿਹਾ ਹੈ।

ਇਜ਼ਰਾਇਲ ਦੁਨੀਆ ਵਿੱਚ ਵੱਡੇ ਹਥਿਆਰ ਸੌਦਾਗਰ ਦੇ ਤੌਰ 'ਤੇ ਉਭਰਿਆ ਹੈ। ਅਮਰੀਕਾ ਵੱਲੋਂ ਵਪਾਰ ਲਈ ਧੌਂਸ ਨੀਤੀ, ਵਿਸਥਾਰਵਾਦੀ ਸੋਚ ਅਤੇ ਥਾਣੇਦਾਰਾਂ ਵਾਲੀ ਪ੍ਰਵਿਰਤੀ ਅੱਜ ਸੰਸਾਰਕ ਅਮਨ ਲਈ ਵੱਡਾ ਖਤਰਾ ਬਣੀ ਹੋਈ ਹੈ ਅਤੇ ਵੱਸਦੇ-ਰਸਦੇ ਸੰਸਾਰ ਨੂੰ ਯੁੱਧ ਵੱਲ ਧੱਕ ਰਹੀ ਹੈ। ਯੁੱਧ ਕਦੇ ਵੀ ਇਨਸਾਨੀ ਭਲਾਈ ਵਾਲਾ ਨਹੀਂ ਹੋ ਸਕਦਾ, ਭਾਵੇਂ ਕਿ ਇਹ ਮਜਬੂਰੀ ਵਜੋਂ ਹੀ ਕਿਉਂ ਨਾ ਲੜਿਆ ਗਿਆ ਹੋਵੇ। ਯੁੱਧ ਮਨੁੱਖ ਦਾ ਦੁਸ਼ਮਣ ਹੈ।

ਭਾਵੇਂ ਕਿਹਾ ਜਾਂਦਾ ਹੈ ਕਿ ਜਿਸ ਕੋਲ ਤਾਕਤ ਹੈ ਉਸ ਦਾ ਰਾਜ ਚੱਲਦਾ ਹੈ, ਪਰ ਲੋਕ-ਸ਼ਕਤੀ ਇੱਕ ਐਸੀ ਤਾਕਤ ਹੈ, ਜਿਸ ਅੱਗੇ ਵੱਡੇ-ਵੱਡੇ ਤਾਨਾਸ਼ਾਹ ਵੀ ਝੁਕਣ ਲਈ ਮਜਬੂਰ ਹੋ ਜਾਂਦੇ ਹਨ। ਯੁੱਧ ਕਿਸੇ ਮਸਲੇ ਦਾ ਸਥਾਈ ਹੱਲ ਨਹੀਂ ਹੈ। ਹਜ਼ਾਰਾਂ-ਲੱਖਾਂ ਲੋਕ ਯੁੱਧ ਦੀ ਭੇਟ ਚੜ੍ਹ ਜਾਂਦੇ ਹਨ। ਹਿੰਸਾ ਕਾਰਨ ਲੋਕ ਮਾਨਸਿਕ ਬਿਮਾਰੀਆਂ ਅਤੇ ਭੁੱਖਮਰੀ ਦਾ ਸ਼ਿਕਾਰ ਹੋ ਜਾਂਦੇ ਹਨ। ਲੱਖਾਂ ਲੋਕ ਘਰੋਂ ਬੇਘਰ ਹੋ ਜਾਂਦੇ ਹਨ। ਉਹਨਾਂ ਦੇ ਬੱਚੇ ਸਿੱਖਿਆ ਅਤੇ ਸਿਹਤ ਸਹੂਲਤਾਂ ਤੋਂ ਵਿਰਵੇ ਰਹਿ ਜਾਂਦੇ ਹਨ।

ਇਹ ਯੁੱਧ ਹੀ ਹਨ ਜੋ ਕਿਸੇ ਖਿੱਤੇ ਦੇ ਵਿਨਾਸ਼ ਦਾ ਕਾਰਨ ਹੋ ਨਿਬੜਦੇ ਹਨ। ਆਧੁਨਿਕ ਯੁੱਧ ਹੁਣ ਕੇਵਲ ਸੀਮਾਵਾਂ ਤੱਕ ਸੀਮਿਤ ਨਹੀਂ ਰਹੇ, ਸਗੋਂ ਸ਼ਹਿਰਾਂ ਦੇ ਵਿੱਚੋਂ-ਵਿੱਚ ਲੜੇ ਜਾ ਰਹੇ ਹਨ।

ਰੂਸ-ਯੂਕਰੇਨ ਅਤੇ ਅਮਰੀਕਾ-ਇਜ਼ਰਾਇਲ ਯੁੱਧ ਇਸ ਦੀ ਵੱਡੀ ਉਦਾਹਰਨ ਹਨ। ਦੁਨੀਆ ਦੇ ਦੇਸ਼ ਆਪਣੀ ਸੁਰੱਖਿਆ ਦੇ ਡਰ ਤੋਂ ਸਿਹਤ ਅਤੇ ਸਿੱਖਿਆ ਸਹੂਲਤਾਂ 'ਤੇ ਖ਼ਰਚਾ ਘਟਾ ਕੇ ਜੰਗੀ ਸਮਾਨ ਖਰੀਦਣ ਤੇ ਵੱਧ ਖ਼ਰਚ ਕਰਨ ਲੱਗੇ ਹਨ।

2024 ਵਿੱਚ ਵਿਸ਼ਵ ਦੀਆਂ ਸੈਨਾਵਾਂ 'ਤੇ 2.7 ਟ੍ਰਿਲੀਅਨ ਡਾਲਰ ਖਰਚੇ ਦਾ ਅਨੁਮਾਨ ਹੈ। ਯੁੱਧ ਅਸਲ ਵਿੱਚ ਵਿਕਾਸ ਦਾ ਉਲਟਾ ਪਹੀਆ ਸਾਬਤ ਹੋਇਆ ਹੈ, ਜੋ ਵਿਨਾਸ਼ ਦਾ ਕਾਰਨ ਬਣਦਾ ਹੈ।

ਯੁੱਧ ਮਾਨਵੀ ਕਦਰਾਂ-ਕੀਮਤਾਂ ਅਤੇ ਸੰਵੇਦਨਾਵਾਂ ਦੇ ਖ਼ਾਤਮੇ ਦਾ ਕਾਰਨ ਹੈ। ਯੁੱਧ ਹੀ ਹੈ ਜੋ ਮਾਨਸਿਕ ਵਿਕਾਸ ਉੱਤੇ ਸਥਾਈ ਤੌਰ 'ਤੇ ਨਕਾਰਾਤਮਕ ਪ੍ਰਭਾਵ ਪਾਉਂਦਾ ਹੈ।

ਯੁੱਧ ਵਿੱਚ ਬੱਚੇ ਅਤੇ ਔਰਤਾਂ ਭੁੱਖਮਰੀ ਅਤੇ ਹਿੰਸਾ ਦਾ ਸਭ ਤੋਂ ਵੱਧ ਸ਼ਿਕਾਰ ਹੁੰਦੇ ਹਨ। ਨਵੀਆਂ ਤਕਨੀਕਾਂ, ਖ਼ਾਸ ਕਰਕੇ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਅਤੇ ਡਰੋਨ ਯੁੱਧ ਮਨੁੱਖਤਾ ਲਈ ਵੱਡੇ ਘਾਤਕ ਸਾਬਤ ਹੋ ਰਹੇ ਹਨ। ਮਨੁੱਖ ਦੀ ਹੋਂਦ ਬਚਾਈ ਰੱਖਣ ਲਈ ਵਿਨਾਸ਼ਕਾਰੀ ਯੁੱਧ ਵਿਰੁੱਧ ਅਮਨ ਸਮੇਂ ਦੀ ਲੋੜ ਹੈ।

ਪਟਿਆਲਾ ਦੀਆਂ ਧੀਆਂ ਨੇ ਯੂ.ਪੀ.ਐਸ.ਸੀ. ਪ੍ਰੀਖਿਆ 'ਚ ਮੋਹਰੀ ਰਹਿ ਕੇ ਚਮਕਾਇਆ ਸੂਬੇ ਦਾ ਨਾਮ

ਮਨੋਹਰ ਲਾਲ ਪਵਾਰ
98776-49792

ਹੁਣੇ ਯੂ.ਪੀ.ਐਸ.ਸੀ. 2025 ਦੇ ਰਿਜ਼ਲਟ ਦੀ ਘੋਸ਼ਣਾ ਕੀਤੀ ਗਈ ਜਿਸ ਵਿੱਚ ਜ਼ਿਲ੍ਹਾ ਪਟਿਆਲਾ ਦੀਆਂ ਤਿੰਨ ਹੋਣਹਾਰ ਬੇਟੀਆਂ ਨੇ ਆਪਣੇ ਮਾਤਾ-ਪਿਤਾ ਹੀ ਨਹੀਂ ਬਲਕਿ ਸਮੁੱਚੇ ਭਾਰਤ ਵਿੱਚ ਜ਼ਿਲ੍ਹਾ ਪਟਿਆਲਾ-ਪੰਜਾਬ ਦਾ ਨਾਮ ਰੌਸ਼ਨ ਕਰਕੇ, ਪੰਜਾਬ ਦਾ ਮਾਣ ਵਧਾਇਆ. ਸਾਨੂੰ ਇਨ੍ਹਾਂ ਬੱਚੀਆਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਕਿ ਮਿਹਨਤ ਤੇ ਲਗਨ ਨਾਲ ਕੁਝ ਵੀ ਪ੍ਰਾਪਤ ਕਰਨਾ ਮੁਸ਼ਕਿਲ ਨਹੀਂ. ਨਾਭਾ ਜ਼ਿਲ੍ਹਾ ਪਟਿਆਲਾ ਦੀ ਬੇਟੀ ਅਨਿਅੰਨਾ ਸ਼ਰਮਾ ਪੁੱਤਰੀ ਡਾ. ਡੀ.ਸੀ. ਸ਼ਰਮਾ, ਦੂਜੀ ਬੇਟੀ ਸਿਮਰਨਦੀਪ ਕੌਰ ਪੁੱਤਰੀ ਸ. ਕੁਲਦੀਪ ਸਿੰਘ ਜੋ ਕਿ ਨਾਭਾ ਦੇ ਪਿੰਡ ਬਿਰੜਵਾਲ ਦੀ ਜੰਮਪਾਲ ਹੈ. ਜਿਸ ਨੇ ਯੂ.ਪੀ.ਐਸ.ਸੀ. ਦੇ ਇਮਤਿਹਾਨ ਪਾਸ ਕਰਕੇ 15ਵਾਂ ਰੈਂਕ ਹਾਸਲ ਕੀਤਾ ਹੈ ਅਤੇ ਤੀਜੀ ਬੇਟੀ ਰਾਜਪੁਰਾ ਲਾਗੇ ਪਿੰਡ ਮਦਨਪੁਰ ਦੀ ਰਹਿਣ ਵਾਲੀ ਰਸ਼ਮੀਤ ਕੌਰ ਪੁੱਤਰੀ ਸ. ਜਸਵਿੰਦਰ ਸਿੰਘ ਜੋ ਕਿ ਪੀ.ਐਸ.ਪੀ.ਸੀ.ਐਲ. ਵਿੱਚ ਬਤੌਰ ਲਾਇਨਮੈਨ ਕੰਮ ਕਰ ਰਹੇ ਹਨ ਜਿਸ ਨੇ ਪਹਿਲੀ ਵਾਰ ਹੀ ਯੂ.ਪੀ.ਐਸ.ਸੀ. ਦਾ ਇਮਤਿਹਾਨ ਪਾਸ ਕਰਕੇ 51ਵਾਂ ਸਥਾਨ ਪ੍ਰਾਪਤ ਕੀਤਾ ਹੈ ਜੋ ਵੱਡਮੁਲੀ ਪ੍ਰਾਪਤੀ ਹੈ. ਇਸ ਲਈ ਮੈਂ ਨਿਸ਼ਚੇ ਕੀਤਾ ਹੈ ਕਿ ਇਸ ਬੇਟੀ ਨੂੰ ਪਿੰਡ ਮਦਨਪੁਰ ਜਾ ਕੇ ਵਧਾਈ ਦੇਵਾਂ. ਇਸ ਲਈ, ਮੈਂ ਜਸਵਿੰਦਰ ਸਿੰਘ ਨੂੰ ਫੋਨ ਕੀਤਾ ਅਤੇ ਉਸ ਨੂੰ ਆਪਣਾ ਪਰਿਚੈ ਦਿੱਤਾ. ਉਸ ਨੇ ਮੈਨੂੰ ਕਿਹਾ, ਸ੍ਰੀਮਾਨ ਜੀ ਤੁਸੀਂ ਰਾਜਪੁਰਾ ਲਾਗੇ ਪਿੰਡ ਮਦਨਪੁਰ ਜੋ ਕਿ ਅੰਬਾਲਾ ਰੋਡ ਤੇ ਮੌਜੂਦ ਹੈ ਆ ਜਾਓ.* ਇਸ ਲਈ ਮੈਂ ਆਪਣੇ ਪੋਤੇ ਬਾਬੂ ਅਭਿਸ਼ੇਕ ਨਾਲ ਕਾਰ ਵਿੱਚ ਬੈਠ ਕੇ ਪਿੰਡ ਮਦਨਪੁਰ ਦੁਪਹਿਰ ਬਾਅਦ ਪੁੱਜਾ. ਹੁਣ ਸਾਰੇ ਹੀ ਪੰਜਾਬ ਦੇ ਪਿੰਡ ਲਗਭਗ ਪੱਕੇ ਘਰਾਂ ਦੇ ਬਣੇ ਹੋਏ ਹਨ, ਜਿੱਥੇ ਪੰਜਾਬ ਸਰਕਾਰ ਵੱਲੋਂ ਹਰ ਤਰ੍ਹਾਂ ਦੀ ਆਵਾਜਾਈ ਦੀ ਸੁਵਿਧਾ ਹੈ. ਜਦੋਂ ਮੈਂ ਇਨ੍ਹਾਂ ਦੇ ਘਰ ਕੋਲ ਪੁੱਜਾ ਤਾਂ ਬਾਹਰ ਮੈਂ ਦੋ ਸੁੱਕੇ ਖੂਹ ਵੇਖੇ ਜਿਨ੍ਹਾਂ ਨੂੰ ਗੋਲ ਉਭਰੀ ਹੋਈ ਜਾਲੀਆਂ ਨਾਲ ਢੱਕਿਆ ਹੋਇਆ ਸੀ ਇਸ ਤੋਂ ਅੰਦਾਜਾ ਲਗ ਸਕਦਾ ਹੈ ਕਿ ਪੁਰਾਣੇ ਸਮੇਂ ਵਿੱਚ ਲੋਕ ਇਨ੍ਹਾਂ ਖੂਹਾਂ ਤੋਂ ਪਾਣੀ ਲੈਂਦੇ ਹੋਣਗੇ. ਪਿੰਡ ਦਾ ਵਾਤਾਵਰਣ ਬਹੁਤ ਸ਼ਾਂਤਮਈ ਹੁੰਦਾ ਹੈ. ਰਸ਼ਨੀਤ ਕੌਰ ਤੇ ਪਿਤਾ ਜਸਵਿੰਦਰ ਸਿੰਘ ਨੇ ਸਾਡਾ ਬਹੁਤ ਸੁਆਗਤ ਕੀਤਾ. ਉਸ ਵੇਲੇ ਬੜਾ ਖੁਸ਼ਨੁਮਾ ਮਾਹੋਲ ਸੀ ਅਤੇ ਲਗਭਗ ਵੀਹ ਪੱਚੀ ਇਸ਼ਤਰੀਆਂ ਪੁਰਖ ਬੈਠੇ ਸਨ. ਮੈਂ ਰਸ਼ਨੀਤ ਕੌਰ ਨੂੰ ਮਿਠਾਈ ਦਾ ਡੱਬਾ ਅਤੇ ਬੁੱਕਾ ਦੇ ਕੇ ਸਨਮਾਨ ਕੀਤਾ. ਮੈਂ ਰਸ਼ਨੀਤ ਕੌਰ ਦੇ ਬਾਰੇ ਕੁਝ ਜਾਣਕਾਰੀ ਹਾਸਲ ਕੀਤੀ.

ਰਸ਼ਨੀਤ ਕੌਰ ਦਾ ਜਨਮ 3 ਅਕਤੂਬਰ 2003 ਈ: ਸ. ਜਸਵਿੰਦਰ ਸਿੰਘ ਅਤੇ ਮਾਤਾ ਸਰਦਾਰਨੀ ਸਵਰਨ ਕੌਰ ਦੇ ਘਰ ਹੋਇਆ. ਉਸ ਨੇ ਮੁੱਢਲੀ ਸਿੱਖਿਆ ਸਕੱਾਲਰ ਪਬਲਿਕ ਸਕੂਲ, ਰਾਜਪੁਰਾ ਤੋਂ ਬਾਰ੍ਹਵੀਂ ਤੱਕ ਹਾਸਲ ਕੀਤੀ ਅਤੇ ਪਟਿਆਲਾ ਜ਼ਿਲ੍ਹਾ ਭਰ ਵਿੱਚ ਮੈਰਿਟ ਤੇ ਆਈ. ਉਸ ਦੇ ਦਾਦਾ ਸ. ਗੁਰਦਿਆਲ ਸਿੰਘ ਪੀ.ਐਸ.ਪੀ.ਸੀ.ਐਲ. ਤੋਂ ਬਤੌਰ ਜੇ.ਈ. ਰਿਟਾਇਰ ਹੋਏ ਸਨ. ਰਸ਼ਨੀਤ ਕੌਰ ਨੇ ਬੀ.ਐਸ.ਸੀ. ਪੰਜਾਬ ਯੂਨੀਵਰਸਿਟੀ ਤੋਂ ਅੱਵਲ ਦਰਜੇ ਵਿੱਚ ਪਾਸ ਕਰਕੇ ਗੋਲਡ ਮੈਡਲ ਹਾਸਲ ਕੀਤਾ ਅਤੇ ਉਸ ਨੂੰ ਪੰਜ ਹਜਾਰ ਰੁਪਏ ਦਾ ਨਕਦ ਇਨਾਮ ਵੀ ਦਿੱਤਾ ਗਿਆ ਅਤੇ ਰਹਿਣ ਲਈ ਹੋਰ ਸਹੂਲਤਾਂ ਯੂਨੀਵਰਸਿਟੀ ਵੱਲੋਂ ਪ੍ਰਦਾਨ ਕੀਤੀ ਗਈਆਂ. ਮੈਨੂੰ ਪਤਾ ਚੱਲਿਆ ਕਿ ਉਹ ਬਹੁਤ ਨੇਕ ਸੁਭਾਅ ਦੀ ਲੜਕੀ ਹੈ ਅਤੇ ਦਿੱਲੀ ਜਦੋਂ ਇੰਟਰਵਿਊ ਦੇਣ ਲਈ ਗਈ ਤਾਂ ਦੋਵੇਂ ਸਮੇਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਜਾਂਦੀ ਸੀ. ਮੈਂ ਰਸ਼ਨੀਤ ਕੌਰ ਤੋਂ ਕੁਝ ਮਹੱਤਵਪੂਰਨ ਸਵਾਲ ਪੁੱਛੇ ਜੋ ਇਸ ਤਰ੍ਹਾਂ ਹਨ।

ਪ੍ਰਸ਼ਨ 1. ਤੁਸੀਂ ਆਈ.ਏ.ਐਸ. ਦੀ ਤਿਆਰੀ ਲਈ ਕੋਚਿੰਗ ਕਿੱਥੋ ਲਈ ਅਤੇ ਕਿੰਨੇ ਘੰਟੇ ਪੜ੍ਹਦੇ ਅਤੇ ਰਾਤ ਨੂੰ ਕਦੋਂ ਸੌਂਦੇ ਸੀ.

ਜਵਾਬ : ਮੈਂ ਆਈ.ਏ.ਐਸ. ਦੀ ਤਿਆਰੀ ਲਈ ਕਿਤੋਂ ਵੀ ਕੋਚਿੰਗ ਨਹੀਂ ਲਈ, ਹਰ ਰੋਜ ਅੱਠ ਦੱਸ ਘੰਟੇ ਪੜ੍ਹਦੀ ਸੀ ਅਤੇ ਰਾਤ ਨੂੰ ਬਾਰ੍ਹਾਂ ਵਜੇ ਸੌਂਦੀ ਸੀ. ਅਕਸਰ ਸਵੇਰੇ ਛੇ ਵਜੇ ਉਠਦੀ ਸੀ।

ਪ੍ਰਸ਼ਨ 2. ਤੁਸੀਂ ਕੋਈ ਗੈਮ ਵੀ ਲਿੱਤੀ ਸੀ

ਜਵਾਬ : ਸ਼੍ਰੀਮਾਨ ਜੀ ਨਹੀਂ, ਮੈਂ ਕੇਵਲ ਯੋਗਾ ਕਰਦੀ ਹਾਂ ਅਤੇ ਸਵੇਰੇ ਸ਼ੈਰ ਕਰਦੀ ਹਾਂ।

ਪ੍ਰਸ਼ਨ 3. ਆਪ ਦੀ ਇੰਟਰਵਿਊ ਕਿੰਨੀ ਦੇਰ ਚੱਲੀ ਅਤੇ ਤੁਹਾਡੇ ਤੋਂ ਕੀ ਪੁੱਛਿਆ ਗਿਆ।

ਜਵਾਬ : ਮੇਰੀ ਇੰਟਰਵਿਊ ਅੱਧਾ ਘੰਟਾ ਚਲੀ ਅਤੇ ਪਟਿਆਲਾ ਦੇ ਬਾਰੇ ਵੀ ਪੁੱਛਿਆ ਅਤੇ ਬੋਰਡ ਦੇ ਮੈਂਬਰਾਂ ਨੇ ਮੈਨੂੰ ਕਿਹਾ ਪਟਿਆਲਾ ਦਾ ਪੈਗ ਮਸ਼ਹੂਰ ਹੈ. ਮੈਂ ਕਿਹਾ, 'ਨਹੀਂ ਸ਼੍ਰੀਮਾਨ ਜੀ, ਪਟਿਆਲਾ ਦਾ ਇਤਿਹਾਸਿਕ ਮਹੱਤਵ ਹੈ. ਇੱਥੇ ਦੇ ਪਾਰਕ ਵੀ ਮਸ਼ਹੂਰ ਹਨ ਆਦਿ ਜਵਾਬ ਦਿੱਤਾ।

ਪ੍ਰਸ਼ਨ 4. ਮੈਂ ਰਸ਼ਨੀਤ ਕੌਰ ਨੂੰ ਪੁੱਛਿਆ ਵਰਤਮਾਨ ਵਿੱਚ ਜੋ ਅਮਰੀਕਾ ਇਜਰਾਈਲ ਅਤੇ ਇਰਾਨ ਵਿਚਕਾਰ ਯੁੱਧ ਚੱਲ ਰਿਹਾ ਹੈ, ਇਸ ਦਾ ਕੀ ਹੱਲ ਹੋ ਸਕਦਾ ਹੈ।

ਜਵਾਬ : ਯੁੱਧ ਕਿਸੇ ਵੀ ਮਸਲੇ ਦਾ ਹੱਲ ਨਹੀਂ ਹੈ ਇਹ ਸਿਰਫ ਅਮਰੀਕਾ ਅਤੇ ਇਜਰਾਈਲ ਦੀ ਸੁਪਰਮੈਸੀ (ਚੌਧਰ) ਵਿਖਾਉਣਾ ਹੈ. ਸਾਰੇ ਵਿਸ਼ਵ ਦੀ ਅਰਥ ਵਿਵਸਥਾ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ ਅਤੇ ਬੇਕਸੂਰ ਲੋਕ ਮਾਰੇ ਜਾ ਰਹੇ ਹਨ. ਇਹ ਮਸਲਾ ਸਿਰਫ ਆਪਣਾ ਹਾਉਮਾ ਮਾਰ ਕੇ ਅਤੇ ਸ਼ਾਂਤਮਈ ਢੰਗ ਹੱਲ ਹੋ ਸਕਦਾ।

ਆਖੀਰ ਵਿੱਚ ਜਦੋਂ ਅਸੀਂ ਜਾਣ ਲੱਗੇ ਤਾਂ ਰਸ਼ਨੀਤ ਕੌਰ ਦੇ ਦਾਦਾ ਜੀ ਸ. ਗੁਰਦਿਆਲ ਸਿੰਘ ਸਾਨੂੰ ਬਾਹਰ ਤੱਕ ਛੱਡਣ ਆਏ ਅਤੇ ਆਪਣੇ ਪੋਤੀ ਰਸ਼ਨੀਤ ਕੌਰ ਦੀ ਬਹੁਤ ਤਾਰੀਫ਼ ਕਰਦੇ ਸੀ ਕਿ ਇਸ ਨੇ ਯੂ.ਪੀ.ਐਸ.ਸੀ. ਦਾ ਇਮਤਿਹਾਨ ਪਾਸ ਕਰਕੇ ਸਾਰੇ ਪਿੰਡ ਦਾ ਨਾਮ ਰੌਸ਼ਨ ਕੀਤਾ ਹੈ.

ਮੈਂ ਚਾਹੁੰਦਾ ਹਾਂ ਕਿ ਇਸ ਹੋਣਹਾਰ ਅਤੇ ਮਿਹਨਤੀ ਲੜਕੀ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।

ਵਸੂਲੀ ਅਧਿਕਾਰੀ ਦਾ ਦਫਤਰ-1/2
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮੰਗ ਸੂਚਨਾ
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ
ਆਰ.ਸੀ./155/2025 29.01.2026
ਸਟੇਟ ਬੈਂਕ ਆਫ ਇੰਡੀਆ
ਬਨਾਮ
ਮੈਸ. ਰਾਮ ਸਰੂਪ ਅਤੇ ਸੰਨਜ਼ ਅਤੇ ਹੋਰ

ਵੱਲ,
(ਸੀਡੀ 1) ਮੈਸਰਜ਼ ਰਾਮ ਸਰੂਪ ਐਂਡ ਸੰਨਜ਼, ਇੱਕ ਭਾਈਵਾਲੀ ਫਰਮ, ਬੂਥ ਨੰਬਰ 90, ਨਵੀਂ ਅਨਾਜ ਮੰਡੀ, ਰਾਜਪੁਰਾ, ਜ਼ਿਲ੍ਹਾ ਪਟਿਆਲਾ - 140401 (ਪੰਜਾਬ), ਆਪਣੇ ਭਾਈਵਾਲਾਂ ਸ਼੍ਰੀ ਸੰਦੀਪ ਕੁਮਾਰ ਪੁੱਤਰ ਸ਼੍ਰੀ ਰਾਮ ਸਰੂਪ, ਸ਼੍ਰੀ ਰਾਮ ਮੂਰਤੀ ਪੁੱਤਰ ਸ਼੍ਰੀ ਰਾਮ ਸਰੂਪ ਅਤੇ ਸ਼੍ਰੀ ਰਾਮ ਸਰੂਪ ਪੁੱਤਰ ਸ਼੍ਰੀ ਦਾਤਾ ਰਾਮ ਰਾਹੀਂ
(ਸੀਡੀ 2) ਸ਼੍ਰੀ ਸੰਦੀਪ ਕੁਮਾਰ ਪੁੱਤਰ ਸ਼੍ਰੀ ਰਾਮ ਸਰੂਪ, ਭਾਈਵਾਲ ਮੈਸਰਜ਼ ਰਾਮ ਸਰੂਪ ਐਂਡ ਸੰਨਜ਼, ਨਿਵਾਸੀ ਪਿੰਡ ਅਤੇ ਡਾਕਘਰ ਅਜਰਾਵਰ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ - 140701 (ਪੰਜਾਬ)
(ਸੀਡੀ 3) ਸ਼੍ਰੀ ਰਾਮ ਮੂਰਤੀ ਪੁੱਤਰ ਸ਼੍ਰੀ ਰਾਮ ਸਰੂਪ, ਭਾਈਵਾਲ ਮੈਸਰਜ਼ ਰਾਮ ਸਰੂਪ ਐਂਡ ਸੰਨਜ਼, ਨਿਵਾਸੀ ਪਿੰਡ ਅਤੇ ਡਾਕਘਰ ਅਜਰਾਵਰ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ - 140701 (ਪੰਜਾਬ)
ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3) ਓਏ/1009/2020 ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 03.08.2020 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 8.00% ਦੀ ਦਰ 'ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 50,68,473.37 (ਰੁਪਏ ਪੰਜਾਹ ਲੱਖ ਅਠਾਹਠ ਹਜ਼ਾਰ ਚਾਰ ਸੌ ਤਿਹੱਤਰ ਅਤੇ ਸੈਂਤੀ ਪੈਸੇ ਕੇਵਲ) ਦੀ ਰਕਮ ਅਤੇ ਰੁ. 53,000/- (ਰੁਪਏ ਤਰਵੰਜਾ ਹਜ਼ਾਰ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ 'ਤੇ/ਪੂਰਨ/ਸੀਮਿਤ ਤੌਰ 'ਤੇ) ਬਕਾਇਆ ਬਣ ਚੁੱਕੀਆਂ ਹਨ।
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਜਿਥੇ ਕਿ ਟ੍ਰਿਬਿਊਨਲ ਦੀ ਤਸੱਲੀ ਲਈ ਇਹ ਦਰਸਾਇਆ ਜਾ ਚੁੱਕਾ ਹੈ ਕਿ ਤੁਹਾਨੂੰ ਸਧਾਰਨ ਢੰਗ ਨਾਲ ਤਾਮੀਲ ਕਰਨਾ ਸੰਭਵ ਨਹੀਂ ਹੈ, ਇਸ ਲਈ ਇਸ ਪ੍ਰਕਾਸ਼ਨ ਦੁਆਰਾ ਇਹ ਸੂਚਨਾ ਦੇ ਕੇ ਤੁਹਾਨੂੰ ਨਿਰਦੇਸ਼ ਦਿੱਤਾ ਜਾਂਦਾ ਹੈ ਕਿ 30.03.2026 ਨੂੰ ਸਵੇਰੇ 10.30 ਵਜੇ ਇਸ ਟ੍ਰਿਬਿਊਨਲ ਕੋਲ ਹਾਜ਼ਰ ਹੋਵੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ 'ਤੇ ਐਲਾਨ ਕਰੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ :
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 29.01.2026 ਨੂੰ ਜਾਰੀ।
ਵਸੂਲੀ ਅਧਿਕਾਰੀ,
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)

"ਕੌਰ ਤੋਂ ਖਾਨ": ਸਿੱਖ ਬੇਟੀਆਂ ਦੀ ਪਹਿਚਾਣ ਅਤੇ ਸੁਰੱਖਿਆ ਸਾਹਮਣੇ ਖੜ੍ਹੀ ਵਿਸ਼ਵ ਚੁਣੌਤੀ

ਪ੍ਰੋ: ਸਰਚਾਂਦ ਸਿੰਘ ਖਿਆਲਾ,
9781355522

ਪਿਛਲੇ ਕੁਝ ਸਾਲਾਂ ਦੌਰਾਨ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਭਾਈਚਾਰੇ, ਖ਼ਾਸ ਕਰਕੇ ਬ੍ਰਿਟੇਨ ਅਤੇ ਪਾਕਿਸਤਾਨ ਵਿੱਚ ਸਾਹਮਣੇ ਆ ਰਹੀਆਂ ਕੁਝ ਘਟਨਾਵਾਂ ਨੇ "K2K ਅਰਥਾਤ "ਕੌਰ ਤੋਂ ਖਾਨ" ਦੀ ਚਰਚਾ ਨੂੰ ਮੁੜ ਕੇਂਦਰ ਵਿੱਚ ਲਿਆ ਦਿੱਤਾ ਹੈ। ਮੁਟਿਆਰ ਸਿੱਖ ਕੁੜੀਆਂ ਨੂੰ ਪਹਿਲਾਂ ਪਿਆਰ ਅਤੇ ਭਰੋਸੇ ਦੇ ਜਾਲ ਵਿੱਚ ਫਸਾ ਕੇ, ਗਰੂਮਿੰਗ, ਬਲੈਕਮੇਲ ਅਤੇ ਫਿਰ ਮਨੋਵਿਗਿਆਨਕ ਦਬਾਅ ਅਤੇ ਧਾਰਮਿਕ ਪ੍ਰਭਾਵ ਰਾਹੀਂ ਉਨ੍ਹਾਂ ਦੀ ਪਹਿਚਾਣ ਬਦਲਣ ਦੀ ਕੋਸ਼ਿਸ਼ ਨਾਲ ਜੁੜੇ ਇਹ ਮਾਮਲੇ ਕੇਵਲ ਧਾਰਮਿਕ ਪਹਿਚਾਣ ਹੀ ਨਹੀਂ, ਸਗੋਂ ਮਹਿਲਾ ਸੁਰੱਖਿਆ, ਮਨੁੱਖੀ ਅਧਿਕਾਰਾਂ ਅਤੇ ਵਿਸ਼ਵ ਨੈਤਿਕਤਾ ਲਈ ਵੀ ਗੰਭੀਰ ਪ੍ਰਸ਼ਨ ਖੜ੍ਹੇ ਕਰ ਰਹੇ ਹਨ।

ਨੌਜਵਾਨ ਸਿੱਖ ਕੁੜੀਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਕਥਿਤ ਗਰੂਮਿੰਗ ਗੈਂਗਾਂ ਦੇ ਪਿੱਛੇ ਕੁਝ ਇਸਲਾਮਿਕ ਕੱਟੜਪੰਥੀਆਂ ਦੀ ਭੂਮਿਕਾ ਬਾਰੇ ਸ਼ਨਾਖ਼ਤ ਇੱਕ ਗੰਭੀਰ ਵਿਸ਼ਵ ਪੱਧਰੀ ਚਿੰਤਾ ਦਾ ਵਿਸ਼ਾ ਹੈ।

ਇਹਨਾਂ ਮਾਮਲਿਆਂ ਨੇ ਸਾਨੂੰ ਇੱਕ ਹੋਰ ਗੰਭੀਰ ਸਚਾਈ ਵੱਲ ਧਿਆਨ ਦਿਵਾਇਆ ਹੈ ਕਿ ਅੱਜ ਦੇ ਡਿਜ਼ੀਟਲ ਯੁੱਗ ਵਿੱਚ ਨੌਜਵਾਨ ਪੀੜ੍ਹੀ ਸਿਰਫ਼ ਸਮਾਜਕ ਜਾਂ ਧਾਰਮਿਕ ਚੁਣੌਤੀਆਂ ਨਾਲ ਹੀ ਨਹੀਂ, ਸਗੋਂ ਸੋਸ਼ਲ ਮੀਡੀਆ ਦੀਆਂ ਖ਼ਤਰਨਾਕ ਚਾਲਾਂ ਨਾਲ ਵੀ ਸਾਹਮਣਾ ਕਰ ਰਹੀ ਹੈ। ਇੱਕ ਘਟਨਾ, ਜੋ ਜਨਵਰੀ 2026 ਵਿੱਚ ਬ੍ਰਿਟੇਨ ਦੇ ਪੱਛਮੀ ਲੰਡਨ ਵਿੱਚ ਵਾਪਰੀ, ਜਿਸ ਨੇ ਇਸ ਚਿੰਤਾ ਨੂੰ ਹੋਰ ਗਹਿਰਾ ਕਰ ਦਿੱਤਾ। ਲਗਭਗ ਦੋ ਸੌ ਬ੍ਰਿਟਿਸ਼ ਸਿੱਖ ਇੱਕ 16 ਸਾਲਾ ਕੁੜੀ ਨੂੰ ਬਚਾਉਣ ਲਈ ਇਕੱਠੇ ਹੋਏ, ਜਿਸ ਬਾਰੇ ਦਾਅਵਾ ਕੀਤਾ ਗਿਆ ਕਿ ਉਸ ਨੂੰ ਇੱਕ 34 ਸਾਲਾ ਵਿਅਕਤੀ ਨੇ ਹਾਊਨਸਲੋ ਦੇ ਇੱਕ ਫਲੈਟ ਵਿੱਚ ਕੈਦ ਕਰਕੇ ਰੱਖਿਆ ਹੋਇਆ ਸੀ ਅਤੇ ਕਈ ਸਾਲਾਂ ਤੋਂ ਮਨੋਵਿਗਿਆਨਕ ਤਰੀਕਿਆਂ ਨਾਲ ਉਸ 'ਤੇ ਧਰਮ ਪਰਿਵਰਤਨ ਲਈ ਦਬਾਅ ਬਣਾਇਆ ਜਾ ਰਿਹਾ ਸੀ। ਜਿਵੇਂ ਹੀ ਇਸ ਘਟਨਾ ਨਾਲ ਸਬੰਧਤ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ, "K2K" ਵਾਲਾ ਮੁੱਦਾ ਮੁੜ ਚਰਮ ਸੀਮਾ 'ਤੇ ਆ ਗਿਆ। ਇਹ ਵੀ ਬਹੁਤ ਹੀ ਚਿੰਤਾਜਨਕ ਹੈ ਕਿ ਕਈ ਮੌਕਿਆਂ 'ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਸਮੇਂ 'ਤੇ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਅਸਫਲ ਰਹੀਆਂ। ਜੇਕਰ ਪੁਲਿਸ ਵੱਲੋਂ ਸਮੇਂ ਸਿਰ ਦਖ਼ਲ ਦਿੱਤਾ ਜਾਂਦਾ ਤਾਂ ਸ਼ਾਇਦ ਸਿੱਖ ਭਾਈਚਾਰੇ ਨੂੰ ਖ਼ੁਦ ਮੈਦਾਨ ਵਿੱਚ ਉਤਰ ਕੇ ਦਖ਼ਲ ਦੇਣ ਦੀ ਲੋੜ ਨਾ ਪੈਂਦੀ। ਇਹ ਸਿਰਫ਼ ਇਕ ਘਟਨਾ ਨਹੀਂ, ਸਗੋਂ ਇੱਕ ਵੱਡੇ ਪ੍ਰਸ਼ਨ ਵੱਲ ਇਸ਼ਾਰਾ ਕਰਦੀ ਹੈ ਕਿ, ਕੀ ਆਧੁਨਿਕ ਲੋਕਤੰਤਰਿਕ ਸਮਾਜਾਂ ਵਿੱਚ ਘੱਟ ਗਿਣਤੀਆਂ ਦੀਆਂ ਬੇਟੀਆਂ ਸੱਚਮੁੱਚ ਸੁਰੱਖਿਅਤ ਹਨ? ਬ੍ਰਿਟੇਨ ਵਿੱਚ ਸਿੱਖ ਕੁੜੀਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਘਟਨਾਵਾਂ 1997 ਤੋਂ ਹੀ ਦਰਜ ਹੋ ਰਹੀਆਂ ਹਨ। 2010 ਦੇ ਦਹਾਕੇ ਦੀ ਸ਼ੁਰੂਆਤ ਵਿੱਚ ਬ੍ਰਿਟੇਨ ਅਤੇ ਯੂਰਪ ਵਿੱਚ ਵੱਸਦੇ ਕੁਝ ਸਿੱਖ ਪਰਿਵਾਰਾਂ ਨੇ ਖ਼ੁਲਾਸਾ ਕੀਤਾ ਕਿ ਕੁਝ ਨੌਜਵਾਨ ਕੁੜੀਆਂ ਨੂੰ ਸੋਸ਼ਲ ਮੀਡੀਆ, ਕਾਲਜਾਂ ਜਾਂ ਦੋਸਤੀ ਦੇ ਰਿਸ਼ਤਿਆਂ ਰਾਹੀਂ ਫਸਾਇਆ ਜਾ ਰਿਹਾ ਹੈ। ਇਸ ਵਕਤ ਬ੍ਰਿਟੇਨ ਵਿੱਚ ਕੁਝ ਸਿੱਖ ਕਾਰਕੁੰਨਾਂ ਅਤੇ ਸੰਸਥਾਵਾਂ ਨੇ ਇਸ ਮਸਲੇ 'ਤੇ ਖੁੱਲ੍ਹੀ ਚਰਚਾ ਸ਼ੁਰੂ ਕੀਤੀ ਅਤੇ ਇਸ ਨੂੰ Grooming Pattern ਦੇ ਰੂਪ ਵਿੱਚ ਵੇਖਣਾ ਸ਼ੁਰੂ ਕੀਤਾ। Sikh Awareness Society ਸਮੇਤ ਕਈ ਸੰਸਥਾਵਾਂ ਨੇ ਚੇਤਾਵਨੀ ਦਿੱਤੀ ਹੈ ਕਿ ਕੁਝ ਥਾਵਾਂ 'ਤੇ ਗਰੂਮਿੰਗ ਨੈੱਟਵਰਕ ਨੌਜਵਾਨ ਕੁੜੀਆਂ ਨੂੰ Love Bombing, ਭਾਵਨਾਤਮਕ ਮੈਨਿਪੂਲੇਸ਼ਨ ਅਤੇ ਮਨੋਵਿਗਿਆਨਕ ਦਬਾਅ ਰਾਹੀਂ ਆਪਣੇ ਜਾਲ ਵਿੱਚ ਫਸਾਉਂਦੇ ਹਨ। ਇਹ ਪ੍ਰਕਿਰਿਆ ਹੌਲੀ-ਹੌਲੀ ਅੱਗੇ ਵਧਦੀ ਹੈ—ਪਹਿਲਾਂ ਦੋਸਤੀ, ਫਿਰ ਪਿਆਰ ਦਾ ਦਿਖਾਵਾ ਅਤੇ ਆਖ਼ਰ ਵਿੱਚ ਪਹਿਚਾਣ ਅਤੇ ਧਰਮ ਬਦਲਣ ਦਾ ਦਬਾਅ। ਪਾਕਿਸਤਾਨ ਵਿੱਚ ਘੱਟ ਗਿਣਤੀ ਭਾਈਚਾਰਿਆਂ ਦੀ ਹਾਲਾਤ ਬ੍ਰਿਟੇਨ ਤੋਂ ਵੀ ਬਦਤਰ ਤੇ ਚਿੰਤਾਜਨਕ ਹੈ, ਜਿੱਥੇ ਘੱਟ ਗਿਣਤੀਆਂ ਦੀਆਂ ਬੇਟੀਆਂ ਨਾਲ ਜੁੜੀਆਂ ਜ਼ਬਰਦਸਤੀ ਧਰਮ ਪਰਿਵਰਤਨ ਦੀਆਂ ਘਟਨਾਵਾਂ ਕਈ ਵਾਰ ਅੰਤਰਰਾਸ਼ਟਰੀ ਚਰਚਾ ਦਾ ਵਿਸ਼ਾ ਬਣ ਚੁੱਕੀਆਂ ਹਨ। ਇਸ ਸੰਦਰਭ ਵਿੱਚ ਭਾਰਤੀ ਨਾਗਰਿਕ ਸਰਬਜੀਤ ਕੌਰ ਦਾ ਮਾਮਲਾ ਹਾਲੀਆ ਸਮੇਂ ਵਿੱਚ ਕਾਫ਼ੀ ਚਰਚਾ ਦਾ ਕੇਂਦਰ ਬਣਿਆ ਹੈ। ਪਿਛਲੇ ਸਾਲ ਨਵੰਬਰ ਮਹੀਨੇ ਵਿੱਚ ਪੰਜਾਬ ਤੋਂ ਗੁਰਦੁਆਰਾ ਦਰਸ਼ਨਾਂ ਲਈ ਪਾਕਿਸਤਾਨ ਗਈ ਸਰਬਜੀਤ ਕੌਰ ਬਾਰੇ ਪਹਿਲਾਂ ਇਹ ਖ਼ਬਰ ਸਾਹਮਣੇ ਆਈ ਕਿ ਉਸ ਨੇ ਆਪਣੀ ਮਰਜ਼ੀ ਨਾਲ ਧਰਮ ਪਰਿਵਰਤਨ ਕਰਕੇ "ਨੂਰ" ਨਾਮ ਰੱਖ ਲਿਆ ਅਤੇ ਪਾਕਿਸਤਾਨੀ ਨਾਗਰਿਕ ਨਾਸਰ ਹੁਸੈਨ ਨਾਲ ਨਿਕਾਹ ਕਰਵਾ ਲਿਆ।

ਇਸ ਖ਼ਬਰ ਦੇ ਸਾਹਮਣੇ ਆਉਂਦੇ ਹੀ ਪੰਜਾਬ ਅਤੇ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਭਾਈਚਾਰੇ ਵਿੱਚ ਤਿੱਖਾ ਰੋਸ ਪੈਦਾ ਹੋਇਆ। ਕਈ ਲੋਕਾਂ ਨੇ ਇਸ ਨੂੰ ਸਿੱਖ ਪਹਿਚਾਣ ਲਈ ਚਿੰਤਾਜਨਕ ਮੰਨਦਿਆਂ ਸਰਬਜੀਤ ਬਾਰੇ ਕੜੀ ਪ੍ਰਤੀਕਿਰਿਆ ਦਿੱਤੀ। ਪਰ ਹੁਣ ਸਾਹਮਣੇ ਆ ਰਹੀਆਂ ਜਾਣਕਾਰੀਆਂ ਨੇ ਇਸ ਮਾਮਲੇ ਨੂੰ ਇੱਕ ਨਵਾਂ ਮੋੜ ਦੇ ਦਿੱਤਾ ਹੈ। ਇਹ ਘਟਨਾ ਹੁਣ ਕਈਆਂ ਲਈ "ਕੌਰ ਤੋਂ ਖਾਨ" ਦੀ ਪ੍ਰਵਿਰਤੀ ਦਾ ਇੱਕ ਹੋਰ ਉਦਾਹਰਨ ਬਣ ਕੇ ਉੱਭਰ ਰਹੀ ਹੈ। ਸਰਬਜੀਤ ਕੌਰ ਦੇ ਮੁਤਾਬਕ ਨਾਸਰ ਹੁਸੈਨ ਨਾਲ ਉਸ ਦਾ ਰਾਬਤਾ ਸੋਸ਼ਲ ਮੀਡੀਆ ਰਾਹੀਂ ਬਣਿਆ। ਪਹਿਲਾਂ ਦੋਸਤੀ ਅਤੇ ਪਿਆਰ ਦੇ ਨਾਂ 'ਤੇ ਉਸ ਨਾਲ ਨਜ਼ਦੀਕੀਆਂ ਬਣਾਈਆਂ ਗਈਆਂ ਅਤੇ ਬਾਅਦ ਵਿੱਚ ਉਸ ਦੀਆਂ ਨਿੱਜੀ ਅਤੇ ਅਸ਼ਲੀਲ ਤਸਵੀਰਾਂ ਹਾਸਲ ਕਰ ਲਈਆਂ ਗਈਆਂ। ਇਨ੍ਹਾਂ ਤਸਵੀਰਾਂ ਦੇ ਆਧਾਰ 'ਤੇ ਉਸ ਨੂੰ ਬਲੈਕਮੇਲ ਕੀਤਾ ਗਿਆ ਅਤੇ ਦਬਾਅ ਹੇਠ ਪਾਕਿਸਤਾਨ ਬੁਲਾਇਆ ਗਿਆ। ਉੱਥੇ ਪਹੁੰਚਣ ਤੋਂ ਬਾਅਦ ਉਸ ਨੂੰ ਬੰਧਕ ਬਣਾ ਕੇ ਜ਼ਬਰਦਸਤੀ ਧਰਮ ਪਰਿਵਰਤਨ ਕਰਵਾਇਆ ਗਿਆ ਅਤੇ ਨਿਕਾਹਨਾਮੇ 'ਤੇ ਦਸਤਖ਼ਤ ਕਰਵਾਏ ਗਏ। ਹਾਲਾਂਕਿ ਇਹ ਮਾਮਲਾ ਇਸ ਵੇਲੇ ਅਦਾਲਤ ਵਿੱਚ ਸੁਣਵਾਈ ਅਧੀਨ ਹੈ ਅਤੇ ਅੰਤਿਮ ਫ਼ੈਸਲਾ ਅਦਾਲਤ ਵੱਲੋਂ ਹੀ ਹੋਵੇਗਾ, ਪਰ ਇਹ ਘਟਨਾ ਇੱਕ ਵੱਡੇ ਸਮਾਜਕ ਸਵਾਲ ਨੂੰ ਜ਼ਰੂਰ ਜਨਮ ਦਿੰਦੀ ਹੈ। ਜੇਕਰ ਕਿਸੇ ਨੌਜਵਾਨ ਕੁੜੀ ਨੂੰ ਪਹਿਲਾਂ ਸੋਸ਼ਲ ਮੀਡੀਆ ਰਾਹੀਂ ਫਸਾਇਆ ਜਾਵੇ, ਫਿਰ ਨਿੱਜੀ ਜਾਣਕਾਰੀ ਜਾਂ ਤਸਵੀਰਾਂ ਦੇ ਆਧਾਰ 'ਤੇ ਬਲੈਕਮੇਲ ਕਰਕੇ ਉਸ ਦੀ ਪਹਿਚਾਣ ਅਤੇ ਧਰਮ ਬਦਲਣ ਲਈ ਮਜਬੂਰ ਕੀਤਾ ਜਾਵੇ ਤਾਂ ਇਹ ਸਿਰਫ਼ ਇਕ ਵਿਅਕਤੀ ਦੀ ਤਰਾਸਦੀ ਨਹੀਂ ਰਹਿੰਦੀ—ਇਹ ਪੂਰੇ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣ ਜਾਂਦੀ ਹੈ।

ਇਸ ਤੋਂ ਪਹਿਲਾਂ 2019 ਵਿੱਚ ਨਨਕਾਣਾ ਸਾਹਿਬ ਦੇ ਗ੍ਰੰਥੀ ਦੀ ਨਾਬਾਲਗ ਧੀ ਜਗਜੀਤ ਕੌਰ ਨੂੰ ਅਗਵਾ ਕਰਕੇ ਉਸ ਦਾ ਜ਼ਬਰਦਸਤੀ ਧਰਮ ਪਰਿਵਰਤਨ ਕਰਵਾਇਆ ਗਿਆ ਅਤੇ ਉਸ ਦਾ ਨਾਮ ਆਇਸ਼ਾ ਰੱਖ ਕੇ ਮੁਹੰਮਦ ਹਸਨ ਨਾਲ ਨਿਕਾਹ ਕਰਾਇਆ ਗਿਆ। ਇਸ ਮਾਮਲੇ ਨੇ ਵਿਸ਼ਵ ਪੱਧਰ 'ਤੇ ਚਿੰਤਾ ਪੈਦਾ ਕੀਤੀ ਸੀ। ਇਸ ਤੋਂ ਬਾਅਦ ਹਸਨ ਅਬਦਾਲ ਦੇ ਗੁਰਦੁਆਰਾ ਪੰਜਾ ਸਾਹਿਬ ਦੇ ਗ੍ਰੰਥੀ ਪ੍ਰੀਤਮ ਸਿੰਘ ਦੀ ਨਾਬਾਲਗ ਧੀ ਬੁਲਬੁਲ ਕੌਰ ਦੇ ਅਗਵਾ ਹੋਣ ਦੀ ਘਟਨਾ ਨੇ ਵੀ ਸਿੱਖ ਭਾਈਚਾਰੇ ਨੂੰ ਗਹਿਰੇ ਝਟਕੇ ਦਿੱਤੇ ਸਨ। ਸਿੱਖ ਧਰਮ ਵਿੱਚ "ਕੌਰ" ਸਿਰਫ਼ ਇੱਕ ਨਾਮ ਨਹੀਂ, ਸਗੋਂ ਇੱਕ ਆਦਰਸ਼ ਹੈ। ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਿਰਜਣਾ ਕਰਦਿਆਂ ਸਿੱਖ ਮਹਿਲਾ ਨੂੰ "ਕੌਰ" ਦਾ ਸਨਮਾਨ ਦਿੱਤਾ, ਜੋ ਸਮਾਨਤਾ, ਆਤਮ-ਗੌਰਵ, ਆਜ਼ਾਦੀ ਅਤੇ ਸ਼ਕਤੀ ਦਾ ਪ੍ਰਤੀਕ ਹੈ।

ਇਸ ਲਈ ਜਦੋਂ ਕਿਸੇ ਸਿੱਖ ਬੇਟੀ ਦੀ ਪਹਿਚਾਣ ਨੂੰ ਧੋਖੇ, ਦਬਾਅ ਜਾਂ ਜ਼ਬਰ ਰਾਹੀਂ ਬਦਲਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਇਹ ਸਿਰਫ਼ ਇੱਕ ਵਿਅਕਤੀ ਦਾ ਮਸਲਾ ਨਹੀਂ ਰਹਿੰਦਾ—ਇਹ ਸਮਾਜਕ ਮਰਿਆਦਾ, ਸਭਿਆਚਾਰਕ ਅਸਤਿਤਵ ਅਤੇ ਧਾਰਮਿਕ ਪਹਿਚਾਣ ਨਾਲ ਜੁੜਿਆ ਮਾਮਲਾ ਬਣ ਜਾਂਦਾ ਹੈ।

ਪਰ "K2K" ਦੀ ਚਰਚਾ ਨੂੰ ਕੇਵਲ ਧਾਰਮਿਕ ਟਕਰਾਅ ਦੇ ਤੌਰ 'ਤੇ ਵੀ ਨਹੀਂ ਦੇਖਣਾ ਚਾਹੀਦਾ। ਜੇ ਕਿਸੇ ਨਾਬਾਲਗ ਜਾਂ ਨੌਜਵਾਨ ਕੁੜੀ ਨੂੰ ਗਰੂਮਿੰਗ, ਧੋਖੇ, ਮਨੋਵਿਗਿਆਨਕ ਦਬਾਅ ਜਾਂ ਬਲੈਕਮੇਲ ਰਾਹੀਂ ਪ੍ਰਭਾਵਿਤ ਕੀਤਾ ਜਾਂਦਾ ਹੈ, ਤਾਂ ਇਹ ਸਿੱਧਾ ਮਹਿਲਾ ਸੁਰੱਖਿਆ ਅਤੇ ਮਨੁੱਖੀ ਅਧਿਕਾਰਾਂ ਦਾ ਮਸਲਾ ਵੀ ਬਣ ਜਾਂਦਾ ਹੈ। ਸਿੱਖ ਇਤਿਹਾਸ ਸਾਨੂੰ ਅਨਿਆਇ ਦੇ ਵਿਰੁੱਧ ਡਟ ਕੇ ਖੜ੍ਹਨ ਦੀ ਪ੍ਰੇਰਨਾ ਦਿੰਦਾ ਹੈ। ਗੁਰੂ ਤੇਗ ਬਹਾਦਰ ਜੀ ਤੋਂ ਲੈ ਕੇ ਅੱਜ ਤੱਕ ਸਿੱਖ ਪਰੰਪਰਾ ਨੇ ਧਰਮ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਅਸਧਾਰਨ ਕੁਰਬਾਨੀਆਂ ਦਿੱਤੀਆਂ ਹਨ। ਇਸ ਲਈ ਅੱਜ ਵੀ ਇਹ ਸਾਡੀ ਨੈਤਿਕ ਜ਼ਿੰਮੇਵਾਰੀ ਹੈ ਕਿ ਜਿੱਥੇ ਵੀ ਕਿਸੇ ਦੀ ਪਹਿਚਾਣ, ਆਜ਼ਾਦੀ ਜਾਂ ਮਰਿਆਦਾ ਨੂੰ ਖ਼ਤਰਾ ਹੋਵੇ, ਉੱਥੇ ਸਚਾਈ ਅਤੇ ਨਿਆਂ ਦੀ ਆਵਾਜ਼ ਬੁਲੰਦ ਕੀਤੀ ਜਾਵੇ। "ਕੌਰ ਤੋਂ ਖਾਨ" ਦੀ ਚਰਚਾ ਸਾਨੂੰ ਇਹ ਯਾਦ ਦਿਵਾਉਂਦੀ ਹੈ ਕਿ ਮਹਿਲਾ ਦੀ ਆਜ਼ਾਦੀ, ਧਾਰਮਿਕ ਪਹਿਚਾਣ ਅਤੇ ਮਨੁੱਖੀ ਮਰਿਆਦਾ ਕਿਸੇ ਵੀ ਸਭਿਆਚਾਰਕ ਸਮਾਜ ਦੀ ਸਭ ਤੋਂ ਵੱਡੀ ਕਸੌਟੀ ਹੁੰਦੀ ਹੈ। ਜੇ ਅਸੀਂ ਇਸ ਕਸੌਟੀ 'ਤੇ ਖਰੇ ਉੱਤਰਨਾ ਚਾਹੁੰਦੇ ਹਾਂ ਤਾਂ ਸਮਾਜ, ਰਾਜ ਅਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਮਿਲ ਕੇ ਅਜਿਹੀਆਂ ਪ੍ਰਵਿਰਤੀਆਂ ਦਾ ਡਟ ਕੇ ਮੁਕਾਬਲਾ ਕਰਨਾ ਪਵੇਗਾ।

ਸਵਾਲ ਅਜੇ ਵੀ ਖੜ੍ਹਾ ਹੈ — ਕੀ ਦੁਨੀਆ ਵਿੱਚ ਸਿੱਖ ਬੇਟੀਆਂ ਸੱਚਮੁੱਚ ਸੁਰੱਖਿਅਤ ਹਨ?

ਜੇ ਨਹੀਂ, ਤਾਂ ਕੀ ਅਸੀਂ ਇਸ ਚੁਣੌਤੀ ਦਾ ਸਾਹਮਣਾ ਕਰਨ ਲਈ ਤਿਆਰ ਹਾਂ?

ਪੰਜਾਬ ਨੈਸ਼ਨਲ ਬੈਂਕ ...ਭਰੋਸੇ ਦਾ ਪ੍ਰਤੀਕ! punjab national bank ...the name you can BANK upon!
ਜ਼ੋਨਲ ਦਫ਼ਤਰ, 05, ਫਿਰੋਜ਼ਪੁਰ ਰੋਡ, ਲੁਧਿਆਣਾ-141012

ਜਨਤਕ ਸੂਚਨਾ
ਸਾਡੇ ਧਿਆਨ ਵਿੱਚ ਆਇਆ ਹੈ ਕਿ ਕੁਝ ਖਾਤਿਆਂ ਵਿੱਚ ਪਿਛਲੇ 3 ਸਾਲਾਂ ਤੋਂ ਕੋਈ ਗਾਹਕ ਦੁਆਰਾ ਪ੍ਰੇਰਿਤ ਕਾਰਵਾਈ ਨਹੀਂ ਕੀਤੀ ਜਾ ਰਹੀ ਹੈ ਅਤੇ ਇਨ੍ਹਾਂ ਖਾਤਿਆਂ ਵਿੱਚ ਕੋਈ ਬਕਾਇਆ ਨਹੀਂ ਹੈ। ਇਹ ਯਕੀਨੀ ਬਣਾਉਣ ਲਈ ਕਿ ਇਨ੍ਹਾਂ ਖਾਤਿਆਂ ਦੀ ਦੁਰਵਰਤੋਂ ਨਾ ਹੋਵੇ ਅਤੇ ਅੰਦਰੂਨੀ ਜੋਖਮਾਂ ਨੂੰ ਰੋਕਣ ਲਈ, ਬੈਂਕ ਨੇ ਅਜਿਹੇ ਖਾਤਿਆਂ ਨੂੰ ਬੰਦ ਕਰਨ ਦਾ ਫੈਸਲਾ ਕੀਤਾ ਹੈ।
ਇਸ ਲਈ, ਅਜਿਹੇ ਖਾਤਿਆਂ ਦੇ ਖਾਤਾ ਧਾਰਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਜਿਨ੍ਹਾਂ ਵਿੱਚ 31.12.2025 ਨੂੰ 3 ਸਾਲਾਂ ਤੋਂ ਵੱਧ ਸਮੇਂ ਤੋਂ ਕੋਈ ਗਾਹਕ ਦੁਆਰਾ ਪ੍ਰੇਰਿਤ ਲੈਣ-ਦੇਣ ਜਾਂ ਕਾਰਵਾਈ ਨਹੀਂ ਹੈ ਅਤੇ ਜਿਨ੍ਹਾਂ ਵਿੱਚ ਕੋਈ ਜਾਂ ਜ਼ੀਰੋ ਬਕਾਇਆ ਨਹੀਂ ਹੈ, ਸੰਬੰਧਤ ਸ਼ਾਖਾਵਾਂ ਵਿੱਚ ਨਵੇਂ ਕੇਵਾਈਸੀ ਦਸਤਾਵੇਜ਼ ਜਮ੍ਹਾਂ ਕਰਵਾ ਕੇ ਆਪਣੇ ਖਾਤਿਆਂ ਨੂੰ ਕਿਰਿਆਸ਼ੀਲ ਕਰਵਾਉਣ। ਅਜਿਹਾ ਕਰਨ ਵਿੱਚ ਅਸਫਲ ਰਹਿਣ ਦੀ ਸਥਿਤੀ ਵਿੱਚ, ਅਜਿਹੇ ਖਾਤਿਆਂ ਨੂੰ ਇੱਕ ਮਹੀਨੇ ਜਾਂ ਬਾਅਦ ਵਿੱਚ ਬਿਨਾਂ ਕਿਸੇ ਹੋਰ ਨੋਟਿਸ ਦੇ ਬੰਦ ਕਰ ਦਿੱਤਾ ਜਾਵੇਗਾ।
ਅਜਿਹੇ ਸਾਰੇ ਖਾਤਾ ਧਾਰਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ 15.04.2026 ਨੂੰ ਜਾਂ ਇਸ ਤੋਂ ਪਹਿਲਾਂ ਸਬੰਧਤ ਸ਼ਾਖਾਵਾਂ ਵਿੱਚ ਕੇਵਾਈਸੀ ਦਸਤਾਵੇਜ਼ ਜਮ੍ਹਾਂ ਕਰਵਾ ਕੇ ਅਜਿਹੇ ਖਾਤਿਆਂ ਨੂੰ ਮੁੜ ਕਿਰਿਆਸ਼ੀਲ ਕਰਵਾਉਣ ਤਾਂ ਜੋ ਉਹ ਬੈਂਕ ਨਾਲ ਨਿਰਵਿਘਨ ਬੈਂਕਿੰਗ ਸੇਵਾਵਾਂ ਦਾ ਲਾਭ ਲੈ ਸਕਣ। ਜੇਕਰ ਇਹ ਖਾਤੇ ਕਿਰਿਆਸ਼ੀਲ ਨਹੀਂ ਕੀਤੇ ਗਏ ਤਾਂ ਇਹ 16.04.2026 ਨੂੰ ਜਾਂ ਉਸ ਤੋਂ ਬਾਅਦ ਬਿਨਾਂ ਕਿਸੇ ਹੋਰ ਸੂਚਨਾ ਦੇ ਬੰਦ ਕਰ ਦਿੱਤੇ ਜਾਣਗੇ।
ਕਿਸੇ ਵੀ ਪੁੱਛਗਿੱਛ/ਸਹਾਇਤਾ ਦੇ ਮਾਮਲੇ ਵਿੱਚ, ਤੁਹਾਨੂੰ ਆਪਣੀ ਸ਼ਾਖਾ ਨਾਲ ਸੰਪਰਕ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ।
ਅਧਿਕਾਰਤ ਹਸਤਾਖਰੀ

ਵਸੂਲੀ ਅਧਿਕਾਰੀ ਦਾ ਦਫਤਰ-1/2
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)
ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮੰਗ ਸੂਚਨਾ
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ
ਆਰ.ਸੀ./1231/2025 21.02.2026
ਸਟੇਟ ਬੈਂਕ ਆਫ ਇੰਡੀਆ
ਬਨਾਮ
ਸਨੀ

ਵੱਲ,
(ਸੀਡੀ-1) ਸਨੀ ਪੁੱਤਰ ਸ਼੍ਰੀ ਪਾਰਸ ਰਾਮ ਵਾਸੀ ਮਕਾਨ ਨੰ. 64-ਆਰ ਨਿਊ ਰਸੀਲਾ ਨਗਰ, ਬਸਤੀ ਦਾਨਿਸ਼ ਮੰਡਾ ਜ਼ਿਲ੍ਹਾ ਜਲੰਧਰ ਪੰਜਾਬ- ਇਥੇ ਵੀ : ਦੂਜਾ ਪਤਾ: ਸਨੀ ਅੰਗੁਰਲ ਪੁੱਤਰ ਸ਼੍ਰੀ ਪਾਰਸ ਰਾਮ ਵਾਸੀ ਮਕਾਨ ਨੰ. 3 ਚੋਪੜਾ ਕਲੋਨੀ, ਸਾਹਮਣੇ ਐਸਟੀ. ਸੋਲਜ਼ਰ ਕਾਲਜ ਬਸਤੀ ਦਾਨਿਸ਼ ਮੰਡਾ ਜਲੰਧਰ
(ਸੀਡੀ-2) ਲਲਿਤ ਕੁਮਾਰ ਪੁੱਤਰ ਸ਼੍ਰੀ ਪਾਰਸ ਰਾਮ ਵਾਸੀ ਮਕਾਨ ਨੰ. 64-ਆਰ ਨਿਊ ਰਸੀਲਾ ਨਗਰ, ਬਸਤੀ ਦਾਨਿਸ਼ ਮੰਡਾ ਜ਼ਿਲ੍ਹਾ ਜਲੰਧਰ ਪੰਜਾਬ-0, ਇਥੇ ਵੀ : ਦੂਜਾ ਪਤਾ: ਲਲਿਤ ਅੰਗੁਰਲ ਪੁੱਤਰ ਸ਼੍ਰੀ ਪਾਰਸ ਰਾਮ, ਵਾਸੀ ਡਬਲਿਊਓ-195 ਲਸੂੜੀ ਮੁਹੱਲਾ ਬਸਤੀ ਦਾਨਿਸ਼ ਮੰਡਾ ਜਲੰਧਰ ਪੰਜਾਬ
ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1) ਓਏ/310/2022 ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 02.02.2022 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 9.55% ਦੀ ਦਰ 'ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 28,52,639 (ਰੁਪਏ ਅਠਾਈ ਲੱਖ ਬਵੰਜਾ ਹਜ਼ਾਰ ਛੇ ਸੌ ਉਨਤਾਲੀ ਕੇਵਲ) ਦੀ ਰਕਮ ਅਤੇ ਰੁ. 31,005/- (ਰੁਪਏ ਇਕੱਤੀ ਹਜ਼ਾਰ ਪੰਜ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ 'ਤੇ/ਪੂਰਨ/ਸੀਮਿਤ ਤੌਰ 'ਤੇ) ਬਕਾਇਆ ਬਣ ਚੁੱਕੀਆਂ ਹਨ।
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ 'ਤੇ ਐਲਾਨ ਕਰੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 08.04.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ :
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 21.02.2026 ਨੂੰ ਜਾਰੀ।
ਵਸੂਲੀ ਅਧਿਕਾਰੀ,
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1)

ਬੈਂਕ ਆਫ ਬੜੌਦਾ Bank of Baroda
ਖੇਤਰੀ ਸਟ੍ਰੈਸਡ ਅਸੇਟ ਰਿਕਵਰੀ ਸ਼ਾਖਾ ਲੁਧਿਆਣਾ, ਤੀਜੀ ਮੰਜ਼ਿਲ, ਸੰਧੂ ਟਾਵਰਜ਼, ਗੁਰਦੇਵ ਨਗਰ, ਲੁਧਿਆਣਾ-141001, ਫੋਨ : 91155-21745
Email: sarlud@bankofbaroda.com
Website: www.bankofbaroda.bank.in

{ਨਿਯਮ 8 (1)} ਕਬਜ਼ਾ ਸੂਚਨਾ (ਚੱਲ/ਅਚੱਲ ਸੰਪੱਤੀ ਦੇ ਲਈ)
ਜਿਥੇ ਕਿ, ਨਿਮਨ ਹਸਤਾਖ਼ਰੀ ਨੇ ਬੈਂਕ ਆਫ ਬੜੌਦਾ ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਅਧਿਆਦੇਸ਼ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (2) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰਾਂ ਨੂੰ ਸੱਦਾ ਦੇਣ ਉਪਰੰਤ ਇਥੇ ਦਰਸਾਈ ਅਤੇ ਖਾਤੇ ਅਧੀਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ ਲਾਗੂਕਰਨ ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੀ ਸੈਕਸ਼ਨ 13 ਦੀ ਉਪ ਧਾਰਾ (4) ਕਾਨੂੰਨ ਦੀ ਧਾਰਾ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ ਕਬਜ਼ਾ ਲੈ ਲਿਆ ਹੈ।
ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਰਕਮ ਅਤੇ ਵਿਆਜ ਦੇ ਲਈ ਬੈਂਕ ਆਫ ਬੜੌਦਾ ਦੇ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 (8) ਦੀ ਵਿਵਸਥਾ ਵੱਲ ਦੁਆਇਆ ਜਾਂਦਾ ਹੈ।

ਸ਼ਾਖਾ ਖਾਤਾ/ਕਰਜ਼ਦਾਰ/ਮਾਲਕ/ਜ਼ਾਮਨ (ਾਂ) ਅਤੇ ਗਿਰਵੀਕਾਰ (ਆਂ) ਦਾ ਨਾਮ	ਅਚੱਲ ਸੰਪੱਤੀਆਂ ਦੇ ਵੇਰਵੇ	ਮੰਗ ਸੂਚਨਾ ਦੀ ਮਿਤੀ	ਸੰਕੇਤਕ ਕਬਜ਼ੇ ਦੀ ਮਿਤੀ	ਮੰਗ ਸੂਚਨਾ ਅਨੁਸਾਰ ਰਕਮ
ਕਰਜ਼ਦਾਰ ਮੈਸ. ਆਰ.ਏ ਰੋਸ਼ਨ, ਮਕਾਨ ਨੰਬਰ 2-23-586, ਗਲੀ ਨੰਬਰ-2, ਜਨਕਪੁਰੀ, ਨੇੜੇ ਚੀਮਾ ਚੌਕ ਲੁਧਿਆਣਾ, ਪੰਜਾਬ-141008, ਰਾਹੀਂ ਇਸਦੇ ਪ੍ਰੋਪ. ਸ਼੍ਰੀ ਮੁਸ਼ਫੀਕ ਸਪੁੱਤਰ ਫਰਮੁਦੀਨ ਵਾਸੀ ਮਕਾਨ ਨੰ. 2-23-586, ਗਲੀ ਨੰਬਰ-2, ਜਨਕਪੁਰੀ, ਨੇੜੇ ਚੀਮਾ ਚੌਕ ਲੁਧਿਆਣਾ, ਪੰਜਾਬ-141008 ਅਤੇ ਸ੍ਰੀਮਤੀ ਸ਼ਮਾ ਸੁਪਤਨੀ ਮੁਸ਼ਫੀਕ (ਜ਼ਾਮਨ) ਵਾਸੀ ਮਕਾਨ ਨੰਬਰ 2-23-586, ਗਲੀ ਨੰਬਰ-2, ਜਨਕਪੁਰੀ, ਨੇੜੇ ਚੀਮਾ ਚੌਕ ਲੁਧਿਆਣਾ, ਪੰਜਾਬ-141008	ਮੁਸ਼ਫੀਕ ਪੁੱਤਰ ਫਾਰਮੂਦੀਨ ਦੇ ਪੱਖ ਵਿਚ ਵਸੀਕਾ ਨੰ. 6740 ਮਿਤੀ 15.07.2004 ਦੇ ਅਨੁਸਾਰ ਪਿੰਡ ਢੋਲੇਵਾਲ, ਹੱਦਬਸਤ ਨੰ. 174, ਆਬਾਦੀ ਗਲੀ ਨੰ. 2 ਵਜੋਂ ਜਾਣੂੰ, ਮੁਹੱਲਾ ਜਨਕਪੁਰੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਸਾਲ 2009-10 ਦੇ ਲਈ ਜਮ੍ਹਾਂਬੰਦੀ ਅਨੁਸਾਰ ਸਾਲ 1999-2000 ਦੇ ਲਈ ਜਮ੍ਹਾਂਬੰਦੀ ਅਨੁਸਾਰ ਖਸਰਾ ਨੰ. 67, ਖਾਤਾ ਨੰ. 8/17 (ਖਾਤਾ ਨੰ. 8/17) ਵਿਚ ਸ਼ਾਮਲ 75 ਵਰਗ ਗਜ਼ ਮਾਪ ਵਾਲੀ ਰਿਹਾਇਸ਼ੀ ਸੰਪੱਤੀ ਐਮ ਸੀ ਨੰਬਰ ਬੀ-23-586 ਦੀ ਈਐਮਡੀ ਟੀਡੀ।	29.12.2025	16.03.2026	ਰੁ. 31.12.2023 ਨੂੰ 29,05,637.37/- (ਉਣੱਤੀ ਲੱਖ ਪੰਜ ਹਜ਼ਾਰ ਛੇ ਸੌ ਸੈਂਤੀ ਅਤੇ ਸੈਂਤੀ ਪੈਸੇ) ਅਤੇ ਉਸ 'ਤੇ 31.12.2023 ਤੋਂ ਵਿਆਜ।

ਮਿਤੀ : 16.03.2026 ਸਥਾਨ :ਲੁਧਿਆਣਾ ਅਧਿਕਾਰਤ ਅਧਿਕਾਰੀ

ਯੂਨੀਅਨ ਬੈਂਕ ਆਫ ਇੰਡੀਆ ਭਾਰਤ ਸਰਕਾਰ ਦੀ ਅਦਾਰਾ Union Bank of India A Government of India Undertaking
[ਨਿਯਮ 8 (1)] ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)

ਜਿਥੇ ਕਿ, ਨਿਮਨ ਹਸਤਾਖ਼ਰੀ ਨੇ ਯੂਨੀਅਨ ਬੈਂਕ ਆਫ ਇੰਡੀਆ ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ (ਦੂਜਾ) ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਦਰਸਾਈ ਰਕਮ ਅਤੇ ਵਿਆਜ ਨੂੰ ਅਦਾ ਕਰਨ ਲਈ ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਉਨ੍ਹਾਂ ਖਿਲਾਫ਼ ਦਰਸਾਈ ਮਿਤੀ ਨੂੰ ਸੁਰੱਖਿਆ ਵਿਆਜ ਲਾਗੂਕਰਨ ਨਿਯਮਾਂਵਲੀ 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13(4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ ਕਬਜ਼ਾ ਲੈ ਲਿਆ ਹੈ।
ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ/ਆਂ ਦੀ ਕੋਈ ਵੀ ਸੌਦੇਬਾਜ਼ੀ ਰਕਮ ਅਤੇ ਵਿਆਜ ਦੇ ਲਈ ਯੂਨੀਅਨ ਬੈਂਕ ਆਫ ਇੰਡੀਆ ਦੇ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਰ (ਾਂ)/ਜ਼ਾਮਨ(ਾਂ) ਦਾ ਧਿਆਨ ਸੁਰੱਖਿਅਤ ਸੰਪੱਤੀ (ਆਂ) ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

ਸ਼ਾਖਾ ਅਤੇ ਕਰਜ਼ਦਾਰ(ਾਂ)/ ਜ਼ਾਮਨ (ਾਂ)/ ਦੇ ਨਾਮ	ਸੰਪੱਤੀਆਂ ਦੇ ਵੇਰਵੇ	ਮੰਗ ਸੂਚਨਾ ਦੀ ਮਿਤੀ	ਕਬਜ਼ੇ ਦੀ ਮਿਤੀ	ਬਕਾਇਆ ਰਕਮ
ਸ਼ਾਖਾ: ਦੁੱਗਰੀ ਰੋਡ ਲੁਧਿਆਣਾ ਕਰਜ਼ਦਾਰ: ਮੈਸ. ਐਵਰਸ਼ਾਈਨ ਐਡਹੇਸਿਵਜ਼ ਅਤੇ ਕੰਪੋਜ਼ਿਟਸ ਰਾਹੀਂ ਪ੍ਰੋਪ. ਵਿਸ਼ਾਲ ਅਗਰਵਾਲ, ਪਿੰਡ-ਹੰਬੜਾਂ, ਸਬ ਡਾਕਘਰ, ਮੁੱਲਾਂਪੁਰ ਰੋਡ, ਹੰਬੜਾਂ, ਲੁਧਿਆਣਾ, ਪੰਜਾਬ- 141110; ਅਤੇ ਖਸਰਾ ਨੰਬਰ 136//16/1(4-12), ਗਨੌਰ ਰੋਡ, ਤਹਿਸੀਲ ਸਮਾਲਖਾ, ਚੁਲਕਾਣਾ ਇੰਡਸਟਰੀਅਲ ਏਰੀਆ, ਪਿੰਡ ਚੜ੍ਹਿਆ ਉਸਪੁਰ, ਜ਼ਿਲ੍ਹਾ-ਪਾਣੀਪਤ, ਹਰਿਆਣਾ-132102; ਇਸ ਤੋਂ ਇਲਾਵਾ: ਸ਼੍ਰੀ ਵਿਸ਼ਾਲ ਅਗਰਵਾਲ ਪੁੱਤਰ ਸ਼੍ਰੀ ਵਿਪਿਨ ਅਗਰਵਾਲ, ਮਕਾਨ ਨੰਬਰ 12, ਵਾਰਡ ਨੰਬਰ- 58, ਰੱਖ ਬਾਗ, ਸਿਵਲ ਲਾਈਨਜ਼, ਲੁਧਿਆਣਾ, ਪੰਜਾਬ-141001	(1) ਜਾਇਦਾਦ ਦਾ ਸਾਰਾ ਹਿੱਸਾ ਜਿਸ ਵਿੱਚ 2208 ਵਰਗ ਗਜ਼ ਦੀ ਫੈਕਟਰੀ ਜ਼ਮੀਨ ਦੀ ਇਮਾਰਤ ਸ਼ਾਮਲ ਹੈ ਜੋ ਕਿ ਪਿੰਡ ਹੰਬਰਾਨ, ਐਚ.ਬੀ. ਨੰਬਰ 2 ਜੇ, ਹੰਬਰਾਨ ਤੋਂ ਮੁੱਲਾਂਪੁਰ ਰੋਡ, ਗ੍ਰੀਨ ਵੈਲੀ ਦੇ ਨੇੜੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੇ ਮਾਲੀਆ ਜਾਇਦਾਦ ਦੇ ਨਾਲ ਸਥਿਤ ਹੈ, ਵਿਕਰੀ ਡੀਡ ਨੰਬਰ 2021-22/101/1/1946 ਮਿਤੀ 11.05.2021 ਦੁਆਰਾ ਵਿਸ਼ਾਲ ਅਗਰਵਾਲ ਪੁੱਤਰ ਸ਼੍ਰੀ ਵਿਪਿਨ ਅਗਰਵਾਲ ਦੇ ਨਾਮ 'ਤੇ ਹੈ ਅਤੇ ਹੱਦਬੰਦੀ : ਪੂਰਬ: ਗੁਆਂਢੀ: 181'-9", ਪੱਛਮ: ਗੁਆਂਢੀ: 181'-9", ਉੱਤਰ: ਰਸਤਾ: 110'-0", ਦੱਖਣ: ਗੁਆਂਢੀ 110'-0" । CERSAI ਜਾਇਦਾਦ ਆਈਡੀ: 200085640028, ਸੁਰੱਖਿਆ ਵਿਆਜ ਆਈਡੀ: 400083782178। (2) ਜਾਇਦਾਦ ਦਾ ਸਾਰਾ ਹਿੱਸਾ ਜਿਸ ਵਿੱਚ ਅਚੱਲ ਜਾਇਦਾਦ ਸ਼ਾਮਲ, ਰਿਹਾਇਸ਼ੀ ਫਲੈਟ ਅਪਾਰਟਮੈਂਟ ਨੰਬਰ 74-ਡੀ, ਪਹਿਲੀ ਮੰਜ਼ਿਲ, ਫੇਜ਼-2, ਗਲਾਡਾ ਹਾਈਟਸ ਅਰਬਨ ਅਸਟੇਟ, ਕੇ2 ਫਿਟਨੈਸ ਅਤੇ SPA ਯੂਨੀਸੈਕਸ ਜਿਮ ਦੇ ਨੇੜੇ, ਮੇਨ ਦੁਗਰੀ ਰੋਡ, ਲੁਧਿਆਣਾ 111.11 ਵਰਗ ਗਜ਼ ਦਾ ਅਲਾਟਮੈਂਟ ਨੰਬਰ E.O/GLADA/LDH/8777 ਅਤੇ ਮਿਤੀ 06.09.2011 ਸ਼੍ਰੀ ਵਿਸ਼ਾਲ ਅਗਰਵਾਲ ਪੁੱਤਰ ਸ਼੍ਰੀ ਵਿਪਿਨ ਅਗਰਵਾਲ ਦੇ ਨਾਮ 'ਤੇ ਅਤੇ ਹੱਦਬੰਦੀ : ਪੂਰਬ: ਹੋਰ ਟਾਵਰ, ਪੱਛਮ: ਰਸਤਾ, ਉੱਤਰ: ਫਲੈਟ ਨੰਬਰ-75, ਦੱਖਣ: ਬਾਲਕੋਨੀ। CERSAI ਜਾਇਦਾਦ ਆਈਡੀ: 200101147474, ਸੁਰੱਖਿਆ ਵਿਆਜ ਆਈਡੀ: 400098745154	03/01/2026	11/03/2026	Rs. 4,99,08,141.44 ਅਤੇ ਵਿਆਜ ਸਮੇਤ
ਸ਼ਾਖਾ: ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ ਕਰਜ਼ਦਾਰ : (ਏ) ਸ਼੍ਰੀ ਸ਼ਾਮ ਸਿੰਘ ਪੁੱਤਰ ਸ਼੍ਰੀ. ਧਰਮ ਸਿੰਘ, ਮਕਾਨ ਨੰ. ਬੀ-30-212/35-ਏ/45, ਗਲੀ ਨੰ. 2, ਸੁਖਦੇਵ ਸਿੰਘ ਨਗਰ, 33 ਫੀਟ ਰੋਡ, ਲੁਧਿਆਣਾ, ਪੰਜਾਬ-141010, (ਅ) ਸ਼੍ਰੀਮਤੀ ਕਮਲੇਸ਼ ਦੇਵੀ ਪਤਨੀ ਸ਼ਾਮ ਸਿੰਘ, ਮਕਾਨ ਨੰ. ਬੀ-30-212/35-ਏ/45, ਗਲੀ ਨੰ.2, ਸੁਖਦੇਵ ਸਿੰਘ ਨਗਰ, 33 ਫੀਟ ਰੋਡ, ਲੁਧਿਆਣਾ, ਪੰਜਾਬ-141010, (ਸੀ) ਸ਼੍ਰੀ ਸਤਪਾਲ ਸ਼ਰਮਾ ਪੁੱਤਰ ਸ਼੍ਰੀ ਸ਼ਾਮ ਸਿੰਘ, ਮਕਾਨ ਨੰ.458/4/22, ਗੁਰੂ ਤੇਗ ਬਹਾਦਰ ਨਗਰ, ਗਲੀ ਨੰ.7, ਵਿਕਾਸ ਪਬਲਿਕ ਸਕੂਲ ਨੇੜੇ, ਲੁਧਿਆਣਾ, ਪੰਜਾਬ-141016	ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਜੋ 125 ਵਰਗ ਗਜ਼ ਦੇ ਪਲਾਟ 'ਤੇ ਬਣਿਆ, ਖਸਰਾ ਨੰਬਰ 24//16/2,17/1/2, 17/2/2, 18/2, 23/1, 25/1, ਖਾਤਾ ਨੰਬਰ 57/57 ਵਿੱਚ ਸ਼ਾਮਲ ਹੈ, ਸਾਲ 2008-09 ਲਈ ਜਮ੍ਹਾਂਬੰਦੀ ਅਨੁਸਾਰ, ਪਿੰਡ ਗੌਂਸਪੁਰਾ ਇਲਾਕੇ ਵਿੱਚ ਸਥਿਤ ਹੈ ਜਿਸਨੂੰ ਗਗਨ ਨਗਰ (ਸੁਖਦੇਵ ਸਿੰਘ ਨਗਰ ਨੂੰ ਜਾਣੋ), ਗਲੀ ਨੰਬਰ 2, ਬਾਜ਼ ਵਾਲੀ ਗਲੀ, ਲੁਧਿਆਣਾ ਵਜੋਂ ਜਾਣਿਆ ਜਾਂਦਾ ਹੈ। ਸ਼੍ਰੀਮਤੀ ਕਮਲੇਸ਼ ਦੇਵੀ ਦੇ ਨਾਮ 'ਤੇ ਵਿਕਰੀ ਡੀਡ ਨੰਬਰ 709 ਮਿਤੀ 25.04.2014 ਅਤੇ ... ਹੱਦਬੰਦੀ : ਪੂਰਬ- ਗੁਆਂਢੀ/ਜਗਦੀਸ਼ ਸਿੰਘ 45', ਪੱਛਮ- ਗੁਆਂਢੀ/ਕਿਸ਼ੋਰ ਕੁਮਾਰ 45', ਉੱਤਰ- ਗਲੀ 20' ਚੌੜੀ 25', ਦੱਖਣ- ਗੁਆਂਢੀ/ਖੁੱਲ੍ਹਾ ਪਲਾਟ 25'। CERSAI ਸੁਰੱਖਿਆ ਵਿਆਜ ਆਈਡੀ: 400016099991, ਸੰਪਤੀ ਆਈਡੀ: 200057909250	02/01/2026	16/03/2026	Rs. 14,16,074.14 ਅਤੇ ਵਿਆਜ ਸਮੇਤ

ਮਿਤੀ : 11.03.2026 ਸਹੀ/- ਅਧਿਕਾਰਤ ਅਧਿਕਾਰੀ

ਮਾਨ ਸਰਕਾਰ ਵੱਲੋਂ ਪੂਰੇ ਕੀਤੇ ਵਾਅਦਿਆਂ ਕਾਰਨ ਵਿਰੋਧੀ ਧਿਰਾਂ 'ਚ ਬੁਖਲਾਹਟ: ਰਾਜੀਵ ਸ਼ਰਮਾ

ਫਤਹਿਗੜ੍ਹ ਚੂੜੀਆਂ, 16 ਮਾਰਚ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਮਾਨ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਜਨਤਾ ਨਾਲ ਕੀਤੇ ਹੋਏ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ। ਰਾਜੀਵ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਅਜਿਹੀ ਸਰਕਾਰ ਹੈ, ਜਿਸ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਹਰ ਘਰ ਵਿੱਚ 600 ਯੂਨਿਟ ਬਿਨਾਂ ਕਿਸੇ ਸ਼ਰਤ ਮੁਫਤ, ਪੂਰੇ ਪੰਜਾਬ ਵਿੱਚ ਵਿਛਾਏ ਸੜਕਾਂ ਦੇ ਜਾਲ, ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣਾ, ਤੀਰਥ ਯਾਤਰਾ, ਆਮ ਆਦਮੀ ਕਲੀਨਿਕ, ਸਿੱਖਿਆ ਤੇ ਉਦਯੋਗਿਕ, ਖੇਤਰ ਵਿੱਚ ਆਈ ਕ੍ਰਾਂਤੀ, ਔਰਤਾਂ ਨੂੰ ਪ੍ਰਤੀ ਮਹੀਨਾ 1000 ਤੇ 1500 ਰੁਪਏ ਤੇ ਇਸ ਦੇ ਨਾਲ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦਾ ਸਿਹਤ ਬੀਮਾ ਜੋ ਕਿ ਪੰਜਾਬ ਦੇ ਹਰ ਨਾਗਰਿਕ ਨੂੰ ਬਿਲਕੁਲ ਮੁਫਤ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸਾਰੇ ਹੀ ਵਾਅਦੇ ਪੂਰੇ ਹੋਣ ਉਪਰ ਵਿਰੋਧੀ ਧਿਰਾਂ ਵਿੱਚ ਬੁਖਲਾਹਟ ਪਾਈ ਜਾ ਰਹੀ ਹੈ। ਗੱਲਬਾਤ ਦੌਰਾਨ ਰਾਜੀਵ ਸ਼ਰਮਾ ਨੇ ਕਿਹਾ ਕਿ 2027 ਵਿੱਚ ਆਮ ਆਦਮੀ ਪਾਰਟੀ ਆਪਣੇ ਕੰਮਾਂ ਤੇ ਜਨਤਾ ਨਾਲ ਕੀਤੇ ਵਾਅਦਿਆਂ ਦੀ ਪੂਰਤੀ ਦੇ ਦਮ ਉਪਰ ਪੰਜਾਬ ਵਿੱਚ ਮੁੜ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਵੇਗੀ।

ਈਰਾਨ ਨੇ ਦੁਨੀਆਂ ਨੂੰ ਜੰਗ ਦੇ ਘੇਰੇ ਤੋਂ ਬਚਣ ਦੀ ਦਿੱਤੀ ਚੇਤਾਵਨੀ

☛ਸਵਿਟਜ਼ਰਲੈਂਡ ਨੇ ਅਮਰੀਕੀ ਜੰਗੀ ਜਹਾਜ਼ਾਂ ਲਈ ਆਪਣੇ ਅਸਮਾਨੀ ਰਸਤੇ ਬੰਦ ਕੀਤੇ

ਤਹਿਰਾਨ/ਜਨੇਵਾ, 16 ਮਾਰਚ (ਚ.ਨ.ਸ): ਮੱਧ ਪੂਰਬ ਵਿੱਚ ਵਧਦੇ ਤਣਾਅ ਤੇ ਜੰਗ ਦੇ ਖ਼ਦਸ਼ਿਆਂ ਦਰਮਿਆਨ ਈਰਾਨ ਨੇ ਸੰਸਾਰ ਦੇ ਹੋਰਨਾਂ ਮੁਲਕਾਂ ਨੂੰ ਸਖ਼ਤ ਲਹਿਜ਼ੇ ਵਿੱਚ ਚੇਤਾਵਨੀ ਦਿੱਤੀ ਹੈ ਕਿ ਉਹ ਅਜਿਹੀ ਕਿਸੇ ਵੀ ਕਾਰਵਾਈ ਤੋਂ ਗੁਰੇਜ਼ ਕਰਨ ਜਿਸ ਨਾਲ ਚੱਲ ਰਹੀ ਜੰਗ ਦਾ ਘੇਰਾ ਹੋਰ ਵਿਸ਼ਾਲ ਹੋ ਸਕਦਾ ਹੋਵੇ। ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਵੱਖ-ਵੱਖ ਦੇਸ਼ਾਂ ਨੂੰ ਅਪੀਲ ਕੀਤੀ ਕਿ ਖੇਤਰ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਸੰਜਮ ਤੋਂ ਕੰਮ ਲਿਆ ਜਾਵੇ ਤੇ ਕਿਸੇ ਵੀ ਪੱਖਪਾਤੀ ਫੌਜੀ ਗਤੀਵਿਧੀ ਦਾ ਹਿੱਸਾ ਨਾ ਬਣਿਆ ਜਾਵੇ। ਈਰਾਨੀ ਵਿਦੇਸ਼ ਮੰਤਰਾਲੇ ਵੱਲੋਂ ਜਾਰੀ ਕੀਤੇ ਗਏ ਇੱਕ ਅਧਿਕਾਰਤ ਬਿਆਨ ਅਨੁਸਾਰ ਵਿਦੇਸ਼ ਮੰਤਰੀ ਅਰਾਗਚੀ ਨੇ ਫਰਾਂਸ ਦੇ ਵਿਦੇਸ਼ ਮੰਤਰੀ ਜੀਨ-ਨੋਏਲ ਬੈਰੋਟ ਨਾਲ ਟੈਲੀਫੋਨ 'ਤੇ ਵਿਸਥਾਰਪੂਰਵਕ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਸਪੱਸ਼ਟ ਕੀਤਾ ਕਿ ਮੌਜੂਦਾ ਹਾਲਾਤ ਬੇਹੱਦ ਨਾਜ਼ੁਕ ਹਨ ਤੇ ਜੇਕਰ ਕੋਈ ਵੀ ਬਾਹਰੀ ਸ਼ਕਤੀ ਇਸ ਟਕਰਾਅ ਵਿੱਚ ਦਖ਼ਲ ਦਿੰਦੀ ਹੈ ਤਾਂ ਇਸ ਦੇ ਸਿੱਟੇ ਪੂਰੀ ਦੁਨੀਆਂ ਲਈ ਘਾਤਕ ਹੋ ਸਕਦੇ ਹਨ। ਅਰਾਗਚੀ ਨੇ ਕਿਹਾ ਕਿ ਅੰਤਰਰਾਸ਼ਟਰੀ ਭਾਈਚਾਰੇ ਨੂੰ ਅਜਿਹੇ ਕਦਮਾਂ ਤੋਂ ਦੂਰ ਰਹਿਣਾ ਚਾਹੀਦਾ ਹੈ ਜੋ ਮੌਜੂਦਾ ਸੰਘਰਸ਼ ਨੂੰ ਵਧਾਉਣ ਜਾਂ ਇਸ ਨੂੰ ਨਵੇਂ ਖੇਤਰਾਂ ਵਿੱਚ ਫੈਲਾਉਣ ਦਾ ਕਾਰਨ ਬਣ ਸਕਦੇ ਹਨ।ਇਹ ਡਿਪਲੋਮੈਟਿਕ ਹਲਚਲ ਅਜਿਹੇ ਸਮੇਂ ਤੇਜ਼ ਹੋਈ ਹੈ, ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦੁਨੀਆਂ ਦੇ ਹੋਰਨਾਂ ਸ਼ਕਤੀਸ਼ਾਲੀ ਦੇਸ਼ਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਟਰੇਟ ਆਫ ਹਾਰਮੁਜ਼ ਰਾਹੀਂ ਹੋਣ ਵਾਲੀ ਤੇਲ ਦੀ ਸਪਲਾਈ ਨੂੰ ਸੁਰੱਖਿਅਤ ਰੱਖਣ ਲਈ ਆਪਣੇ ਜੰਗੀ ਬੇੜੇ ਤਾਇਨਾਤ ਕਰਨ।ਟਰੰਪ ਦਾ ਕਹਿਣਾ ਹੈ ਕਿ ਵਿਸ਼ਵ ਦੀ ਤੇਲ ਸਪਲਾਈ ਚੇਨ ਨੂੰ ਬਚਾਉਣਾ ਸਿਰਫ ਅਮਰੀਕਾ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਉਨ੍ਹਾਂ ਸਾਰੇ ਦੇਸ਼ਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਜਿਨ੍ਹਾਂ ਦੀ ਆਰਥਿਕਤਾ ਇਸ ਰਸਤੇ 'ਤੇ ਨਿਰਭਰ ਹੈ। ਦੂਜੇ ਪਾਸੇ, ਆਪਣੀ ਨਿਰਪੱਖਤਾ ਲਈ ਜਾਣੇ ਜਾਂਦੇ ਦੇਸ਼ ਸਵਿਟਜ਼ਰਲੈਂਡ ਨੇ ਇਸ ਮਾਮਲੇ ਵਿੱਚ ਇੱਕ ਵੱਡਾ ਫੈਸਲਾ ਲਿਆ ਹੈ। ਸਵਿਸ ਸਰਕਾਰ ਨੇ ਅਮਰੀਕਾ ਵੱਲੋਂ ਆਪਣੇ ਫੌਜੀ ਤੇ ਸਰਕਾਰੀ ਜਹਾਜ਼ਾਂ ਨੂੰ ਸਵਿਟਜ਼ਰਲੈਂਡ ਦੇ ਉੱਪਰੋਂ ਉਡਾਣ ਭਰਨ ਲਈ ਦਿੱਤੀਆਂ ਗਈਆਂ ਪੰਜ ਅਰਜ਼ੀਆਂ ਵਿੱਚੋਂ ਦੋ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ।ਸਵਿਸ ਪ੍ਰਸ਼ਾਸਨ ਨੇ ਕਿਹਾ ਕਿ ਇਹ ਦੋਵੇਂ ਉਡਾਣਾਂ ਸਿੱਧੇ ਤੌਰ 'ਤੇ ਈਰਾਨ ਨਾਲ ਸਬੰਧਤ ਜੰਗੀ ਗਤੀਵਿਧੀਆਂ ਨਾਲ ਜੁੜੀਆਂ ਹੋਈਆਂ ਸਨ, ਜੋ ਕਿ ਸਵਿਟਜ਼ਰਲੈਂਡ ਦੇ ਨਿਰਪੱਖਤਾ ਦੇ ਕਾਨੂੰਨ ਦੀ ਉਲੰਘਣਾ ਕਰਦੀਆਂ ਹਨ।

ਕੁਦਰਤ ਦੀ ਕਰੋਪੀ: ਬੇਮੌਸਮੀ ਬਾਰਿਸ਼ ਤੇ ਤੇਜ਼ ਹਵਾਵਾਂ ਨੇ ਕਿਸਾਨਾਂ ਦੇ ਸਾਹ ਸੂਤੇ

☛ਪੱਕਣ ਕਿਨਾਰੇ ਖੜ੍ਹੀ ਕਣਕ ਤੇ ਸਰ੍ਹੋਂ ਦੀ ਫ਼ਸਲ ਹੋਈ ਬਰਬਾਦ

ਬਰਨਾਲਾ, 16 ਮਾਰਚ (ਚ.ਨ.ਸ): ਪਿਛਲੇ ਕੁਝ ਦਿਨਾਂ ਤੋਂ ਇਲਾਕੇ ਵਿੱਚ ਪੈ ਰਹੀ ਤੇਜ਼ ਬਾਰਿਸ਼ ਤੇ ਚੱਲ ਰਹੀਆਂ ਅੰਧੇਰੀ ਨੁਮਾ ਹਵਾਵਾਂ ਨੇ ਅੰਨਦਾਤਾ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ। ਖੇਤਾਂ ਵਿੱਚ ਸੋਨੇ ਰੰਗੀ ਹੋ ਕੇ ਪੱਕਣ ਦੀ ਕਗਾਰ 'ਤੇ ਖੜ੍ਹੀ ਕਣਕ ਦੀ ਫ਼ਸਲ ਕੁਦਰਤ ਦੀ ਮਾਰ ਕਾਰਨ ਧਰਤੀ 'ਤੇ ਵਿਛ ਗਈ ਹੈ। ਮੌਸਮ ਵਿੱਚ ਆਈ ਇਸ ਅਚਾਨਕ ਤਬਦੀਲੀ ਨੇ ਨਾ ਸਿਰਫ਼ ਕਣਕ ਬਲਕਿ ਸਰ੍ਹੋਂ ਦੀ ਫ਼ਸਲ ਨੂੰ ਵੀ ਭਾਰੀ ਨੁਕਸਾਨ ਪਹੁੰਚਾਇਆ ਹੈ, ਜਿਸ ਕਾਰਨ ਕਿਸਾਨਾਂ ਦੇ ਚਿਹਰਿਆਂ 'ਤੇ ਚਿੰਤਾ ਦੀਆਂ ਲਕੀਰਾਂ ਡੂੰਘੀਆਂ ਹੋ ਗਈਆਂ ਹਨ। ਮਾਹਿਰਾਂ ਅਨੁਸਾਰ ਜੇਕਰ ਆਉਣ ਵਾਲੇ ਇੱਕ-ਦੋ ਦਿਨਾਂ ਵਿੱਚ ਮੌਸਮ ਅਜਿਹਾ ਹੀ ਰਿਹਾ ਤਾਂ ਫ਼ਸਲ ਦੀ ਗੁਣਵੱਤਾ ਤੇ ਝਾੜ ਵਿੱਚ ਵੱਡੀ ਗਿਰਾਵਟ ਆ ਸਕਦੀ ਹੈ।ਕਿਸਾਨਾਂ ਦਾ ਕਹਿਣਾ ਹੈ ਕਿ ਕੁਝ ਦਿਨ ਪਹਿਲਾਂ ਪੈ ਰਹੀ ਅੱਤ ਦੀ ਗਰਮੀ ਨੇ ਫ਼ਸਲਾਂ ਨੂੰ ਪਹਿਲਾਂ ਹੀ ਕਾਫੀ ਨੁਕਸਾਨ ਪਹੁੰਚਾਇਆ ਸੀ। ਫ਼ਸਲ ਸਮੇਂ ਤੋਂ ਪਹਿਲਾਂ ਪੱਕਣ ਲੱਗੀ ਸੀ, ਜਿਸ ਕਾਰਨ ਦਾਣਾ ਪੂਰੀ ਤਰ੍ਹਾਂ ਵਿਕਸਿਤ ਨਹੀਂ ਹੋ ਸਕਿਆ। ਹੁਣ ਰਹੀ-ਸਹੀ ਕਸਰ ਇਸ ਬੇਮੌਸਮੀ ਬਾਰਿਸ਼ ਨੇ ਪੂਰੀ ਕਰ ਦਿੱਤੀ ਹੈ। ਫ਼ਸਲ ਕਟਾਈ ਦੇ ਬਿਲਕੁਲ ਨੇੜੇ ਸੀ, ਪਰ ਤੇਜ਼ ਹਵਾਵਾਂ ਕਾਰਨ ਖੇਤਾਂ ਵਿੱਚ ਵਿਛੀ ਹੋਈ ਕਣਕ ਹੁਣ ਕੰਬਾਈਨਾਂ ਨਾਲ ਕੱਟਣੀ ਲਗਭਗ ਅਸੰਭਵ ਹੋ ਗਈ ਹੈ। ਇਸ ਨਾਲ ਕਿਸਾਨਾਂ ਦਾ ਲੇਬਰ ਦਾ ਖਰਚਾ ਵਧੇਗਾ ਤੇ ਝਾੜ ਵੀ ਘੱਟ ਨਿਕਲੇਗਾ। ਸਭ ਤੋਂ ਮਾੜੀ ਹਾਲਤ ਉਨ੍ਹਾਂ ਕਿਸਾਨਾਂ ਦੀ ਹੈ ਜਿਨ੍ਹਾਂ ਨੇ ਮਹਿੰਗੇ ਭਾਅ 'ਤੇ ਜ਼ਮੀਨਾਂ ਠੇਕੇ 'ਤੇ ਲੈ ਕੇ ਖੇਤੀ ਕੀਤੀ ਹੈ। ਪ੍ਰਭਾਵਿਤ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਨੇ ਕਰਜ਼ੇ ਚੁੱਕ ਕੇ ਮਹਿੰਗੀਆਂ ਖਾਦਾਂ ਤੇ ਬੀਜ ਪਾਏ ਸਨ। ਪਹਿਲਾਂ ਹੀ ਕਰਜ਼ੇ ਦੀ ਪੰਡ ਹੇਠ ਦੱਬੇ ਕਿਸਾਨਾਂ ਨੂੰ ਆਸ ਸੀ ਕਿ ਇਸ ਵਾਰ ਚੰਗੀ ਫ਼ਸਲ ਉਨ੍ਹਾਂ ਨੂੰ ਮੰਦਹਾਲੀ ਵਿੱਚੋਂ ਕੱਢ ਲਵੇਗੀ, ਪਰ ਕੁਦਰਤ ਨੇ ਉਨ੍ਹਾਂ ਦੀ ਮਿਹਨਤ ਮਿੱਟੀ ਵਿੱਚ ਮਿਲਾ ਦਿੱਤੀ ਹੈ। ਕਈ ਕਿਸਾਨਾਂ ਨੇ ਕਿਹਾ ਕਿ ਹੁਣ ਉਨ੍ਹਾਂ ਦੇ ਪੱਲੇ ਕੁਝ ਵੀ ਬਚਦਾ ਨਜ਼ਰ ਨਹੀਂ ਆ ਰਿਹਾ ਤੇ ਉਹ ਸਰਕਾਰ ਤੋਂ ਮੁਆਵਜ਼ੇ ਦੀ ਮੰਗ ਕਰ ਰਹੇ ਹਨ।ਫ਼ਸਲਾਂ ਦੇ ਖ਼ਰਾਬੇ ਕਾਰਨ ਆਉਣ ਵਾਲੇ ਸਮੇਂ ਵਿੱਚ ਮੰਡੀਆਂ ਵਿੱਚ ਅਨਾਜ ਦੀ ਆਮਦ ਘਟਣ ਦੀ ਸੰਭਾਵਨਾ ਹੈ। ਇਸ ਦਾ ਸਿੱਧਾ ਅਸਰ ਆਮ ਜਨਤਾ ਦੀ ਜੇਬ 'ਤੇ ਪਵੇਗਾ।

ਬਾਇਓ ਗੈਸ ਪਲਾਂਟ ਪ੍ਰੋਜੈਕਟ ਲੱਗਣ ਨਾਲ ਪਰਾਲੀ ਦੀ ਸਾਂਭ-ਸੰਭਾਲ ਦੇ ਨਾਲ ਇਲਾਕੇ 'ਚ ਰੋਜ਼ਗਾਰ ਵੀ ਪੈਦਾ ਹੋਵੇਗਾ: ਜਗਰੂਪ ਸਿੰਘ ਸੇਖਵਾਂ

☛ਸੇਖਵਾਂ ਵੱਲੋਂ ਆਸ਼ੀਸ਼ ਕੁਮਾਰ, ਮੈਨੇਜਿੰਗ ਡਾਇਰੈਕਟਰ ਆਫ VERBIO ਇੰਡੀਆ ਪ੍ਰਾਈਵੇਟ ਲਿਮਟਿਡ ਨਾਲ 'ਇਨਵੈਸਟ ਪੰਜਾਬ ਸੰਮੇਲਨ' ਮੋਹਾਲੀ ਵਿਖੇ ਮੁਲਾਕਾਤ

ਕਾਹਨੂੰਵਾਨ, 16 ਮਾਰਚ (ਕੁਲਜੀਤ ਸਿੰਘ ਖੋਖਰ): ਵਿਧਾਨ ਸਭਾ ਹਲਕਾ ਕਾਦੀਆਂ ਦੇ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਬਲਾਕ ਕਾਹਨੂੰਵਾਨ ਦੀਆਂ ਤਿੰਨ ਗ੍ਰਾਮ ਪੰਚਾਇਤਾਂ ਵੱਲੋਂ 20 ਏਕੜ ਤੱਕ ਜ਼ਮੀਨ ਬਾਇਓ-ਗੈਸ/ਸੀ.ਬੀ.ਜੀ ਪਲਾਂਟ ਲਈ ਦੇਣ ਦੀ ਪੇਸ਼ਕਸ਼ ਕੀਤੀ ਗਈ ਹੈ। ਜਗਰੂਪ ਸਿੰਘ ਸੇਖਵਾਂ ਨੇ ਅੱਗੇ ਦੱਸਿਆ ਕਿ ਇਹ ਪ੍ਰੋਜੈਕਟ ਕਿਸਾਨਾਂ ਲਈ ਵਾਧੂ ਆਮਦਨ, ਪਰਾਲੀ ਦੇ ਮੁੱਦੇ ਦਾ ਹੱਲ ਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰ ਸਕਦਾ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਆਸ਼ੀਸ਼ ਕੁਮਾਰ, ਮੈਨੇਜਿੰਗ ਡਾਇਰੈਕਟਰ ਆਫ VERBIO ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਮੋਹਾਲੀ (ਚੰਡੀਗੜ੍ਹ) ਵਿਖੇ ਕਰਵਾਏ ਇਨਵੈਸਟ ਪੰਜਾਬ ਸੰਮੇਲਨ ਦੌਰਾਨ ਮੁਲਾਕਾਤ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਆਸ਼ੀਸ਼ ਕੁਮਾਰ ਮੈਨੇਜਿੰਗ ਡਾਇਰੈਕਟਰ ਸੰਗਰੂਰ ਦੇ ਵਿੱਚ ਦੇਸ਼ ਦੇ ਸਭ ਤੋਂ ਵੱਡੇ biomethanation ਆਧਾਰਿਤ ਬਾਇਓ ਫਿਊਲ ਪ੍ਰੋਜੈਕਟਾਂ ਵਿੱਚੋਂ ਇੱਕ ਨੂੰ ਲੀਡ ਕਰ ਰਹੇ ਹਨ, ਜਿਸ ਵਿੱਚ ਪਰਾਲੀ ਵਰਗੇ ਖੇਤੀਬਾੜੀ ਅਵਸ਼ੇਸ਼ ਤੋਂ ਬਾਇਓ-ਸੀ.ਐਨ.ਜੀ ਤੇ ਆਰਗੈਨਿਕ ਖਾਦ ਤਿਆਰ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਕਾਹਨੂੰਵਾਨ ਵਿਖੇ ਵੀ ਪ੍ਰੋਜੈਕਟ ਲਗਾਉਣ ਲਈ ਹਾਂ-ਪੱਖੀ ਹੁੰਗਾਰਾ ਦਿੱਤਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਬਾਇਊ ਗੈਸ ਪਲਾਂਟ ਪ੍ਰੋਜੈਕਟ ਲੱਗਣ ਨਾਲ ਪਰਾਲੀ ਦੇ ਪ੍ਰਬੰਧਕ ਤੇ ਸਾਂਭ-ਸੰਭਾਲ ਲਈ ਲਾਹੇਵੰਦ ਹੋਵੇਗਾ।ਇਸ ਨਾਲ ਇਲਾਕੇ ਨੂੰ ਰੋਜ਼ਗਾਰ ਪ੍ਰਾਪਤ ਹੋਵੇਗਾ ਤੇ ਵਾਤਾਵਰਨ ਦੀ ਸ਼ੁੱਧ ਰਹੇਗਾ ਕਿਉਂਕਿ ਇਸ ਇਲਾਕੇ ਵਿੱਚ ਕਾਫੀ ਰਕਬਾ ਝੋਨੇ ਅੰਦਰ ਤੇ ਕਮਾਦ ਅੰਦਰ ਆਉਂਦਾ ਹੈ।

ਕੌਮਾਂਤਰੀ ਬਾਜ਼ਾਰ 'ਚ ਕੱਚਾ ਤੇਲ 100 ਡਾਲਰ ਤੋਂ ਪਾਰ, ਭਾਰਤ ਨੇ ਕੂਟਨੀਤੀ ਰਾਹੀਂ ਬਾਲਣ ਦੀਆਂ ਕੀਮਤਾਂ 'ਤੇ ਰੱਖਿਆ ਕਾਬੂ

ਨਵੀਂ ਦਿੱਲੀ, 16 ਮਾਰਚ (ਚ.ਨ.ਸ): ਖਾੜੀ ਦੇਸ਼ਾਂ ਵਿੱਚ ਵੱਧਦੇ ਜੰਗੀ ਤਣਾਅ ਨੇ ਸਮੁੱਚੀ ਦੁਨੀਆਂ ਨੂੰ ਇੱਕ ਡੂੰਘੇ ਆਰਥਿਕ ਸੰਕਟ ਵੱਲ ਧੱਕ ਦਿੱਤਾ ਹੈ। ਈਰਾਨ ਤੇ ਅਮਰੀਕਾ-ਇਜ਼ਰਾਈਲ ਗੱਠਜੋੜ ਵਿਚਾਲੇ ਸ਼ੁਰੂ ਹੋਈ, ਇਸ ਜੰਗ ਦਾ ਸਭ ਤੋਂ ਮਾਰੂ ਅਸਰ ਕੌਮਾਂਤਰੀ ਤੇਲ ਸਪਲਾਈ 'ਤੇ ਪੈ ਰਿਹਾ ਹੈ।ਤਾਜ਼ਾ ਰਿਪੋਰਟਾਂ ਅਨੁਸਾਰ ਖਾੜੀ ਖਿੱਤੇ ਵਿੱਚ ਤੇਲ ਉਤਪਾਦਨ ਕੇਂਦਰਾਂ 'ਤੇ ਹੋਏ ਹਮਲਿਆਂ ਕਾਰਨ ਉਤਪਾਦਨ ਵਿੱਚ ਲਗਭਗ 50 ਫੀਸਦੀ ਤੱਕ ਦੀ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ।ਇਸ ਕਾਰਨ ਵਿਸ਼ਵ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਤੇਜ਼ੀ ਨਾਲ ਵੱਧ ਰਹੀਆਂ ਹਨ। ਜੰਗ ਸ਼ੁਰੂ ਹੋਣ ਤੋਂ ਪਹਿਲਾਂ ਜੋ ਤੇਲ 60 ਤੋਂ 70 ਡਾਲਰ ਪ੍ਰਤੀ ਬੈਰਲ ਵਿਕ ਰਿਹਾ ਸੀ, ਉਹ ਹੁਣ 100 ਡਾਲਰ ਦਾ ਅੰਕੜਾ ਪਾਰ ਕਰ ਚੁੱਕਾ ਹੈ ਤੇ ਮਾਹਿਰਾਂ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਇਸ ਦੇ 150 ਡਾਲਰ ਤੱਕ ਪਹੁੰਚਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਇਸ ਜੰਗੀ ਸਥਿਤੀ ਨੇ ਦੁਨੀਆਂ ਭਰ ਦੇ ਸ਼ਕਤੀਸ਼ਾਲੀ ਮੁਲਕਾਂ ਦੀ ਆਰਥਿਕਤਾ ਨੂੰ ਹਿਲਾ ਕੇ ਰੱਖ ਦਿੱਤਾ ਹੈ। ਆਸਟ੍ਰੇਲੀਆ, ਬ੍ਰਿਟੇਨ, ਪਾਕਿਸਤਾਨ ਤੇ ਸ੍ਰੀਲੰਕਾ ਵਰਗੇ ਦੇਸ਼ਾਂ ਵਿੱਚ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿੱਚ 10 ਤੋਂ 22 ਫੀਸਦੀ ਤੱਕ ਦਾ ਵਾਧਾ ਹੋਇਆ ਹੈ, ਜਿਸ ਕਾਰਨ ਉਥੇ ਰੋਜ਼ਾਨਾ ਵਰਤੋਂ ਦੀਆਂ ਵਸਤਾਂ ਵੀ ਮਹਿੰਗੀਆਂ ਹੋ ਗਈਆਂ ਹਨ। ਹਾਲਾਂਕਿ, ਇਸ ਵਿਸ਼ਵਵਿਆਪੀ ਸੰਕਟ ਦੇ ਬਾਵਜੂਦ ਭਾਰਤ ਨੇ ਆਪਣੀ ਸਿਆਣੀ ਕੂਟਨੀਤੀ ਤੇ ਤੇਲ ਕੰਪਨੀਆਂ ਦੇ ਸਹਿਯੋਗ ਨਾਲ ਦੇਸ਼ ਅੰਦਰ ਤੇਲ ਦੀਆਂ ਕੀਮਤਾਂ ਨੂੰ ਸਥਿਰ ਰੱਖਣ ਵਿੱਚ ਸਫਲਤਾ ਹਾਸਲ ਕੀਤੀ ਹੈ।ਦਿੱਲੀ, ਮੁੰਬਈ ਤੇ ਪੰਜਾਬ ਸਮੇਤ ਦੇਸ਼ ਦੇ ਪ੍ਰਮੁੱਖ ਹਿੱਸਿਆਂ ਵਿੱਚ ਪੈਟਰੋਲ ਤੇ ਡੀਜ਼ਲ ਦੀਆਂ ਦਰਾਂ ਵਿੱਚ ਫਿਲਹਾਲ ਕੋਈ ਵੱਡਾ ਬਦਲਾਅ ਨਹੀਂ ਕੀਤਾ ਗਿਆ, ਜੋ ਕਿ ਆਮ ਜਨਤਾ ਲਈ ਵੱਡੀ ਰਾਹਤ ਦੀ ਖ਼ਬਰ ਹੈ। ਜੰਗ ਦੇ ਮੈਦਾਨੀ ਹਾਲਾਤ ਦੀ ਗੱਲ ਕਰੀਏ ਤਾਂ ਈਰਾਨ ਵੱਲੋਂ ਸਟ੍ਰੇਟ ਆਫ ਹਾਰਮੁਜ਼ ਵਰਗੇ ਮਹੱਤਵਪੂਰਨ ਸਮੁੰਦਰੀ ਰਸਤਿਆਂ 'ਤੇ ਸਖ਼ਤ ਪਾਬੰਦੀਆਂ ਲਗਾਈਆਂ ਗਈਆਂ ਹਨ। ਦੁਨੀਆਂ ਦਾ ਲਗਭਗ 20 ਫੀਸਦੀ ਤੇਲ ਇਸੇ ਛੋਟੇ ਜਿਹੇ ਰਸਤੇ ਰਾਹੀਂ ਗੁਜ਼ਰਦਾ ਹੈ। ਈਰਾਨੀ ਫੌਜ ਵੱਲੋਂ ਸਮੁੰਦਰੀ ਜਹਾਜ਼ਾਂ ਦੀ ਆਵਾਜਾਈ ਰੋਕਣ ਕਾਰਨ ਗਲੋਬਲ ਸਪਲਾਈ ਚੇਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ।



ਪੈਨਸ਼ਨਰਾਂ ਦੀ ਸਹੂਲਤ ਲਈ ਡਿਜੀਟਲ ਲਾਈਫ ਸਰਟੀਫਿਕੇਟ 31 ਤੱਕ ਜਮ੍ਹਾਂ ਕਰਵਾਉਣਾ ਲਾਜ਼ਮੀ: ਜ਼ਿਲ੍ਹਾ ਖ਼ਜ਼ਾਨਾ ਅਫ਼ਸਰ

ਗੁਰਦਾਸਪੁਰ, 16 ਮਾਰਚ (ਜਗੀਰ ਸਿੰਘ ਮੰਡ/ਨਾਹਰ): ਪੰਜਾਬ ਸਰਕਾਰ ਵਿੱਤ ਵਿਭਾਗ ਵੱਲੋਂ ਸੇਵਾ ਮੁਕਤ ਪੈਨਸ਼ਨਰਾਂ ਦੀ ਸਹੂਲਤ ਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜੋਗਿੰਦਰ ਪਾਲ ਸ਼ਰਮਾ, ਜ਼ਿਲ੍ਹਾ ਖਜ਼ਾਨਾ ਅਫਸਰ ਗੁਰਦਾਸਪੁਰ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਦੇ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿੱਚ ਮੈਨੂਅਲ ਸਰਟੀਫਿਕੇਟ ਜਮ੍ਹਾਂ ਕਰਵਾਏ ਗਏ ਹਨ ਜੋ ਕਿ ਮਾਨਤਾ ਪ੍ਰਾਪਤ ਨਹੀਂ ਹੋਣਗੇ। ਆਪਣੀ ਪੈਨਸ਼ਨ ਨੂੰ ਜਾਰੀ ਰੱਖਣ ਲਈ ਇਹ ਡਿਜੀਟਲ ਸਰਟੀਫਿਕੇਟ ਮਿਤੀ 31 ਮਾਰਚ ਤੱਕ ਜਮ੍ਹਾਂ ਕਰਵਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਡਿਜੀਟਲ ਲਾਈਫ ਸਰਟੀਫਿਕੇਟ ਸਬੰਧੀ ਸੇਵਾ ਲੈਣ ਲਈ ਪੰਜਾਬ ਸਰਕਾਰ ਵੱਲੋਂ ਇਹ ਸੇਵਾ ਨਜ਼ਦੀਕੀ ਖਜ਼ਾਨਾ ਦਫਤਰ, ਸਬੰਧਤ ਬੈਂਕ ਦੀ ਬ੍ਰਾਂਚ ਸੇਵਾ ਕੇਂਦਰ ਵਿੱਚ ਉਪਲਬਧ ਹੈ।ਤੁਸੀਂ ਰਾਜ ਸਰਕਾਰ ਦੀ ਘਰ ਬੈਠੇ ਸੇਵਾ ਰਾਹੀਂ 1076 ਨੰਬਰ 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲੈ ਸਕਦੇ ਹੋ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਇਹ ਸੁਵਿਧਾ ਘਰ ਬੈਠੇ ਹੀ ਪੈਨਸ਼ਨਰ ਆਪਣੇ ਮੋਬਾਈਲ ਤੋਂ Jeevan Pramaan Patra ਐਪ ਡਾਊਨਲੋਡ ਕਰਕੇ ਵੀ ਇਹ ਪ੍ਰਕਿਰਿਆ ਪੂਰੀ ਕੀਤੀ ਜਾ ਸਕਦੀ ਹੈ।

ਬਾਬਾ ਬਾਲਕ ਨਾਥ ਜੀ ਦੀ ਚੌਂਕੀ 22 ਨੂੰ

ਗੜ੍ਹਦੀਵਾਲਾ, 16 ਮਾਰਚ (ਗੌਰਵ): ਸਰਬ ਧਰਮ ਦਰਬਾਰ ਪਿੰਡ ਗੋਬਿੰਦਪੁਰ ਖੁਣ ਖੁਣ ਵਿਖੇ ਦਰਬਾਰ ਦੇ ਸੇਵਾਦਾਰ ਡਾ. ਕੁਲਦੀਪ ਸਿੰਘ ਦੀ ਰਹਿਨੁਮਾਈ ਹੇਠ ਜੇਠੇ ਐਤਵਾਰ ਨੂੰ ਬਾਬਾ ਬਾਲਕ ਨਾਥ ਜੀ ਦੀ ਚੌਂਕੀ ਬੜੀ ਸ਼ਰਧਾ ਭਾਵਨਾ ਨਾਲ ਲਗਾਈ ਜਾਵੇਗੀ। ਇਸ ਮੌਕੇ 'ਤੇ ਜਾਣਕਾਰੀ ਦਿੰਦੇ ਹੋਏ ਗੱਦੀਨਸ਼ੀਨ ਡਾ. ਕੁਲਦੀਪ ਨੇ ਦੱਸਿਆ ਕਿ ਸਿੱਧ ਬਾਬਾ ਬਾਲਕ ਨਾਥ ਜੀ ਦੇ ਪਾਵਨ ਮਹੀਨੇ ਦੀ ਚੌਂਕੀ ਲਗਾਈ ਜਾ ਰਹੀ ਹੈ। ਇਸ ਚੌਂਕੀ ਵਿੱਚ ਸੋਢੀ ਐਂਡ ਪਾਰਟੀ ਨੇ ਬਾਬਾ ਬਾਲਕ ਨਾਥ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ। ਇਸ ਮੌਕੇ 'ਤੇ ਜ਼ਰੂਰਤਮੰਦ ਪਰਿਵਾਰਾਂ ਨੂੰ ਸਰਬ ਧਰਮ ਸੁਸਾਇਟੀ ਵੱਲੋਂ ਰਾਸ਼ਨ ਵੰਡਿਆ ਜਾਵੇਗਾ।ਅਖੀਰ ਇਸ ਚੌਂਕੀ ਵਿੱਚ ਵਿਸ਼ੇਸ਼ ਸਹਿਯੋਗ ਬਲਜੀਤ ਕੈਨੇਡਾ ਗੁਰਪ੍ਰੀਤ ਕੈਨੇਡਾ, ਦਮਨ ਕੈਨੇਡਾ, ਅਰਪਨ ਕੈਨੇਡਾ, ਗੁਰਪ੍ਰੀਤ ਅਬੁੱਲ ਖੁਰਾਣਾ, ਜੱਸਾ, ਸਿਮਰਨਜੀਤ ਸਿੰਘ, ਤਰਨਜੀਤ ਕੌਰ ਕੈਨੇਡਾ, ਗਗਨ, ਸੁਖਦੇਵ ਸਿੰਘ, ਸਿਮੂ ਵੱਲੋਂ ਸ਼ਰਧਾ ਨਾਲ ਸੇਵਾ ਨਿਭਾਈ ਗਈ।

ਬੇਲਾ ਸਰਿਆਨਾ ਵਿਖੇ ਲਗਾਇਆ ਖ਼ੂਨਦਾਨ ਕੈਂਪ ਰਿਹਾ ਸਫਲ: ਰਾਹੁਲ, ਰਵੀ ਸਰਪੰਚ

ਦਸੂਹਾ, 16 ਮਾਰਚ (ਰਾਜਿੰਦਰ ਸਿੰਘ ਦਸੂਹਾ): ਸਰਕਾਰੀ ਐਲੀਮੈਂਟਰੀ ਸਕੂਲ ਬੇਲਾ ਸਰਿਆਨਾ ਵਿਖੇ ਬਲੱਡ ਡੋਨਰ ਸੁਸਾਇਟੀ ਦਸੂਹਾ ਯੂਨਿਟ ਹਾਜੀਪੁਰ ਵੱਲੋਂ 203ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 63 ਯੂਨਿਟ ਬਲੱਡ ਪਸਰੀਚਾ ਬਲੱਡ ਬੈਂਕ ਜਲੰਧਰ ਵੱਲੋਂ ਇਕੱਤਰ ਕੀਤਾ ਗਿਆ। ਇਸ ਖ਼ੂਨਦਾਨ ਕੈਂਪ ਵਿੱਚ ਯੂਥ ਪਾਵਰ ਗਰੁੱਪ ਦੀ ਪੂਰੀ ਟੀਮ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਕੈਂਪ ਵਿੱਚ ਹਰਪਿੰਦਰ ਕੌਰ ਸਮਾਜ ਸੇਵਿਕਾ ਵਿਸ਼ੇਸ਼ ਤੌਰ 'ਤੇ ਪੁੱਜੇ ਤੇ ਖ਼ੂਨਦਾਨ ਕੀਤਾ। ਰਾਹੁਲ ਕੁਮਾਰ ਤੇ ਰਵੀ ਸਰਪੰਚ ਨੇ ਆਏ ਹੋਏ ਖ਼ੂਨਦਾਨੀਆਂ ਤੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਖ਼ੂਨਦਾਨ ਦਾ ਕੋਈ ਬਦਲ ਨਹੀਂ ਹੈ, ਸਿਰਫ ਇਨਸਾਨਾਂ ਵੱਲੋਂ ਦਿੱਤਾ ਗਿਆ ਖ਼ੂਨ ਹੀ ਜ਼ਰੂਰਤਮੰਦਾਂ ਦੀ ਜਾਨ ਬਚਾਅ ਸਕਦਾ ਹੈ। ਇਸ ਮੌਕੇ ਯੂਥ ਪਾਵਰ ਗਰੁੱਪ ਵੱਲੋਂ ਗੌਤਮ ਸਰਪੰਚ, ਜੱਟ ਮਲ ਸਰਪੰਚ, ਜਸਵਿੰਦਰ ਸਿੰਘ, ਅਵਤਾਰ ਸਿੰਘ, ਕਰਨੈਲ ਸਿੰਘ, ਭਜਨ ਸਿੰਘ, ਬਲਵਿੰਦਰ ਸਿੰਘ, ਅਮਨ ਸਿੰਘ, ਮਨੋਜ ਕੁਮਾਰ ਹਾਜ਼ਰ ਸਨ।

ਸੰਤੂ ਨੰਗਲ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ

ਅਜਨਾਲਾ, 16 ਮਾਰਚ (ਸੁਖਦੇਵ ਸਿੰਘ ਖ਼ਾਲਸਾ): ਨਗਰ ਸੰਤੂ ਨੰਗਲ ਵਿਖੇ ਸਥਿਤ ਤਪ ਅਸਥਾਨ ਗੁਰਦੁਆਰਾ ਬਾਬਾ ਰਾਮ ਆਸਰਾ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਧਾਰਮਿਕ ਦੀਵਾਨ ਸਜਾਏ ਗਏ। ਦੀਵਾਨਾਂ ਦੌਰਾਨ ਪੰਥ ਦੇ ਪ੍ਰਸਿੱਧ ਕਥਾਵਾਚਕ ਭਾਈ ਜਸਵੰਤ ਸਿੰਘ ਮੰਜੀ ਸਾਹਿਬ ਵਾਲਿਆਂ ਵੱਲੋਂ ਗੁਰਬਾਣੀ ਦੀ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਤੋਂ ਇਲਾਵਾ ਢਾਡੀ ਜਥਾ ਭਾਈ ਬਲਬੀਰ ਸਿੰਘ ਪਾਰਸ ਤੇ ਭਾਈ ਭਗਵੰਤ ਸਿੰਘ ਸੂਰਵਿੰਡ ਵਾਲਿਆਂ ਨੇ ਪੰਥ ਦੇ ਮਹਾਨ ਜਰਨੈਲਾਂ ਦਾ ਇਤਿਹਾਸ ਸੁਣਾ ਕੇ ਸੰਗਤਾਂ ਵਿੱਚ ਜੋਸ਼ ਭਰਿਆ। ਭਾਈ ਗੁਰਪ੍ਰੀਤ ਸਿੰਘ ਕੀਰਤਨੀ ਜੱਥਾ ਮਹਿਲ ਜੰਡਿਆਲਾ ਵਾਲਿਆਂ ਵੱਲੋਂ ਰਸ-ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਗਿਆ।ਸਟੇਜ ਸਕੱਤਰ ਦੀ ਸੇਵਾ ਭਾਈ ਬਲਵਿੰਦਰ ਸਿੰਘ ਵੱਲੋਂ ਬਾਖ਼ੂਬੀ ਨਾਲ ਨਿਭਾਈ ਗਈ। ਇਸ ਮੌਕੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਰਿੰਦਰ ਸਿੰਘ ਸਕੱਤਰ, ਕੁਲਵੰਤ ਸਿੰਘ, ਜਸਬੀਰ ਸਿੰਘ ਸਰਪੰਚ, ਸੁਖਦੇਵ ਸਿੰਘ ਸਾਬਕਾ ਸਰਪੰਚ, ਸੁਖਦੇਵ ਸਿੰਘ ਕਮੇਟੀ ਮੈਂਬਰ, ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ, ਬਲਵਿੰਦਰ ਸਿੰਘ ਮੈਂਬਰ ਚੇਤਨਪੁਰਾ, ਡਾ. ਮਹਾਵੀਰ ਸਿੰਘ ਤੇ ਰਵੇਲ ਸਿੰਘ ਸਰਪੰਚ ਪਠਾਨ ਨੰਗਲ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨਾਲ ਆਮ ਲੋਕਾਂ ਨੂੰ ਮਿਲ ਰਹੀ ਹੈ ਵੱਡੀ ਰਾਹਤ: ਰਾਣਾ ਘੁਮਾਣ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 16 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਦੇ ਸਿਆਸੀ ਸਲਾਹਕਾਰ ਤੇ ਜ਼ਿਲ੍ਹਾ ਮੀਡੀਆ ਇੰਚਾਰਜ ਪਰਮਬੀਰ ਸਿੰਘ ਰਾਣਾ ਘੁਮਾਣ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਔਰਤਾਂ ਲਈ ਹਰ ਮਹੀਨੇ ਇੱਕ ਹਜ਼ਾਰ ਰੁਪਏ ਤੇ ਐਸਸੀ ਵਰਗ ਦੀਆਂ ਔਰਤਾਂ ਲਈ ਹਰ ਮਹੀਨੇ 1500 ਰੁਪਏ ਦੇਣ ਦੇ ਐਲਾਨ ਨਾਲ ਮਹਿਲਾਵਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਉਨ੍ਹਾਂ ਆਖਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦੇ ਪੂਰੇ ਕੀਤੇ ਗਏ ਹਨ। ਉਨ੍ਹਾਂ ਆਖਿਆ ਭਗਵੰਤ ਮਾਨ ਸਰਕਾਰ ਲੋਕ ਭਲਾਈ ਕੰਮਾਂ ਨੂੰ ਧਿਆਨ ਵਿੱਚ ਰੱਖਦਿਆਂ ਕਈ ਮਹੱਤਵਪੂਰਨ ਫੈਸਲੇ ਕੀਤੇ ਗਏ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਦੇ ਰਸਤੇ 'ਤੇ ਲੈ ਜਾਣ ਲਈ ਸਰਕਾਰ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਵੱਡੇ ਸੁਧਾਰ ਕੀਤੇ ਜਾ ਰਹੇ ਹਨ। ਸਰਕਾਰੀ ਸਕੂਲਾਂ ਦੀ ਹਾਲਤ ਨੂੰ ਸੁਧਾਰਨ ਲਈ ਨਵੇਂ ਪ੍ਰੋਜੈਕਟ ਲਾਗੂ ਕੀਤੇ ਗਏ ਹਨ ਤੇ ਹਸਪਤਾਲਾਂ ਵਿੱਚ ਵੀ ਮਰੀਜ਼ਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕਰਨ ਲਈ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਘਰੇਲੂ ਖਪਤਕਾਰਾਂ ਨੂੰ ਮੁਫ਼ਤ ਬਿਜਲੀ ਦੇ ਕੇ ਸਰਕਾਰ ਨੇ ਲੋਕਾਂ ਨੂੰ ਆਰਥਿਕ ਰਾਹਤ ਦਿੱਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਪਿੰਡਾਂ ਦੇ ਵਿਕਾਸ ਲਈ ਵੀ ਸਰਕਾਰ ਵੱਲੋਂ ਖਾਸ ਤੌਰ 'ਤੇ ਯੋਜਨਾਵਾਂ ਬਣਾਈਆਂ ਗਈਆਂ ਹਨ। ਪਿੰਡਾਂ ਵਿੱਚ ਸੜਕਾਂ, ਗਲੀਆਂ, ਨਾਲੀਆਂ ਤੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਹੀ ਪੰਜਾਬ ਦੇ ਸਮੂਹਿਕ ਵਿਕਾਸ ਦੀ ਬੁਨਿਆਦ ਹੈ ਤੇ ਇਸੇ ਲਈ ਸਰਕਾਰ ਪਿੰਡਾਂ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੰਬੇ ਸਮੇਂ ਤੱਕ ਪੰਜਾਬ 'ਤੇ ਰਾਜ ਕੀਤਾ ਪਰ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਨਜ਼ਰ-ਅੰਦਾਜ਼ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਲਗਾਤਾਰ ਲੋਕਾਂ ਤੱਕ ਪਹੁੰਚ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਕਈ ਵੱਡੇ ਵਿਕਾਸੀ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ ਤਾਂ ਜੋ ਪੰਜਾਬ ਨੂੰ ਖੁਸ਼ਹਾਲ ਤੇ ਤਰੱਕੀਸ਼ੀਲ ਰਾਜ ਬਣਾਇਆ ਜਾ ਸਕੇ।

ਕੁਦਰਤ ਦੀ ਬਖਸ਼ਿਸ਼ ਪਾਣੀ ਦੁਨੀਆਂ ਦੇ ਹਰ ਜੀਵ ਦੀ ਜ਼ਿੰਦਗੀ ਲਈ ਬਹੁਤ ਜ਼ਰੂਰੀ: ਡਾ. ਕੇਵਲ ਕਾਜਲ, ਪ੍ਰੇਮ ਪਡਵਾਲ

ਟਾਂਡਾ ਉੜਮੁੜ, 16 ਮਾਰਚ (ਅਰਜੁਨ ਜੈਨ): ਕੁਦਰਤ ਵੱਲੋਂ ਬਖ਼ਸ਼ਿਆ ਗਿਆ ਪਾਣੀ ਦੁਨੀਆਂ ਦੇ ਹਰ ਜੀਵ ਦੀ ਜ਼ਿੰਦਗੀ ਲਈ ਬਹੁਤ ਜ਼ਰੂਰੀ ਹੈ ਪਰ ਪਾਣੀ ਦੀ ਹੋ ਰਹੀ ਲਗਾਤਾਰ ਦੁਰਵਰਤੋਂ ਕਾਰਨ ਪਾਣੀ ਦਾ ਲੈਵਲ ਜ਼ਮੀਨ ਦੇ ਬਹੁਤ ਹੇਠਾਂ ਜਾ ਰਿਹਾ ਹੈ। ਪਾਣੀ ਦੀ ਬਰਬਾਦੀ ਨੂੰ ਰੋਕਣ ਸਬੰਧੀ ਆਮ ਜਨਤਾ ਵਿੱਚ ਜਾਗ੍ਰਿਤੀ ਪੈਦਾ ਕਰਨ ਲਈ ਸਮਾਜ ਸੇਵੀ ਪ੍ਰੇਮ ਪਡਵਾਲ ਵੱਲੋਂ ਟਾਂਡਾ ਵਿਖੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਜ਼ਨ ਕੇਅਰ ਵੈਲਫੇਅਰ ਸੁਸਾਇਟੀ, ਸੀਨੀਅਰ ਸਿਟੀਜ਼ਨ ਵੈਲਫੇਅਰ ਸੁਸਾਇਟੀ ਤੇ ਵੱਖ-ਵੱਖ ਸਮਾਜਿਕ ਸੰਸਥਾਵਾਂ ਤੋਂ ਇਲਾਵਾ ਇਲਾਕੇ ਦੇ ਬੁੱਧੀਜੀਵੀਆਂ ਨੇ ਭਾਗ ਲਿਆ।ਸੈਮੀਨਾਰ ਵਿੱਚ ਸ਼ਾਮਲ ਰਿਟਾ. ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾ. ਕੇਵਲ ਸਿੰਘ ਕਾਜਲ, ਡਾ. ਲਵਪ੍ਰੀਤ ਸਿੰਘ ਪਾਬਲਾ, ਅਵਤਾਰ ਸਿੰਘ ਮਸੀਤੀ, ਕਿਰਪਾਲ ਸਿੰਘ ਪੰਡੋਰੀ, ਸ਼ਿਵ ਸਿੰਘ, ਗੁਲਸ਼ਨ ਅਰੋੜਾ, ਭੁਪਿੰਦਰ ਸਿੰਘ, ਡਾਇਰੈਕਟਰ ਇੰਦਰ ਕੁਮਾਰ ਸਾਹਨੀ, ਸਰਪੰਚ ਲਾਹੌਰਾ ਸਿੰਘ, ਪ੍ਰੋ. ਕੇਵਲ ਸਿੰਘ ਕਲੋਟੀ, ਰਾਜਾ ਸਿੰਘ, ਕਰਨੈਲ ਸਿੰਘ ਮਾਲਵਾ, ਬਖਤਾਵਰ ਕੌਰ, ਰਜਿੰਦਰ ਸਿੰਘ ਤੋਂ ਇਲਾਵਾ ਹੋਰ ਉੱਘੀਆਂ ਸ਼ਖ਼ਸੀਅਤਾਂ ਨੇ ਪਾਣੀ ਬਚਾਓ ਸਬੰਧੀ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ।ਸੈਮੀਨਾਰ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਡਾ. ਕੇਵਲ ਸਿੰਘ ਕਾਜਲ ਤੇ ਡਾ. ਲਵਪ੍ਰੀਤ ਸਿੰਘ ਪਾਬਲਾ ਨੇ ਕਿਹਾ ਕਿ ਦੁਨੀਆਂ ਦੇ ਜੀਵਾਂ ਦੀ ਜ਼ਿੰਦਗੀ ਲਈ ਕੁਦਰਤ ਨੇ ਕਈ ਪ੍ਰਕਾਰ ਦੀਆਂ ਬਖ਼ਸ਼ਿਸ਼ਾਂ ਕੀਤੀਆਂ ਹਨ ਜਿਨ੍ਹਾਂ ਵਿੱਚੋਂ ਪਾਣੀ ਇੱਕ ਖਾਸ ਅਹਿਮੀਅਤ ਰੱਖਦਾ ਹੈ।ਪ੍ਰੇਮ ਪਡਵਾਲ ਨੇ ਕਿਹਾ ਕਿ ਜਲ ਹੈ ਤਾਂ ਕਲ ਹੈ ਜਲ ਹੀ ਜੀਵਨ ਹੈ ਇਸ ਲਈ ਸਾਡਾ ਸਾਰਿਆਂ ਦਾ ਇਹ ਫਰਜ਼ ਬਣਦਾ ਹੈ ਕਿ ਪਾਣੀ ਦੀ ਬਰਬਾਦੀ ਨੂੰ ਰੋਕਿਆ ਜਾਵੇ ਤੇ ਆਸ ਪਾਸ ਦੇ ਲੋਕਾਂ ਨੂੰ ਵੀ ਜਲ ਨੂੰ ਬਚਾਉਣ ਸਬੰਧੀ ਜਾਗ੍ਰਿਤ ਕੀਤਾ ਜਾਵੇ।

ਬਲਾਕ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਲਗਾਏ ਜਾ ਰਹੇ ਵਿਸ਼ੇਸ਼ ਕੈਂਪ: ਖੇਤੀਬਾੜੀ ਵਿਭਾਗ

ਸ੍ਰੀ ਹਰਿਗੋਬਿੰਦਪੁਰ ਸਾਹਿਬ, 16 ਮਾਰਚ (ਸੁਖਅੰਮ੍ਰਿਤ ਸਿੰਘ ਸੋਨੂੰ/ਡਾ. ਸਰਬਜੀਤ ਸਿੰਘ ਭਿੰਡਰ): ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤੇ ਮੁੱਖ ਖੇਤੀਬਾੜੀ ਅਫਸਰ ਡਾ. ਰਣਧੀਰ ਸਿੰਘ ਠਾਕੁਰ ਦੇ ਦਿਸ਼ਾ-ਨਿਰਦੇਸ਼ਾਂ ਤੇ ਬਲਾਕ ਖੇਤੀਬਾੜੀ ਅਫਸਰ ਡਾ. ਪਰਮਬੀਰ ਸਿੰਘ ਕਾਹਲੋਂ ਦੀ ਯੋਗ ਅਗਵਾਈ ਹੇਠ ਬਲਾਕ ਸ੍ਰੀ ਹਰਿਗੋਬਿੰਦਪੁਰ ਦੇ ਪਿੰਡ ਗਾਲੋਵਾਲ, ਖਾਨਪੁਰ, ਸਿੰਧਵਾਂ ਤੇ ਸੁਲਤਾਨਪੁਰ ਵਿਖੇ ਆਈਈਸੀ ਐਕਟੀਵਿਟੀ ਅਧੀਨ ਕਿਸਾਨ ਸਿਖਲਾਈ ਕੈਂਪ ਲਗਾਏ ਗਏ। ਕੈਂਪ ਵਿੱਚ ਰਜਿੰਦਰ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ ਨੇ ਮੌਜੂਦਾ ਫਸਲਾਂ ਦੀ ਸਥਿਤੀ ਬਾਰੇ ਵਿਚਾਰ ਸਾਂਝੇ ਕੀਤੇ ਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਵੀਰ ਲੋੜ ਅਨੁਸਾਰ ਹੀ ਫਸਲਾਂ ਤੇ ਖਾਦਾਂ ਤੇ ਦਵਾਈਆਂ ਦੀ ਵਰਤੋਂ ਕਰਨ। ਇਸ ਦੌਰਾਨ ਇਹ ਵੀ ਅਪੀਲ ਕੀਤੀ ਗਈ ਕਿ ਕਿਸਾਨ ਵੀਰ ਕਣਕ ਦੀ ਕਟਾਈ ਤੋਂ ਬਾਅਦ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ।ਕੈਂਪ ਵਿੱਚ ਰਜਿੰਦਰ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਫਾਰਮਰ ਰਜਿਸਟਰੀ ਤਹਿਤ ਕਿਸਾਨ ਆਈਡੀ ਬਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਦੱਸਿਆ ਕਿ ਹਰ ਕਿਸਾਨ ਵੀਰ ਨੂੰ ਇਸ ਦੇ ਤਹਿਤ ਆਪਣੀ ਕਿਸਾਨ ਆਈਡੀ ਬਣਾਉਣੀ ਬਹੁਤ ਹੀ ਜ਼ਰੂਰੀ ਹੈ ਕਿਉਂਕਿ ਕਿਸੇ ਵੀ ਸਕੀਮ ਦਾ ਲਾਭ ਲੈਣ ਸਮੇਂ ਇਸ ਆਈਡੀ ਦਾ ਹੋਣਾ ਬਹੁਤ ਹੀ ਜ਼ਰੂਰੀ ਹੈ।ਸ਼ੁਭਪ੍ਰੀਤ ਸਿੰਘ ਤੇ ਰਣਬੀਰ ਸਿੰਘ ਵੱਲੋਂ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ। ਕੈਂਪ ਵਿੱਚ ਗੁਰਸੇਵਕ ਸਿੰਘ ਏਐਸਆਈ ਨੇ ਕਿਸਾਨਾਂ ਨਾਲ ਕਣਕ ਦੀ ਫਸਲ ਸਬੰਧੀ ਵਿਚਾਰ ਸਾਂਝੇ ਕੀਤੇ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਵੀਰ ਆਪਣੇ ਖੇਤਾਂ ਦੀ ਮਿੱਟੀ ਦੀ ਪਰਖ ਜ਼ਰੂਰ ਕਰਵਾਇਆ ਕਰਨ। ਇਸ ਮੌਕੇ 'ਤੇ ਗੁਰਪ੍ਰੀਤ ਸਿੰਘ ਪ੍ਰਧਾਨ, ਮੰਗਤ ਸਿੰਘ, ਮੰਗਲ ਸਿੰਘ, ਗੁਲਜ਼ਾਰ ਸਿੰਘ, ਲਖਬੀਰ ਸਿੰਘ, ਪਰਮਜੀਤ ਸਿੰਘ ਸਰਪੰਚ, ਸੁਖਵਿੰਦਰ ਸਿੰਘ ਅਭੇਜੀਤ ਸਿੰਘ ਹਾਜ਼ਰ ਹੋਏ।

ਡੀਸੀ ਨੇ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਤਹਿਤ ਜਾਰੀ ਫੰਡਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

ਨਵਾਂਸ਼ਹਿਰ, 16 ਮਾਰਚ (ਸੁਖਦੇਵ ਸਿੰਘ ਉੜਾਪੜ): ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਵਿੱਚ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਅਧੀਨ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਹੋਈ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਪ੍ਰਾਪਤ ਫੰਡਜ਼ ਦਾ ਰਵਿਊ ਕੀਤਾ ਗਿਆ। ਉਨ੍ਹਾਂ ਵੱਲੋਂ ਫੰਡਾਂ ਤਹਿਤ ਕੀਤੇ ਗਏ ਕੰਮਾਂ ਤੇ ਸਕੀਮ ਤਹਿਤ ਕੀਤੀਆਂ ਗਤੀਵਿਧੀਆਂ ਦਾ ਜਾਇਜ਼ਾ ਲਿਆ।ਮੀਟਿੰਗ ਵਿੱਚ ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾਂ ਤੇ ਖੇਡਾਂ ਵਿੱਚ ਮੱਲਾਂ ਮਾਰ ਰਹੀਆਂ ਲੜਕੀਆਂ ਦਾ ਮਨੋਬਲ ਉਚਾ ਚੁੱਕਣ ਲਈ ਉਨ੍ਹਾਂ ਨੂੰ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਤਹਿਤ ਪੇਸ਼ ਕੀਤੇ ਗਏ 4,65,000 ਰੁਪਏ ਦੇ ਫੰਡਜ਼ ਨੂੰ ਲੜਕੀਆਂ 'ਤੇ ਖਰਚ ਕਰਨ ਦੀ ਜ਼ਿਲ੍ਹਾ ਪ੍ਰੋਗਰਾਮ ਅਫਸਰ ਨੂੰ ਪ੍ਰਵਾਨਗੀ ਦਿੱਤੀ ਗਈ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਮਿਥੇ ਟੀਚੀਆਂ ਨੂੰ ਸਮੇਂ ਸਿਰ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ।

ਬੀ.ਡੀ.ਪੀ.ਓ. ਦਫ਼ਤਰ ਵਿਖੇ ਪਲੇਸਮੈਂਟ ਕੈਂਪ ਅੱਜ

ਡੇਰਾ ਬਾਬਾ ਨਾਨਕ, 16 ਮਾਰਚ (ਹੈਪੀ ਕੋਟਲੀ): ਪਰਸ਼ੋਤਮ ਸਿੰਘ ਜ਼ਿਲ੍ਹਾ ਰੋਜ਼ਗਾਰ ਅਫਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਲੇਸਮਟ ਕੈਂਪ/ਰੋਜ਼ਗਾਰ ਮੇਲਾ, ਸਕਿਓਰਿਟੀ ਐਂਡ ਇੰਟੈਲੀਜੈਂਟ ਸਰਵਿਸ ਇੰਡੀਆ ਲਿਮਟਿਡ ਵਿੱਚ ਸਕਿਊਰਿਟੀ ਗਾਰਡ ਲਈ (ਲੜਕੇ) ਦੀਆਂ ਪੋਸਟਾਂ ਲਈ ਇੰਟਰਵਿਊ 17 ਮਾਰਚ ਨੂੰ ਸਵੇਰੇ 10:00 ਤੋਂ 1:00 ਵਜੇ ਤੱਕ ਬੀ.ਡੀ.ਪੀ.ਓ. ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਹੋਵੇਗੀ। ਉਨ੍ਹਾਂ ਦੱਸਿਆ ਕਿ ਜਿਸ ਵਿੱਚ ਘੱਟੋ-ਘੱਟ ਯੋਗਤਾ 10ਵੀਂ ਪਾਸ ਮੁੰਡਿਆਂ ਦੀ ਲੋੜ ਹੈ। ਉਮਰ ਸੀਮਾ 19 ਤੋਂ 40 ਸਾਲ ਤੱਕ ਤੇ ਕੱਦ ਘੱਟ ਤੋਂ ਘੱਟ 5 ਫੁੱਟ 6 ਇੰਚ, ਭਾਰ 56 ਤੋਂ 90 ਕਿਲੋ, ਛਾਤੀ 80 ਸੈਂਟੀਮੀਟਰ ਤੋਂ 85 ਸੈਂਟੀਮੀਟਰ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਤਨਖਾਹ 18000 ਤੋਂ 20000 ਹੈ। ਉਮੀਦਵਾਰ ਆਪਣੇ ਸਾਰੇ ਜ਼ਰੂਰੀ ਦਸਤਾਵੇਜ਼ ਜਿਵੇਂ ਕਿ 10ਵੀਂ, ਗ੍ਰੈਜੂਏਸ਼ਨ ਤੇ ਬਾਇਓਡਾਟਾ ਆਦਿ ਨਾਲ ਲੈ ਕੇ ਆਉਣਾ ਯਕੀਨੀ ਬਣਾਇਆ ਜਾਵੇ।

ਸੀਪੀਆਈਐਮ ਵੱਲੋਂ ਦੇਸ਼ ਵਿਆਪੀ ਰੋਸ ਰੈਲੀ 24 ਨੂੰ

ਗੜ੍ਹਸ਼ੰਕਰ, 16 ਮਾਰਚ (ਅਜਮੇਰ ਸਿੰਘ ਭਨੋਟ): ਸੀਪੀਆਈਐਮ ਦੀ ਕੇਂਦਰੀ ਦਿਸ਼ਾ-ਨਿਰਦੇਸ਼ਾਂ ਤਹਿਤ 11 ਤੋਂ 20 ਮਾਰਚ ਤੱਕ ਦੇਸ਼ ਭਰ ਵਿੱਚ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਜਥਾ ਮਾਰਚ ਕਰਕੇ ਲੋਕਾਂ ਨੂੰ ਜਾਗਰੂਕ ਕਰਕੇ ਦੇਸ਼ ਵਿਆਪੀ ਰੋਸ ਰੈਲੀ 24 ਮਾਰਚ ਨੂੰ ਰਾਮ ਲੀਲ੍ਹਾ ਗਰਾਊਂਡ ਵਿੱਚ ਕੀਤੀ ਜਾਵੇਗੀ। ਪੰਜਾਬ ਦਾ ਸੂਬਾਈ ਜਥਾ ਗਦਰੀ ਬਾਬਿਆਂ ਦੇ ਪਿੰਡ ਸੁਰਸਿੰਘ ਵਾਲੇ ਤੋਂ ਸ਼ੁਰੂ ਹੋ ਕੇ ਅੱਜ ਗੜ੍ਹਸ਼ੰਕਰ ਸ਼ਹੀਦ ਭਗਤ ਸਿੰਘ ਸਮਾਰਕ ਪੁਰਾਣੇ ਬੱਸ ਸਟੈਂਡ ਵਿਖੇ ਪਾਰਟੀ ਦੇ ਸੂਬਾਈ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਸੂਬਾ ਸਕੱਤਰੇਤ ਮੈਂਬਰ ਗੁਰਨੇਕ ਸਿੰਘ ਭੱਜਲ ਮੇਜਰ ਸਿੰਘ ਭੁੱਖੀ ਵਿੰਡ ਜਤਿੰਦਰਪਾਲ ਸਿੰਘ ਦੀ ਅਗਵਾਈ ਵਿੱਚ ਪਹੁੰਚਿਆ, ਜਥੇ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੁਖਵਿੰਦਰ ਸਿੰਘ ਸੇਖੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਪੂੰਜੀਪਤੀਆਂ ਨੂੰ ਦੇਸ਼ ਦੇ ਹਿੱਤ ਵੇਚਣ ਤੋਂ ਪਿੱਛੇ ਨਹੀਂ ਹਟਦੀ ਸਰਕਾਰ ਨੇ ਕਿਰਤ ਕੋਡ ਬੀਜ ਬਿੱਲ ਬਿਜਲੀ ਸੋਧ ਬਿੱਲ 2025 ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਰਕੇ ਦੇਸ਼ ਦੇ ਕਿਸਾਨਾਂ-ਮਜ਼ਦੂਰਾਂ ਨਾਲ ਧੋਖਾ ਕੀਤਾ, ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਲਈ ਵੀਬੀਜੀ ਰਾਮ ਜੀ ਨਾਮ ਨਾਲ ਬਦਲ ਦਿੱਤਾ, ਜੋ ਖੱਬੀਆਂ ਪਾਰਟੀਆਂ ਦੀ ਦੇਣ ਸੀ। ਅਸੀਂ ਸਾਰੇ ਪੰਜਾਬ ਵਿੱਚ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਸੰਘਰਸ਼ ਨੂੰ ਤੇਜ਼ ਕਰਦਿਆਂ ਦਿੱਲੀ ਰੈਲੀ ਵਿੱਚ ਸ਼ਾਮਲ ਹੋਵਾਂਗੇ। ਇਸ ਮੌਕੇ ਪਾਰਟੀ ਸੂਬਾ ਕਮੇਟੀ ਮੈਂਬਰ ਦਰਸ਼ਨ ਸਿੰਘ ਮੱਟੂ ਸੁਭਾਸ਼ ਮੱਟੂ ਮਹਿੰਦਰ ਕੁਮਾਰ ਬਡੋਆਣ ਸੁਲਿੰਦਰ ਚੁੰਬਰ ਨੀਲਮ ਗੁਰਬਖਸ਼ ਕੌਰ ਰਵਿੰਦਰ ਕੁਮਾਰ ਕੁਲਵਿੰਦਰ ਸੰਘਾ ਹਰਭਜਨ ਸਿੰਘ ਜੋਗਿੰਦਰ ਸਿੰਘ ਥਾਦੀ ਸਤਨਾਮ ਸਿੰਘ ਪ੍ਰੇਮ ਸਿੰਘ ਕਸਮੀਰ ਸਿੰਘ ਗੁਰਚਰਨ ਸਿੰਘ ਨੈਨਮਾ ਰਜਿੰਦਰ ਸਿੰਘ ਬਲਦੇਵ ਰਾਜ ਚਮਨ ਲਾਲ ਸੋਹਨ ਸਿੰਘ ਬਲਵੀਰ ਕੁਮਾਰ ਜਸਵਿੰਦਰ ਕੌਰ ਸਾਥੀ ਸ਼ਮੂਲੀਅਤ ਕੀਤੀ।

'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੈਲਥ ਕਾਰਡ ਬਣਾਉਣ ਲਈ ਕੈਂਪ ਲਗਾਇਆ

ਬਟਾਲਾ, 16 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ/ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ ਹਨ, ਜਿਥੇ ਲੋਕਾਂ ਵੱਲੋਂ ਕੈਂਪ ਵਿੱਚ ਪਹੁੰਚ ਕੇ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਬਟਾਲਾ ਸ਼ਹਿਰ ਤੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਗਏ ਹਨ। ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਹੈਲਥ ਕਾਰਡ ਬਣ ਰਹੇ ਹਨ। ਬਟਾਲਾ ਵਿਖੇ ਵੱਖ-ਵੱਖ ਵਾਰਡਾਂ ਵਿੱਚ ਲੱਗੇ ਵਿਸ਼ੇਸ਼ ਕੈਂਪ ਵਿੱਚ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ ਵੱਲੋਂ ਸ਼ਿਰਕਤ ਕੀਤੀ ਤੇ ਲੋਕਾਂ ਵੱਲੋਂ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਸੀ। ਇਸ ਮੌਕੇ ਗੱਲ ਕਰਦਿਆਂ ਅੰਮ੍ਰਿਤ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ ਹੈ ਤੇ ਲੋੜ ਪੈਣ 'ਤੇ ਵਿਅਕਤੀ ਆਪਣੀ ਬਿਮਾਰੀ ਦਾ ਇਲਾਜ ਕਰਵਾ ਸਕਦਾ ਹੈ, ਜਿਸ ਲਈ 10 ਲੱਖ ਤੱਕ ਕੈਸ਼ਲੈਸ ਦੀ ਰਾਹਤ ਪ੍ਰਦਾਨ ਕੀਤੀ ਗਈ ਹੈ। ਲੋਕਾਂ ਨੂੰ ਸਿਹਤ, ਸਿੱਖਿਆ, ਮੁਫ਼ਤ ਬਿਜਲੀ ਸਮੇਤ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਪੁੱਜਦਾ ਕੀਤਾ ਗਿਆ ਹੈ।

8 ਸਾਲਾ ਬੱਚੀ ਨਾਲ ਸਮੂਹਿਕ ਜਬਰ-ਜਨਾਹ, ਤਿੰਨ ਨਾਬਾਲਿਗ ਲੜਕੇ ਕਾਬੂ

ਨਵੀਂ ਦਿੱਲੀ, 16 ਮਾਰਚ (ਚ.ਨ.ਸ): ਦੇਸ਼ ਦੀ ਰਾਜਧਾਨੀ ਦੇ ਦੱਖਣ-ਪੂਰਬੀ ਦਿੱਲੀ ਦੇ ਓਖਲਾ ਉਦਯੋਗਿਕ ਖੇਤਰ ਤੋਂ ਇੱਕ ਅਤਿ ਮੰਦਭਾਗੀ ਤੇ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ 8 ਸਾਲਾ ਮਾਸੂਮ ਬੱਚੀ ਨਾਲ ਤਿੰਨ ਨਾਬਾਲਿਗ ਲੜਕਿਆਂ ਵੱਲੋਂ ਕਥਿਤ ਤੌਰ 'ਤੇ ਸਮੂਹਿਕ ਜਬਰ-ਜਨਾਹ ਕੀਤਾ ਗਿਆ। ਪੁਲਿਸ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦਿਆਂ ਤਿੰਨਾਂ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਫੜੇ ਗਏ ਲੜਕਿਆਂ ਦੀ ਉਮਰ 12 ਤੇ 13 ਸਾਲ ਦੱਸੀ ਜਾ ਰਹੀ ਹੈ। ਦੱਖਣ-ਪੂਰਬੀ ਦਿੱਲੀ ਦੇ ਡਿਪਟੀ ਕਮਿਸ਼ਨਰ ਆਫ਼ ਪੁਲਿਸ ਹੇਮੰਤ ਤਿਵਾਰੀ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਪੁਲਿਸ ਨੂੰ ਸ਼ਨੀਵਾਰ ਨੂੰ ਓਖਲਾ ਉਦਯੋਗਿਕ ਖੇਤਰ ਦੇ ਥਾਣੇ ਵਿੱਚ ਇੱਕ ਮਹਿਲਾ ਵੱਲੋਂ ਸ਼ਿਕਾਇਤ ਮਿਲੀ ਸੀ। ਸ਼ਿਕਾਇਤਕਰਤਾ ਮਹਿਲਾ ਨੇ ਦੋਸ਼ ਲਗਾਇਆ ਕਿ ਉਸ ਦੀ ਅੱਠ ਸਾਲ ਦੀ ਧੀ ਨਾਲ ਗੁਆਂਢ ਦੇ ਹੀ ਤਿੰਨ ਨਾਬਾਲਿਗ ਲੜਕਿਆਂ ਨੇ ਜਿਨਸੀ ਸ਼ੋਸ਼ਣ ਕੀਤਾ ਹੈ। ਪੁਲਿਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਜਦੋਂ ਬੱਚੀ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਆਪਣੇ ਨਾਲ ਹੋਈ ਦਰਿੰਦਗੀ ਦੀ ਪੂਰੀ ਦਾਸਤਾਨ ਸੁਣਾਈ। ਪੁਲਿਸ ਅਧਿਕਾਰੀਆਂ ਅਨੁਸਾਰ, ਪੀੜਤ ਬੱਚੀ ਨੇ ਦੱਸਿਆ ਕਿ ਮੁਲਜ਼ਮ ਲੜਕੇ ਉਸ ਨੂੰ ਸ਼ਨੀਵਾਰ ਨੂੰ ਇੱਕ ਸੁੰਨਸਾਨ ਜਗ੍ਹਾ 'ਤੇ ਲੈ ਗਏ ਜਿੱਥੇ ਉਨ੍ਹਾਂ ਨੇ ਉਸ ਨਾਲ ਸਮੂਹਿਕ ਜਬਰ-ਜਨਾਹ ਕੀਤਾ। ਪਰਿਵਾਰ ਵੱਲੋਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਗਿਆ। ਪੀੜਤਾ ਨੂੰ ਤੁਰੰਤ ਸਰਕਾਰੀ ਹਸਪਤਾਲ ਵਿੱਚ ਡਾਕਟਰੀ ਜਾਂਚ ਲਈ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਬੱਚੀ ਨਾਲ ਜਿਨਸੀ ਸ਼ੋਸ਼ਣ ਹੋਣ ਦੀ ਪੁਸ਼ਟੀ ਕੀਤੀ ਹੈ। ਪੁਲਿਸ ਨੇ ਦੱਸਿਆ ਕਿ ਫੜੇ ਗਏ ਤਿੰਨੇ ਨਾਬਾਲਿਗ ਸਕੂਲ ਛੱਡ ਚੁੱਕੇ ਹਨ। ਦਿੱਲੀ ਪੁਲਿਸ ਨੇ ਇਸ ਮਾਮਲੇ ਵਿੱਚ ਭਾਰਤੀ ਨਿਆ ਸੰਹਿਤਾ ਤੇ ਪੋਕਸੋ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।

ਤਾਜ ਮਹਿਲ 'ਚ ਮਧੂ-ਮੱਖੀਆਂ ਦਾ ਹਮਲਾ

ਛੱਤਾ ਟੁੱਟਣ ਕਾਰਨ ਸੈਲਾਨੀਆਂ 'ਚ ਮਚੀ ਭਗਦੜ, ਜਾਨ ਬਚਾਉਣ ਲਈ ਇੱਧਰ-ਉੱਧਰ ਭੱਜੇ ਲੋਕ

ਆਗਰਾ, 16 ਮਾਰਚ (ਚ.ਨ.ਸ): ਤਾਜ ਮਹਿਲ 'ਚ ਐਤਵਾਰ ਦੀ ਦੁਪਹਿਰ ਮਧੂਮੱਖੀਆਂ ਨੇ ਸੈਲਾਨੀਆਂ 'ਤੇ ਹਮਲਾ ਕਰ ਦਿੱਤਾ। ਇਸ ਨਾਲ ਸੈਲਾਨੀਆਂ 'ਚ ਭਗਦੜ ਮਚ ਗਈ। ਇੰਟਰਨੈਟ ਮੀਡੀਆ 'ਚ ਪ੍ਰਸਾਰਿਤ ਵੀਡੀਓ 'ਚ ਸੈਲਾਨੀ ਮਧੂਮੱਖੀਆਂ ਤੋਂ ਬਚਣ ਦੀ ਕੋਸ਼ਿਸ਼ ਕਰਦੇ ਨਜ਼ਰ ਆ ਰਹੇ ਹਨ। ਮੁੱਖ ਮਕਬਰੇ 'ਤੇ ਸੈਲਾਨੀਆਂ ਨੂੰ ਅੱਧੇ ਘੰਟੇ ਤੱਕ ਰੋਕ ਕੇ ਮਹਿਮਾਨਖਾਨਾ ਵੱਲ ਸਥਿਤ ਮਹਿਰਾਬ (ਪੂਰਬੀ ਦਿਸ਼ਾ) 'ਚ ਲੱਗੇ ਖੱਖਰ ਨੂੰ ਹਟਾਇਆ ਗਿਆ। ਮਧੂਮੱਖੀਆਂ ਇਸ ਤੋਂ ਬਾਅਦ ਵੀ ਮੰਡਰਾਉਂਦੀਆਂ ਰਹੀਆਂ, ਜਿਸ ਕਾਰਨ ਮੁੱਖ ਮਕਬਰੇ 'ਤੇ ਡਾਇਵਰਜ਼ਨ ਲਾਗੂ ਕੀਤੀ ਗਈ। ਹਾਲਾਂਕਿ, ਭਾਰਤੀ ਪੁਰਾਤੱਤਵ ਸਰਵੇਖਣ (ਏਐਸਆਈ) ਨੇ 15 ਮਿੰਟਾਂ ਤੱਕ ਸੈਲਾਨੀਆਂ ਦਾ ਦਾਖਲਾ ਰੋਕਣ ਦੀ ਗੱਲ ਕਹੀ ਹੈ। ਤਾਜ ਮਹਿਲ 'ਚ ਮੁੱਖ ਮਕਬਰੇ 'ਤੇ ਮਹਿਮਾਨਖਾਨਾ ਵੱਲ ਸਥਿਤ ਮਹਿਰਾਬ 'ਚ ਮਧੂਮੱਖੀਆਂ ਦਾ ਖੱਖਰ ਲੱਗਾ ਹੋਇਆ ਸੀ। ਐਤਵਾਰ ਦੀ ਦੁਪਹਿਰ ਕਰੀਬ 2.45 ਵਜੇ ਇਥੇ ਅਚਾਨਕ ਮਧੂਮੱਖੀਆਂ ਮੰਡਰਾਉਣ

ਲੱਗੀਆਂ। ਮੁੱਖ ਮਕਬਰੇ ਦੇ ਨਾਲ ਹੀ ਚਮੇਲੀ ਫਰਸ਼ 'ਤੇ ਘੁੰਮ ਰਹੇ ਸੈਲਾਨੀਆਂ 'ਤੇ ਉਨ੍ਹਾਂ ਨੇ ਹਮਲਾ ਕਰ ਦਿੱਤਾ। ਚਮੇਲੀ ਫਰਸ਼ ਤੋਂ ਲੰਘ ਰਹੇ ਕੁਝ ਸੈਲਾਨੀਆਂ ਨੂੰ ਉਨ੍ਹਾਂ ਨੇ ਡੰਗ ਦਿੱਤਾ। ਇੰਟਰਨੈਟ ਮੀਡੀਆ 'ਤੇ ਇਸ ਦੀਆਂ ਕਈ ਵੀਡੀਓਜ਼ ਪ੍ਰਸਾਰਿਤ ਹੋਈਆਂ ਹਨ। ਇੱਕ ਵੀਡੀਓ 'ਚ ਮਧੂਮੱਖੀਆਂ ਤੋਂ ਬਚਣ ਲਈ ਸੈਲਾਨੀ ਰੁਮਾਲ ਤੇ ਚੁੰਨੀ ਨਾਲ ਉਨ੍ਹਾਂ ਨੂੰ ਹਟਾਉਣ ਦੀ ਕੋਸ਼ਿਸ਼ ਕਰਦੇ ਹੋਏ ਤੇ ਬਚਦੇ ਹੋਏ ਦਿਖਾਈ ਦੇ ਰਹੇ ਹਨ। ਮਧੂਮੱਖੀਆਂ ਦੇ ਹਮਲੇ ਤੋਂ ਬਾਅਦ ਭਾਰਤੀ ਪੁਰਾਤੱਤਵ ਸਰਵੇਖਣ ਨੇ ਖੱਖਰ ਨੂੰ ਹਟਾਇਆ। ਇਸ ਦੇ ਲਈ ਮੁੱਖ ਮਕਬਰੇ 'ਤੇ ਕਰੀਬ 15 ਮਿੰਟਾਂ ਲਈ ਸੈਲਾਨੀਆਂ ਦਾ ਦਾਖਲਾ ਰੋਕ ਦਿੱਤਾ ਗਿਆ। ਕਿਨਾਰਾ ਸਥਿਤ ਗੇਟ ਤੋਂ ਬਾਹਰ ਆਉਣ 'ਤੇ ਪੂਰਬੀ ਦਿਸ਼ਾ 'ਚ ਸਥਿਤ ਮਹਿਮਾਨਖਾਨਾ ਵੱਲੋਂ ਨਹੀਂ ਲੰਘਣ ਦਿੱਤਾ ਗਿਆ। ਉਨ੍ਹਾਂ ਪੱਛਮੀ ਦਿਸ਼ਾ 'ਚ ਸਥਿਤ ਸ਼ਾਹੀ ਮਸਜਿਦ ਵੱਲ ਹੋ ਕੇ ਹੇਠਾਂ ਆਉਣ ਦਿੱਤਾ ਗਿਆ। ਤਾਜ ਮਹਿਲ ਦੇ ਸੀਨੀਅਰ ਕੰਜ਼ਰਵੇਟਰ ਸਹਾਇਕ ਪ੍ਰਿੰਸ ਵਾਜਪਾਈ ਨੇ ਦੱਸਿਆ ਕਿ ਸ਼ਨੀਵਾਰ ਦੀ ਸ਼ਾਮ ਨੂੰ ਹੀ ਮਧੂਮੱਖੀਆਂ ਨੇ ਖੱਖਰ ਲਗਾਇਆ ਸੀ। ਖੱਖਰ ਡਿੱਗਿਆ ਨਹੀਂ ਸੀ। ਤੇਜ਼ ਹਵਾ ਚੱਲਣ ਕਾਰਨ ਮਧੂਮੱਖੀਆਂ ਕੰਪਲੈਕਸ 'ਚ ਫੈਲ ਗਈਆਂ।

ਪਿੰਡ ਮੌਜਮ ਦੇ ਕਈ ਪਰਿਵਾਰ ਅਕਾਲੀ ਦਲ 'ਚ ਸ਼ਾਮਲ, ਪਾਰਟੀ ਨੂੰ ਮਿਲੀ ਮਜ਼ਬੂਤੀ

ਫਾਜ਼ਿਲਕਾ, 16 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਹਲਕਾ ਫਾਜ਼ਿਲਕਾ ਦੇ ਪਿੰਡ ਮੌਜਮ ਵਿਖੇ ਕਈ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਕੇ ਪਾਰਟੀ ਨੂੰ ਮਜ਼ਬੂਤੀ ਦਿੱਤੀ। ਇਸ ਮੌਕੇ ਪਿੰਡ ਦੇ ਵੱਡੀ ਗਿਣਤੀ ਵਿੱਚ ਲੋਕਾਂ ਦੀ ਹਾਜ਼ਰੀ ਵਿੱਚ ਨਵੇਂ ਮੈਂਬਰਾਂ ਦਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਪਾਰਟੀ ਨਾਲ ਜੁੜਨ 'ਤੇ ਵਧਾਈ ਦਿੱਤੀ ਗਈ। ਇਸ ਸਮਾਗਮ ਦੌਰਾਨ ਸਥਾਨਕ ਆਗੂਆਂ ਨੇ ਕਿਹਾ ਕਿ ਲੋਕਾਂ ਦਾ ਭਰੋਸਾ ਲਗਾਤਾਰ ਵੱਧ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਹਲਕਾ ਇੰਚਾਰਜ ਸੰਪੂਰਨ ਸਿੰਘ ਨੇ ਕਿਹਾ ਕਿ ਪਿੰਡ ਮੌਜਮ ਦੇ ਕਈ ਪਰਿਵਾਰਾਂ ਦਾ ਅਕਾਲੀ ਦਲ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸਬੂਤ ਹੈ ਕਿ ਲੋਕ ਪਾਰਟੀ ਦੀ ਨੀਤੀਆਂ ਤੇ ਸਿਧਾਂਤਾਂ 'ਤੇ ਭਰੋਸਾ ਕਰਦੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਹੀ ਪੰਜਾਬ, ਪੰਜਾਬੀਅਤ ਤੇ ਪੰਥ ਦੀ ਆਵਾਜ਼ ਬਣ ਕੇ ਖੜ੍ਹਾ ਰਹਿਆ ਹੈ ਤੇ ਲੋਕਾਂ ਦੇ ਹੱਕਾਂ ਲਈ ਲੜਦਾ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਲੋਕ ਵਿਕਾਸ ਤੇ ਇਮਾਨਦਾਰ ਨੇਤ੍ਰਿਤਵ ਚਾਹੁੰਦੇ ਹਨ ਤੇ ਅਕਾਲੀ ਦਲ ਹੀ ਉਹ ਪਾਰਟੀ ਹੈ ਜੋ ਪੰਜਾਬ ਦੇ ਹਰ ਵਰਗ ਦੇ ਹੱਕਾਂ ਦੀ ਰੱਖਿਆ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਹੋ ਰਹੀਆਂ ਸਮੱਸਿਆਵਾਂ ਨੂੰ ਦੂਰ ਕਰਨਾ ਪਾਰਟੀ ਦੀ ਪਹਿਲ ਰਹੇਗੀ ਤੇ ਲੋਕਾਂ ਦੇ ਸਹਿਯੋਗ ਨਾਲ ਇਹ ਕੰਮ ਹੋਰ ਤੇਜ਼ੀ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਫਾਜ਼ਿਲਕਾ ਦੇ ਵੱਖ-ਵੱਖ ਪਿੰਡਾਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਮੁਹਿੰਮ ਚਲਾਈ ਜਾਵੇਗੀ ਤੇ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਿਆ ਜਾਵੇਗਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਤੇਜਵੰਤ ਸਿੰਘ ਕਾਠਪਾਲ, ਗੁਰਜੰਟ ਸਿੰਘ ਬੱਬੀ ਖੋਸਾ, ਨਰਿੰਦਰ ਆਵਾ ਤੇ ਕਮਲ ਸੰਧੂ ਨੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਅਕਾਲੀ ਦਲ ਇੱਕ ਇਤਿਹਾਸਕ ਪਾਰਟੀ ਹੈ ਜਿਸ ਨੇ ਹਮੇਸ਼ਾ ਪੰਜਾਬ ਦੇ ਹਿੱਤਾਂ ਲਈ ਸੰਘਰਸ਼ ਕੀਤਾ।

ਦੇਸ਼ ਭਗਤ ਯੂਨੀਵਰਸਿਟੀ 'ਚ ਮਹਾਰਾਜਾ ਰਣਜੀਤ ਸਿੰਘ 'ਤੇ ਅੰਤਰਰਾਸ਼ਟਰੀ ਕਾਨਫਰੰਸ ਕਰਵਾਈ

ਮੰਡੀ ਗੋਬਿੰਦਗੜ੍ਹ, 16 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਸੈਂਟਰ ਫ਼ਾਰ ਸਾਊਥ ਏਸ਼ੀਅਨ ਸਟਡੀਜ਼ ਤੇ ਫੈਕਲਟੀ ਆਫ ਸੋਸ਼ਲ ਸਾਇੰਸਜ਼ ਐਂਡ ਲੈਂਗੂਏਜਜ਼ ਵੱਲੋਂ ਸਾਂਝੇ ਤੌਰ 'ਤੇ 'ਮਹਾਰਾਜਾ ਰਣਜੀਤ ਸਿੰਘ ਅਤੇ ਉਨ੍ਹਾਂ ਦਾ ਸਮਾਂ: ਇੱਕ ਨਵਾਂ ਵਿਸ਼ਲੇਸ਼ਣ' ਵਿਸ਼ੇ 'ਤੇ ਇੱਕ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਕਰਵਾਈ ਗਈ। ਇਸ ਵਿੱਚ ਦੇਸ਼-ਵਿਦੇਸ਼ ਤੋਂ ਪ੍ਰਸਿੱਧ ਇਤਿਹਾਸਕਾਰ, ਅਕਾਦਮਿਕ ਵਿਦਵਾਨ, ਖੋਜਕਾਰ ਤੇ ਸਕਾਲਰਾਂ ਨੇ ਹਿੱਸਾ ਲਿਆ। ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ, ਵਾਈਸ ਚਾਂਸਲਰ ਪ੍ਰੋ. ਹਰਸ਼ ਸਦਾਵਰਤੀ, ਪ੍ਰੋ.ਵਾਈਸ ਚਾਂਸਲਰ ਪ੍ਰੋ. ਅਮਰਜੀਤ ਸਿੰਘ ਤੇ ਪਦਮ ਸ਼੍ਰੀ ਪ੍ਰੋ. ਰਘੁਵੇਂਦਰ ਤਨਵਰ ਨੇ ਵਿਸ਼ੇਸ਼ ਮਹਿਮਾਨ ਤੇ ਹਰਪ੍ਰੀਤ ਸਿੰਘ ਸਾਹਨੀ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂ ਕਿ ਕੁੰਜੀਵਤ ਬੁਲਾਰੇ ਪ੍ਰੋ. ਹਰਜਿੰਦਰ ਸਿੰਘ ਦਿਲਗੀਰ ਸਨ। ਸੋਸ਼ਲ ਸਾਇੰਸਜ਼ ਐਂਡ ਲੈਂਗੂਏਜਜ਼ ਫੈਕਲਟੀ ਦੀ ਇੰਚਾਰਜ ਡਾ. ਰੇਨੂ ਸ਼ਰਮਾ ਨੇ ਮਹਿਮਾਨਾਂ ਤੇ ਭਾਗੀਦਾਰਾਂ ਦਾ ਸਵਾਗਤ ਕੀਤਾ। ਕਾਨਫਰੰਸ ਦੇ ਡਾਇਰੈਕਟਰ ਪ੍ਰੋ. ਰਾਮ ਸਿੰਘ ਗੁਰਨਾ ਨੇ ਮਹਾਰਾਜਾ ਰਣਜੀਤ ਸਿੰਘ ਦੇ ਜੀਵਨ, ਸ਼ਾਸਨ ਤੇ ਇਤਿਹਾਸਕ ਮਹੱਤਤਾ ਨੂੰ ਸਮਝਣ ਬਾਰੇ ਚਰਚਾ ਕੀਤੀ। ਚਾਂਸਲਰ ਡਾ. ਜ਼ੋਰਾ ਸਿੰਘ ਨੇ ਮਹਾਰਾਜਾ ਰਣਜੀਤ ਸਿੰਘ ਦੀ ਦੂਰਦਰਸ਼ੀ ਅਗਵਾਈ, ਨਿਆਂਪ੍ਰਬੰਧ ਸ਼ਾਸਨ ਤੇ ਧਾਰਮਿਕ ਸਾਂਝ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ। ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਨੂੰ ਏਕਤਾ, ਸਮਾਵੇਸ਼ਤਾ ਤੇ ਪ੍ਰਗਤੀਸ਼ੀਲ ਪ੍ਰਸ਼ਾਸਨ ਦਾ ਪ੍ਰਤੀਕ ਦੱਸਿਆ। ਪ੍ਰੋ. ਅਮਰਜੀਤ ਸਿੰਘ ਨੇ ਉਨ੍ਹਾਂ ਦੀ ਸੰਤੁਲਿਤ ਅਗਵਾਈ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਫੌਜੀ ਤਾਕਤ ਤੇ ਕੂਟਨੀਤਿਕ ਸਿਆਣਪ ਦਾ ਸੁੰਦਰ ਸੰਯੋਗ ਕੀਤਾ। ਪਦਮ ਸ਼੍ਰੀ ਪ੍ਰੋ. ਰਘੁਵੇਂਦਰ ਤਨਵਰ ਨੇ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਨਾਲ ਗਹਿਰਾ ਨਾਤਾ ਰੱਖਣ ਵਾਲੇ ਸ਼ਾਸਕ ਸਨ, ਜਿਨ੍ਹਾਂ ਇੱਕ ਐਸਾ ਸਮਾਵੇਸ਼ੀ ਰਾਜ ਬਣਾਇਆ ਜਿੱਥੇ ਵੱਖ-ਵੱਖ ਕੌਮਾਂ ਦੇ ਲੋਕ ਇਕੱਠੇ ਹੋ ਕੇ ਸੇਵਾ ਕਰਦੇ ਸਨ। ਮੁੱਖ-ਮਹਿਮਾਨ ਸ੍ਰੀ ਸਾਹਨੀ ਨੇ ਉਨ੍ਹਾਂ ਦੀ ਹਿੰਮਤ, ਦ੍ਰਿੜਤਾ ਤੇ ਨਿਡਰ ਅਗਵਾਈ ਨੂੰ ਉਭਾਰਿਆ, ਜਿਸ ਨਾਲ ਇੱਕ ਸ਼ਕਤੀਸ਼ਾਲੀ ਸਮਰਾਜ ਦੀ ਸਥਾਪਨਾ ਹੋਈ। ਧੰਨਵਾਦ ਡਾ. ਸੁਰਜੀਤ ਕੌਰ ਪਥੇਜਾ ਤੇ ਪ੍ਰੋ. ਧਰਮਿੰਦਰ ਸਿੰਘ ਕੋਆਰਡੀਨੇਟਰ ਸੈਂਟਰ ਫਾਰ ਪੰਜਾਬੀ ਲੈਂਗਵੇਜ ਫੋਕਲੋਰ ਐਂਡ ਕਲਚਰ ਨੇ ਕੀਤਾ।

ਸਰਕਾਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਬਣਾਈ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਤਹਿਤ ਵਪਾਰੀਆਂ ਨਾਲ ਮੀਟਿੰਗ

ਅਬੋਹਰ, 16 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਬਣਾਈ ਗਈ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਤਹਿਤ ਜ਼ਿਲ੍ਹਾ ਫਾਜ਼ਿਲਕਾ ਦੇ ਸ਼ਹਿਰ ਅਬੋਹਰ ਦੀ ਦੁਰਗਯਾਨਾ ਮਾਰਕੀਟ, ਨਵੀਂ ਆਬਾਦੀ ਵਿੱਚ ਵਪਾਰੀਆਂ ਨਾਲ ਇੱਕ ਮੀਟਿੰਗ ਆਯੋਜਿਤ ਕੀਤੀ ਗਈ। ਇਹ ਮੀਟਿੰਗ ਐਸ.ਡੀ.ਐਮ. ਅਬੋਹਰ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਵਪਾਰੀ ਸੰਘ ਦੇ ਪ੍ਰਤੀਨਿਧੀਆਂ ਨੇ ਭਾਗ ਲਿਆ। ਮੀਟਿੰਗ ਵਿੱਚ ਪੁਲਿਸ ਵਿਭਾਗ, ਆਬਕਾਰੀ ਤੇ ਕਰ ਵਿਭਾਗ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਕਮਿਸ਼ਨ ਰਾਜ ਪੱਧਰ, ਜ਼ਿਲ੍ਹਾ ਪੱਧਰ ਤੇ ਵਿਧਾਨ ਸਭਾ ਪੱਧਰ 'ਤੇ ਕੰਮ ਕਰ ਰਿਹਾ ਹੈ ਤੇ ਸਥਾਨਕ ਪੱਧਰ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਵਾਰਣ ਲਈ ਵਪਾਰੀਆਂ ਦੇ ਪ੍ਰਤੀਨਿਧੀਆਂ ਨੂੰ ਵੀ ਕਮੇਟੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ। ਵਪਾਰੀਆਂ ਵੱਲੋਂ ਮਾਰਕੀਟ ਵਿੱਚ ਪੁਲਿਸ ਸੁਰੱਖਿਆ ਪ੍ਰਬੰਧ, ਬਾਥਰੂਮ ਦਾ ਪ੍ਰਬੰਧ, ਕਾਰ ਪਾਰਕਿੰਗ, ਬਿਜਲੀ ਦੀਆਂ ਤਾਰਾਂ ਤੇ ਮੈਡੀਕਲ ਐਮਰਜੈਂਸੀ ਸਹੂਲਤਾਂ ਵਰਗੀਆਂ ਮੁੱਖ ਸਮੱਸਿਆਵਾਂ ਉਠਾਈਆਂ ਗਈਆਂ। ਮਾਰਕੀਟ ਐਸੋਸੀਏਸ਼ਨ ਦੇ ਪ੍ਰਧਾਨ ਵੱਲੋਂ ਮਾਰਕੀਟ ਇਲਾਕੇ ਵਿੱਚ ਪੁਲਿਸ ਗਸ਼ਤ ਵਧਾਉਣ ਦੀ ਮੰਗ ਕੀਤੀ ਗਈ, ਜਿਸ 'ਤੇ ਪੁਲਿਸ ਅਧਿਕਾਰੀਆਂ ਨੇ ਯੋਗ ਕਾਰਵਾਈ ਦਾ ਭਰੋਸਾ ਦਿੱਤਾ। ਇਸ ਤੋਂ ਇਲਾਵਾ ਮੈਡੀਕਲ ਐਮਰਜੈਂਸੀ ਸਹੂਲਤ ਤੇ ਹੋਰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਵੀ ਜਲਦੀ ਕਦਮ ਚੁੱਕਣ ਦੀ ਗੱਲ ਕਹੀ ਗਈ। ਮੀਟਿੰਗ ਦੌਰਾਨ ਅਧਿਕਾਰੀਆਂ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਗਈਆਂ ਤੇ ਭਰੋਸਾ ਦਿਵਾਇਆ ਗਿਆ ਕਿ ਉਠਾਏ ਗਏ ਸਾਰੇ ਜਾਇਜ਼ ਮਸਲਿਆਂ ਦਾ ਸਬੰਧਤ ਵਿਭਾਗਾਂ ਨਾਲ ਸਹਿਯੋਗ ਕਰਕੇ ਜਲਦੀ ਹੱਲ ਕੀਤਾ ਜਾਵੇਗਾ। ਮੀਟਿੰਗ ਦੇ ਅੰਤ 'ਤੇ ਪ੍ਰਸ਼ਾਸਨ ਤੇ ਵਪਾਰੀਆਂ ਵੱਲੋਂ ਆਪਸੀ ਸਹਿਯੋਗ ਨਾਲ ਸ਼ਹਿਰ ਦੇ ਵਪਾਰਕ ਮਾਹੌਲ ਨੂੰ ਹੋਰ ਬਿਹਤਰ ਬਣਾਉਣ ਲਈ ਮਿਲਜੁਲ ਕੇ ਕੰਮ ਕਰਨ ਦੀ ਭਾਵਨਾ ਪ੍ਰਗਟ ਕੀਤੀ ਗਈ। ਮੀਟਿੰਗ ਕਰੀਬ 06.30 ਵਜੇ ਹਲਕਾ ਇੰਚਾਰਜ ਅਰੁਨ ਨਾਰੰਗ ਦੁਆਰਾ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਖਤਮ ਕੀਤੀ ਗਈ।

ਐਸ.ਐਮ.ਓ. ਡਾ. ਬੇਦੀ ਨੇ ਆਸ਼ਾ ਵਰਕਰਾਂ ਨਾਲ ਕੀਤੀ ਸਮੀਖਿਆ ਮੀਟਿੰਗ

ਫਤਹਿਗੜ੍ਹ ਸਾਹਿਬ, 16 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸਿਵਲ ਸਰਜਨ ਫਤਹਿਗੜ੍ਹ ਸਾਹਿਬ ਡਾ. ਅਰਵਿੰਦ ਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਜਸਪ੍ਰੀਤ ਸਿੰਘ ਬੇਦੀ ਨੇ ਸਰਹਿੰਦ ਤੇ ਫਤਹਿਗੜ੍ਹ ਸਾਹਿਬ ਦੀਆਂ ਸ਼ਹਿਰੀ ਆਸ਼ਾ ਵਰਕਰਾਂ ਨਾਲ ਮਹੀਨਾਵਾਰੀ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਵਿੱਚ ਉਨ੍ਹਾਂ ਸਮੂਹ ਆਸ਼ਾ ਵਰਕਰਾਂ ਵੱਲੋਂ ਪਿਛਲੇ ਮਹੀਨੇ ਦੌਰਾਨ ਕੀਤੇ ਗਏ ਕੰਮਾਂ ਦੀ ਸਮੀਖਿਆ ਕੀਤੀ ਤੇ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਿਹਤ ਸਕੀਮਾਂ ਤੇ ਮੁਫਤ ਸਿਹਤ ਸਹੂਲਤਾਂ ਸਬੰਧੀ ਜਾਗਰੂਕ ਕੀਤਾ ਜਾਵੇ, ਗਰਭਵਤੀਆਂ ਦੀ ਅਰਲੀ ਰਜਿਸਟ੍ਰੇਸ਼ਨ ਕਰਵਾਉਣੀ ਤੇ ਨਿਰਧਾਰਿਤ ਐਂਟੀਨੇਟਲ ਚੈਕਅੱਪ ਕਰਵਾਉਣੇ ਯਕੀਨੀ ਬਣਾਏ, ਹਾਈ ਰਿਸਕ ਕੇਸਾਂ ਵੱਲ ਵਿਸ਼ੇਸ਼ ਤਵੱਜੋ ਦਿੱਤੀ ਜਾਵੇ, ਗਰਭਵਤੀਆਂ ਦਾ ਜਣੇਪਾ ਸਰਕਾਰੀ ਹਸਪਤਾਲ ਵਿੱਚ ਮੁਫਤ ਕਰਵਾਇਆ ਜਾਵੇ, ਲੋਕਾਂ ਦੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਵਾਏ ਜਾਣ ਤਾਂਕਿ ਲੋੜ ਪੈਣ 'ਤੇ ਉਹ ਨਗਦੀ ਰਹਿਤ 10 ਲੱਖ ਤੱਕ ਦਾ ਮੁਫਤ ਇਲਾਜ ਕਰਵਾ ਸਕਣ। ਉਨ੍ਹਾਂ ਵੱਖ-ਵੱਖ ਹੋਰ ਸਿਹਤ ਪ੍ਰੋਗਰਾਮਾਂ 'ਤੇ ਚਰਚਾ ਕੀਤੀ ਤੇ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ।

ਪੈਨਸ਼ਨਰਾਂ ਨੂੰ 31 ਤੱਕ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ: ਜ਼ਿਲ੍ਹਾ ਖ਼ਜ਼ਾਨਾ ਅਫ਼ਸਰ

ਸ੍ਰੀ ਫ਼ਤਹਿਗੜ੍ਹ ਸਾਹਿਬ, 16 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਸਰਕਾਰ ਵੱਲੋਂ ਰਾਜ ਦੇ ਪੈਨਸ਼ਨਰਾਂ ਨੂੰ ਪੈਨਸ਼ਨ ਦਾ ਭੁਗਤਾਨ ਪਾਰਦਰਸ਼ੀ ਤੇ ਸੁਚੱਜੇ ਢੰਗ ਨਾਲ ਕਰਨ ਲਈ ਲਾਈਫ ਸਰਟੀਫਿਕੇਟ ਆਨਲਾਈਨ ਸਵੀਕਾਰੇ ਜਾ ਰਹੇ ਹਨ ਪਰ ਫਿਰ ਵੀ ਕਈ ਪੈਨਸ਼ਨਰਾਂ ਤੇ ਬੈਂਕਾਂ ਵੱਲੋਂ ਜੀਵਨ ਪ੍ਰਮਾਣ ਪੱਤਰ ਆਫਲਾਈਨ ਜਾਂ ਦਸਤੀ ਰੂਪ ਵਿੱਚ ਜਮ੍ਹਾਂ ਕਰਵਾਏ ਗਏ ਹਨ। ਇਸ ਬਾਰੇ ਸੂਬਾ ਸਰਕਾਰ ਵੱਲੋਂ ਇਕ ਵਾਰ ਫਿਰ ਸਭ ਪੈਨਸ਼ਨਰਾਂ ਨੂੰ ਜੀਵਨ ਪ੍ਰਮਾਣ ਪੱਤਰ/ਲਾਈਫ ਸਰਟੀਫਿਕੇਟ ਆਨਲਾਈਨ ਰੂਪ ਵਿੱਚ ਜਮ੍ਹਾਂ ਕਰਵਾਉਣ ਦੀ ਅਪੀਲ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਜਿਨ੍ਹਾਂ ਪੈਨਸ਼ਨਰਾਂ ਵੱਲੋਂ ਲਾਈਫ ਸਰਟੀਫਿਕੇਟ ਆਨਲਾਈਨ ਜਮ੍ਹਾਂ ਨਹੀਂ ਕਰਵਾਏ, ਉਹ 31 ਮਾਰਚ 2026 ਤੱਕ ਇਸਨੂੰ ਆਪਣੇ ਨਜ਼ਦੀਕੀ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਜਾਂ ਉਪ ਖ਼ਜ਼ਾਨਾ ਦਫ਼ਤਰ, ਆਪਣੀ ਬੈਂਕ ਬ੍ਰਾਂਚ, ਸੇਵਾ ਕੇਂਦਰ, ਹੈਲਪਲਾਈਨ ਨੰਬਰ 1076 'ਤੇ ਕਾਲ ਕਰਕੇ ਜਾਂ ਫਿਰ 'ਜੀਵਨ ਪ੍ਰਮਾਣ ਪੱਤਰ' ਮੋਬਾਈਨ ਐਪ ਰਾਹੀਂ ਖ਼ੁਦ ਆਪ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਸਰਟੀਫਿਕੇਟ ਜਮ੍ਹਾਂ ਕਰਵਾਉਣ ਉਪਰੰਤ ਪੈਨਸ਼ਨਰ ਨੂੰ ਤੁਰੰਤ ਇਸ ਸਬੰਧੀ ਸਰਟੀਫਿਕੇਟ ਫੋਨ 'ਤੇ ਪ੍ਰਾਪਤ ਹੋ ਜਾਂਦਾ ਹੈ। ਪੈਨਸ਼ਨ ਬਿਨਾਂ ਕਿਸੀ ਰੁਕਾਵਟ ਦੇ ਜਾਰੀ ਰੱਖਣ ਲਈ ਸਰਟੀਫਿਕੇਟ ਜਮ੍ਹਾਂ ਕਰਵਾਉਣ ਹਿੱਤ ਪੈਨਸ਼ਨਰ ਆਪਣੀ ਪੈਨਸ਼ਨ ਬੁੱਕ, ਖਾਤਾ ਨੰਬਰ, ਆਧਾਰ ਕਾਰਡ ਤੇ ਫੋਨ ਨਾਲ ਲੈ ਕੇ ਜਾਣਾ ਨਾ ਭੁੱਲੇ।



ਫਿਰੋਜ਼ਪੁਰ ਰੈਲੀ ਦੌਰਾਨ ਗੈਂਗਸਟਰਾਂ ਬਾਰੇ ਦਿੱਤੇ ਬਿਆਨਾਂ ਤੋਂ ਵੀ ਪਿੱਛੇ ਹਟ ਰਹੇ ਨੇ ਸੁਖਬੀਰ ਬਾਦਲ: ਕੁਲਬੀਰ ਸਿੰਘ

☛ਕੰਚਨਪ੍ਰੀਤ ਨੂੰ ਹਲਕਾ ਇੰਚਾਰਜ ਲਗਾਉਣ ਦੇ ਮਾਮਲੇ ਨੂੰ ਲੈ ਕੀਤੇ ਸਵਾਲ ਖੜ੍ਹੇ

ਜ਼ੀਰਾ, 16 ਮਾਰਚ (ਦੀਪਕ ਭਾਰਗੋ): ਸਾਬਕਾ ਵਿਧਾਇਕ ਤੇ ਜ਼ਿਲ੍ਹਾ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਕੁਲਬੀਰ ਸਿੰਘ ਜ਼ੀਰਾ ਨੇ ਅਕਾਲੀ ਦਲ ਦੀ ਨੀਤੀਆਂ ਤੇ ਬਿਆਨਾਂ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਹੁਣ ਆਪਣੇ ਹੀ ਦਿੱਤੇ ਹੋਏ ਬਿਆਨਾਂ ਤੋਂ ਮੁੱਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੁਆਫ਼ੀ ਮੰਗਣ ਦੇ ਮਾਮਲੇ ਵਿੱਚ ਆਪਣੇ ਬਿਆਨਾਂ ਤੋਂ ਮੁੱਕਰੇ ਤੇ ਫਿਰੋਜ਼ਪੁਰ ਰੈਲੀ ਦੌਰਾਨ ਗੈਂਗਸਟਰਾਂ ਬਾਰੇ ਦਿੱਤੇ ਬਿਆਨਾਂ ਤੋਂ ਵੀ ਪਿੱਛੇ ਹਟਦੇ ਨਜ਼ਰ ਆ ਰਹੇ ਹਨ। ਕੁਲਬੀਰ ਸਿੰਘ ਜ਼ੀਰਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਪਹਿਲਾਂ ਕਿਹਾ ਸੀ ਕਿ ਜੇ ਅਕਾਲੀ ਦਲ ਦੀ ਸਰਕਾਰ ਬਣਦੀ ਹੈ ਤਾਂ ਪੰਜਾਬ ਵਿੱਚੋਂ ਗੈਂਗਸਟਰਾਂ ਨੂੰ ਖਤਮ ਕੀਤਾ ਜਾਵੇਗਾ ਪਰ ਹੁਣ ਉਨ੍ਹਾਂ ਦੇ ਕਦਮ ਉਨ੍ਹਾਂ ਦੇ ਆਪਣੇ ਹੀ ਬਿਆਨਾਂ ਦੇ ਉਲਟ ਦਿਖਾਈ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਬਾਦਲ ਵੱਲੋਂ ਗੈਂਗਸਟਰਾਂ ਨਾਲ ਸਬੰਧਤ ਬੀਬੀ ਕੰਚਨਪ੍ਰੀਤ ਕੌਰ ਨੂੰ ਅਹਿਮ ਜ਼ਿੰਮੇਵਾਰੀ ਦਿੱਤੀ ਗਈ ਹੈ ਜੋ ਉਨ੍ਹਾਂ ਦੇ ਪਹਿਲਾਂ ਦੇ ਬਿਆਨਾਂ ਨਾਲ ਮੇਲ ਨਹੀਂ ਖਾਂਦੀ। ਲੋਕਾਂ ਨੂੰ ਹੁਣ ਸਮਝ ਆ ਚੁੱਕੀ ਹੈ ਕਿ ਕੌਣ ਸੱਚ ਬੋਲਦਾ ਹੈ ਤੇ ਕੌਣ ਆਪਣੇ ਬਿਆਨਾਂ ਤੋਂ ਮੁੱਕਰਦਾ ਹੈ। ਕੁਲਬੀਰ ਸਿੰਘ ਜ਼ੀਰਾ ਨੇ ਕਿਹਾ ਕਿ ਅਕਾਲੀ ਦਲ ਨੇ ਲੰਬੇ ਸਮੇਂ ਤੱਕ ਲੋਕਾਂ ਨੂੰ ਗੁੰਮਰਾਹ ਕੀਤਾ ਹੈ ਤੇ ਹੁਣ ਉਹੀ ਰਸਤਾ ਆਮ ਆਦਮੀ ਪਾਰਟੀ ਵੀ ਅਪਣਾ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਹੀ ਉਹ ਪਾਰਟੀ ਹੈ ਜੋ ਸੂਬੇ ਦੇ ਲੋਕਾਂ ਦੀ ਭਲਾਈ ਤੇ ਵਿਕਾਸ ਲਈ ਸੱਚੀ ਨੀਅਤ ਨਾਲ ਕੰਮ ਕਰਦੀ ਆ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਆਵਾਜ਼ ਬਣੀ ਰਹੇਗੀ। ਇਸ ਮੌਕੇ ਸਾਬਕਾ ਚੇਅਰਮੈਨ ਮਹਿੰਦਰਜੀਤ ਸਿੰਘ ਜ਼ੀਰਾ, ਸੁਖਦੀਪ ਸਿੰਘ ਸੀਪਾ ਬਰਾੜ ਮਹੀਆਂ ਵਾਲਾ, ਜਗਸੀਰ ਸਿੰਘ ਬੱਬੂ ਮਨੇਸ ਕਮਾਲਗੜ੍ਹ, ਮਹਿੰਦਰ ਮਦਾਨ ਸਾਬਕਾ ਪ੍ਰਧਾਨ, ਨਰਿੰਦਰ ਮਹਿਤਾ ਕੌਂਸਲਰ, ਰਵੀ ਚੋਪੜਾ ਕੌਂਸਲਰ, ਸੁਖਪਾਲ ਸਿੰਘ ਵਰਪਾਲ ਸਾਬਕਾ ਸਰਪੰਚ, ਰਸ਼ਪਾਲ ਸਿੰਘ ਲਾਡਾ ਮੀਤ ਪ੍ਰਧਾਨ ਕਾਂਗਰਸ ਪਾਰਟੀ, ਰਾਜਬੀਰ ਸਿੰਘ ਧਾਲੀਵਾਲ ਪਿੰਡ ਬੇਰੀਵਾਲਾ, ਨੰਬਰਦਾਰ ਬਖਸ਼ੀਸ਼ ਸਿੰਘ ਨੂਰਪੁਰ, ਸੁਖਬੀਰ ਸਿੰਘ ਹੁੰਦਲ ਸਰਪੰਚ ਚੂਚਕਵਿੰਡ, ਕੁਲਭੂਸ਼ਨ ਜੈਨ ਜ਼ਿਲ੍ਹਾ ਮੀਤ ਪ੍ਰਧਾਨ ਤੋਂ ਇਲਾਵਾ ਇਲਾਕੇ ਦੇ ਪੰਚ-ਸਰਪੰਚ ਵੱਡੀ ਗਿਣਤੀ ਦੇ ਵਿੱਚ ਹਾਜ਼ਰ ਸਨ।



ਵਿਧਾਇਕ ਦਹੀਯਾ ਨੇ ਸਰਬ-ਸੰਮਤੀ ਨਾਲ ਬਣੀ ਪੰਚਾਇਤ ਬਸਤੀ ਭਾਈ ਕੀ ਨੂੰ 5 ਲੱਖ ਰੁਪਏ ਦੀ ਗ੍ਰਾਂਟ ਦਾ ਚੈਕ ਦਿੱਤਾ



ਫਿਰੋਜ਼ਪੁਰ, 16 ਮਾਰਚ (ਤਿਵਾੜੀ): ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਕੁਮਾਰ ਦਹੀਯਾ ਵੱਲੋਂ ਆਪਣੇ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਸਰਬਸੰਮਤੀ ਨਾਲ ਬਣੀਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੀ ਰਾਸ਼ੀ ਦੇ ਚੈਕ ਜਾਰੀ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਬਸਤੀ ਭਾਈ ਕੀ ਦੀ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਪਿੰਡ ਦਾ ਵਿਕਾਸ ਕਰਵਾਉਣ ਲਈ ਦਿੱਤੀ ਗਈ। ਇਸ ਮੌਕੇ ਵਿਧਾਇਕ ਰਜਨੀਸ਼ ਕੁਮਾਰ ਦਹੀਯਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਲੈ ਕੇ ਬਹੁਤ ਸੰਜੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਬਸਤੀ ਭਾਈ ਕੀ ਦੀ ਪੰਚਾਇਤ ਨੂੰ ਪਿੰਡ ਵਿੱਚ ਵਿਕਾਸ ਕਾਰਜ ਕਰਵਾਉਣ ਲਈ 5 ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਵਿਧਾਇਕ ਦਹੀਯਾ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਨੂੰ ਲੈ ਕੇ ਉਹ ਖੁਦ ਬਹੁਤ ਤੱਤਪਰ ਹਨ ਤੇ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਲੋੜੀਂਦੇ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਛੱਪੜਾਂ ਦੀ ਸਫ਼ਾਈ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤੇ ਹਲਕੇ ਅੰਦਰ ਪੈਂਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਛੱਪੜਾਂ ਦੀ ਸਫ਼ਾਈ ਤੇ ਨਵੀਨੀਕਰਨ ਲਈ ਵੀ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਸੀ ਕਿ ਜੋ ਪੰਚਾਇਤ ਸਰਬ-ਸੰਮਤੀ ਨਾਲ ਸਰਪੰਚ ਚੁਣੇਗੀ, ਉਸ ਨੂੰ 5-5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ, ਜਿਸ ਨੂੰ ਪੂਰਾ ਕਰਦਿਆਂ ਪਿੰਡਾਂ ਵਿੱਚ 5-5 ਲੱਖ ਰੁਪਏ ਦੇ ਚੈਕ ਜਾਰੀ ਕੀਤੇ ਜਾ ਰਹੇ ਹਨ। ਇਸ ਮੌਕੇ ਬਸਤੀ ਭਾਈ ਕੀ ਦੀ ਸਰਪੰਚ ਮਨਜੀਤ ਕੌਰ, ਬਲਜੀਤ ਕੌਰ ਪੰਚ, ਕਮਲਜੀਤ ਕੌਰ ਪੰਚ, ਸਤਪਾਲ ਸਿੰਘ ਪੰਚ, ਮਹਿੰਗਾ ਸਿੰਘ ਪੰਚ, ਸੁਖਜਿੰਦਰ ਸਿੰਘ ਪੰਚ ਤੋਂ ਇਲਾਵਾ ਪਿੰਡ ਦੇ ਹੋਰ ਆਗੂ ਹਾਜ਼ਰ ਸਨ।

ਵਿਧਾਇਕ ਭੁੱਲਰ ਨੇ 41.50 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ



ਫਿਰੋਜ਼ਪੁਰ, 16 ਮਾਰਚ (ਤਿਵਾੜੀ): ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਕਰੀਬ 41.50 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਉਨ੍ਹਾਂ ਵੱਲੋਂ ਸ਼ਹਿਰੀ ਹਲਕੇ ਦੀ ਲਕਸ਼ਮੀ ਇਨਕਲੇਵ ਮੰਦਰ ਵਾਲੀ ਗਲੀ ਵਿਖੇ ਕਰੀਬ 12 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਦੇ ਨਾਲ ਹੀ ਮੋਚੀ ਬਾਜ਼ਾਰ ਵਾਰਡ ਨੰਬਰ-7 ਵਿੱਚ 19.50 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਤੇ ਵਾਰਡ ਨੰਬਰ-1 ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਦੇ ਕੰਮ ਦਾ ਵੀ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੋ ਕੇ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਹਰ ਵਾਰਡ ਵਿੱਚ ਗਲੀਆਂ, ਸੜਕਾਂ ਤੇ ਹੋਰ ਸਹੂਲਤਾਂ ਨੂੰ ਸੁਧਾਰਨ ਲਈ ਵੱਖ-ਵੱਖ ਯੋਜਨਾਵਾਂ ਤਹਿਤ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਸੀਨੀਅਰ ਸਿਟੀਜ਼ਨ ਫੋਰਮ ਦੀ ਕਾਰਜਕਾਰਨੀ ਦੀ ਮੀਟਿੰਗ

ਫ਼ਿਰੋਜ਼ਪੁਰ, 16 ਮਾਰਚ (ਤਿਵਾੜੀ): ਸੀਨੀਅਰ ਸਿਟੀਜ਼ਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਪਰਦੀਪ ਧਵਨ ਦੇ ਨਿਵਾਸ ਸਥਾਨ ਮਾਲ ਰੋਡ ਕੋਠੀ ਨੰਬਰ 10 ਵਿਖੇ ਕਾਰਜਕਾਰਨੀ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਸ਼ਹਿਰ ਤੇ ਛਾਉਣੀ ਵਿਖੇ ਵਾਪਰ ਦੀਆਂ ਸਮੱਸਿਆਵਾਂ ਜਿਵੇਂ ਸੀਵਰੇਜ ਸਿਸਟਮ, ਸਾਫ ਪਾਣੀ, ਸੜਕਾਂ ਦੀ ਮੁਰੰਮਤ, ਅਵਾਰਾ ਕੁੱਤਿਆਂ ਨੂੰ ਕਾਂਜੀ ਹਾਊਸ ਵਿੱਚ ਰੱਖਣ, ਵੱਖ ਵੱਖ ਮੁਲਕਾਂ ਵਿੱਚ ਚੱਲਦੀ ਜੰਗ ਕਾਰਨ ਪੈਟਰੋਲ, ਡੀਜ਼ਲ ਤੇ ਗੈਸ ਸਿਲੰਡਰ ਦੀ ਸਮੱਸਿਆ ਆਦਿ ਬਾਰੇ ਜ਼ਿਲ੍ਹਾ ਪ੍ਰਸ਼ਾਸ਼ਨ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਹੱਲ ਕਰਵਾਉਣ, ਫੋਰਮ ਦੇ ਬਿਮਾਰ ਸਾਥੀਆਂ ਨਾਲ ਤਾਲਮੇਲ ਕਰਕੇ ਸਿਹਤ ਦਾ ਪਤਾ ਲਗਾਉਣ, ਫੋਰਮ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਕਾਰਜਾਂ ਦੀ ਰੂਪਰੇਖਾ ਤਿਆਰ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਲਦੀ ਹੀ ਫੋਰਮ ਦੇ ਸਾਥੀਆਂ ਦੇ ਕੀਮਤੀ ਵਿਚਾਰ ਲਏ ਜਾਣਗੇ ਤੇ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਦੇਸ਼ ਬੰਧੂ ਤੁਲੀ ਪੈਟਰਨ, ਤਿਲਕ ਰਾਜ ਐਰੀ ਪੈਟਰਨ, ਐਸਪੀ ਖੇੜਾ ਚੇਅਰਮੈਨ ਰਾਕੇਸ਼ ਸ਼ਰਮਾ ਕੋਆਰਡੀਨੇਟਰ ਸਤੀਸ਼ ਕੁਮਾਰ ਪੁਰੀ ਸੀਨੀਅਰ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਅਵਤਾਰ ਸਿੰਘ ਭੋਲਾ, ਸੁਰਿੰਦਰ ਬੇਰੀ ਸ਼ਾਮ ਲਾਲ ਕੱਕੜ, ਸੁਰਿੰਦਰ ਵਿੱਜ, ਡਾ. ਸੁਰਿੰਦਰ ਸਿੰਘ, ਪਰਵੀਨ ਧਵਨ, ਰਿੱਪਿਨ ਧਵਨ, ਪਰਵੇਸ਼ ਕੁਮਾਰ, ਸ਼ਿਵ ਕੁਮਾਰ, ਸੁਰਿੰਦਰ ਸਿੰਘ ਬਲਾਸੀ, ਯੋਗਿੰਦਰ ਨਾਥ ਕੱਕੜ, ਰਾਕੇਸ਼ ਸ਼ਰਮਾ, ਕੋਆਰਡੀਨੇਟਰ ਆਦਿ ਨੇ ਸੰਬੋਧਨ ਕੀਤਾ। ਅੰਤ ਵਿੱਚ ਪਰਦੀਪ ਧਵਨ ਪ੍ਰਧਾਨ ਨੇ ਸਮੂਹ ਹਾਜ਼ਰ ਸਾਥੀਆਂ ਦਾ ਧੰਨਵਾਦ ਕੀਤਾ ਤੇ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ। ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜ਼ਨ ਫੋਰਮ ਫ਼ਿਰੋਜ਼ਪੁਰ ਹਾਜ਼ਰ ਸਨ।

ਪਸ਼ੂ ਪਾਲਣ ਮੰਤਰੀ ਤੋਂ ਨਾਰਾਜ਼ ਵੈਟਰਨਰੀ ਇੰਸਪੈਕਟਰ 21 ਨੂੰ ਲੰਬੀ ਵਿਖੇ ਕਰਨਗੇ ਰੋਸ ਰੈਲੀ: ਗੁਰਦੀਪ ਬਾਸੀ

ਮੁਕੇਰੀਆਂ, 16 ਮਾਰਚ (ਧਰਮ ਚੰਦ): ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਆਪਣੀਆਂ ਮੰਗਾਂ ਨੂੰ ਲੈ ਕੇ ਲੰਬੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ, ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਇਆਂ ਪੰਜਾਬ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁਡੀਆਂ ਨਾਲ ਉਨ੍ਹਾਂ ਦੀਆਂ ਕਈ ਮੀਟਿੰਗਾਂ ਹੋ ਚੁੱਕੀਆਂ ਹਨ, ਹਰ ਮੀਟਿੰਗ ਵਿੱਚ ਮਾਣਯੋਗ ਮੰਤਰੀ ਵੱਲੋਂ ਵੈਟਰਨਰੀ ਇੰਸਪੈਕਟਰਾਂ ਨੂੰ ਭਰੋਸਾ ਦਿੱਤਾ ਜਾਂਦਾ ਸੀ ਕਿ ਉਨ੍ਹਾਂ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ ਤੇ ਜਲਦੀ ਹੀ ਉਨ੍ਹਾਂ ਦੀਆਂ ਮੰਗਾਂ ਸਬੰਧੀ ਹੁਕਮ ਜਾਰੀ ਕੀਤੇ ਜਾਣਗੇ, ਪਰ ਅਫਸਰਸ਼ਾਹੀ ਦੇ ਦਬਾਅ ਹੇਠਾਂ ਵੈਟਰਨਰੀ ਇੰਸਪੈਕਟਰਾਂ ਦੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ, ਚਾਰ ਸਾਲ ਬੀਤ ਜਾਣ ਦੇ ਬਾਅਦ ਵੀ ਵੈਟਰਨਰੀ ਲਈ ਇੰਸਪੈਕਟਰਾਂ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ ਗਈ, ਹੁਣ ਵੈਟਰਨਰੀ ਇੰਸਪੈਕਟਰਾਂ ਦਾ ਮੌਜੂਦਾ ਸਰਕਾਰ ਤੋਂ ਵਿਸ਼ਵਾਸ ਉਠਦਾ ਜਾ ਰਿਹਾ ਹੈ, ਕੇਡਰ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ, ਆਖਰਕਾਰ ਨਿਰਾਸ਼ ਤੇ ਨਰਾਜ਼ ਹੋਏ ਵੈਟਰਨਰੀ ਇੰਸਪੈਕਟਰਾਂ ਨੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁਡੀਆਂ ਦੇ ਹਲਕੇ ਲੰਬੀ ਵਿੱਚ 31 ਮਾਰਚ ਨੂੰ ਜ਼ਬਰਦਸਤ ਰੋਸ ਰੈਲੀ ਕਰਨ ਦਾ ਇਰਾਦਾ ਕਰ ਲਿਆ ਹੈ। ਇਸ ਰੈਲੀ ਵਿੱਚ ਵਿਭਾਗ ਵਿੱਚ ਨੌਕਰੀ ਕਰਦੇ ਵੈਟਰਨਰੀ ਇੰਸਪੈਕਟਰਾਂ ਤੋਂ ਇਲਾਵਾ ਰਿਟਾਇਰ ਹੋ ਚੁੱਕੇ ਵੈਟਰਨਰੀ ਇੰਸਪੈਕਟਰ ਵੀ ਭਾਗ ਲੈਣਗੇ। ਇਹ ਗਿਣਤੀ ਹਜ਼ਾਰਾਂ ਵਿੱਚ ਹੋਵੇਗੀ, ਜਿਸ ਦਾ ਸਿੱਧਾ ਪ੍ਰਭਾਵ 2027 ਦੀਆਂ ਚੋਣਾਂ 'ਤੇ ਪਵੇਗਾ। ਇਸ ਮੌਕੇ 'ਤੇ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਸੀਨੀਅਰ ਆਗੂ ਗੁਰਮੀਤ ਸਿੰਘ ਮਹਿਤਾ ਪਰਮਜੀਤ ਸਿੰਘ ਸੋਹੀ, ਗੁਰਪ੍ਰੀਤ ਸਿੰਘ ਸੰਗਰੂਰ ਸੰਦੀਪ ਚੌਧਰੀ, ਜਨਰਲ ਸਕੱਤਰ ਬਿਪਨ ਗੋਇਲ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਛੰਨਾ, ਵਿੱਤ ਸਕੱਤਰ ਰਜੀਵ ਮਲਹੋਤਰਾ ਦਲਜੀਤ ਸਿੰਘ ਚਾਹਲ ਹਰਦੀਪ ਸਿੰਘ ਤੋਂ ਇਲਾਵਾ ਹਰਜੋਧ ਸਿੰਘ ਸੈਣੀ ਦਵਿੰਦਰ ਧੁੱਗਾ ਸਤਨਾਮ ਸਿੰਘ ਅੰਮ੍ਰਿਤਸਰ ਹਾਜ਼ਰ ਸਨ।

ਹਿੰਮਤਗੜ੍ਹ ਛੰਨਾ ਦੇ ਛਿੰਝ ਮੇਲੇ ਦੀ ਝੰਡੀ ਦੀ ਕੁਸ਼ਤੀ 'ਚ ਰਾਜੂ ਰਾਈਏਵਾਲ ਨੇ ਜਲਾਲ ਇਰਾਨ ਨੂੰ ਹਰਾ ਕੇ ਜਿੱਤੀ

ਅਮਲੋਹ, 16 ਮਾਰਚ (ਜਸਵੰਤ ਸਿੰਘ): ਪਿੰਡ ਹਿੰਮਤਗੜ੍ਹ ਛੰਨਾ ਵਿਖੇ ਛਿੰਝ ਕਮੇਟੀ, ਪ੍ਰਵਾਸੀ ਭਾਰਤੀ, ਗ੍ਰਾਮ ਪੰਚਾਇਤ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸਮਰਪਿਤ ਵਿਸ਼ਾਲ ਕੁਸ਼ਤੀ ਦੰਗਲ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ। ਮੁੱਖ ਪ੍ਰਬੰਧਕ ਸੁਖਚੈਨ ਸਿੰਘ ਵਿਰਕ ਬਿੱਟੂ ਸਰਪੰਚ ਨੇ ਦੱਸਿਆ ਕਿ ਇਸ ਵਾਰ ਝੰਡੀ ਦੀ ਕੁਸ਼ਤੀ ਰਾਜੂ ਰਾਈਏਵਾਲ ਤੇ ਜਲਾਲ ਇਰਾਨ ਵਿਚਕਾਰ ਹੋਈ ਤੇ 20 ਮਿੰਟ ਦੇ ਜ਼ਬਰਦਸਤ ਮੁਕਾਬਲੇ ਬਾਅਦ ਰਾਜੂ ਰਾਈਏਵਾਲ ਨੇ ਜਲਾਲ ਇਰਾਨ ਦੀ ਪਿੱਠ ਲਗਾ ਕੇ ਝੰਡੀ ਦੀ ਕੁਸ਼ਤੀ ਹਾਸਲ ਕੀਤੀ। ਹੋਰ ਮੁਕਾਬਲਿਆਂ ਵਿੱਚ ਵਿੱਕੀ ਮਲਕਪੁਰ ਨੇ ਸਾਹਿਜ ਰਾਈਏਵਾਲ ਨੂੰ, ਲੱਖੀ ਨੇ ਭਿੰਦਾ ਵਿਗੜਵਾਲ ਨੂੰ, ਅਮਨ ਮਲਕਪੁਰ ਨੇ ਸਰਾਜ ਵਿਗੜਵਾਲ ਨੂੰ ਚਿੱਤ ਕੀਤਾ ਜੋ ਕਿ ਸੁਪਿੰਦਰ ਫਿਰੋਜ਼ਪੁਰ ਤੇ ਪਵਿੱਤਰ ਮਲਕਪੁਰ, ਕਾਨਾ ਰੌਣੀ ਤੇ ਸੈਫ ਅਲੀ, ਫਤਹਿ ਮੰਡ ਚੌਂਤਾ ਤੇ ਮੰਨਾ ਰਾਈਏਵਾਲ, ਅਜੇ ਦੋਰਾਹਾ ਤੇ ਸਹਿਬਦੀਪ ਰੌਣੀ ਬਰਾਬਰ ਰਹੇ। ਇਸ ਮੌਕੇ ਪਹਿਲਵਾਨ ਅਮਰੀਕ ਸਿੰਘ ਰੌਣੀ ਤੇ ਨਾਜ਼ਰ ਖੇੜੀ ਆਦਿ ਦਾ ਸਨਮਾਨ ਵੀ ਕੀਤਾ ਗਿਆ। ਛਿੰਝ ਦੀ ਕੁਮੈਂਟਰੀ ਨਾਜ਼ਰ ਸਿੰਘ, ਜੱਸੀ ਰਾਈਏਵਾਲ ਤੇ ਸ਼ਰਧਾ ਸਿੰਘ ਨੰਬਰਦਾਰ ਨੇ ਕੀਤੀ। ਸਮਾਗਮ ਵਿੱਚ ਸ਼ਰਮਾ ਅਮਲੋਹ, ਅਮਰੀਕ ਸਿੰਘ ਰੌਣੀ, ਰਵਿੰਦਰ ਸਿੰਘ ਸਰਪੰਚ ਮਛਰਾਏ, ਲਾਡੀ ਸਮਸ਼ਪੁਰ ਬਾਊਂਸਰ, ਕੁਲਦੀਪ ਰਤਨਹੇੜੀ, ਬਲਪ੍ਰੀਤ ਸਿੰਘ ਭੁੱਲਰ ਯੂਐਸਏ, ਬਲਵਿੰਦਰ ਸਿੰਘ ਵਿਰਕ, ਅਮਨ ਡੁਬਈ, ਕੁਲਵੀਰ ਸਿੰਘ ਸੰਧੂ, ਸਤਨਾਮ ਸਿੰਘ ਵਿਰਕ, ਗੁਰਵਿੰਦਰ ਸਿੰਘ ਸੰਧੂ, ਸੁਬੇਗ ਸਿੰਘ ਸਾਬਕਾ ਸਰਪੰਚ ਕਜਾਰੀ, ਰੇਸ਼ਮ ਸਿੰਘ, ਤਾਰਾ ਰਾਜਗੜ੍ਹ ਛੰਨਾ, ਡਾ. ਅਵਤਾਰ ਸਿੰਘ ਵਿਰਕ, ਦਲੇਰ ਸਿੰਘ ਸਰਾਂ, ਸਾਹਿਬ ਵਿਰਕ, ਜੁਗਰਾਜ ਸਿੰਘ ਕੈਨੇਡਾ, ਹਰਿੰਦਰ ਅਸਟਰੇਲੀਆ ਤੇ ਹੈਪੀ ਹਾਜ਼ਰ ਸਨ। ਦੰਗਲ ਵਿਚ ਪੁੱਜੇ ਪਹਿਲਵਾਨਾਂ ਤੇ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ

ਜੈਤੋ, 16 ਮਾਰਚ (ਸੰਜੀਵ ਗੋਇਲ ਸੰਜੂ): ਪ੍ਰਸਿੱਧ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਜੈਤੋ ਰੰਗਸਰ ਦੁਆਰਾ ਚਲਾਏ ਜਾ ਰਹੇ ਲਾਇਨ ਆਈ ਕੇਅਰ ਸੈਂਟਰ ਜੈਤੋ ਨੇ ਫਾਜ਼ਿਲਕਾ ਦੇ ਸ੍ਰੀ ਰਾਮ ਸ਼ਰਨਮ ਆਸ਼ਰਮ ਵਿਖੇ ਇੱਕ ਵਿਸ਼ਾਲ ਮੁਫਤ ਅੱਖਾਂ ਦਾ ਚੈਕਅੱਪ ਕੈਂਪ ਲਗਾਇਆ। ਇਸ ਕੈਂਪ ਦਾ ਉਦਘਾਟਨ ਮਾਣਯੋਗ ਨਰਿੰਦਰ ਪਾਲ ਸਿੰਘ ਸਵਨਾ, ਵਿਧਾਇਕ ਫਾਜ਼ਿਲਕਾ ਨੇ ਕੀਤਾ। ਉਪਰੋਕਤ ਜਾਣਕਾਰੀ ਦਿੰਦੇ ਹੋਏ ਲਾਇਨ ਆਈ ਕੇਅਰ ਸੈਂਟਰ ਦੇ ਚੇਅਰਮੈਨ ਲਾਇਨ ਰਾਕੇਸ਼ ਰੋਮਾਣਾ, ਡਾਇਰੈਕਟਰ ਲਾਇਨ ਪ੍ਰਦੀਪ ਸਿੰਗਲਾ ਤੇ ਕੈਂਪ ਚੇਅਰਮੈਨ ਲਾਇਨ ਨਰੇਸ਼ ਮਿੱਤਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਡਾ. ਆਕ੍ਰਿਤੀ ਸਿੰਗਲਾ ਤੇ ਉਨ੍ਹਾਂ ਦੀ ਟੀਮ ਪ੍ਰਿਅੰਕਾ ਯਾਦਵ, ਅੰਜਨਾ ਕੁਮਾਰੀ, ਡਿੰਪਲ, ਸਿਮਰਨ ਕੌਰ, ਸੁਖਬੀਰ ਸਿੰਘ, ਜਾਨੂ, ਗੁਰਪ੍ਰੀਤ ਕੌਰ ਨੇ 752 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ। ਚੈਕਅੱਪ ਦੌਰਾਨ, ਛੋਟੀਆਂ ਬਿਮਾਰੀਆਂ ਵਾਲੇ 570 ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਤੇ 182 ਮਰੀਜ਼ਾਂ ਨੂੰ ਸਰਜਰੀ ਲਈ ਚੁਣਿਆ ਗਿਆ। ਇਨ੍ਹਾਂ ਸਾਰੇ ਮਰੀਜ਼ਾਂ ਦੇ ਜੈਤੋ ਦੇ ਲਾਇਨ ਆਈ ਕੇਅਰ ਸੈਂਟਰ ਵਿਖੇ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ।

ਵਿਧਾਇਕ ਗੈਰੀ ਬੜਿੰਗ ਦੀ ਅਗਵਾਈ ਹੇਠ ਔਰਤਾਂ ਲਈ 1000 ਤੇ 1500 ਰੁਪਏ ਦੇ ਐਲਾਨ 'ਤੇ ਜਾਗੋ ਕੱਢੀ

ਮੰਡੀ ਗੋਬਿੰਦਗੜ੍ਹ, 16 ਮਾਰਚ (ਸੂਦ): ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਇਥੇ ਮੇਨ ਬਾਜ਼ਾਰ ਵਿਖੇ ਮਹਿਲਾਵਾਂ-ਧੀਆਂ ਲਈ 1000 ਤੇ 1500 ਰੁਪਏ ਮਹੀਨਾ ਸਤਿਕਾਰ ਐਲਾਨ 'ਤੇ ਜਾਗੋ ਕੱਢੀ ਗਈ ਤੇ ਔਰਤਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਵਿਧਾਇਕ ਦੀ ਮਾਤਾ ਜਗਜੀਤ ਕੌਰ ਬੜਿੰਗ ਨੇ ਵੀ ਜਾਗੋ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਦੱਸਿਆ ਕਿ ਮਾਵਾਂ ਤੇ ਭੈਣਾਂ ਵੱਲੋਂ ਪੰਜਾਬ ਸਰਕਾਰ ਦੇ ਉਪਰਾਲਿਆਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਔਰਤਾਂ ਦੇ ਸਤਿਕਾਰ ਵਜੋਂ 1000 ਤੇ 1500 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਦੀ ਖ਼ੁਸ਼ੀ ਵਿੱਚ ਜਾਗੋ ਕੱਢ ਕੇ ਸਰਕਾਰ ਦਾ ਧੰਨਵਾਦ ਕੀਤਾ ਜਾ ਰਿਹਾ ਹੈ। ਇਸ ਮੌਕੇ ਹਾਜ਼ਰ ਔਰਤਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਕਹਿਣੀ ਕਰਨੀ ਦੇ ਪਰਪੱਕ ਹਨ। ਮਹਿਲਾਵਾਂ ਨੇ ਕਿਹਾ ਕਿ ਸਰਕਾਰ ਵੱਲੋਂ ਚੁੱਕਿਆ ਇਹ ਕਦਮ ਆਮ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਮਹਿੰਗਾਈ ਦੇ ਇਸ ਦੌਰ ਵਿੱਚ ਘਰੇਲੂ ਖਰਚੇ ਚਲਾਉਣਾ ਬਹੁਤ ਮੁਸ਼ਕਿਲ ਹੈ ਤੇ ਛੋਟੀ-ਮੋਟੀ ਲੋੜਾਂ ਲਈ ਵੀ ਕਈ ਵਾਰ ਘਰਾਂ ਵਿੱਚ ਸੋਚਣਾ ਪੈਂਦਾ ਹੈ। ਇਹ ਰਕਮ ਮਹਿਲਾਵਾਂ ਨੂੰ ਆਤਮ ਨਿਰਭਰ ਬਣਾਉਣ ਦੇ ਨਾਲ-ਨਾਲ ਘਰੇਲੂ ਖਰਚਿਆਂ ਵਿੱਚ ਮਦਦਗਾਰ ਸਾਬਤ ਹੋਵੇਗੀ। ਇਸ ਮੌਕੇ ਸੰਗਠਨ ਇੰਚਾਰਜ ਅਵਤਾਰ ਸਿੰਘ ਟੈਨੀ, ਉਪ ਵਾਈਸ ਪ੍ਰਧਾਨ ਹਰਪ੍ਰੀਤ ਘੁੰਮਣ ਨਾਨਕ, ਹਲਕਾ ਕੋਆਰਡੀਨੇਟਰ ਹਰਬੰਸ ਕੌਰ ਨੇਹਾ, ਬਲਾਕ ਪ੍ਰਧਾਨ ਗੀਤਾਂਜਲੀ ਗਿਫਟੀ, ਨਰੇਸ਼ ਸ਼ਰਮਾ, ਬੇਬੀ ਧਿਮਾਨ, ਕੁਲਵੀਰ ਕੌਰ, ਜਸਪ੍ਰੀਤ ਕੌਰ, ਸਿਮਰਨਪ੍ਰੀਤ ਕੌਰ, ਹਰਪ੍ਰੀਤ ਕੌਰ ਘੁੰਮਣ, ਜਾਨਵੀ ਸ਼ਰਮਾ, ਜੈਸਮੀਨ ਅਮਨਦੀਪ ਕੌਰ, ਸਰਬਜੀਤ ਕੌਰ ਵਾਰਡ ਇੰਚਾਰਜ, ਮਨਪ੍ਰੀਤ ਨੇਹਾ ਤੇ ਮੋਨਿਕਾ ਹਾਜ਼ਰ ਸਨ।

ਖ਼ਬਰ ਦਾ ਅਸਰ : ਟ੍ਰੈਫ਼ਿਕ ਪੁਲਿਸ ਆਈ ਹਰਕਤ ਵਿੱਚ, ਸਰਵਿਸ ਰੋਡ 'ਤੇ ਟਰੱਕ ਮੁਰੰਮਤ ਕਰਨ ਵਾਲੇ ਮਕੈਨਿਕਾਂ ਨੂੰ ਦਿੱਤੇ ਨੋਟਿਸ

ਸਾਹਨੇਵਾਲ, ਕੁਹਾੜਾ, 16 ਮਾਰਚ (ਕੁਲਦੀਪ ਸਿੰਘ ਕੁਹਾੜਾ) : ਸਾਹਨੇਵਾਲ ਚੌਂਕ ਤੋਂ ਨੈਸ਼ਨਲ ਹਾਈਵੇਅ 'ਤੇ ਥਾਣਾ ਸਾਹਨੇਵਾਲ ਵੱਲ ਜਾਂਦੀ ਸਰਵਿਸ ਰੋਡ ਦੇ ਦੋਵੇਂ ਪਾਸੇ ਟਰੱਕਾਂ ਕਾਰਾਂ ਦੀ ਮੁਰੰਮਤ ਤੇ ਟਾਇਰਾਂ ਵਾਲੇ ਦੁਕਾਨਦਾਰਾਂ ਵੱਲੋਂ ਆਪਣੇ ਵਾਹਨਾਂ ਦੀ ਮੁਰੰਮਤ ਸੜਕ ਦੇ ਦੋਵੇਂ ਕਿਨਾਰੇ ਖੜ੍ਹੇ ਕਰਕੇ ਕਰਦੇ ਰਹਿੰਦੇ ਸਨ। ਜਿਸ ਕਾਰਣ ਟ੍ਰੈਫਿਕ ਵਿੱਚ ਵਿਘਨ ਪੈਂਦਾ ਸੀ, ਜਿਸ ਦੀ ਖਬਰ ਬੀਤੇ ਦਿਨ ਚੜ੍ਹਦੀਕਲਾ ਅਖਬਾਰ ਵਿੱਚ ਪ੍ਰਕਾਸ਼ਿਤ ਹੋਣ ਉਪਰੰਤ ਸਬੰਧਿਤ ਟ੍ਰੈਫਿਕ ਅਧਿਕਾਰੀ ਹਰਕਤ ਵਿੱਚ ਆਏ। ਅੱਜ ਸਵੇਰੇ ਟ੍ਰੈਫਿਕ ਪੁਲਿਸ ਦੇ ਅਧਿਕਾਰੀਆ ਵੱਲੋਂ ਸਰਵਿਸ ਰੋਡ 'ਤੇ ਨਜਾਇਜ਼ ਤਰੀਕੇ ਨਾਲ ਟਰੱਕ ਖੜ੍ਹੇ ਕਰਕੇ ਉਨ੍ਹਾਂ ਦੀ ਮੁਰੰਮਤ ਕਰਨ ਵਾਲੇ ਮਕੈਨਿਕਾਂ ਨੂੰ ਨੋਟਿਸ ਜਾਰੀ ਕਰਕੇ ਸਖ਼ਤ ਵਾਰਨਿੰਗ ਦਿੱਤੀ ਗਈ ਹੈ। ਟ੍ਰੈਫਿਕ ਪੁਲਿਸ ਦੇ ਜ਼ੋਨ ਇਨਚਾਰਜ ਦੀਪਕ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੜਕ 'ਤੇ ਗੱਡੀਆਂ ਖੜ੍ਹੀਆਂ ਕਰਕੇ ਉਨ੍ਹਾਂ ਦੀ ਮੁਰੰਮਤ ਕਰਨ ਕਾਰਣ ਅਕਸਰ ਟ੍ਰੈਫਿਕ ਜਾਮ ਦੀ ਸਥਿਤੀ ਬਣ ਜਾਂਦੀ ਹੈ, ਜਿਸ ਨਾਲ ਆਮ ਲੋਕਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਸਮੱਸਿਆ ਸਬੰਧੀ ਪਹਿਲਾਂ ਵੀ ਕਈ ਵਾਰ ਅਖ਼ਬਾਰਾਂ ਵਿੱਚ ਖ਼ਬਰਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ ਅਤੇ ਹੁਣ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਮਕੈਨਿਕਾਂ ਨੂੰ ਨੋਟਿਸ ਜਾਰੀ ਕਰਕੇ ਚੇਤਾਵਨੀ ਦਿੱਤੀ ਗਈ ਹੈ ਕਿ ਅੱਜ ਤੋਂ ਬਾਅਦ ਜੇਕਰ ਸਰਵਿਸ ਰੋਡ 'ਤੇ ਗੱਡੀਆਂ ਖੜ੍ਹੀਆਂ ਕਰਕੇ ਮੁਰੰਮਤ ਕੀਤੀਆਂ ਗਈਆਂ ਤਾਂ ਸਬੰਧਿਤ ਮਕੈਨਿਕਾਂ ਅਤੇ ਵਾਹਨ ਚਾਲਕਾਂ ਖ਼ਿਲਾਫ਼ ਮੁਕੱਦਮੇਂ ਦਰਜ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਅਖਬਾਰਾਂ ਵਿੱਚ ਮੁੱਦਾ ਉਠਾਉਣ ਤੋਂ ਬਾਅਦ ਹੀ ਟ੍ਰੈਫਿਕ ਪੁਲਿਸ ਨੇ ਕਾਰਵਾਈ ਕਰਨੀ ਸ਼ੁਰੂ ਕੀਤੀ ਹੈ। ਲੋਕਾਂ ਨੇ ਉਮੀਦ ਜਤਾਈ ਹੈ ਕਿ ਟ੍ਰੈਫਿਕ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੀ ਗਈ ਇਹ ਕਾਰਵਾਈ ਭਵਿੱਖ ਵਿੱਚ ਵੀ ਜਾਰੀ ਰਹੇਗੀ, ਤਾਂ ਜੋ ਸਰਵਿਸ ਰੋਡ 'ਤੇ ਟ੍ਰੈਫਿਕ ਜਾਮ ਦੀ ਸਮੱਸਿਆ ਤੋਂ ਆਮ ਜਨਤਾ ਨੂੰ ਰਾਹਤ ਮਿਲ ਸਕੇ। ਇਸ ਮੌਕੇ ਇੰਚਾਰਜ ਇਕਬਾਲ ਸਿੰਘ ਅਤੇ ਬਲਦੇਵ ਸਿੰਘ ਵੀ ਹਾਜ਼ਰ ਸਨ। ਹੁਣ ਦੇਖਣਾ ਇਹ ਹੋਵੇਗਾ ਕਿ ਟ੍ਰੈਫਿਕ ਪੁਲਿਸ ਵੱਲੋਂ ਨੋਟਿਸ ਦੇ ਨਾਮ 'ਤੇ ਹੀ ਖਾਨਾਪੂਰਤੀ ਕੀਤੀ ਜਾਵੇਗੀ ਜਾਂ ਫਿਰ ਨੋਟਿਸ ਜਾਰੀ ਕਰਨ ਤੋਂ ਬਾਅਦ ਉਸ ਦੀ ਉਲੰਘਣਾ ਕਰਨ ਵਾਲੇ ਦੇ ਖ਼ਿਲਾਫ਼ ਕੋਈ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ। ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।

ਚੜ੍ਹਦੀਕਲਾ
epaper.charhdikala.com
14 Mar 2026 - Page 8

ਸਾਹਨੇਵਾਲ ਸਰਵਿਸ ਰੋਡ ਬਣੀ ਟਰੱਕ ਵਰਕਸ਼ਾਪ, ਟ੍ਰੈਫ਼ਿਕ ਜਾਮ ਕਾਰਨ ਲੋਕ ਪ੍ਰੇਸ਼ਾਨ, ਟ੍ਰੈਫ਼ਿਕ ਪੁਲਿਸ ਮੇਹਰਬਾਨ

ਸਾਹਨੇਵਾਲ ਕੁਹਾੜਾ, 13 ਮਾਰਚ (ਕੁਲਦੀਪ ਸਿੰਘ ਕੁਹਾੜਾ) : ਸਾਹਨੇਵਾਲ ਚੌਂਕ ਤੋਂ ਨੈਸ਼ਨਲ ਹਾਈਵੇਅ ਦੀ ਉਸ ਸਰਵਿਸ ਰੋਡ 'ਤੇ ਜੋ ਸਾਹਨੇਵਾਲ ਥਾਣੇ ਵੱਲ ਨੂੰ ਜਾਂਦੀ ਹੈ, ਉੱਥੇ ਹਾਲਾਤ ਦਿਨੋਂ-ਦਿਨ ਗੰਭੀਰ ਬਣਦੇ ਜਾ ਰਹੇ ਹਨ। ਸੜਕ ਦੇ ਕਿਨਾਰੇ ਚੱਲ ਰਹੀਆਂ ਮੋਟਰ ਮਕੈਨਿਕਾਂ ਦੀਆਂ ਦੁਕਾਨਾਂ ਕਾਰਨ ਇਹ ਸਰਵਿਸ ਰੋਡ ਹੁਣ ਟਰੱਕਾਂ ਦੀ ਗੈਰਕਾਨੂੰਨੀ ਪਾਰਕਿੰਗ ਅਤੇ ਵਾਹਨਾਂ ਦੀ ਮੁਰੰਮਤ ਵਾਲੀ ਵਰਕਸ਼ਾਪ ਬਣ ਗਈ ਹੈ। ਮਕੈਨਿਕਾਂ ਵੱਲੋਂ ਭਾਰੀ ਵਾਹਨਾਂ ਨੂੰ ਸੜਕ ਦੇ ਦੋਵੇਂ ਪਾਸਿਆਂ 'ਤੇ ਖੜ੍ਹਾ ਕਰਕੇ ਘੰਟਿਆਂ ਤੱਕ ਉਨ੍ਹਾਂ ਦੀ ਰਿਪੇਅਰ ਕੀਤੀ ਜਾਂਦੀ ਹੈ। ਕਈ ਵਾਰ ਤਾਂ ਇੱਕ ਨਹੀਂ ਸਗੋਂ ਦਰਜਨਾਂ ਟਰੱਕ ਅਤੇ ਹੋਰ ਵਾਹਨ ਰਸਤੇ 'ਤੇ ਖੜ੍ਹੇ ਹੋਣ ਕਰਕੇ ਸੜਕ ਬਹੁਤ ਹੀ ਤੰਗ ਹੋ ਜਾਂਦੀ ਹੈ। ਨਤੀਜੇ ਵਜੋਂ ਇਸ ਰਸਤੇ ਤੇ ਹਰ ਸਮੇਂ ਟ੍ਰੈਫਿਕ ਜਾਮ ਲੱਗਾ ਰਹਿੰਦਾ ਹੈ ਅਤੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਸਮੱਸਿਆ ਸਬੰਧੀ ਪਹਿਲਾਂ ਵੀ ਕਈ ਵਾਰ ਅਖ਼ਬਾਰਾਂ ਵਿੱਚ ਖ਼ਬਰਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ, ਪਰ ਟ੍ਰੈਫਿਕ ਪੁਲਿਸ ਪ੍ਰਸ਼ਾਸਨ ਦੇ ਕੰਨਾਂ 'ਤੇ ਜੂੰਅ ਤੱਕ ਨਹੀਂ ਸਰਕੀ। ਲੋਕਾਂ ਦਾ ਦੋਸ਼ ਹੈ ਕਿ ਜੇਕਰ ਟ੍ਰੈਫਿਕ ਪੁਲਿਸ ਸਮੇਂ ਸਿਰ ਕਾਰਵਾਈ ਕਰਦੀ ਤਾਂ ਅੱਜ ਇਹ ਸਰਵਿਸ ਰੋਡ ਟਰੱਕਾਂ ਦੀ ਵਰਕਸ਼ਾਪ ਵਿੱਚ ਤਬਦੀਲ ਨਾ ਹੁੰਦੀ।

ਹੈਰਾਨੀ ਦੀ ਗੱਲ ਇਹ ਹੈ ਕਿ ਪੁਲਸ ਸਟੇਸ਼ਨ ਨੂੰ ਜਾਣ ਵਾਲੇ ਇਸ ਮਹੱਤਵਪੂਰਨ ਰਸਤੇ 'ਤੇ ਵੀ ਕੋਈ ਨਿਗਰਾਨੀ ਨਹੀਂ ਦਿਖਾਈ ਦਿੰਦੀ। ਦਿਨ ਭਰ ਟਰੱਕਾਂ ਦੀ ਲਾਈਨ ਲੱਗੀ ਰਹਿੰਦੀ ਹੈ, ਜਿਸ ਕਾਰਨ ਕਈ ਵਾਰ ਹਾਦਸੇ ਹੋਣ ਦਾ ਵੀ ਖਤਰਾ ਬਣਿਆ ਰਹਿੰਦਾ ਹੈ।

ਇਲਾਕਾ ਵਾਸੀਆਂ ਨੇ ਟ੍ਰੈਫਿਕ ਪੁਲਿਸ ਅਤੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਆਪਣੀ ਕੁੰਭਕਰਨੀ ਨੀਂਦ ਤੋਂ ਜਾਗ ਕੇ ਸਰਵਿਸ ਰੋਡ 'ਤੇ ਗੈਰਕਾਨੂੰਨੀ ਤਰੀਕੇ ਨਾਲ ਪਾਰਕ ਕਰਕੇ ਰਿਪੇਅਰ ਹੋ ਰਹੇ ਟਰੱਕਾਂ ਅਤੇ ਹੋਰ ਵਾਹਨਾਂ ਖਿਲਾਫ ਤੁਰੰਤ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਆਮ ਜਨਤਾ ਨੂੰ ਰੋਜ਼ਾਨਾ ਦੇ ਟ੍ਰੈਫਿਕ ਜਾਮ ਤੋਂ ਰਾਹਤ ਮਿਲ ਸਕੇ।

ਲੋਕਾਂ ਨੇ ਚੇਤਾਵਨੀ ਵੀ ਦਿੱਤੀ ਹੈ ਕਿ ਜੇਕਰ ਪ੍ਰਸ਼ਾਸਨ ਨੇ ਜਲਦੀ ਕਾਰਵਾਈ ਨਾ ਕੀਤੀ ਤਾਂ ਕਿਸੇ ਵੀ ਸਮੇਂ ਵੱਡਾ ਸੜਕ ਹਾਦਸਾ ਵਾਪਰ ਸਕਦਾ ਹੈ, ਜਿਸ ਦੀ ਪੂਰੀ ਜ਼ਿੰਮੇਵਾਰੀ ਸੰਬੰਧਿਤ ਵਿਭਾਗਾਂ ਦੀ ਹੋਵੇਗੀ।

ਐਸ.ਕੇ.ਐਮ. ਗ਼ੈਰ ਸਿਆਸੀ ਦੀ ਮੀਟਿੰਗ ਵਿੱਚ 19 ਨੂੰ ਸਰਕਾਰ ਦੇ ਪੁਤਲੇ ਫੂਕਣ ਦਾ ਐਲਾਨ

ਲੁਧਿਆਣਾ, 16 ਮਾਰਚ (ਰਵਿੰਦਰ ਸਿੰਘ ਨਿੱਝਰ) : ਐਸ.ਕੇ.ਐਮ. ਗੈਰ ਸਿਆਸੀ (ਭਾਰਤ) ਦੀ ਪੰਜਾਬ ਅਤੇ ਹਰਿਆਣਾ ਚੈਪਟਰ ਦੀ ਆਉਨਲਾਈਨ ਮੀਟਿੰਗ ਹੋਈ। ਜਿਸ ਵਿੱਚ 14 ਫਰਵਰੀ ਨੂੰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੋਗਾ ਰੈਲੀ 'ਤੇ ਵਿਚਾਰ ਚਰਚਾ ਹੋਈ। ਇਸ ਰੈਲੀ ਤੋਂ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਨੂੰ ਵੱਡੀਆਂ ਉਮੀਦਾਂ ਸੀ ਕਿ ਗ੍ਰਹਿ ਮੰਤਰੀ ਉਹਨਾਂ ਵਾਸਤੇ ਵੱਡੇ ਐਲਾਨ ਕਰਨਗੇ ਅਤੇ ਹੜ੍ਹਾਂ ਦੀ ਮਾਰ ਹੇਠ ਆਏ ਕਿਸਾਨਾਂ ਮਜ਼ਦੂਰਾਂ ਦੀ ਬਾਂਹ ਫੜਨਗੇ।ਪਰ ਸਾਰਿਆਂ ਦੀਆਂ ਉਮੀਦਾਂ ਹਵਾ ਹਵਾਈ ਹੋ ਗਈਆਂ। ਅਮਿਤ ਸ਼ਾਹ ਨੇ ਐਮਐਸਪੀ ਖਰੀਦ ਗਰੰਟੀ ਕਾਨੂੰਨ 'ਤੇ ਇੱਕ ਸ਼ਬਦ ਵੀ ਨਹੀਂ ਬੋਲਿਆ, ਕਿਸਾਨਾਂ ਮਜ਼ਦੂਰਾਂ ਦੀ ਕਰਜਾ ਮੁਆਫੀ, ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਅਤੇ ਪੈਰੋਲ 'ਤੇ ਇਕ ਸ਼ਬਦ ਵੀ ਮੂੰਹ ਤੋਂ ਨਹੀਂ ਨਿੱਕਲਿਆ, ਬਾਰਡਰ ਏਰੀਏ ਨਾਲ ਲੱਗਦੇ ਇਲਾਕਿਆਂ ਲਈ ਕੋਈ ਰਾਹਤ ਪੈਕੇਜ ਨਹੀਂ ਦਿੱਤਾ ਗਿਆ। ਸਿਰਫ ਤੇ ਸਿਰਫ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਜੁਮਲੇ ਹੀ ਸੁਣਾ ਕੇ ਚਲੇ ਗਏ। ਗ੍ਰਹਿ ਮੰਤਰੀ ਨੇ ਸਾਬਿਤ ਕਰਤਾ ਕਿ ਪੰਜਾਬੀਆਂ ਲਈ ਕੇਂਦਰ ਸਰਕਾਰ ਦਾ ਮਨ ਸਾਫ ਨਹੀਂ ਹੈ। ਗੁਰੂਆਂ ਪੀਰਾਂ, ਯੋਧੇ ਅਤੇ ਸੂਰਮਿਆਂ ਦੀ ਧਰਤੀ ਪੰਜਾਬ ਵਾਸੀਆਂ ਨੂੰ ਆਗੂਆਂ ਨੇ ਅਪੀਲ ਕੀਤੀ ਕਿ ਇਹਨਾਂ ਰਾਜਨੀਤਿਕ ਲੋਕਾਂ ਦੀਆਂ ਗੱਲਾਂ ਵਿੱਚ ਆ ਕੇ ਆਪਣੇ ਪੰਜਾਬ ਅਤੇ ਪੰਜਾਬੀਅਤ ਦਾ ਨੁਕਸਾਨ ਨਾ ਕਰਵਾਉਣ। ਕਿਉਂਕਿ ਇਹ ਲੋਕ ਸਿਰਫ ਕੁਰਸੀ ਵਾਸਤੇ ਝੂਠੇ ਵਾਅਦੇ ਅਤੇ ਪੰਜਾਬ ਦੇ ਲੋਕਾਂ ਨੂੰ ਭਰਮਾਉਣ ਵਾਸਤੇ ਪੱਗਾਂ ਵਿੱਚ ਸਿਰ ਫਸਾਈ ਫਿਰਦੇ ਨੇ।ਪਿਛਲੇ ਦਿਨੀਂ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਜੋ ਲੜਕਿਆਂ ਅਤੇ ਲੜਕੀਆਂ ਨਾਲ ਕਹਿਰ ਤੇ ਜਬਰ ਢਾਹਿਆ ਉਸ ਤੋਂ ਸਾਨੂੰ ਸੇਧ ਲੈਣੀ ਚਾਹੀਦੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਪੂੰਜੀਪਤੀਆਂ ਦੇ ਕਿਸਾਨਾਂ ਮਜ਼ਦੂਰਾਂ ਦੇ ਉੱਤੇ ਹੋ ਰਹੇ ਆਰਥਿਕ ਹਮਲਿਆਂ ਨੂੰ ਰੋਕਣ ਵਾਸਤੇ ਦੇਸ਼ ਵਿਆਪੀ ਏਕਤਾ ਨੂੰ ਅੱਗੇ ਵਧਾਉਂਦੇ ਹੋਏ ਆਉਣ ਵਾਲੀ 1 ਅਪ੍ਰੈਲ ਨੂੰ ਕੁਰੂਕਸ਼ੇਤਰ ਹਰਿਆਣਾ ਵਿਖੇ ਕਿਸਾਨ ਮਜ਼ਦੂਰ ਮੋਰਚਾ ਭਾਰਤ ਅਤੇ ਹਰਿਆਣਾ ਕਿਸਾਨ ਮਜ਼ਦੂਰ ਸੰਘਰਸ਼ ਮੋਰਚੇ ਦੇ ਨਾਲ ਏਕਤਾ ਲਈ ਮੀਟਿੰਗ ਕੀਤੀ ਜਾਵੇਗੀ ਕਿਸਾਨ ਅੰਦੋਲਨ ਭਾਗ 2 ਵਿੱਚ ਸ਼ੰਭੂ ਅਤੇ ਖਨੌਰੀ ਮੋਰਚੇ ਉੱਤੇ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਗਏ ਤਸ਼ੱਦਦ ਅਤੇ ਕਿਸਾਨਾਂ ਦੀਆਂ ਟਰਾਲੀਆਂ ਅਤੇ ਹੋਰ ਸਮਾਨ ਦੀ ਕੀਤੀ ਗਈ ਲੁੱਟ ਦੇ ਖਿਲਾਫ ਹਰਿਆਣਾ ਅਤੇ ਪੰਜਾਬ ਵਿਖੇ 19 ਮਾਰਚ ਨੂੰ ਭਗਵੰਤ ਮਾਨ ਦੇ ਪੁਤਲੇ ਫੂਕੇ ਜਾਣਗੇ ! ਭਾਰਤ ਵੱਲੋਂ ਬਾਹਰਲੇ ਦੇਸ਼ਾਂ ਨਾਲ ਕੀਤੇ ਗਏ ਕਰ ਮੁਕਤ ਵਪਾਰ ਸਮਝੌਤੇ, ਬਿਜਲੀ ਸੋਧ ਬਿਲ 2025, ਸੀਡ ਬਿਲ ਅਤੇ ਕਿਸਾਨ ਅੰਦੋਲਨ ਭਾਗ-1 ਅਤੇ ਭਾਗ-2 ਦੀਆਂ ਰਹਿੰਦੀਆਂ ਮੰਗਾਂ ਐਮਐਸਪੀ ਖਰੀਦ ਗਰੰਟੀ ਕਾਨੂੰਨ, ਕਿਸਾਨਾਂ ਮਜ਼ਦੂਰਾਂ ਦੀ ਸੰਪੂਰਨ ਕਰਜ਼ਾ ਮਾਫੀ, ਸਵਆਮੀਨਾਥਨ ਅਯੋਗ ਦੀਆਂ ਸਿਫਾਰਸ਼ਾਂ ਸੀ ਟੂ ਜਮ੍ਹਾਂ 50 ਫੀਸਦੀ ਫਸਲਾਂ ਦੇ ਭਾਅ ਨੂੰ ਲੈ ਕੇ ਲੰਬੇ ਸੰਘਰਸ਼ ਵਿੱਢਦੇ ਹੋਏ ਐਸ ਕੇ ਐਮ ਗੈਰ ਸਿਆਸੀ ਵੱਲੋਂ ਪੰਜਾਬ ਅਤੇ ਹਰਿਆਣਾ ਵਿੱਚ ਲੜੀਵਾਰ ਟੋਲ ਪਲਾਜੇ ਕੀਤੇ ਜਾਣਗੇ ਪਰਚੀ ਮੁਕਤ, ਜਿਸ ਵਿੱਚ 27 ਮਾਰਚ ਨੂੰ ਲਾਡੋਵਾਲ ਟੋਲ ਪਲਾਜ਼ਾ ਲੁਧਿਆਣਾ, 3 ਅਪ੍ਰੈਲ ਕੱਥੂ ਨੰਗਲ ਟੋਲ ਪਲਾਜਾ ਅੰਮ੍ਰਿਤਸਰ, 6 ਅਪ੍ਰੈਲ ਨੂੰ ਉਸਮਾ ਟੋਲ ਪਲਾਜਾ ਤਰਨ ਤਾਰਨ, 10 ਅਪ੍ਰੈਲ ਅੰਮ੍ਰਿਤਸਰ ਦਿੱਲੀ ਰੋਡ ਜੰਡਿਆਲਾ ਟੋਲ ਪਲਾਜਾ ਸਵੇਰੇ 11 ਵਜੇ ਤੋਂ ਲੈ ਕੇ 3 ਵਜੇ ਤੱਕ ਪਰਚੀ ਮੁਕਤ ਕੀਤੇ ਜਾਣਗੇ। ਇਹ ਸੰਘਰਸ਼ ਲੜੀ ਵਾਰ ਅੱਗੇ ਵੀ ਜਾਰੀ ਰਹੇਗਾ। ਮੀਟਿੰਗ ਵਿੱਚ ਇੰਦਰਜੀਤ ਸਿੰਘ ਕੋਟ ਬੁੱਢਾ, ਗੁਰਿੰਦਰ ਸਿੰਘ ਭੰਗੂ, ਲਖਵਿੰਦਰ ਸਿੰਘ ਔਲਖ, ਸੁਖਜੀਤ ਸਿੰਘ ਹਰਦੋ ਝੰਡੇ, ਬਚਿੱਤਰ ਸਿੰਘ ਕੋਟਲਾ, ਗੁਰਸੇਵਕ ਸਿੰਘ ਧਾਲੀਵਾਲ, ਹਰਨੇਕ ਸਿੰਘ ਲਾਦੀਆਂ ਆਦਿ ਕਿਸਾਨ ਆਗੂ ਹਾਜ਼ਰ ਸਨ।

ਸੜਕ ਹਾਦਸਿਆਂ ਦਾ ਕਾਰਨ ਬਣਦੀਆਂ ਬੇਸਹਾਰਾ ਗਊਆਂ ਲਈ ਗਊਸ਼ਾਲਾ ਦਾ ਨੀਂਹ ਪੱਥਰ ਰੱਖਿਆ

ਲੁਧਿਆਣਾ/ਮੁੱਲਾਂਪੁਰ ਦਾਖਾ, 16 ਮਾਰਚ (ਨਿੱਝਰ/ਦਵਿੰਦਰ ਲੰਮੇ) : ਰਕਬਾ ਭਵਨ ਦੇ ਨਾਲ ਸੁਆਮੀ ਗੰਗਾਨੰਦ ਜੀ ਭੂਰੀ ਵਾਲੇ ਗਊਸ਼ਾਲਾ ਟਰੱਸਟ ਵੱਲੋਂ ਬੇਸਹਾਰਾ ਗਊਆਂ ਜੋ ਕਈ ਵਾਰ ਸੜਕ ਹਾਦਸਿਆਂ ਦਾ ਕਾਰਨ ਬਣਦੀਆਂ ਹਨ, ਦੀ ਸੇਵਾ ਸੰਭਾਲ ਲਈ ਗਊਸ਼ਾਲਾ ਦਾ ਨੀਂਹ ਪੱਥਰ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਰਣਜੀਤ ਸਿੰਘ, ਸੰਤ ਕਰਮ ਦਾਸ ਗੱਦੀਨਸ਼ੀਨ ਗਰੀਬ ਦਾਸ ਡੇਰਾ ਨੂਰਮਹਿਲ, ਕ੍ਰਿਸ਼ਨ ਕੁਮਾਰ ਬਾਵਾ, ਰਾਜ ਪੁਰੋਹਿਤ ਡੂੰਗਰ ਸਿੰਘ, ਬੀ.ਕੇ ਬਾਂਸਲ, ਉੱਘੇ ਸਨਅਤਕਾਰ ਗਿਰਧਾਰੀ ਲਾਲ ਬੱਸੀ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਕਾਂਗਰਸ ਪਾਰਟੀ ਦੇ ਹਲਕਾ ਦਾਖਾ ਦੇ ਇੰਚਾਰਜ ਸੰਦੀਪ ਸੰਧੂ, ਪਵਨ ਦੀਵਾਨ, ਸਮਾਜਸੇਵੀ ਵਿਨੋਦ ਕਾਲੀਆ, ਯੂਥ ਨੇਤਾ ਨਿਤਿਨ, ਤਰਲੋਚਨ ਸਫਰੀ, ਸੰਤੋਖ ਸਿੰਘ, ਬੂਟਾ ਸਿੰਘ ਬੈਰਾਗੀ, ਸੰਤੋਸ਼ ਸ਼ਰਮਾ, ਰਜਿੰਦਰਪਾਲ ਬਾਂਸਲ, ਠੇਕੇਦਾਰ ਰਣਜੀਤ ਸਿੰਘ, ਕਰਨੈਲ ਸਿੰਘ ਗਿੱਲ, ਪ੍ਰਵੀਨ ਗਾਂਧੀ, ਤੇਲੂ ਰਾਮ ਬਾਂਸਲ ਨੇ ਰੱਖਣ ਦੀ ਰਸਮ ਪ੍ਰਭੂ ਦਾ ਸਿਮਰਨ ਕਰਦਿਆਂ ਰੱਖਿਆ।ਇਸ ਸਮੇਂ ਬੋਲਦਿਆਂ ਜਥੇਦਾਰ, ਦਾਖਾ, ਸੰਧੂ ਅਤੇ ਬਾਵਾ ਨੇ ਕਿਹਾ ਕਿ ਸਾਡੀ ਸੰਸਕ੍ਰਿਤੀ, ਸੱਭਿਆਚਾਰ ਅਤੇ ਮਹਾਨ ਗੁਰੂਆਂ ਦਾ ਉਪਦੇਸ਼ ਸਾਨੂੰ ਗਊਆਂ ਦਾ ਦੁੱਧ ਪੀ ਕੇ ਬੇਸਹਾਰਾ ਛੱਡਣ ਦੀ ਇਜਾਜ਼ਤ ਨਹੀਂ ਦਿੰਦਾ। ਉਹਨਾਂ ਕਿਹਾ ਕਿ ਗਊ ਨੂੰ ਮਾਤਾ ਦਾ ਦਰਜਾ ਅਤੇ ਸਾਡੇ ਧਾਰਮਿਕ ਗ੍ਰੰਥਾਂ ਵਿੱਚ ਦਿੱਤਾ ਗਿਆ ਹੈ, ਕਿਉਂਕਿ ਪੁਰਾਤਨ ਸਮੇਂ ਤੋਂ ਗਊ ਦੇ ਬੱਛੜੇ ਹੀ ਬਲਦਾਂ ਦੇ ਰੂਪ ਵਿੱਚ ਹੱਲ ਵਾਹ ਕੇ ਸਾਡੇ ਸਮਾਜ ਲਈ ਅੰਨ ਪੈਦਾ ਕਰਦੇ ਹਨ। ਜਿਸ ਨਾਲ ਸਾਡੇ ਜੀਵਨ ਦਾ ਨਿਰਬਾਹ ਹੁੰਦਾ ਹੈ। ਇਸ ਲਈ ਹੀ ਗਊ ਨੂੰ ਮਾਤਾ ਕਹਿੰਦੇ ਹਨ। ਉਹਨਾਂ ਕਿਹਾ ਕਿ ਲੋੜ ਹੈ ਸੇਵਾ ਦੀ ਭਾਵਨਾ ਨੂੰ ਹਿਰਦੇ ਅੰਦਰ ਧਾਰਨ ਕਰਦੇ ਹੋਏ ਗਊਆਂ ਨੂੰ ਬੇਸਹਾਰਾ ਨਾ ਛੱਡੀਏ ਅਤੇ ਕੀਮਤੀ ਜਾਨਾਂ ਬਚਾਉਣ ਲਈ ਸੜਕ ਹਾਦਸੇ ਰੋਕਣ ਵਿੱਚ ਮੋਹਰੀ ਰੋਲ ਅਦਾ ਕਰੀਏ।ਇਸ ਸਮੇਂ ਬਾਂਸਲ, ਕਾਲੀਆ, ਬੱਸੀ, ਨਿਤਿਨ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਇਸ ਮਹਾਨ ਯੱਗ ਵਿੱਚ ਸੇਵਾ ਦੀ ਆਹੂਤੀ ਪਾਉਂਦੇ ਹੋਏ ਸੋਹਣੇ ਸਮਾਜ ਦੀ ਸਿਰਜਣਾ ਲਈ ਯੋਗਦਾਨ ਪਾਈਏ। ਇਸ ਸਮੇਂ ਮਦਨ ਗੋਇਲ ਅਤੇ ਟਰੱਸਟ ਦੇ ਮੁਖੀ ਅਵਿਨਾਸ਼ ਗੁਪਤਾ ਦਾ ਸਰਪ੍ਰਸਤੀ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ।

ਪੀਰ ਝੰਡੇ ਸ਼ਾਹ ਦੀ ਯਾਦ ਵਿੱਚ ਲੰਗਰ ਲਗਾਇਆ

ਲੁਧਿਆਣਾ, 16 ਮਾਰਚ (ਰਵਿੰਦਰ ਸਿੰਘ ਨਿੱਝਰ) : ਗਾਇਕ ਜੋੜੀ ਜਸਵੀਰ ਜੱਸ ਤੇ ਸੁਖਜੀਤ ਕੌਰ ਰਾਣੋ ਵੱਲੋਂ ਲੱਖਾਂ ਦਾ ਦਾਤਾ ਪੀਰ ਝੰਡੇ ਸ਼ਾਹ ਦੀ ਯਾਦ ਵਿੱਚ ਡਾ ਅੰਬੇਦਕਰ ਨਗਰ ਵਿਖੇ ਲੰਗਰ ਲਗਾਇਆ ਗਿਆ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਲੰਗਰ ਛਕਿਆ। ਇਸ ਮੌਕੇ ਕਈ ਗਾਇਕਾਂ ਨੇ ਪੀਰ ਝੰਡੇ ਸ਼ਾਹ ਦਾ ਗੁਣਗਾਨ ਵੀ ਕੀਤਾ। ਇਸ ਮੌਕੇ ਹਰਦੀਪ ਅਟਵਾਲ, ਰਣਬੀਰ ਸਿੰਘ, ਸੁਖਜੀਤ ਕੌਰ, ਰੰਜਨਾ ਅਟਵਾਲ, ਸੁੱਖਾ ਅਟਵਾਲ, ਸੁਖ ਚਮਕੀਲਾ, ਰੁਪਿੰਦਰ ਅਟਵਾਲ, ਮੇਸ਼ੀ ਮਾਣਕ, ਤਨਵੀਰ ਜਲਾਲ, ਕੇਵਲ ਜਲਾਲ, ਰਾਜਨ ਯੋਗੀ, ਬਲਬੀਰ ਮਾਣਕਲ ਧਰਮਿੰਦਰ ਕੈਰੋਂ ਅਤੇ ਗੁਰਵਿੰਦਰ ਭੱਟੀ ਆਦਿ ਵੀ ਮੌਜੂਦ ਸਨ।

'ਨਸ਼ਿਆਂ ਤੋਂ ਪੰਜਾਬ ਬਚਾਓ' ਧਰਨਾ 23 ਅਪ੍ਰੈਲ ਨੂੰ

ਲੁਧਿਆਣਾ, 16 ਮਾਰਚ (ਰਵਿੰਦਰ ਸਿੰਘ ਨਿੱਝਰ): ਜਥੇਦਾਰ ਬਾਬਾ ਸ਼ੇਰ ਸਿੰਘ ਦਸਮੇਸ਼ ਤਰਨਾ ਦਲ ਜ਼ਿਲ੍ਹਾ ਲੁਧਿਆਣਾ ਅਤੇ ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਦੀ ਅਗਵਾਈ ਹੇਠ ਸਥਾਨਕ ਗਿੱਲ ਰੋਡ 'ਤੇ ਨਹਿਰ ਦੇ ਪੁਲ ਨਜ਼ਦੀਕ ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣ ਲਈ 'ਨਸ਼ਿਆਂ ਤੋਂ ਪੰਜਾਬ ਬਚਾਓ ਧਰਨਾ' 23 ਅਪ੍ਰੈਲ ਨੂੰ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ ਤਿੰਨ ਵਜੇ ਤੱਕ ਲਗਾਇਆ ਜਾ ਰਿਹਾ ਹੈ। ਉਕਤ ਜਾਣਕਾਰੀ ਦਿੰਦਿਆਂ ਬਾਬਾ ਜਸਵੰਤ ਸਿੰਘ ਨੇ ਦੱਸਿਆ ਕਿ ਇਹ ਧਰਨਾ ਲਗਾਉਣ ਦਾ ਮਕਸਦ ਕੇਂਦਰ ਅਤੇ ਸੂਬੇ ਦੀਆਂ ਸਰਕਾਰਾਂ, ਪੰਜਾਬ ਦੀ ਅਫਸਰਸ਼ਾਹੀ ਅਤੇ ਹੋਰ ਜਥੇਬੰਦੀਆਂ ਸਮੇਤ ਸਮੂਹ ਪੰਜਾਬੀਆਂ ਨੂੰ ਸੁਚੇਤ ਕਰਨਾ ਹੈ ਕਿ ਉਹ ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਪਣੇ ਬਣਦੇ ਫਰਜ਼ ਨਿਭਾਉਣ, ਕਿਉਂਕਿ ਨਸ਼ਿਆਂ ਵਿੱਚ ਡੁੱਬੇ ਪੰਜਾਬ ਦੀ ਜਵਾਨੀ ਆਪਣੇ ਬੁੱਢੇ ਮਾਪਿਆਂ ਦਾ ਸਹਾਰਾ ਬਣਨ ਦੀ ਥਾਂ ਮੌਤ ਦੇ ਮੂੰਹ ਵਿੱਚ ਜਾ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਰਕਾਰਾਂ ਕੋਈ ਜ਼ਿੰਮੇਵਾਰੀ ਸਹੀ ਢੰਗ ਨਾਲ ਨਹੀਂ ਨਿਭਾ ਰਹੀਆਂ ਨਹੀਂ ਤਾਂ ਅੱਜ ਪੰਜਾਬ ਦੇ ਹਾਲਾਤ ਇਹ ਨਾ ਹੁੰਦੇ। ਇਸ ਮੌਕੇ ਬਾਬਾ ਮੇਜਰ ਸਿੰਘ, ਬਾਬਾ ਗੁਰਮੁੱਖ ਸਿੰਘ ਅਤੇ ਭਾਈ ਅਮਰੀਕ ਸਿੰਘ ਆਦਿ ਵੀ ਮੌਜੂਦ ਸਨ।

ਆਮ ਬਿਮਾਰੀਆਂ, ਦਿਲ ਦੇ ਰੋਗ, ਚਮੜੀ ਰੋਗ ਤੇ ਅੱਖਾਂ ਦਾ ਕੈਂਪ ਅੱਜ

ਲੁਧਿਆਣਾ, 16 ਮਾਰਚ (ਰਵਿੰਦਰ ਸਿੰਘ ਨਿੱਝਰ): ਨੇਤ੍ਰਮ ਆਈ ਫਾਊਂਡੇਸ਼ਨ ਨਵੀਂ ਦਿੱਲੀ ਵੱਲੋਂ ਵਿੱਦਿਆ ਰਤਨ ਫਾਊਂਡੇਸ਼ਨ ਤੇ ਰਤਨ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ 17 ਮਾਰਚ ਮੰਗਲਵਾਰ ਨੂੰ ਜੰਝ ਘਰ ਗੁਰਦੁਆਰਾ ਸਾਹਿਬ ਗਲੀ ਨੰਬਰ ਇੱਕ ਪ੍ਰਤਾਪ ਨਗਰ ਲੁਧਿਆਣਾ ਵਿਖੇ ਆਮ ਬਿਮਾਰੀਆਂ, ਦਿਲ ਦੀਆਂ ਬਿਮਾਰੀਆਂ, ਚਮੜੀ ਰੋਗ ਅਤੇ ਅੱਖਾਂ ਦੀਆਂ ਬਿਮਾਰੀਆਂ ਦਾ ਮੁਫਤ ਕੈਂਪ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੌਂਸਲਰ ਸੋਹਣ ਸਿੰਘ ਗੋਗਾ ਨੇ ਦੱਸਿਆ ਕਿ ਕੈਂਪ ਵਿੱਚ ਹਲਕਾ ਵਿਧਾਇਕ ਕੁਲਵੰਤ ਸਿੰਘ ਸਿੱਧੂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਕੈਂਪ ਵਿੱਚ ਮਰੀਜ਼ਾਂ ਦੀ ਬਿਮਾਰੀਆਂ ਦੀ ਜਿੱਥੇ ਮੁਫ਼ਤ ਜਾਂਚ ਕੀਤੀ ਜਾਵੇਗੀ। ਉੱਥੇ ਉਹਨਾਂ ਨੂੰ ਮੁਫਤ ਐਨਕਾਂ ਅਤੇ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਉਨ੍ਹਾਂ ਦੇ ਈਸੀਜੀ, ਬਲੱਡ ਸ਼ੂਗਰ ਟੈਸਟ ਅਤੇ ਬਲੱਡ ਪ੍ਰੈਸ਼ਰ ਟੈਸਟ ਵੀ ਮੁਫਤ ਕੀਤੇ ਜਾਣਗੇ। ਆਮ ਬਿਮਾਰੀਆਂ ਅਤੇ ਦਿਲ ਦੀਆਂ ਬਿਮਾਰੀਆਂ ਦੀ ਜਾਂਚ ਡਾ ਬਲਰਾਜ ਗੁਪਤਾ ਕਰਨਗੇ ਅਤੇ ਇਹਨਾਂ ਤੋਂ ਇਲਾਵਾ ਅੱਖਾਂ ਤੇ ਚਮੜੀ ਰੋਗਾਂ ਦੇ ਮਾਹਿਰ ਡਾਕਟਰ ਵੀ ਮਰੀਜ਼ਾਂ ਦੀ ਸੇਵਾ ਵਿੱਚ ਹਾਜ਼ਰ ਹੋਣਗੇ।

ਗਲਾਡਾ ਦੀ ਆਨਲਾਈਨ ਈ-ਨਿਲਾਮੀ ਅੱਜ ਤੋਂ, ਸਾਈਟ ਖਰੀਦਣ ਦਾ ਸੁਨਹਿਰਾ ਮੌਕਾ

ਲੁਧਿਆਣਾ, 16 ਮਾਰਚ (ਵਿਸ਼ਾਲ ਸ਼ਰਮਾ) : ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਅੱਜ ਤੋਂ 25 ਮਾਰਚ, 2026 ਤੱਕ ਪੰਜਾਬ ਸਰਕਾਰ ਅਤੇ ਪੁੱਡਾ ਦੀਆਂ ਲਾਗੂ ਨੀਤੀਆਂ ਅਤੇ ਨਿਯਮਾਂ ਅਨੁਸਾਰ ਮਨੋਨੀਤ ਆਨਲਾਈਨ ਈ-ਨਿਲਾਮੀ ਪੋਰਟਲ www.puda.enivida.com ਰਾਹੀਂ ਵੱਖ-ਵੱਖ ਗਲਾਡਾ ਸਕੀਮਾਂ ਵਿੱਚ ਸਥਿਤ ਰਿਹਾਇਸ਼ੀ, ਵਪਾਰਕ ਅਤੇ ਚੰਕ ਸਾਈਟਾਂ ਦੀ ਈ-ਨਿਲਾਮੀ ਕਰ ਰਹੀ ਹੈ।ਸਾਈਟਾਂ ਦੀ ਅਲਾਟਮੈਂਟ ਨਿਰਧਾਰਤ ਨਿਯਮਾਂ ਅਤੇ ਸ਼ਰਤਾਂ ਦੀ ਪੂਰਤੀ ਦੇ ਅਧੀਨ ਸਭ ਤੋਂ ਵੱਧ ਸਫਲ ਬੋਲੀਕਾਰ ਨੂੰ ਕੀਤੀ ਜਾਵੇਗੀ ਅਤੇ ਸਫਲ ਬੋਲੀ ਦੀ ਰਕਮ ਦਾ ਉਕਤ 12 ਪ੍ਰਤੀਸ਼ਤ ਜਮ੍ਹਾਂ ਕਰਨ 'ਤੇ ਅਲਾਟ ਕੀਤੀ ਗਈ ਜਾਇਦਾਦ ਨੂੰ ਸੂਚੀਬੱਧ ਬੈਂਕਾਂ ਤੋਂ ਕਰਜ਼ਾ/ਵਿੱਤੀ ਸਹਾਇਤਾ ਪ੍ਰਾਪਤ ਕਰਨ ਦੇ ਉਦੇਸ਼ ਲਈ ਗਿਰਵੀ ਰੱਖਿਆ ਜਾ ਸਕਦਾ ਹੈ। ਜਿਨ੍ਹਾਂ ਵਿੱਚ ਕੇਨਰਾ ਬੈਂਕ, ਪੰਜਾਬ ਨੈਸ਼ਨਲ ਬੈਂਕ, ਆਈ.ਸੀ.ਆਈ.ਸੀ.ਆਈ ਬੈਂਕ ਅਤੇ ਐਚ.ਡੀ.ਐਫ.ਸੀ ਬੈਂਕ ਸ਼ਾਮਲ ਹਨ। ਇਸ ਤੋਂ ਇਲਾਵਾ ਜੇਕਰ ਸਫਲ ਬੋਲੀਕਾਰ ਅਲਾਟਮੈਂਟ ਦੇ 90 ਦਿਨਾਂ ਦੇ ਅੰਦਰ ਪੂਰੀ ਬਕਾਇਆ ਰਕਮ ਇੱਕਮੁਸ਼ਤ ਜਮ੍ਹਾ ਕਰਵਾਉਣ ਦਾ ਵਿਕਲਪ ਚੁਣਦਾ ਹੈ ਤਾਂ ਮੌਜੂਦਾ ਨੀਤੀ ਅਨੁਸਾਰ ਪੂਰੀ ਅਲਾਟਮੈਂਟ ਰਕਮ 'ਤੇ 15 ਪ੍ਰਤੀਸ਼ਤ ਦੀ ਛੋਟ ਸਵੀਕਾਰਯੋਗ ਹੋਵੇਗੀ। ਇਸ ਲਈ ਬੋਲੀ ਦੀ ਰਕਮ ਦਾ 12 ਪ੍ਰਤੀਸ਼ਤ ਜਮ੍ਹਾਂ ਕਰਨ ਤੋਂ ਬਾਅਦ ਗਲਾਡਾ/ਪੁੱਡਾ ਜਾਇਦਾਦਾਂ ਨੂੰ ਈ-ਨਿਲਾਮੀ ਪੋਰਟਲ www.puda.enivida.com ਰਾਹੀਂ ਖਰੀਦਿਆ ਜਾ ਸਕਦਾ ਹੈ। ਇਸ ਤੋਂ ਬਾਅਦ ਅਲਾਟ ਕੀਤੀ ਜਾਇਦਾਦ ਨੂੰ ਕਰਜ਼ਾ ਪ੍ਰਾਪਤ ਕਰਨ ਲਈ ਬੈਂਕਾਂ ਕੋਲ ਗਿਰਵੀ ਰੱਖਿਆ ਜਾ ਸਕਦਾ ਹੈ ਜਿਸ ਨਾਲ ਬਾਕੀ ਅਲਾਟਮੈਂਟ ਰਕਮ ਦਾ ਜਲਦੀ ਭੁਗਤਾਨ ਕਰਨਾ ਆਸਾਨ ਹੋ ਸਕਦਾ ਹੈ। ਜਲਦੀ ਭੁਗਤਾਨ ਕਰਕੇ ਅਲਾਟਮੈਂਟ ਰਕਮ 'ਤੇ 15 ਪ੍ਰਤੀਸ਼ਤ ਤੱਕ ਦੀ ਵਾਧੂ ਛੋਟ ਪ੍ਰਾਪਤ ਕੀਤੀ ਜਾ ਸਕਦੀ ਹੈ। ਮੁੱਖ ਪ੍ਰਸ਼ਾਸਕ, ਗਲਾਡਾ ਸੰਦੀਪ ਕੁਮਾਰ ਨੇ ਆਮ ਲੋਕਾਂ ਨੂੰ ਈ-ਨਿਲਾਮੀ ਵਿੱਚ ਹਿੱਸਾ ਲੈਣ ਅਤੇ ਇਸ ਮੌਕੇ ਦਾ ਫਾਇਦਾ ਉਠਾਉਣ ਦੀ ਅਪੀਲ ਕੀਤੀ।

23 ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਵਸ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ

ਲੁਧਿਆਣਾ, 16 ਮਾਰਚ (ਰਵਿੰਦਰ ਸਿੰਘ ਨਿੱਝਰ): ਲੁਧਿਆਣਾ ਦੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਡੀ.ਪੀ. ਮੌੜ, ਰਘਵੀਰ ਸਿੰਘ ਬੈਨੀਪਾਲ, ਸੁਖਵਿੰਦਰ ਲੋਟੇ ਤੇ ਜਗਦੀਸ਼ ਚੰਦ ਦੀ ਪ੍ਰਧਾਨਗੀ ਹੇਠ ਸੰਯੁਕਤ ਕਿਸਾਨ ਮੋਰਚੇ, ਟਰੇਡ ਯੂਨੀਅਨਾਂ ਤੇ ਜਨਤਕ ਜਥੇਬੰਦੀਆਂ ਦੀ ਜ਼ਿਲ੍ਹਾ ਲੁਧਿਆਣਾ ਦੀ ਸਾਂਝੀ ਹੋਈ ਮੀਟਿੰਗ ਵਿੱਚ ਫੈਸਲਾ ਕੀਤਾ ਕਿ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਇੱਕ ਦਿਨ ਨੂੰ ਸਾਮਰਾਜ ਵਿਰੋਧੀ ਦਿਵਸ ਦੇ ਤੌਰ 'ਤੇ ਮਨਾਇਆ ਜਾਵੇਗਾ। ਅੱਜ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਆਖਿਆ ਕਿ 23 ਮਾਰਚ 1931 ਨੂੰ ਅਜ਼ਾਦੀ ਦੇ ਪਰਵਾਨਿਆਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਸ਼ਹੀਦੀ ਪ੍ਰਾਪਤ ਕਰਨ ਤੋਂ ਪਹਿਲਾਂ ਸੁਪਨਾ ਲਿਆ ਸੀ ਕਿ ਸਾਡਾ ਦੇਸ਼ ਅਜ਼ਾਦ ਹੋਕੇ ਕਿਰਤੀ ਕਿਸਾਨਾਂ ਦੇ ਪੱਖ ਵਿੱਚ ਨੀਤੀਗਤ ਫੈਸਲੇ ਲਵੇਗਾ ਅਤੇ ਸਾਮਰਾਜੀ ਨੀਤੀਆਂ ਤੋਂ ਇੱਥੋਂ ਦੇ ਮਿਹਨਤਕਸ਼ ਲੋਕ ਮੁਕਤ ਹੋ ਜਾਣਗੇ। ਉਹਨਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਮੁੜ ਦੇਸ਼ ਵਿੱਚ ਸਾਮਰਾਜੀ ਨੀਤੀਆਂ ਨੂੰ ਲਾਗੂ ਕਰਨ ਦੇ ਰਾਹ ਪਈ ਹੈ। ਜਿਸ ਨੂੰ ਰੋਕਣ ਲਈ 23 ਮਾਰਚ ਨੂੰ ਦੇਸ਼ ਭਰ ਦੇ ਲੋਕ ਸਾਮਰਾਜ ਵਿਰੋਧੀ ਦਿਵਸ ਦੇ ਤੌਰ 'ਤੇ ਮਨਾਉਣਗੇ। ਅੱਜ ਦੀ ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਦੀ ਅਲੋਚਨਾ ਵੀ ਕੀਤੀ। ਇਸ ਮੌਕੇ 'ਤੇ ਫੈਸਲਾ ਕੀਤਾ ਕਿ ਸਾਰੀਆਂ ਜਥੇਬੰਦੀਆਂ ਵੱਧ ਤੋਂ ਵੱਧ ਸਮਾਗਮ ਕਰਕੇ ਇਸ ਐਕਸ਼ਨ ਨੂੰ ਕਾਮਯਾਬ ਕਰਨਗੀਆਂ। ਇਸ ਮੌਕੇ 'ਤੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਹਰਨੇਕ ਸਿੰਘ ਗੁੱਜਰਵਾਲ, ਆਲ ਇੰਡੀਆ ਕਿਸਾਨ ਸਭਾ (1936) ਦੇ ਚਮਕੌਰ ਸਿੰਘ ਬਰਮੀ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਹਰਵਿੰਦਰ ਸਿੰਘ, ਸੀ ਟੀ ਯੂ ਪੰਜਾਬ ਦੇ ਬਲਰਾਮ, ਸੀਟੂ ਦੇ ਅਮਰਨਾਥ ਕੂੰਮਕਲਾਂ, ਸਮਰ ਬਹਾਦਰ, ਜੁਗਿੰਦਰ ਰਾਮ, ਰਾਮ ਲਾਲ, ਹਨੂੰ ਪ੍ਰਸ਼ਾਦ ਦੂਬੇ, ਮੋਲਡਰ ਐਂਡ ਸਟੀਲ ਵਰਕਰਜ ਯੂਨੀਅਨ ਦੇ ਹਰਜਿੰਦਰ ਸਿੰਘ, ਟੀ ਐਸ ਯੂ (ਭੰਗਲ) ਦੇ ਜਸਵਿੰਦਰ ਸਿੰਘ, ਜਮੀਰ ਹਸੈਨ ਆਦਿ ਹਾਜ਼ਰ ਸਨ।

18 ਤੇ 19 ਨੂੰ ਮੁਫ਼ਤ ਐਕਿਊਪੰਕਚਰ ਡਾਕਟਰੀ ਕੈਂਪ



ਲੁਧਿਆਣਾ, 16 ਮਾਰਚ (ਰਵਿੰਦਰ ਸਿੰਘ ਨਿੱਝਰ) : ਡਾ. ਕੋਟਨਿਸ ਐਕਿਊਪੰਕਚਰ ਹਸਪਤਾਲ ਅਤੇ ਸਿੱਖਿਆ ਕੇਂਦਰ, ਸਲੇਮ ਟਾਬਰੀ, ਲੁਧਿਆਣਾ ਵੱਲੋਂ 18 ਅਤੇ 19 ਮਾਰਚ ਨੂੰ ਸਵੇਰੇ 10 ਤੋਂ 2 ਵਜੇ ਤੱਕ ਗੁਰਦੁਆਰਾ ਮੰਜੀ ਸਾਹਿਬ ਛੇਵੀਂ ਪਾਤਸ਼ਾਹੀ ਪਰਦੇਸੀ ਗੁੱਜਰਵਾਲ ਵਿਖੇ ਦੋ ਦਿਨਾਂ ਦਾ ਮੁਫਤ ਐਕਿਊਪੰਕਚਰ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਭਾਰਤ ਵਿੱਚ ਐਕਿਊਪੰਕਚਰ ਦੇ ਸੰਸਥਾਪਕ ਅਤੇ 1938 ਤੋਂ 1942 ਤੱਕ ਚੀਨ ਵਿੱਚ ਭਾਰਤੀ ਮੈਡੀਕਲ ਮਿਸ਼ਨ ਦੇ ਮੈਂਬਰ ਮਹਾਨ ਭਾਰਤੀ ਡਾਕਟਰ ਬਿਜੋਏ ਕੁਮਾਰ ਬਾਸੂ ਦੀ ਯਾਦ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ।ਕੈਂਪ ਵਿੱਚ ਡਾ.ਇੰਦਰਜੀਤ ਸਿੰਘ, ਡਾ. ਰਘਵੀਰ ਸਿੰਘ ਅਤੇ ਡਾ. ਬਲਜਿੰਦਰ ਸਿੰਘ ਮੁਫਤ ਮੈਡੀਕਲ ਸੇਵਾਵਾਂ ਪ੍ਰਦਾਨ ਕਰਨਗੇ। ਇਸ ਵਿੱਚ ਪਿੱਠ ਦਰਦ, ਸਰਵਾਈਕਲ ਸਪੌਂਡਿਲਾਈਟਿਸ, ਸਾਇਟਿਕਾ, ਮਾਈਗ੍ਰੇਨ, ਅਸਥਮਾ, ਸਾਈਨਸ, ਜੋੜਾਂ ਦਾ ਦਰਦ, ਘੁੱਟਣੇ ਦੇ ਜੋੜਾਂ ਦਾ ਦਰਦ, ਚਿੰਤਾ, ਨੀਂਦ ਦੀ ਘਾਟ ਅਤੇ ਡਰੱਗ ਅਡਿਕਟਰ ਲਈ ਇਲਾਜ ਕੀਤਾ ਜਾਵੇਗਾ।ਕੈਂਪ ਦਾ ਉਦਘਾਟਨ ਗੁਰਜੀਤ ਰੁਚੀ ਬਾਵਾ, ਉਪ-ਪ੍ਰਧਾਨ, ਪੰਜਾਬ ਰਾਜ ਬਾਲ ਅਧਿਕਾਰ ਅਤੇ ਮਹਿਲਾ ਕਮਿਸ਼ਨ, ਦੁਆਰਾ ਕੀਤਾ ਜਾਵੇਗਾ।

ਸੌਂਦ ਵੱਲੋਂ ਵਾਰਡ 27 ਦੀ ਖੰਨਾ ਖੁਰਦ ਤੋਂ ਖੱਟੜਾ ਨੂੰ ਜਾਂਦੀ ਸੜਕ 'ਤੇ ਇੰਟਰਲਾਕ ਟਾਈਲਾਂ ਲਗਾਉਣ ਦੇ ਕੰਮ ਦੀ ਸ਼ੁਰੂਆਤ

ਖੰਨਾ, (ਲੁਧਿਆਣਾ), 16 ਮਾਰਚ (ਸੰਜੀਵ ਲਹਿਲ) : ਹਲਕਾ ਖੰਨਾ ਤੋਂ ਵਿਧਾਇਕ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਐਤਵਾਰ ਨੂੰ ਖੰਨਾ ਦੇ ਵਾਰਡ ਨੰਬਰ 27 ਦੀ ਖੰਨਾ ਖੁਰਦ ਤੋਂ ਖੱਟੜਾ ਨੂੰ ਜਾਂਦੀ ਲਿੰਕ ਸੜਕ ਨੂੰ ਰੰਗਲਾ ਪੰਜਾਬ ਵਿਕਾਸ ਸਕੀਮ ਤਹਿਤ ਕਰੀਬ 65.15 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕ ਟਾਈਲਾਂ ਲਗਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ।

ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਲੋਕਾਂ ਦੀ ਸਰਕਾਰ ਵੱਲੋਂ ਆਉਣ ਵਾਲੇ ਸਮੇਂ ਵਿੱਚ ਹਰ ਗਲੀ, ਸੜਕ ਨੂੰ ਇੱਕ-ਇੱਕ ਕਰਕੇ ਪੱਕਾ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਈਆਂ ਜਾਣਗੀਆਂ।

ਤਰੁਨਪ੍ਰੀਤ ਸਿੰਘ ਸੌਂਦ ਨੇ ਨਗਰ ਕੌਂਸਲ ਖੰਨਾ ਦੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਸ ਸੜਕ ਨੂੰ ਪੱਕਾ ਕਰਨ ਲਈ ਇੰਟਰਲਾਕ ਟਾਈਲਾਂ ਲਗਾਉਣ ਦੇ ਕੰਮ ਨੂੰ ਨਿਰਧਾਰਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ ਅਤੇ ਮੌਕੇ 'ਤੇ ਨਿਯਮਤ ਨਿਗਰਾਨੀ ਯਕੀਨੀ ਬਣਾਈ ਜਾਵੇ।

ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਦੋਰਾਹਾ ਅਤੇ 'ਆਪ' ਦੇ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਦਿਹਾਤੀ-2 ਦਰਸ਼ਨ ਸਿੰਘ ਕੂਹਲੀ, ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਾਸਟਰ ਅਵਤਾਰ ਸਿੰਘ ਦੈਹਿੜੂ, ਪੀ.ਏ, ਮਹੇਸ਼ ਕੁਮਾਰ, ਕੌਂਸਲਰ ਪਰਮਪ੍ਰੀਤ ਸਿੰਘ ਪੌਂਪੀ, ਕੌਂਸਲਰ ਰਾਜਿੰਦਰ ਸਿੰਘ ਜੀਤ, ਕੁਲਵੰਤ ਸਿੰਘ ਮਹਿਮੀ, ਜੇ.ਈ ਸੰਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਵੀ ਮੌਜੂਦ ਸਨ।

25 ਪ੍ਰਾਣੀਆਂ ਨੇ ਕੀਤਾ ਅੰਮ੍ਰਿਤਪਾਨ

ਖ਼ਾਲਸਾ ਪੰਥ ਨੇ ਹਮੇਸ਼ਾਂ ਜ਼ਬਰ ਜ਼ੁਲਮ ਦੇ ਖ਼ਿਲਾਫ਼ ਸੰਘਰਸ਼ ਕਰਕੇ ਪਾਈ ਫ਼ਤਿਹ : ਜਥੇਦਾਰ ਦਾਦੂਵਾਲ

ਲੁਧਿਆਣਾ, 16 ਮਾਰਚ (ਕਰਨੈਲ ਸਿੰਘ ਐੱਮ.ਏ.) : ਖ਼ਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਬਠਿੰਡਾ ਦੇ ਪਿੰਡ ਗਿਆਨਾ ਵਿੱਚ ਤਿੰਨ ਰੋਜ਼ਾ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿੱਚ ਇਲਾਕੇ ਦੀ ਸਿੱਖ ਸੰਗਤ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ । ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 12, 13 ਅਤੇ 14 ਮਾਰਚ 2026 ਨੂੰ ਸਜਾਏ ਗਏ। ਇਨ੍ਹਾਂ ਧਾਰਮਿਕ ਦੀਵਾਨਾਂ ਦਾ ਪ੍ਰਬੰਧ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਨਿਵਾਸੀ ਸੰਗਤਾਂ ਪਿੰਡ ਗਿਆਨਾਂ ਨੇ ਕੀਤਾ । ਭਾਈ ਬਰਾੜ ਨੇ ਦੱਸਿਆ ਕਿ ਜਥੇਦਾਰ ਦਾਦੂਵਾਲ ਜੀ ਵੱਲੋਂ ਤਿੰਨਾਂ ਦੀਵਾਨਾਂ ਦੀ ਹਾਜ਼ਰੀ ਭਰੀ ਗਈ ਅਤੇ ਸਿੱਖ ਸੰਗਤਾਂ ਨੂੰ ਕਥਾ, ਕੀਰਤਨ, ਗੁਰਬਾਣੀ ਗੁਰਇਤਿਹਾਸ ਦੁਆਰਾ ਗੁਰੂ ਚਰਨਾਂ ਨਾਲ ਜੋੜਨ ਦਾ ਯਤਨ ਕੀਤਾ । ਜਥੇਦਾਰ ਦਾਦੂਵਾਲ ਜੀ ਨੇ ਪੁਰਾਤਨ ਤੇ ਵਰਤਮਾਨ ਸਮੇਂ ਦੇ ਇਤਿਹਾਸ ਉੱਪਰ ਚਾਨਣਾ ਪਾਉਂਦਿਆਂ ਸਿੱਖ ਸੰਗਤਾਂ ਨੂੰ ਅਗਾਹ ਕੀਤਾ ਕਿ ਖਾਲਸਾ ਪੰਥ ਹਮੇਸ਼ਾਂ ਜ਼ਬਰ ਜ਼ੁਲਮ ਦੇ ਖ਼ਿਲਾਫ਼ ਜੂਝਦਾ ਰਿਹਾ ਹੈ ਭਾਵੇਂ ਅਨੇਕਾਂ ਉਤਰਾਅ ਚੜ੍ਹਾਅ ਬਣੇ ਰਹੇ, ਪਰ ਆਖ਼ਿਰ ਨੂੰ ਫਤਹਿ ਖਾਲਸਾ ਪੰਥ ਦੀ ਹੋਈ ਹੈ । ਗੈਰ ਸਿੱਖ ਇਤਿਹਾਸਕਾਰਾਂ ਵੀ ਲਿਖਿਆ ਕਿ ਸ਼ਾਹ ਮੁਹੰਮਦਾ ਅੰਤ ਨੂੰ ਸੋਈ ਹੋਸੀ ਜੋ ਕਰੇਗਾ ਖਾਲਸਾ ਪੰਥ ਮੀਆਂ। ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕਿ ਸਿੱਖ ਨੂੰ ਸੂਰਤ ਹੋ ਕੇ ਨਸ਼ਿਆਂ ਤੋਂ ਰਹਿਤ ਹੋ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਧੰਨ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗਣਾ ਚਾਹੀਦਾ। ਉਹਨਾਂ ਨੇ ਇਹ ਵੀ ਕਿਹਾ ਕਿ ਹਰੇਕ ਨੂੰ ਆਪਣਾ ਧਰਮ ਮੁਬਾਰਕ ਹੈ, ਪਰ ਸਿੱਖ ਲਈ ਗੁਰੂ ਗ੍ਰੰਥ ਸਾਹਿਬ ਤੋਂ ਪਰੇ ਉਜਾੜ ਹੈ।ਸਿੱਖ ਵਹਿਮਾਂ ਭਰਮਾਂ ਦੇਹਾਂ ਦਾ ਪੁਜਾਰੀ ਨਹੀਂ ਸਿੱਖ ਸ਼ਬਦ ਗੁਰੂ ਦਾ ਪੁਜਾਰੀ ਹੈ । ਸਮਾਪਤੀ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਜਗਤਾਰ ਸਿੰਘ ਗਿਆਨਾ, ਭਾਈ ਗੁਰਮੀਤ ਸਿੰਘ, ਭਾਈ ਦਿਆਲ ਸਿੰਘ, ਜਥੇਦਾਰ ਹਰਨੇਕ ਸਿੰਘ ਗਿਆਨਾ ਅਤੇ ਹੋਰ ਨਗਰ ਨਿਵਾਸੀਆਂ ਵੱਲੋਂ ਜਥੇਦਾਰ ਦਾਦੂਵਾਲ ਜੀ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਅਤੇ ਧਾਰਮਿਕ ਦੀਵਾਨ ਸਜਾਉਣ ਲਈ ਧੰਨਵਾਦ ਕੀਤਾ । ਧਾਰਮਿਕ ਦੀਵਾਨਾਂ ਵਿੱਚ ਸ੍ਰ: ਜਗਤਾਰ ਸਿੰਘ ਮਾਨ ਮਿੱਠੜੀ, ਭਾਈ ਗੁਰਪਾਲ ਸਿੰਘ ਗੋਰਾ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਬਾਬਾ ਕਾਕਾ ਸਿੰਘ ਮੁਖੀ ਬੁੰਗਾ ਮਸਤੂਆਣਾ, ਬਾਬਾ ਜਸਵਿੰਦਰ ਸਿੰਘ ਟਹਿਣਾ, ਬਾਬਾ ਅਰਜਨ ਸਿੰਘ ਲਹਿਰੀ, ਬਾਬਾ ਕੁਲਦੀਪ ਸਿੰਘ ਜੋਗੇਵਾਲਾ, ਬਾਬਾ ਗਾਂਧੀ ਜੀ ਕਾਰ ਸੇਵਾ ਕੇਵਲ, ਬਾਬਾ ਸੁਖਪਾਲ ਸਿੰਘ ਲੱਕੜਾਂਵਾਲੀ, ਬਾਬਾ ਸੁਖਪਾਲ ਸਿੰਘ ਤਖਤਮੱਲ, ਪ੍ਰਦੀਪ ਜੈਨ ਪ੍ਰਧਾਨ ਨਿਊ ਆੜ੍ਹਤੀ ਐਸੋਸੀਏਸ਼ਨ ਕਾਲਾਂਵਾਲੀ, ਬੀਬੀ ਦਰਸ਼ਨ ਕੌਰ ਜੌੜਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਕਾਲਾਂਵਾਲੀ, ਨਿਰਮਲ ਸਿੰਘ ਮੱਲੜੀ, ਸਰਪੰਚ ਮੋਹਨਪ੍ਰੀਤ ਸਿੰਘ ਸਿੰਘਪੁਰਾ, ਸਰਪੰਚ ਗੁਰਮੀਤ ਸਿੰਘ ਚਗੇਰੀਆਂ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ ।

ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣਾ ਜ਼ਰੂਰੀ

ਲੁਧਿਆਣਾ, 16 ਮਾਰਚ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਂਕ ਵਿਖੇ ਹਫਤਾਵਾਰੀ ਧਾਰਮਿਕ ਗੁਰਮਤਿ ਸਮਾਗਮ ਬੜੇ ਉਤਸ਼ਾਹ ਅਤੇ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਸਵੇਰੇ ਤੋਂ ਹੀ ਗੁਰਦੁਆਰਾ ਸਾਹਿਬ ਵਿੱਚ ਧਾਰਮਿਕ ਦੀਵਾਨ ਸਜੇ, ਜਿੱਥੇ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ , ਭਾਈ ਗੁਰਸ਼ਰਨ ਸਿੰਘ ਕੋਮਲ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਪਰਮਵੀਰ ਸਿੰਘ ਅਤੇ ਰਾਤ ਦੇ ਸਮਾਗਮਾਂ ਵਿੱਚ ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲੇ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਕਥਾਵਾਚਕਾਂ ਨੇ ਗੁਰਬਾਣੀ ਦੇ ਉਪਦੇਸ਼ਾਂ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਰਾਗੀ ਜਥਿਆਂ ਨੂੰ ਸਿਰਪਾਓ ਭੇਟ ਕੀਤੇ। ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਪਰਮਜੀਤ ਸਿੰਘ ਲਾਇਲਪੁਰੀ, ਤੇਜਿੰਦਰ ਸੀ ਡੰਗ, ਤਰਲੋਚਨ ਸਿੰਘ ਬੱਬਰ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਸੁਰਜੀਤ ਸਿੰਘ ਮਠਾੜੂ, ਅਰਜੁਨ ਸਿੰਘ ਚੀਮਾ, ਦਵਿੰਦਰ ਸਿੰਘ ਸਿੱਬਲ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ ਆਦਿ ਹਾਜ਼ਰ ਸਨ।

ਜੀ.ਐਸ.ਟੀ. ਚੋਰੀ ਦਾ ਪਰਦਾਫਾਸ਼ : ਟੈਕਸ ਚੋਰੀ ਦਾ ਕੀਤਾ ਖ਼ੁਲਾਸਾ

ਲੁਧਿਆਣਾ, 16 ਮਾਰਚ (ਵਿਸ਼ਾਲ ਸ਼ਰਮਾ) : ਲੁਧਿਆਣਾ, ਜਲੰਧਰ ਅਤੇ ਮੰਡੀ ਗੋਬਿੰਦਗੜ੍ਹ ਪੰਜਾਬ ਵਿੱਚ ਇੱਕ ਵੱਡੇ ਪੱਧਰ 'ਤੇ ਜੀਐਸਟੀ ਚੋਰੀ ਦਾ ਧੰਦਾ ਚੱਲ ਰਿਹਾ ਹੈ। ਕਈ ਪ੍ਰਮੁੱਖ ਕਾਰੋਬਾਰੀ ਅਤੇ ਕੁਝ ਅਧਿਕਾਰੀ ਇਸ ਵਿੱਚ ਸ਼ਾਮਲ ਹੋਣ ਦੀ ਸੂਚਨਾ ਹੈ। ਹਾਲਾਂਕਿ ਕੇਂਦਰੀ ਜੀਐਸਟੀ ਅਤੇ ਰਾਜ ਜੀਐਸਟੀ ਟੀਮਾਂ ਸਮੇਂ-ਸਮੇਂ 'ਤੇ ਕਾਰਵਾਈ ਕਰ ਰਹੀਆਂ ਹਨ, ਪਰ ਜੀਐਸਟੀ ਚੋਰੀ ਅਜੇ ਵੀ ਰੁਕੀ ਨਹੀ ਇਸ ਦੌਰਾਨ, ਸੀਜੀਐਸਟੀ ਲੁਧਿਆਣਾ ਨੇ ਪੰਜਾਬ ਵਿੱਚ ਜੀਐਸਟੀ ਚੋਰੀ ਅਤੇ ਧੋਖਾਧੜੀ ਵਾਲੇ ਬਿਲਿੰਗ ਵਿਰੁੱਧ ਆਪਣੀ ਚੱਲ ਰਹੀ ਮੁਹਿੰਮ ਵਿੱਚ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ। ਵਿਭਾਗ ਨੇ ਪੰਜਾਬ ਦੇ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਇੱਕ ਉਦਯੋਗਿਕ ਸ਼ਹਿਰ ਮੰਡੀ ਗੋਬਿੰਦਗੜ੍ਹ ਵਿੱਚ ਲੋਹਾ ਅਤੇ ਸਟੀਲ ਖੇਤਰ ਨਾਲ ਜੁੜੀ ਇੱਕ ਜਾਅਲੀ ਜੀਐਸਟੀ ਫਰਮ ਦਾ ਪਰਦਾਫਾਸ਼ ਕੀਤਾ ਹੈ, ਜੋ ਲੰਬੇ ਸਮੇਂ ਤੋਂ ਜਾਅਲੀ ਜੀਐਸਟੀ ਇਨਵੌਇਸ ਜਾਰੀ ਕਰ ਰਹੀ ਸੀ, ਜਿਸ ਨਾਲ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋ ਰਿਹਾ ਸੀ। ਕੇਂਦਰੀ ਜੀਐਸਟੀ ਅਧਿਕਾਰੀਆਂ ਦੁਆਰਾ ਕੀਤੀ ਗਈ ਇੱਕ ਵਿਸਤ੍ਰਿਤ ਜਾਂਚ ਤੋਂ ਪਤਾ ਲੱਗਿਆ ਹੈ ਕਿ ਫਰਮ ਨੇ ਬਿਨਾਂ ਕਿਸੇ ਅਸਲ ਵਪਾਰਕ ਲੈਣ-ਦੇਣ ਦੇ ਵੱਡੀ ਗਿਣਤੀ ਵਿੱਚ ਜਾਅਲੀ ਬਿੱਲ ਜਾਰੀ ਕੀਤੇ। ਇਨ੍ਹਾਂ ਬਿੱਲਾਂ ਰਾਹੀਂ, ਲੱਗਭੱਗ 22.13 ਕਰੋੜ ਦਾ ਅਯੋਗ ਇਨਪੁੱਟ ਟੈਕਸ ਕ੍ਰੈਡਿਟ (ITC) ਪ੍ਰਾਪਤ ਕੀਤਾ ਗਿਆ ਸੀ ਅਤੇ ਹੋਰ ਫਰਮਾਂ ਨੂੰ ਦਿੱਤਾ ਗਿਆ ਸੀ। ਇਸ ਪ੍ਰਕਿਰਿਆ ਨੇ ਜੀਐਸਟੀ ਪ੍ਰਣਾਲੀ ਦੀ ਇੱਕ ਵੱਡੀ ਦੁਰਵਰਤੋਂ ਕੀਤੀ, ਜਿਸਦੇ ਨਤੀਜੇ ਵਜੋਂ ਟੈਕਸ ਚੋਰੀ ਹੋਈ। ਕੇਂਦਰੀ GST ਜਾਂਚ ਟੀਮ ਨੇ ਡਿਜੀਟਲ ਰਿਕਾਰਡਾਂ, ਬੈਂਕ ਲੈਣ-ਦੇਣ ਅਤੇ GST ਰਿਟਰਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਜਾਂਚ ਦੌਰਾਨ, ਇਹ ਵੀ ਪਾਇਆ ਗਿਆ, ਕਿ ਫਰਮ ਦਾ ਅਸਲ ਕਾਰੋਬਾਰ ਬਹੁਤ ਸੀਮਤ ਸੀ। ਇਸ ਮਾਮਲੇ ਵਿੱਚ ਕਾਰਵਾਈ ਕਰਦੇ ਹੋਏ, ਵਿਭਾਗ ਨੇ 12 ਮਾਰਚ, 2025 ਨੂੰ ਫਰਮ ਦੇ ਮਾਲਕ ਨੂੰ ਗ੍ਰਿਫਤਾਰ ਕੀਤਾ। ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ। ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਜਾਰੀ ਹੈ ਅਤੇ ਇਸ ਧੋਖਾਧੜੀ ਵਾਲੇ ਨੈੱਟਵਰਕ ਵਿੱਚ ਸ਼ਾਮਲ ਹੋਰਾਂ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ।

ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
IN THE COURT OF Sh. Harish Kumar Additional Civil Judge (Senior Division), Bathinda
CS/564/2018
CNR No. PBBT02-001155-2018
Next date-27.03.2026
Surjit Singh
Vs.
Punjab Kaur
Suit for declaration to the effect that the plaintiff is the owner in possession of land measuring 46 kanals 19 Marlas comprising In Khewat/Khatauni No. 582 (519)/1219 Khasra Numbers 159//20 (8-0)
Notice to:
Lrs of defendant
1) Bhana Singh
2) Nikka Singh
3) Bhutto singh
All are S/o Kartar Singh, R/o Village Gehri Buttar, District Bathinda.
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 11-03-2026 at 10:00 a.m.
For details logon to https://highcourtchd.gov.in/?mod=district notice&district-Bathinda
Dated, this day of 11-03-2026
Additional Civil Judge (Senior Division) Bathinda

(U/o 5 Rule 20 CPC)
IN THE COURT OF Ms. Ravneet Civil Judge (Junior Division), Jalandhar
CNR No. PBJL02-002932-2025
Next Date:-06-04-2026
Paramjit kaur w/o manjit singh d/o late sunder singh r/o h.no. 34, booti enclave, basti bawa khel, jalandhar
Vs.
Sant kaur w/o late sunder singh r/o b-11, gandhi camp, jalandhar now deceased through her legal heirs;
Notice to :1 (iii) Prabhjot kaur w/o Pinder singh d/o late Pardeep singh R/o Opposite punjabi university, Patiala 1 (iv) Maninder kaur w/o Sukhdev singh d/o late Pardeep singh
R/o Gaushala road, Rajpura, distt. Patiala 2. Raj kaur w/o late avtar singh r/o sarafa market, chhota bazar, ambala city
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 06-04-2026 at 10:00 a.m.
For details logon to https://highcourtchd.gov.in/?mod=district_notice&district=Jalandhar
Dated, this day of 14-03-2026
Civil Judge (Junior Division) Jalandhar

(U/o 5 Rule 20 CPC)
IN THE COURT OF Ms. Anu Choudhary Civil Judge Junior Division-11,
CNR No. PBSA02-000126-2025
Next Date:- 08-04-2026
Rajesh
Vs.
Ms surya contractors pvt. Ltd.
Notice to:1. Jayvir singh senior project manager
Ms surya contractors pvt. Ltd.
Head office at plot number 1245 sector 82 mohali
2. Paramvir singh, senior project head, derabassi punjab
M/s surya contractors pvt ltd
Having head office at plot no. 1245 sector 82 mohali
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 08-04-2026 at 10:00 a.m.
For details logon to https://highcourtchd.gov.in/?mod=district notice&district mohali
Dated, this day of 05-03-2026
Civil Judge Junior Division-11

(U/o 5 Rule 20 CPC)
IN THE COURT OF Ms. Ashima Sharma Civil Judge Junior Division-3 Moga
Next Date, Purpose of case, Orders and Judgments as well as other case information is available on http://ecourts.gov.in
CNR No. PBMO02-000329-2025
Next Date:- 07-04-2026
CS/151/2025
State Bank Of India
Vs.
Sandeep Kaur
The plaintiff prays for recovery of amount of Rs. 240884.00 NP from defenant No. along with interest with effect from
Notice to:Sandeep Kaur Spouse::-Jaswinder singh resident of village chak
Khanna, p.o. fatehgarh panjtoor, tehsil Zira, district Ferozepur.
Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 07-04-2026 at 10:00 a.m.
Take notice that, in default of his/their appearance on the day before mentioned, the above said case will be heard and determined in his/their absence according to law.
Given under my hand and the seal of the Court, this 18-02-2026.
Civil Judge Junior Division-3 Moga

(U/o 5 Rule 20 cpc)
In the Court of Ms. Girish Principal Judge Family Court,Malout
CNR No. PBSMF3-000306-2024
Next Date: 07.04.2026
Rajni
Versus
Jacky Kumar
Notice To:Jacky Kumar S/o Compoder R/o Nathu Ram wali Gali ,VPO Fullu Khera , Teh. Sangat Mandi, Distt. Bathinda
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 07.04.2026 at 10:00 A.M.
For details logon to https://highcourtchd.gov.in/?mod=district_notice&district= mogacourt
Dated, this day of 10-02-2026
Sd/- Principal Judge Family Court,Malout

(U/o 5 Rule 20 cpc)
In the Court of Ms. Sandeep Kaur Civil Judge Junior Division-1, Fazilka
CNR No. PBFGC1-001893-2025
Next Date: 08.04.2026
Bablu
Versus
General Public
Notice to:General Public : Fazilka
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08.04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 17-02-2026
Sd/-Civil Judge Junior Division-1 Fazilka

(U/o 5 Rule 20 cpc)
In the Court of Sh. Parvinder Kaur Civil Judge (Senior Division),SBS Nagar
CNR No. PBSB02-001432-2024
Next Date: 07.04.2026
Punjab National Bank
Versus
Avtar Singh
Suit for Recovery
Notice To.:Avtar Singh Son of Sohan Singh, R/o Vill. Bakarkhanna Road, NawanShahr , Teh. NawanShahr,Distt. Saheed Bhagat Singh Nagar.
In above titled case the defendant could not be served. It is ordered that defendant should appear in person or through counsel on 07.04.2026 at 10:00 A.M.
For details logon to https://highcourtchd.gov.in/?mod=district_notice&district=sbsnagar
Given under my hand and the seal of the court, this 02-02-2026
Sd/- Civil Judge (SD), SBS Nagar

(U/o 5 Rule 20 cpc)
In the Court of Mrs. Neetika Verma Addl. District and Sessions Judge-2, Mohali
CNR No. PBSA01-003979-2023
Next Date: 08.04.2026
Lakhvir Singh
Versus
Satpal @ Pal
Claim Petition U/s 166 Motor Vehicle Act
Notice to :Shelly Father : : Satpal Singh H.No. 457/2,Sector 41A, Chandigarh (Owner of the offending Vehicle CH01AW1671)
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08.04.2026 at 10:00 A.M.
For details logon to https://highcourtchd.gov.in/?mod=district_notice&district=mohali
Dated, this day of 25-02-2026
Sd/- Addl. District and Sessions Judge-2, Mohali

(U/o 5 Rule 20 cpc)
In the Court of Sh. Palwinder Singh Addl . Civil Judge (Senior Division),Ajnala
CNR No. PBASA0-000129-2026
Next Date: 08.04.2026
Jeevanjit Kaur
Versus
General Public
Notice To: General Public : General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08.04.2026 at 10:00 A.M.
For details logon to https://highcourtchd.gov.in/?trs=district_notice&district= Amritsar
Dated, this day of 13-02-2026
Sd/- Addl . Civil Judge (Senior Division) Ajnala

(U/o 5 Rule 20 cpc)
In the Court of Sh.Satish Kumar Sharma Addl. Civil Judge (Senior Division),Abohar
CNR No. PBFZE0-001333-2025
Next Date: 08.04.2026
Jyoti Bala
Versus
General Public

Notice to:General Public :-Abohar.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08.04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 16-02-2026
Sd/-Addl. Civil Judge (Senior Division) Abohar

(U/o 5 Rule 20 cpc)
In the Court of Ms. Harpreet Kaur Addl. Principal Judge Family Court, Ludhiana
CNR No. PBLD01-029603-2025
Next Date: 08.04.2026
Sumit Sabharwal
Versus
General Public
Notice To.:General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08.04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 10-02-2026
Sd/- Addl. Principal Judge Family Court, Ludhiana

(U/o 5 Rule 20 cpc)
In the Court of Sh. Kapil Dev Singla Addl. Principal Judge Family Court- 2 Patiala
CNR No. PBPT01-011961-2024
Next Date: 08.04.2026
Jaswinder Kaur
Versus
Gurminder Singh
Notice to :Gurminder Singh Father :: Ram Singh R/o H.No. 1331,Guru Nanak Nagar, Patiala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08.04.2026 at 10:00 A.M.
For details logon to https://highcourtchd.gov.in/?mod=district_notice&district=Patiala
Dated, this day of 12-01-2026
Sd/- Addl. Principal Judge Family Court- 2 Patiala

BEFORE THE HON'BLE COURT, PERMANENT LOK ADALAT, (PUBLIC UTILITY SERVICES), SECTOR 43, CHANDIGARH
CASE No. of 2026
In Re:-
Union Bank of India SCO no. 802, NAC Manimajra Chandigarh
...Petitioner/Plaintiff
VERSUS
M/s Tasty Pizza Hub
...RESPONDENT
Notice to: M/s Tasty Pizza Hub, 1125, Gobindpura Manimajra Chandigarh Through its prop. Preeti Kumari.
Shop no. 2254/4-C, Pipaliwala Town, Manimajra Chandigarh
Whereas it has been shown to the satisfaction of this court that the respondent/borrower cannot be served in the ordinary way hence this publication is order under order 5 rule 20 of CPC is hereby issued against respondent in above title case so that general public can be served. It is ordered that respondent should be served through publication and appear in person or through his counsel on dated 10/04/26 at 10:00am.
In case you failed to appear on the aforesaid date it would be presumed that you have nothing to say and the case will be decided on merits.
Sd/-Sh. S.K. Sachdeva, Chairman
Permanent Lok Adalat (PUS) Sector 43, UT., Chandigarh.

BEFORE THE Hon'ble COURT OF CHAIRMAN, PERMANENT LOK ADALAT FOR PUBLIC UTILITY SERVICES, CHANDIGARH.
PUBLICATION ORDER
Application No. 12983 of 2025
Next Date of Hearing 23.03.2026
Union Bank of India
...Applicant
Versus
Sh. Saurav Gulati
...Respondent
NOTICE TO RESPONDENT
Sh. Saurav Gulati Son of Sh. Satish Gulati
Resident of House No. 2062/1, First Floor, Near Hospital, Sector 45C, Chandigarh, Pin Code: 160047, Mobile No. 82880-09900.
.....Respondent
Whereas the applicant mentioned above has filed an application for Recovery of amount which was used by way of Car Loan by impleading the respondent mentioned above and it has been proved that all of you have not served in ordinary manner in the present application, hence by virtue of present proclamation, you are hereby informed to appear before this court on 23-03-2026 at 10:00 AM initiated against all of you in accordance with law.
Given under my hand and seal of this court on 03rd day of March 2026.
Sd/-Sh. S.K. SachdevaChairman Permanent Lok Adalat (Public Utility) Chandigarh

ਨਾਮ ਦੀ ਬਦਲੀ

ਮੈਂ, ਨਵਕਿਰਨ ਕੌਰ ਪਤਨੀ ਸ੍ਰੀ ਅਮਰਦੀਪ ਸਿੰਘ ਰੰਧਾਵਾ ਵਾਸੀ # 9, ਨਿਊ ਆਫਿਸਰ ਇਨਕਲੇਵ ਫੇਜ਼-2, ਖੇੜੀ ਗੁਜਰਾਂ ਰੋਡ, ਪਟਿਆਲਾ ਨੇ ਆਪਣਾ ਨਾਮ ਬਦਲ ਕੇ ਨਵਕਿਰਨ ਕੌਰ ਰੰਧਾਵਾ ਰੱਖ ਲਿਆ ਹੈ।

Change of Name

I, Inderpreet Kaur W/o Rajiv Kumar House no-525/56 St No-11 Mohalla Bassi Khawaju Hoshiarpur have Changed my Name to Kaur Inderpreet , Inderpreet is my given Name and Kaur is my Surname.

ਬੇਦਖਲੀ ਸੂਚਨਾ

ਮੈਂ, ਬਲਦੇਵ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਮੰਡੀ ਬਰੀਵਾਲਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਿਕੰਦਰ ਸਿੰਘ ਜੱਸਲ ਅਤੇ ਮੇਰੀ ਨੂੰਹ ਅਭਿਲਾਸ਼ਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਹਨਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ/ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਜਸਵੀਰ ਸਿੰਘ ਸਪੁੱਤਰ ਸ੍ਰੀ ਚਰਨ ਸਿੰਘ ਵਾਸੀ ਪਿੰਡ ਖਾਂਸੀਆਂ ਬੀੜ ਸਨੌਰ ਜ਼ਿਲ੍ਹਾ ਪਟਿਆਲਾ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵੀਰ ਸਿੰਘ ਅਤੇ ਉਸ ਦੀ ਘਰਵਾਲੀ ਅਮਨਦੀਪ ਕੌਰ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣ ਤੋਂ ਬਾਹਰ ਹਨ ਇਸ ਲਈ ਮੈਂ ਆਪਣੀ ਹਰ ਪ੍ਰਕਾਰ ਦੀ ਚੱਲ ਵਾ ਅਚੱਲ ਜਾਇਦਾਦ/ਸੰਪੱਤੀ ਤੋਂ ਆਪਣੇ ਉਕਤ ਲੜਕੇ ਗੁਰਵੀਰ ਸਿੰਘ ਅਤੇ ਉਸਦੀ ਘਰਵਾਲੀ ਅਮਨਦੀਪ ਕੌਰ ਨੂੰ ਬੇਦਖਲ ਕਰ ਰਿਹਾ ਹਾਂ। ਅਤੇ ਅੱਜ ਤੋਂ ਬਾਅਦ ਉਕਤ ਗੁਰਵੀਰ ਸਿੰਘ ਅਤੇ ਉਸਦੀ ਘਰਵਾਲੀ ਅਮਨਦੀਪ ਕੌਰ ਨਾਲ ਮੇਰਾ ਜਾਂ ਮੇਰੇ ਪਰਿਵਾਰ ਦੇ ਕਿਸੇ ਮੈਂਬਰ ਦਾ ਕੋਈ ਸਬੰਧ ਜਾਂ ਤਾਲੁਕ ਵਾਸਤਾ ਆਦਿ ਨਹੀਂ ਰਿਹਾ। ਅੱਜ ਤੋਂ ਬਾਅਦ ਉਕਤ ਗੁਰਵੀਰ ਸਿੰਘ ਅਤੇ ਉਸਦੀ ਘਰਵਾਲੀ ਅਮਨਦੀਪ ਕੌਰ ਨਾਲ ਲੈਣ/ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

'ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ' ਤਹਿਤ ਸਮਾਗਮ

ਗੁਰਦਾਸਪੁਰ,16 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ) ਗੁਰਦਾਸਪੁਰ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਸਾਰੇ ਆਂਗਣਵਾੜੀ ਕੇਂਦਰਾਂ ਵਿੱਚ ਆਂਗਣਵਾੜੀ ਉਲੰਪਿਕਸ ਖੇਡ ਮੁਕਾਬਲੇ 2026 ਕਰਵਾਏ ਗਏ।
ਜ਼ਿਲ੍ਹਾ ਪ੍ਰੋਗਰਾਮ ਦੀ ਥੀਮ 'ਪਲੇਅ ਲਰਨ ਗ੍ਰੋ' (ਖੇਡਾਂ ਸਿੱਖੋ ਵੱਧੋ) ਇਸ ਦਾ ਮੁੱਖ ਉਦੇਸ਼ 3 ਤੋਂ 6 ਸਾਲ ਦੇ ਬੱਚਿਆਂ ਦੇ ਸਿਹਤਮੰਦ ਅਤੇ ਸਰਵਪੱਖੀ ਵਿਕਾਸ ਲਈ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ ਸੀ। ਜ਼ਿਲ੍ਹਾ ਪ੍ਰੋਗਰਾਮ ਅਫਸਰ ਗੁਰਦਾਸਪੁਰ ਜਸਮੀਤ ਕੌਰ ਨੇ ਦੱਸਿਆ ਕਿ ਬੱਚਿਆਂ ਨੂੰ ਖੇਡਾਂ ਵੱਲ ਜੋੜਨ ਨਾਲ ਉਨ੍ਹਾਂ ਦੀ ਸਰੀਰਕ ਤੰਦਰੁਸਤੀ, ਆਤਮ ਵਿਸ਼ਵਾਸ ਅਤੇ ਸਿੱਖਣ ਦੀ ਸਮਰੱਥਾ ਵਿੱਚ ਵਾਧਾ ਹੁੰਦਾ ਹੈ। ਆਂਗਣਵਾੜੀ ਕੇਂਦਰਾਂ ਵਿੱਚ ਦੋ ਦਿਨ ਖੇਡ ਮੁਕਾਬਲੇ ਕਰਵਾਏ ਗਏ। ਪਹਿਲੇ ਦਿਨ ਬੱਚਿਆਂ ਅਤੇ ਮਾਪਿਆਂ ਦੀ ਭਾਗੀਦਾਰੀ ਨਾਲ ਦੌੜ, ਨਿੰਬੂ ਚਮਚਾ ਦੌੜ, ਬੋਰੀ ਦੌੜ, ਸਕਿਪਿੰਗ, ਬਾਲ ਗੇਮਜ ਅਤੇ ਹੋਰ ਮਨੋਰੰਜਨ ਖੇਡਾਂ ਕਰਵਾਈਆਂ ਗਈਆਂ।ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਖੇਡਾਂ ਰਾਹੀਂ ਸਿੱਖਣ ਦਾ ਆਨੰਦ ਮਾਣਿਆ।ਇਸ ਤੋ ਇਲਾਵਾ ਦੂਸਰੇ ਦਿਨ ਸੁਪਰਵਾਈਜ਼ਰ ਪੱਧਰ 'ਤੇ ਆਂਗਣਵਾੜੀ ਵਰਕਰਾਂ ਦੇ ਖੇਡ ਮੁਕਾਬਲੇ ਕਰਵਾਏ ਗਏ।ਇਸ ਮੌਕੇ ਵੱਖ-ਵੱਖ ਆਂਗਣਵਾੜੀ ਵਰਕਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਦੌਰਾਨ ਮਿਊਜ਼ੀਕਲ ਚੇਅਰ, ਚਮਚ ਦੌੜ ਸਮੇਤ ਹੋਰ ਮਨੋਰੰਜਨ ਖੇਡਾਂ ਕਰਵਾਈਆਂ ਗਈਆਂ, ਜਿਸ ਵਿੱਚ ਭਾਗ ਲੈਣ ਵਾਲੀਆਂ ਵਰਕਰਾਂ ਨੇ ਬਹੁਤ ਜੋਸ਼ ਅਤੇ ਖੁਸ਼ੀ ਨਾਲ ਹਿੱਸਾ ਲਿਆ। ਜ਼ਿਲ੍ਹਾ ਪ੍ਰੋਗਰਾਮ ਅਫਸਰ ਗੁਰਦਾਸਪੁਰ ਜਸਮੀਤ ਕੌਰ ਨੇ ਦੱਸਿਆ ਕਿ ਬੱਚਿਆ ਦੇ ਸਿੱਖਣ ਦੇ ਮੌਕਿਆਂ ਨੂੰ ਉਤਸ਼ਾਹਿਤ ਕਰਨ ਲਈ ਇਕ ਮਹੱਤਵਪੂਰਣ ਕਦਮ ਸਾਬਿਤ ਹੋਇਆ । ਵਿਭਾਗ ਵੱਲੋਂ ਮਾਪਿਆਂ ਅਤੇ ਸਮਾਜ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਆਂਗਣਵਾਰੀ ਸੈਂਟਰਾਂ ਦੀਆ ਗਤੀਵਿਧੀਆਂ ਵਿੱਚ ਸਹਿਯੋਗ ਦੇਣ ਅਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਆਪਣਾ ਯੋਗਦਾਨ ਪਾਉਣ।

ਸੂਬਾ ਵਾਸੀ ਆਪਣੇ ਘਰ ਬੈਠੇ ਹੈਲਪਲਾਈਨ ਨੰਬਰ 1076 ਉੱਤੇ ਕਾਲ ਕਰਕੇ 430 ਤੋਂ ਵੱਧ ਸਰਕਾਰੀ ਸੇਵਾਵਾਂ ਪ੍ਰਾਪਤ ਕਰ ਰਹੇ ਹਨ : ਲਖਬੀਰ ਸਿੰਘ ਰਾਏ

ਫਤਿਹਗੜ੍ਹ ਸਾਹਿਬ, 16 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਸਰਕਾਰ ਦੀਆਂ ਨਿਵੇਕਲੀਆਂ ਤੇ ਆਪਣੀ ਕਿਸਮ ਦੀਆਂ ਪਲੇਠੀਆਂ ਡਿਜੀਟਲ ਪਹਿਲਕਦਮੀਆਂ ਦੇਸ਼ ਭਰ ਵਿੱਚ ਨਾਗਰਿਕਾਂ ਦੀ ਸਹੂਲਤ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਹੀਆਂ ਹਨ। ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ ਸੂਬਾ ਸਰਕਾਰ ਦੀ ਇੱਕ ਪ੍ਰਮੁੱਖ ਸਕੀਮ ਹੈ ਜਿਸ ਤਹਿਤ ਨਾਗਰਿਕ ਆਪਣੇ ਘਰ ਬੈਠੇ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ 430 ਤੋਂ ਵੱਧ ਸਰਕਾਰੀ ਸੇਵਾਵਾਂ ਪ੍ਰਾਪਤ ਕਰ ਰਹੇ ਹਨ।ਇਹ ਪ੍ਰਗਟਾਵਾ ਕਰਦਿਆਂ ਵਿਧਾਨ ਸਭਾ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਈ ਜਾ ਰਹੀ "ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ" ਯੋਜਨਾ ਤਹਿਤ ਨਾਗਰਿਕਾਂ ਨੂੰ ਹੁਣ ਸਰਕਾਰੀ ਦਫ਼ਤਰਾਂ ਦੇ ਜਾਣ ਦੀ ਲੋੜ ਵੀ ਨਹੀਂ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਪੰਚਾਂ, ਨੰਬਰਦਾਰਾਂ ਅਤੇ ਨਗਰ ਕੌਂਸਲਰਾਂ (ਐੱਮਸੀ) ਨੂੰ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ। ਇਸ ਨਾਲ ਜ਼ਰੂਰੀ ਸਰਟੀਫਿਕੇਟ ਜਾਰੀ ਕਰਨ ਵਿੱਚ ਕਾਫ਼ੀ ਤੇਜ਼ੀ ਆਈ ਹੈ ਅਤੇ ਤਕਨਾਲੋਜੀ ਨੂੰ ਜ਼ਮੀਨੀ ਪੱਧਰ ਦੀ ਲੀਡਰਸ਼ਿਪ ਨਾਲ ਜੋੜਿਆ ਗਿਆ ਹੈ। ਵਿਧਾਇਕ ਰਾਏ ਨੇ ਦੱਸਿਆ ਕਿ ਪਟਵਾਰੀਆਂ ਅਤੇ ਫ਼ੀਲਡ ਸਟਾਫ ਦੀ ਸਫਲ ਆਨਬੋਰਡਿੰਗ ਦੇ ਨਾਲ, ਸੂਬਾ ਸਰਕਾਰ ਵੱਲੋਂ 12.5 ਲੱਖ ਤੋਂ ਵੱਧ ਅਰਜ਼ੀਆਂ 'ਤੇ ਆਨਲਾਈਨ ਕਾਰਵਾਈ ਕੀਤੀ ਗਈ ਹੈ।ਇਸ ਡਿਜੀਟਲ ਏਕੀਕਰਨ ਨਾਲ ਲੰਬਿਤ ਮਾਮਲਿਆਂ ਦੀ ਦਰ ਮਹਿਜ਼ 0.33 ਫ਼ੀਸਦੀ ਰਹਿ ਗਈ ਹੈ, ਜੋ ਸਿਸਟਮ ਦੀ ਕੁਸ਼ਲਤਾ ਨੂੰ ਦਰਸਾਉਂਦੀ ਹੈ।

ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ, ਐੱਮ-ਸੇਵਾ ਅਤੇ ਕਨੈਕਟ ਪੰਜਾਬ ਇੱਕ ਏਕੀਕ੍ਰਿਤ ਮੋਬਾਈਲ ਪਲੇਟਫਾਰਮ ਅਤੇ ਮਜ਼ਬੂਤ ਸ਼ਿਕਾਇਤ ਨਿਵਾਰਣ ਪ੍ਰਣਾਲੀ ਪ੍ਰਦਾਨ ਕਰਦੀਆਂ ਹਨ ਜੋ ਨਾਗਰਿਕਾਂ ਨੂੰ ਆਪਣੀਆਂ ਅਰਜ਼ੀਆਂ ਨੂੰ ਟਰੈਕ ਕਰਨ ਅਤੇ ਅਸਲ-ਸਮੇਂ ਵਿੱਚ ਫੀਡਬੈਕ ਜਮ੍ਹਾਂ ਕਰਾਉਣ ਦੇ ਯੋਗ ਬਣਾਉਣ ਦੇ ਨਾਲ ਨਾਲ ਹਰ ਪੱਧਰ 'ਤੇ ਜਵਾਬਦੇਹੀ ਨੂੰ ਯਕੀਨੀ ਬਣਾਉਂਦੀ ਹੈ।

ਜਨਤਕ ਸੂਚਨਾ

ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ ਯੂ.ਟੀ., ਚੰਡੀਗੜ੍ਹ
ਵਿਸ਼ਾ - ਮਰਹੂਮ ਵਿਦਿਆ ਸਾਗਰ ਦੀ ਬੇਵਸੀ ਮੌਤ ਦੇ ਆਧਾਰ 'ਤੇ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ (CP 1752) ਦੇ ਸੰਬੰਧ ਵਿੱਚ 25.00% ਹਿੱਸੇ ਦੀ ਹੱਦ ਤੱਕ ਮਾਲਕੀ ਦਾ ਤਬਾਦਲਾ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ ਵਿਦਿਆ ਸਾਗਰ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ 25.00% ਹਿੱਸੇ ਦੀ ਹੱਦ ਤੱਕ ਮਾਲਕ ਹਨ।
ਕਵਿਤਾ ਬਾਂਸਲ, ਗੁੰਜਨ ਬਾਂਸਲ ਦੁਆਰਾ ਮਾਤਾ ਅਤੇ ਕੁਦਰਤੀ ਸਰਪ੍ਰਸਤ ਜੋਤੀ ਰਾਣੀ, ਜੋਤੀ ਰਾਣੀ, ਕਾਰਤਿਕ ਬਾਂਸਲ ਦੁਆਰਾ ਮਾਤਾ ਅਤੇ ਕੁਦਰਤੀ ਸਰਪ੍ਰਸਤ ਜੋਤੀ ਰਾਣੀ, ਆਰਤੀ ਗੋਇਲ, ਕੁਸੁਮ ਲਤਾ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ. ਵਿਦਿਆ ਸਾਗਰ ਦੀ ਮੌਤ 19.06.2010 ਨੂੰ ਹੋ ਗਈ ਸੀ ਅਤੇ ਉਨ੍ਹਾਂ ਨੇ ਮ੍ਰਿਤਕ ਮਾਲਕ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:- (1) **ਗੁੰਜਨ ਬਾਂਸਲ-ਪੋਤੀ**, (2) **ਆਰਤੀ ਗੋਇਲ- ਧੀ**, (3) **ਜੋਤੀ ਰਾਣੀ ਨੂੰਹ**, (4) **ਕਵਿਤਾ ਬਾਂਸਲ ਧੀ**, (5) **ਕਾਰਤਿਕ ਬਾਂਸਲ-ਪੋਤਾ**, (6) **ਰਾਜੀਵ ਬਾਂਸਲ-ਬਾਂਸਲ ਪੁੱਤਰ (ਮ੍ਰਿਤਕ)**, (7) **ਕੁਸੁਮ ਲਤਾ - ਪਤਨੀ**
ਹੁਣ, ਕਵਿਤਾ ਬਾਂਸਲ, ਗੁੰਜਨ ਬਾਂਸਲ ਮਾਂ ਅਤੇ ਕੁਦਰਤੀ ਸਰਪ੍ਰਸਤ ਰਾਹੀਂ ਜੋਤੀ ਰਾਣੀ, ਜੋਤੀ ਰਾਣੀ, ਕਾਰਤਿਕ ਬਾਂਸਲ ਮਾਂ ਅਤੇ ਕੁਦਰਤੀ ਸਰਪ੍ਰਸਤ ਰਾਹੀਂ ਜੋਤੀ ਰਾਣੀ, ਆਰਤੀ ਗੋਇਲ, ਕੁਸੁਮ ਲਤਾ ਨੇ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ ਸੰਬੰਧ ਵਿੱਚ ਮਾਲਕੀ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ, ਜੋ ਕਿ ਸਵਰਗੀ ਸ਼੍ਰੀ ਵਿਦਿਆ ਸਾਗਰ ਦੁਆਰਾ 25.00% ਸ਼ੇਅਰ ਦੀ ਹੱਦ ਤੱਕ ਹੈ, ਜੋ ਕਿ ਅਣਵੰਡੀ ਮੌਤ ਦੇ ਆਧਾਰ 'ਤੇ ਉਨ੍ਹਾਂ ਦੇ ਹੱਕ ਵਿੱਚ ਹੈ।ਜੇਕਰ ਕਿਸੇ ਕੋਲ ਮ੍ਰਿਤਕ ਦੇ ਉਪਰੋਕਤ ਦੱਸੇ ਗਏ ਤੋਂ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸਨੂੰ ਲਿਖਤੀ ਰੂਪ ਵਿੱਚ (ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫ਼ਨਾਮੇ ਨਾਲ ਸਮਰਥਤ) ਪੇਸ਼ ਕਰ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸਾ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ, ਅਸਟੇਟ ਅਫਸਰ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ

ਜਨਤਕ ਸੂਚਨਾ



ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ ਯੂ.ਟੀ., ਚੰਡੀਗੜ੍ਹ
ਵਿਸ਼ਾ - ਮਰਹੂਮ ਲੋਕੇਸ਼ ਬਾਂਸਲ ਦੀ ਬੇਵਸੀਅਤੀ ਮੌਤ ਦੇ ਆਧਾਰ 'ਤੇ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ (CP 1752) ਦੇ 8.34% ਹਿੱਸੇ ਦੀ ਹੱਦ ਤੱਕ ਮਾਲਕੀ ਦਾ ਤਬਾਦਲਾ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ ਲੋਕੇਸ਼ ਬਾਂਸਲ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ 8.34% ਹਿੱਸੇ ਦੇ ਮਾਲਕ ਹਨ।
ਆਯੂਸ਼ ਬਾਂਸਲ, ਸੁਨੀਲ ਬਾਲਾ, ਚਿਰਾਗ ਬਾਂਸਲ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ. ਲੋਕੇਸ਼ ਬਾਂਸਲ ਦੀ ਮਿਆਦ 30.12.2022 ਨੂੰ ਸਮਾਪਤ ਹੋ ਗਈ ਸੀ ਅਤੇ ਉਨ੍ਹਾਂ ਨੇ ਮ੍ਰਿਤਕ ਮਾਲਕ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:- (1) ਚਿਰਾਗ ਬਾਂਸਲ - ਪੁੱਤਰ, (2) ਆਯੂਸ਼ ਬਾਂਸਲ-ਪੁੱਤਰ, (3) ਸੁਨੀਲ ਬਾਲਾ - ਪਤਨੀ
ਹੁਣ, ਆਯੂਸ਼ ਬਾਂਸਲ, ਸੁਨੀਲ ਬਾਲਾ, ਚਿਰਾਗ ਬਾਂਸਲ ਨੇ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ ਸੰਬੰਧ ਵਿੱਚ ਮਰਹੂਮ ਲੋਕੇਸ਼ ਬਾਂਸਲ ਦੁਆਰਾ ਆਪਣੇ ਹੱਕ ਵਿੱਚ ਰੱਖੇ ਗਏ 8.34% ਹਿੱਸੇ ਦੀ ਹੱਦ ਤੱਕ ਮਾਲਕੀ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ, ਜੋ ਕਿ ਗੈਰ-ਵਸਨੀ ਮੌਤ ਦੇ ਆਧਾਰ 'ਤੇ ਹੈ। ਜੇਕਰ ਕਿਸੇ ਕੋਲ ਉੱਪਰ ਦੱਸੇ ਗਏ ਤੋਂ ਇਲਾਵਾ ਮ੍ਰਿਤਕ ਦੇ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਤਸਦੀਕਸ਼ੁਦਾ ਹਲਫ਼ਨਾਮੇ ਦੇ ਨਾਲ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਨੂੰ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ

ਜਨਤਕ ਸੂਚਨਾ

ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ ਯੂ.ਟੀ., ਚੰਡੀਗੜ੍ਹ
ਵਿਸ਼ਾ - ਸਵਰਗੀ ਕ੍ਰਿਸ਼ਨ ਚੰਦ ਦੀ ਬੇਵਸੀਅਤੀ ਮੌਤ ਦੇ ਆਧਾਰ 'ਤੇ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ (CP 1752) ਦੇ 25.00% ਹਿੱਸੇ ਦੀ ਹੱਦ ਤੱਕ ਮਾਲਕੀ ਦਾ ਤਬਾਦਲਾ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ ਕ੍ਰਿਸ਼ਨ ਚੰਦ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ 25.00% ਹਿੱਸੇ ਦੀ ਹੱਦ ਤੱਕ ਮਾਲਕ ਹਨ।
ਅਨੁਰਾਧਾ, ਸਰੋਜ ਬਾਲਾ, ਰਜਨੀਸ਼ ਬਾਂਸਲ, ਅੰਜਲੀ ਗੁਪਤਾ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ ਕ੍ਰਿਸ਼ਨ ਚੰਦ ਦੀ ਮੌਤ 11.04.2013 ਨੂੰ ਹੋ ਗਈ ਸੀ ਅਤੇ ਉਨ੍ਹਾਂ ਨੇ ਮ੍ਰਿਤਕ ਮਾਲਕ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:- (1) **ਅੰਜਲੀ ਗੁਪਤਾ - ਧੀ**, (2) **ਸਰੋਜ ਬਾਲਾ - ਪਤਨੀ**, (3) **ਅਨੁਰਾਧਾ - ਧੀ**, (4) **ਰਜਨੀਸ਼ ਬਾਂਸਲ - ਪੁੱਤਰ**
ਹੁਣ, ਅਨੁਰਾਧਾ, ਸਰੋਜ ਬਾਲਾ, ਰਜਨੀਸ਼ ਬਾਂਸਲ, ਅੰਜਲੀ ਗੁਪਤਾ ਨੇ ਵਪਾਰਕ ਬੇ ਸ਼ਾਪ ਨੰਬਰ 262, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ ਸੰਬੰਧ ਵਿੱਚ ਸਵਰਗੀ ਕ੍ਰਿਸ਼ਨ ਚੰਦ ਦੁਆਰਾ ਆਪਣੇ ਹੱਕ ਵਿੱਚ ਰੱਖੇ ਗਏ 25.00% ਹਿੱਸੇ ਦੀ ਹੱਦ ਤੱਕ ਮਾਲਕੀ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ, ਜੋ ਕਿ ਗੈਰ-ਵਸਨੀ ਮੌਤ ਦੇ ਆਧਾਰ 'ਤੇ ਹੈ। ਜੇਕਰ ਕਿਸੇ ਕੋਲ ਉੱਪਰ ਦੱਸੇ ਗਏ ਤੋਂ ਇਲਾਵਾ ਮ੍ਰਿਤਕ ਦੇ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਤਸਦੀਕਸ਼ੁਦਾ ਹਲਫ਼ਨਾਮੇ ਦੇ ਨਾਲ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਨੂੰ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ

ਉੱਤਰ ਰੇਲਵੇ

ਟੈਂਡਰ ਸੂਚਨਾ
ਇਲੈਕਟ੍ਰੋਨਿਕ ਟੈਂਡਰ ਈ-ਪ੍ਰਣਾਲੀ ਦੇ ਅੰਤਰਗਤ ਮਦਾਂ ਦੀ ਆਪੂਰਤੀ ਲਈ ਟੈਂਡਰ ਮੰਗ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ, ਉੱਤਰ ਰੇਲਵੇ ਜਗਾਧਰੀ ਵਰਕਸ਼ਾਪ-135002 ਦੁਵਾਰਾ ਫਰਮਾਂ ਨੂੰ ਹੇਠਾ ਲਿਖੇ ਮਦਾਂ ਦੇ ਲਈ ਈ-ਟੈਂਡਰਾ ਦੇ ਦੁਵਾਰਾ ਤੋਂ ਮੰਗ ਕੀਤੀ ਜਾਂਦੀ ਹੈ :-

ਲ. ਨੰ:	ਟੈਂਡਰ ਨੰਬਰ	ਸੰਖੇਪ ਵੇਰਵਾ	ਮਾਤਰਾ	ਬੰਦ ਹੋਣ ਦੀ ਮਿਤੀ
1.	61257202A	EOT ਕ੍ਰੇਨ 10 ਟਨ	03	30 ਅਪ੍ਰੈਲ 2026

ਟੈਂਡਰ ਸ਼ਰਤਾਂ : 1. ਪੂਰੀ ਜਾਣਕਾਰੀ IREPS ਵੇਬਸਾਈਟ ਯਾਨਿ **www.ireps.gov.in** ਉਤੇ ਦੇਖੀ ਜਾਂ ਸਕਦੀ ਹੈ। **2.** ਮੈਨੂੰਅਲ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ।
ਟੈਂਡਰ ਨੋਟਿਸ ਨੰਬਰ : 61257202A
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ **881/26**

ਪੈਨਸ਼ਨਰਾਂ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਸ. ਐਸ.ਪੀ.ਐਸ. ਓਬਰਾਏ ਵੱਲੋਂ ਵਧਾਈ ਪੈਨਸ਼ਨ ਦਾ ਕੀਤਾ ਧੰਨਵਾਦ

ਫਤਿਹਗੜ੍ਹ ਸਾਹਿਬ ,16 ਮਾਰਚ (ਹਰਪ੍ਰੀਤ ਕੌਰ ਟਿਵਾਣਾ) : ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਸਰਦਾਰ ਐਸ.ਪੀ.ਐਸ. ਓਬਰਾਏ ਦੇ ਨਿਰਦੇਸ਼ਾਂ ਤੇ ਜ਼ਿਲ੍ਹਾ ਯੂਨਿਟ ਫ਼ਤਿਹਗੜ੍ਹ ਸਾਹਿਬ ਵੱਲੋਂ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਮੀਤ ਪ੍ਰਧਾਨ ਸ੍ਰੀ ਜੈ ਕ੍ਰਿਸਨ ਸਾਬਕਾ ਡੀ.ਪੀ.ਆਰ. ਓ., ਪਰਮਜੀਤ ਸਿੰਘ ਹਰੀਪੁਰ ਸੈਕਟਰੀ ਵੱਲੋ 200 ਦੇ ਕਰੀਬ ਲੋੜਵੰਦ, ਵਿਧਵਾਵਾਂ, ਅੰਗਹੀਣ, ਬਿਮਾਰੀ ਤੋਂ ਪੀੜ੍ਹਤਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈਕ ਤਕਸੀਮ ਕੀਤੇ ਗਏ। ਇਸ ਮੌਕੇ ਜਿਥੇ ਟਰੱਸਟ ਦੇ ਬਾਨੀ ਐਸ.ਪੀ. ਐਸ ਓਬਰਾਏ ਨੇ ਸਰਬੱਤ ਦਾ ਭਲਾ ਟਰੱਸਟ ਨਾਲ ਜੁੜ ਕੇ ਪੈਨਸ਼ਨਾਂ ਲੈ ਰਹੇ ਲਾਭਪਾਤਰੀਆਂ ਦੀ ਸਿਹਤਯਾਬੀ ਲਈ ਕਾਮਨਾ ਕਰਦੇ ਹੋਏ ਆਖਿਆ ਕਿ ਸਾਨੂੰ ਹਮੇਸ਼ਾ ਗੁਰੂ ਸਾਹਿਬਾਨ ਵਲੋਂ ਦਰਸਾਏ ਸੱਚ ਦੇ ਮਾਰਗ 'ਤੇ ਚਲਣਾ ਚਾਹੀਦਾ ਹੈ ਉਥੇ ਪੈਨਸ਼ਨਰਾ ਨੇ ਉਬਰਾਏ ਸਾਹਿਬ ਦਾ ਪੈਨਸ਼ਨ ਵਧਾਉਣ ਲਈ ਧੰਨਵਾਦ ਕਰਦਿਆਂ ਉਨ੍ਹਾਂ ਦੀ ਲੰਮੀ ਉਮਰ ਲਈ ਅਰਦਾਸ ਵੀਂ ਕੀਤੀ। ਇਸ ਮੌਕੇ ਪ੍ਰਧਾਨ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਹਰ ਮਹੀਨੇ ਸ੍ਰੀ ਐਸ ਪੀ ਐਸ ਓਬਰਾਏ ਸਾਹਿਬ ਲੱਖਾਂ ਰੁਪਏ ਆਪਣੀ ਕਿਰਤ ਕਮਾਈ 'ਚੋਂ ਜ਼ਰੂਰਤਮੰਦ ਲੋਕਾਂ ਨੂੰ ਪੈਨਸ਼ਨਾਂ ਦੇ ਰੂਪ ਵਿੱਚ ਦਿੰਦੇ ਹਨ ਅਤੇ ਹੋਰ ਸਮਾਜਿਕ ਖੇਤਰਾਂ ਵਿਚ ਵੀ ਵੱਡੀ ਆਰਥਿਕ ਸੇਵਾ ਨਿਭਾ ਰਹੇ ਹਨ।ਉਨ੍ਹਾਂ ਦੱਸਿਆ ਸਰਬੱਤ ਦਾ ਭਲਾ ਟਰੱਸਟ ਵੱਲੋਂ ਹੁਸ਼ਿਆਰ ਬੱਚਿਆਂ ਦੀਂ ਹਾਇਰ ਐਜੂਕੇਸ਼ਨ ਲਈ ਸਕਾਲਰਸ਼ਿਪ ਵੀਂ ਦਿੱਤੀ ਜਾਂਦੀ ਹੈ।ਇਸ ਮੌਕੇ ਹਰਵਿੰਦਰ ਸਿੰਘ, ਦਲਵਿੰਦਰ ਸਿੰਘ, ਦਫਤਰ ਇੰਚਾਰਜ ਜਸਵੰਤ ਸਿੰਘ ਵੀਂ ਮੌਜੂਦ ਸਨ ।

'ਆਪ' ਸਰਕਾਰ ਨੇ ਮਹਿਲਾਵਾਂ ਨੂੰ 1000 ਰੁਪਏ ਦੇਣ ਦਾ ਵਾਅਦਾ ਕੀਤਾ ਪੂਰਾ: ਚਤਰ ਸਿੰਘ ਔਲਖ

ਘੁਮਾਣ/ ਸ੍ਰੀ ਹਰਗੋਬਿੰਦਪੁਰ ਸਾਹਿਬ, 16 ਮਾਰਚ (ਡਾਕਟਰ ਨਰਿੰਦਰ ਸਿੰਘ ਘੁਮਾਣ ਜਗੀਰ ਸਿੰਘ ਮੰਡ) : ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣਾਂ ਦੌਰਾਨ ਮਹਿਲਾਵਾਂ ਨਾਲ ਕੀਤਾ ਇੱਕ ਹੋਰ ਵੱਡਾ ਵਾਅਦਾ ਪੂਰਾ ਕਰ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਚਤਰ ਸਿੰਘ ਔਲਖ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਅਤੇ ਐਸ ਸੀ ਮਹਿਲਾਵਾਂ ਨੂੰ 1500 ਰੁਪਏ ਦੇਣ ਦੀ ਗਾਰੰਟੀ ਪੂਰੀ ਕਰਕੇ ਸਾਬਤ ਕਰ ਦਿੱਤਾ ਹੈ ਕਿ ਉਹ 'ਕਥਨੀ ਅਤੇ ਕਰਨੀ' ਦੀ ਪੱਕੀ ਹੈ।ਚਤਰ ਸਿੰਘ ਔਲਖ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਮੈਨੀਫੈਸਟੋ ਵਿੱਚ ਕੀਤੇ ਗਏ ਸਾਰੇ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ।ਬਿਜਲੀ ਮੁਫ਼ਤ ਕਰਨ ਤੋਂ ਬਾਅਦ, ਹੁਣ ਮਹਿਲਾਵਾਂ ਨੂੰ ਮਾਲੀ ਸਹਾਇਤਾ ਦੇਣ ਦਾ ਫੈਸਲਾ ਇਤਿਹਾਸਕ ਹੈ।ਇਸ ਨਾਲ ਸੂਬੇ ਦੀਆਂ ਔਰਤਾਂ ਆਰਥਿਕ ਤੌਰ 'ਤੇ ਵਧੇਰੇ ਸੁਤੰਤਰ ਅਤੇ ਮਜ਼ਬੂਤ ਹੋਣਗੀਆਂ।ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਸਿਰਫ਼ ਗੱਲਾਂ ਕਰਦੀਆਂ ਸਨ, ਪਰ 'ਆਪ' ਸਰਕਾਰ ਅਸਲ ਵਿੱਚ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ।ਇਸ ਮੌਕੇ ਸਰਪੰਚ ਸੁਰਜੀਤ ਸਿੰਘ ਔਲਖ ਕਲਾਂ, ਸਰਪੰਚ ਗੁਰਜੀਤ ਸਿੰਘ ਔਲਖ ਬੇਟ, ਸਰਪੰਚ ਲਾਭ ਸਿੰਘ ਕਠਾਣਾ,ਮੰਗਲ ਸਿੰਘ ਸੇਠ ਪੰਚ, ਪ੍ਰੇਮ ਸਿੰਘ ਪੰਚ, ਅਵਤਾਰ ਸਿੰਘ ਯੂਥ ਪ੍ਰਧਾਨ, ਹਰਮਨਜੀਤ ਸਿੰਘ ਯੂਥ ਪ੍ਰਧਾਨ ਅਤੇ ਸਾਰੀ ਔਲਖ ਟੀਮ ਹਾਜ਼ਰ ਸਨ।

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ

(Regd. Office: PSEB Head Office, The Mall, Patiala)
Corporate Identification Number U40109PB2010SG033813
Website (www.pspcl.in) Contact No. 96461-19170

ਟੈਂਡਰ ਇਨਕੁਆਰੀ ਨੰ: 70/CCM/LDH/2025-26 — ਮਿਤੀ : **16.03.2026**
ਦਫ਼ਤਰ : ਸੀਨੀਅਰ ਕਾਰਜਕਾਰੀ ਇੰਜੀਨੀਅਰ, ਸਿਵਲ ਨਿਰਮਾਣ ਅਤੇ ਸਾਂਭਸੰਭਾਲ ਮੰਡਲ, ਕੋਠੀ ਨੰ. ਏ-2, ਪਾਵਰ ਕਲੋਨੀ ਨੰ. 1, ਫਿਰੋਜ਼ਪੁਰ ਰੋਡ, ਸਰਾਭਾ ਨਗਰ, ਪੀ.ਐਸ.ਪੀ.ਸੀ.ਐਲ., ਲੁਧਿਆਣਾ ਦੇ ਦਫ਼ਤਰ ਵੱਲੋਂ Construction of Boundary cum Retaining Wall at Residential cum Office Complex, Sarabha Nagar, Ludhiana ਦੇ ਕੰਮ ਕਰਨ ਸੰਬੰਧੀ ਖੁੱਲ੍ਹਾ ਟੈਂਡਰ ਸੱਦਿਆ ਜਾਂਦਾ ਹੈ। ਸੰਖੇਪ NIT ਅਤੇ ਟੈਂਡਰ ਸਪੈਸੀਫਿਕੇਸ਼ਨ eproc.punjab.gov.in ਉੱਪਰ ਉਪਲਬੱਧ ਹੈ।
ਨੋਟ : ਕੋਰੀਜ਼ੰਡਮ ਅਤੇ ਜੋੜ (ਜੇਕਰ ਕੋਈ ਹੈ), **eproc.punjab.gov.in** ਤੇ ਅਪਲੋਡ ਕੀਤਾ ਜਾਵੇਗਾ।
C 383 / 26
Ro No. PR Advt. No.: 1079 / 12 / 2025-26 / 9508 / Dated CHD : 16.03.2026

ਪਬਲਿਕ ਨੋਟਿਸ
ਦੁਕਾਨ ਕਿਰਾਏ ਤੇ ਦੇਣ ਸਬੰਧੀ

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਗਰ ਕੌਂਸਲ ਲਾਲੜੂ ਵੱਲੋਂ ਪੰਚਾਇਤੀ ਮਾਰਕਿਟ ਵਿਖੇ ਦੁਕਾਨ ਨੰ. 68 ਅਤੇ 69 ਨੂੰ ਕਿਰਾਏ ਤੇ ਦੇਣ ਲਈ ਖੁੱਲ੍ਹੀ ਬੋਲੀ ਮਿਤੀ 06.04.2026 ਸਮਾਂ 12:00 ਵਜੇ ਦਫ਼ਤਰ ਨਗਰ ਕੌਂਸਲ ਲਾਲੜੂ ਵਿਖੇ ਕੀਤੀ ਜਾਵੇਗੀ। ਇਸ ਬੋਲੀ ਵਿੱਚ ਕੋਈ ਵੀ ਵਿਅਕਤੀ 100000/- ਰੁਪਏ ਬਿਆਨਾ ਰਕਮ ਜਮ੍ਹਾਂ ਕਰਕੇ ਹਿੱਸਾ ਲੈ ਸਕਦਾ ਹੈ। ਬੋਲੀ ਦੀਆਂ ਸ਼ਰਤਾਂ ਦਫ਼ਤਰੀ ਸਮੇਂ ਵਿੱਚ ਦਫ਼ਤਰ ਵਿਖੇ ਦੇਖੀਆਂ ਜਾ ਸਕਦੀਆਂ ਹਨ। ਕਿਸੇ ਕਾਰਨ ਛੁੱਟੀ ਹੋਣ ਦੀ ਸੂਰਤ ਵਿੱਚ ਬੋਲੀ ਅਗਲੇ ਕੰਮਕਾਜ ਵਾਲੇ ਦਿਨ ਕੀਤੀ ਜਾਵੇਗੀ। ਬੋਲੀ ਰੱਦ ਕਰਨ ਦੇ ਅਧਿਕਾਰ ਪ੍ਰਧਾਨ ਨਗਰ ਕੌਂਸਲ ਲਾਲੜੂ/ਕਾਰਜ ਸਾਧਕ ਅਫ਼ਸਰ ਕੋਲ ਹੋਣਗੇ।

ਪ੍ਰਧਾਨ,
ਨਗਰ ਕੌਂਸਲ ਲਾਲੜੂ।
ਕਾਰਜ ਸਾਧਕ ਅਫ਼ਸਰ
ਨਗਰ ਕੌਂਸਲ ਲਾਲੜੂ
Ro No. PR Advt. No.: 1808 / 12 / 2025-26 / 9484 / Dated CHD : 16.03.2026

ਪੰਜਾਬ ਸਰਕਾਰ

ਟੈਂਡਰ ਸੂਚਨਾ ਹਵਾਲਾ ਨੰ. ਈ-ਟੈਂਡਰ-ਈਓ/ਐਮਸੀ/ਦਸੂਹਾ/2025-26/18
ਵਿਭਾਗ : ਨਗਰ ਕੌਂਸਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਸਿਵਲ ਕੰਮਾਂ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ।
ਸ਼ੁਰੂਆਤੀ ਮਿਤੀ ਅਤੇ ਸਮਾਂ : ਮਿਤੀ : 14.03.2026 **ਅਤੇ ਸਮਾਂ : ਸਵੇਰੇ** 10.00 **ਵਜੇ**
ਬੰਦ ਹੋਣ ਦੀ ਮਿਤੀ ਅਤੇ ਸਮਾਂ : ਮਿਤੀ : 21.03.2026 **ਅਤੇ ਸਮਾਂ : ਸ਼ਾਮ** 05.00 **ਵਜੇ**
ਵੇਰਵਿਆਂ ਲਈ ਲਾਗ ਆਨ ਕਰੋ : http://eproc.punjab.gov.in
ਸੂਚਨਾ : ਟੈਂਡਰ ਸੂਚਨਾ ਸਬੰਧੀ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

ਸਹੀ/-
ਪ੍ਰਧਾਨ,
ਨਗਰ ਕੌਂਸਲ ਦਸੂਹਾ
ਸਹੀ/-
ਕਾਰਜਕਾਰੀ ਅਧਿਕਾਰੀ,
ਨਗਰ ਕੌਂਸਲ ਦਸੂਹਾ
RO.No.PR-Advt.No.1562/12/2025-26/9492/Dated CHD : 16/03/2026

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ

ਰਜਿਸਟਰਡ ਆਫ਼ਿਸ : ਪੰ: ਰਾ: ਬਿ: ਬੋ: ਹੈੱਡ ਆਫ਼ਿਸ, ਦੀ ਮਾਲ ਪਟਿਆਲਾ-147001
ਕਾਰਪੋਰੇਟ ਆਈਡੈਂਟਟੀ ਨੰਬਰ : U40109PB2010SGC033813 ਵੈਬ ਸਾਈਟ www.pspcl.in
(ਮੋਬਾਇਲ ਨੰ: 96461-10861) email: xen-civil-works-mkt1@pspcl.in

ਟੈਂਡਰ ਇਨਕੁਆਰੀ ਨੰ. 35 / CWD / MKS / 2025-26 Dated : 16.03.2026
ਸੀਨੀਅਰ ਕਾਰਜਕਾਰੀ ਇੰਜੀਨੀਅਰ/ਸਿਵਲ ਨਿਰਮਾਣ ਮੰਡਲ, 132 ਕੇ.ਵੀ. ਗਰਿੱਡ ਕੰਪਲੈਕਸ, ਪੀ.ਐਸ.ਪੀ.ਸੀ.ਐਲ., ਸ੍ਰੀ ਮੁਕਤਸਰ ਸਾਹਿਬ, 152026 ਦੇ ਦਫ਼ਤਰ ਵੱਲੋਂ 66 ਕੇ.ਵੀ. ਸ/ਸ ਦਲੇਲ ਸਿੰਘ ਵਾਲਾ (ਅਧੀਨ ਵੰਡ ਹਲਕਾ ਬਠਿੰਡਾ) ਵਿਖੇ ਇੱਕ ਨੰ: ਲਾਈਨ ਬੇਅ ਅਤੇ ਸਬੰਧਤ ਸਿਵਲ ਵਰਕਸ ਦੇ ਕੰਮਾਂ ਦੀ ਉਸਾਰੀ ਸੰਬੰਧੀ ਓਪਨ ਟੈਂਡਰ ਮੰਗੇ ਜਾਂਦੇ ਹਨ।
ਵਿਸਤ੍ਰਿਤ ਟੈਂਡਰ ਮੰਗ ਨੋਟਿਸ ਅਤੇ ਟੈਂਡਰ ਸਪੈਸੀਫਿਕੇਸ਼ਨਾਂ ਵੈੱਬਸਾਈਟ "https://www.pspcl.in" ਉੱਪਰ ਮਿਤੀ 16.03.2026 05:00 PM ਵਜੇ ਤੋਂ ਵੇਖੇ ਜਾ ਸਕਦੇ ਹਨ।
ਨੋਟ : ਸੋਧ ਸਬੰਧੀ ਵੇਰਵੇ ਜੇਕਰ ਕੋਈ ਹੋਏ ਤਾਂ ਵੈੱਬਸਾਈਟ **"https://www.pspcl.in"** ਤੇ ਵੇਖੇ ਜਾਣ।
C 389 / 26
Ro No. PR Advt. No.: 1079 / 12 / 2025-26 / 9516 / Dated CHD : 16.03.2026

ਭਾਰਤੀਯ ਰੇਲ
ਪਟਿਆਲਾ ਲੋਕੋਮੋਟਿਵ ਵਰਕਸ

(ਪਹਿਲਾ ਵਿਚ ਡੀਜ਼ਲ ਰੇਲਇੰਜਨ ਆਧੁਨਿਕੀਕਰਣ ਕਾਰਖਾਨਾ)
ਪਟਿਆਲਾ-147 003
ਟੇਲੀਫੋਨ : 0175-2396000, 2396001 ਫੈਕਸ : 91-0175-2306413

ਟੈਂਡਰ/ਦਰ ਅਨੁਬੰਧ ਸੂਚਨਾ
ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਪ੍ਰਮੁੱਖ ਮੁੱਖ ਚਿਕਿਤਸਾ ਅਧਿਕਾਰੀ, ਪੀ.ਐਲ.ਡਬਲਯੂ/ਪਟਿਆਲਾ ਦੁਆਰਾ ਹੇਠਾ ਕੰਮ ਲਈ ਕੇਵਲ ਪਟਿਆਲਾ ਦੇ ਸਪਲਾਇਰਾਂ ਤੋਂ ਆਵੇਦਲ ਪੱਤਰ ਮੰਗ ਕੀਤੇ ਜਾਂਦੇ ਹਨ।

ਕੰਮ ਦਾ ਨਾਮ	ਅਨੁਮਾਨਿਤ ਖਰੀਦ (ਰੁਪਏ)	ਸਮਾਂ	ਆਵੇਦਲ ਜਮਾ ਕਰਨ ਦੀ ਆਖਰੀ ਮਿਤੀ ਅਤੇ ਸਮਾ
ਪੀਐਲਡਬਲਸੂ ਰੇਲਵੇ ਹਸਪਤਾਲ ਦੇ ਲਈ ਦਵਾਈਆ, ਚਿਕਿਤਸਾ ਅਤੇ ਸ਼ਲਪ ਚਿਕਿਤਸਾ ਉਪਕਰਣਾ ਅਤੇ ਉਪਕਰਣਾਂ, ਬੀਪੀ ਜਾਂ ਪੂਰਵ-ਅਸ਼ੋਧੀਯ ਦਵਾਈਆਂ ਦੀ ਸਥਾਲੀਯ ਖਰੀਦ ਅਤੇ ਆਪੂਰਤੀ, ਅਤੇ ਦਵਾਈਆਂ, ਐਕਸ-ਰੇ ਫਿਲਮਾਂ, ਰਸਾਇਣਾਂ, ਪ੍ਰਯੋਗਸ਼ਾਲਾ ਕਿਟ, ਫਿਲਮ ਬ੍ਰੈਜ, ਜਿੰਕ ਆਕਸਾਇਡ ਕ੍ਰੇਪ, ਲੇਚਦਾਰ ਚਿਪਕਾਨੇ ਵਾਲੀ ਪੱਟੀਆਂ, ਉਨ, ਸੂਤੀ ਕਪੜਾ, ਲਿਨਨ, ਕੈਟਗਟ, ਸੂਈ, ਸਿਰਿੰਜ ਆਦਿ ਦੀ ਸਥਾਨੀਯ ਖਰੀਦ ਦੇ ਲਈ ਦੈਨਿਕ ਆਧਾਰ ਉਤੇ ਦਰ ਅਨੁਬੰਧ।	65 ਲੱਖ ਲਗਭਗ	02 ਸਾਲ	30.03.2026 15:00 ਵਜੇ

* ਆਪੂਰਤੀਕਰਤਾਵਾ ਨੂੰ ਸਾਰੇ ਜ਼ਰੂਰੀ ਦਸਤਾਵੇਜ਼ਾਂ ਦੇ ਨਾਲ ਆਵੇਦਲ ਜਮਾ ਕਰਨਾ ਹੋਵੇਗਾ, ਜਿਨ੍ਹਾਂ ਨੂੰ ਵੈੱਬਸਾਈਟ **www.ireps.gov.in** ਉਤੇ ਅਤੇ **plw.indianrailways.gov.in** ਤੋਂ ਪ੍ਰਾਪਤ/ਡਾਊਨਲੋਡ ਕੀਤਾ ਜਾ ਸਕਦਾ ਹੈ। ਟੈਂਡਰ ਨੰ; **PLWMED13LP2026** ਮਿਤੀ : **09.03.2026**
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ **882/2026**

ਉਤਰ ਰੇਲਵੇ

ਖੁਲ੍ਹੀ ਨਿਵਿਦਾ ਸੂਚਨਾ ਨੰਬਰ ETrU-T-15-2025-26
ਸੀਨੀ. ਮੰਡਲ ਬਿਜਲੀ ਇੰਜਿਨੀਅਰ/ਕ.ਵਿ./ ਉਤਰ ਰੇਲਵੇ, ਅੰਬਾਲਾ ਛਾਊਣੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਕੰਮਾਂ ਦੇ ਲਈ ਈ-ਟੈਂਡਰਿੰਗ ਦੇ ਮਾਧਿਅਮ ਨਾਲ ਟੈਂਡਰਾਂ ਦੀ ਮੰਗ ਕਰਦੇ ਹਨ। ਇਨਾਂ ਟੈਂਡਰਾਂ ਨੂੰ ਹਰੇਕ ਕੰਮ ਦੇ ਅਗੇ ਦਰਸਾਈ ਗਈ ਮਿਤੀ ਨੂੰ 15:00 ਵਜੇ ਤਕ www.ireps.gov.in ਤੇ ਅਪਲੋਡ ਕੀਤਾ ਜਾ ਸਕਦਾ ਹੈ। ਇਨਾਂ ਨੂੰ 15:00 ਵਜੇ ਦੇ ਉਪਰੰਤ ਤੁਰੰਤ ਖੋਹਲਿਆ ਜਾਵੇਗਾ।

ਲ. ਨੰ.	ਟੈਂਡਰ ਨੰਬਰ	ਕੰਮ ਦਾ ਵੇਰਵਾ	ਟੈਂਡਰ ਬੰਦ/ ਖੁਲਣ ਦੀ ਮਿਤੀ	ਲਗਭਗ ਲਾਗਤ	ਬਿਆਨਾ ਰਾਸ਼ੀ	ਕੰਮ ਪੂਰਾ ਕਰਨ ਦਾ ਸਮਾਂ	ਵੈਲਿਡ ਸਮਾਂ	ਟੈਂਡਰ ਫਾਰਮ ਦੀ ਕੀਮਤ
1.	ETrU-T-15-2025-26	25 ਕੇਵੀ ਏਸੀ 50 ਹਟ੍ਰਜ਼ ਓਐਚਈ ਦਾ ਡਿਜਾਇਨ, ਸਪਲਾਈ, ਪ੍ਰੀਖਸ਼ਣ ਅਤੇ ਕਮਿਸ਼ਨਿੰਗ ਦੇ ਸਬੰਧ ਵਿਚ 20000 ਤੋਂ ਜਿਆਦਾ ਟੀਵੀਯੂ ਵਾਲੇ ਮਾਨਵਯੁਕਤ ਗੈਰ- ਇੰਟਰਲਾਕਡ 23 ਐਲ-ਜਿੰਗ ਗੇਟਾਂ ਦੀ ਇੰਟਰਲਾਕਿੰਗ ਲਈ ਕੰਮ।	02.04.2026	₹3,45,43,673.41/-	₹3,22,700/-	09 ਮਹੀਨੇ	60 ਦਿਨ	Downloading through IREPS portal-NIL, (₹10,000/- Sr.DEE/ TRD/UMB ਆਫਿਸ ਤੋਂ ਹਾਰਡ ਕਾਪੀ ਦੇ ਲਈ)

1. ਟੈਂਡਰਕਾਰ ਨੂੰ ਸਾਰੀਆਂ ਜ਼ਰੂਰੀ ਯੋਗਤਾ ਦਸਤਾਵੇਜ ਅਤੇ PAN/GSTIN ਦੀ Scanned Copies IRESP ਪੋਰਟਲ ਤੇ ਅਪਲੋਡ ਕਰਨੀ ਹੈ। **2.** ਟੈਂਡਰਕਾਰ ਦੇ ਕੋਲ ਈ-ਟੈਂਡਰ ਵਿਚ ਭਾਗ ਲੈਣ ਦੇ ਲਈ Class-III Digital Signature Certificate ਹੋਣੀ ਚਾਹੀਦੀ। **3.** ਕੰਮ ਵਿਚ GST, BOCWW, Income Tax ਅਤੇ ਨਿਯਮ ਅਨੁਸਾਰ ਜ਼ਰੂਰੀ ਟੈਕਸ ਲਾਗੂ ਹੋਣਗੇ। **4.** ਕੰਮ ਵਿਚ ਸਿਮਿਲਰ ਨੇਚਰ ਕੰਡੀਸ਼ਨ ਲਾਗੂ ਹੈ ਅਤੇ ਇਸ ਪ੍ਰਕਾਰ ਹੈ, ``Design, Drawing, supply, testing and commissioning of 50 Hz, Single 25 KV AC OHE **5.** ਟੈਂਡਰ ਡਾਕੂਮੈਂਟ ਅਤੇ ਟੈਂਡਰ ਸੂਚਨਾ ਦੀ ਵਿਸਤ੍ਰਿਤ ਜਾਣਕਾਰੀ ਦੇ ਲਈ ਰੇਲਵੇ ਦੀ ਵੈਬਸਾਈਟ www.ireps.gov.in ਤੇ ਜਾਓ।
ਨੰਬਰ: ETrU-T-15-2025-26 ਤਾਰੀਕ : 11.03.2026 **878/2026**
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਨਗਰ ਨਿਗਮ ਚੰਡੀਗੜ੍ਹ
ਈ-ਟੈਂਡਰ ਸੂਚਨਾ

ਲ. ਨੰ.	ਕੰਮ ਦਾ ਨਾਮ	ਬੋਲੀ ਜਮ੍ਹਾਂ ਸੂਚੀ (ਆਨਲਾਈਨ)	ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ)
	ਕਾਰਜਕਾਰੀ ਇੰਜੀਨੀਅਰ - ਐਸਡਬਲਿਊਐਮ ਡਵੀਜ਼ਨ ਐਮਸੀ		
1.	ਡੰਪਿੰਗ ਗਰਾਊਂਡ ਡੱਡੂਮਾਜਰਾ, ਯੂ. ਟੀ. ਚੰਡੀਗੜ੍ਹ ਵਿਖੇ ਭਰਤ ਅਤੇ ਪਟਿਆਲਾ ਕੀ ਰਾਓ ਮਿੱਟੀ ਦੀ ਚੁਕਾਈ ਅਤੇ ਡੀਸਿਲਟਿੰਗ। (ਪੁਨਰ-ਸੱਦਾ) **ਅਨੁਮਾਨਤ ਰਕਮ :** ਰੁ. 39,64,800/- **ਬਿਆਨਾ ਰਕਮ :** ਰੁ. 79,296/- **ਸਮਾਂ ਹੱਦ :** 15 ਦਿਨ **ਟੈਂਡਰ ਫੀਸ :** ਰੁ. 3,000/-	16.03.2026 at 5:00 P.M To 23.03.2026 at 11:00 A.M	23.03.2026 at 11:30 A.M
2.	ਸੈਕਟਰ 22 ਡੀ, ਚੰਡੀਗੜ੍ਹ ਦੀ ਮਾਰਕਿਟ/ਸ਼ੋਅਰੂਮਾਂ ਦੇ ਸਾਹਮਣੇ ਜਾਂ ਪਿਛੇ ਫਰਸ਼ ਦਾ ਵਿਕਾਸ। ਕੈਪੀਟਲ ਹੈਡ : ਸੜਕ/ਪਾਰਕਿੰਗ ਥਾਵਾਂ ਅਤੇ ਬੁਨਿਆਦੀ ਢਾਂਚਾ ਸਹੂਲਤਾਂ ਦਾ ਸੁਧਾਰ। **ਅਨੁਮਾਨਤ ਲਾਗਤ :** ਰੁ. 24.74 ਲੱਖ **ਬਿਆਨਾ ਰਕਮ :** ਰੁ. 59,480/- **ਸਮਾਂ ਹੱਦ :** 04 ਮਹੀਨੇ	16.03.2026 To 23.03.2026 upto 12.00 noon	23.03.2026 at 15.00 PM
3.	ਸੈਕਟਰ 22 ਸੀ ਅਤੇ ਡੀ, ਚੰਡੀਗੜ੍ਹ ਵਿਚ ਗੁਆਂਢੀ ਪਾਰਕਾਂ ਦੇ ਨਾਲ ਨੁਕਸਾਨੇ 60 ਐਮਐਮ ਮੋਟੇ ਪੇਵਰ ਬਲਾਕਾਂ ਦੀ ਮੁਰੰਮਤ। ਕੈਪੀਟਲ ਹੈਡ : ਸੜਕ/ਪਾਰਕਿੰਗ ਥਾਵਾਂ ਅਤੇ ਬੁਨਿਆਦੀ ਢਾਂਚਾ ਸਹੂਲਤਾਂ ਦਾ ਸੁਧਾਰ। **ਅਨੁਮਾਨਤ ਲਾਗਤ :** ਰੁ. 53.59 ਲੱਖ **ਬਿਆਨਾ ਰਕਮ :** ਰੁ. 1,07,175/- **ਸਮਾਂ ਹੱਦ :** 06 ਮਹੀਨੇ	16.03.2026 To 23.03.2026 upto 12.00 noon	23.03.2026 at 15.00 PM

ਨੋਟ :- ਸਾਰੇ ਹੋਰ ਨਿਯਮ ਅਤੇ ਸ਼ਰਤਾਂ ਅਤੇ ਮੁਕੰਮਲ ਡੀਐਨਆਈਟੀ ਵੈਬਸਾਈਟ https://etenders.chd.nic.in 'ਤੇ ਅਪਲੋਡ ਕੀਤੇ ਗਏ ਹਨ।
ਕਾਰਜਕਾਰੀ ਇੰਜੀਨੀਅਰ
ਐਸਡਬਲਿਊਐਮ ਡਵੀਜ਼ਨ, ਕਮਰਾ ਨੰ. 612, 6ਵੀਂ ਮੰਜ਼ਿਲ, ਨਿਊ ਡੀਲਕਸ ਬਿਲਡਿੰਗ, ਐਮਸੀ, ਸੈਕਟਰ-17, ਚੰਡੀਗੜ੍ਹ, ਈਮੇਲ ਆਈਡੀ : mcc.swm2020@gmail.com
ਅਤੇ ਸੜਕ ਮੰਡਲ ਨੰ. 3, ਕਮਰਾ ਨੰ. 311, ਐਮ.ਸੀ. ਚੰਡੀਗੜ੍ਹ, ਫੋਨ : 0172-5021482, xenroad3.mcc@chd.nic.in

ਇਸ਼ਤਿਹਾਰ ਨੰ.: 02/2026
ਕੇਂਦਰੀ ਸੰਸਕ੍ਰਿਤ ਯੂਨੀਵਰਸਿਟੀ

ਸੰਸਦ ਦੇ ਇੱਕ ਐਕਟ ਦੁਆਰਾ ਸਥਾਪਿਤ
56-57, ਸੰਸਥਾਗਤ ਖੇਤਰ, ਜਨਕਪੁਰੀ, ਨਵੀਂ ਦਿੱਲੀ-110058
ਵੈੱਬਸਾਈਟ: www.sanskrit.nic.in
NAAC ਦੁਆਰਾ ਗ੍ਰੇਡ '1' ਨਾਲ ਮਾਨਤਾ ਪ੍ਰਾਪਤ

ਭਰਤੀ ਸੂਚਨਾ

ਕੇਂਦਰੀ ਸੰਸਕ੍ਰਿਤ ਯੂਨੀਵਰਸਿਟੀ, ਦਿੱਲੀ, ਵੱਖ-ਵੱਖ ਗੈਰ-ਅਧਿਆਪਨ ਅਸਾਮੀਆਂ [ਰਜਿਸਟਰਾਰ-01, ਸਹਾਇਕ ਰਜਿਸਟਰਾਰ-02, ਸਿਸਟਮ ਐਨਾਲਿਸਟ-03, ਸੈਕਸ਼ਨ ਅਫਸਰ-11, ਨਰਸਿੰਗ ਅਫਸਰ-03, ਸਹਾਇਕ-10, ਗੈਸਟ ਹਾਊਸ ਮੈਨੇਜਰ-03, ਜੂਨੀਅਰ ਇੰਜੀਨੀਅਰ-03, ਪ੍ਰਾਈਵੇਟ ਅਸਿਸਟੈਂਟ-03, ਪ੍ਰੋਫੈਸ਼ਨਲ ਅਸਿਸਟੈਂਟ-04, ਟੈਕਨੀਕਲ ਅਸਿਸਟੈਂਟ (ਪੈਡਾਗੋਜੀ/ਐਜੂਕੇਸ਼ਨ ਲੈਬ)-03, ਟੈਕਨੀਕਲ ਅਸਿਸਟੈਂਟ (ਕੰਪਿਊਟਰ ਲੈਬ)-04, ਸਟੈਨੋਗ੍ਰਾਫਰ-08, ਅੱਪਰ ਡਿਵੀਜ਼ਨ ਕਲਰਕ-16, ਲਾਇਬ੍ਰੇਰੀ ਅਸਿਸਟੈਂਟ-01, ਲੋਅਰ ਡਿਵੀਜ਼ਨ ਕਲਰਕ-35, ਡਰਾਈਵਰ-01, ਮਲਟੀ-ਟਾਸਕਿੰਗ ਸਟਾਫ-22, ਲਾਇਬ੍ਰੇਰੀ ਅਟੈਂਡੈਂਟ-08, ਅਤੇ ਮੈਡੀਕਲ ਅਟੈਂਡੈਂਟ/ਡਰੈਸਰ-03) 'ਤੇ ਭਰਤੀ ਲਈ ਭਾਰਤੀ ਨਾਗਰਿਕਾਂ ਤੋਂ ਅਰਜ਼ੀਆਂ ਮੰਗਦੀ ਹੈ। ਉਪਰੋਕਤ ਅਸਾਮੀਆਂ ਸੰਬੰਧੀ ਵਿਦਿਅਕ ਯੋਗਤਾਵਾਂ, ਉਮਰ ਸੀਮਾਵਾਂ, ਭਰਤੀ ਪ੍ਰਕਿਰਿਆ, ਖਾਲੀ ਅਸਾਮੀਆਂ ਦੇ ਵੇਰਵੇ, ਅਰਜ਼ੀ ਪ੍ਰਕਿਰਿਆ, ਪ੍ਰੀਖਿਆ ਯੋਜਨਾ, ਚੋਣ ਪ੍ਰਕਿਰਿਆ, ਅਤੇ ਹੋਰ ਜ਼ਰੂਰੀ ਵਿਸਤ੍ਰਿਤ ਜਾਣਕਾਰੀ ਇਸ਼ਤਿਹਾਰ ਨੰਬਰ 02/2026 ਵਿੱਚ ਉਪਲਬਧ ਹੈ, ਜਿਸਨੂੰ ਯੂਨੀਵਰਸਿਟੀ ਦੀ ਵੈੱਬਸਾਈਟ, 'ਤੇ 16.03.2026 ਤੱਕ "ਭਰਤੀ/ਸੂਚਨਾ" ਸਿਰਲੇਖ ਹੇਠ ਦੇਖਿਆ ਜਾ ਸਕਦਾ ਹੈ। ਸਾਰੇ ਦਿਲਚਸਪੀ ਰੱਖਣ ਵਾਲੇ ਉਮੀਦਵਾਰਾਂ ਨੂੰ ਸਖ਼ਤੀ ਨਾਲ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਰਜ਼ੀ ਫਾਰਮ ਭਰਨ ਤੋਂ ਪਹਿਲਾਂ ਵਿਸਤ੍ਰਿਤ ਇਸ਼ਤਿਹਾਰ ਨੂੰ ਧਿਆਨ ਨਾਲ ਪੜ੍ਹਨ।

ਮਿਤੀ: 16.03.2026
ਸਹੀ/-
ਰਜਿਸਟਰਾਰ (ਇੰਚਾਰਜ)
CBC 21212/12/0007/2526

ਵਿਦਿਆ ਮਾਰਤੰਡ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ

160ਵੇਂ ਜਨਮ ਦਿਹਾੜੇ 'ਤੇ ਇੱਕ ਰੂਹਾਨੀ ਅਤੇ ਵਿੱਦਿਅਕ ਸਿਜਦਾ

ਵਿੰਕਲਜੀਤ ਸਿੰਘ ਸਰਾ
+91 9501477889

ਇੱਕ ਰੂਹਾਨੀ ਸੂਰਜ ਦਾ ਆਗਮਨ ਅਤੇ 160 ਸਾਲਾ ਇਤਿਹਾਸਕ ਯਾਤਰਾ : ਪੰਜਾਬ ਦੀ ਪਵਿੱਤਰ ਧਰਤੀ 'ਤੇ ਸਮੇਂ-ਸਮੇਂ ਅਜਿਹੀਆਂ ਇਲਾਹੀ ਰੂਹਾਂ ਨੇ ਜਨਮ ਲਿਆ ਹੈ ਜਿਨ੍ਹਾਂ ਨੇ ਮਨੁੱਖਤਾ ਦੇ ਭਟਕੇ ਹੋਏ ਰਾਹਾਂ ਨੂੰ ਗਿਆਨ ਦੀ ਰੌਸ਼ਨੀ ਨਾਲ ਰੁਸ਼ਨਾਇਆ। ਅੱਜ ਜਦੋ ਅਸੀ 17 ਮਾਰਚ ਨੂੰ ਵੀਹਵੀ ਸਦੀ ਦੇ ਮਹਾਨ ਤਪੱਸਵੀ, ਰੂਹਾਨੀ ਰਹਿਬਰ ਅਤੇ ਵਿਦਿਆ ਦੇ ਚਾਨਣ-ਮੁਨਾਰੇ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਵਾਲਿਆਂ ਦਾ 160ਵਾਂ ਜਨਮ ਦਿਹਾੜਾ ਮਨਾ ਰਹੇ ਹਾਂ ਤਾਂ ਸਾਰਾ ਵਿਸ਼ਵ ਉਨ੍ਹਾਂ ਦੇ ਮਹਾਨ ਕਾਰਜਾਂ ਨੂੰ ਨਤਮਸਤਕ ਹੋ ਰਿਹਾ ਹੈ। 1866 ਵਿੱਚ ਪਿੰਡ ਚੀਮਾ (ਸੰਗਰੂਰ) ਦੀ ਧਰਤੀ 'ਤੇ ਮਾਤਾ ਭੋਲੀ ਕੌਰ ਅਤੇ ਪਿਤਾ ਕਰਮ ਸਿੰਘ ਜੀ ਦੇ ਗ੍ਰਹਿ ਵਿਖੇ ਹੋਇਆ ਉਨ੍ਹਾਂ ਦਾ ਜਨਮ ਕੇਵਲ ਇੱਕ ਪਰਿਵਾਰਕ ਖੁਸ਼ੀ ਨਹੀ ਸੀ ਸਗੋ ਇਹ ਇੱਕ ਅਜਿਹੇ ਯੁੱਗ ਦਾ ਆਗਾਜ਼ ਸੀ, ਜਿਸ ਨੇ ਅੱਗੇ ਚੱਲ ਕੇ ਪੰਜਾਬੀ ਸਮਾਜ ਦੀ ਨੁਹਾਰ ਬਦਲਣੀ ਸੀ। 160 ਸਾਲ ਪਹਿਲਾਂ ਜਗਿਆ ਇਹ ਨੂਰ ਅੱਜ ਵੀ ਉਨ੍ਹਾਂ ਦੇ ਪੈਰੋਕਾਰਾਂ ਅਤੇ ਵਿਦਿਆ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੇ ਰੂਪ ਵਿੱਚ ਪੂਰੀ ਦੁਨੀਆ ਵਿੱਚ ਚਮਕ ਰਿਹਾ ਹੈ। ਸੰਤ ਜੀ ਨੇ ਧਰਮ ਨੂੰ ਕੇਵਲ ਕਰਮ-ਕਾਂਡਾਂ ਤੱਕ ਸੀਮਤ ਨਹੀਂ ਰੱਖਿਆ ਸਗੋ ਇਸ ਨੂੰ ਸਮਾਜਿਕ ਜ਼ਿੰਮੇਵਾਰੀ ਅਤੇ ਗਿਆਨ ਨਾਲ ਜੋੜ ਕੇ ਇੱਕ ਨਵੀ ਰਾਹ ਦਿਖਾਈ। ਉਨ੍ਹਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਧਰਮ ਦਾ ਅਸਲ ਮਤਲਬ ਮਨੁੱਖਤਾ ਦੀ ਸੇਵਾ ਅਤੇ ਹਿਰਦੇ ਵਿੱਚ ਗਿਆਨ ਦਾ ਦੀਵਾ ਜਗਾਉਣਾ ਹੈ।

ਤਿਆਗ, ਤਪੱਸਿਆ ਅਤੇ ਰੂਹਾਨੀ ਉਚਾਈਆਂ ਦਾ ਸ਼ਿਖ਼ਰ : ਸੰਤ ਅਤਰ ਸਿੰਘ ਜੀ ਦੀ ਸ਼ਖਸੀਅਤ ਵਿੱਚ ਬਚਪਨ ਤੋਂ ਹੀ ਇੱਕ ਅਜੀਬ ਨੂਰ ਅਤੇ ਸ਼ਾਂਤੀ ਸੀ। ਉਨ੍ਹਾਂ ਦਾ ਮਨ ਦੁਨਿਆਵੀ ਖੇਡਾਂ ਦੀ ਬਜਾਏ ਅਕਾਲ ਪੁਰਖ ਦੇ ਸਿਮਰਨ ਅਤੇ ਕੁਦਰਤ ਦੇ ਰਹੱਸਾਂ ਵਿੱਚ ਵਧੇਰੇ ਰਮਿਆ ਰਹਿੰਦਾ ਸੀ। ਆਪਣੀ ਜਵਾਨੀ ਦੇ ਦਿਨਾਂ ਵਿੱਚ ਫੌਜ ਵਿੱਚ ਭਰਤੀ ਹੋਣ ਦੇ ਬਾਵਜੂਦ, ਉਨ੍ਹਾਂ ਦੇ ਅੰਦਰਲਾ ਫਕੀਰ ਹਮੇਸ਼ਾ ਜਾਗਦਾ ਰਿਹਾ। ਫੌਜ ਦੀ ਨੌਕਰੀ ਦੌਰਾਨ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਤੋਂ ਬਾਅਦ ਉਨ੍ਹਾਂ ਨੇ ਅਜਿਹਾ ਮੋੜ ਲਿਆ ਕਿ 1888 ਵਿੱਚ ਵਰਦੀ ਉਤਾਰ ਕੇ ਪੂਰੀ ਤਰ੍ਹਾਂ ਮਨੁੱਖਤਾ ਦੇ ਲੇਖੇ ਲੱਗ ਗਏ। ਉਨ੍ਹਾਂ ਦੀ ਪੈਦਲ ਯਾਤਰਾ, ਜੋ ਚੀਮਾ ਸਾਹਿਬ ਤੋਂ ਸ਼ੁਰੂ ਹੋ ਕੇ ਹਜ਼ੂਰ ਸਾਹਿਬ ਨਾਂਦੇੜ ਅਤੇ ਫਿਰ ਰਿਸ਼ੀਕੇਸ਼ ਦੇ ਜੰਗਲਾਂ ਤੱਕ ਪਹੁੰਚੀ, ਉਨ੍ਹਾਂ ਦੇ ਅੰਦਰਲੇ ਕਠਿਨ ਤਪ ਦਾ ਸਬੂਤ ਹੈ। ਗੋਦਾਵਰੀ ਨਦੀ ਦੇ ਕੰਢੇ ਬੈਠ ਕੇ ਕਈ ਸਾਲ ਕੀਤੀ ਨਾਮ ਦੀ ਕਮਾਈ ਨੇ ਉਨ੍ਹਾਂ ਨੂੰ ਉਹ ਰੂਹਾਨੀ ਬਲ ਬਖਸ਼ਿਆ, ਜਿਸ ਨੇ ਲੱਖਾਂ ਪ੍ਰਾਣੀਆਂ ਦੀਆਂ ਜ਼ਿੰਦਗੀਆਂ ਬਦਲ ਦਿੱਤੀਆਂ। ਜਦੋ ਉਹ ਤਪੱਸਿਆ ਤੋ ਬਾਅਦ ਪੰਜਾਬ ਦੀ ਧਰਤੀ 'ਤੇ ਪਰਤੇ, ਤਾਂ ਉਨ੍ਹਾਂ ਦੇ ਕੀਰਤਨ ਅਤੇ ਪ੍ਰਵਚਨਾਂ ਨੇ ਇੱਕ ਅਜਿਹਾ ਪ੍ਰਭਾਵ ਪਾਇਆ ਕਿ ਲੋਕ ਮੰਤਰ-ਮੁਗਧ ਹੋ ਕੇ ਨਸ਼ਿਆਂ ਅਤੇ ਬੁਰਾਈਆਂ ਦਾ ਤਿਆਗ ਕਰਨ ਲੱਗੇ। ਉਨ੍ਹਾਂ ਦਾ ਪ੍ਰਚਾਰ ਸਿਰਫ਼ ਸਿੱਖੀ ਤੱਕ ਹੀ ਸੀਮਤ ਨਹੀ ਸੀ, ਸਗੋਂ ਉਨ੍ਹਾਂ ਨੇ ਮਨੁੱਖੀ ਜਾਤ ਨੂੰ ਇੱਕ ਸਮਾਨ ਸਮਝਣ ਦਾ ਉਪਦੇਸ਼ ਦਿੱਤਾ।

ਵਿਦਿਆ ਦਾ ਸੂਰਜ, ਮਸਤੂਆਣਾ ਸਾਹਿਬ ਅਤੇ ਵਿਸ਼ਵ-ਵਿਆਪੀ ਵਿਦਿਅਕ ਕ੍ਰਾਂਤੀ : ਸੰਤ ਅਤਰ ਸਿੰਘ ਜੀ ਦੇ ਜੀਵਨ ਦਾ ਸਭ ਤੋਂ ਉੱਚਾ ਪੜਾਅ ਉਨ੍ਹਾਂ ਦਾ ਵਿਦਿਅਕ ਮਿਸ਼ਨ ਸੀ। ਉਹ ਇਸ ਗੱਲ ਦੇ ਪੱਕੇ ਧਾਰਨੀ ਸਨ ਕਿ ਜੇਕਰ ਦੇਸ਼ ਅਤੇ ਕੌਮ ਨੇ ਆਜ਼ਾਦ ਹੋਣਾ ਹੈ ਅਤੇ ਤਰੱਕੀ ਕਰਨੀ ਹੈ ਤਾਂ ਆਧੁਨਿਕ ਸਿੱਖਿਆ ਅਤੇ ਅਧਿਆਤਮਿਕਤਾ ਦਾ ਸੁਮੇਲ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਮਸਤੂਆਣਾ ਸਾਹਿਬ ਵਿਖੇ 'ਗੁਰਸਾਗਰ' ਵਰਗੇ ਵਿਸ਼ਾਲ ਵਿਦਿਆਕ ਅਦਾਰੇ ਦੀ ਸਥਾਪਨਾ ਕੀਤੀ, ਜਿੱਥੇ ਧਰਮ ਦੇ ਨਾਲ-ਨਾਲ ਸਾਇੰਸ ਅਤੇ ਹੋਰ ਵਿਸ਼ਿਆਂ ਦੀ ਪੜ੍ਹਾਈ ਦਾ ਪ੍ਰਬੰਧ ਕੀਤਾ ਗਿਆ। ਉਨ੍ਹਾਂ ਦਾ ਨਾਅਰਾ ਸ਼ੁਭ ਗੁਣਾਂ ਦੇ ਨਾਲ ਉੱਚ-ਪੱਧਰੀ ਵਿਦਿਆ ਅੱਜ ਵੀ ਪੂਰੇ ਵਿਸ਼ਵ ਵਿੱਚ ਗੂੰਜ ਰਿਹਾ ਹੈ। ਸੰਤ ਜੀ ਦੀ ਵਿਦਵਤਾ ਦਾ ਸਤਿਕਾਰ ਕਰਦੇ ਹੋਏ ਹੀ ਪੰਡਿਤ ਮਦਨ ਮੋਹਨ ਮਾਲਵੀਆ ਜੀ ਨੇ ਉਨ੍ਹਾਂ ਨੂੰ ਬਨਾਰਸ ਹਿੰਦੂ ਯੂਨੀਵਰਸਿਟੀ (BHU) ਦੀ ਨੀਹ ਰੱਖਣ ਲਈ ਵਿਸ਼ੇਸ਼ ਸੱਦਾ ਦਿੱਤਾ ਸੀ। ਇਹ ਭਾਰਤ ਦੇ ਇਤਿਹਾਸ ਦਾ ਉਹ ਸੁਨਹਿਰੀ ਪੰਨਾ ਹੈ ਜਿੱਥੇ ਇੱਕ ਸਿੱਖ ਸੰਤ ਨੇ ਗਿਆਨ ਦੇ ਸਭ ਤੋਂ ਵੱਡੇ ਕੇਂਦਰ ਦੀ ਨੀਹ ਰੱਖੀ। ਅੱਜ 160 ਸਾਲਾਂ ਬਾਅਦ, ਉਨ੍ਹਾਂ ਦੇ ਮਿਸ਼ਨ ਨੂੰ ਅੱਗੇ ਵਧਾਉਂਦਿਆਂ ਬੜੂ ਸਾਹਿਬ ਅਤੇ ਕਲਗੀਧਰ ਟਰੱਸਟ ਵਰਗੀਆਂ ਸੰਸਥਾਵਾਂ ਪੂਰੀ ਦੁਨੀਆ ਵਿੱਚ ਸੈਂਕੜੇ ਅਕੈਡਮੀਆਂ ਚਲਾ ਰਹੀਆਂ ਹਨ ਜੋ ਕਿ ਸੰਤ ਜੀ ਦੇ ਉਸੇ ਸੁਪਨੇ ਨੂੰ ਸਾਕਾਰ ਕਰ ਰਹੀਆਂ ਹਨ, ਜਿਸ ਵਿੱਚ ਗਰੀਬ ਤੋਂ ਗਰੀਬ ਬੱਚਾ ਵੀ ਉੱਚੀ ਵਿਦਿਆ ਪ੍ਰਾਪਤ ਕਰ ਸਕੇ।



ਸੰਤ ਅਤਰ ਸਿੰਘ ਜੀ ਮਹਾਰਾਜ, ਮਸਤੂਆਣੇ ਵਾਲੇ
(1866 - 1927)

ਸਮਾਜ ਸੁਧਾਰ, ਇਸਤਰੀ ਸਿੱਖਿਆ ਅਤੇ ਅਮਰ ਵਿਰਾਸਤ : ਸੰਤ ਅਤਰ ਸਿੰਘ ਜੀ ਸਿਰਫ਼ ਰੂਹਾਨੀ ਰਹਿਬਰ ਹੀ ਨਹੀ ਸਨ ਸਗੋ ਉਹ ਇੱਕ ਮਹਾਨ ਸਮਾਜ ਸੁਧਾਰਕ ਵੀ ਸਨ। ਉਨ੍ਹਾਂ ਨੇ ਉਸ ਦੌਰ ਵਿੱਚ ਇਸਤਰੀ ਸਿੱਖਿਆ ਦੀ ਵਕਾਲਤ ਕੀਤੀ ਜਦੋਂ ਔਰਤਾਂ ਨੂੰ ਘਰਾਂ ਤੱਕ ਸੀਮਤ ਰੱਖਿਆ ਜਾਂਦਾ ਸੀ। ਉਨ੍ਹਾਂ ਦਾ ਮੰਨਣਾ ਸੀ ਕਿ ਜੇਕਰ ਇੱਕ ਧੀ ਪੜ੍ਹਦੀ ਹੈ ਤਾਂ ਪੂਰਾ ਖਾਨਦਾਨ ਪੜ੍ਹਦਾ ਹੈ। ਉਨ੍ਹਾਂ ਨੇ ਮਾਲਵਾ ਖੇਤਰ ਵਿੱਚ ਫੈਲੇ ਨਸ਼ਿਆਂ ਦੇ ਦਰਿਆ ਨੂੰ ਰੋਕਣ ਲਈ ਨਾਮ ਅਤੇ ਸੇਵਾ ਦੀ ਓਟ ਲਈ। ਅੱਜ ਜਦੋਂ ਅਸੀ ਉਨ੍ਹਾਂ ਦਾ 160ਵਾਂ ਜਨਮ ਦਿਹਾੜਾ ਮਨਾ ਰਹੇ ਹਾਂ, ਤਾਂ ਇਹ ਸਾਡੇ ਲਈ ਸਵੈ-ਪੜਚੋਲ ਦਾ ਸਮਾਂ ਹੈ। ਕੀ ਅਸੀ ਉਨ੍ਹਾਂ ਦੁਆਰਾ ਦਰਸਾਏ ਮਾਰਗ 'ਤੇ ਚੱਲ ਰਹੇ ਹਾਂ? ਉਨ੍ਹਾਂ ਦਾ ਜੀਵਨ ਸਾਦਗੀ, ਉੱਚ-ਵਿਚਾਰ ਅਤੇ ਮਨੁੱਖਤਾ ਦੀ ਸੇਵਾ ਦਾ ਸੁੰਦਰ ਸੁਮੇਲ ਸੀ। ਭਾਵੇਂ 31 ਜਨਵਰੀ 1927 ਨੂੰ ਉਹ ਸਰੀਰਕ ਤੌਰ 'ਤੇ ਸਾਡੇ ਤੋਂ ਵਿਛੜ ਗਏ, ਪਰ ਉਨ੍ਹਾਂ ਦੁਆਰਾ ਲਗਾਈਆਂ ਗਈਆਂ ਵਿਦਿਆ ਦੀਆਂ ਮਸ਼ਾਲਾਂ ਅੱਜ ਵੀ ਭਟਕੀ ਹੋਈ ਮਨੁੱਖਤਾ ਨੂੰ ਰਾਹ ਦਿਖਾ ਰਹੀਆਂ ਹਨ। 17 ਮਾਰਚ ਨੂੰ ਚੀਮਾ ਸਾਹਿਬ ਵਿਖੇ ਹੋਣ ਵਾਲੇ ਸਮਾਗਮ ਸਾਨੂੰ ਉਸ ਮਹਾਨ ਸ਼ਖਸੀਅਤ ਦੀ ਯਾਦ ਦਿਵਾਉਂਦੇ ਹਨ, ਜਿਸ ਨੇ ਪੰਜਾਬ ਦੀ ਧਰਤੀ 'ਤੇ ਗਿਆਨ ਦਾ ਸੂਰਜ ਚੜ੍ਹਾਇਆ ਸੀ। ਸਾਡਾ ਸੱਚਾ ਸਤਿਕਾਰ ਇਹੀ ਹੋਵੇਗਾ ਕਿ ਅਸੀ ਆਪਣੇ ਬੱਚਿਆਂ ਨੂੰ ਵਿਦਿਆ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜੀਏ ਤਾਂ ਜੋ ਸੰਤ ਜੀ ਦਾ ਸੁਪਨਾ ਪੂਰੀ ਤਰ੍ਹਾਂ ਸਾਕਾਰ ਹੋ ਸਕੇ।

ਰੁੱਖਾਂ ਨਾਲ ਬਾਤਾਂ ਪਾਉਣੀਆਂ...

ਰੁੱਖ ਵੀ ਦੁੱਖ-ਸੁੱਖ ਸਾਂਝੇ ਕਰਦੇ ਹਨ। ਕਦੇ ਉਨ੍ਹਾਂ ਨਾਲ ਗਲਵੱਕੜੀ ਪਾ ਕੇ ਦੇਖਿਓ, ਉਨ੍ਹਾਂ ਦੀ ਗੋਦ ਵਿੱਚ ਬਹਿ ਕੇ ਗੱਲਾਂ ਕਰਿਓ ਤੇ ਬਾਤਾਂ ਪਾਇਓ। ਜਦੋਂ ਤਪਦੀ ਧੁੱਪ ਤੜਫਾਉਂਦੀ ਹੈ ਤਾਂ ਕਿਸੇ ਸੰਘਣੇ ਰੁੱਖ ਦੀ ਮਾਂ ਵਰਗੀ ਛਾਂ ਲੱਭ ਕੇ ਸਵਰਗਾਂ ਦਾ ਨਜ਼ਾਰਾ ਮਹਿਸੂਸ ਕਰਦੇ ਹਾਂ। ਉਸ ਵੇਲੇ ਗੂੜ੍ਹੀ ਠੰਢੀ ਛਾਂ ਹੇਠ ਲੱਖਾਂ ਦੁੱਖ ਤੇ ਉਦਾਸੀਆਂ ਦੂਰ ਹੋ ਜਾਂਦੀਆਂ ਹਨ। ਰੁੱਖਾਂ ਨਾਲ ਆਪਣਾ ਸਮਾਂ ਬਿਤਾਉਣਾ ਮਨੁੱਖ ਦੀ ਅਸਲ ਘਰ ਵਾਪਸੀ ਹੁੰਦੀ ਹੈ। ਸ਼ਹਿਰਾਂ ਦੇ ਸ਼ੋਰ ਵਿੱਚ ਰਹਿੰਦਿਆਂ ਸਾਡੇ ਅੰਦਰ ਇੱਕ ਸੁੱਕਾ ਜੰਗਲ ਵਸ ਜਾਂਦਾ ਹੈ। ਸਾਡੀ ਰੂਹ ਮਿੱਟੀ ਦੀ ਖੁਸ਼ਬੂ ਮਾਨਣਾ ਚਾਹੁੰਦੀ ਹੈ, ਪੱਤਿਆਂ ਦੀ ਸਰਸਰਾਹਟ ਸੁਣਨਾ ਚਾਹੁੰਦੀ ਹੈ, ਰੁੱਖ ਦੀਆਂ ਟਹਿਣੀਆਂ ਨਾਲ ਝੂਲਣਾ ਚਾਹੁੰਦੀ ਹੈ। ਜਦੋਂ ਉਹ ਹੁਲਾਰੇ ਮਿਲਦੇ ਹਨ ਤਾਂ ਇੱਕ ਨਵਾਂ ਸੰਸਾਰ ਉਸਰ ਜਾਂਦਾ ਹੈ। ਉਸ ਚਮਤਕਾਰੀ ਕਾਇਨਾਤ ਵਿੱਚ ਖੇੜਾ ਆ ਕੇ ਵੱਸ ਜਾਂਦਾ ਹੈ। ਹਰ ਰੁੱਖ ਇੱਕ ਜੀਵੰਤ ਲੈਬੋਰੇਟਰੀ ਹੈ, ਜਿੱਥੇ ਆਕਸੀਜਨ, ਠੰਢਕ ਅਤੇ ਜੀਵਨ ਦੀ ਊਰਜਾ ਬਣਦੀ ਹੈ ਤੇ ਖੁੱਲ੍ਹੀ ਵਰਤਾਈ ਜਾਂਦੀ ਹੈ ਬਿਨਾਂ ਕਿਸੇ ਭੇਦ ਭਾਵ ਦੇ। ਸੱਚ ਇਹ ਹੈ ਕਿ ਜਦੋਂ ਅਸੀਂ ਰੁੱਖ ਹੇਠ ਬੈਠਦੇ ਹਾਂ, ਸਾਡਾ ਬਲੱਡ ਪ੍ਰੈਸ਼ਰ ਘਟਦਾ ਹੈ, ਦਿਲ ਦੀ ਧੜਕਣ ਸਾਧਾਰਨ ਹੁੰਦੀ ਹੈ ਅਤੇ ਸੋਚ ਸਾਫ਼ ਹੋ ਜਾਂਦੀ ਹੈ। ਮਨ ਸ਼ਾਂਤ ਹੋਣਾ ਕੋਈ ਅਧਿਆਤਮਕ ਕਹਾਣੀ ਨਹੀਂ, ਇਹ ਬਾਇਓਲੋਜੀਕਲ ਕਿਰਿਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਕੁਦਰਤ ਨੂੰ ਪ੍ਰਭੂ ਦੀ ਰਚਨਾ ਦਾ ਪ੍ਰਤੱਖ ਰੂਪ ਕਿਹਾ ਗਿਆ ਹੈ;

ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ।।

ਇਹ ਸ਼ਬਦ ਸਾਨੂੰ ਯਾਦ ਦਿਵਾਉਂਦੇ ਹਨ ਕਿ ਹਵਾ, ਪਾਣੀ, ਧਰਤੀ ਇਹ ਸਿਰਫ਼ ਤੱਤ ਨਹੀਂ, ਸਗੋਂ ਪਰਿਵਾਰਕ ਸਾਂਝਾਂ ਹਨ। ਸਾਹਾਂ ਦਾ ਪਿਆਰ ਤੇ ਗਲਵੱਕੜੀਆਂ ਦਾ ਮੋਹ। ਰੁੱਖ ਇਸ ਪਰਿਵਾਰ ਦੇ ਜਿਉਂਦੇ, ਜਾਗਦੇ ਤੇ ਹੱਸਦੇ ਹਸਾਉਂਦੇ ਸਾਡੇ ਸਕੇ ਰਿਸ਼ਤੇਦਾਰ ਤੇ ਲੰਗੋਟੀਏ ਯਾਰ ਹਨ। ਗੁਰਮਤਿ ਸਾਨੂੰ ਕੁਦਰਤ ਨਾਲ ਜੁੜਨ ਦੀ ਸਿੱਖਿਆ ਦਿੰਦੀ ਹੈ। ਜੋ ਮਨੁੱਖ ਰੁੱਖਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ, ਉਹ ਆਪਣੀਆਂ ਹੀ ਜੜ੍ਹਾਂ ਕੱਟਦਾ ਹੈ। ਜੋ ਰੁੱਖ ਲਗਾਉਂਦਾ ਹੈ, ਉਹ ਭਵਿੱਖ ਸਾਜਦਾ ਤੇ ਸਜਾਉਂਦਾ ਹੈ।

ਸਾਂਝੇ ਚੁੱਲ੍ਹੇ 'ਤੇ ਵੱਸਦਾ ਸੀ ਸਾਂਝਾ ਪਰਿਵਾਰ

ਐਡਵੋਕੇਟ ਰਵਿੰਦਰ ਸਿੰਘ ਧਾਲੀਵਾਲ
78374 90309

ਪੰਜਾਬ ਦੀ ਜੀਵਨ ਸ਼ੈਲੀ ਵਿਚ ਸਭਿਆਚਾਰ ਦੀ ਅਮਿੱਟ ਛਾਪ ਹੈ। ਜਿਸ ਦਾ ਚਾਨਣ ਰੋਜ਼-ਮੱਰਾ ਦੀ ਕਿਰਿਆ ਨੂੰ ਖੁਸ਼ੀਆਂ ਨਾਲ ਰਸ਼ਨਾਉਂਦਾ ਹੈ। ਇਸ ਦੀਆ ਮਿੱਥਾਂ, ਕਲਾ,ਰੀਤੀ-ਰਿਵਾਜ ਨਾਲ ਉਪਜੀ ਆਪਸੀ ਸਾਂਝ ਇਕ ਵੱਖਰੀ ਕਾਇਨਾਤ ਸਿਰਜਦੀ ਹੈ। ਸਭਿਆਚਾਰ ਬਾਰੇ ਮਹਾਤਮਾ ਗਾਂਧੀ ਜੀ ਲਿਖਦੇ ਹਨ "ਇੱਕ ਰਾਸ਼ਟਰ ਦਾ ਸਭਿਆਚਾਰ ਉਸ ਦੇ ਲੋਕਾਂ ਦੇ ਦਿਲਾਂ ਅਤੇ ਆਤਮਾ ਵਿੱਚ ਵਸਦਾ ਹੈ ਬਾਸ਼ਰਤੇ ਪੀੜ੍ਹੀ-ਦਰ-ਪੀੜ੍ਹੀ ਚੱਲਣਾ ਵੀ ਜਰੂਰੀ ਹੈ। "ਸਾਂਝੇ ਕਾਰਜ, ਸਮਾਜਿਕ ਵਿਵਹਾਰ ,ਖੁਸ਼ੀਆਂ ਗਮੀਆਂ ਦੀਆ ਰਸਮਾ ਅਤੇ ਮੋਹ ਦੀਆ ਤੰਦਾ ਨਾਲ ਬੱਝੇ ਸਾਂਝੇ ਪਰਿਵਾਰ ਗੁਰੂਆ ਦੀਆ ਬਖਸਿਸਾ ਹਨ। ਜਿਸ ਤੋਂ ਮੁਨਕਰ ਵੀ ਨਹੀ ਹੋਇਆ ਜਾ ਸਕਦਾ। ਕੁਲ ਆਲਮ ਵਿੱਚ ਪੰਜਾਬ ਦੇ ਵਿਰਾਸਤੀ ਸਭਿਆਚਾਰ ਦੀ ਵੱਖਰੀ ਸ਼ਾਨ ਅਤੇ ਪਹਿਚਾਣ ਹੈ।

ਸਾਂਝਾ ਚੁੱਲਾ ਪਰਿਵਾਰ ਦੀਆ ਖੁਸ਼ੀਆਂ ਦੀ ਅਧਾਰ ਹੈ। ਇਸ ਵਿੱਚ ਪਰਿਵਾਰ ਨੂੰ ਜੋੜ ਕੇ ਰੱਖਣ ਦੀ ਅਲੌਕਿਕ ਸ਼ਕਤੀ ਹੈ। ਇੱਕ ਖ਼ਾਸ ਸਥਾਨ ਤੈਅ ਕਰ ਘਰ ਦੀਆਂ ਔਰਤਾਂ ਪਿੰਡ ਦੇ ਟੋਬੇ ਚੋ ਚੀਕਣੀ ਮਿੱਟੀ ਲਿਆ ਕੇ ਤਿਆਰ ਕਰਦੀਆ ਸਨ। ਕਈ ਵਾਰ ਮਿੱਟੀ ਲਿਆਉਣ ਦਾ ਕੰਮ ਮਰਦਾਂ ਤੋਂ ਵੀ ਲਿਆ ਜਾਂਦਾ ਸੀ.ਉਸ ਮਿੱਟੀ ਨਾਲ ਚੁੱਲ੍ਹਾ ਤਿਆਰ ਕਰਦੇ, ਜਿਸ ਦੇ ਢਾਂਚੇ ਦੀ ਮਜਬੂਤੀ ਲਈ ਇੱਟਾ, ਪੀਲੀ ਮਿੱਟੀ ਤੇ ਤੂੜੀ ਦੀ ਵਰਤੋ ਵੀ ਕੀਤੀ ਜਾਂਦੀ। ਚੁੱਲ੍ਹੇ ਦੇ ਨਾਲ ਹਾਰਾ, ਲੋਹ, ਚੁਰ, ਤੰਦੂਰ ਅਤੇ ਭੱਠੀ ਵੀ ਬਣਾਈ ਜਾਂਦੀ। ਜੋ ਸਰਦੀਆਂ ਵਿੱਚ ਖੋਆ ਕੱਢਣ ਜਾਂ ਵਿਆਹ ਸ਼ਾਦੀਆਂ ਦੇ ਸ਼ਮੇ ਵਰਤਦੇ ਸਨ। ਅੱਜ ਵਾਂਗ ਕੰਮ ਕਰਦੇ ਹਾਲੀ ਪਾਲੀ (ਹਾਲੀ ਹਲਵਾਹਕ ਖੇਤਾਂ ਵਿਚ ਕੰਮ ਕਰਨ ਵਾਲੇ ਤੇ ਪਾਲੀ ਪਸ਼ੂ ਪਾਲਣ ਵਾਲੇ) ਆਪਣੇ ਨਾਲ ਰੋਟੀ ਦੇ ਡੱਬੇ ਚੁੱਕ ਕੇ ਨਹੀ ਲਿਆਉਂਦੇ ਸਨ, ਸਭ ਲਈ ਖਾਣਾ ਘਰ ਹੀ ਤਿਆਰ ਹੁੰਦਾ। ਹਾਰੇ ਵਿੱਚ ਮੱਠੀ ਅੱਗ ਨਾਲ ਕੜਦਾ ਦੁੱਧ, ਰਿਝਦੀ ਦਾਲ ਜਾਂ ਸਾਗ ਦੀ ਮਹਿਕ ਘਰ ਦੇ ਮਾਹੌਲ ਨੂੰ ਮਹਿਕਣ ਲਾ ਦਿੰਦੀ। ਚੁੱਲ੍ਹੇ ਦੀ ਵਰਤੋਂ ਥੋੜੀ ਦਾਲ ਰੋਟੀ ਬਣਾਉਣ ਲਈ ਕੀਤੀ ਜਾਂਦੀ। ਲੋਹ ਵੱਡੇ ਅਕਾਰ ਦਾ ਚੁਲ੍ਹਾ ਹੈ ਜਿਸ ਉਪਰ ਲੋਹੇ ਦੀ ਤਵੀ ਰੱਖ 10 ਤੋਂ 15 ਰੋਟੀਆਂ ਇਕੋ ਸਮੇ ਬਣ ਸਕਦੀਆਂ ਹਨ। ਲੋਹ ਦੀ ਤੇਜ ਅੱਗ ਲਈ ਹਰ-ਹਰ ਜਾ ਕਪਾਹ ਦੀਆਂ ਛਿਟੀਆਂ ਅਤੇ ਕਮਾਦ ਦੀ ਪੱਤੀ ਵੀ ਦੀ ਵਰਤੋ ਬਾਲਣ ਦੇ ਰੂਪ ਵਿਚ ਕਰਦੇ ਸਨ। ਸਰਦੀਆਂ ਵਿੱਚ ਚੁੱਲ੍ਹੇ ਦੀ ਅੱਗ ਮਾਨਣ ਦਾ ਨਿੱਘਾ ਨਜ਼ਾਰਾ ਬਿਜਲਈ ਹੀਟਰਾ ਨੂੰ ਫੇਲ ਕਰ ਦਿੰਦਾ।

ਸਾਂਝੇ ਚੁੱਲੇ ਦੇ ਢਾਂਚੇ ਜਾ ਚੌਤਰਾ ਬੀਤੇ ਜਮਾਨੇ ਦੀ ਖੁੱਲ੍ਹੀ ਰਸੋਈ (Open kitchen) ਸੀ। ਜਿਸ ਵਿੱਚ ਭਾਂਡੇ ਰੱਖਣ ਲਈ ਚੌਕਾ ਬਣਾਉਂਦੇ ਸਨ। ਮਾਡਰਨ ਸਮੇ ਦੀ ਅਤਿ ਅਧੁਨਿਕ ਮੋਡੂਲਰ ਕਿਚਨ ਦੇ ਤੁਲ ਭਾਵੇ ਮਾਸਾ ਵੀ ਨਹੀਂ ਪਰ ਉਥੇ ਤਿਉ ਮੁਹੱਬਤ ਨਾਲ ਬਣਦਾ ਖਾਣਾ ਤੇ ਤੀਆਂ ਦੀਆ ਰੋਣਕਾ ਵਰਗੇ ਦਿਨਾ ਦਾ ਸਵਰਗਮਈ ਵਾਸਾ ਕਿਧਰੇ ਨਜਰ ਨਹੀ ਆਉਂਦਾ। ਉਸ ਵਕਤ ਪਰਦੇ ਦਾ ਵੀ ਖਾਸ ਧਿਆਨ ਰੱਖਦੇ ਸਨ। ਚੁੱਲ੍ਹੇ ਦੁਆਲੇ ਤਿੰਨ ਤੋ ਚਾਰ ਫੁੱਟ ਉਚਾ ਓਟਾ ਬਣਾਇਆ ਜਾਂਦਾ ਤਾਂ ਜੋ ਬਾਹਰੋ ਆਏ ਵਿਅਕਤੀ ਦੀ ਨਜ਼ਰ ਸੁਆਣੀਆਂ ਜਾ ਖਾਣੇ ਉੱਪਰ ਨਾ ਜਾਵੇ। ਚੌਤਰੇ ਦੀ ਕੰਧ ਵਿੱਚ ਆਲੇ ਬਣਾਏ ਜਾਂਦੇ ਸਨ.ਜਿਸ ਵਿੱਚ ਸਜਾਵਟੀ ਜਾ ਨਿੱਕਆਨਾ ਸ਼ਮਾਨ ਸਾਂਭਿਆ ਜਾਦਾ ਸੀ। ਚੁੱਲੇ ਦੀ ਸਜਾਵਟੀ ਦਿੱਖ ਲਈ ਆਢ-ਗੁਆਢ ਨਾਲੋਂ ਆਪਸ ਵਿੱਚ ਨਣਦਾ, ਭਰਜਾਈ, ਬਾਲੜੀਆਂ ਤੇ ਮਾਈਆ ਦਾ ਮੁਕਾਬਲਾ ਨਿਰੰਤਰ ਚਲਦਾ ਰਹਿੰਦਾ। ਜਿਸ ਨੂੰ ਸਜਾਉਣ ਵਿਚ ਪੂਰੀ ਵਾਹ ਲਗਾ ਦਿੰਦੀਆਂ ਸਨ। ਵਿਹੜੇ ਤੇ ਚੌਤਰੇ ਵਿੱਚ ਸਾਫ ਨਾਲ ਹੱਥ ਪੀਲੀ ਮਿੱਟੀ ਦਾ ਪੋਚਾ ਲਗਾਉਂਦੇ। ਆਟੇ ਅਤੇ ਭਾਂਡੇ ਰੱਖਣ ਵਾਲੇ ਚੌਕੇ ਨੂੰ ਵਿਰਾਸਤੀ ਹੱਥੀ ਚਿੱਤਰਕਾਰੀ ਨਾਲ ਸਜਾਇਆ ਜਾਂਦਾ ਸੀ। ਕੰਧਾ ਉਪਰ ਪਾਂਡੂ ਫੇਰਨ ਪਿੱਛੋਂ ਫੁੱਲ ਬੂਟੇ, ਤਾਰੇ, ਚਿੜੀਆ, ਕਬੂਤਰ, ਮੋਰ, ਘੋੜੇ ਆਦਿ ਬਣਾ ਕੇ ਸਜਾਉਂਦੇ ਸਨ। ਜਿਸ ਲਈ ਨੀਲ, ਪੀਲੀ ਗਾਜਣੀ, ਲਾਲ, ਹਰਾ ਤੇ ਗੁਲਾਨਾਰੀ ਰੰਗ ਦੀ ਵਧੇਰੇ ਵਰਤੋ ਹੁੰਦੀ। ਚੌਕੇ ਵਿੱਚ ਪਏ ਕਾਂਸੀ, ਤਾਂਬੇ, ਸਟੀਲ, ਪਿੱਤਲ ਥਾਲ,ਕੰਗਣੀ ਵਾਲੇ ਗਿਲਾਸ, ਛੰਨੇ, ਬਾਟੀਆਂ, ਤੇ ਪਤੀਲੇ ਵਰਗੇ ਭਾਡਿਆ ਦੀ ਪੈਦੀ ਸੋਨੇ ਚਾਦੀ ਵਰਗੀ ਚਮਕ ਚੌਕੇ ਦੀ ਸ਼ੋਭਾ ਨੂੰ ਹੋਰ ਵਧਾ ਦਿੰਦੇ। ਦੁੱਧ ਕਾੜਨ ਵਾਲੇ ਹਾਰੇ ਨੂੰ ਜ਼ਿਆਦਾਤਰ ਖਿੜਕੀ ਲਗਾ ਕੇ ਰੱਖਦੇ ਸਨ ਤਾਂ ਜੋ ਜਾਨਵਰਾਂ ਬਚਾ ਹੋ ਜਾਵੇ ਤੇ ਕੰਮ ਬਿਨਾਂ ਡਰ ਤੋ ਕਰ ਸਕਣ। ਤਿਉਹਾਰਾਂ ਦੇ ਦਿਨਾਂ ਵਿਚ ਔਰਤਾਂ ਚੁੱਲ੍ਹੇ-ਚੌਕੇ ਦੀ ਸਜਾਵਟ ਦਾ ਖਾਸ ਧਿਆਨ ਰੱਖਦੀਆਂ ਸਨ।

ਸੁੱਚਮ ਰੱਖਦੇ ਹੋਏ ਬੱਚਿਆਂ ਨੂੰ ਖਾਣਾ ਚੌਤਰੇ ਤੋ ਬਾਹਰ ਪਰੋਸਿਆ ਜਾਦਾ। ਜਮਾਈ ਜਾ ਮਹਿਮਾਨਾ ਦੀ ਆਮਦ ਤੇ ਪਹਿਲਾਂ ਖਾਣਾ ਉਹਨਾ ਨੂੰ ਪਰੋਸ਼ਦੇ, ਉਜ ਜਿਆਦਾਤਰ ਚੌਕੇ ਵਿਚੋਂ ਪਹਿਲਾ ਖਾਣਾ ਵੱਡੇ ਬਜ਼ੁਰਗਾਂ ਨੂੰ ਦਿੰਦੇ ਸਨ। ਤਿਉਹਾਰਾਂ ਦੇ ਸਮੇ ਚੁੱਲ੍ਹੇ-ਚੌਕੇ ਦੀ ਰੋਣਕ ਦੁੱਗਣੀ ਹੋ ਜਾਂਦੀ ਉਸ ਸਮੇ ਖੋਏ ਦੀ ਬਰਫ਼ੀ, ਚੌਲਾਂ ਦੀਆਂ ਪਿੰਨੀਆਂ, ਪਕੌੜੇ ਅਤੇ ਲੱਡੂ ਘਰ ਹੀ ਬਣਾਉਂਦੇ ਜਾਂਦੇ ਸਨ। ਚੁੱਲ੍ਹੇ ਕੋਲੋ ਉਠਦੀਆਂ ਸ਼ੁਗੰਦਾ ਦੇ ਨਾਲ ਘਰ ਦਾ ਚਾਰ ਚੁਫੇਰੇ ਸਵਾਦਲੀ ਖੁਸ਼ਬੂ ਨਾਲ ਮਹਿਕਣ ਲੱਗ ਜਾਂਦਾ।

ਸਾਂਝੇ ਪਰਿਵਾਰ ਦੀ ਪਵਿੱਤਰ ਰੀਤ ਜਿਥੇ ਕੁਨਬੇ ਨੂੰ ਸਯੁੰਕਤ ਰੱਖਦੀ ਉਥੇ ਹੀ ਬੱਚਿਆਂ ਨੂੰ ਸੰਸਕਾਰੀ ਸਿੱਖਿਆ ਵੀ ਆਪ ਮੁਹਾਰੇ ਪ੍ਰਾਪਤ ਹੋ ਜਾਂਦੀ ਸੀ। ਪਿਆਰ ਨਾਲ ਰਹਿਣਾ, ਵੰਡ ਕੇ ਖਾਣਾ ,ਮਿਲ ਕੇ ਖੇਡਣਾ ਵਰਗੀਆਂ ਸਧਾਰਨ ਗੱਲਾਂ ਨੂੰ ਦੱਸਣ ਦੀ ਲੋੜ ਨਹੀ ਪੈਂਦੀ। ਇਹ ਸਭ ਕੁਝ ਘਰ ਦੇ ਵਰਤਾਰੇ ਨੂੰ ਦੇਖ ਹੀ ਸਿੱਖ ਜਾਂਦੇ। ਭਾਵੇਂ ਅੱਜ ਵਾਂਗ ਪੈਸੇ ਦੀ ਬਹੁਤਾਂਤ ਨਹੀ ਸੀ ਪਰ ਖੁਸ਼ੀਆਂ ਜਰੂਰ ਬੇਹਿਸਾਬੀਆ ਸਨ। ਤੰਗੀਆਂ-ਤੁਰਸ਼ੀਆਂ ਦਾ ਸੰਘਰਸੀ ਜੀਵਨ ਹਰ ਕਸੌਟੀ ਉੱਤੇ ਖਰੇ ਉਤਰਨ ਦੀ ਤਾਂਘ ਰੱਖਦਾ ਹੈ। ਬਚਪਨ ਵਿੱਚ ਮਿਲੀ ਸਿੱਖਿਆ ਜੀਵਨ ਜਾਂਚ ਸਿਖਾਉਂਦੀ ਹੈ। ਜਿਸ ਨਾਲ ਘਾਟੇ ਨੂੰ ਸ਼ਹਿਣਾ, ਵਾਧੇ ਵੇਲੇ ਸੰਜਮ, ਮਿਹਨਤ ਕਰਨਾ, ਮੁਸ਼ਕਲਾ ਵਿੱਚ ਸਾਥ ਨਿਭਾਉਣ ਵਾਲੇ ਗੁਣ ਬੱਚੇ ਦੇ ਮਨ ਤੇ ਉੱਕਰ ਜਾਂਦੇ ਹਨ। ਜੋ ਤਾਉਮਰ ਮਿਹਨਤ ਨਾਲ ਜੀਵਨ ਨੂੰ ਸੁਖਾਲਾ ਬਣਾਉਣ ਵਿਚ ਸਹਾਈ ਹੁੰਦੇ ਹਨ। ਇਹ ਵਿਰਾਸਤ ਸਤਿਕਾਰ, ਪਿਆਰ, ਸੰਵੇਦਨਾ ਸਮਾਜਿਕ ਵਿਕਾਸ, ਸੁਰੱਖਿਆ, ਸਿੱਖਿਆ ਅਤੇ ਜਿੰਮੇਵਾਰੀ ਨਿਭਾਉਣ ਦੇ ਗੁਣ ਦੇਣ ਵਾਲੀ ਸੰਸਥਾ ਤੋ ਘੱਟ ਨਹੀ। ਪਾਕਿਸਤਾਨ ਦੀ ਸਿਰਮੌਰ ਗਾਇਕਾ ਰੇਸ਼ਮਾ ਨੇ ਬਲਵੰਤ ਗਾਰਗੀ ਦਾ ਲਿਖਿਆ ਗੀਤ " ਸ਼ੁਕਰ ਰੱਬਾ ਸਾਂਝਾ ਚੁੱਲ੍ਹਾ ਬਲਿਆ " ਨੂੰ ਆਪਣੀ ਸੋਜ਼ ਭਰੀ ਆਵਾਜ਼ ਨਾਲ ਰੱਬ ਦਾ ਸ਼ੁਕਰਾਨਾ ਕਰ ਪੰਜਾਬੀ ਵਿਰਾਸਤ ਦੇ ਸਤਿਕਾਰ ਵਿੱਚ ਹੋਰ ਇਜਾਫਾ ਕਰ ਦਿੱਤਾ।

ਅਜੋਕੇ ਸਮੇਂ ਦੀ ਪੀੜ੍ਹੀ ਲਈ ਇਹ ਪਰੰਪਰਾ ਵੱਡਾ ਸਬਕ ਹੋ ਸਕਦੀ ਸੀ। ਪਰ ਇਸ ਰੀਤ ਦੀ ਖੜੋਤ ਤੇ ਅਲੋਪ ਹੋਣ ਦਾ ਮੰਜ਼ਰ ਸਾਹਮਣੇ ਹੈ। ਬਾਕੀ ਕਸਰ ਨਵਯੁੱਗ ਦੀਆਂ ਕਾਢਾਂ ਨੇ ਪੂਰੀ ਕਰ ਦਿੱਤੀ। ਜਿਨ੍ਹਾਂ ਦੇ ਸਦਉਪਯੋਗ ਦੇ ਨਾਲੋ ਦੁਰਉਪਯੋਗ ਜਿਆਦਾ ਹੋ ਰਿਹਾ ਹੈ। ਅੱਜ ਸਭ ਹੱਥੀ ਤੇ ਦਿਮਾਗੀ ਕੰਮ ਜਲਦੀ ਤੇ ਸੌਖਿਆਂ ਹੋਣ ਦਾ ਅਨੰਦ ਮਾਣ ਰਹੇ ਹਨ। ਪਰ ਉਸ ਕਾਰਨ ਵਿਹਲਾ ਮਨ ਸ਼ੈਤਾਨ ਦਾ ਘਰ ਹੋਰ ਵੱਡਾ ਹੋ ਗਿਆ। ਸਾਂਝੀ ਸੰਗਤ ਵਿਚ ਮਿਲਣ ਵਾਲੀ ਸੰਜੀਦਾ ਸਿੱਖਿਆ ਤੋ ਵਾਂਝੇ ਹੋ ਗਏ। ਸ਼ਾਕ ਸਬੰਧੀਆ ਦੀ ਮਿਲਣੀ ਖੁਸ਼ੀ ਤੇ ਗ਼ਮੀ ਦੇ ਸਮਾਗਮਾਂ ਤੱਕ ਸਿਮਟ ਕੇ ਰਹਿ ਗਈ। ਅਸੀ ਸੱਭਿਆਚਾਰ ਦੇ ਨਾਲੋ ਨਾਲ ਸੰਸਕਾਰਾਂ ਤੋਂ ਵੀ ਪਾਸਾ ਵੱਟ ਗਏ। ਮਾਡਰਨ ਜੁੱਗ ਦੇ ਮਾਪੇ ਪੀੜ੍ਹੀਆ ਦਰ ਪੀੜ੍ਹੀ ਵਾਲੇ ਸੰਸਕਾਰ ਮਹਿੰਗੇ ਸਕੂਲਾਂ ਜਾਂ ਇੰਟਰਨੈਟ ਦੇ ਜਰੀਏ ਮੋਬਾਇਲ ਤੋ ਲੱਭਦੇ ਹਨ। ਪਰ ਉਹ ਸਿਖਿਆਵਾਂ ਬੱਚਿਆਂ ਲਈ ਮਨੋਰੰਜਨ ਤੋ ਅੱਗੇ ਨਹੀ ਵਧਦੀਆਂ। ਬੀਤੇ ਸਮੇਂ ਨੂੰ ਮੋੜਿਆ ਨਹੀ ਜਾ ਸਕਦਾ ਪਰ ਸਾਡੇ ਚਿੰਤਨਸੀਲ ਬਜੁਰਗ ਅੱਜ ਵੀ ਝੋਲੀਆ ਨਜ਼ਰਾਂ ਨਾਲ ਇਹ ਹੀ ਲੱਭਦੀ ਹੈ ਕਾਸ਼ ਕਿਤੇ ਉਹ ਬੀਤੇ ਵੇਲੇ ਮੁੜ ਆਵਣ।

ਹਕੀਕਤ ਵਿਚ ਸ਼ਾਨਾਮੱਤਾ ਸੱਭਿਆਚਾਰ ਸਾਨੂੰ ਜ਼ਿੰਦਗੀ ਜਿਊਣ ਦਾ ਸਲੀਕਾ ਦੱਸਦਾ ਹੈ। ਜਿਸ ਨਾਲ ਅਸੀ ਸ਼ਾਂਤ, ਸੰਤੁਸ਼ਟੀ ਤੇ ਸਬਰ ਭਰਿਆ ਜੀਵਨ ਬਸਰ ਕਰ ਸਕਦੇ ਹਾਂ। ਆਪਣੇ ਕਾਰਜਾਂ ਪ੍ਰਤੀ ਸਹਿਜ, ਸਦਾਚਾਰਕ ਤੇ ਪ੍ਰਪੱਕਤਾ ਦਾ ਪੱਖ ਉਨਤੀ ਦਾ ਲੈਅਬੱਧ ਸਿਧਾਂਤ ਹੈ। ਆਓ ਸਭ ਮਿਲ ਕੇ ਸਹੁਰਦਿਤਾ ਨਾਲ ਸਿਰਜਨਾਤਮਿਕ ਪਗਡੰਡੀਆ ਵੱਲ ਮੁੜ ਚੱਲੀਏ। ਜਿਸ ਨਾਲ ਖੁਸ਼ੀ ਦੀਆਂ ਫੁਹਾਰਾਂ ਫਿਰ ਤੋਂ ਫੁੱਟਣ ਲੱਗ ਜਾਵਣ। ਸਾਂਝੇ ਪਰਿਵਾਰ ਦੀਆ ਮਜਬੂਤ ਜੜ੍ਹਾ ਮੁੜ ਰਿਸ਼ਤਿਆਂ ਨੂੰ ਆਪਣੀਆਂ ਵਲਗਣਾ ਵਿਚ ਸਮਾ ਲੈਵਣ। ਫ਼ਿਲਮਾਂ, ਟੀ ਵੀ ਜਾਂ ਕਿਤਾਬਾਂ ਵਿੱਚ ਅਮੀਰ ਸਭਿਆਚਾਰ ਬਾਰੇ ਸੁਣ, ਪੜ੍ਹ ਜਾ ਦੇਖ ਕੇ ਮਿਲਣ ਵਾਲੇ ਸਕੂਨ ਨੂੰ ਅਸਲ ਜ਼ਿੰਦਗੀ ਵਿੱਚ ਪੈਦਾ ਕਰਨ ਦੇ ਉਪਰਾਲੇ ਕਰੀਏ ਤਾਂ ਜੋ ਕੁਦਰਤ ਦੀ ਬਖ਼ਸ਼ੀ ਅਨਮੋਲ ਮਨੁੱਖੀ ਜ਼ਿੰਦਗੀ ਦਾ ਹਰ ਪਲ ਯਾਦਗਾਰ ਬਣ ਜਾਵੇ। ਸਾਂਝੇ ਚੁੱਲ੍ਹੇ ਦਾ ਵਿਹੜਾ ਹਮੇਸ਼ਾ ਵਧਦਾ,ਫੁਲਦਾ ਤੇ ਖੁਸ਼ੀਆਂ ਬਖੇਰਦਾ ਨਜ਼ਰ ਆਵੇ ਅਤੇ ਸਾਂਝੇ ਪਰਿਵਾਰ ਦੀਆ ਖੁਸ਼ੀਆ ਦੁਵਾਰਾ ਪ੍ਰਫੁੱਲਤ ਹੋ ਜਾਵਣ।

ਹੰਕਾਰ ਅਤੇ ਸਵੈਮਾਨ ਵਿਚਕਾਰ ਸੰਤੁਲਨ ਜ਼ਰੂਰੀ

ਹੰਕਾਰ ਅਤੇ ਸਵੈਮਾਣ ਵਿਚਕਾਰ ਬਹੁਤ ਬਾਰੀਕ ਦੀਵਾਰ ਹੁੰਦੀ ਹੈ, ਜਿਹੜੀ ਕਦੋਂ ਉਲੰਘ ਹੋ ਜਾਂਦੀ ਹੈ, ਇਸ ਨੂੰ ਜਾਣਨ ਲਈ ਇਨ੍ਹਾਂ ਵਿਚਕਾਰਲੇ ਸੂਖਮ ਅੰਤਰ ਨੂੰ ਸਮਝਣ ਦੀ ਲੋੜ ਹੈ। ਇਨ੍ਹਾਂ ਦੋਵਾਂ ਮਨੋਭਾਵਾਂ ਦਾ ਬੀਜ ਮਨੁੱਖ ਦੀ ਖੁਦੀ ਵਿੱਚ ਪਿਆ ਹੁੰਦਾ ਹੈ। ਖੁਦਦਾਰੀ ਉਹ ਮਨੁੱਖੀ ਜਜ਼ਬਾ ਹੈ ਜੋ ਮਨੁੱਖ ਨੂੰ ਉਸ ਦੇ ਸਵੈ ਦਾ ਅਹਿਸਾਸ ਕਰਾਉਂਦਾ ਹੈ। ਹਰ ਮਨੁੱਖ ਦਾ ਆਪਣੀਆਂ ਨਜ਼ਰਾਂ ਵਿੱਚ ਇੱਕ ਵਿਸ਼ੇਸ਼ ਮਾਣ ਹੁੰਦਾ ਹੈ, ਆਪਣੀ ਇੱਜ਼ਤ ਹੁੰਦੀ ਹੈ। ਆਪਣੀ ਜ਼ਿੰਦਗੀ ਵਿੱਚ ਮਨੁੱਖ ਬਹੁਤ ਕੁਝ ਆਪਣੇ ਸਤਿਕਾਰ ਅਤੇ ਕਦਰ ਲਈ ਕਰਦਾ ਹੈ। ਹੰਕਾਰ, ਅਸਲ ਵਿੱਚ ਘਮੰਡ ਹੁੰਦਾ ਹੈ। ਇਹ ਅਜਿਹੀ ਮਾਨਸਿਕ ਸਥਿਤੀ ਹੁੰਦੀ ਹੈ, ਜਿਸ ਅਧੀਨ ਵਿਅਕਤੀ ਆਪਣੇ ਆਪ ਨੂੰ ਦੂਸਰਿਆਂ ਤੋਂ ਬਿਹਤਰ ਸਮਝਦਾ ਹੈ, ਦੂਸਰਿਆਂ ਨਾਲੋਂ ਆਪਣੇ ਆਪ ਨੂੰ ਉੱਚਾ ਅਤੇ ਅਲੱਗ ਸਮਝਦਾ ਹੈ। ਸਵੈਮਾਨ ਆਤਮ ਸਨਮਾਨ ਅਤੇ ਗੌਰਵ ਹੁੰਦਾ ਹੈ। ਇਹ ਮਾਨਸਿਕ ਸਥਿਤੀ ਆਪਣੇ ਆਪ ਨੂੰ ਮਾਣ ਦੇਣ, ਆਪਣੀ ਕਦਰ ਅਤੇ ਆਪਣੀ ਇੱਜ਼ਤ ਬਣਾਈ ਰੱਖਣ ਦੀ ਭਾਵਨਾ ਹੈ ਜਿਸ ਵਿੱਚ ਦੂਜਿਆਂ ਵੱਲੋਂ ਸਤਿਕਾਰ ਪ੍ਰਾਪਤ ਕਰਨਾ ਅਤੇ ਆਪਣੇ ਅਸੂਲਾਂ 'ਤੇ ਕਾਇਮ ਰਹਿਣਾ ਸ਼ਾਮਲ ਹੁੰਦਾ ਹੈ। ਅਜਿਹੀ ਮਾਨਵੀ ਭਾਵਨਾ ਮੈਂ/ ਮੇਰੀ ਦੇ ਸੰਕਲਪ ਤੋਂ ਨਿਰਲੇਪ ਹੋਣ ਦੀ ਸਥਿਤੀ ਹੁੰਦੀ ਹੈ। ਬੁਨਿਆਦੀ ਤੌਰ 'ਤੇ ਮਨੁੱਖੀ ਫਿਤਰਤ ਅੰਦਰ ਹੰਕਾਰ ਅਤੇ ਸਵੈਮਾਣ ਦੋਵੇਂ ਪ੍ਰਵਿਰਤੀਆਂ ਮੌਜੂਦ ਹੁੰਦੀਆਂ ਹਨ। ਮਨੁੱਖੀ ਗੌਰਵ ਇਸ ਵਿੱਚ ਮੌਜੂਦ ਹੁੰਦਾ ਹੈ ਕਿ ਮਨੁੱਖ ਆਪਣੀ ਜੀਵਨਸ਼ੈਲੀ ਰਾਹੀਂ ਆਪਣੇ ਅੰਦਰ ਹੰਕਾਰ ਤੋਂ ਨਿਰਲੇਪ ਹੋ ਕੇ ਸਵੈਮਾਣ ਨੂੰ ਬੁਲੰਦ ਕਰਨ ਦੀ ਸਮਰੱਥਾ ਪੈਦਾ ਕਰੇ। ਹੰਕਾਰ ਮਨੁੱਖ ਨੂੰ ਪਤਨ ਵੱਲ ਲੈ ਕੇ ਜਾਂਦਾ ਹੈ। ਮਨੁੱਖ ਹਮੇਸ਼ਾਂ ਆਪਣੇ ਜੀਵਨ ਵਿੱਚ ਆਪਣੀਆਂ ਗ਼ਲਤੀਆਂ ਤੋਂ ਸਿੱਖਦਾ ਹੈ, ਪਰ ਹੰਕਾਰ ਮਨੁੱਖ ਨੂੰ ਆਪਣੀਆਂ ਗ਼ਲਤੀਆਂ ਵੱਲ ਦੇਖਣ ਤਾਂ ਕੀ ਉਨ੍ਹਾਂ ਦਾ ਅਹਿਸਾਸ ਤੱਕ ਨਹੀ ਹੋਣ ਦਿੰਦਾ। ਮਨੁੱਖ ਆਪਣੀਆਂ ਗ਼ਲਤੀਆਂ ਤੋਂ ਬੇਖ਼ਬਰ ਹੋ ਜਾਂਦਾ ਹੈ ਕਿਉਂਕਿ ਹੰਕਾਰ ਦੀ ਭਾਵਨਾ ਉਸ ਅੰਦਰ ਇਹ ਧਾਰਨਾ ਪੱਕੀ ਤਰ੍ਹਾਂ ਬਿਠਾ ਦਿੰਦੀ ਹੈ ਕਿ ਉਹ ਗ਼ਲਤੀ ਕਰ ਹੀ ਨਹੀ ਸਕਦਾ, ਉਹ ਹੀ ਸਹੀ ਹੈ। ਦੂਸਰਿਆਂ ਦੀਆਂ ਚੰਗਿਆਈਆਂ ਵੀ ਗ਼ਲਤ ਅਤੇ ਬੁਰੀਆਂ ਲੱਗਣ ਲੱਗ ਜਾਂਦੀਆਂ ਹਨ। ਅਜਿਹੀ ਸਥਿਤੀ ਵਿੱਚ ਮਨੁੱਖ ਨੂੰ ਆਪਣੀਆਂ ਬੁਰਾਈਆਂ ਨਜ਼ਰ ਨਹੀ ਆਉਂਦੀਆਂ। ਹੰਕਾਰ ਮਨੁੱਖ ਦੇ ਬੌਧਿਕ ਵਿਕਾਸ ਦੇ ਰਸਤੇ ਬੰਦ ਕਰ ਦਿੰਦਾ ਹੈ। ਉਸ ਨੂੰ ਦੂਸਰਿਆਂ ਦੀਆਂ ਚੰਗਿਆ ਗੱਲਾਂ ਵੀ ਬੇਮਤਲਬ ਲੱਗਣ ਲੱਗ ਜਾਂਦੀਆਂ ਹਨ ਤੇ ਆਪਣੀਆਂ ਗੱਲਾਂ ਸਾਰਥਿਕ ਲੱਗਣ ਲੱਗ ਪੈਂਦੀਆਂ ਹਨ। ਹੰਕਾਰ ਕਿਸੇ ਵੀ ਤਰ੍ਹਾਂ ਦਾ ਹੋਵੇ ਚਾਹੇ ਗਿਆਨ ਦਾ ਹੋਵੇ, ਦੌਲਤ ਦਾ, ਤਾਕਤ ਦਾ ਹੋਵੇ, ਹੁਸਨ ਜਾਂ ਸ਼ੁਹਰਤ ਦਾ ਹੋਵੇ, ਇਹ ਸਭ ਕੁਝ ਉਸ ਨੂੰ ਨਿਵਾਣ ਵੱਲ ਹੀ ਲੈ ਕੇ ਜਾਂਦਾ ਹੈ। ਇਹ ਗੱਲ ਤਾਂ ਸਹੀ ਹੈ ਕਿ ਇਹ ਸਾਰੀਆਂ ਚੀਜ਼ਾਂ ਮਨੁੱਖ ਦੇ ਮਨ ਵਿੱਚ ਪੈਦਾ ਹੁੰਦੀਆਂ ਹਨ ਅਤੇ ਹੋਣੀਆਂ ਵੀ ਚਾਹੀਦੀਆਂ ਹਨ, ਪਰ ਇਨ੍ਹਾਂ ਕਰਕੇ ਮਨੁੱਖ ਦੇ ਵਿਵਹਾਰ ਵਿੱਚ ਆਕੜ, ਹਉਮੈ ਜਾਂ ਹੰਕਾਰ ਦਾ ਆ ਜਾਣਾ ਸਹੀ ਨਹੀਂ ਹੁੰਦਾ। ਇਹ ਸਭ ਮਨੁੱਖ ਨੂੰ ਨਿੱਜਪ੍ਰਸਤੀ ਵੱਲ ਲੈ ਜਾਂਦਾ ਹੈ ਜੋ ਮਨੁੱਖ ਅੰਦਰੋਂ ਮਨੁੱਖਤਾ ਨੂੰ ਖ਼ਤਮ ਕਰਦਾ ਹੈ। ਜੇਕਰ ਮਨੁੱਖ ਅੰਦਰ ਮਨੁੱਖਤਾ ਹੀ ਨਹੀ ਹੈ ਤਾਂ ਮਨੁੱਖ ਸੰਪੂਰਨ ਨਹੀ ਹੋ ਸਕਦਾ। ਅਧੂਰੇ ਅਤੇ ਹੀਣੇ ਮਨੁੱਖ ਅੰਦਰ ਮਾਨਵੀ ਗੁਣਾਂ ਦੀ ਘਾਟ ਹੁੰਦੀ ਹੈ। ਅਜਿਹੇ ਮਨੁੱਖ ਦੇ ਜੀਵਨ ਵਿਹਾਰ ਵਿੱਚ ਮਾਨਵੀ ਰਿਸ਼ਤਿਆਂ, ਭਾਵਨਾਵਾਂ, ਸੰਵੇਦਨਾਵਾਂ ਅਤੇ ਕਦਰਾਂ ਕੀਮਤਾਂ ਦੀ ਮਹੱਤਤਾ ਨਹੀ ਹੁੰਦੀ। ਅਜਿਹਾ ਮਨੁੱਖ ਕਿਸੇ ਦਾ ਸਕਾ ਨਹੀ ਹੁੰਦਾ। ਉਹ ਕਿਸੇ ਦੀ ਦੋਸਤੀ ਦੇ ਕਾਬਲ ਨਹੀ ਹੁੰਦਾ ਕਿਉਂਕਿ ਉਹ ਕਿਸੇ ਦਾ ਹੋ ਹੀ ਨਹੀ ਸਕਦਾ। ਮਨੁੱਖ ਨੂੰ ਆਪਣੇ ਜੀਵਨ ਵਿੱਚ ਅਜਿਹੀ ਜੀਵਨਸ਼ੈਲੀ ਗ੍ਰਹਿਣ ਕਰਨੀ ਚਾਹੀਦੀ ਹੈ ਜੋ ਉਸ ਦੀ ਸਮਰੱਥਾ ਵਿੱਚ ਵਾਧਾ ਵੀ ਕਰੇ ਅਤੇ ਮਨੁੱਖੀ ਗੌਰਵ ਨੂੰ ਵੀ ਵਧਾਵੇ। ਅਜਿਹਾ ਸੰਭਵ ਹੈ, ਬਸ ਜ਼ਰੂਰਤ ਕੇਵਲ ਹੰਕਾਰ ਅਤੇ ਸਵੈਮਾਣ ਵਿਚਕਾਰਲੀ ਉਸ ਬਾਰੀਕ ਦੀਵਾਰ ਨੂੰ ਕਾਇਮ ਰੱਖਣ ਦੀ ਹੈ। ਆਪਣੇ ਆਪ 'ਤੇ ਸਖ਼ਤ ਜ਼ਾਬਤਾ ਕਾਇਮ ਰੱਖਣ ਦੀ ਕੋਸ਼ਿਸ਼ ਕਰਨ ਨਾਲ ਅਸੀ ਇਸ ਬਾਰੀਕ ਦੀਵਾਰ ਨੂੰ ਮਜ਼ਬੂਤ ਕਰ ਸਕਦੇ ਹਾਂ। ਮਨੁੱਖੀ ਜੀਵਨ ਦੀ ਮਹਾਨ ਵਿਰਾਸਤ ਜੋ ਮਨੁੱਖੀ ਅਨੁਭਵ ਅਤੇ ਗਿਆਨ ਨਾਲ ਭਰਪੂਰ ਹੈ, ਆਪਣੇ ਇੱਕ ਪ੍ਰਮੁੱਖ ਰੂਪ ਲੋਕ ਸਾਹਿਤ ਰਾਹੀ ਇਸ ਦਿਸ਼ਾ ਵਿੱਚ ਬਹੁਤ ਖੂਬਸੂਰਤੀ ਨਾਲ ਪ੍ਰੇਰਿਤ ਕਰਦੀ ਹੈ। 'ਹੰਕਾਰਿਆ ਸੋ ਮਾਰਿਆ', 'ਫ਼ਲ ਨੀਵਿਆਂ ਰੁੱਖਾਂ ਨੂੰ ਲੱਗਦੇ ਸਿੰਬਲਾ ਤੂੰ ਮਾਣ ਨਾ ਕਰੀਂ' ਆਦਿ ਪੰਕਤੀਆਂ ਮਨੁੱਖੀ ਜੀਵਨ ਉੱਪਰ ਹੰਕਾਰ ਕਾਰਨ ਪੈਣ ਵਾਲੇ ਬੁਰੇ ਪ੍ਰਭਾਵਾਂ ਸਬੰਧੀ ਸੁਚੇਤ ਕਰਦੀਆਂ ਹਨ। ਇਸ ਸਬੰਧੀ ਗੁਰਬਾਣੀ ਤੋਂ ਵੀ ਸੇਧ ਲੈ ਕੇ ਮਨੁੱਖ ਹੰਕਾਰ ਤੋਂ ਨਿਰਲੇਪ ਰਹਿ ਮਹਾਮਾਨਵ ਬਣਨ ਦੀ ਜਾਚ ਗ੍ਰਹਿਣ ਕਰ ਕੇ ਗੌਰਵਸ਼ਾਲੀ ਮਨੁੱਖੀ ਜੀਵਨ ਜੀ ਸਕਦਾ ਹੈ। ਅਸੀ ਆਪਣੇ ਆਲੇ ਦੁਆਲੇ ਸਵੈਮਾਣੀ ਅਤੇ ਹੰਕਾਰੀ ਦੋਵੇਂ ਤਰ੍ਹਾਂ ਦੇ ਮਨੁੱਖਾਂ ਨੂੰ ਵਿਚਰਦਿਆਂ ਦੇਖਦੇ ਹਾਂ। ਪਹਿਲੀ ਤਰ੍ਹਾਂ ਦੇ ਲੋਕ ਜੱਸ ਖੱਟਦੇ ਹੋਏ ਆਪਣੇ ਜੀਵਨ ਨੂੰ ਮੁੱਲਵਾਨ ਬਣਾਉਂਦਿਆਂ ਮਾਨਵੀ ਗੌਰਵ ਨੂੰ ਵੀ ਵਧਾਉਂਦੇ ਹਨ। ਦੂਸਰੀ ਤਰ੍ਹਾਂ ਦੇ ਲੋਕ ਆਪਣੀ ਜੀਵਨਸ਼ੈਲੀ ਰਾਹੀਂ ਆਪਣੀਆਂ ਤੇ ਲੋਕਾਂ ਦੀਆਂ ਸਮੱਸਿਆਵਾਂ ਵਧਾਉਂਦਿਆਂ ਸਮਾਜ ਦੀਆਂ ਨਜ਼ਰਾਂ ਵਿੱਚ ਵੀ ਆਪਣਾ ਅਕਸ ਨਕਾਰਾਤਮਕ ਬਣਾ ਲੈਂਦੇ ਹਨ। ਉਨ੍ਹਾਂ ਦੀ 'ਮੈਂ ਨਾ ਮਾਨੂੰ' ਦੀ ਧੁਨ ਜਿੱਥੇ ਦੂਸਰਿਆਂ ਲਈ ਨਾਖੁਸ਼ੀ ਬਣਦੀ ਹੈ, ਉੱਥੇ ਹੌਲੀ ਹੌਲੀ ਦੂਸਰਿਆਂ ਨੂੰ ਉਨ੍ਹਾਂ ਤੋਂ ਦੂਰੀ ਬਣਾ ਲੈਣ ਲਈ ਮਜਬੂਰ ਕਰ ਦਿੰਦੀ ਹੈ ਤੇ ਇਸ ਤਰ੍ਹਾਂ ਉਹ ਆਪਣੇ ਨੇੜਲਿਆਂ ਤੋਂ ਵਾਂਝੇ ਹੋ ਜਾਂਦੇ ਹਨ। ਇਸ ਤੋਂ ਬਚਿਆ ਜਾ ਸਕਦਾ ਹੈ ਅਤੇ ਬਚਣਾ ਚਾਹੀਦਾ ਹੈ। ਹੰਕਾਰ ਨੂੰ ਮਾਰਨਾ ਅਤੇ ਆਪਣੇ ਸਵੈਮਾਣ ਨੂੰ ਕਾਇਮ ਰੱਖਣਾ ਦੋ ਵੱਖਰੇ ਜੀਵਨ ਪਹਿਲੂ ਹਨ। ਦੋਹਾਂ ਦਰਮਿਆਨ ਸੰਤੁਲਨ ਕਾਇਮ ਰੱਖਿਆ ਜਾ ਸਕਦਾ ਹੈ। ਧੀਰਜ ਅਤੇ ਨਿਮਰਤਾ ਨੂੰ ਇਨ੍ਹਾਂ ਦੋਹਾਂ ਮਾਨਵੀ ਪ੍ਰਵਿਰਤੀਆਂ ਦਰਮਿਆਨ ਪੁਲ ਬਣਾ ਕੇ ਸੰਤੁਲਨ ਬਣਾਇਆ ਜਾ ਸਕਦਾ ਹੈ।

ਡਾ. ਗੁਰਦੀਪ ਸਿੰਘ ਸੰਧੂ
94173-75266

ਈਰਾਨ ਜੰਗ ਨਾਲ ਕਿਹੜੇ ਦੇਸ਼ਾਂ ਨੂੰ ਫਾਇਦਾ ਤੇ ਕਿਨ੍ਹਾਂ ਮੁਲਕਾਂ ਨੂੰ ਹੋਵੇਗਾ ਨੁਕਸਾਨ

ਜੰਗਾਂ ਵਿੱਚ ਸ਼ਾਇਦ ਹੀ ਕਦੇ ਕੋਈ ਸਪੱਸ਼ਟ ਜੇਤੂ ਹੁੰਦਾ ਹੈ। ਇਸਦੀ ਸਭ ਤੋਂ ਭਾਰੀ ਕੀਮਤ ਅਕਸਰ ਆਮ ਲੋਕਾਂ ਨੂੰ ਚੁਕਾਉਣੀ ਪੈਂਦੀ ਹੈ। ਅਮਰੀਕਾ-ਇਜ਼ਰਾਈਲ ਅਤੇ ਈਰਾਨ ਦੀ ਜੰਗ ਕਾਰਨ ਗਲੋਬਲ ਐਨਰਜੀ ਮਾਰਕਿਟ ਅਤੇ ਸਪਲਾਈ ਚੇਨ ਵਿੱਚ ਉਥਲ-ਪੁਥਲ ਮਚੀ ਹੋਈ ਹੈ। ਇਸ ਨਾਲ ਲੱਗ ਰਹੇ ਆਰਥਿਕ ਝਟਕੇ ਨਾਲ ਨਿਪਟਣ ਦੀ ਕਈ ਦੇਸ਼ ਤਿਆਰੀ ਕਰ ਰਹੇ ਹਨ। ਜਦਕਿ ਕੁਝ ਦੇਸ਼ਾਂ ਨੂੰ ਇਸ ਅਰਥਵਿਵਸਥਾ ਵਿਚਾਲੇ ਨਵੇਂ ਰਣਨੀਤਕ ਮੌਕੇ ਮਿਲ ਸਕਦੇ ਹਨ। ਅਮਰੀਕਾ-ਇਜ਼ਰਾਇਲ ਅਤੇ ਈਰਾਨ ਦੀ ਜੰਗ ਮੱਧ ਪੂਰਬ ਅਤੇ ਪੂਰੀ ਦੁਨੀਆ ਉੱਤੇ ਨਾਟਕੀ ਅਸਰ ਪਾ ਰਹੀ ਹੈ। ਇਸ ਨੇ ਖਾੜੀ ਦੇਸ਼ਾਂ ਨੂੰ ਅਸਥਿਰ ਕਰ ਦਿੱਤਾ ਹੈ ਅਤੇ ਮੱਧ-ਪੂਰਬ ਵਿੱਚ ਲੱਖਾਂ ਲੋਕਾਂ ਨੂੰ ਆਪਣੇ ਘਰ ਛੱਡ ਕੇ ਭੱਜਣ ਲਈ ਮਜਬੂਰ ਕਰ ਦਿੱਤਾ ਹੈ। ਜੰਗ ਦੇ ਖੇਤਰ ਤੋਂ ਦੂਰ ਵੀ ਇਸ ਦਾ ਪ੍ਰਭਾਵ ਪੈ ਰਿਹਾ ਹੈ। ਤੇਲ ਦੀਆਂ ਕੀਮਤਾਂ ਵਿੱਚ ਤੇਜ਼ ਵਾਧਾ ਅਤੇ ਖਾੜੀ ਵਿੱਚ ਸਮੁੰਦਰੀ ਆਵਾਜਾਈ ਵਿੱਚ ਰੁਕਾਵਟ, ਖ਼ਾਸ ਕਰਕੇ ਸਟ੍ਰੇਟ ਆਫ ਹੋਰਮੁਜ਼ ਦੇ ਆਲੇ ਦੁਆਲੇ, ਖਪਤਕਾਰਾਂ ਅਤੇ ਕਾਰੋਬਾਰਾਂ ਲਈ ਖਰਚੇ ਵਧਾ ਰਹੇ ਹਨ। ਪਰ ਇਸ ਉਥਲ-ਪੁਥਲ ਦੇ ਦੌਰਾਨ ਕਿਹੜੇ ਦੇਸ਼ ਸਭ ਤੋਂ ਵੱਧ ਨੁਕਸਾਨ ਝੱਲਣਗੇ ਅਤੇ ਕਿਹੜਿਆਂ ਨੂੰ ਲਾਭ ਹੋ ਸਕਦਾ ਹੈ?

ਰੂਸ

ਈਰਾਨ ਰੂਸ ਦਾ ਇੱਕ ਮਹੱਤਵਪੂਰਨ ਸਾਥੀ ਅਤੇ ਅਹਿਮ ਫੌਜੀ ਹਿੱਸੇਦਾਰ ਹੈ। ਅਤੇ ਸਰਵਉੱਚ ਨੇਤਾ ਅਯਾਤੁੱਲ੍ਹਾ ਅਲੀ ਖਾਮੇਨਈ ਦਾ ਕਤਲ ਮਾਸਕੋ ਲਈ ਇੱਕ ਹੋਰ ਕੂਟਨੀਤਿਕ ਝਟਕਾ ਮੰਨਿਆ ਜਾ ਰਿਹਾ ਹੈ, ਕਿਉਂਕਿ ਇਸ ਤੋਂ ਪਹਿਲਾਂ ਸੀਰੀਆ ਵਿੱਚ ਬਸ਼ਰ ਅਲ-ਅਸਦ ਦੀ ਹਕੂਮਤ ਦੇ ਪਤਨ ਅਤੇ ਵੈਨੇਜ਼ੁਏਲਾ ਵਿੱਚ ਨਿਕੋਲਸ ਮਾਦੂਰੋ ਨੂੰ ਅਮਰੀਕਾ ਵੱਲੋਂ ਕਾਬੂ ਕਰ ਲੈਣ ਵਰਗੀਆਂ ਘਟਨਾਵਾਂ ਹੋ ਚੁੱਕੀਆਂ ਹਨ। ਫਿਰ ਵੀ, ਮੱਧ-ਪੂਰਬ ਵਿੱਚ ਚੱਲ ਰਿਹਾ ਇਹ ਸੰਘਰਸ਼ ਰੂਸ ਨੂੰ ਆਪਣੀ ਰੂਸ-ਯੂਕਰੇਨ ਜੰਗ ਵਿੱਚ ਕੁਝ ਫਾਇਦਾ ਦੇ ਸਕਦਾ ਹੈ, ਕਿਉਂਕਿ ਇਸ ਨਾਲ ਅਮਰੀਕਾ ਦੇ ਫੌਜੀ ਸਰੋਤਾਂ ਦਾ ਧਿਆਨ ਹੋਰ ਥਾਵਾਂ ਵੱਲ ਮੁੜ ਸਕਦਾ ਹੈ। ਪੈਰਿਸ ਇੰਸਟੀਚਿਊਟ ਆਫ ਪਾਲੀਟਿਕਲ ਸਟਡੀਜ਼ ਦੇ ਸੈਂਟਰ ਫ਼ਾਰ ਇੰਟਰਨੈਸ਼ਨਲ ਸਟਡੀਜ਼ ਦੀ ਸਹਾਇਕ ਪ੍ਰੋਫੈਸਰ ਨਿਕਲੋਸ ਗਰਾਜੇਸਕੀ ਨੇ ਦੱਸਿਆ, "ਪੈਟ੍ਰਿਓਟ ਮਿਜ਼ਾਈਲਾਂ ਅਤੇ ਇੰਟਰਸੈਪਟਰਾਂ ਦਾ ਘੱਟ ਹੋਣਾ ਰੂਸ ਲਈ ਫਾਇਦੇਮੰਦ ਹੈ ਕਿਉਂਕਿ ਇਸ ਨਾਲ ਯੂਕਰੇਨ ਨੂੰ ਬਾਜ਼ਾਰ ਵਿੱਚੋਂ ਮਿਲਣ ਵਾਲੀ ਸਪਲਾਈ ਘੱਟ ਹੋ ਜਾਵੇਗੀ।" ਹਾਲਾਂਕਿ, ਮਾਹਰਾਂ ਦੇ ਮੁਤਾਬਕ, ਤੇਹਰਾਨ ਨੂੰ ਈਰਾਨੀ ਸ਼ਾਹਿਦ ਡਰੋਨ ਦੀ ਵਧੀ ਹੋਈ ਲੋੜ ਮਾਸਕੋ ਦੀ ਯੂਕਰੇਨ ਵਿੱਚ ਸਮਰੱਥਾ 'ਤੇ ਵੱਡਾ ਅਸਰ ਨਹੀ ਪਾਏਗੀ।

ਅਮਰੀਕਾ ਦੇ ਸੈਂਟਰ ਫ਼ਾਰ ਨਾਨਪ੍ਰੋਲਿਫਰੇਸ਼ਨ ਸਟਡੀਜ਼ ਦੀ ਯੂਰੇਸ਼ੀਆ ਡਾਇਰੈਕਟਰ ਹਨਾ ਨੋਟੇ ਨੇ ਦੱਸਿਆ, "ਯੂਕਰੇਨ ਜੰਗ ਦੇ ਸ਼ੁਰੂਆਤੀ ਸਮੇਂ ਵਿੱਚ ਇੱਕ ਖ਼ਾਸ ਦੌਰ ਦੌਰਾਨ ਰੂਸ ਰੱਖਿਆ ਸਹਿਯੋਗ ਲਈ ਈਰਾਨ 'ਤੇ ਨਿਰਭਰ ਸੀ, ਜਦੋਂ 2022-2023 ਵਿੱਚ ਈਰਾਨ ਨੇ ਸ਼ਾਹਿਦ ਡਰੋਨ ਅਤੇ ਉਨ੍ਹਾਂ ਦੀ ਉਤਪਾਦਨ ਤਕਨਾਲੋਜੀ ਅਤੇ ਲਾਇਸੈਂਸ ਦਿੱਤੇ ਸਨ।" "ਪਰ ਹੁਣ ਜੰਗ ਉਸ ਮੰਚ 'ਤੇ ਪਹੁੰਚ ਗਈ ਹੈ ਜਿੱਥੇ ਰੂਸ ਨੂੰ ਯੂਕਰੇਨ ਵਿੱਚ ਜੰਗ ਜਾਰੀ ਰੱਖਣ ਲਈ ਈਰਾਨ ਦੀ ਲੋੜ ਨਹੀਂ। ਰੂਸ ਹੁਣ ਆਪਣੇ ਆਪ ਸ਼ਾਹਿਦ ਡਰੋਨ ਤਿਆਰ ਕਰ ਸਕਦਾ ਹੈ।"

ਇਸ ਦਰਮਿਆਨ, ਜੇ ਈਰਾਨ ਸਟ੍ਰੇਟ ਆਫ ਹੋਰਮੁਜ਼ ਨੂੰ ਬੰਦ ਕਰ ਦਿੰਦਾ ਹੈ, ਜਿਸ ਨਾਲ ਤੇਲ ਅਤੇ ਗੈਸ ਦੀ ਸ਼ਿਪਮੈਂਟ ਨੂੰ ਰੋਕ ਦਿੱਤਾ ਹੈ ਅਤੇ ਈਧਨ ਦੀਆਂ ਕੀਮਤਾਂ ਤੇਜ਼ੀ ਨਾਲ ਵਧ ਜਾਂਦੀਆਂ ਹਨ, ਤਾਂ ਇਸ ਨਾਲ ਰੂਸ ਨੂੰ ਕੁਝ ਆਰਥਿਕ ਰਾਹਤ ਮਿਲ ਸਕਦੀ ਹੈ, ਕਿਉਂਕਿ ਯੂਕਰੇਨ ਜੰਗ ਕਾਰਨ ਉਸ ਦੀ ਅਰਥਵਿਵਸਥਾ 'ਤੇ ਕਾਫ਼ੀ ਦਬਾਅ ਹੈ। ਰੂਸ ਦਾ ਕੇਂਦਰੀ ਬਜਟ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਦੇਸ਼ ਦਾ ਤੇਲ ਲਗਭਗ 59 ਡਾਲਰ ਪ੍ਰਤੀ ਬੈਰਲ ਦੀ ਕੀਮਤ 'ਤੇ ਨਿਰਯਾਤ ਹੋਵੇ। ਪਰ ਹੁਣ ਕੱਚੇ ਤੇਲ ਦੀ ਕੀਮਤ ਇੱਕ ਸਮੇਂ ਲਗਭਗ 120 ਡਾਲਰ ਪ੍ਰਤੀ ਬੈਰਲ ਤੱਕ ਚੜ੍ਹ ਗਈ ਸੀ। ਅਤੇ ਜਦੋਂ ਖਾੜੀ ਦੇ ਵੱਡੇ ਤੇਲ ਉਤਪਾਦਕ ਦੇਸ਼ ਉਤਪਾਦਨ ਘਟਾ ਰਹੇ ਹਨ, ਤਾਂ ਰੂਸ ਨੂੰ ਚੀਨ ਅਤੇ ਭਾਰਤ ਵਰਗੇ ਮਹੱਤਵਪੂਰਨ ਬਾਜ਼ਾਰਾਂ ਵਿੱਚ ਵੱਧ ਤੇਲ ਨਿਰਯਾਤ ਕਰਨ ਦਾ ਮੌਕਾ ਮਿਲ ਸਕਦਾ ਹੈ। ਗਲੋਬਲ ਊਰਜਾ ਅਤੇ ਕਮੋਡਿਟੀ ਮਾਰਕੀਟ ਇੰਟੈਲੀਜੈਂਸ ਕੰਪਨੀ ਆਰਗਸ ਮੀਡੀਆ ਦੇ ਮੁੱਖ ਅਰਥਸ਼ਾਸਤਰੀ ਡੇਵਿਡ ਫਾਈਫ ਨੇ ਕਿਹਾ, "ਭਾਰਤ ਨੂੰ ਪਹਿਲਾਂ ਰੂਸੀ ਤੇਲ ਦੀ ਖਰੀਦ ਘਟਾਉਣ ਲਈ ਉਤਸ਼ਾਹਿਤ ਕੀਤਾ ਗਿਆ ਸੀ ਪਰ ਹੁਣ ਅਮਰੀਕਾ ਨੇ ਇੱਕ ਕਿਸਮ ਦੀ ਛੂਟ ਦਿੱਤੀ ਹੈ, ਜਿਸ ਨਾਲ ਭਾਰਤ ਘੱਟੋ-ਘੱਟ ਅਗਲੇ ਮਹੀਨੇ ਲਈ ਰੂਸੀ ਤੇਲ ਖਰੀਦ ਸਕਦਾ ਹੈ।" "ਕੁਝ ਸਮੱਸਿਆਵਾਂ ਘਟਾਉਣ ਲਈ ਰੂਸੀ ਤੇਲ 'ਤੇ ਲੱਗੀਆਂ ਕੁਝ ਪਾਬੰਦੀਆਂ ਹਟਾਉਣ ਬਾਰੇ ਵੀ ਗੱਲਬਾਤ ਹੋ ਰਹੀ ਹੈ।"

ਚੀਨ

ਈਰਾਨ ਖ਼ਿਲਾਫ਼ ਜੰਗ ਦਾ ਚੀਨ 'ਤੇ ਹਾਲੇ ਤੱਕ ਕੋਈ ਵੱਡਾ ਤੁਰੰਤ ਪ੍ਰਭਾਵ ਨਹੀਂ ਪਿਆ, ਪਰ ਫਿਰ ਵੀ ਇਹ ਦਬਾਅ ਮਹਿਸੂਸ ਕਰੇਗਾ। ਸੈਂਟ੍ਰਲ ਆਨ ਗਲੋਬਲ ਐਨਰਜੀ ਪਾਲਿਸੀ ਦੇ ਅਨੁਸਾਰ, ਚੀਨ ਦੇ ਆਯਾਤ ਕੀਤੇ ਕੱਚੇ ਤੇਲ ਦਾ ਲਗਭਗ 12% ਹੀ ਈਰਾਨ ਤੋਂ ਆਉਂਦਾ ਹੈ। ਇਸ ਤੋਂ ਇਲਾਵਾ, ਚੀਨ ਨੇ ਕਈ ਮਹੀਨਿਆਂ ਲਈ ਕਾਫ਼ੀ ਤੇਲ ਸਟਾਕ ਕਰ ਰੱਖਿਆ ਹੈ ਅਤੇ ਉਸ ਤੋਂ ਬਾਅਦ ਉਹ ਰੂਸ ਵੱਲ ਵੀ ਰੁਖ਼ ਕਰ ਸਕਦਾ ਹੈ। ਪਰ ਫਾਈਫ ਦੇ ਮੁਤਾਬਕ, ਚੀਨ ਦਾ ਐਕਸਪੋਰਟ-ਅਧਾਰਿਤ ਉਦਯੋਗੀ ਖੇਤਰ ਪ੍ਰਭਾਵਿਤ ਹੋਵੇਗਾ। ਚੀਨ ਦੀ ਕੁੱਲ ਘਰੇਲੂ ਉਤਪਾਦ (ਜੀਡੀਪੀ) ਦਾ ਲਗਭਗ 20% ਹਿੱਸਾ ਐਕਸਪੋਰਟ ਤੋਂ ਆਉਂਦਾ ਹੈ, ਅਤੇ ਘਰੇਲੂ ਖਰਚੇ ਦੀ ਕਮਜ਼ੋਰੀ ਅਤੇ ਜਾਇਦਾਦ ਦੀਆਂ ਘਟਦੀਆਂ ਕੀਮਤਾਂ ਦੇ ਕਾਰਨ ਇਹ ਖੇਤਰ ਉਸ ਦੀ ਅਰਥਵਿਵਸਥਾ ਲਈ ਬਹੁਤ ਮਹੱਤਵਪੂਰਨ ਬਣ ਗਿਆ ਹੈ। ਸਟ੍ਰੇਟ ਆਫ ਹੋਰਮੁਜ਼ ਵਿੱਚ ਸਮੁੰਦਰੀ ਆਵਾਜਾਈ ਵਿੱਚ ਰੁਕਾਵਟ ਚੀਨ ਲਈ ਵੱਡੀ ਸਮੱਸਿਆ ਨਹੀਂ, ਪਰ ਪੱਛਮੀ ਦੇਸ਼ਾਂ ਵੱਲ ਜਾਣ ਵਾਲੇ ਚੀਨੀ ਸਮਾਨ ਲਈ ਐਟਲਾਂਟਿਕ ਮਹਾਸਾਗਰ ਤੱਕ ਪਹੁੰਚਣਾ ਬਹੁਤ ਮਹੱਤਵਪੂਰਨ ਹੈ। ਅਰਬ ਪ੍ਰਾਇਦੀਪ ਦੇ ਦੂਜੇ ਪਾਸੇ ਬਬ-ਐਲ-ਮਨਦੇਬ ਸਟ੍ਰੇਟ, ਜੋ ਏਸ਼ੀਆ, ਯੂਰਪ ਅਤੇ ਅਫ਼ਰੀਕਾ ਨੂੰ ਜੋੜਦਾ ਹੈ, ਉੱਥੇ ਯਮਨ ਵਿੱਚ ਸਥਿਤ ਅਤੇ ਈਰਾਨ-ਸਮਰਥਿਤ ਹੂਤੀ ਲੜਾਕਿਆਂ ਵੱਲੋਂ ਹਮਲੇ ਹੋ ਰਹੇ ਹਨ। ਫਾਈਫ ਨੇ ਕਿਹਾ, "ਬਹੁਤ ਸੰਭਾਵਨਾ ਹੈ ਕਿ ਲਾਲ ਸਮੁੰਦਰ ਦੀ ਆਵਾਜਾਈ ਫਿਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗੀ ਅਤੇ ਏਸ਼ੀਆ ਤੋਂ ਐਟਲਾਂਟਿਕ ਖੇਤਰ ਵੱਲ ਜਾਣ ਵਾਲੇ ਲੰਬੇ ਸਫ਼ਰ ਵਾਲੇ ਜਹਾਜ਼ਾਂ ਨੂੰ ਦੱਖਣੀ ਅਫ਼ਰੀਕਾ ਦੇ ਕੇਪ ਆਫ ਗੁੱਡ ਹੋਪ ਰਾਹੀ ਘੁੰਮ ਕੇ ਜਾਣਾ ਪਵੇਗਾ।" ਲੰਡਨ ਅਧਾਰਿਤ ਥਿੰਕ ਟੈਂਕ ਚੈਟਮ ਹਾਊਸ ਦੇ ਮੱਧ-ਪੂਰਬ ਮਾਹਰ ਨੀਲ ਕੁਈਲੀਅਮ ਕਹਿੰਦੇ ਹਨ, "ਇਸ ਦੀ ਕੀਮਤ ਬਹੁਤ ਵੱਧ ਹੁੰਦੀ ਹੈ। ਇਹ ਯਾਤਰਾ ਵਿੱਚ 10 ਤੋਂ 14 ਦਿਨ ਵਧਾ ਦਿੰਦਾ ਹੈ ਅਤੇ ਔਸਤ ਜਹਾਜ਼ ਲਈ ਲਗਭਗ 20 ਲੱਖ ਡਾਲਰ ਵਧੇਰੇ ਖਰਚ ਹੁੰਦਾ ਹੈ।" ਈਰਾਨ ਖ਼ਿਲਾਫ਼ ਜੰਗ ਚੀਨ ਲਈ ਕੁਝ ਕੂਟਨੀਤਕ ਮੌਕੇ ਵੀ ਪੈਦਾ ਕਰ ਸਕਦੀ ਹੈ। ਫਿਲਿਪ ਸ਼ੈਲਟਰ ਜੋਨਸ ਨੇ ਦੱਸਿਆ ਕਿ ਚੀਨ ਆਪਣੇ ਆਪ ਨੂੰ ਅਮਰੀਕਾ ਦੇ ਮੁਕਾਬਲੇ ਇੱਕ ਜ਼ਿੰਮੇਵਾਰ ਅਤੇ ਸੰਤੁਲਨ ਕਾਇਮ ਕਰਨ ਵਾਲੀ ਤਾਕਤ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕਰ ਸਕਦਾ ਹੈ। ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਆਪਣਾ ਅਕਸ ਇੱਕ ਸਥਿਰ ਅਤੇ ਭਰੋਸੇਯੋਗ ਵਿਸ਼ਵ ਨੇਤਾ ਵਜੋਂ ਪੇਸ਼ ਕਰਦੇ ਰਹਿਣਗੇ, ਖਾਸ ਕਰਕੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨਾਲ ਤੁਲਨਾ ਵਿੱਚ। ਇਹ ਸੰਘਰਸ਼ ਬੀਜਿੰਗ ਲਈ ਇਹ ਸਮਝਣ ਦਾ ਮੌਕਾ ਵੀ ਹੋ ਸਕਦਾ ਹੈ ਕਿ ਟਰੰਪ ਹੋਰ ਸੰਵੇਦਨਸ਼ੀਲ ਮੁੱਦਿਆਂ 'ਤੇ, ਜਿਵੇਂ ਕਿ ਤਾਇਵਾਨ ਕਿਵੇਂ ਪ੍ਰਤੀਕਿਰਿਆ ਕਰ ਸਕਦੇ ਹਨ।

ਉਭਰ ਰਹੀਆਂ ਅਰਥਵਿਵਸਥਾਵਾਂ

ਮੱਧ-ਪੂਰਬ ਦੇ ਤੇਲ ਅਤੇ ਗੈਸ 'ਤੇ ਬਹੁਤ ਜ਼ਿਆਦਾ ਨਿਰਭਰ ਹੋਣ ਕਰਕੇ ਦੱਖਣ-ਪੂਰਬੀ ਏਸ਼ੀਆ ਦੇ ਦੇਸ਼ ਇਸ ਜੰਗ ਨਾਲ ਕਾਫ਼ੀ ਪ੍ਰਭਾਵਿਤ ਹੋ ਸਕਦੇ ਹਨ। ਕੁਝ ਦੇਸ਼ ਪਹਿਲਾਂ ਹੀ ਕਾਫ਼ੀ ਸਖ਼ਤ ਬਚਤ ਨੀਤੀਆਂ ਲਾਗੂ ਕਰ ਰਹੇ ਹਨ, ਤਾਂ ਜੋ ਆਰਥਿਕ ਅਸਰ ਨੂੰ ਜਿੰਨਾ ਜਲਦੀ ਹੋ ਸਕੇ ਘੱਟ ਕੀਤਾ ਜਾ ਸਕੇ। ਵੀਅਤਨਾਮ ਵਿੱਚ ਜੰਗ ਸ਼ੁਰੂ ਹੋਣ ਤੋਂ ਬਾਅਦ ਡੀਜ਼ਲ ਦੀ ਕੀਮਤ ਪਹਿਲਾਂ ਹੀ 60% ਤੱਕ ਵਧ ਚੁੱਕੀ ਹੈ, ਅਤੇ ਸਰਕਾਰ ਲੋਕਾਂ ਨੂੰ ਕਹਿ ਰਹੀ ਹੈ ਕਿ ਜਿੱਥੇ ਸੰਭਵ ਹੋਵੇ ਉੱਥੇ ਘਰੋਂ ਕੰਮ ਕੀਤਾ ਜਾਵੇ। ਫਿਲੀਪੀਸ ਵਿੱਚ, ਜੋ ਆਪਣਾ ਲਗਭਗ 95% ਕੱਚਾ ਤੇਲ ਮੱਧ-ਪੂਰਬ ਤੋਂ ਮੰਗਵਾਉਂਦਾ ਹੈ, ਉੱਥੇ ਹੁਣ ਸਰਕਾਰੀ ਕਰਮਚਾਰੀਆਂ ਤੋਂ ਹਫਤੇ ਵਿੱਚ 4 ਹੀ ਦਿਨ ਕੰਮ ਕਰਵਾਇਆ ਜਾ ਰਿਹਾ ਹੈ, ਸਿਰਫ਼ ਐਮਰਜੈਂਸੀ ਸਰਵਿਸ ਨਾਲ ਜੁੜੇ ਕਰਮਚਾਰੀਆਂ ਉੱਤੇ ਇਸ ਨੂੰ ਲਾਗੂ ਨਹੀਂ ਕੀਤਾ ਗਿਆ ਹੈ। ਇਸ ਤਰ੍ਹਾਂ ਦੀਆਂ ਪਾਬੰਦੀਆਂ ਪਾਕਿਸਤਾਨ ਵਿੱਚ ਵੀ ਲਾਗੂ ਕੀਤੀਆਂ ਗਈਆਂ ਹਨ। ਹਾਲਾਂਕਿ ਬੈਂਕਾਂ ਨੂੰ ਇਸ ਤੋਂ ਛੋਟ ਦਿੱਤੀ ਗਈ ਹੈ, ਜਿੱਥੇ ਸੰਭਵ ਹੋਵੇ ਉੱਥੇ ਘਰੋਂ ਕੰਮ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ ਅਤੇ ਯੂਨੀਵਰਸਿਟੀ ਦੀਆਂ ਕਲਾਸਾਂ ਆਨਲਾਈਨ ਕਰ ਦਿੱਤੀਆਂ ਗਈਆਂ ਹਨ। ਟੈਲੀਵਿਜ਼ਨ 'ਤੇ ਦਿੱਤੇ ਸੰਬੋਧਨ ਵਿੱਚ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ਼ ਨੇ ਕਿਹਾ ਕਿ ਦੇਸ਼ ਦੇ ਈਧਨ ਭੰਡਾਰਾਂ ਨੂੰ ਬਚਾਉਣਾ ਅਤੇ ਸੋਚ-ਸਮਝ ਕੇ ਵੰਡਣਾ ਬਹੁਤ ਜ਼ਰੂਰੀ ਹੈ।

ਬੰਗਲਾਦੇਸ਼ ਵਿੱਚ ਸਰਕਾਰ ਘਬਰਾਹਟ ਵਿੱਚ ਵਧ ਰਹੀ ਖਰੀਦਦਾਰੀ ਨਾਲ ਨਜਿੱਠ ਰਹੀ ਹੈ। ਪੈਟਰੋਲ ਪੰਪਾਂ 'ਤੇ ਲੰਬੀਆਂ ਲਾਈਨਾਂ ਦੇ ਕਾਰਨ ਰੇਸ਼ਨਿੰਗ ਲਾਗੂ ਕੀਤੀ ਗਈ ਹੈ, ਕਾਰਾਂ ਲਈ ਦਿਨ ਵਿੱਚ 10 ਲੀਟਰ ਅਤੇ ਮੋਟਰਸਾਈਕਲਾਂ ਲਈ ਸਿਰਫ਼ 2 ਲੀਟਰ। ਪਰ ਜੰਗ ਦੇ ਨਤੀਜੇ ਸਿਰਫ਼ ਊਰਜਾ ਦੀ ਘਾਟ ਤੱਕ ਸੀਮਿਤ ਨਹੀਂ ਰਹਿ ਸਕਦੇ। ਦੁਨੀਆ ਭਰ ਦੇ ਕਿਸਾਨ ਮਿੱਟੀ ਨੂੰ ਉਹ ਪੋਸ਼ਕ ਤੱਤ ਦੇਣ ਲਈ ਖਾਦ 'ਤੇ ਨਿਰਭਰ ਕਰਦੇ ਹਨ ਜੋ ਫ਼ਸਲਾਂ ਨੂੰ ਉਗਾਉਣ ਅਤੇ ਉਨ੍ਹਾਂ ਨੂੰ ਮੌਸਮ ਦੇ ਪ੍ਰਭਾਵਾਂ ਤੋਂ ਬਚਾਉਣ ਵਿੱਚ ਮਦਦ ਕਰਦੇ ਹਨ। ਕਿਸੇ ਵੀ ਤਰ੍ਹਾਂ ਦੀ ਰੁਕਾਵਟ ਨਾਲ ਵਿਸ਼ਵ ਪੱਧਰ 'ਤੇ ਖੁਰਾਕ ਦੀ ਸੁਰੱਖਿਆ ਖਤਰੇ ਵਿੱਚ ਪੈ ਸਕਦੀ ਹੈ। ਮੱਧ-ਪੂਰਬ ਮਾਮਲਿਆਂ ਦੇ ਮਾਹਰ ਨੀਲ ਕੁਈਲੀਅਮ ਨੇ ਦੱਸਿਆ, "ਦੁਨੀਆ ਦੀ ਲਗਭਗ 30% ਯੂਰੀਆ, ਜੋ ਖਾਦ ਬਣਾਉਣ ਲਈ ਵਰਤੀ ਜਾਂਦੀ ਹੈ, ਸਟ੍ਰੇਟ ਆਫ ਹੋਰਮੁਜ਼ ਰਾਹੀ ਲੰਘਦੀ ਹੈ।" "ਯੂਰੀਆ ਪੈਟਰੋਕੈਮੀਕਲ ਤੋਂ ਬਣਦੀ ਹੈ, ਜੋ ਕੱਚੇ ਤੇਲ ਦੀ ਪ੍ਰਕਿਰਿਆ ਤੋਂ ਮਿਲਦੇ ਹਨ। ਇਸ ਲਈ ਜੇ ਗਲੋਬਲ ਬਾਜ਼ਾਰ ਵਿੱਚੋਂ 30% ਯੂਰੀਆ ਘੱਟ ਹੋ ਜਾਵੇ ਤਾਂ ਇਸ ਦਾ ਵਿਸ਼ਵ ਖੁਰਾਕ ਸੁਰੱਖਿਆ 'ਤੇ ਵੱਡਾ ਅਸਰ ਪਵੇਗਾ।" ਕਵਿਲੀਅਮ ਕਹਿੰਦੇ ਹਨ, "ਛੇ ਤੋਂ ਨੌ ਮਹੀਨੇ ਦੇ ਅੰਦਰ ਇਸਦਾ ਅਸਰ ਖਾਦ ਸੁਰੱਖਿਆ ਅਤੇ ਮਹਿੰਗਾਈ ਦੋਵਾਂ ਉੱਤੇ ਵੇਖਿਆ ਜਾ ਸਕਦਾ ਹੈ। ਸ਼ਾਇਦ ਇਹ ਤੁਰੰਤ ਨਜ਼ਰ ਨਾ ਆਵੇ ਪਰ ਜਿਵੇਂ ਫ਼ਸਲਾਂ ਨੂੰ ਮੁਸ਼ਕਲ ਆਵੇਗੀ ਜਾਂ ਕਿਸਾਨਾਂ ਨੂੰ ਖਾਦ ਹਾਸਿਲ ਕਰਨ ਵਿੱਚ ਦਿੱਕਤ ਹੋਵੇਗੀ, ਅਸੀ ਲੰਬੇ ਸਮੇਂ ਦਾ ਪ੍ਰਭਾਵ ਵੇਖਾਂਗੇ।"

ਪਾਰਟੀ ਦੀ ਮਜ਼ਬੂਤੀ ਅਤੇ ਆਉਣ ਵਾਲੀਆਂ ਸਰਗਰਮੀਆਂ ਬਾਰੇ ਬਣਾਈ ਗਈ ਰਣਨੀਤੀ

ਖਡੂਰ ਸਾਹਿਬ, 16 ਮਾਰਚ (ਸਰਬਜੀਤ ਸਿੰਘ ਮੀਆਂ ਵਿੰਡ):ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਪਿੰਡ ਝੰਡੇਰ ਵਿਖੇ ਸੁਖਦੇਵ ਸਿੰਘ ਸਾਬਕਾ ਸਰਪੰਚ ਦੇ ਗ੍ਰਹਿ ਵਿਖੇ ਸੀਨੀਅਰ ਅਕਾਲੀ ਆਗੂ ਪਿਆਰਾ ਸਿੰਘ ਦੁੱਗਲਵਾਲਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਵਰਕਰ ਮਿਲਣੀ ਕਰਵਾਈ ਗਈ। ਇਸ ਮੌਕੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਅਤੇ ਕੋਰ ਕਮੇਟੀ ਮੈਂਬਰ ਯੂਥ ਅਕਾਲੀ ਦਲ ਗੁਰਸੇਵਕ ਸਿੰਘ ਸ਼ੇਖ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮੀਟਿੰਗ ਦੀ ਅਗਵਾਈ ਕੀਤੀ।ਮੀਟਿੰਗ ਦੌਰਾਨ ਪਾਰਟੀ ਦੀ ਮਜ਼ਬੂਤੀ, ਆਉਣ ਵਾਲੇ ਸਮੇਂ ਵਿੱਚ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਅਤੇ ਵਰਕਰਾਂ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਬ੍ਰਹਮਪੁਰਾ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਤਾਕਤ ਉਸਦੇ ਸਮਰਪਿਤ ਵਰਕਰ ਹਨ ਅਤੇ ਪਿੰਡ ਪੱਧਰ 'ਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਸਭ ਨੂੰ ਇਕੱਠੇ ਹੋ ਕੇ ਕੰਮ ਕਰਨਾ ਹੋਵੇਗਾ। ਇਸ ਮੌਕੇ ਬ੍ਰਹਮਪੁਰਾ ਤੇ ਸ਼ੇਖ ਨੇ ਕਿਹਾ ਕਿ ਪੰਜਾਬ ਦੀ ਜਨਤਾ ਸ਼੍ਰੋਮਣੀ ਅਕਾਲੀ ਦਲ ਦੀ 2027 ਵਿੱਚ ਸਰਕਾਰ ਬਣਾਉਣ ਲਈ ਉਤਾਵਲੀ ਹੈ ਅਤੇ ਆਮ ਆਦਮੀ ਪਾਰਟੀ ਦੀ ਆਉਣ ਵਾਲੀਆ ਚੋਣਾਂ ਵਿੱਚ ਬੁਰੀ ਤਰ੍ਹਾਂ ਹਾਰ ਹੋਵੇਂਗੀ, ਕਿਉਂਕਿ ਲ਼ੋਕ ਆਮ ਆਦਮੀ ਪਾਰਟੀ ਦਾ ਦੋਗਲਾ ਚਿਹਰਾ ਪਹਿਚਾਣ ਚੁੱਕੇ ਹਨ । ਇਸ ਮੌਕੇ ਹਰਭਜਨ ਸਿੰਘ, ਹਰੀ ਸਿੰਘ, ਰਾਜੂ ਸਿੰਘ, ਕਰਮ ਸਿੰਘ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ, ਸਰਬਜੀਤ ਸਿੰਘ, ਗੁਰਦੇਵ ਸਿੰਘ, ਅਰਸ਼ਦੀਪ ਸਿੰਘ, ਗੁਰਸ਼ਰਨ ਸਿੰਘ, ਸਤਨਾਮ ਸਿੰਘ, ਪਰਤਾਪ ਸਿੰਘ, ਸ਼ਿੰਦਰ ਸਿੰਘ, ਮਨਦੀਪ ਸਿੰਘ, ਪਰਗਟ ਸਿੰਘ, ਸੰਦੀਪ ਸਿੰਘ ਅਤੇ ਸੱਕਤਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਪੰਜਾਬ ਸਰਕਾਰ ਦੀ 'ਆਪਣਾ ਕਾਰੋਬਾਰ, ਆਪਣੀ ਪਹਿਚਾਣ' ਮੁਹਿੰਮ ਤਹਿਤ 100 ਉੱਦਮੀ ਮਹਿਲਾਵਾਂ ਦਾ ਵਿਸ਼ੇਸ਼ ਸਨਮਾਨ

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜੀਵਿਕਾ ਮਿਸ਼ਨ ਮਹਿਲਾਵਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਹਰ ਸਮੇਂ ਤੱਤਪਰ

ਅੰਮ੍ਰਿਤਸਰ, 16 ਮਾਰਚ (ਬਬਲੂ ਮਹਾਜਨ) :ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਹਿਲਾਵਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਤਾਂ ਜੋ ਉਹ ਆਪਣੇ ਪਰਿਵਾਰ ਅਤੇ ਸਮਾਜ ਦੀ ਤਰੱਕੀ ਵਿੱਚ ਹੋਰ ਵੱਡਾ ਯੋਗਦਾਨ ਪਾ ਸਕਣ। ਇਸ ਸਬੰਧੀ ਅੱਜ ਜ਼ਿਲ੍ਹਾ ਪੱਧਰੀ ਸਮਾਗਮ ਸਰੂਪ ਰਾਣੀ ਕਾਲਜ ਇਸਤਰੀਆਂ ਵਿਖੇ ਕਰਵਾਇਆ ਗਿਆ ਜਿਥੇ ਜ਼ਿਲ੍ਹੇ ਭਰ ਤੋਂ ਆਈਆਂ 100 ਉੱਦਮੀ ਮਹਿਲਾਵਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਸ੍ਰੀਮਤੀ ਪਰਮਜੀਤ ਕੌਰ ਨੇ ਕਿਹਾ ਕਿ ਅੱਜ ਮਹਿਲਾਵਾਂ ਦੀ ਭਾਗੀਦਾਰੀ ਸਮਾਜ ਦੇ ਹਰ ਅਹਿਮ ਖੇਤਰ ਵਿੱਚ ਲਗਾਤਾਰ ਵਧ ਰਹੀ ਹੈ। ਛੋਟੇ ਪੱਧਰ ਦੇ ਘਰੇਲੂ ਕਾਰੋਬਾਰਾਂ ਤੋਂ ਲੈ ਕੇ ਵੱਡੀਆਂ ਕੰਪਨੀਆਂ ਅਤੇ ਉਦਯੋਗਾਂ ਤੱਕ ਮਹਿਲਾਵਾਂ ਆਪਣੀ ਯੋਗਤਾ ਅਤੇ ਕਾਬਲੀਅਤ ਨਾਲ ਅਹਿਮ ਭੂਮਿਕਾ ਨਿਭਾਅ ਰਹੀਆਂ ਹਨ। ਇੱਥੋਂ ਤੱਕ ਕਿ ਵਿਗਿਆਨ, ਤਕਨਾਲੋਜੀ ਅਤੇ ਪੁਲਾੜ ਖੇਤਰ ਵਰਗੇ ਉੱਚ ਪੱਧਰੀ ਮੈਦਾਨਾਂ ਵਿੱਚ ਵੀ ਮਹਿਲਾਵਾਂ ਆਪਣੀ ਮਿਹਨਤ ਅਤੇ ਲਗਨ ਨਾਲ ਨਵੇਂ ਮਾਪਦੰਡ ਸਥਾਪਿਤ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਮੇਂ ਜ਼ਿਲ੍ਹੇ ਵਿੱਚ ਅਜੀਵਿਕਾ ਮਿਸ਼ਨ ਤਹਿਤ 2407 ਸਵੈ ਸਹਾਇਤਾ ਗਰੁੱਪ ਚੱਲ ਰਹੇ ਹਨ ਅਤੇ ਇਨ੍ਹਾਂ ਗਰੁੱਪਾਂ ਨਾਲ ਜੁੜ ਕੇ 23000 ਤੋਂ ਵੱਧ ਮਹਿਲਾਵਾਂ ਆਪਣਾ ਕਾਰੋਬਾਰ ਚਲਾ ਰਹੀਆਂ ਹਨ ਅਤੇ ਆਪਣੀ ਪਹਿਚਾਣ ਬਣਾ ਰਹੀਆਂ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 2 ਮਾਰਚ ਤੋਂ 4 ਮਾਰਚ 2026 ਤੱਕ ਹਰੇਕ ਵਿਧਾਨ ਸਭਾ ਹਲਕੇ ਵਿੱਚ 'ਆਪਣਾ ਕਾਰੋਬਾਰ, ਆਪਣੀ ਪਹਿਚਾਣ'ਤਹਿਤ ਸਮਾਗਮ ਕਰਵਾ ਕੇ ਹਲਕੇ ਦੀਆਂ 100-100 ਮਹਿਲਾ ਉਦਮੀਆਂ ਨੂੰ ਸਨਮਾਨਤ ਕੀਤਾ ਗਿਆ ਸੀ ਅਤੇ ਉਨ੍ਹਾਂ ਵਿਚੋਂ ਅੱਜ 100 ਮਹਿਲਾ ਉਦਮੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 18 ਮਾਰਚ, 2026 ਨੂੰ ਰਾਜ ਪੱਧਰ 'ਤੇ ਮੁਹਾਲੀ ਵਿਖੇ 'ਆਪਣਾ ਕਾਰੋਬਾਰ, ਆਪਣੀ ਪਹਿਚਾਣ' ਦਾ ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਸੂਬੇ ਭਰ ਦੀਆਂ 100 ਮਹਿਲਾ ਉਦਮੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਸਮਾਗਮ ਦੌਰਾਨ ਇਕ ਮਹਿਲਾ ਉਦਮੀ ਸ੍ਰੀਮਤੀ ਰਣਜੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਉਹ ਪਹਿਲਾਂ ਇਕ ਆਮ ਘਰੇਲੂ ਮਹਿਲਾ ਸੀ, ਉਸ ਨੇ ਅਜੀਵਿਕਾ ਮਿਸ਼ਨ ਨਾਲ ਜੁੜ ਕੇ ਆਪਣਾ ਵਿਸ਼ਵਾਸ਼ ਹੈਲਪ ਗਰੁੱਪ ਮਹਿਲਾਵਾਂ ਨਾਲ ਮਿਲ ਕੇ ਤਿਆਰ ਕੀਤਾ ਅਤੇ ਉਹ ਅੱਜ ਆਪਣਾ ਕੈਟਰਿੰਗ ਦਾ ਕੰਮ ਕਰ ਰਹੀ ਹੈ। ਉਸ ਮਹਿਲਾ ਨੇ ਦੱਸਿਆ ਕਿ ਉਸ ਵੱਲੋਂ ਸਾਰਸ ਮੇਲਾ ਪਾਇਟੈਕਸ ਮੇਲਾ, ਏਅਰਪੋਰਟ ਅਤੇ ਹੋਰ ਵੱਖ ਵੱਖ ਥਾਂਵਾਂ ਤੇ ਕੰਮ ਕਰਕੇ ਆਪਣੀ ਇਕ ਵੱਖਰੀ ਪਹਿਚਾਣ ਦੇਸ਼ ਵਿਦੇਸ਼ ਤੱਕ ਬਣਾਈ ਹੈ। ਉਸ ਨੇ ਦੱਸਿਆ ਕਿ ਉਸ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪਿਆ ਪਰ ਉਸ ਨੇ ਕਦੇ ਨਾਹ ਨਹੀਂ ਕੀਤੀ ਅਤੇ ਅੱਜ ਉਹ ਸਫਲ ਗਰੁੱਪ ਵਜੋਂ ਕੰਮ ਕਰ ਰਹੀ ਹੈ। ਉਸ ਨੇ ਦੱਸਿਆ ਕਿ ਉਸ ਦੇ ਇਸ ਗਰੁੱਪ ਨਾਲ 11 ਮਹਿਲਾਵਾਂ ਜੁੜੀਆਂ ਹੋਈਆਂ ਹਨ ਜੋ ਕਿ ਆਪਣੇ ਪੈਰਾਂ ਤੇ ਆਪ ਖੜ੍ਹ ਕੇ ਆਪਣੇ ਪਰਿਵਾਰ ਦੀ ਆਰਥਿਕਤਾ ਵਿੱਚ ਵਿਸ਼ੇਸ਼ ਯੋਗਦਾਨ ਪਾ ਰਹੀਆਂ ਹਨ। ਇਸ ਮੌਕੇ ਸ੍ਰੀਮਤੀ ਸੁਨੈਨਾ ਰੰਧਾਵਾ ਹਲਕਾ ਕੁਆਰਡੀਨੇਟਰ ਜੰਡਿਆਲਾ ਨੇ ਕਿਹਾ ਕਿ ਇਕ ਮਹਿਲਾ ਹੋਣ ਦੇ ਨਾਤੇ ਅੱਜ ਕਾਲਜ ਦੀ ਸਟੇਜ ਤੋਂ ਸੰਬੋਧਨ ਕਰ ਰਹੀ ਹੈ। ਉਸ ਨੇ ਦੱਸਿਆ ਕਿ ਇਕ ਮਹਿਲਾ ਹੋਣ ਦੇ ਨਾਤੇ ਉਸ ਨੂੰ ਆਪਣੇ ਪਰਿਵਾਰ ਤੋਂ ਪੂਰਾ ਸਹਿਯੋਗ ਮਿਲਿਆ ਅਤੇ ਅੱਜ ਉਹ ਇਸ ਮੁਕਾਮ ਤੇ ਪਹੁੰਚੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਮਹਿਲਾਵਾਂ ਕਿਸੇ ਵੀ ਖੇਤਰ ਵਿੱਚ ਮਰਦ ਨਾਲੋਂ ਪਿਛੇ ਨਹੀਂ ਹਨ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਆਮ ਆਦਮੀ ਪਾਰਟੀ ਦੀ ਜਿਲ੍ਹਾ ਪ੍ਰਧਾਨ ਮਹਿਲਾ ਵਿੰਗ ਮੈਡਮ ਕਾਮਨਾ ਆਨੰਦ ਨੇ ਕਿਹਾ ਕਿ ਮਹਿਲਾਵਾਂ ਨੂੰ ਖੁਦਮੁਖਤਿਆਰ ਬਣਾਉਣ ਅਤੇ ਉਨ੍ਹਾਂ ਦੇ ਛੋਟੇ ਕਾਰੋਬਾਰਾਂ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਪੰਜਾਬ ਸਰਕਾਰ ਵੱਲੋਂ 'ਆਪਣਾ ਕਾਰੋਬਾਰ, ਆਪਣੀ ਪਹਿਚਾਣ' ਮੁਹਿੰਮ ਚਲਾਈ ਜਾ ਰਹੀ ਹੈ।

ਸਿਹਤਯਾਬ ਹੋਣ ਉਪਰੰਤ ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ .ਸਵਿੰਦਰ ਸਿੰਘ ਕੱਥੂਨੰਗਲ ਨੇ ਮੁੜ ਸੰਭਾਲੀ ਸੇਵਾ

ਅੰਮ੍ਰਿਤਸਰ, 16 ਮਾਰਚ (ਬਬਲੂ ਮਹਾਜਨ) : ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ ਨੇ ਲੰਬੀ ਬਿਮਾਰੀ ਤੋਂ ਸਿਹਤਯਾਬ ਹੋਣ ਉਪਰੰਤ ਦੀਵਾਨ ਦਫ਼ਤਰ ਵਿਖੇ ਗੁਰੂ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਆਨਰੇਰੀ ਸਕੱਤਰ ਵਜੋਂ ਆਪਣੀਆਂ ਮੁੜ ਜਿੰਮੇਵਾਰੀਆਂ ਸੰਭਾਲੀਆਂ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਟਾਫ ਵੱਲੋਂ ਉਹਨਾਂ ਦਾ ਨਿੱਘਾ ਸੁਆਗਤ ਕਰਦਿਆਂ ਉਹਨਾਂ ਦੀ ਸਿਹਤਯਾਬੀ ਲਈ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਸ੍ਰ.ਕੱਥੂਨੰਗਲ ਨੇ ਅਕਾਲ ਪੁਰਖ ਦਾ ਸ਼ੁਕਰਾਨਾ ਅਦਾ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਅਸੀਮ ਕਿਰਪਾ ਅਤੇ ਹਿਤੈਸ਼ੀਆਂ ਦੀ ਅਰਦਾਸਾਂ ਸਦਕਾ ਉਹ ਦੁਬਾਰਾ ਸੇਵਾ ਸੰਭਾਲਣ ਦੇ ਯੋਗ ਹੋਏ ਹਨ। ਉਹਨਾਂ ਨੇ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਦੀ ਮਹਾਨ ਪਰੰਪਰਾ, ਮਰਿਆਦਾ ਅਤੇ ਮਾਣ ਸਤਿਕਾਰ ਨੂੰ ਕਾਇਮ ਰੱਖਣਾ ਉਹਨਾਂ ਦੀ ਸਭ ਤੋਂ ਵੱਡੀ ਜਿੰਮੇਵਾਰੀ ਹੈ। ਚੀਫ਼ ਖ਼ਾਲਸਾ ਦੀਵਾਨ ਪ੍ਰਬੰਧਕੀ ਟੀਮ ਅਤੇ ਮੈਂਬਰ ਸਾਹਿਬਾਨ ਦੇ ਸਹਿਯੋਗ ਨਾਲ ਉਹ ਪੂਰੀ ਲਗਨ, ਮਿਹਨਤ ਅਤੇ ਸੇਵਾ ਭਾਵਨਾ ਨਾਲ ਜਿੰਮੇਵਾਰੀਆਂ ਨਿਭਾਉਣਗੇ ਅਤੇ ਚੀਫ਼ ਖ਼ਾਲਸਾ ਦੀਵਾਨ ਦੇ ਕੰਮ-ਕਾਜ ਵਿਚ ਪੂਰੀ ਪਾਰਦਰਸ਼ਤਾ, ਸਾਂਝੀ ਸੋਚ ਅਤੇ ਟੀਮ ਵਰਕ ਨਾਲ ਸੰਸਥਾ ਨੂੰ ਧਾਰਮਿਕ, ਸਮਾਜਿਕ ਅਤੇ ਵਿੱਦਿਅਕ ਖੇਤਰ ਵਿਚ ਹੋਰ ਮਜ਼ਬੂਤੀ ਨਾਲ ਅੱਗੇ ਵਧਾਇਆ ਜਾਵੇਗਾ। ਖਾਸ ਤੌਰ 'ਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਪਰੰਪਰਾਵਾਂ ਨਾਲ ਜੋੜਣ ਦੇ ਨਵੇਂ ਉਪਰਾਲੇ ਕੀਤੇ ਜਾਣਗੇ।ਇਸ ਮੌਕੇ ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ, ਸਰਪ੍ਰਸਤ ਸ੍ਰ.ਰਾਜਮਹਿੰਦਰ ਸਿੰਘ ਮਜੀਠਾ, ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ, ਸ੍ਰ.ਤਰਲੋਚਨ ਸਿੰਘ, ਸ੍ਰ.ਗੁਰਭੇਜ ਸਿੰਘ, ਸ੍ਰ.ਆਦਰਸ਼ਪਿੰਦਰ ਸਿੰਘ ਮਾਨ, ਸ੍ਰ.ਸੁਖਦੀਪ ਸਿੰਘ ਗਿੱਲ, ਸ੍ਰ.ਭਗਵੰਤਪਾਲ ਸਿੰਘ ਸੱਚਰ, ਸ੍ਰ.ਗੁਰਬਖਸ਼ ਸਿੰਘ ਬੇਦੀ ਅਤੇ ਹੋਰ ਮੈਂਬਰ ਸਾਹਿਬਾਨ ਹਾਜ਼ਰ ਸਨ।

ਅਮਿਤ ਸ਼ਾਹ ਦੀ ਮੋਗਾ ਰੈਲੀ ਤੋਂ ਭਾਜਪਾ ਦਾ ਪੰਜਾਬ ਵਿਰੋਧੀ ਚਿਹਰਾ ਹੋਇਆ ਬੇਨਕਾਬ :ਜਥੇਦਾਰ ਹਵਾਰਾ ਕਮੇਟੀ

ਅੰਮ੍ਰਿਤਸਰ, 16 ਮਾਰਚ (ਬਬਲੂ ਮਹਾਜਨ) :ਜਥੇਦਾਰ ਹਵਾਰਾ ਕਮੇਟੀ ਨੇ ਦੋਸ਼ ਲਗਾਇਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਦੀ ਮੋਗਾ ਬਦਲਾਅ ਰੈਲੀ ਤੋਂ ਵਾਅਦਾ ਖਿਲਾਫੀ ਸਪੱਸ਼ਟ ਨਜ਼ਰ ਆਈ ਤੇ ਭਾਜਪਾ ਦਾ ਪੰਜਾਬ ਵਿਰੋਧੀ ਚਿਹਰਾ ਬੇਨਕਾਬ ਹੋਇਆ ਹੈ । ਕਮੇਟੀ ਦੇ ਮੁੱਖ ਬੁਲਾਰੇ ਪ੍ਰੋਫੈਸਰ ਬਲਜਿੰਦਰ ਸਿੰਘ,ਬਾਪੂ ਗੁਰਚਰਨ ਸਿੰਘ ਅਤੇ ਡਾ ਸੁਖਦੇਵ ਸਿੰਘ ਦੇ ਪ੍ਰੈਸ ਨੂੰ ਦਿੱਤੇ ਬਿਆਨ ਰਾਹੀਂ ਕਿਹਾ ਪ੍ਰੋ.ਦਵਿੰਦਰ ਪਾਲ ਸਿੰਘ ਭੁੱਲਰ ਅਤੇ ਗੁਰਦੀਪ ਸਿੰਘ ਖਹਿਰਾ ਦੀ ਰਿਹਾਈ ਦੇ ਲਿਖਤੀ ਆਦੇਸ਼ ਕੇਂਦਰ ਨੇ 2019 ਵਿੱਚ ਜਾਰੀ ਕੀਤੇ ਸੀ ਪਰ ਭਾਜਪਾ ਆਪਣੇ ਵਾਅਦੇ ਤੋਂ ਮੁੱਕਰ ਗਈ ਹੈ ।ਪੰਜਾਬ ਹਿਤੈਸ਼ੀਆਂ ਨੂੰ ਉਮੀਦ ਸੀ ਕਿ ਕਿ ਭਾਜਪਾ ਸ਼ਾਇਦ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸਿੱਖਿਆਵਾਂ 'ਤੇ ਚੱਲਦਿਆਂ ਮਨੁੱਖੀ ਅਧਿਕਾਰਾਂ ਦੇ ਅਮਲ ਦੀ ਰੋਸ਼ਨੀ ਵਿੱਚ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾ ਨੂੰ ਰਿਹਾਅ ਕਰੇਗੀ, ਜਥੇਦਾਰ ਹਵਾਰਾ ਨੂੰ ਬੀਮਾਰ ਬਜ਼ੁਰਗ ਮਾਤਾ ਨਾਲ ਮਿਲਣ ਲਈ ਛੁੱਟੀ ਦੇਵੇਗੀ ਅਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਰਿਹਾਅ ਕਰੇਗੀ ਪਰ ਅਮਿਤ ਸ਼ਾਹ ਵੱਲੋਂ ਇਨ੍ਹਾਂ ਸੰਵੇਦਨਸ਼ੀਲ ਮੁੱਦਿਆਂ ਨੂੰ ਅਣਗੌਲਿਆ ਕਰਕੇ ਭਾਜਪਾ ਦਾ ਪੰਜਾਬ ਵਿਰੋਧੀ ਚਿਹਰਾ ਬੇਨਕਾਬ ਹੋਇਆ ਹੈ। ਪੰਜਾਬ ਪੁਲਿਸ ਵਲੋਂ ਕੀਤੇ ਜਾ ਰਹੇ ਝੂਠੇ ਮੁਕਾਬਲਿਆਂ ਦਾ ਜ਼ਿਕਰ ਨਾ ਕਰਕੇ ਮੋਗਾ ਰੈਲੀ ਨੇ ਇਹ ਪ੍ਰਭਾਵ ਦਿੱਤਾ ਹੈ ਕਿ ਕੇਂਦਰ ਦੀ ਇਸ ਪ੍ਰਤੀ ਸਹਿਮਤੀ ਹੈ। ਮਹਾਬੀਰ ਸਿੰਘ ਸੁਲਤਾਨਵਿੰਡ , ਬਲਦੇਵ ਸਿੰਘ ਨਵਾਂ ਪਿੰਡ ਅਤੇ ਐਡਵੋਕੇਟ ਜਸਬੀਰ ਸਿੰਘ ਜੰਮੂ ਨੇ ਸਵਾਲ ਕੀਤਾ ਕਿ ਜੇ ਭਾਜਪਾ ਦੇ ਸੱਤਾ ਵਿੱਚ ਆਉਣ ਦੇ ਦੋ ਸਾਲਾਂ ਵਿੱਚ ਨਸ਼ਾ ਖ਼ਤਮ ਹੋ ਸਕਦਾ ਹੈ, ਤਾਂ ਹੁਣ ਕਿਉਂ ਨਹੀਂ ਜਦਕਿ ਸਰਹੱਦ 'ਤੇ ਕੇਂਦਰ ਦੀ ਬੀਐੱਸਐੱਫ ਤੈਨਾਤ ਹੈ।ਉਨ੍ਹਾਂ ਕਿਹਾ ਪੰਜਾਬ ਵਿੱਚ ਅਗਲੀ ਸਰਕਾਰ ਭਾਜਪਾ ਦੀ ਬਣਾਏ ਜਾਣ ਨਾਲ ਖੇਤਰੀ ਪਾਰਟੀ ਅਕਾਲੀ ਦਲ ਦਾ ਸਿਆਸੀ ਭੋਗ ਪੈ ਜਾਵੇਗਾ ਜੋ ਸੂਬੇ ਦੇ ਹਿੱਤ ਵਿੱਚ ਨਹੀਂ ਹੋਵੇਗਾ ਇਸਲਈ ਸੰਬੰਧਿਤ ਧਿਰਾਂ ਨੂੰ ਸਾਂਝੀ ਰਣਨੀਤੀ ਬਣਾਉਣੀ ਚਾਹੀਦੀ ਹੈ।

ਹੈਦਰਾਬਾਦ 'ਚ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ੇ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਨੋਟਿਸ

ਅੰਮ੍ਰਿਤਸਰ, 16 ਮਾਰਚ (ਗੁਰਦਿਆਲ ਸਿੰਘ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹੈਦਰਾਬਾਦ ਵਿਖੇ ਗੁਰਦੁਆਰਾ ਸਾਹਿਬ ਬਰਮਬਾਲਾ ਦੀ ਜਗ੍ਹਾ 'ਤੇ ਸਥਾਨਕ ਪ੍ਰਸ਼ਾਸਨ ਵੱਲੋਂ ਜਬਰੀ ਕਬਜ਼ਾ ਕਰਨ ਦੀ ਕੀਤੀ ਜਾ ਰਹੀ ਕਾਰਵਾਈ 'ਤੇ ਗੰਭੀਰ ਸਵਾਲ ਉਠਾਉਂਦਿਆਂ ਇਸ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਜਗ੍ਹਾ 'ਤੇ ਇਸ ਤਰ੍ਹਾਂ ਦੀ ਜਬਰਦਸਤੀ ਕਰਨੀ ਨਾ ਸਿਰਫ਼ ਦੁਖਦਾਈ ਹੈ, ਸਗੋਂ ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਬਰਮਬਾਲਾ ਨੂੰ ਪੁਰਾਣੇ ਸਮੇਂ ਤੋਂ ਮਿਲੀ ਹੋਈ ਜਗ੍ਹਾ 'ਤੇ ਜਬਰਨ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨਾ ਕਾਨੂੰਨ ਅਤੇ ਨਿਆਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਗੁਰਦੁਆਰਾ ਸਾਹਿਬ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿਚ ਗੁਰਦੁਆਰਾ ਸਾਹਿਬਾਨ ਸੰਗਤ ਦੀ ਆਸਥਾ ਅਤੇ ਵਿਸ਼ਵਾਸ ਦਾ ਕੇਂਦਰ ਹਨ। ਪ੍ਰਸ਼ਾਸਕੀ ਕਾਰਵਾਈ ਦੇ ਨਾਂ 'ਤੇ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਧੱਕੇਸ਼ਾਹੀ ਵਾਲੀ ਕਾਰਵਾਈ ਤੋਂ ਤੁਰੰਤ ਪਿੱਛੇ ਹਟੇ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇ ਕੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਆਦਰ ਕੀਤਾ ਜਾਵੇ ਅਤੇ ਗੁਰਦੁਆਰਾ ਸਾਹਿਬ ਬਰਮਾਲਾ ਨਾਲ ਸਬੰਧਤ ਜਗ੍ਹਾ 'ਤੇ ਕਬਜ਼ਾ ਦੀ ਨੀਅਤ ਨਾਲ ਕੀਤੀ ਜਾ ਰਹੀ ਕਾਰਵਾਈ ਨੂੰ ਮੁਕੰਮਲ ਤੌਰ 'ਤੇ ਰੋਕਣ ਦਾ ਸਥਾਨਕ ਸੂਬੇ ਦੀ ਸਰਕਾਰ ਨੂੰ ਆਦੇਸ਼ ਕਰੇ। ਉਨ੍ਹਾਂ ਸਥਾਨਕ ਸੰਗਤਾਂ ਨੂੰ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦੀ ਵਚਨਬਧਤਾ ਪ੍ਰਗਟਾਉਂਦਿਆਂ ਕਿਹਾ ਕਿ ਕਿਸੇ ਵੀ ਧੱਕੇਸ਼ਾਹੀ ਵਿਰੁੱਧ ਸਿੱਖ ਸੰਸਥਾ ਪੂਰੇ ਵਿਸ਼ਵ ਦੀਆਂ ਸੰਗਤਾਂ ਨਾਲ ਖੜ੍ਹੀ ਹੈ ਅਤੇ ਖੜ੍ਹੀ ਰਹੇਗੀ।

ਮਾਨ ਸਰਕਾਰ ਦੇ ਸ਼ਾਨਦਾਰ ਚਾਰ ਸਾਲ, ਹਰ ਖੇਤਰ ਵਿੱਚ ਹੋਇਆ ਇਤਿਹਾਸਕ ਵਿਕਾਸ : ਪ੍ਰਭਬੀਰ ਸਿੰਘ ਬਰਾੜ

ਅੰਮ੍ਰਿਤਸਰ, 16 ਮਾਰਚ (ਮਾਰਚ (ਗੁਰਦਿਆਲ ਸਿੰਘ) : ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਆਮ ਆਦਮੀ ਪਾਰਟੀ ਅੰਮ੍ਰਿਤਸਰ ਸ਼ਹਿਰ ਦੇ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਪਨਸਪ ਸ੍ਰੀ ਪ੍ਰਭਬੀਰ ਸਿੰਘ ਬਰਾੜ ਨੇ ਕਿਹਾ ਕਿ ਮਾਨ ਸਰਕਾਰ ਦੇ ਚਾਰ ਸਾਲ ਪੰਜਾਬ ਲਈ ਇਤਿਹਾਸਕ ਸਾਬਤ ਹੋਏ ਹਨ। ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੋਜ਼ਗਾਰ, ਕਿਸਾਨੀ, ਮਹਿਲਾ ਭਲਾਈ, ਉਦਯੋਗਿਕ ਵਿਕਾਸ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਵੱਡੇ ਬਦਲਾਅ ਆਏ ਹਨ।ਚੇਅਰਮੈਨ ਸ੍ਰੀ ਪ੍ਰਭਬੀਰ ਸਿੰਘ ਬਰਾੜ ਨੇ ਦੱਸਿਆ ਕਿ ਸਿਹਤ ਖੇਤਰ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ ਅਤੇ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਹੁਣ ਤੱਕ 2,661 ਡਾਕਟਰ, ਪੈਰਾਮੈਡੀਕਲ ਸਟਾਫ ਅਤੇ ਕਲੀਨਿਕਲ ਸਟਾਫ ਦੀ ਭਰਤੀ ਕੀਤੀ ਗਈ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ ਵਿੱਚ ਪੰਜਾਬ ਨੇ ਦੇਸ਼ ਵਿੱਚ ਮਿਸਾਲ ਕਾਇਮ ਕੀਤੀ ਹੈ। ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਪੰਜਾਬ ਦੇਸ਼ ਵਿੱਚ ਨੰਬਰ-1 ਰਿਹਾ ਹੈ। ਸਰਕਾਰੀ ਸਕੂਲਾਂ ਦੇ 305 ਵਿਦਿਆਰਥੀਆਂ ਨੇ ਅਤੇ 845 ਵਿਦਿਆਰਥੀਆਂ ਨੇ ਪਰੀਖਿਆ ਪਾਸ ਕੀਤੀ ਹੈ। ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 15,000 ਤੋਂ ਵੱਧ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਅਤੇ 12,000 ਤੋਂ ਵੱਧ ਅਧਿਆਪਕਾਂ ਨੂੰ ਤਰੱਕੀ ਦਿੱਤੀ ਗਈ ਹੈ। ਸਕੂਲਾਂ ਵਿੱਚ ਆਧੁਨਿਕ ਲੈਬੋਰਟਰੀਆਂ, ਲਾਇਬ੍ਰੇਰੀਆਂ ਅਤੇ ਬੁਨਿਆਦੀ ਢਾਂਚੇ ਨੂੰ ਵੀ ਵੱਡੇ ਪੱਧਰ 'ਤੇ ਮਜ਼ਬੂਤ ਕੀਤਾ ਗਿਆ ਹੈ।ਚੇਅਰਮੈਨ ਸ੍ਰੀ ਬਰਾੜ ਨੇ ਕਿਹਾ ਕਿ ਰੋਜ਼ਗਾਰ ਦੇ ਮੋਰਚੇ 'ਤੇ ਵੀ ਮਾਨ ਸਰਕਾਰ ਨੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਹੁਣ ਤੱਕ 65,264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਨੌਜਵਾਨਾਂ ਲਈ 5 ਲੱਖ ਤੋਂ ਜਿਆਦਾ ਪ੍ਰਾਈਵੇਟ ਸੈਕਟਕ ਵਿੱਚ ਨੌਕਰੀਆਂ ਦਿੱਤੀਆਂ ਗਈਆਂ ਹਨ ।ਸ੍ਰੀ ਬਰਾੜ ਨੇ ਦੱਸਿਆ ਕਿ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਹਰ ਮਹਿਲਾ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਐਸਸੀ ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ।

ਬਜ਼ੁਰਗਾਂ ਦੇ ਸਤਿਕਾਰ ਨਾਲ ਹੀ ਇੱਕ ਚੰਗੇ ਪਰਿਵਾਰ ਦੀ ਸਿਰਜਨਾ ਹੁੰਦੀ ਹੈ : ਏ.ਡੀ.ਸੀ

ਅੰਮ੍ਰਿਤਸਰ, 16 ਮਾਰਚ (ਬਬਲੂ ਮਹਾਜਨ) : ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐਸ, ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਦੇ ਨਿਰਦੇਸ਼ਾ ਅਨੁਸਾਰ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਸਾਡੇ ਬਜ਼ੁਰਗ, ਸਾਡਾ ਮਾਣ ਤਹਿਤ ਇੱਕ ਚੇਤਨਾ ਅਤੇ ਸਿੱਖਿਆ ਸੈਮੀਨਾਰ ਦਾ ਆਯੋਜਨ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਕੀਤਾ ਗਿਆ। ਇਸ ਸੈਮੀਨਾਰ ਵਿੱਚ ਵੱਖ-ਵੱਖ ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦਿਆਂ, ਰੈਡ ਕਰਾਸ ਦੇ ਵੰਲਟੀਅਰ ਅਤੇ ਯੂਥ ਕਲੱਬਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ।ਇਸ ਸਮਾਰੋਹ ਵਿੱਚ ਡਾ. ਰੁਪਿੰਦਰਪਾਲ ਸਿੰਘ, ਪੀ.ਸੀ.ਐਸ, ਵਧੀਕ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਡਾ. ਰੁਪਿੰਦਰਪਾਲ ਸਿੰਘ ਨੇ ਕਿਹਾ ਕਿ ਇੱਕ ਚੰਗਾ ਪਰਿਵਾਰ ਉਹੀ ਹੁੰਦਾ ਹੈ ਜਿਸ ਵਿੱਚ ਬਜ਼ੁਰਗ ਦਾ ਸਤਿਕਾਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੇ ਮਾਣ-ਸਨਮਾਨ ਨਾਲ ਹੀ ਇੱਕ ਚੰਗੇ ਸਮਾਜ ਦੀ ਸਿਰਜਣਾ ਹੁੰਦੀ ਹੈ।ਇਸ ਮੌਕੇ 'ਤੇ ਇਸ ਪ੍ਰੋਗਰਾਮ ਦੇ ਆਯੋਜਕ ਸ੍ਰੀ ਸੈਮਸਨ ਮਸੀਹ, ਕਾਰਜਕਾਰੀ ਸਕੱਤਰ, ਰੈਡ ਕਰਾਸ ਨੇ ਆਏ ਹੋਏ ਮੁੱਖ ਮਹਿਮਾਨ ਅਤੇ ਸਾਰੇ ਨੁਮਾਇੰਦਿਆਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਮਾਨਯੋਗ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਅਨੁਸਾਰ ਸਾਡੇ ਬਜ਼ੁਰਗ, ਸਾਡਾ ਮਾਣ ਪ੍ਰੋਗਰਾਮ ਤਹਿਤ ਵੱਖ-ਵੱਖ ਸਿੱਖਿਆ ਅਤੇ ਚੇਤਨਾ ਪ੍ਰੋਗਰਾਮ ਆਯੋਜਿਤ ਕਰਕੇ ਸਮਾਜ ਦੇ ਸਾਰੇ ਵਰਗਾਂ ਨੂੰ ਸੁਚੇਤ ਅਤੇ ਸਿੱਖਿਆ ਕਰਕੇ ਲਾਮਬੰਦ ਕੀਤਾ ਜਾਵੇਗਾ।ਇਸ ਸਮਾਰੋਹ ਵਿੱਚ ਡਾ. ਹਰਕਿਰਨਜੀਤ ਕੌਰ, ਸਹਾਇਕ ਪ੍ਰੋਫੈਸਰ ਕਾਨੂੰਨ ਵਿਭਾਗ ਸ੍ਰੀ ਸ਼ਰਮਾ, ਸ੍ਰੀ ਦੀਪਕ ਬੱਬਰ, ਬਾਬਾ ਚਾਹਲ, ਸ੍ਰੀ ਬਿਕਰਮਜੀਤ ਸਿੰਘ, ਸ੍ਰੀ ਜਗਜੀਤ ਸਿੰਘ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਸ੍ਰੀ ਜਸਵੰਤ ਸਿੰਘ 85 ਸਾਲਾਂ ਦੇ ਰੈਡ ਕਰਾਸ ਵੰਲਟੀਅਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਸਮਾਰੋਹ ਵਿੱਚ ਸ੍ਰੀ ਵਿਨੋਦ ਕੁਮਾਰ, ਸ੍ਰੀ ਸ਼ਸ਼ਪਾਲ ਸਿੰਘ, ਸ੍ਰੀਮਤੀ ਗੁਰਪ੍ਰੀਤ ਕੌਰ, ਮਿਸ ਨੇਹਾ, ਸ੍ਰੀ ਮੁਕੁਲ, ਸ੍ਰੀ ਯੂਸਫ ਮਸੀਹ ਅਤੇ ਸ੍ਰੀ ਪਲਵਿੰਦਰ ਸਿੰਘ ਹਾਜ਼ਰ ਸਨ।

1.5 ਲੱਖ ਕਰੋੜ ਦੇ ਨਿਵੇਸ਼ ਨਾਲ ਪੰਜਾਬ ਬਣਿਆ ਨਿਵੇਸ਼ਕਾਂ ਦੀ ਪਹਿਲੀ ਪਸੰਦ : ਬੰਦੇਸ਼ਾ

ਅੰਮ੍ਰਿਤਸਰ, 16 ਮਾਰਚ (ਗੁਰਦਿਆਲ ਸਿੰਘ) : ਪੰਜਾਬ ਲਘੂ ਉਦਯੋਗ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਲੋਕ ਸਭਾ ਇੰਚਾਰਜ ਸ੍ਰੀ ਜਸਕਰਨ ਸਿੰਘ ਬੰਦੇਸ਼ਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਉਦਯੋਗਿਕ ਵਿਕਾਸ ਦੇ ਨਵੇਂ ਦੌਰ ਵਿੱਚ ਦਾਖਲ ਹੋ ਗਿਆ ਹੈ ਅਤੇ ਹੁਣ ਦੇਸ਼-ਵਿਦੇਸ਼ ਦੇ ਨਿਵੇਸ਼ਕਾਂ ਦੀ ਪਹਿਲੀ ਪਸੰਦ ਬਣ ਰਿਹਾ ਹੈ। ਉਨ੍ਹਾਂ ਕਿਹਾ ਕਿ ਮੋਹਾਲੀ ਵਿਖੇ ਕਰਵਾਏ ਗਏ ਪ੍ਰੋਗਰੈਸਿਵ ਪੰਜਾਬ ਨਿਵੇਸ਼ਕ ਸੰਮੇਲਨ 2026 ਦੌਰਾਨ ਵੱਡੇ ਉਦਯੋਗਿਕ ਘਰਾਣਿਆਂ ਵੱਲੋਂ ਵੱਡੇ ਪੱਧਰ 'ਤੇ ਨਿਵੇਸ਼ ਦੇ ਐਲਾਨ ਕੀਤੇ ਗਏ ਹਨ, ਜਿਸ ਨਾਲ ਪੰਜਾਬ ਵਿੱਚ ਉਦਯੋਗ ਅਤੇ ਰੋਜ਼ਗਾਰ ਨੂੰ ਵੱਡਾ ਬਲ ਮਿਲੇਗਾ।ਚੇਅਰਮੈਨ ਸ੍ਰੀ ਬੰਦੇਸ਼ਾ ਨੇ ਦੱਸਿਆ ਕਿ ਸੰਮੇਲਨ ਦੇ ਪਹਿਲੇ ਹੀ ਦਿਨ ਵੱਖ-ਵੱਖ ਉਦਯੋਗਿਕ ਟਾਈਕੂਨਾਂ ਵੱਲੋਂ 10,000 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਦੇ ਐਲਾਨ ਕੀਤੇ ਗਏ। ਵਿਸ਼ਵ ਪ੍ਰਸਿੱਧ ਉਦਯੋਗਪਤੀ ਲਕਸ਼ਮੀ ਨਿਵਾਸ ਮਿੱਤਲ ਨੇ ਬਠਿੰਡਾ ਵਿੱਚ ਸਥਿਤ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਦੇ ਵਿਸਥਾਰ ਲਈ ਲਗਭਗ 2,600 ਕਰੋੜ ਰੁਪਏ ਦੇ ਨਿਵੇਸ਼ ਦਾ ਐਲਾਨ ਕੀਤਾ। ਇਸੇ ਤਰ੍ਹਾਂ ਟਾਟਾ ਸਟੀਲ ਵੱਲੋਂ ਲੁਧਿਆਣਾ ਨੇੜੇ ਸਟੀਲ ਪਲਾਂਟ ਲਗਾਉਣ ਲਈ ਹਜ਼ਾਰਾਂ ਕਰੋੜ ਰੁਪਏ ਦੇ ਨਿਵੇਸ਼ ਦਾ ਭਰੋਸਾ ਦਿੱਤਾ ਗਿਆ ਹੈ, ਜਿਸ ਨਾਲ ਹਜ਼ਾਰਾਂ ਨਵੀਆਂ ਨੌਕਰੀਆਂ ਪੈਦਾ ਹੋਣਗੀਆਂ।ਇਸ ਤੋਂ ਇਲਾਵਾ ਸੱਜਣ ਜਿੰਦਲ ਦੀ ਅਗਵਾਈ ਵਾਲੇ ਜੇ ਏਸ ਡਬਲਿਊ ਗਰੁੱਪ ਨੇ ਰਾਜਪੁਰਾ ਵਿੱਚ ਆਪਣੀ ਉਦਯੋਗਿਕ ਸਹੂਲਤ ਨੂੰ ਅਧੁਨਿਕ ਬਣਾਉਣ ਲਈ ਵੱਡੇ ਪੱਧਰ 'ਤੇ ਨਿਵੇਸ਼ ਕਰਨ ਦਾ ਐਲਾਨ ਕੀਤਾ ਹੈ। ਪੰਜਾਬ ਦੇ ਆਪਣੇ ਉਦਯੋਗਿਕ ਗਰੁੱਪਾਂ ਜਿਵੇਂ ਟਰਾਈਡੈਂਟ, ਹੀਰੋ ਸਾਈਕਲ, ਸੋਨਾਲਿਕਾ, ਪ੍ਰੀਤ ਟਰੈਕਟਰ, ਮੌਂਟੀ ਕਾਰਲੋ ਅਤੇ ਵਰਧਮਾਨ ਗਰੁੱਪ ਨੇ ਵੀ ਟੈਕਸਟਾਈਲ, ਟਰੈਕਟਰ ਅਤੇ ਹੋਰ ਉਦਯੋਗਿਕ ਖੇਤਰਾਂ ਵਿੱਚ ਆਪਣੇ ਵਿਸਥਾਰ ਦੀ ਯੋਜਨਾ ਦਾ ਐਲਾਨ ਕੀਤਾ ਹੈ।ਚੇਅਰਮੈਨ ਸ੍ਰੀ ਜਸਕਰਨ ਸਿੰਘ ਬੰਦੇਸ਼ਾ ਨੇ ਕਿਹਾ ਕਿ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਹੋਰ ਮਜ਼ਬੂਤੀ ਦੇਣ ਲਈ ਕਈ ਹੋਰ ਕੰਪਨੀਆਂ ਵੀ ਨਿਵੇਸ਼ ਕਰ ਰਹੀਆਂ ਹਨ। ਸਨਾਤਨ ਪੋਲੀਕੋਟ ਵੱਲੋਂ 1,600 ਕਰੋੜ ਰੁਪਏ,ਅੰਬੂਜਾ ਸੀਮੈਂਟ ਵੱਲੋਂ 1,400 ਕਰੋੜ ਰੁਪਏ, ਰੁਚਿਰਾ ਪੇਪਰਸ ਵੱਲੋਂ 1,137 ਕਰੋੜ ਰੁਪਏ ਅਤੇ ਹੈਪੀ ਫੋਰਜਿੰਗਸ ਵੱਲੋਂ 1,000 ਕਰੋੜ ਰੁਪਏ ਦੇ ਨਿਵੇਸ਼ ਨਾਲ ਪੰਜਾਬ ਦੇ ਉਦਯੋਗਿਕ ਖੇਤਰ ਨੂੰ ਹੋਰ ਤਾਕਤ ਮਿਲੇਗੀ।

ਅਧਿਆਪਕਾਂ ਦੀ ਇੱਕ ਰੋਜ਼ਾ ਬਲਾਕ ਪੱਧਰੀ ਜਾਦੂਈ ਪਿਟਾਰਾ ਅਤੇ ਐਚ.ਪੀ.ਸੀ. ਵਰਕਸ਼ਾਪ

ਅੰਮ੍ਰਿਤਸਰ, 16 ਮਾਰਚ (ਗੁਰਦਿਆਲ ਸਿੰਘ) : ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਸਹਿਯੋਗ ਨਾਲ ਪ੍ਰਾਇਮਰੀ ਸਕੂਲ ਅਧਿਆਪਕਾਂ ਨੂੰ ਆਧੁਨਿਕ ਤਕਨੀਕਾਂ ਸੰਬੰਧੀ ਜਾਗਰੂਕ ਕਰਨ ਲਈ ਸਰਕਾਰੀ ਐਲੀਮੈਂਟਰੀ ਸਕੂਲ ਕੇਂਦਰੀ ਜੇਲ ਦੇ ਵਿਹੜੇ ਬਲਾਕ ਐਲੀਮੈਂਟਰੀ ਸਿੱਖਿਆ ਅਫਸਰ ਸ਼੍ਰੀ ਯਸ਼ਪਾਲ ਅਤੇ ਬਲਾਕ ਰਿਸੋਰਸ ਕੋਆਰਡੀਨੇਟਰ ਰੋਹਿਤ ਦੇਵ ਦੀ ਸਾਂਝੀ ਅਗਵਾਈ ਹੇਠ ਜਾਦੂਈ ਪਿਟਾਰਾ ਅਤੇ ਸੰਪੂਰਨ ਪ੍ਰਗਤੀ ਕਾਰਡ ਸੰਬੰਧੀ ਇਕ ਰੋਜਾ ਵਰਕਸ਼ਾਪ ਲਗਾਈ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਭਾਗ ਲਿਆ।ਵਰਕਸ਼ਾਪ ਦੌਰਾਨ ਵਿਸ਼ੇਸ਼ ਤੌਰ ਤੇ ਸ. ਕੰਵਲਜੀਤ ਸਿੰਘ ਸੰਧੂ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ) ਅੰਮ੍ਰਿਤਸਰ ਨੇ ਹਾਜਰ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਜਿਥੇ ਸਿੱਖਿਆ ਵਿਭਾਗ ਵਲੋਂ ਵਿਦਿਆਰਥੀ ਹਿੱਤ ਵਿੱਚ ਚਲਾਈਆਂ ਜਾ ਨੀਤੀਆਂ ਸੰਬੰਧੀ ਵਿਸਥਾਰ ਵਿੱਚ ਜਾਣਕਾਰੀ ਦਿਤੀ ਉਥੇ ਹੀ ਸਕੂਲੀ ਸਿੱਖਿਆ ਦੇ ਨਾਲ ਨਾਲ ਜਾਦੂਈ ਪਿਟਾਰਾ (ਖੇਡ ਵਿਧੀ) ਅਤੇ ਸੰਪੂਰਨ ਪ੍ਰਗਤੀ ਕਾਰਡ ਸੰਬੰਧੀ ਅਧਿਆਪਕਾਂ ਨਾਲ ਵਿਚਾਰ ਚਰਚਾ ਕੀਤੀ। ਇਸ ਸਮੇਂ ਸ. ਸੰਧੂ ਨੇ ਵਿਦਿਆਰਥੀਆਂ ਦੇ ਸਲਾਨਾ ਮੁਲਾਂਕਣ ਸੰਬੰਧੀ ਜਰੂਰੀ ਨੁਕਤਿਆਂ ਤੇ ਵਿਸਥਾਰ ਵਿੱਚ ਜਾਣਕਾਰੀ ਦਿਤੀ। ਉਨ੍ਹਾਂ ਕਿਹਾ ਕਿ ਅਧਿਆਪਕ ਸਕੂਲੀ ਵਿਦਿਆਰਥੀਆਂ ਦਾ ਸਮੁੱਚਾ ਅਤੇ ਸਰਵਪੱਖੀ ਮੁਲਾਂਕਣ ਕਰਦੇ ਹੋਏ ਇਸਦੀ ਵਿਸਥਾਰਿਤ ਰਿਪੋਰਟ ਤਿਆਰ ਕਰਕੇ ਉਸਦੀ ਜਾਣਕਾਰੀ ਅਗਲੇਰੇ ਦਿਨਾਂ ਵਿੱਚ ਆਯੋਜਿਤ ਹੋਣ ਜਾ ਰਹੀ ਮੌਜੂਦਾ ਸੈਸ਼ਨ ਦੀ ਆਖਰੀ ਮਾਪੇ ਅਧਿਆਪਕ ਮਿਲਣੀ ਦੌਰਾਨ ਮਾਪਿਆਂ ਨਾਲ ਸਾਂਝੀ ਕਰਨ। ਇਸ ਸਮੇਂ ਪਰਮਿੰਦਰ ਸਿੰਘ ਸਰਪੰਚ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ, ਰਜਿੰਦਰ ਸਿੰਘ ਏ.ਸੀ. ਸਮਾਰਟ ਸਕੂਲ, ਗੁਰਸੇਵਕ ਸਿੰਘ ਭੰਗਾਲੀ ਕੇਂਦਰ ਮੁੱਖ ਅਧਿਆਪਕ, ਬੀ.ਆਰ.ਸੀ. ਰੋਹਿਤ ਦੇਵ, ਮੈਡਮ ਸ਼ੁਭਮ ਬੱਧਨ, ਰਿਸੋਰਸ ਪਰਸਨ ਰਾਹੁਲ ਕੁਮਾਰ, ਪੰਕਜ ਕੁਮਾਰ, ਨਿਸ਼ਾਨ ਸਿੰਘ, ਕੁਲਵੰਤ ਸਿੰਘ, ਗੁਰਪ੍ਰਤਾਪ ਸਿੰਘ, ਰਮਨਦੀਪ ਕੌਰ ਮਹਿਲਾਂਵਾਲਾ, ਭੁਪਿੰਦਰਜੀਤ ਕੌਰ ਗੁਮਟਾਲਾ ਹਾਜਰ ਸਨ

ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਸਬੰਧੀ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਵੱਲੋਂ ਮੀਟਿੰਗ ਅੱਜ

ਅੰਮ੍ਰਿਤਸਰ, 16 ਮਾਰਚ (ਬਬਲੂ ਮਹਾਜਨ) : ਜ਼ਿਲ੍ਹਾ ਅੰਮ੍ਰਿਤਸਰ ਦੀਆਂ ਵੱਖ-ਵੱਖ ਪੱਤਰਕਾਰ ਐਸੋਸੀਏਸ਼ਨਾਂ/ਯੂਨੀਅਨਾਂ ਵੱਲੋਂ ਪ੍ਰੈੱਸ ਕਲੱਬ, ਅੰਮ੍ਰਿਤਸਰ ਦੀਆਂ ਚੋਣਾਂ ਕਰਵਾਉਣ ਲਈ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ ਨੂੰ ਮੰਗ-ਪੱਤਰ ਦਿੱਤੇ ਗਏ ਸਨ। ਇਨ੍ਹਾਂ ਮੰਗ-ਪੱਤਰਾਂ ਦੇ ਅਧਾਰ 'ਤੇ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਅੰਮ੍ਰਿਤਸਰ ਨੂੰ ਪ੍ਰੈੱਸ ਕਲੱਬ ਅੰਮ੍ਰਿਤਸਰ ਦੀਆਂ ਨਿਰਪੱਖ ਅਤੇ ਅਜ਼ਾਦਾਨਾਂ ਚੋਣਾਂ ਕਰਵਾਉਣ ਲਈ ਕਾਰਵਾਈ ਅਰੰਭ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਪ੍ਰੈੱਸ ਕਲੱਬ ਦੀਆਂ ਚੋਣਾਂ ਕਰਵਾਉਣ ਲਈ ਸਭ ਤੋਂ ਪਹਿਲਾਂ ਚੋਣ ਨਿਯਮ ਅਤੇ ਚੋਣਾਂ ਵਿੱਚ ਭਾਗ ਲੈਣ ਵਾਲੇ ਪੱਤਰਕਾਰਾਂ ਦੀ ਵੋਟਰ ਸੂਚੀ ਤਿਆਰ ਕਰਨੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪ੍ਰੈੱਸ ਕਲੱਬ ਅੰਮ੍ਰਿਤਸਰ ਦੀਆਂ ਚੋਣਾਂ ਸਬੰਧੀ ਚੋਣ ਨਿਯਮਾਂ ਨੂੰ ਤਿਆਰ ਕਰਨ ਅਤੇ ਵੋਟਰ ਸੂਚੀ ਬਣਾਉਣ ਲਈ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਵੱਲੋਂ ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪੱਤਰਕਾਰ/ਪ੍ਰੈੱਸ ਫੋਟੋਗ੍ਰਾਫ਼ਰ/ ਇਲੈਕਟ੍ਰਾਨਿਕ ਮੀਡੀਆ ਐਸੋਸੀਏਸ਼ਨਾਂ/ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮਿਤੀ 17 ਮਾਰਚ 2026 ਨੂੰ ਦੁਪਹਿਰ 01:00 ਵਜੇ ਪ੍ਰੈੱਸ ਕਲੱਬ ਅੰਮ੍ਰਿਤਸਰ ਵਿਖੇ ਇੱਕ ਜ਼ਰੂਰੀ ਮੀਟਿੰਗ ਕੀਤੀ ਜਾਵੇਗੀ। ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਇੰਦਰਜੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਅਤੇ ਵੱਖ-ਵੱਖ ਪੱਤਰਕਾਰ ਐਸੋਸੀਏਸ਼ਨਾਂ/ ਯੂਨੀਅਨਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਦਿੱਤੇ ਸਮੇਂ ਉੱਪਰ ਇਸ ਮੀਟਿੰਗ ਵਿੱਚ ਜ਼ਰੂਰ ਪਹੁੰਚਣ, ਤਾਂ ਜੋ ਇਸ ਸਬੰਧੀ ਵਿਚਾਰ ਵਟਾਂਦਰਾ ਕਰਕੇ ਅਗਲੇਰੀ ਕਾਰਵਾਈ ਅਰੰਭ ਕੀਤੀ ਜਾ ਸਕੇ।

ਬਿਸ਼ਨ ਸਿੰਘ ਸਮੁੰਦਰੀ ਦੇ ਸੁਪੁੱਤਰ, ਦਿੱਲੀ ਦੇ ਉਪ ਰਾਜਪਾਲ ਬਣਨ ਉਪਰੰਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਪੁੱਜੇ

ਸਮਕਾਲੀ ਚੁਣੌਤੀਆਂ ਦਾ ਸਾਹਮਣਾ ਨਵੀਂ ਤਕਨੀਕ ਅਤੇ ਖੋਜ ਨਾਲ ਹੀ ਸੰਭਵ - ਵਾਈਸ ਚਾਂਸਲਰ ਪ੍ਰੋਫੈਸਰ ਕਰਮਜੀਤ ਸਿੰਘ

ਅੰਮ੍ਰਿਤਸਰ, 16 ਮਾਰਚ (ਗੁਰਦਿਅਲ ਸਿੰਘ):ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪਹਿਲੇ ਵਾਈਸ-ਚਾਂਸਲਰ ਸ. ਬਿਸ਼ਨ ਸਿੰਘ ਸਮੁੰਦਰੀ ਦੇ ਸਪੁੱਤਰ ਸ. ਤਰਨਜੀਤ ਸਿੰਘ ਸੰਧੂ ਦਿੱਲੀ ਦੇ ਉਪ ਰਾਜਪਾਲ ਬਣਨ ਉਪਰੰਤ ਆਪਣੇ ਬਚਪਨ ਅਤੇ ਵਿਦਿਆਰਥੀ ਜੀਵਨ ਦੀਆਂ ਯਾਦਾਂ ਤਾਜ਼ਾ ਕਰਨ ਲਈ ਉਚੇਚੇ ਤੌਰ 'ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਪੁੱਜੇ। ਸੱਭ ਤੋਂ ਪਹਿਲਾ ਉਹ ਵਾਈਸ-ਚਾਂਸਲਰ ਹਾਊਸ ਪੁੱਜੇ ਜਿੱਥੇ ਉਹ ਆਪਣੇ ਪਿਤਾ ਸ ਬਿਸ਼ਨ ਸਿੰਘ ਸਮੁੰਦਰੀ ਨਾਲ ਰਹਿੰਦੇ ਰਹੇ। ਉਨ੍ਹਾਂ ਨੇ ਉਸ ਸਮੇਂ ਦੀਆਂ ਯਾਦਾਂ ਤਾਜ਼ਾ ਕਰਨ ਦੇ ਨਾਲ ਯੂਨੀਵਰਸਿਟੀਆਂ ਕੈਂਪਸ ਵਿਚ ਬਿਤਾਏ ਜੀਵਨ ਦੀਆਂ ਕਈ ਘਟਨਾਵਾਂ ਸਾਂਝੀਆਂ ਕੀਤੀਆਂ। ਇਸ ਸਮੇਂ ਉਨ੍ਹਾਂ ਦੀ ਧਰਮ ਪਤਨੀ ਰੇਨਾਤ ਸੰਧੂ, ਨੀਦਰਲੈਂਡ ਲਈ ਭਾਰਤ ਦੀ ਸਾਬਕਾ ਰਾਜਦੂਤ ਅਤੇ ਸੇਵਾਮੁਕਤ ਭਾਰਤੀ ਡਿਪਲੋਮੈਟ ਵੀ ਉਨ੍ਹਾਂ ਨਾਲ ਸਨ। ਉਨ੍ਹਾਂ ਨੇ ਆਪਣੀ ਪਿਤਾ ਪੁਰਖੀ ਵਿਰਾਸਤ 'ਤੇ ਮਾਣ ਮਹਿਸੂਸ ਕੀਤਾ ਅਤੇ ਸਮੇਂ ਦੀ ਲੋੜ ਅਨੁਸਾਰ ਅਪੀਲ ਕੀਤੀ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਜੋ ਹੁਣ ਦੇਸ਼ ਦੇ ਨੰਬਰ ਇੱਕ ਯੂਨੀਵਰਸਿਟੀ ਹੈ ਉਹ ਨੌਜਵਾਨ ਪੀੜ੍ਹੀ ਨੂੰ ਵਿਸ਼ਵ ਪੱਧਰੀ ਮੌਕਿਆਂ ਲਈ ਤਿਆਰ ਕਰਨ ਵਾਸਤੇ ਹੁਨਰ-ਆਧਾਰਿਤ ਸਿੱਖਿਆ ਅਤੇ ਤਕਨੀਕੀ ਜਾਗਰੂਕਤਾ ਉੱਤੇ ਵਿਸ਼ੇਸ਼ ਧਿਆਨ ਦੇ ਰਹੀ ਹੈ। ਯੂਨੀਵਰਸਿਟੀ ਵਿਖੇ ਪਹੁੰਚਣ ਤੇ ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਨੇ ਨਿੱਘਾ ਸਵਾਗਤ ਕੀਤਾ। ਉਹਨਾਂ ਦਾ ਯੂਨੀਵਰਸਿਟੀ ਵਿਚ ਪੁੱਜਣ 'ਤੇ ਅਕਾਦਮਿਕ ਅਤੇ ਹੋਰ ਉੱਚ ਅਧਿਕਾਰੀਆਂ ਤੋਂ ਇਲਾਵਾ ਉਨ੍ਹਾਂ ਦੇ ਦੋਸਤਾਂ-ਮਿੱਤਰਾਂ ਨੇ ਵੀ ਨਿੱਘਾ ਸਵਾਗਤ ਕੀਤਾ ਅਤੇ ਆਪਣੇ ਵਿਦਿਆਰਥੀ ਜੀਵਨ ਦੀਆਂ ਯਾਦਾਂ ਨੂੰ ਇੱਕ-ਦੂਸਰੇ ਨਾਲ ਸਾਂਝਾ ਕੀਤਾ।ਇਸ ਤੋਂ ਪਹਿਲਾਂ ਉਨ੍ਹਾਂ ਨੇ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਮੱਥਾ ਟੇਕ ਕੇ ਗੁਰੂ ਸਾਹਿਬ ਦੀ ਅਸੀਸ ਪ੍ਰਾਪਤ ਕੀਤੀ। ਡੀਨ ਅਕਾਦਮਿਕ ਮਾਮਲੇ ਪ੍ਰੋ. ਐਚ.ਐਸ. ਸੈਣੀ ਨੇ ਵੀ ਉਨ੍ਹਾਂ ਨੂੰ ਰਸਮੀ ਜੀ ਆਇਆ ਆਖਿਆ।ਇਸ ਤੋਂ ਪਹਿਲਾ ਵਾਈਸ ਚਾਂਸਲਰ ਪ੍ਰੋਫੈਸਰ ਡਾ. ਕਰਮਜੀਤ ਸਿੰਘ ਨੇ ਸ੍ਰੀ ਤਰਨਜੀਤ ਸਿੰਘ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਪਰਿਵਾਰ ਦੇ ਅਜੀਜ਼ ਮੈਂਬਰ ਵਜੋਂ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਪੁਰਖੇ ਪ੍ਰੋਫੈਸਰ ਬਿਸ਼ਨ ਸਿੰਘ ਸਮੁੰਦਰੀ ਅਤੇ ਸ. ਤੇਜਾ ਸਿੰਘ ਸਮੁੰਦਰੀ ਦੀ ਵਿਰਾਸਤ ਰਾਹੀਂ ਭਾਵਨਾਤਮਕ ਤੇ ਇਤਿਹਾਸਕ ਜੁੜਾਅ ਨੂੰ ਉਜਾਗਰ ਕੀਤਾ, ਜਿਨ੍ਹਾਂ ਦੇ ਬਲੀਦਾਨ ਅਤੇ ਯੋਗਦਾਨ ਨੇ ਯੂਨੀਵਰਸਿਟੀ ਦੀ ਉੱਤਮਤਾ ਦੀ ਨੀਂਹ ਰੱਖੀ।ਆਪਣੇ ਸੰਬੋਧਨ ਵਿੱਚ ਪ੍ਰੋਫੈਸਰ ਕਰਮਜੀਤ ਸਿੰਘ ਨੇ ਯੂਨੀਵਰਸਿਟੀ ਦੀਆਂ ਮੌਜੂਦਾ ਉਪਲਬਧੀਆਂ ਨੂੰ ਪ੍ਰੋਫੈਸਰ ਬਿਸ਼ਨ ਸਿੰਘ ਸਮੁੰਦਰੀ ਦੇ ਮੂਲ ਵਿਜ਼ਨ ਨਾਲ ਜੋੜਦਿਆਂ ਦੱਸਿਆ ਕਿ 1969 ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਸ਼ੁਰੂ ਤੋਂ ਬਣਾਉਣ ਵਾਲੇ ਉਨ੍ਹਾਂ ਨੇ ਜ਼ਮੀਨ ਹਾਸਲ ਕੀਤੀ, ਸਰੋਤ ਜੁਟਾਏ, ਨਿਰਮਾਣ ਦੀ ਨਿਗਰਾਨੀ ਕੀਤੀ ਅਤੇ ਮੈਰਿਟ-ਅਧਾਰਿਤ, ਚੰਗੇ ਅਧਿਆਪਕਾਂ ਨੂੰ ਭਰਤੀ ਕੀਤਾ ਜਿਸ ਦਾ ਮੂਲ ਸਿਧਾਂਤ ਸੀ ਕਿ ਸਿੱਖਿਆ ਸਮਾਜ ਦੀ ਸੇਵਾ ਲਈ ਹੋਵੇ। ਉਨ੍ਹਾਂ ਨੇ ਕਿਹਾ ਕਿ ਯੂਨੀਵਰਸਿਟੀ ਦੇ ਹਰ ਵਿਭਾਗ ਅਤੇ ਪਰੰਪਰਾ ਵਿੱਚ ਇਸ ਵਿਜ਼ਨ ਦੀ ਛਾਪ ਹੈ, ਅਤੇ ਸ. ਤਰਨਜੀਤ ਸਿੰਘ ਸੰਧੂ ਦੀ ਮੌਜੂਦਗੀ ਨੂੰ ਯੂਨੀਵਰਸਿਟੀ ਦੇ ਸੰਸਥਾਪਕ ਆਤਮਾ ਦੇ ਵਾਪਸ ਆਉਣ ਵਰਗਾ ਮਹਿਸੂਸ ਹੁੰਦਾ ਹੈ। ਪ੍ਰੋਫੈਸਰ ਕਰਮਜੀਤ ਸਿੰਘ ਨੇ ਸ. ਤਰਨਜੀਤ ਸਿੰਘ ਸੰਧੂ ਨਾਲ ਡੂੰਘੇ ਨੇੜਤਾ ਦੀ ਭਾਵਨਾ ਪ੍ਰਗਟ ਕੀਤੀ ਅਤੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਉਨ੍ਹਾਂ ਲਈ ਸਿਰਫ ਇੱਕ ਸੰਸਥਾ ਨਹੀਂ, ਸਗੋਂ ਉਨ੍ਹਾਂ ਦੇ ਪਰਿਵਾਰ ਦੀ ਲੰਮੀ ਵਿਰਾਸਤ ਦਾ ਹਿੱਸਾ ਹੈ। ਵਾਈਸ ਚਾਂਸਲਰ ਨੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਸਦਾ ਹੀ ਉੱਚ ਸਿੱਖਿਆ, ਖੋਜ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਖੇਤਰ ਵਿੱਚ ਅਗਵਾਈ ਕਰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਸਮਕਾਲੀ ਚੁਣੌਤੀਆਂ ਦਾ ਸਾਹਮਣਾ ਕਰਨ ਯੋਗ ਬਣਾਉਣ ਲਈ ਨਵੀਂ ਤਕਨੀਕ ਅਤੇ ਖੋਜ ਨੂੰ ਪ੍ਰੋਤਸਾਹਿਤ ਕਰ ਰਹੀ ਹੈ।ਇਸ ਮੌਕੇ ਸ. ਤਰਨਜੀਤ ਸਿੰਘ ਸੰਧੂ ਨੇ ਅੰਮ੍ਰਿਤਸਰ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਆਪਣੀ ਡੂੰਘੀ ਸਾਂਝ ਦਾ ਜ਼ਿਕਰ ਕਰਦਿਆਂ ਇਸ ਸ਼ਹਿਰ ਨੂੰ ਇਤਿਹਾਸਕ ਅਤੇ ਸੰਸਕ੍ਰਿਤਕ ਮਹੱਤਤਾ ਵਾਲਾ ਕੇਂਦਰ ਕਰਾਰ ਦਿੰਦਿਆਂ ਕਿਹਾ ਕਿ ਇਸ ਨੇ ਦੇਸ਼ ਵਿੱਚ ਲੋਕਤਾਂਤਰਿਕ ਪਰੰਪਰਾਵਾਂ ਅਤੇ ਸਮਾਜਿਕ ਅੰਦੋਲਨਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਬਾਬਾ ਅਮਰੀਕ ਸਿੰਘ ਬਾਸਰਕੇ ਗਿੱਲਾਂ ਨੇ ਤਰਨਜੀਤ ਸਿੰਘ ਸੰਧੂ ਨਾਲ ਕੀਤੀ ਮੁਲਾਕਾਤ

ਅੰਮ੍ਰਿਤਸਰ, 16 ਮਾਰਚ (ਬਬਲੂ ਮਹਾਜਨ) : ਕਾਰ ਸੇਵਾ ਵਾਲੇ ਮਹਾਪੁਰਖ ਬਾਬਾ ਅਮਰੀਕ ਸਿੰਘ ਬਾਸਰਕੇ ਗਿੱਲਾਂ ਵਾਲਿਆਂ ਨੇ ਅੱਜ ਦਿੱਲੀ ਦੇ ਲੈਫਟੀਨੈਂਟ ਗਵਰਨਰ ਸ੍ਰ ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਗੁਰਦਵਾਰਾ ਗੁਰੂ ਕੇ ਮਹਲ ਹਵੇਲੀਆਂ ਸ੍ਰੀ ਗੁਰੂ ਅਮਰਦਾਸ ਜੀਦੇ ਦਰਸ਼ਨ ਕਰਨ ਲਈ ਸੱਦਾ ਦਿੱਤਾ।ਇਸ ਮੌਕੇ 'ਤੇ ਭਾਰਤੀ ਜਨਤਾ ਪਾਰਟੀ ਦੀ ਕੇਂਦਰ ਕਮੇਟੀ ਦੀ ਕਾਰਜਕਾਰੀ ਮੈਂਬਰ ਬੀਬੀ ਅਮਨਜੋਤ ਕੌਰ ਰਾਮੂਵਾਲੀਆ ਤੇ ਸ੍ਰ ਸੁਬੇਗ ਸਿੰਘ ਗਿੱਲ ਵੀ ਹਾਜ਼ਰ ਸਨ। ਇਸ ਮੌਕੇ ਤੇ ਬਾਬਾ ਅਮਰੀਕ ਸਿੰਘ ਨੇ ਸ੍ਰ ਸੰਧੂ ਨੂੰ ਨਵੇ ਆਹੁਦੇ ਦੀ ਵਧਾਈ ਦਿੰਦੇ ਹੋਏ ਸ੍ਰ ਤੇਜਾ ਸਿੰਘ ਸਮੂੰਦਰੀ ਤੇ ਸ੍ਰ ਬਿਸ਼ਨ ਸਿੰਘ ਸਮੂੰਦਰੀ ਦੀਆਂ ਗੁਰੂ ਪ੍ਰਤੀ ਸੇਵਾਵਾਂ ਤੇ ਘਾਲਣਾ ਨੂੰ ਯਾਦ ਕੀਤਾ। ਉਨਾਂ ਕਿਹਾ ਕਿ ਸ੍ਰ ਸੰਧੂ ਵੀ ਆਪਣੇ ਪੁਰਖਿਆ ਤੀ ਤਰ੍ਹਾਂ ਦਸਤਾਰ ਦੀ ਸ਼ਾਨ ਨੂੰ ਬਹਾਲ ਰਖਣਗੇ। ਇਸ ਮੌਕੇ ਤੇ ਸ੍ਰ ਤਰਨਜੀਤ ਸਿੰਘ ਸੰਧੂ ਨੇ ਬਾਬਾ ਅਮਰੀਕ ਸਿੰਘ ਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਦੇ ਬਣ ਰਹੇ ਅਸਥਾਨ ਤੇ ਹਾਜਰੀ ਭਰਨ ਦਾ ਯਕੀਨ ਦਿਵਾਇਆ। ਉਨਾਂ ਕਿਹਾ ਕਿ ਕਾਰ ਸੇਵਾ ਦੇ ਖੇਤਰ ਵਿਚ ਬਾਬਾ ਅਮਰੀਕ ਸਿੰਘ ਦਾ ਅਹਿਮ ਯੋਗਦਾਨ ਹੈ ਜੋ ਕਦੇ ਭੁਲਾਇਆ ਨਹੀ ਜਾ ਸਕਦਾ। ਉਨਾਂ ਯਾਦ ਕੀਤਾ ਕਿ ਸਾਲ 2004 ਵਿਚ ਸ੍ਰੀ ਦਰਬਾਰ ਸਾਹਿਬ ਸਰੋਵਰ ਵਿਚ ਵਾਟਰ ਟ੍ਰੀਟਮੈਂਟ ਪਲਾਂਟ ਲਗਾ ਕੇ ਜਿਥੇ ਗੁਰੂ ਰਾਮਦਾਸ ਜੀ ਦੀਆਂ ਖੁਸ਼ੀਆਂ ਹਾਸਲ ਕੀਤੀਆਂ ਤੇ ਅਸੰਭਵ ਕਾਰਜ ਨੂੰ ਸੰਭਵ ਕਰ ਦਿਖਾਇਆ। ਗੁਰਦਵਾਰਾ ਤਰਨਤਾਰਨ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਨਕਾਸ਼ੀ ਕਰਵਾਉਣ ਦੀ ਲਾਮਿਸਾਲ ਸੇਵਾ ਕੀਤੀ। ਸੰਤ ਕਬੀਰ ਨਗਰ ਵਿਖੇ ਭਗਤ ਕਬੀਰ ਜੀ ਦੀ ਯਾਦ ਸਥਾਪਿਤ ਕਰਕੇ ਉਨਾਂ ਸੰਤ ਕਬੀਰ ਜੀ ਦੇ ਪੈਰੋਕਾਰਾਂ ਤੇ ਸਿੱਖ ਭਾਈਚਾਰੇ ਦੀ ਸਾਂਝ ਨੂੰ ਹੋਰ ਪੱਕਾ ਕੀਤਾ ਹੈ। ਉਨਾਂ ਬਾਬਾ ਅਮਰੀਕ ਸਿੰਘ ਨੂੰ ਗੁਰਦਵਾਰਾ ਗੁਰੂ ਕੇ ਮਹਲ ਸ੍ਰੀ ਗੁਰੂ ਅਮਰਦਾਸ ਜੀ ਲਈ ਹਰ ਪ੍ਰਕਾਰ ਦਾ ਸਹਿਯੋਗ ਕਰਨ ਦਾ ਵੀ ਯਕੀਨ ਦਿਵਾਇਆ। ਸ਼ਾਬਾ ਅਮਰੀਕ ਸਿੰਘ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸ੍ਰ ਸੰਧੂ ਦਾ ਸਤਿਕਾਰ ਕੀਤਾ।

ਰੋਜ਼ਾਨਾ ਚੜ੍ਹਦੀਕਲਾ
ਸਿਹਤ ਖ਼ਬਰਨਾਮਾ


ਗਰਮੀਆਂ ਦਾ ਸੁਪਰਫੂਡ ਹੈ 'ਘੀਆ', ਭਾਰ ਘਟਾਉਣ ਤੋਂ ਲੈ ਕੇ ਦਿਲ ਨੂੰ ਫਿੱਟ ਰੱਖਣ ਲਈ ਹੈ ਫਾਇਦੇਮੰਦ

ਅਕਸਰ ਬੱਚੇ ਅਤੇ ਨੌਜਵਾਨ ਲੌਕੀ ਦੀ ਸਬਜ਼ੀ ਦੇਖ ਕੇ ਨੱਕ-ਮੂੰਹ ਚੜ੍ਹਾਉਂਦੇ ਹਨ, ਪਰ

ਸਿਹਤ ਮਾਹਿਰਾਂ ਅਨੁਸਾਰ ਇਹ ਸਬਜ਼ੀ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ। ਲੌਕੀ 'ਚ ਲਗਭਗ 92% ਪਾਣੀ ਹੁੰਦਾ ਹੈ, ਜੋ ਬਦਲਦੇ ਮੌਸਮ ਅਤੇ ਗਰਮੀਆਂ 'ਚ ਸਰੀਰ ਨੂੰ ਹਾਈਡ੍ਰੇਟਿਡ ਰੱਖਣ 'ਚ ਮਦਦ ਕਰਦਾ ਹੈ। ਲੌਕੀ ਗਰਮੀਆਂ ਵਿੱਚ ਖਾਣ ਲਈ ਇੱਕ ਹੋਰ ਵਧੀਆ ਨਮੀ ਦੇਣ ਵਾਲੀ ਸਬਜ਼ੀ ਹੈ। ਇਸ ਵਿੱਚ ਕੈਲੋਰੀ ਬਹੁਤ ਘੱਟ ਹੁੰਦੀ ਹੈ, ਜੋ ਭਾਰ ਘਟਾਉਣ ਵਿੱਚ ਵੀ ਮਦਦ ਕਰਦੀ ਹੈ। ਇਸ ਤੋਂ ਇਲਾਵਾ, ਲੌਕੀ ਦਾ ਸੇਵਨ ਡੀਹਾਈਡਰੇਸ਼ਨ ਨੂੰ ਰੋਕਦਾ ਹੈ ਅਤੇ ਪੇਟ ਦੀਆਂ ਸਮੱਸਿਆਵਾਂ ਤੋਂ ਰਾਹਤ ਦਿਵਾਉਂਦਾ ਹੈ। ਪਾਚਨ ਪ੍ਰਣਾਲੀ ਨੂੰ ਤੰਦਰੁਸਤ ਰੱਖਦੀ ਹੈ ਅਤੇ ਖੂਨ ਨੂੰ ਸ਼ੁੱਧ ਕਰਦੀ ਹੈ।

ਤੇਜ਼ੀ ਨਾਲ ਭਾਰ ਘਟਾਉਣ 'ਚ ਸਹਾਇਕ ; ਜੇਕਰ ਤੁਸੀਂ ਮੋਟਾਪੇ ਤੋਂ ਪਰੇਸ਼ਾਨ ਹੋ, ਤਾਂ ਲੌਕੀ ਤੁਹਾਡੀ ਸਭ ਤੋਂ ਚੰਗੀ ਦੋਸਤ ਹੋ ਸਕਦੀ ਹੈ। ਇਸ 'ਚ ਫਾਈਬਰ ਭਰਪੂਰ ਹੁੰਦਾ ਹੈ ਅਤੇ ਕੈਲੋਰੀ ਬਹੁਤ ਘੱਟ ਹੁੰਦੀ ਹੈ, ਜਿਸ ਨਾਲ ਪੇਟ ਲੰਬੇ ਸਮੇਂ ਤੱਕ ਭਰਿਆ ਰਹਿੰਦਾ ਹੈ ਅਤੇ ਵਾਧੂ ਚਰਬੀ ਘਟਦੀ ਹੈ।

ਦਿਲ ਦੀ ਸਿਹਤ ਲਈ ਉੱਤਮ ; ਲੌਕੀ ਦਾ ਸੇਵਨ ਬੁਰੇ ਕੋਲੈਸਟ੍ਰੋਲ ਨੂੰ ਘਟਾਉਣ 'ਚ ਮਦਦ ਕਰਦਾ ਹੈ। ਇਹ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਵਿੱਚ ਰੱਖਦੀ ਹੈ, ਜਿਸ ਨਾਲ ਦਿਲ ਦੇ ਦੌਰੇ ਵਰਗੀਆਂ ਗੰਭੀਰ ਬਿਮਾਰੀਆਂ ਦਾ ਖ਼ਤਰਾ ਕਾਫ਼ੀ ਹੱਦ ਤੱਕ ਘੱਟ ਹੋ ਜਾਂਦਾ ਹੈ।

ਪਾਚਨ ਪ੍ਰਣਾਲੀ ਹੁੰਦੀ ਹੈ ਮਜ਼ਬੂਤ ; ਲੌਕੀ 'ਚ ਮੌਜੂਦ ਪਾਣੀ ਅਤੇ ਫਾਈਬਰ ਕਬਜ਼, ਗੈਸ ਅਤੇ ਐਸੀਡਿਟੀ ਵਰਗੀਆਂ ਸਮੱਸਿਆਵਾਂ ਨੂੰ ਜੜ੍ਹ ਤੋਂ ਖ਼ਤਮ ਕਰਦੇ ਹਨ। ਇਹ ਪੇਟ ਨੂੰ ਠੰਢਕ ਦਿੰਦੀ ਹੈ ਅਤੇ ਪਾਚਨ ਨੂੰ ਸੁਚਾਰੂ ਬਣਾਉਂਦੀ ਹੈ।

ਕੁਦਰਤੀ ਚਮਕ ਅਤੇ ਸਕਿਨ ਗਲੋਅ ; ਰੋਜ਼ਾਨਾ ਲੌਕੀ ਜਾਂ ਇਸ ਦਾ ਜੂਸ ਪੀਣ ਨਾਲ ਸਰੀਰ ਦੇ ਅੰਦਰਲੇ ਜ਼ਹਿਰੀਲੇ ਤੱਤ ਬਾਹਰ ਨਿਕਲ ਜਾਂਦੇ ਹਨ। ਇਸ ਨਾਲ ਚਿਹਰੇ 'ਤੇ ਕੁਦਰਤੀ ਨਿਖਾਰ ਆਉਂਦਾ ਹੈ ਅਤੇ ਕਿੱਲ-ਮੁਹਾਸਿਆਂ ਤੋਂ ਛੁਟਕਾਰਾ ਮਿਲਦਾ ਹੈ।

ਤਣਾਅ ਅਤੇ ਸਟ੍ਰੈੱਸ ਨੂੰ ਕਰਦੀ ਹੈ ਘੱਟ ; ਲੌਕੀ 'ਚ ਅਜਿਹੇ ਤੱਤ ਪਾਏ ਜਾਂਦੇ ਹਨ ਜੋ ਦਿਮਾਗ ਨੂੰ ਸ਼ਾਂਤ ਰੱਖਣ 'ਚ ਮਦਦ ਕਰਦੇ ਹਨ। ਇਸ ਦੇ ਸੇਵਨ ਨਾਲ ਮਾਨਸਿਕ ਤਣਾਅ ਘੱਟ ਹੁੰਦਾ ਹੈ ਅਤੇ ਨੀਂਦ ਵੀ ਵਧੀਆ ਆਉਂਦੀ ਹੈ।

ਜੰਗ ਵਿਚਾਲੇ ਰੂਸ ਦੇ ਬਿਆਨ ਨੇ ਮਚਾਈ ਹਾਹਾਕਾਰ

150 ਡਾਲਰ ਤੱਕ ਪਹੁੰਚ ਜਾਣਗੀਆਂ ਕੱਚੇ ਤੇਲ ਦੀਆਂ ਕੀਮਤਾਂ



ਵਾਸ਼ਿੰਗਟਨ, 16 ਮਾਰਚ (ਚ.ਨ.ਸ.) : ਈਰਾਨ 'ਚ ਛਿੜੀ ਹੋਈ ਜੰਗ ਲਗਾਤਾਰ ਭਿਆਨਕ ਰੂਪ ਧਾਰਨ ਕਰਦੀ ਜਾ ਰਹੀ ਹੈ। ਦੋਵਾਂ ਧਿਰਾਂ ਵੱਲੋਂ ਇਕ-ਦੂਜੇ 'ਤੇ ਤਾਬੜਤੋੜ ਹਮਲੇ ਜਾਰੀ ਹਨ, ਜਿਸ ਕਾਰਨ ਪੂਰੀ ਦੁਨੀਆ 'ਚ ਤੇਲ ਤੇ ਗੈਸ ਦੀ ਕਿੱਲਤ ਦੇਖੀ ਜਾ ਰਹੀ ਹੈ। ਇਸੇ ਦੌਰਾਨ ਰੂਸੀ ਡਾਇਰੈਕਟ ਇਨਵੈਸਟਮੈਂਟ ਫੰਡ ਦੇ ਸੀ.ਈ.ਓ. ਕਿਰੀਲ ਦਮਿਤਰੀਵ ਨੇ ਗਲੋਬਲ ਅਰਥਵਿਵਸਥਾ ਲਈ ਇੱਕ ਗੰਭੀਰ ਚਿਤਾਵਨੀ ਜਾਰੀ ਕੀਤੀ ਹੈ। ਉਨ੍ਹਾਂ ਕਿਹਾ ਹੈ ਕਿ ਜੇਕਰ ਮੱਧ-ਪੂਰਬ ਵਿੱਚ ਚੱਲ ਰਹੀ ਜੰਗ ਹੋਰ ਤੇਜ਼ ਹੁੰਦੀ ਹੈ ਅਤੇ ਸਪਲਾਈ ਚੇਨ 'ਚ ਰੁਕਾਵਟ ਪੈਂਦੀ ਹੈ ਤਾਂ ਕੱਚੇ ਤੇਲ ਦੀਆਂ ਕੀਮਤਾਂ 150 ਡਾਲਰ ਪ੍ਰਤੀ ਬੈਰਲ ਦੇ ਇਤਿਹਾਸਕ ਪੱਧਰ ਨੂੰ ਛੂਹ ਸਕਦੀਆਂ ਹਨ।ਦਮਿਤਰੀਵ ਅਨੁਸਾਰ, ਸਟ੍ਰੇਟ ਆਫ ਹਾਰਮੁਜ਼ ਦੇ ਰਸਤੇ ਵਿੱਚ ਕੋਈ ਵੀ ਰੁਕਾਵਟ ਵਿਸ਼ਵ ਤੇਲ ਸਪਲਾਈ ਦੇ 20 ਫ਼ੀਸਦੀ ਹਿੱਸੇ ਨੂੰ ਪ੍ਰਭਾਵਿਤ ਕਰੇਗੀ। ਉਨ੍ਹਾਂ ਕਿਹਾ ਕਿ ਬਾਜ਼ਾਰ ਇਸ ਸਮੇਂ ਬਹੁਤ ਹੀ ਨਾਜ਼ੁਕ ਮੋੜ 'ਤੇ ਹੈ ਅਤੇ ਕਿਸੇ ਵੀ ਵੱਡੀ ਫੌਜੀ ਕਾਰਵਾਈ ਦਾ ਨਤੀਜਾ ਤੇਲ ਦੀਆਂ ਕੀਮਤਾਂ ਵਿੱਚ ਅਚਾਨਕ ਉਛਾਲ ਦੇ ਰੂਪ ਵਿੱਚ ਨਿਕਲੇਗਾ। ਦਮਿਤਰੀਵ ਨੇ ਇਹ ਵੀ ਸੰਕੇਤ ਦਿੱਤਾ ਕਿ ਪੱਛਮੀ ਦੇਸ਼ਾਂ ਵੱਲੋਂ ਰੂਸੀ ਤੇਲ 'ਤੇ ਲਗਾਈਆਂ ਪਾਬੰਦੀਆਂ ਅਤੇ ਹੁਣ ਇਰਾਨ ਨਾਲ ਵਧ ਰਹੇ ਤਣਾਅ ਕਾਰਨ ਊਰਜਾ ਬਾਜ਼ਾਰ ਵਿੱਚ ਅਸ਼ਾਂਤੀ ਫੈਲ ਸਕਦੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ 150 ਡਾਲਰ ਦੀ ਕੀਮਤ ਗਲੋਬਲ ਪੱਧਰ 'ਤੇ ਮੰਦੀ ਨੂੰ ਸੱਦਾ ਦੇ ਸਕਦੀ ਹੈ।

ਨੇਪਾਲ 'ਚ ਮਹਿੰਗਾਈ ਦਾ ਵੱਡਾ ਝਟਕਾ: ਪੈਟਰੋਲ 31 ਤੇ ਡੀਜ਼ਲ 54 ਰੁ. ਪ੍ਰਤੀ ਲੀਟਰ ਹੋਇਆ ਮਹਿੰਗਾ

ਕਾਠਮੰਡੂ , 16 ਮਾਰਚ (ਚ.ਨ.ਸ.) : ਈਰਾਨ, ਅਮਰੀਕਾ ਅਤੇ ਇਜ਼ਰਾਈਲ ਵਿਚਕਾਰ ਵਧਦੇ ਵਿਸ਼ਵਵਿਆਪੀ ਤਣਾਅ ਦਾ ਸਿੱਧਾ ਅਸਰ ਹੁਣ ਗੁਆਂਢੀ ਦੇਸ਼ ਨੇਪਾਲ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਖਾੜੀ ਦੇਸ਼ਾਂ ਵਿੱਚ ਮੌਜੂਦਾ ਅਸਥਿਰ ਸਥਿਤੀ ਦਾ ਹਵਾਲਾ ਦਿੰਦੇ ਹੋਏ ਨੇਪਾਲ ਆਇਲ ਕਾਰਪੋਰੇਸ਼ਨ ਨੇ ਪੈਟਰੋਲੀਅਮ ਉਤਪਾਦਾਂ ਦੀਆਂ ਕੀਮਤਾਂ ਵਿੱਚ ਮਹੱਤਵਪੂਰਨ ਵਾਧੇ ਦਾ ਐਲਾਨ ਕੀਤਾ ਹੈ। ਐਤਵਾਰ ਦੇਰ ਰਾਤ ਤੱਕ ਚੱਲੀ ਕਾਰਪੋਰੇਸ਼ਨ ਦੀ ਮੀਟਿੰਗ ਵਿੱਚ ਲਏ ਗਏ ਫੈਸਲੇ ਅਨੁਸਾਰ ਨਵੀਆਂ ਦਰਾਂ ਅੱਧੀ ਰਾਤ ਤੋਂ ਲਾਗੂ ਹੋ ਗਈਆਂ ਹਨ।

ਪੈਟਰੋਲ: 31 ਰੁਪਏ ਪ੍ਰਤੀ ਲੀਟਰ ਦੇ ਵਾਧੇ ਨਾਲ ਹੁਣ 188 ਪ੍ਰਤੀ ਲੀਟਰ ਹੋ ਗਿਆ ਹੈ।

ਡੀਜ਼ਲ: 54 ਰੁਪਏ ਪ੍ਰਤੀ ਲੀਟਰ ਦੇ ਭਾਰੀ ਵਾਧੇ ਨਾਲ ਹੁਣ ?196 ਪ੍ਰਤੀ ਲੀਟਰ ਮਿਲੇਗਾ।

ਐਲਪੀਜੀ ਗੈਸ: 296 ਰੁਪਏ ਪ੍ਰਤੀ ਸਿਲੰਡਰ ਦੇ ਵਾਧੇ ਨਾਲ ਨਵੀਂ ਕੀਮਤ 2,126 ਨਿਰਧਾਰਤ ਕੀਤੀ ਗਈ ਹੈ।

ਨੇਪਾਲ ਆਇਲ ਕਾਰਪੋਰੇਸ਼ਨ ਵੱਲੋਂ ਜਾਰੀ ਪ੍ਰੈਸ ਰਿਲੀਜ਼ ਵਿੱਚ ਦੱਸਿਆ ਗਿਆ ਹੈ ਕਿ ਮੱਧ ਪੂਰਬ ਅਤੇ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਤਣਾਅ ਕਾਰਨ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤਾਂ ਤੇਜ਼ੀ ਨਾਲ

ਵਧੀਆਂ ਹਨ, ਜਿਸ ਕਾਰਨ ਸਪਲਾਈ ਲੜੀ 'ਤੇ ਦਬਾਅ ਵਧ ਗਿਆ ਹੈ। ਨੇਪਾਲ ਵਰਗੇ ਗੈਰ-ਪੈਟਰੋਲੀਅਮ ਉਤਪਾਦਕ ਦੇਸ਼ ਲਈ ਅੰਤਰਰਾਸ਼ਟਰੀ ਕੀਮਤਾਂ ਵਿੱਚ ਵਾਧੇ ਦਾ ਸਿੱਧਾ ਪ੍ਰਭਾਵ ਪੈਂਦਾ ਹੈ।

ਅਮਰੀਕਾ-ਯੂ.ਕੇ. ਛੱਡ ਕੇ ਸਪੇਨ, ਜਰਮਨੀ ਤੇ ਯੂ.ਏ.ਈ. ਬਣੇ ਭਾਰਤੀ ਵਿਦਿਆਰਥੀਆਂ ਦੀ ਪਸੰਦ

ਕਿਫ਼ਾਇਤੀ ਸਿਖਿਆ, ਟਾਪ ਯੂਨੀਵਰਸਿਟੀਆਂ, ਸਰਲ ਵੀਜ਼ਾ ਪ੍ਰਕਿਰਿਆ ਤੇ ਰੁਜ਼ਗਾਰ ਦੇ ਮੌਕਿਆਂ ਕਾਰਨ ਆਕਰਸ਼ਤ ਹੋ ਰਹੇ ਵਿਦਿਆਰਥੀ

ਚੰਡੀਗੜ੍ਹ, 16 ਮਾਰਚ (ਚ.ਨ.ਸ.): ਭਾਰਤੀ ਵਿਦਿਆਰਥੀਆਂ ਦੇ ਵਿਦੇਸ਼ ਜਾਣ ਬਾਰੇ ਇਕ ਰਿਪੋਰਟ ਵਿਚ ਕੁਝ ਹੈਰਾਨੀਜਨਕ ਤੱਥ ਸਾਹਮਣੇ ਆਏ ਹਨ। ਭਾਰਤੀ ਵਿਦਿਆਰਥੀ ਹੁਣ ਅਮਰੀਕਾ, ਯੂਕੇ ਜਾਂ ਆਸਟਰੇਲੀਆ ਵਰਗੇ ਅੰਗਰੇਜ਼ੀ ਬੋਲਣ ਵਾਲੇ ਦੇਸ਼ਾਂ ਵਿਚ ਪੜ੍ਹਾਈ ਕਰਨ ਨੂੰ ਘੱਟ ਤਰਜੀਹ ਦੇ ਰਹੇ ਹਨ। ਇਸ ਦੀ ਬਜਾਏ ਉਹ ਸਪੇਨ ਅਤੇ ਜਰਮਨੀ ਵਰਗੇ ਯੂਰਪੀਅਨ ਦੇਸ਼ਾਂ ਅਤੇ ਸਿੰਗਾਪੁਰ, ਸੰਯੁਕਤ ਅਰਬ ਅਮੀਰਾਤ (ਯੂਏਈ) ਅਤੇ ਦਖਣੀ ਕੋਰੀਆ ਵਰਗੇ ਏਸ਼ਿਆਈ ਦੇਸ਼ਾਂ ਨੂੰ ਵੱਧ ਤੋਂ ਵੱਧ ਤਰਜੀਹ ਦੇ ਰਹੇ ਹਨ।ਮਾਹਰਾਂ ਨੇ ਇਸ ਚੋਣ ਪਿਛੇ ਕਾਰਨ ਵੀ ਦੱਸੇ ਹਨ। ਐਨਬੀਐਫਸੀ ਆਕਸੀਲੋ ਫਿਨਸਰਵ ਦੀ ਰਿਪੋਰਟ ਵਿਚ ਕਿਹਾ ਗਿਆ ਹੈ ਕਿ ਭਾਰਤੀ ਵਿਦਿਆਰਥੀ ਸਿੱਖਿਆ ਦੀ ਕਿਫ਼ਾਇਤੀ ਅਤੇ ਸ਼ਾਨਦਾਰ ਗੁਣਵੱਤਾ ਕਾਰਨ ਜਰਮਨੀ ਅਤੇ ਸਪੇਨ ਵਰਗੇ ਦੇਸ਼ਾਂ ਦੀ ਚੋਣ ਕਰ

ਰਹੇ ਹਨ। ਇਸ ਦਾ ਮਤਲਬ ਇਹ ਨਹੀਂ ਹੈ ਕਿ ਭਾਰਤੀਆਂ ਨੇ ਅਮਰੀਕਾ, ਕੈਨੇਡਾ, ਯੂਕੇ ਅਤੇ ਆਸਟਰੇਲੀਆ ਦੀ ਯਾਤਰਾ ਪੂਰੀ ਤਰ੍ਹਾਂ ਬੰਦ ਕਰ ਦਿਤੀ ਹੈ।ਅਜੇ ਵੀ ਅਜਿਹੇ ਵਿਦਿਆਰਥੀ ਹਨ ਜੋ ਵਿਗਿਆਨ, ਤਕਨਾਲੋਜੀ, ਇੰਜਨੀਅਰਿੰਗ ਅਤੇ ਗਣਿਤ ਵਿਚ ਪੜ੍ਹਾਈ ਕਰਨ ਲਈ ਅਮਰੀਕਾ ਜਾ ਰਹੇ ਹਨ। ਹਾਲਾਂਕਿ, ਵਿਦਿਆਰਥੀ ਅਪਣੇ ਦ੍ਰਿਸ਼ਟੀਕੋਣਾਂ ਦਾ ਵਿਸਥਾਰ ਵੀ ਕਰ ਰਹੇ ਹਨ ਅਤੇ ਨਵੇਂ ਦੇਸ਼ਾਂ ਦਾ ਦੌਰਾ ਵੀ ਕਰ ਰਹੇ ਹਨ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਯੂਰਪੀਅਨ ਅਤੇ ਏਸ਼ਿਆਈ ਦੇਸ਼ਾਂ ਵਿਚ ਪੜ੍ਹਾਈ ਕਰਨ ਦੇ ਮੁੱਖ ਕਾਰਨ ਕਿਫ਼ਾਇਤੀ ਸਿੱਖਿਆ, ਚੋਟੀ ਦੀਆਂ ਯੂਨੀਵਰਸਿਟੀਆਂ ਦੀ ਮੌਜੂਦਗੀ, ਵੀਜ਼ਾ ਲੋੜਾਂ, ਇੰਟਰਨਸ਼ਿਪ, ਰੁਜ਼ਗਾਰ ਦੇ ਮੌਕੇ ਅਤੇ ਵਿਦਿਆਰਥੀ ਸੁਰੱਖਿਆ ਹਨ।ਆਕਸੀਲੋ ਫਿਨਸਰਵ ਦੀ ਸ਼ਵੇਤਾ ਗੁਰੂ ਦਾ ਕਹਿਣਾ ਹੈ, "ਅੱਜ ਦੇ ਭਾਰਤੀ ਵਿਦਿਆਰਥੀ ਵਿਦੇਸ਼ੀ ਉਚ ਸਿੱਖਿਆ ਪ੍ਰਤੀ ਅਪਣੇ ਦ੍ਰਿਸ਼ਟੀਕੋਣ ਵਿਚ ਵਧੇਰੇ ਵਿਹਾਰਕ ਹਨ ਅਤੇ ਨਿਵੇਸ਼ 'ਤੇ ਵਾਪਸੀ ਦੀ ਭਾਲ ਕਰ ਰਹੇ ਹਨ।" ਉਨ੍ਹਾਂ ਕਿਹਾ, "ਸਪੇਨ, ਜਰਮਨੀ ਅਤੇ ਨਿਊਜ਼ੀਲੈਂਡ ਵਰਗੇ ਦੇਸ਼ਾਂ ਲਈ ਮੰਗ ਵਧੀ ਹੈ ਕਿਉਂਕਿ ਉਹ ਉਚ-ਗੁਣਵੱਤਾ ਵਾਲੀ ਸਿੱਖਿਆ, ਕਿਫ਼ਾਇਤੀ ਸਿੱਖਿਆ, ਸਪੱਸ਼ਟ ਵੀਜ਼ਾ ਪ੍ਰਕਿਰਿਆ, ਅਤੇ ਸ਼ਾਨਦਾਰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਦੇ ਹਨ, ਖਾਸ ਕਰਕੇ ਵਿਗਿਆਨ, ਤਕਨਾਲੋਜੀ, ਇੰਜਨੀਅਰਿੰਗ ਅਤੇ ਗਣਿਤ ਵਿਚ ਕੋਰਸ ਕਰਨ ਵਾਲਿਆਂ ਲਈ।"

ਨਿਊਯਾਰਕ ਹਾਫ ਮੈਰਾਥਨ: ਗੁਲਵੀਰ ਸਿੰਘ ਨੇ ਕਾਂਸੀ ਦਾ ਤਮਗਾ ਜਿੱਤ ਕੇ ਰਚਿਆ ਇਤਿਹਾਸ

ਨਿਊਯਾਰਕ, 16 ਮਾਰਚ (ਚ.ਨ.ਸ.) : ਭਾਰਤ ਦੇ ਲੰਬੀ ਦੂਰੀ ਦੇ ਦੌੜਾਕ ਗੁਲਵੀਰ ਸਿੰਘ ਨੇ ਨਿਊਯਾਰਕ ਸਿਟੀ ਹਾਫ ਮੈਰਾਥਨ 2026 ਵਿੱਚ ਇੱਕ ਇਤਿਹਾਸਕ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਗਮਾ ਆਪਣੇ ਨਾਮ

ਕੀਤਾ ਹੈ। ਇਸ ਸ਼ਾਨਦਾਰ ਦੌੜ ਦੇ ਨਾਲ ਹੀ ਗੁਲਵੀਰ ਨੇ ਭਾਰਤ ਦਾ ਰਾਸ਼ਟਰੀ ਰਿਕਾਰਡ ਵੀ ਤੋੜ ਦਿੱਤਾ ਹੈ।

ਇੱਕ ਘੰਟੇ ਦੇ ਅੜਿੱਕੇ ਨੂੰ ਪਾਰ ਕਰਨ ਵਾਲੇ ਪਹਿਲੇ ਭਾਰਤੀ ; 27 ਸਾਲਾ ਗੁਲਵੀਰ ਸਿੰਘ ਨੇ 21 ਕਿਲੋਮੀਟਰ ਦੀ ਇਹ ਦੌੜ ਸਿਰਫ਼ 59:42 ਮਿੰਟ ਵਿੱਚ ਪੂਰੀ ਕੀਤੀ। ਇਸ ਦੇ ਨਾਲ ਹੀ ਉਹ ਹਾਫ ਮੈਰਾਥਨ ਵਿੱਚ ਇੱਕ ਘੰਟੇ ਦੇ ਸਮੇਂ ਦੀ ਅੜਿੱਕੇ ਨੂੰ ਪਾਰ ਕਰਨ ਵਾਲੇ ਪਹਿਲੇ ਭਾਰਤੀ ਪੁਰਸ਼ ਦੌੜਾਕ ਬਣ ਗਏ ਹਨ।

ਅਵਿਨਾਸ਼ ਸਾਬਲੇ ਦਾ 6 ਸਾਲ ਪੁਰਾਣਾ ਰਿਕਾਰਡ ਤੋੜਿਆ ; ਗੁਲਵੀਰ ਨੇ ਆਪਣੀ ਇਸ ਇਤਿਹਾਸਕ ਕੋਸ਼ਿਸ਼ ਨਾਲ ਅਵਿਨਾਸ਼ ਸਾਬਲੇ ਦੇ ਪੁਰਾਣੇ ਰਾਸ਼ਟਰੀ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ ਹੈ। ਸਾਬਲੇ ਨੇ ਸਾਲ 2020 ਵਿੱਚ ਦਿੱਲੀ ਹਾਫ ਮੈਰਾਥਨ ਦੌਰਾਨ 1:00:30 ਦਾ ਸਮਾਂ ਕੱਢਿਆ ਸੀ। ਗੁਲਵੀਰ ਨੇ ਇਸ ਸਮੇਂ ਵਿੱਚ 48 ਸੈਕੰਡ ਦੀ ਕਟੌਤੀ ਕਰਕੇ ਭਾਰਤੀ ਲੰਬੀ ਦੂਰੀ ਦੀ ਦੌੜ ਵਿੱਚ ਨਵੀਂ ਮਿਸਾਲ ਕਾਇਮ ਕੀਤੀ ਹੈ।

ਸਿਰਫ਼ ਇੱਕ ਸੈਕੰਡ ਦੇ ਫਰਕ ਨਾਲ ਚਾਂਦੀ ਤੋਂ ਖੁੰਝੇ ; ਇਹ ਮੁਕਾਬਲਾ ਬੇਹੱਦ ਰੋਮਾਂਚਕ ਰਿਹਾ। ਦੱਖਣੀ ਅਫ਼ਰੀਕਾ ਦੇ ਐਡਰੀਆਨ ਵਾਈਲਡਸ਼ਟ ਨੇ 59:30 ਦੇ ਸਮੇਂ ਨਾਲ ਸੋਨ ਤਗਮਾ ਜਿੱਤਿਆ, ਜਦੋਂ ਕਿ ਅਮਰੀਕਾ ਦੇ ਜ਼ੁਹੈਰ ਤਲਬੀ 59:41 ਦੇ ਸਮੇਂ ਨਾਲ ਦੂਜੇ ਸਥਾਨ 'ਤੇ ਰਹੇ। ਗੁਲਵੀਰ ਸਿੰਘ ਚਾਂਦੀ ਦਾ ਤਗਮਾ ਜਿੱਤਣ ਵਾਲੇ ਤਲਬੀ ਤੋਂ ਸਿਰਫ਼ ਇੱਕ ਸੈਕੰਡ ਪਿੱਛੇ ਰਹੇ। ਖ਼ਾਸ ਗੱਲ ਇਹ ਹੈ ਕਿ ਇਹ ਗੁਲਵੀਰ ਦੀ ਪੇਸ਼ੇਵਰ ਹਾਫ ਮੈਰਾਥਨ ਵਜੋਂ ਪਹਿਲੀ ਦੌੜ ਸੀ।

ਦੁਬਈ ਹਵਾਈ ਅੱਡੇ ਨੇੜੇ ਹੋਇਆ ਵੱਡਾ ਧਮਾਕਾ: ਸਾਰੀਆਂ ਉਡਾਣਾਂ ਮੁਅੱਤਲ

ਦੁਬਈ, 16 ਮਾਰਚ (ਚ.ਨ.ਸ.) : ਮੱਧ ਪੂਰਬ ਵਿੱਚ ਅਮਰੀਕਾ-ਇਜ਼ਰਾਈਲ-ਈਰਾਨ ਟਕਰਾਅ ਰੁਕਣ ਦੇ ਕੋਈ ਸੰਕੇਤ ਨਹੀਂ ਦਿਖਾ ਰਿਹਾ। ਸੋਮਵਾਰ ਸਵੇਰੇ ਦੁਬਈ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਇੱਕ ਵੱਡਾ ਹਮਲਾ ਕਰ ਦਿੱਤਾ ਗਿਆ ਹੈ।ਦੁਬਈ ਮੀਡੀਆ ਦਫ਼ਤਰ ਦੇ ਅਨੁਸਾਰ, ਡਰੋਨ ਨੇ ਟੱਕਰ ਮਾਰੀ ਅਤੇ ਬਾਲਣ ਟੈਂਕ ਵਿੱਚ ਇੱਕ ਵੱਡਾ ਧਮਾਕਾ ਕੀਤਾ, ਜਿਸ ਨਾਲ ਅੱਗ ਦੀਆਂ ਲਪਟਾਂ ਅਸਮਾਨ ਨੂੰ ਛੂਹ ਗਈਆਂ। ਘਟਨਾ ਤੋਂ ਤੁਰੰਤ ਬਾਅਦ ਦੁਬਈ ਸਿਵਲ ਡਿਫੈਂਸ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਸੀ।ਸੋਸ਼ਲ ਮੀਡੀਆ 'ਤੇ ਘੁੰਮ ਰਹੀਆਂ ਵੀਡੀਓਜ਼ ਵਿੱਚ ਦੁਬਈ ਹਵਾਈ ਅੱਡੇ ਦੇ ਨੇੜੇ ਧੂੰਏਂ ਦਾ ਇੱਕ ਸੰਘਣਾ ਗੁਬਾਰ ਅਤੇ ਉੱਚੀਆਂ ਅੱਗ ਦੀਆਂ ਲਪਟਾਂ ਅਸਮਾਨ ਵਿੱਚ ਉੱਠਦੀਆਂ ਦਿਖਾਈ ਦਿੱਤੀਆਂ। ਅਧਿਕਾਰੀਆਂ ਨੇ ਕਿਹਾ ਕਿ ਅੱਗ 'ਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ, ਅਤੇ ਹੁਣ ਤੱਕ ਕਿਸੇ ਜਾਨੀ ਨੁਕਸਾਨ ਦੀ ਰਿਪੋਰਟ ਨਹੀਂ ਹੈ।ਕਾਬਿਲੇਗੌਰ ਹੈ ਕਿ ਇਹ ਹਮਲਾ ਈਰਾਨ ਵੱਲੋਂ ਸੰਯੁਕਤ ਅਰਬ ਅਮੀਰਾਤ ਨੂੰ ਤਿੰਨ ਪ੍ਰਮੁੱਖ ਬੰਦਰਗਾਹਾਂ ਖਾਲੀ ਕਰਨ ਦੀ

ਹੋਇਆ। ਹਵਾਈ ਅੱਡੇ ਦੇ ਨੇੜੇ ਇੱਕ ਬਾਲਣ ਟੈਂਕ ਨੂੰ ਨਿਸ਼ਾਨਾ ਬਣਾਉਂਦੇ ਹੋਏ ਇੱਕ ਡਰੋਨ ਹਮਲਾ ਕੀਤਾ ਗਿਆ, ਜਿਸ ਕਾਰਨ ਭਾਰੀ ਅੱਗ ਲੱਗ ਗਈ। ਹਮਲੇ ਤੋਂ ਬਾਅਦ, ਹਵਾਈ ਅੱਡੇ 'ਤੇ ਉਡਾਣਾਂ ਨੂੰ ਅਸਥਾਈ ਤੌਰ 'ਤੇ ਮੁਅੱਤਲ ਚੇਤਾਵਨੀ ਦੇਣ ਤੋਂ ਇੱਕ ਦਿਨ ਬਾਅਦ ਹੋਇਆ ਹੈ। ਇਹ ਪਹਿਲਾ ਮੌਕਾ ਹੈ ਜਦੋਂ ਤਹਿਰਾਨ ਨੇ ਕਿਸੇ ਗੁਆਂਢੀ ਦੇਸ਼ ਵਿੱਚ ਗੈਰ-ਅਮਰੀਕੀ ਸੰਪਤੀਆਂ ਨੂੰ ਨਿਸ਼ਾਨਾ ਬਣਾਉਣ ਦੀ ਸਿੱਧੀ ਧਮਕੀ ਦਿੱਤੀ ਹੈ।

ਮਿਆਂਮਾਰ 'ਚ ਭੂਚਾਲ ਦੇ ਲਗਾਤਾਰ ਝਟਕੇ: 48 ਘੰਟਿਆਂ ਵਿੱਚ ਦੂਜੀ ਵਾਰ ਹਿੱਲੀ ਧਰਤੀ

ਨਾਇਪੀਦਾਵ, 16 ਮਾਰਚ (ਚ.ਨ.ਸ.) : ਮਿਆਂਮਾਰ ਵਿੱਚ ਭੂਚਾਲ ਦੇ ਝਟਕਿਆਂ ਨੇ ਇੱਕ ਵਾਰ ਫਿਰ ਲੋਕਾਂ ਵਿੱਚ ਦਹਿਸ਼ਤ ਫੈਲਾ ਦਿੱਤੀ ਹੈ। ਨੈਸ਼ਨਲ ਸੈਂਟਰ ਫਾਰ ਸੀਸਮੋਲੋਜੀ (ਐਨਸੀਐਸ) ਦੇ ਅਨੁਸਾਰ, ਐਤਵਾਰ ਨੂੰ ਮਿਆਂਮਾਰ ਵਿੱਚ 4.5 ਤੀਬਰਤਾ ਦਾ ਭੂਚਾਲ ਦਰਜ ਕੀਤਾ ਗਿਆ। ਰਾਹਤ ਦੀ ਗੱਲ ਇਹ ਹੈ ਕਿ ਇਸ ਘਟਨਾ ਵਿੱਚ ਕਿਸੇ ਵੀ ਤਰ੍ਹਾਂ ਦੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ। ਇਹ ਪਿਛਲੇ 48 ਘੰਟਿਆਂ ਵਿੱਚ

ਮਿਆਂਮਾਰ ਵਿੱਚ ਆਇਆ ਦੂਜਾ ਭੂਚਾਲ ਹੈ, ਕਿਉਂਕਿ ਇਸ ਤੋਂ ਪਹਿਲਾਂ ਸ਼ਨੀਵਾਰ ਨੂੰ ਵੀ 4.4 ਤੀਬਰਤਾ ਦਾ ਭੂਚਾਲ ਮਹਿਸੂਸ ਕੀਤਾ ਗਿਆ ਸੀ। ਐਤਵਾਰ ਨੂੰ ਆਏ ਇਸ ਭੂਚਾਲ ਦਾ ਕੇਂਦਰ ਜ਼ਮੀਨ ਤੋਂ 107 ਕਿਲੋਮੀਟਰ ਹੇਠਾਂ ਦੱਸਿਆ ਗਿਆ ਹੈ। ਵਿਗਿਆਨੀਆਂ ਦੇ ਅਨੁਸਾਰ, ਧਰਤੀ ਦੀ ਸਤ੍ਹਾ ਤੋਂ 700 ਕਿਲੋਮੀਟਰ ਦੀ ਡੂੰਘਾਈ ਤੱਕ ਭੂਚਾਲ ਆਉਣ ਦੀ ਸੰਭਾਵਨਾ ਬਣੀ ਰਹਿੰਦੀ ਹੈ।ਮਿਆਂਮਾਰ ਭੂਗੋਲਿਕ ਤੌਰ @ਤੇ ਬਹੁਤ ਹੀ ਸੰਵੇਦਨਸ਼ੀਲ ਖੇਤਰ ਵਿੱਚ ਸਥਿਤ ਹੈ, ਜੋ ਚਾਰ ਪ੍ਰਮੁੱਖ ਟੈਕਟੋਨਿਕ ਪਲੇਟਾਂ ਭਾਰਤੀ, ਯੂਰੇਸ਼ੀਅਨ, ਸੁੰਡਾ ਅਤੇ ਬਰਮਾ ਪਲੇਟਾਂ ਦੇ ਵਿਚਕਾਰ ਆਉਂਦਾ ਹੈ। ਇਨ੍ਹਾਂ ਪਲੇਟਾਂ ਦੇ ਆਪਸ ਵਿੱਚ ਟਕਰਾਉਣ ਅਤੇ ਗਤੀਸ਼ੀਲਤਾ ਦੇ ਕਾਰਨ ਇਸ ਖੇਤਰ ਵਿੱਚ ਅਕਸਰ ਭੂਚਾਲ ਅਤੇ ਸੁਨਾਮੀ ਵਰਗੀਆਂ ਕੁਦਰਤੀ ਆਫ਼ਤਾਂ ਦਾ ਖ਼ਤਰਾ ਬਣਿਆ ਰਹਿੰਦਾ ਹੈ।

ਬਾਬੂ ਕਾਂਸ਼ੀ ਰਾਮ ਜੀ ਲਈ ਭਾਰਤ ਰਤਨ ਦੀ ਮੰਗ ਵਾਲਾ ਚੀਮਾ ਵੱਲੋਂ ਪੇਸ਼ ਮਤਾ ਵਿਧਾਨ ਸਭਾ ਦੁਆਰਾ ਸਰਬਸੰਮਤੀ ਨਾਲ ਪਾਸ

ਚੰਡੀਗੜ੍ਹ, 16 ਮਾਰਚ (ਚ.ਨ.ਸ.) : ਦੇਸ਼ ਵੱਲੋਂ ਉਨ੍ਹਾਂ ਦੀ 92ਵੀਂ ਜਯੰਤੀ ਮਨਾਉਣ ਤੋਂ ਠੀਕ ਇਕ ਦਿਨ ਬਾਅਦ, ਉੱਘੇ ਸਮਾਜ ਸੁਧਾਰਕ ਅਤੇ ਰਾਜਨੀਤਿਕ ਨੇਤਾ ਬਾਬੂ ਕਾਂਸ਼ੀ ਰਾਮ ਜੀ ਲਈ ਭਾਰਤ ਰਤਨ ਦੀ ਮੰਗ ਕਰਦਾ ਇੱਕ ਇਤਿਹਾਸਕ ਮਤਾ ਅੱਜ ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਇਸ ਮਤੇ ਵਿੱਚ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਨੂੰ ਮਰਨ ਉਪਰੰਤ ਭਾਰਤ ਦਾ ਸਰਵਉੱਚ ਨਾਗਰਿਕ ਸਨਮਾਨ ਪ੍ਰਦਾਨ ਕਰੇ। ਇਸ ਮਤੇ ਨੂੰ ਪੂਰੇ ਸਦਨ ਵਿੱਚ ਸਰਬਸੰਮਤੀ ਨਾਲ ਸਮਰਥਨ ਮਿਲਿਆ, ਅਤੇ ਪੰਜਾਬ ਸਰਕਾਰ ਇਸ ਮਜ਼ਬੂਤ ਸਿਫਾਰਸ਼ ਨੂੰ ਕੇਂਦਰ ਨੂੰ ਭੇਜੇਗੀ। ਮਤਾ ਪੇਸ਼ ਕਰਨ ਦੌਰਾਨ ਉੱਗੇ ਆਗੂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਬਾਬੂ ਕਾਂਸ਼ੀ ਰਾਮ ਜੀ ਨੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੀ ਵਿਚਾਰਧਾਰਾ ਦਾ ਪ੍ਰਚਾਰ ਕਰਨ ਵਿੱਚ ਵੱਡੀ ਭੂਮਿਕਾ

ਨਿਭਾਈ ਅਤੇ ਸਮਾਜਿਕ-ਆਰਥਿਕ ਬਰਾਬਰੀ ਦਾ ਸੰਦੇਸ਼ ਹਰ ਘਰ ਤੱਕ ਪਹੁੰਚਾਇਆ। ਬਾਬੂ ਕਾਂਸ਼ੀ ਰਾਮ ਜੀ ਬੇਮਿਸਾਲ ਇਮਾਨਦਾਰੀ ਦੇ ਪ੍ਰਤੀਕ ਸਨ। ਉਨ੍ਹਾਂ ਨੇ ਆਪਣੇ ਨਾਂ 'ਤੇ ਕਿਸੇ ਵੀ ਜਾਇਦਾਦ, ਜ਼ਮੀਨ ਜਾਂ ਬੈਂਕ ਖਾਤੇ ਤੋਂ ਬਿਨਾਂ ਬਤੀਤ ਕੀਤਾ ਅਤੇ ਇਸੇ ਤਰ੍ਹਾਂ ਹੀ ਸੰਸਾਰ ਨੂੰ ਅਲਵਿਦਾ ਕਿਹਾ।

ਉਨ੍ਹਾਂ ਨੇ ਅੱਗੇ ਕਿਹਾ, ਬਾਬੂ ਕਾਂਸ਼ੀ ਰਾਮ ਜੀ ਨੇ ਜਾਤ-ਪਾਤ ਦੇ ਵਿਤਕਰੇ ਵਿਰੁੱਧ ਲੜਨ ਲਈ ਪੁਣੇ ਵਿੱਚ ਇੱਕ ਗਜ਼ਟਿਡ ਅਫ਼ਸਰ ਵਜੋਂ ਆਪਣਾ ਕਰੀਅਰ ਕੁਰਬਾਨ ਕਰ ਦਿੱਤਾ। ਪਹਿਲਾਂ ਆਲ ਇੰਡੀਆ ਬੈਕਵਰਡ ਐਂਡ ਮਾਈਨਾਰਿਟੀ ਕਮਿਊਨਿਟੀਜ਼ ਇੰਪਲਾਈਜ਼ ਫੈਡਰੇਸ਼ਨ (ਬੀਏਐਮਸੀਈਐਫ਼) ਬਣਾ ਕੇ ਅਤੇ ਬਾਅਦ ਵਿੱਚ ਸਰਗਰਮ ਰਾਜਨੀਤੀ ਵਿੱਚ ਦਾਖਲ ਹੋ ਕੇ, ਉਨ੍ਹਾਂ ਨੇ ਗਰੀਬ ਅਤੇ ਮੱਧ-ਵਰਗੀ ਪਿਛੋਕੜ ਵਾਲੇ ਹਜ਼ਾਰਾਂ ਨੌਜਵਾਨਾਂ ਨੂੰ ਕੌਮੀ ਰਾਜਨੀਤਿਕ ਅਖਾੜੇ ਵਿੱਚ ਉਤਰਨ ਲਈ ਸਸ਼ਕਤ ਕੀਤਾ।

ਨੇਤਾ ਦੇ ਜੀਵਨ ਅਤੇ ਰਾਜਨੀਤਿਕ ਸਫ਼ਰ ਬਾਰੇ ਚਾਨਣਾ ਪਾਉਂਦਿਆਂ, ਹਰਪਾਲ ਸਿੰਘ ਚੀਮਾ ਨੇ ਕਿਹਾ, ਬਾਬੂ ਕਾਂਸ਼ੀ ਰਾਮ ਜੀ ਦਾ ਜਨਮ 15 ਮਾਰਚ, 1934 ਨੂੰ ਰੋਪੜ ਦੇ ਖਵਾਸਪੁਰਾ ਵਿੱਚ ਹੋਇਆ ਸੀ ਅਤੇ ਉਨ੍ਹਾਂ ਨੇ ਸਰਕਾਰੀ ਕਾਲਜ, ਰੋਪੜ ਤੋਂ ਆਪਣੀ ਗ੍ਰੈਜੂਏਸ਼ਨ ਪੂਰੀ ਕੀਤੀ। ਉਨ੍ਹਾਂ ਨੇ ਬਾਅਦ ਵਿੱਚ 1991 ਵਿੱਚ ਉੱਤਰ ਪ੍ਰਦੇਸ਼ ਦੇ ਇਟਾਵਾ ਅਤੇ 1996 ਵਿੱਚ ਪੰਜਾਬ ਦੇ ਹੁਸ਼ਿਆਰਪੁਰ ਦੀ ਨੁਮਾਇੰਦਗੀ ਕਰਦਿਆਂ ਸੰਸਦ ਮੈਂਬਰ ਵਜੋਂ ਸੇਵਾ ਨਿਭਾਈ, ਅਤੇ ਇਸ ਤੋਂ ਬਾਅਦ ਰਾਜ ਸਭਾ ਵਿੱਚ ਵੀ ਸੇਵਾਵਾਂ ਦਿੱਤੀਆਂ।

ਊਰਜਾ ਸੰਭਾਲ ਅਤੇ ਟਿਕਾਊ ਬਿਲਡਿੰਗ ਕੋਡ ਅਤੇ ਊਰਜਾ ਕੁਸ਼ਲ ਬਿਲਡਿੰਗ ਸਮੱਗਰੀ ਅਤੇ ਤਕਨਾਲੌਜੀ ਪ੍ਰਦਰਸ਼ਨੀ 'ਤੇ ਵਰਕਸ਼ਾਪ

ਚੰਡੀਗੜ੍ਹ, 16 ਮਾਰਚ (ਚ.ਨ.ਸ.) : ਊਰਜਾ ਪ੍ਰਬੰਧਨ ਸੈੱਲ (EMC)/ਰਾਜ ਮਨੋਨੀਤ ਏਜੰਸੀ (SDA), ਇੰਜੀਨੀਅਰਿੰਗ ਵਿਭਾਗ, ਯੂਟੀ ਚੰਡੀਗੜ੍ਹ ਨੇ ਊਰਜਾ ਸੰਭਾਲ ਅਤੇ ਟਿਕਾਊ ਬਿਲਡਿੰਗ ਕੋਡ 'ਤੇ ਇੱਕ ਵਰਕਸ਼ਾਪ ਅਤੇ ਊਰਜਾ ਕੁਸ਼ਲ ਬਿਲਡਿੰਗ ਸਮੱਗਰੀ ਅਤੇ ਤਕਨਾਲੋਜੀਆਂ @ਤੇ ਇੱਕ ਪ੍ਰਦਰਸ਼ਨੀ ਦਾ ਆਯੋਜਨ ਕੀਤਾ। ਸ਼੍ਰੀਮਤੀ ਪ੍ਰੇਰਨਾ ਪੁਰੀ (IAS), ਸਕੱਤਰ, ਇੰਜੀਨੀਅਰਿੰਗ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ, ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਇਮਾਰਤ ਖੇਤਰ ਵਿੱਚ ਊਰਜਾ ਦੀ ਖਪਤ ਨੂੰ ਘਟਾਉਣ ਅਤੇ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਿਤ ਕਰਨ ਲਈ ਟਿਕਾਊ ਨਿਰਮਾਣ ਅਭਿਆਸਾਂ ਅਤੇ ਊਰਜਾ ਕੁਸ਼ਲ ਤਕਨਾਲੋਜੀਆਂ ਨੂੰ ਅਪਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਯੂਟੀ ਚੰਡੀਗੜ੍ਹ ਦੇ ਮੁੱਖ ਇੰਜੀਨੀਅਰ ਸ਼੍ਰੀ ਸੀ.ਬੀ. ਓਝਾ ਵੀ ਇਸ ਮੌਕੇ @ਤੇ ਮੌਜੂਦ ਸਨ। ਉਨ੍ਹਾਂ

ਦੱਸਿਆ ਕਿ ਇੰਜੀਨੀਅਰਿੰਗ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਇੱਕ ਊਰਜਾ ਸੰਭਾਲ ਅਤੇ ਟਿਕਾਊ ਬਿਲਡਿੰਗ ਕੋਡ ਨੂੰ ਸੂਚਿਤ ਕਰਨ ਦੀ ਪ੍ਰਕਿਰਿਆ ਵਿੱਚ ਹੈ, ਜੋ ਇਮਾਰਤ ਖੇਤਰ ਵਿੱਚ ਊਰਜਾ ਕੁਸ਼ਲ ਅਭਿਆਸਾਂ ਨੂੰ ਲਾਗੂ ਕਰਨ ਨੂੰ ਹੋਰ ਮਜ਼ਬੂਤ ਕਰੇਗਾ।

ਇਸ ਸਮਾਗਮ ਦੌਰਾਨ ਇੱਕ ਤਕਨੀਕੀ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਆਰਕੀਟੈਕਟ ਜੀਤ ਕੁਮਾਰ ਗੁਪਤਾ ਨੇ ਟਿਕਾਊ ਇਮਾਰਤ ਡਿਜ਼ਾਈਨ, ਊਰਜਾ-ਕੁਸ਼ਲ ਨਿਰਮਾਣ ਤਕਨੀਕਾਂ, ਅਤੇ ਆਧੁਨਿਕ ਇਮਾਰਤਾਂ ਵਿੱਚ ਊਰਜਾ ਸੰਭਾਲ ਉਪਾਵਾਂ ਨੂੰ ਸ਼ਾਮਲ ਕਰਨ ਬਾਰੇ ਕੀਮਤੀ ਸੂਝਾਂ ਸਾਂਝੀਆਂ ਕੀਤੀਆਂ।

ਇਸ ਸਮਾਗਮ ਦੌਰਾਨ ਊਰਜਾ-ਕੁਸ਼ਲ ਇਮਾਰਤ ਸਮੱਗਰੀ ਅਤੇ ਤਕਨਾਲੋਜੀਆਂ ਦੀ ਇੱਕ ਪ੍ਰਦਰਸ਼ਨੀ ਵੀ ਲਗਾਈ ਗਈ। ਜੌਹਨਸਨ ਟਾਇਲਸ, ਅਲਟਰਾਟੈਕ ਸੀਮੈਂਟ, ਮਹਾਲਕਸ਼ਮੀ ਬ੍ਰਿਕਸ, ਐਲ.ਕੇ. ਇਲੈਕਟ੍ਰੀਕਲ, ਅਤੇ ਵਿਨਾਇਕ ਇੰਡਸਟਰੀਜ਼ ਵਰਗੀਆਂ ਪ੍ਰਮੁੱਖ ਕੰਪਨੀਆਂ ਨੇ ਠੰਢੀਆਂ ਛੱਤਾਂ ਦੀਆਂ ਟਾਈਲਾਂ, ਗਰਮੀ-ਪ੍ਰਤੀਬਿੰਬਤ ਪੇਂਟ, ਏ.ਏ.ਸੀ. ਬਲਾਕ, ਅਤੇ ਹੋਰ ਊਰਜਾ-ਕੁਸ਼ਲ ਇਮਾਰਤ ਸਮੱਗਰੀ ਅਤੇ ਨਵੀਨਤਾਕਾਰੀ ਉਤਪਾਦਾਂ ਦਾ ਪ੍ਰਦਰਸ਼ਨ ਕੀਤਾ। ਵਰਕਸ਼ਾਪ ਵਿੱਚ ਲਗਭਗ 125 ਭਾਗੀਦਾਰਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚ ਇੰਜੀਨੀਅਰ, ਬਿਲਡਰ, ਆਰਕੀਟੈਕਟ ਅਤੇ ਵਿਦਿਆਰਥੀ ਸ਼ਾਮਲ ਸਨ। ਭਾਗੀਦਾਰਾਂ ਨੇ ਊਰਜਾ ਸੰਭਾਲ ਅਤੇ ਟਿਕਾਊ ਇਮਾਰਤ ਅਭਿਆਸਾਂ ਨਾਲ ਸਬੰਧਤ ਵਿਸ਼ਿਆਂ @ਤੇ ਚਰਚਾਵਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇੰਜੀਨੀਅਰ ਪਵਨ ਸ਼ਰਮਾ, ਮੁਖੀ, ਈਐਮਸੀ/ਐਸਡੀਏ, ਨੇ ਊਰਜਾ ਕੁਸ਼ਲਤਾ ਨੂੰ ਉਤਸ਼ਾਹਿਤ ਕਰਨ ਲਈ ਇੰਜੀਨੀਅਰਿੰਗ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਬਾਰੇ ਜਾਣਕਾਰੀ ਪੇਸ਼ ਕੀਤੀ, ਜਿਸ ਵਿੱਚ ਊਰਜਾ-ਕੁਸ਼ਲ ਤਕਨਾਲੋਜੀਆਂ ਨੂੰ ਉਤਸ਼ਾਹਿਤ ਕਰਨਾ, ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰਨਾ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਵਾਲੀਆਂ ਨੀਤੀਆਂ ਨੂੰ ਲਾਗੂ ਕਰਨਾ ਸ਼ਾਮਲ ਹੈ।

ਅਮਰੀਕਾ 'ਚ ਡੂੰਘਾ ਹੋਣ ਲੱਗਾ ਤੇਲ ਤੇ ਗੈਸ ਸੰਕਟ! ਉਦਯੋਗਾਂ ਨੇ ਟਰੰਪ ਸਰਕਾਰ ਨੂੰ ਦਿੱਤੀ ਚਿਤਾਵਨੀ

ਵਾਸ਼ਿੰਗਟਨ, 16 ਮਾਰਚ (ਚ.ਨ.ਸ.) : ਇਰਾਨ ਜੰਗ ਵਿਚਾਲੇ ਅਮਰੀਕਾ ਦੇ ਤੇਲ ਅਤੇ ਗੈਸ ਸੈਕਟਰ ਦੀਆਂ ਦਿੱਗਜ ਕੰਪਨੀਆਂ ਨੇ ਵ੍ਹਾਈਟ ਹਾਊਸ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਨੀਤੀਗਤ ਤਰੀਕੇ ਨਾਲ ਤੁਰੰਤ ਸੁਧਾਰ ਨਾ ਕੀਤੇ ਗਏ, ਤਾਂ ਦੇਸ਼ ਵਿੱਚ ਊਰਜਾ ਸੰਕਟ ਹੋਰ ਵੀ ਭਿਆਨਕ ਰੂਪ ਧਾਰਨ ਕਰ ਸਕਦਾ ਹੈ। ਇਕ ਅਮਰੀਕੀ ਰਿਪੋਰਟ ਅਨੁਸਾਰ, ਇਹ ਸੰਕਟ ਮੱਧ-ਪੂਰਬ ਵਿੱਚ

ਵਧ ਰਹੇ ਤਣਾਅ ਅਤੇ ਸਪਲਾਈ ਚੇਨ ਵਿੱਚ ਆ ਰਹੀਆਂ ਗੰਭੀਰ ਰੁਕਾਵਟਾਂ ਦਾ ਨਤੀਜਾ ਹੈ।ਉਦਯੋਗਿਕ ਲੀਡਰਾਂ ਦਾ ਕਹਿਣਾ ਹੈ ਕਿ ਅੰਤਰਰਾਸ਼ਟਰੀ ਪੱਧਰ @ਤੇ ਜੰਗ ਦੇ ਮਾਹੌਲ ਕਾਰਨ ਕੱਚੇ ਤੇਲ ਦੀ ਦਰਾਮਦ ਅਤੇ ਆਵਾਜਾਈ ਵਿੱਚ ਵੱਡਾ ਵਿਘਨ ਪਿਆ ਹੈ। ਇਸ ਦਾ ਸਿੱਧਾ ਅਸਰ ਅਮਰੀਕੀ ਰਿਫਾਇਨਰੀਆਂ ਦੀ ਸਮਰੱਥਾ @ਤੇ ਪੈ ਰਿਹਾ ਹੈ। ਕੰਪਨੀਆਂ ਦਾ ਦੋਸ਼ ਹੈ ਕਿ ਸਰਕਾਰ ਦੀਆਂ ਮੌਜੂਦਾ ਨੀਤੀਆਂ ਨਵੀਂ ਡਰਿੱਲਿੰਗ ਅਤੇ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਕਰਨ ਲਈ ਉਤਸ਼ਾਹਜਨਕ ਨਹੀਂ ਹਨ। ਉਦਯੋਗ ਨੇ ਸਰਕਾਰ ਤੋਂ ਤੁਰੰਤ ਨਵੀਂਆਂ ਇਜਾਜ਼ਤਾਂ ਅਤੇ ਨਿਵੇਸ਼ ਲਈ ਸਹਿਯੋਗ ਦੀ ਮੰਗ ਕੀਤੀ ਹੈ।ਤੇਲ ਕੰਪਨੀਆਂ ਅਤੇ ਸਰਕਾਰ ਵਿਚਕਾਰ ਇਹ ਵਧਦਾ ਟਕਰਾਅ ਆਉਣ ਵਾਲੇ ਦਿਨਾਂ ਵਿੱਚ ਹੋਰ ਗੰਭੀਰ ਹੋ ਸਕਦਾ ਹੈ। ਮਾਹਰਾਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਨੇ ਰਣਨੀਤਕ ਭੰਡਾਰਾਂ ਨੂੰ ਸੰਤੁਲਿਤ ਕਰਨ ਅਤੇ ਉਦਯੋਗ ਨੂੰ ਰਾਹਤ ਦੇਣ ਲਈ ਕੋਈ ਠੋਸ ਕਦਮ ਨਾ ਚੁੱਕੇ, ਤਾਂ ਆਰਥਿਕ ਮੰਦੀ ਦਾ ਖ਼ਤਰਾ ਵੀ ਵਧ ਸਕਦਾ ਹੈ।

ਜਨਮ ਦਿਨ ਮੁਬਾਰਕ

ਏਕਮਵੀਰ ਸਿੰਘ

ਸੇਫ਼ ਸਕੂਲ ਵਾਹਨ ਨੀਤੀ ਤਹਿਤ ਜ਼ਿਲ੍ਹਾ ਬਰਨਾਲਾ ਵਿੱਚ ਸਕੂਲ ਬੱਸਾਂ ਦੀ ਵਿਸ਼ੇਸ਼

ਬਰਨਾਲਾ 16 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵੱਲੋਂ ਜਾਰੀ ਸੇਫ ਸਕੂਲ ਵਾਹਨ ਨੀਤੀ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਨ ਅਤੇ ਯਕੀਨੀ ਬਣਾਉਣ ਲਈ ਜ਼ਿਲ੍ਹਾ ਬਰਨਾਲਾ ਦੇ ਵੱਖ-ਵੱਖ ਸਕੂਲਾਂ ਵਿੱਚ ਸਕੂਲ ਬੱਸਾਂ ਦੀ ਵਿਸ਼ੇਸ਼ ਚੈਕਿੰਗ ਲਈ ਮੁਹਿੰਮ ਚਲਾਈ ਗਈ। ਇਹ ਚੈਕਿੰਗ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਿੰਦਰ ਪਾਲ ਕੌਰ ਧਾਰੀਵਾਲ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਬੱਚਿਆਂ ਦੀ ਸੁਰੱਖਿਆ ਨਾਲ ਸੰਬੰਧਿਤ ਨਿਯਮਾਂ ਦੀ ਪਾਲਣਾ ਦੀ ਜਾਂਚ ਕੀਤੀ ਗਈ। ਇਸ ਦੌਰਾਨ ਮਦਰ ਟੀਚਰ ਇੰਟਰਨੈਸ਼ਨਲ ਸਕੂਲ ਅਤੇ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਬਰਨਾਲਾ ਵਿੱਚ ਬੱਸਾਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ 31 ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ ਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ 7 ਸਕੂਲ ਬੱਸਾਂ ਦੇ ਚਲਾਨ ਕੱਟੇ ਗਏ। ਜਾਂਚ ਸਮੇਂ ਕੁਝ ਬੱਸਾਂ ਵਿੱਚ ਅੱਗ ਬੁਝਾਉਣ ਵਾਲਾ ਯੰਤਰ ਮੌਜੂਦ ਨਾ ਹੋਣਾ, ਡਰਾਈਵਰ ਦਾ ਬਿਨਾਂ ਵਰਦੀ ਹੋਣਾ, ਬੱਸ ‘ਤੇ ਸਕੂਲ ਦਾ ਨਾਮ ਸਪਸ਼ਟ ਤੌਰ ‘ਤੇ ਦਰਜ ਨਾ ਹੋਣਾ, ਸਮਰੱਥਾ ਤੋਂ ਵੱਧ ਬੱਚਿਆਂ ਨੂੰ ਬਿਠਾਉਣਾ ਅਤੇ ਹੈਲਪਰ ਦੀ ਗੈਰ ਹਾਜ਼ਰੀ ਵਰਗੀਆਂ ਗੰਭੀਰ ਖਾਮੀਆਂ ਸਾਹਮਣੇ ਆਈਆਂ। ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਅਧਿਕਾਰੀਆਂ ਵੱਲੋਂ ਸਬੰਧਤ ਸਕੂਲ ਪ੍ਰਬੰਧਨਾਂ ਨੂੰ 15 ਦਿਨਾਂ ਦੇ ਅੰਦਰ ਸਾਰੀਆਂ ਕਮੀਆਂ ਦੂਰ ਕਰਕੇ ਨਿਯਮਾਂ ਦੀ ਪੂਰੀ ਪਾਲਣਾ ਕਰਨ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਮੌਕੇ ਟ੍ਰੈਫਿਕ ਐਜੂਕੇਸ਼ਨ ਸੈੱਲ ਤੋਂ ਗੁਰਚਰਨ ਸਿੰਘ (ਏ. ਐਸ. ਆਈ), ਹਰਪ੍ਰੀਤ ਕੌਰ, ਮਨਦੀਪ ਕੌਰ ਤੇ ਸੁਖਚੈਨ ਕੌਰ(ਸੀਨੀਅਰ ਕਾਂਸਟੇਬਲ) ਅਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤੋਂ ਬਲਵਿੰਦਰ ਸਿੰਘ ਤੇ ਮੀਡੀਆ ਸਹਾਇਕ ਮਨਦੀਪ ਕੌਰ ਵੀ ਹਾਜ਼ਰ ਰਹੇ। ਅਧਿਕਾਰੀਆਂ ਨੇ ਦੱਸਿਆ ਕਿ ਬੱਚਿਆਂ ਦੀ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਸਕੂਲ ਬੱਸਾਂ ਨਾਲ ਸੰਬੰਧਿਤ ਨਿਯਮਾਂ ਦੀ ਉਲੰਘਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਚੈਕਿੰਗ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਸਕੂਲ ਜਾਣ ਵਾਲੇ ਬੱਚਿਆਂ ਨੂੰ ਸੁਰੱਖਿਅਤ ਆਵਾਜਾਈ ਮੁਹੱਈਆ ਕਰਵਾਈ ਜਾ ਸਕੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਨੇ ਖ਼ੂਨਦਾਨ ਕੈਂਪ ਲਗਾਇਆ

ਬਰਨਾਲਾ, 16 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਰਜਿ. ਬਰਨਾਲਾ ਵੱਲੋਂ ਸਰਬੱਤ ਦਾ ਭਲਾ ਵੈਲਫੇਅਰ ਕਮੇਟੀ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਫਤਿਹਗੜ੍ਹ ਛੰਨਾ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 50 ਤੋਂ ਵੱਧ ਯੂਨਿਟ ਖ਼ੂਨ ਇਕੱਤਰ ਕੀਤਾ ਗਿਆ ਹੈ। ਇਸ ਖ਼ੂਨਦਾਨ ਕੈਂਪ ਦੌਰਾਨ ਬੇਟੀ ਮਹਿਕਪ੍ਰੀਤ ਕੌਰ ਨੇ ਪਹਿਲੀ ਵਾਰ ਅਤੇ ਮਨਜੀਤ ਕੌਰ ਨੇ ਤੀਸਰੀ ਵਾਰ ਖ਼ੂਨ ਦਾਨ ਕੀਤਾ। ਏਮਸ ਬਠਿੰਡਾ ਤੋਂ ਆਈ ਡਾਕਟਰਾਂ ਦੀ ਟੀਮ ਨੇ ਖ਼ੂਨ ਇਕੱਤਰ ਕੀਤਾ, ਜਿਸ ਵਿੱਚ ਡਾਕਟਰ ਵਿਕਾਸ ਬੀ ਟੀ ਓ, ਡਾਕਟਰ ਸੀਰਤ, ਗੁਰਦੀਪ ਸਿੰਘ ਐਮ, ਟੀ ਐਸ, ਮਨਪ੍ਰੀਤ ਸਿੰਘ ਟੈਕਨੀਸ਼ੀਅਨ, ਕਰਮਜੀਤ ਸਿੰਘ ਟੈਕਨੀਸ਼ੀਅਨ ਆਦਿ ਸ਼ਾਮਿਲ ਸਨ। ਖ਼ੂਨਦਾਨ ਕੈਂਪ ਹਰ ਮਹੀਨੇ ਦੀ 5 ਤਾਰੀਖ਼ ਨੂੰ ਸਾਰੇ ਖ਼ੂਨਦਾਨੀ ਵੀਰਾਂ ਅਤੇ ਭੈਣਾਂ ਦੇ ਸਹਿਯੋਗ ਨਾਲ ਲਗਾਇਆ ਜਾਂਦਾ ਹੈ। ਧਿਆਨ ਸਿੰਘ, ਜੋਗਾ ਮੈਂਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਬਰਨਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਖ਼ੂਨਦਾਨ ਕੈਂਪ ਲਗਾਤਾਰ ਲਗਾਉਂਦੇ ਹੋਏ 6 ਸਾਲ ਤੋਂ ਵੱਧ ਸਮਾਂ ਹੋ ਗਿਆ ਹੈ। ਉਨ੍ਹਾਂ ਨੌਜਵਾਨ ਵੀਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਥੈਲਾਸੀਮਕ ਰੋਗ ਦੇ ਬੱਚਿਆਂ ਲਈ, ਕੈਂਸਰ ਪੀੜ੍ਹਤ, ਐਕਸੀਡੈਂਟ ਕੇਸ, ਗਰਭਪਤੀ ਔਰਤਾਂ ਲਈ ਖ਼ੂਨ ਦਾਨ ਕਰਨ ਲਈ ਅੱਗੇ ਆਉਣ। ਇਹ ਜਾਣਕਾਰੀ ਜਗਵਿੰਦਰ ਸਿੰਘ ਭੰਡਾਰੀ ਨੇ ਦਿੱਤੀ ਹੈ।

ਆਂਗਨਵਾੜੀ ਵਰਕਰ ’ਤੇ ਆਪਣੇ ਪਤੀ ਨਾਲ ਮਿਲਕੇ ਲੋਕਾਂ ਨਾਲ ਠੱਗੀ ਮਾਰਨ ਦਾ ਮਾਮਲਾ ਦਰਜ

ਧਨੌਲਾ, 16 ਮਾਰਚ(ਚਮਕੌਰ ਸਿੰਘ ਗੱਗੀ): ਧਨੌਲਾ ਦੀ ਇਕ ਆਂਗਨਵਾੜੀ ਵਰਕਰ ਤੇ ਆਪਣੇ ਪਤੀ ਨਾਲ ਮਿਲ ਕੇ ਲੋਕਾਂ ਨੂੰ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ ਲੱਖਾਂ ਦੀ ਠੱਗੀ ਮਾਰਨ ਦਾ ਪਰਚਾ ਦਰਜ ਕੀਤਾ ਗਿਆ ਹੈ, ਪਰਚਾ ਦਰਜ ਹੋਣ ਤੋਂ ਬਾਅਦ ਆਂਗਨਵਾੜੀ ਵਰਕਰ ਆਪਣੇ ਸੈਂਟਰ ਤੋਂ ਗੈਰਹਾਜ਼ਰ ਹੋਣ ਕਾਰਨ ਮਹਿਕਮੇ ਵੱਲੋਂ ਵੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ, ਦੱਸਣਯੋਗ ਹੈ ਕਿ ਧਨੌਲਾ ਵਿੱਚ ਆਂਗਨਵਾੜੀ ਵਰਕਰ ਵੀਰਪਾਲ ਕੌਰ ਪਤਨੀ ਜਗਦੀਸ਼ ਸਿੰਘ ਵੱਲੋਂ ਆਪਣੇ ਪਤੀ ਨਾਲ ਮਿਲ ਕੇ ਕਈ ਲੋਕਾਂ ਤੋਂ ਵੱਖ-ਵੱਖ ਰਕਮਾਂ ਲੈ ਕੇ ਉਨ੍ਹਾਂ ਨੂੰ ਹਾਈ ਕੋਰਟ ਵਿੱਚ ਸਰਕਾਰੀ ਨੌਕਰੀ ਦਿਵਾਉਣ ਦਾ ਝਾਂਸਾ ਦੇਣ ਦੇ ਦੋਸ਼ ਹੇਠ ਧੋਖਾ ਧੜ੍ਹੀ ਜਾਅਲੀ ਕਾਗਜਾਤ ਤਿਆਰ ਕਰਨ ਦੀਆਂ ਧਾਰਾਵਾਂ ਹੇਠ ਬਰਨਾਲਾ ਦੇ ਥਾਣਾ ਇੱਕ ਵਿੱਚ ਮੁਕਦਮਾ ਨੰਬਰ 86 ਦਰਜ ਕੀਤਾ ਗਿਆ ਹੈ, । ਸ਼ਿਕਾਇਤਕਰਤਾਵਾਂ ਨੇ ਦੱਸਿਆ ਕਿ ਉਕਤ ਆਂਗਨਵੜੀ ਵਰਕਰ ਨੇ ਆਪਣੇ ਪਤੀ ਨਾਲ ਮਿਲ ਕੇ ਕਈ ਪਰਿਵਾਰਾਂ ਨੂੰ ਕਿਹਾ ਕਿ ਉਹ ਹਾਈਕੋਰਟ ਵਿੱਚ ਸਰਕਾਰੀ ਯੋਜਨਾਵਾਂ ਹੇਠ ਨੌਕਰੀ ਦਿਵਾ ਸਕਦੀ ਹੈ ਅਤੇ ਇਸ ਲਈ ਉਨ੍ਹਾਂ ਤੋਂ ਪੈਸੇ ਲਏ ਗਏ ਪਰ ਕਾਫ਼ੀ ਸਮਾਂ ਬੀਤ ਜਾਣ ਦੇ ਬਾਵਜੂਦ ਨਾ ਤਾਂ ਉਨ੍ਹਾਂ ਦੇ ਕੰਮ ਹੋਏ ਅਤੇ ਨਾ ਹੀ ਪੈਸੇ ਵਾਪਸ ਕੀਤੇ ਗਏ। ਇਸ ਤੋਂ ਬਾਅਦ ਪੀੜਤ ਲੋਕਾਂ ਨੇ ਇਕੱਠੇ ਹੋ ਕੇ ਪੁਲਿਸ ਨੂੰ ਸ਼ਿਕਾਇਤ ਦਿੱਤੀ। ਪੁਲਿਸ ਵੱਲੋਂ ਸ਼ਿਕਾਇਤ ਦੇ ਆਧਾਰ ’ਤੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਦੋਸ਼ੀ ਔਰਤ ਇਸ ਸਮੇਂ ਗਾਇਬ ਹੈ ਅਤੇ ਉਸ ਦੀ ਭਾਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਦੋਸ਼ੀ ਨੂੰ ਕਾਬੂ ਕਰ ਲਿਆ ਜਾਵੇਗਾ। ਉਧਰ ਆਂਗਨਵਾੜੀ ਵਿਭਾਗ ਵੱਲੋਂ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਸੰਬੰਧਿਤ ਵਰਕਰ ਨੂੰ ਗੈਰਹਾਜ਼ਰ ਘੋਸ਼ਿਤ ਕਰ ਦਿੱਤਾ ਗਿਆ ਹੈ ਅਤੇ ਵਿਭਾਗੀ ਪੱਧਰ ’ਤੇ ਵੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਅਧਿਕਾਰੀਆਂ ਨੇ ਕਿਹਾ ਕਿ ਜੇਕਰ ਜਾਂਚ ਦੌਰਾਨ ਦੋਸ਼ ਸਾਬਤ ਹੁੰਦੇ ਹਨ ਤਾਂ ਸੰਬੰਧਿਤ ਵਰਕਰ ਖ਼ਿਲਾਫ਼ ਕੜੀ ਵਿਭਾਗੀ ਕਾਰਵਾਈ ਕੀਤੀ ਜਾਵੇਗੀ।

ਵਾਈਐਸ ਪਬਲਿਕ ਸਕੂਲ ਦੇ ਵਿਦਿਆਰਥੀ ਨੇ ਇੰਟਰਨੈਸ਼ਨਲ ਸਾਇੰਸ ਓਲੰਪਿਆਡ ਵਿੱਚ ਕੀਤਾ ਸ਼ਾਨਦਾਰ ਪ੍ਰਦਰਸ਼ਨ

ਬਰਨਾਲਾ, 16 ਮਾਰਚ (ਹਮੀਰ ਸਿੰਘ) : ਅਕਾਦਮਿਕ ਉੱਤਮਤਾ ਦੀ ਆਪਣੀ ਰਿਵਾਇਤ ਨੂੰ ਜਾਰੀ ਰੱਖਦਿਆਂ ਵਾਈਐਸ ਪਬਲਿਕ ਸਕੂਲ, ਜਿਸ ਨੂੰ ਭਾਰਤ ਦੇ ਟਾਪ 50 ਸਕੂਲਾਂ ਵਿੱਚ ਮਾਨਤਾ ਪ੍ਰਾਪਤ ਹੈ, ਨੇ ਇੱਕ ਵਾਰ ਫਿਰ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਕਲਾਸ 7 ਦੇ ਹੋਣਹਾਰ ਵਿਦਿਆਰਥੀ ਅਦਵਿਕ ਨਾਇਰ ਨੇ ਨੈਸ਼ਨਲ ਸਾਇੰਸ ਓਲੰਪਿਆਡ (ਐਨਐਸਓ) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੰਟਰਨੈਸ਼ਨਲ ਰੈਂਕ 547 ਅਤੇ 90+ ਪਰਸੈਂਟਾਈਲ ਹਾਸਲ ਕੀਤੀ ਹੈ। ਇਹ ਮਹੱਤਵਪੂਰਨ ਉਪਲਬਧੀ ਸਕੂਲ ਦੀ ਮਜ਼ਬੂਤ ਅਕਾਦਮਿਕ ਨੀਂਹ ਅਤੇ ਵਿਦਿਆਰਥੀਆਂ ਵਿੱਚ ਜਿਗਿਆਸਾ, ਤਰਕਸ਼ੀਲ ਸੋਚ ਅਤੇ ਉਤਮਤਾ ਨੂੰ ਪ੍ਰੋਤਸਾਹਿਤ ਕਰਨ ਦੇ ਲਗਾਤਾਰ ਯਤਨਾਂ ਨੂੰ ਦਰਸਾਉਂਦੀ ਹੈ। ਵਾਈਐਸ ਪਬਲਿਕ ਸਕੂਲ ਵਿੱਚ ਕਾਂਸੈਪਟ-ਬੇਸਡ ਅਤੇ ਪ੍ਰੈਕਟੀਕਲ ਲਰਨਿੰਗ ’ਤੇ ਖਾਸ ਧਿਆਨ ਦਿੱਤਾ ਜਾਂਦਾ ਹੈ, ਜਿਸ ਨਾਲ ਵਿਦਿਆਰਥੀ ਵਿਸ਼ਿਆਂ ਨੂੰ ਗਹਿਰਾਈ ਨਾਲ ਸਮਝਦੇ ਹਨ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹਨ। ਅਦਵਿਕ ਦੀ ਇਹ ਕਾਮਯਾਬੀ ਉਸਦੀ ਮਿਹਨਤ, ਲਗਨ ਅਤੇ ਲਗਾਤਾਰ ਸੁਧਾਰ ਕਰਨ ਦੀ ਪ੍ਰਤੀਬੱਧਤਾ ਦਾ ਨਤੀਜਾ ਹੈ। ਇਸ ਵਿੱਚ ਅਧਿਆਪਕਾਂ ਦੀ ਰਹਿਨੁਮਾਈ ਅਤੇ ਸਕੂਲ ਦੇ ਪ੍ਰੇਰਣਾਦਾਇਕ ਮਾਹੌਲ ਦਾ ਵੀ ਮਹੱਤਵਪੂਰਨ ਯੋਗਦਾਨ ਹੈ। ਇਸ ਮੌਕੇ ’ਤੇ ਸਕੂਲ ਦੇ ਪ੍ਰਿੰਸੀਪਲ ਮਿਸਟਰ ਮੋਹਿਤ ਜਿੰਦਲ ਨੇ ਅਦਵਿਕ ਨੂੰ ਵਧਾਈ ਦਿੰਦਿਆਂ ਕਿਹਾ, ਕੀ ਇਹ ਉਪਲਬਧੀ ਵਾਈਐਸ ਪਬਲਿਕ ਸਕੂਲ ਵਿੱਚ ਪੈਦਾ ਕੀਤੀ ਜਾ ਰਹੀ ਸਮਰਪਣ ਅਤੇ ਉਤਮਤਾ ਦੀ ਭਾਵਨਾ ਦਾ ਪ੍ਰਤੀਕ ਹੈ। ਕਾਮਯਾਬੀ ਸਿਰਫ਼ ਅੰਕਾਂ ਬਾਰੇ ਨਹੀਂ ਹੁੰਦੀ, ਬਲਕਿ ਲਗਾਤਾਰ ਸੁਧਾਰ ਕਰਨ ਅਤੇ ਉੱਚਾਈਆਂ ਹਾਸਲ ਕਰਨ ਦੀ ਪ੍ਰਤੀਬੱਧਤਾ ਹੀ ਅਸਲ ਕਾਮਯਾਬੀ ਹੈ। ਸਕੂਲ ਪ੍ਰਬੰਧਨ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਅਦਵਿਕ ਨਾਇਰ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ ਅਤੇ ਉਸਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਨੂੰ ਫਲੈਟ ਪੈਨਲ ਸੌਂਪੇ

ਬਰਨਾਲਾ, 16 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਵਿਖੇ ਫਲੈਟ ਪੈਨਲ ਸੌਂਪੇ ਗਏ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਮੁਹੰਮਦ ਸਾਹਿਬਦੀਨ ਅਤੇ ਸੁਖਵਿੰਦਰ ਸਿੰਘ ਸੋਹੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਹਾਜ਼ਰੀ ਭਰੀ। ਸਕੂਲ ਇੰਚਾਰਜ ਰੁਪਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਆਧੁਨਿਕ ਬਣਾਉਣ ਲਈ ਸਕੂਲ ਨੂੰ ਦੋ ਇੰਟਰਐਕਟਿਵ ਫਲੈਟ ਪੈਨਲ ਭੇਜੇ ਗਏ ਹਨ। ਉਹਨਾਂ ਕਿਹਾ ਕਿ ਇਸ ਤਰ੍ਹਾਂ ਵਿਦਿਆਰਥੀ ਡਿਜੀਟਲ ਤਰੀਕੇ ਦੀ ਵਰਤੋਂ ਕਰਕੇ ਪੜ੍ਹਾਈ ਕਰ ਸਕਣਗੇ। ਕਮੇਟੀ ਮੈਂਬਰ ਸੁਖਵਿੰਦਰ ਸਿੰਘ ਸੋਹੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਵਿੱਚ ਆਧੁਨਿਕ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਵਿਦਿਆਰਥੀ ਨਵੀਂ ਤਕਨੀਕ ਦੀ ਵਰਤੋਂ ਕਰਕੇ ਵਧੀਆ ਤੋਂ ਵਧੀਆ ਪੜ੍ਹਾਈ ਪ੍ਰਾਪਤ ਕਰ ਸਕਣ। ਇਸ ਸਮੇਂ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਸਾਬਕਾ ਵਿਧਾਇਕ ਪਿਰਮਲ ਸਿੰਘ ਧੌਲਾ ਦੀ ਵਰਕਰ ਮੀਟਿੰਗ

ਬਰਨਾਲਾ, 16 ਮਾਰਚ (ਹਰਮਨ) : ਹਲਕਾ ਭਦੌੜ ਤੋਂ ਸਾਬਕਾ ਵਿਧਾਇਕ ਪਿਰਮਲ ਸਿੰਘ ਧੌਲਾ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਦੀ ਵਰਕਰ ਮੀਟਿੰਗ ਪਿੰਡ ਢਿੱਲਵਾਂ ਵਿਖੇ ਕੀਤੀ ਗਈ ਅਤੇ ਇਸ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਮੀਟਿੰਗ ਵਿੱਚ ਹਲਕਾ ਭਦੌੜ ਦੇ ਸਮੂਹ ਪਿੰਡਾਂ ਤੋਂ ਇਲਾਵਾ ਤਪਾ ਅਤੇ ਭਦੌੜ ਸ਼ਹਿਰੀ ਦੇ ਵਰਕਰ ਵੀ ਸ਼ਾਮਿਲ ਹੋਏ । ਇਸ ਮੌਕੇ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਪਿਰਮਲ ਸਿੰਘ ਧੌਲਾ ਨੇ ਕਿਹਾ ਕਿ ਪਾਰਟੀ ਦੇ ਕੌਮੀ ਜਨਰਲ ਸਕੱਤਰ ਕੇ. ਸੀ ਵੇਣੂਗੋਪਾਲ ਜੀ ਅਤੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ 2027 ਦੀਆਂ ਚੋਣਾਂ ਦੀ ਤਿਆਰੀ ਲਈ ਪਾਰਟੀ ਨੂੰ ਬੂਥ ਲੈਵਲ ਤੱਕ ਮਜ਼ਬੂਤ ਕਰਨ ਲਈ ਬੂਥ ਕਮੇਟੀਆਂ, ਵਾਰਡ ਕਮੇਟੀਆਂ, ਪਿੰਡ ਕਮੇਟੀਆਂ ਅਤੇ ਬਲਾਕ ਕਮੇਟੀਆਂ ਨੂੰ ਮੁੜ ਸੁਰਜੀਤ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ ਹਨ, ਜਿਸ ਤਹਿਤ ਕਿ ਜਲਦੀ ਹੀ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਜੀ ਦੇ ਸਹਿਯੋਗ ਨਾਲ ਜ਼ਮੀਨੀ ਪੱਧਰ ’ਤੇ ਇਹਨਾਂ ਕਮੇਟੀਆਂ ਨੂੰ ਬਣਾ ਕੇ 2027 ਵਿੱਚ ਕਾਂਗਰਸ ਸਰਕਾਰ ਬਣਾਉਣ ਲਈ ਸਿਰਤੋੜ ਯਤਨ ਕੀਤੇ ਜਾਣਗੇ। ਪਿਰਮਲ ਸਿੰਘ ਧੌਲਾ ਨੇ ਵਰਕਰਾਂ ਨੂੰ ਤਕੜੇ ਹੋਕੇ ਪਾਰਟੀ ਲਈ ਕੰਮ ਕਰਨ ਅਤੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਲੋਕਾਂ ਤੱਕ ਲੈਕੇ ਜਾਣ ਸਮੇਤ ਵਰਕਰਾਂ ਨੂੰ ਉਤਸ਼ਾਹਿਤ ਕਰਦਿਆਂ ਆਮ ਆਦਮੀ ਪਾਰਟੀ ਦੀ ਕਿਸੇ ਵੀ ਤਰਾਂ ਦੀ ਧੱਕੇਸ਼ਾਹੀ ਤੋਂ ਨਾ ਡਰਨ ਲਈ ਕਿਹਾ । ਉਨ੍ਹਾਂ ਕਿਹਾ ਕਿ ਕਾਂਗਰਸ ਦੇ ਵਰਕਰਾਂ ਨਾਲ ਧੱਕੇਸ਼ਾਹੀ ਕਰਨ ਵਾਲੇ ਪੁਲੀਸ ਮੁਲਾਜ਼ਮਾਂ ਜਾਂ ਹੋਰ ਕੋਈ ਵੀ ਅਧਿਕਾਰੀਆਂ ਨੂੰ ਸਰਕਾਰ ਆਉਣ ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਧੌਲਾ ਬਲਾਕ ਦੇ ਪ੍ਰਧਾਨ ਕੁਲਵਿੰਦਰ ਸਿੰਘ ਧੌਲਾ, ਸ਼ਹਿਣਾ ਬਲਾਕ ਦੇ ਪ੍ਰਧਾਨ ਗੁਰਤੇਜ ਸਿੰਘ ਨੈਣੇਵਾਲ, ਜ਼ਿਲਾ ਯੂਥ ਪ੍ਰਧਾਨ ਸੁਖਜਿੰਦਰ ਸਿੰਘ ਧਾਲੀਵਾਲ, ਤਪਾ ਸਿਟੀ ਪ੍ਰਧਾਨ ਹਰਿੰਦਰ ਸਿੰਘ, ਭਦੌੜ ਸਿਟੀ ਪ੍ਰਧਾਨ ਭਿੰਦਰ ਸਿੰਘ ਭਿੰਦਾ, ਜ਼ਿਲਾ ਜਨਰਲ ਸਕੱਤਰ ਮਹਿਲਾ ਵਿੰਗ ਪਰਮਜੀਤ ਕੌਰ ਧੌਲਾ, ਵੀਰਪਾਲ ਕੌਰ ਪੱਖੋਂ ਕਲਾਂ, ਜ਼ਿਲਾ ਜਨਰਲ ਸਕੱਤਰ ਜੋਗਿੰਦਰ ਸਿੰਘ ਬਰਾੜ, ਲੱਖਾ ਸਿੰਘ ਸਾਬਕਾ ਸਰਪੰਚ ਢਿੱਲਵਾਂ, ਜੀਤ ਸਿੰਘ ਸਾਬਕਾ ਸਰਪੰਚ ਢਿੱਲਵਾਂ, ਬਲਾਕ ਸੰਮਤੀ ਮੈਂਬਰ ਮਹਿੰਦਰਪਾਲ ਸ਼ਰਮਾ ਪੱਖੋਂ ਕਲਾਂ, ਬਲਾਕ ਸੰਮਤੀ ਮੈਂਬਰ ਪ੍ਰੇਮ ਸਿੰਘ ਰੂੜੇਕੇ ਕਲਾਂ, ਬਿੱਟੂ ਮੌੜ ਨਾਭਾ, ਬਲਾਕ ਪ੍ਰਧਾਨ ਕਿਸਾਨ ਵਿੰਗ ਗੁਰਕੀਰਤ ਸਿੰਘ ਧੂਰਕੋਟ, ਬਲਾਕ ਸੰਮਤੀ ਮੈਂਬਰ ਬਲਵਿੰਦਰ ਸਿੰਘ ਕੋਟਦੁਨਾ, ਐਮ. ਸੀ ਪਰਮਜੀਤ ਸਿੰਘ ਪੰਮਾ ਭਦੌੜ, ਰੂਪ ਸਿੰਘ ਸਾਬਕਾ ਸਰਪੰਚ ਮੌੜ ਮਖਸੂਥਾਂ, ਬਲਵਿੰਦਰ ਸਿੰਘ ਸਾਬਕਾ ਸਰਪੰਚ ਦਰਾਜ, ਸੁਖਦੇਵ ਸਿੰਘ ਸਾਬਕਾ ਸਰਪੰਚ ਕਾਲੇਕੇ, ਪਰਮਜੀਤ ਸਿੰਘ ਪੰਮੀ ਕਾਲੇਕੇ, ਬਲਕੌਰ ਸਿੰਘ ਧੂਰਕੋਟ, ਖੁਸ਼ੀ ਸਿੰਘ ਕਾਹਨਕੇ, ਅੰਗਰੇਜ ਸਿੰਘ ਸਾਬਕਾ ਸਰਪੰਚ ਭਗਤਪੁਰਾ ਮੌੜ, ਗਿਆਨ ਸ਼ਰਮਾ ਜੰਡਸਰ, ਪੱਪੂ ਸਾਬਕਾ ਸਰਪੰਚ ਮਝੂੱਕੇ, ਸੁਖਚੈਨ ਸਿੰਘ ਚੈਨਾ ਭਦੌੜ, ਰਸ਼ਪਾਲ ਸਿੰਘ ਦਰਾਜ, ਗੁਰਪ੍ਰੀਤ ਸਿੰਘ ਘੁੱਗੀ ਤਪਾ, ਜਗਸੀਰ ਸਿੰਘ ਸੀਰਾ ਤਪਾ, ਬਲੌਰ ਸਿੰਘ ਜੈਮਲ ਸਿੰਘ ਵਾਲਾ, ਜਗਸੀਰ ਸਿੰਘ ਸੀਰਾ ਭੈਣੀ ਫੱਤਾ, ਹੈਰੀ ਚੱਠਾ ਤਪਾ, ਸੁਖਪਾਲ ਸਿੰਘ ਯੂਥ ਆਗੂ ਕਾਲੇਕੇ, ਹਰਮੀਤ ਸਿੰਘ ਸਾਬਕਾ ਸਰਪੰਚ ਪੰਧੇਰ, ਗੋਬਿੰਦ ਸਿੰਘ ਰਜੀਆ, ਪ੍ਰਿਤਪਾਲ ਸਿੰਘ ਅਸਪਾਲ ਕਲਾਂ, ਜਗਦੀਸ਼ ਬੰਟੀ ਅਸਪਾਲ ਖੁਰਦ, ਗੋਬਿੰਦ ਕਾਲੇਕੇ, ਪਰਮਜੀਤ ਕੁੱਬੇ, ਦਰਸ਼ਨ ਸਿੰਘ ਅਤਰਗੜ, ਪਰਗਟ ਸਿੰਘ ਜੰਗੀਆਣਾ, ਹਰਪਾਲ ਸਿੰਘ ਪੱਖੋਂ ਕਲਾਂ, ਪਰਦੀਪ ਕੁਮਾਰ ਪੱਖੋਂ ਕਲਾਂ, ਰਣਜੀਤ ਸਿੰਘ ਘੁੰਨਸ, ਰੇਸ਼ਮ ਸਿੰਘ ਤਾਜੋਕੇ ਆਦਿ ਸਮੂਹ ਕਾਂਗਰਸੀ ਵਰਕਰ ਹਾਜ਼ਰ ਸਨ।

ਜੈ ਵਾਟਿਕਾ ਪਬਲਿਕ ਸਕੂਲ ਦੀ ਵਿਦਿਆਰਥਣ ਦੀ ਇੰਸਪਾਇਰ ਮਾਣਕ ਪੁਰਸਕਾਰ ਲਈ ਚੋਣ

ਬਰਨਾਲਾ, 16 ਮਾਰਚ (ਹਮੀਰ ਸਿੰਘ) : ਜੈ ਵਾਟਿਕਾ ਪਬਲਿਕ ਸਕੂਲ ਨੇ ਇੱਕ ਮਾਣਮੱਤਾ ਪਲ ਅਨੁਭਵ ਕੀਤਾ ਜਦੋਂ 8ਵੀਂ ਜਮਾਤ ਦੀ ਪ੍ਰਤਿਭਾਸ਼ਾਲੀ ਵਿਦਿਆਰਥਣ ਹਸ਼ਰਤਪ੍ਰੀਤ ਕੌਰ ਨੂੰ ਭਾਰਤ ਸਰਕਾਰ ਦੇ ਵਿਗਿਆਨ ਅਤੇ ਤਕਨਾਲੋਜੀ ਵਿਭਾਗ ਦੁਆਰਾ ਆਯੋਜਿਤ ਇੰਸਪਾਇਰ ਮਾਣਕ ਪੁਰਸਕਾਰ 2025-26 ਲਈ ਚੁਣਿਆ ਗਿਆ, ਜਿਸ ਨਾਲ ਸਕੂਲ ਦਾ ਨਾਮ ਰੌਸ਼ਨ ਹੋਇਆ। ਇਸ ਪ੍ਰਾਪਤੀ ਦੇ ਨਤੀਜੇ ਵਜੋਂ, ਹਸ਼ਰਤਪ੍ਰੀਤ ਕੌਰ ਨੂੰ ਆਪਣੇ ਵਿਗਿਆਨ ਪ੍ਰੋਜੈਕਟ ਨੂੰ ਵਿਕਸਤ ਕਰਨ ਲਈ 10,000 ਦਾ ਪ੍ਰੋਤਸਾਹਨ ਦਿੱਤਾ ਗਿਆ ਹੈ। ਉਹ ਹੁਣ ਆਪਣੇ ਨਵੀਨਤਾਕਾਰੀ ਵਿਗਿਆਨ ਮਾਡਲ ਨਾਲ ਰਾਜ-ਪੱਧਰੀ ਪ੍ਰਦਰਸ਼ਨੀ ਅਤੇ ਪ੍ਰੋਜੈਕਟ ਮੁਕਾਬਲੇ ਵਿੱਚ ਜੈ ਵਾਟਿਕਾ ਪਬਲਿਕ ਸਕੂਲ ਦੀ ਨੁਮਾਇੰਦਗੀ ਕਰੇਗੀ। ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਨੇ ਵਿਦਿਆਰਥਣ ਦੀ ਸ਼ਾਨਦਾਰ ਪ੍ਰਾਪਤੀ ’ਤੇ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਸਫਲਤਾ ਉਸਦੇ ਸਮਰਪਣ, ਉਤਸੁਕਤਾ ਅਤੇ ਵਿਗਿਆਨਕ ਸੁਭਾਅ ਦਾ ਨਤੀਜਾ ਹੈ। ਜੈ ਵਾਟਿਕਾ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੂੰ ਲਗਾਤਾਰ ਸੱਤ ਸਾਲਾਂ ਤੋਂ ਇੰਸਪਾਇਰ ਮਾਣਕ ਪੁਰਸਕਾਰ ਲਈ ਚੁਣਿਆ ਗਿਆ ਹੈ, ਜੋ ਸਕੂਲ ਦੀ ਗੁਣਵੱਤਾ ਵਾਲੀ ਵਿਗਿਆਨ ਸਿੱਖਿਆ, ਨਵੀਨਤਾਕਾਰੀ ਸਿੱਖਿਆ ਵਿਧੀਆਂ ਅਤੇ ਵਿਦਿਆਰਥੀਆਂ ਵਿੱਚ ਖੋਜ ਅਤੇ ਵਿਗਿਆਨਕ ਰਵੱਈਏ ਨੂੰ ਵਿਕਸਤ ਕਰਨ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦਾ ਹੈ। ਇਹ ਪ੍ਰਾਪਤੀ ਇਸ ਗੱਲ ਦਾ ਸਬੂਤ ਹੈ ਕਿ ਸਕੂਲ ਬੱਚਿਆਂ ਵਿੱਚ ਰਚਨਾਤਮਕ ਸੋਚ ਅਤੇ ਨਵੇਂ ਵਿਚਾਰਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਸ਼ਕਤੀਸ਼ਾਲੀ ਪਲੇਟਫਾਰਮ ਪ੍ਰਦਾਨ ਕਰਦਾ ਹੈ। ਸਕੂਲ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਨੇ ਵਿਦਿਆਰਥੀ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਹਸ਼ਰਤਪ੍ਰੀਤ ਕੌਰ ਦੀ ਪ੍ਰਾਪਤੀ ਸਾਰੇ ਵਿਦਿਆਰਥੀਆਂ ਲਈ ਪ੍ਰੇਰਨਾ ਹੈ। ਇਹ ਸਾਬਤ ਕਰਦਾ ਹੈ ਕਿ ਜੇਕਰ ਵਿਦਿਆਰਥੀਆਂ ਵਿੱਚ ਉਤਸੁਕਤਾ ਅਤੇ ਨਵੀਨਤਾ ਦੀ ਭਾਵਨਾ ਹੈ, ਤਾਂ ਉਹ ਕਿਸੇ ਵੀ ਖੇਤਰ ਵਿੱਚ ਨਵੀਆਂ ਉਚਾਈਆਂ ਤੱਕ ਪਹੁੰਚ ਸਕਦੇ ਹਨ। ਸਾਡਾ ਸਕੂਲ ਹਮੇਸ਼ਾ ਬੱਚਿਆਂ ਨੂੰ ਵਿਗਿਆਨਕ ਦ੍ਰਿਸ਼ਟੀਕੋਣ, ਰਚਨਾਤਮਕ ਸੋਚ ਅਤੇ ਖੋਜ ਦੀ ਭਾਵਨਾ ਵਿਕਸਤ ਕਰਨ ਲਈ ਉਤਸ਼ਾਹਿਤ ਕਰਦਾ ਹੈ। ਇਸ ਮੌਕੇ ਸਕੂਲ ਦੀ ਡਾਇਰੈਕਟਰ ਸ਼੍ਰੀਮਤੀ ਵਨੀਸ਼ਾ ਬਾਂਸਲ ਨੇ ਵੀ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਸਾਡੀ ਵਿਦਿਆਰਥਣ ਦੀ ਇਹ ਪ੍ਰਾਪਤੀ ਪੂਰੇ ਸਕੂਲ ਪਰਿਵਾਰ ਲਈ ਮਾਣ ਵਾਲੀ ਗੱਲ ਹੈ। ਸਾਨੂੰ ਵਿਸ਼ਵਾਸ ਹੈ ਕਿ ਹਸ਼ਰਤਪ੍ਰੀਤ ਰਾਜ ਪੱਧਰ ×#39;ਤੇ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਸਕੂਲ ਅਤੇ ਖੇਤਰ ਦਾ ਨਾਮ ਰੌਸ਼ਨ ਕਰੇਗੀ। ਸਕੂਲ ਦੇ ਸਮੁੱਚੇ ਸਟਾਫ਼ ਅਤੇ ਵਿਦਿਆਰਥੀਆਂ ਨੇ ਇਸ ਸਫਲਤਾ ਤੇ ਹਸ਼ਰਤਪ੍ਰੀਤ ਕੌਰ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਸਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਸ੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜੀਏਟ ਸਕੂਲ ਵਿੱਚ ਐਨ.ਐੱਸ.ਐੱਸ. ਕੈਂਪ ਦਾ ਉਦਘਾਟਨ

ਬਰਨਾਲਾ, 16 ਮਾਰਚ (ਇਸ਼ੇਨ ਕੰਗ) : ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਬਰਨਾਲਾ ਵਿੱਚ ਪ੍ਰਿੰਸੀਪਲ ਡਾਕਟਰ ਸ਼੍ਰੀਮਤੀ ਸੁਸ਼ੀਲ ਬਾਲਾ ਜੀ ਦੀ ਅਗਵਾਈ ਹੇਠ ਸਹਾਇਕ ਡਾਇਰੈਕਟਰ ਸ਼੍ਰੀ ਅਰੁਣ ਕੁਮਾਰ ਯੁਵਕ ਸੇਵਾਵਾਂ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਦਿਨ ਸੋਮਵਾਰ 16/03/2026 ਨੂੰ ਸੱਤ ਰੋਜ਼ਾ ਐਨ.ਐੱਸ.ਐੱਸ. ਕੈਂਪ ਦਾ ਉਦਘਾਟਨ ਸਮਾਰੋਹ ਕੀਤਾ ਗਿਆ। ਇਸ ਮੌਕੇ ਅੰਗਰੇਜ਼ੀ ਵਿਭਾਗ ਦੇ ਮੈਡਮ ਕਿਰਨ ਸਿਕਰੀ ਜੀ ਨੇ ਐਨੱ.ਐੱਸ.ਐੱਸ.ਬਾਰੇ ਆਪਣੇ ਵਿਚਾਰ ਵਲੰਟੀਅਰ ਨਾਲ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਇਸ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਦੌਰਾਨ ਪ੍ਰੋਗਰਾਮ ਅਫਸਰ ਮੈਡਮ ਰਿੰਪੀ ਅਤੇ ਮੈਡਮ ਵੀਰਪਾਲ ਕੌਰ ਨੇ ਵੀ ਐੱਨ.ਐੱਸ.ਐੱਸ.ਦੌਰਾਨ ਹੋਣ ਵਾਲੀਆਂ ਗਤੀਵਿਧੀਆਂ ਅਤੇ ਵਲੰਟੀਅਰ ਦੀਆਂ ਕਮੇਟੀਆਂ ਬਣਾਈਆਂ। ਇਸ ਮੌਕੇ ਮੈਡਮ ਹਰਜੀਤ ਕੌਰ, ਮੈਡਮ ਸੀਮਾ ਅਤੇ ਮੈਡਮ ਸ਼ਿਲਪਾ ਵੀ ਹਾਜ਼ਰ ਸਨ।

ਮੁੱਖ ਮੰਤਰੀ ਸਿਹਤ ਯੋਜਨਾ ਤੋਂ ਵਾਂਝੇ ਰਹਿ ਗਏ ਪਰਿਵਾਰ ਵੀ ਜਲਦੀ ਕਰਵਾਉਣ ਰਜਿਸਟਰੇਸ਼ਨ : ਸਿਵਲ ਸਰਜਨ

ਬਰਨਾਲਾ, 16 ਮਾਰਚ (ਬਘੇਲ ਸਿੰਘ ਧਾਲੀਵਾਲ): ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਸਦਕਾ ਵੱਖ-ਵੱਖ ਪਿੰਡਾਂ ਵਿੱਚ ਸਪੈਸ਼ਲ ਕੈਂਪ ਲਗਾ ਕੇ ਅਤੇ ਜ਼ਿਲ੍ਹਾ ਬਰਨਾਲਾ ਦੇ ਸਾਰੇ ਕਾਮਨ ਸਰਵਿਸ ਸੈਂਟਰਾਂ ’ਤੇ ਮੁਫਤ ਬਣਾਏ ਜਾ ਰਹੇ ਹਨ, ਤਾਂ ਜੋ ਕਿਸੇ ਬਿਮਾਰੀ ਦਾ ਹਸਪਤਾਲ ਵਿਖੇ ਦਾਖਲ ਹੋ ਕੇ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਕਰਵਾਇਆ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਡਿਪਟੀ ਮੈਡੀਕਲ ਕਮਿਸ਼ਨਰ ਡਾ.ਗੁਰਮਿੰਦਰ ਕੌਰ ਔਂਜਲਾ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ (10 ਲੱਖ ਰੁਪਏ) ਬਣਾਉਣ ਲਈ ਆਪਣੇ ਪਰਿਵਾਰ ਦੇ ਸਾਰੇ ਮੈਂਬਰਾਂ ਸਮੇਤ ਵੋਟਰ ਕਾਰਡ ਅਤੇ ਆਧਾਰ ਕਾਰਡ ਨਾਲ ਲੈ ਕੇ ਕੈਂਪ ਜਾਂ ਕਾਮਨ ਸਰਵਿਸ ਸੈਂਟਰ ਰਾਹੀਂ ਆਪਣੇ ਪਰਿਵਾਰ ਦੀ ਮੁਫਤ ਰਜਿਸਟਰੇਸ਼ਨ ਕਰਵਾ ਸਕਦੇ ਹਨ । ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ ਅਤੇ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਹਰਜੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਹਰ ਪਰਿਵਾਰ ਨੂੰ ਦੇਣ ਲਈ ਕਾਰਡ ਬਣਾਉਣ ਲਈ ਜ਼ਿਲ੍ਹਾ, ਬਲਾਕ ਅਤੇ ਪਿੰਡ ਪੱਧਰ ’ਤੇ ਸਿਹਤ ਵਿਭਾਗ ਦੇ ਕਰਮਚਾਰੀਆਂ/ਅਧਿਕਾਰੀਆਂ, ਆਸ਼ਾ ਅਤੇ ਵੱਖ-ਵੱਖ ਵਿਭਾਗਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਸਾਰੇ ਪਰਿਵਾਰਾਂ ਨੂੰ ਇਸ ਸਕੀਮ ਵਿੱਚ ਰਜਿਸਟਰ ਕੀਤਾ ਜਾ ਸਕੇ ।ਸਿਹਤ ਵਿਭਾਗ ਬਰਨਾਲਾ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਜਲਦੀ ਤੋਂ ਜਲਦੀ ਆਪਣੀ ਰਜਿਸਟਰੇਸ਼ਨ ਕਰਵਾ ਲੈਣ ਤਾਂ ਜੋ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਲਈ ਦਾਖਲ ਹੋਣ ਸਮੇਂ ਮੁਫ਼ਤ ਇਲਾਜ ਦੀ ਸਹੂਲਤ ਮਿਲ ਸਕੇ ।

ਜਸਵੰਤ ਸਿੰਘ ਬੇਦੀ ਦੀ ਤੀਜੀ ਬਰਸੀ ਮੌਕੇ ਡਾ. ਸਤੀਸ਼ ਕੁਮਾਰ ਨੂੰ ਤੀਜਾ ਯਾਦਗਾਰੀ ਐਵਾਰਡ ਭੇਟ

ਬਰਨਾਲਾ, 16 ਮਾਰਚ (ਬਘੇਲ ਸਿੰਘ ਧਾਲੀਵਾਲ) : ਨਾਵਲ ‘ਸਾਥ ਪਰਿੰਦਿਆਂ ਦੇ ’ਦੇ ਨਾਇਕ ਜਸਵੰਤ ਸਿੰਘ ਬੇਦੀ ਜੀ ਦੀ ਤੀਸਰੀ ਬਰਸੀ ਗੁਰਦੁਆਰਾ ਬਾਬਾ ਨਾਮਦੇਵ ਜੀ ਵਿਖੇ ਮਨਾਈ ਗਈ। ਬਹੁਪੱਖੀਲੇਖਕਬੂਟਾ ਸਿੰਘ ਚੌਹਾਨ ਸਵੇਰੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਜਸਵੰਤ ਸਿੰਘ ਬੇਦੀ ਦਾ ਜੀਵਨ ਦਰਜੀ ਦੁਨੀਆ ਵਿਚ ਇਕ ਇਤਿਹਾਸਕ ਮਹੱਤਤਾ ਰੱਖਦਾਹੈ।ਡਾ.ਸਤਨਾਮ ਸਿੰਘ ਜੱਸਲ(ਰਿਟਾ.ਪ੍ਰੋ.ਡੀਨ ਪੰਜਾਬੀ ਯੂਨੀਵਰਸਿਟੀ ਰੀਜਨਲ ਸੈਂਟਰ ਬਠਿੰਡਾ)ਨੇ ਮੰਚ ਸੰਚਾਲਨ ਕਰਦਿਆਂ ਕਿਹਾ ਕਿ ਬਾਪੂ ਜਸਵੰਤ ਸਿੰਘ ਬੇਦੀ ਜੀ ਨੇ ਸਾਰੀ ਉਮਰ ਸੱਚੀ ਸੁੱਚੀ ਕਿਰਤ ਕੀਤੀ ਅਤੇ ਹੋਰਾਂ ਨੂੰ ਇਸ ਕਿੱਤੇ ਦੇ ਯੋਗ ਬਣਾਇਆ। ਉਨ੍ਹਾਂ ਨੇ ਨਾ ਕਿਸੇ ਨੂੰ ਧੌਂਸ ਦਿੱਤੀ ਅਤੇ ਨਾ ਹੀ ਕਿਸੇ ਤੋਂ ਧੌਂਸ ਸਹੀ।ਉਹ ਗੁਰਦੁਆਰਾ ਬਾਬਾ ਨਾਮਦੇਵ ਨੂੰ ਬਣਾਉਣ ਵਾਲੇ ਮੈਂਬਰਾਂ ਵਿਚ ਇਕ ਸਨ।ਇਸ ਮੌਕੇ ਉਹਨਾਂ ਦੀ ਯਾਦ ਵਿਚ ਤੀਸਰਾ ਅਵਾਰਡ ਡਾ.ਸਤੀਸ਼ ਕੁਮਾਰ(ਜੋ ਪਰਿਵਾਰ ਦੇ ਬਹੁਤ ਨੇੜੇ ਰਹੇ) ਨੂੰ ਦਿੱਤਾ ਗਿਆ। ਇਹ ਰਸਮ ਸਮੁੱਚੇ ਪਰਿਵਾਰ ਨੇ ਰਲਕੇ ਅਦਾ ਕੀਤੀ।ਸਨਮਾਨ ਪੱਤਰ ਜਸਬੀਰ ਕੌਰ ਬੇਦੀ ਨੇ ਪੜ੍ਹਿਆ। ਇਸ ਤੋਂ ਪਹਿਲਾਂ ਬਹੁਪੱਖੀ ਲੇਖਕ ਬੂਟਾ ਸਿੰਘ ਚੌਹਾਨ ਅਤੇ ਡਾ.ਸੁਖਦੀਪ ਸਿੰਘ (ਰਾਜੂ) ਨੂੰ ਇਹ ਅਵਾਰਡ ਦਿੱਤਾ ਜਾ ਚੁੱਕਿਆ ਹੈ।ਅਵਾਰਡ ਵਿੱਚ ਇਕਵੰਜਾ ਸੌ,ਮੋਮੈਂਟੋ ਅਤੇ ਲੋਈ ਭੇਟ ਕੀਤੀ ਗਈ। ਡਾ.ਸੰਪੂਰਨ ਸਿੰਘ ਟੱਲੇਵਾਲੀਆ, ਡਾ.ਅਮਨਦੀਪ ਸਿੰਘ ਟੱਲੇਵਾਲੀਆ ਅਤੇ ਨਾਵਲਕਾਰ ਦਰਸ਼ਨ ਸਿੰਘ ਗੁਰੂ ਦੇ ਕਵੀਸ਼ਰੀ ਜਥੇ ਨੇ ਜਸਵੰਤ ਸਿੰਘ ਬੇਦੀ ਦੇ ਜੀਵਨ ਅਧਾਰਿਤ ਕਵੀਸ਼ਰੀ ਪੇਸ਼ ਕੀਤੀ ਗਈ। ਸ਼ਾਇਰ ਬੋਲੀਕਾਰ ਰਘਬੀਰ ਸਿੰਘ ਗਿੱਲ ਕੱਟੂ ਨੇ ਬੇਦੀ ਸਾਹਿਬ ਬਾਰੇ ਲਿਖੀਆਂ ਬੋਲੀਆਂ ਫਰੇਮ ਕਰਵਾ ਕੇ ਪਰਿਵਾਰ ਨੂੰ ਭੇਂਟ ਕੀਤੀਆਂ। ਧੰਨਵਾਦ ਕਰਦਿਆ ਡਾ.ਭੁਪਿੰਦਰ ਸਿੰਘ ਬੇਦੀ ਨੇ ਕਿਹਾ ਕਿ ਬਾਪੂ ਜਸਵੰਤ ਸਿੰਘ ਬੇਦੀ ਜੀ ਯਾਦ ਤਾਂ ਹਮੇਸ਼ਾ ਦਿਲਾਂ ਵਿਚ ਰਹਿੰਦੀ ਹੈ ਪਰ ਹਰ ਸਾਲ ਉਨ੍ਹਾ ਨੂੰ ਚਾਹੁਣ ਵਾਲੇ ਵੀ ਯਾਦ ਨੂੰ ਸੱਜਰੀ ਕਰ ਲੈਂਦੇ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਖੰਡ ਪਾਠ ਦੇ ਭੋਗ ਅਮ੍ਰਿਤ ਵੇਲੇ ਗ੍ਰਹਿ ਵਿਖੇ ਪਾ ਕੇ ਗੁਰਦੁਆਰਾ ਬਾਬਾ ਨਾਮਦੇਵ ਜੀ ਵਿਖੇ ਗੁਰਬਾਣੀ ਕੀਰਤਨ , ਅਰਦਾਸ ਤੋਂ ਬਾਦ ਸਨਮਾਨ ਰਸਮ ਕੀਤੀ ਗਈ। ਇਸ ਸਮਾਗਮ ਵਿਚ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਮੱਖਣ ਸ਼ਰਮਾਂ, ਨਾਵਲਕਾਰ ਯਾਦਵਿੰਦਰ ਸਿੰਘ ਭੁੱਲਰ, ਡਾ.ਤਰਸਪਾਲ ਕੌਰ, ਪ੍ਰੋ.ਨਿਰਮਲਪ੍ਰੀਤ ਸਿੰਘ ਬਠਿੰਡਾ, ਸਭਾ ਦੇ ਪ੍ਰਧਾਨ ਤੇਜਾ ਸਿੰਘ ਤਿਲਕ, ਜ.ਸਕੱਤਰ ਪਵਨ ਪਰਿੰਦਾ,ਖਜਾਨਚੀ ਰਾਮ ਸਰੂਪ ਸ਼ਰਮਾਂ, ਸ਼ਾਇਰ ਤਰਸੇਮ, ਪੰਜਾਬੀ ਆਲੋਚਕ ਤੇਜਿੰਦਰ ਚੰਡਿਹੋਕ, ਲਛਮਣ ਦਾਸ ਮੁਸਾਫਿਰ, ਵਾਤਾਵਰਨ ਪ੍ਰੇਮੀ ਐਸ.ਪੀ ਕੌਸ਼ਲ, ਮਹਿੰਦਰ ਸਿੰਘ ਰਾਹੀ, ਰਜੇਸ਼ ਭੁਟਾਨੀ, ਸੰਦੀਪ ਮਲਿਕ, ਸੀਨੀਅਰ ਸਿਟੀਜਨ ਸੁਸਾਇਟੀ ਦੇ ਪ੍ਰੈਸ ਸਕੱਤਰ ਅਮਰੀਕ ਸਿੰਘ ਬਾਬਾ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ, ਤੋਂ ਇਲਾਵਾ ਬੇਦੀ ਸਾਹਿਬ ਦੇ ਸ਼ਗਿਰਦ ਕੇਵਲ ਸਿੰਘ ਵੀਨਸ, ਦਰਸ਼ਨ ਸਿੰਘ ਰੌਲੇ, ਜਗਸੀਰ ਸਿੰਘ, ਮੁਹੱਲਾ ਵਾਸੀ, ਰਿਸ਼ਤੇਦਾਰ ਅਤੇ ਵੱਖ-ਵੱਖ ਪੁਲੀਟੀਕਲ, ਸਮਾਜਿਕ, ਧਾਰਮਿਕ ਪਾਰਟੀਆਂ ਦੇ ਆਗੂ ਸ਼ਾਮਲ ਹੋਏ।

ਆਰੀਆਭੱਟ ਕਾਲਜ ’ਚ ‘ਪੰਜਾਬੀ ਟਸ਼ਨ-2026’ ਧੂਮ-ਧਾਮ ਨਾਲ ਸੰਪੰਨ

ਮੰਨਤ ਨੂਰ ਤੇ ਟਾਈਗਰ ਦੀਆਂ ਲਾਈਵ ਪਰਫ਼ਾਰਮੈਂਸ ਨੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕੀਤਾ

ਬਰਨਾਲਾ, 16 ਮਾਰਚ (ਬਘੇਲ ਸਿੰਘ ਧਾਲੀਵਾਲ) : ਆਰੀਆਭੱਟ ਕਾਲਜ, ਬਰਨਾਲਾ ਵੱਲੋਂ ਕਰਵਾਇਆ ਗਿਆ ਵਿਸ਼ਾਲ ਸੱਭਿਆਚਾਰਕ ਸਮਾਗਮ ਪੰਜਾਬੀ ਟਸ਼ਨ 2026 ਧੂਮਧਾਮ ਅਤੇ ਉਤਸ਼ਾਹ ਨਾਲ ਸੰਪੰਨ ਹੋਇਆ। ਇਸ ਸਮਾਗਮ ’ਚ ਕਾਲਜ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ’ਚ ਹਾਜ਼ਰੀ ਭਰ ਕੇ ਪ੍ਰੋਗਰਾਮ ਦਾ ਭਰਪੂਰ ਆਨੰਦ ਮਾਣਿਆ। ਸਮਾਗਮ ਦੀ ਖਾਸ ਆਕਰਸ਼ਣ ਪ੍ਰਸਿੱਧ ਪੰਜਾਬੀ ਗਾਇਕਾ ਮੰਨਤ ਨੂਰ ਅਤੇ ਗਾਇਕ ਟਾਈਗਰ ਦੀ ਲਾਈਵ ਪਰਫਾਰਮੈਂਸ ਰਹੀ। ਮੰਨਤ ਨੂਰ ਨੇ ਆਪਣੇ ਸੁਪਰਹਿੱਟ ਗੀਤ ਲੌਂਗ ਲਾਚੀ ਸਮੇਤ ਕਈ ਪ੍ਰਸਿੱਧ ਗੀਤ ਪੇਸ਼ ਕਰਕੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ, ਜਦਕਿ ਟਾਈਗਰ ਨੇ ਆਪਣੇ ਲੋਕਪ੍ਰਿਯ ਗੀਤ ਜੇ ਵੇ ਸੋਹਣਿਆ ਅਤੇ ਹੋਰ ਗੀਤਾਂ ਨਾਲ ਸਮਾਗਮ ’ਚ ਰੌਣਕ ਪੈਦਾ ਕਰ ਦਿੱਤੀ। ਦਰਸ਼ਕਾਂ ਨੇ ਕਲਾਕਾਰਾਂ ਦੀਆਂ ਪੇਸ਼ਕਾਰੀਆਂ ਦਾ ਭਰਪੂਰ ਆਨੰਦ ਮਾਣਿਆ ਅਤੇ ਤਾੜੀਆਂ ਨਾਲ ਉਨ੍ਹਾਂ ਦਾ ਹੌਸਲਾ ਵਧਾਇਆ। ਇਸ ਸਮਾਗਮ ’ਚ ਹਲਕਾ ਬਰਨਾਲਾ ਤੋਂ ਕਾਂਗਰਸ ਪਾਰਟੀ ਦੇ ਐਮ.ਐਲ.ਏ ਸਰਦਾਰ ਕੁਲਦੀਪ ਸਿੰਘ (ਕਾਲਾ ਢਿੱਲੋਂ) ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਕਿਹਾ ਕਿ ਮੈਨੂੰ ਖੁਸ਼ੀ ਹੈ ਕਿ ਆਰੀਆਭੱਟ ਕਾਲਜ, ਬਰਨਾਲਾ ਵੱਲੋਂ ਪੰਜਾਬੀ ਟਸ਼ਨ 2026 ਵਰਗਾ ਵਿਸ਼ਾਲ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ, ਜਿਸ ਨਾਲ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਉਤਸ਼ਾਹ ਮਿਲਿਆ ਹੈ। ਇਸ ਸਮਾਗਮ ’ਚ ਹਲਕਾ ਬਰਨਾਲਾ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ, ਆਪ ਪਾਰਟੀ ਦੇ ਯੂਥ ਪ੍ਰਧਾਨ ਅਤੇ ਬਰਨਾਲਾ ਕਲੱਬ ਦੇ ਸਕੱਤਰ ਇਸ਼ਵਿੰਦਰ ਸਿੰਘ ਜੰਡੂ ਨੇ ਵਿਸ਼ੇਸ਼ ਤੌਰ ਤੇ ਪੁੱਜ ਕੇ ਹਾਜਰੀ ਲਗਵਾਈ , ਇਸ ਸਮਾਗਮ ’ਚ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ (ਬਿੱਟੂ ਦੀਵਾਨਾ), ਹਲਕਾ ਭਦੌੜ ਦੇ ਇੰਚਾਰਜ ਐਡਵੋਕੇਟ ਸਤਨਾਮ ਸਿੰਘ ਰਾਹੀ ਤੇ ਜਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਗੁਰਦੀਪ ਸਿੰਘ ਬਾਠ ਨੇ ਵਿਸ਼ੇਸ਼ ਤੌਰ ’ਤੇ ਪੁੱਜ ਕੇ ਹਾਜਰੀ ਲਗਵਾਈ ਤੇ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਆਰੀਆਭੱਟ ਕਾਲਜ ਵੱਲੋਂ ਕਰਵਾਇਆ ਜਾ ਰਿਹਾ ਪੰਜਾਬੀ ਟਸ਼ਨ ਵਰਗਾ ਸਮਾਗਮ ਨੌਜਵਾਨਾਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਦਾ ਸ਼ਾਨਦਾਰ ਯਤਨ ਹੈ। ਇਸ ਸਮਾਗਮ ’ਚ ਬਰਨਾਲਾ ਤੋਂ ਆਸਥਾ ਇਨਕਲੇਵ ਦੇ ਐਮਡੀ ਦੀਪਕ ਸੋਨੀ, ਬੀ.ਵੀ.ਐਮ ਦੇ ਚੇਅਰਮੈਨ ਪ੍ਰਮੋਦ ਅਰੋੜਾ, ਸੇਂਟ ਬਚਨਪੁਰੀ ਦੇ ਚੇਅਰਮੈਨ ਰਵਿੰਦਰਜੀਤ ਬਿੰਦੀ, ਐਸ. ਡੀ ਸਕੂਲ ਕੱਟੂ ਦੇ ਚੇਅਰਮੈਨ ਭਗਵੰਤ ਸਿੰਘ, ਸਟੈਂਡਰਡ ਕੰਬਾਈਨ ਦੇ ਐਮ.ਡੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਤੇ ਆਪਣੇ ਸੰਦੇਸ਼ ’ਚ ਕਿਹਾ ਕਿ ਆਰੀਆਭੱਟ ਕਾਲਜ, ਬਰਨਾਲਾ ਵੱਲੋਂ ਕਰਵਾਇਆ ਜਾ ਰਿਹਾ ਪੰਜਾਬੀ ਟਸ਼ਨ ਸਮਾਗਮ ਪੰਜਾਬੀ ਸੱਭਿਆਚਾਰ, ਭਾਸ਼ਾ ਅਤੇ ਵਿਰਸੇ ਨੂੰ ਉਭਾਰਨ ਲਈ ਇਕ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਾਲਜ ਪ੍ਰਬੰਧਕਾਂ ਅਤੇ ਆਯੋਜਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਨੌਜਵਾਨਾਂ ਨੂੰ ਆਪਣੀ ਸੱਭਿਆਚਾਰਕ ਪਛਾਣ ਨਾਲ ਜੋੜਨ ’ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਆਰੀਆਭੱਟ ਕਾਲਜ ਦੇ ਚੇਅਰਮੈਨ ਇੰਜੀਨੀਅਰ ਰਕੇਸ਼ ਗੁਪਤਾ ਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਜੀਵ ਮੰਗਲਾ, ਵਿੱਕੀ ਸਿੰਗਲਾ, ਇੰਦਰਪਾਲ ਗੋਇਲ, ਹਰਭਜਨ ਸਿੰਘ, ਮੋਹਿਤ ਮੰਗਲਾ ਅਤੇ ਅਸ਼ਵਨੀ ਸਿੰਗਲਾ ਆਦਿ ਨੇ ਕਿਹਾ ਕਿ ਨੌਜਵਾਨਾਂ ਨੂੰ ਆਪਣੀ ਭਾਸ਼ਾ ਅਤੇ ਸੱਭਿਆਚਾਰ ਨਾਲ ਜੋੜਨ ਲਈ ਇਸ ਤਰ੍ਹਾਂ ਦੇ ਸਮਾਗਮ ਬਹੁਤ ਹੀ ਲਾਭਦਾਇਕ ਹਨ। ਉਨ੍ਹਾਂ ਆਰੀਆਭੱਟ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਇਸ ਸਫਲ ਸਮਾਗਮ ਲਈ ਵਧਾਈ ਦਿੱਤੀ ਅਤੇ ਭਵਿੱਖ ’ਚ ਵੀ ਅਜਿਹੇ ਪ੍ਰੋਗਰਾਮ ਕਰਵਾਉਣ ਦੀ ਸਹਿਮਤੀ ਦਿੱਤੀ। ਕਾਲਜ ਦੇ ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ ਨੇ ਕਿਹਾ ਕਿ ਪੰਜਾਬੀ ਟਸ਼ਨ 2026 ਵਰਗੇ ਸਮਾਗਮ ਨੌਜਵਾਨਾਂ ਨੂੰ ਆਪਣੀ ਸੰਸਕ੍ਰਿਤੀ ਅਤੇ ਵਿਰਸੇ ਨਾਲ ਜੋੜਨ ਦਾ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਕਾਦਮਿਕ ਗਤੀਵਿਧੀਆਂ ਦੇ ਨਾਲ-ਨਾਲ ਸੱਭਿਆਚਾਰਕ ਅਤੇ ਰਚਨਾਤਮਕ ਪ੍ਰੋਗਰਾਮ ਵੀ ਕਰਵਾਉਂਦਾ ਰਹਿੰਦਾ ਹੈ। ਡੀਨ ਅਕੈਡਮਿਕਸ ਡਾ. ਭਾਵੇਤ ਗਰਗ ਨੇ ਸਮਾਗਮ ਦੀ ਕਾਮਯਾਬੀ ’ਤੇ ਖੁਸ਼ੀ ਜਤਾਉਂਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਸਮਾਜਿਕ ਗਤੀਵਿਧੀਆਂ ’ਚ ਭਾਗ ਲੈਣ ਲਈ ਪ੍ਰੇਰਿਤ ਕਰਦੇ ਹਨ। ਇਸ ਸਮਾਗਮ ਦੇ ਲੀਡ ਸਪਾਂਸਰ ਮਨਕੂ ਐਗਰੀਕਲਚਰ ਵਰਕਸ ਕ੍ਰਾਪਪਾਵਰ ਅਤੇ ਸੰਜੀਵਾਨੀ ਬਾਸਮਤੀ ਰਾਈਸ ਰਹੇ, ਜਦਕਿ ਕਈ ਹੋਰ ਪ੍ਰਸਿੱਧ ਵਪਾਰਕ ਸੰਸਥਾਵਾਂ ਨੇ ਕੋ-ਸਪਾਂਸਰ ਵਜੋਂ ਇਸ ਸਮਾਗਮ ਨੂੰ ਸਫਲ ਬਣਾਉਣ ’ਚ ਮਹੱਤਵਪੂਰਨ ਭੂਮਿਕਾ ਨਿਭਾਈ। ਸਮਾਗਮ ਦੇ ਅੰਤ ’ਚ ਇਸ ਪ੍ਰੋਗਰਾਮ ਦੇ ਓਵਰਆਲ ਕੋਆਰਡੀਨੇਟਰ ਚਤਿੰਦਰ ਸਿੰਘ, ਵਿਜੇ ਕੁਮਾਰ, ਭਾਵੁਕਤਾ ਸ਼ਰਮਾ, ਡਾ. ਜਸ਼ਨਜੋਤ, ਕੁਲਵਿੰਦਰ ਕੌਰ, ਕਮਲਜੀਤ ਕੌਰ ਅਤੇ ਰਜਨੀਸ਼ ਨਰੂਲਾ ਨੇ ਕਾਲਜ ਦੀ ਮੈਨੇਜਮੈਂਟ ਕਮੇਟੀ ਅਤੇ ਵਿਦਿਆਰਥੀਆਂ ਦਾ ਇਸ ਸਮਾਗਮ ਦੇ ਸਫਲ ਹੋਣ ਤੇ ਧੰਨਵਾਦ ਕੀਤਾ ਤੇ ਕਿਹਾ ਕਿ ਸਾਰਿਆਂ ਦੀ ਸਾਂਝੀ ਮਹਨਤ ਅਤੇ ਉਤਸ਼ਾਹ ਨਾਲ ਹੀ ਪੰਜਾਬੀ ਟਸ਼ਨ ਸਮਾਗਮ ਯਾਦਗਾਰ ਬਣਿਆ ਹੈ।

ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਵਿਖੇ ਐਸ ਐਮ.ਓ.ਅਤੇ ਸਿਵਲ ਸਰਜਨ ਨੂੰ ਮੰਗ ਪੱਤਰ ਦਿੱਤੇ

ਫਰੀਦਕੋਟ 16 ਮਾਰਚ (ਅਵਤਾਰ ਸਿੰਘ ਮੱਲਾ)ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਵਿਖੇ ਆਸ਼ਾ ਵਰਕਰਜ਼ ਫੈਸਿਲਿਟੇਟਰਜ਼ ਯੂਨੀਅਨ ਸਾਂਝਾ ਮੋਰਚਾ ਪੰਜਾਬ ਦੀ ਚੈਅਰਮੈਨ ਸੁੱਖਵਿੰਦਰ ਕੌਰ ਸੁੱਖੀ ਮਾਨਸਾ ਅਮਰਜੀਤ ਕੌਰ ਰਣ ਸਿੰਘ ਵਾਲਾ,ਰਾਣੋ ਖੇੜੀ ਗਿੱਲਾਂ, ਹਰਿੰਦਰ ਕੌਰ ਸ਼ਤਰਾਣਾ, ਸੰਤੋਸ਼ ਕੁਮਾਰੀ ਚਾਰ ਕਨਵੀਨਰਾ ਦੀ ਅਗਵਾਈ ਵਿੱਚ ਪੰਜਾਬ ਭਰ ਵਿੱਚ ਮੁਕੰਮਲ ਕੰਮਾ ਦਾ ਬਾਈਕਾਟ ਲਈ ਪੰਜਾਬ ਦੇ ਐਸ ਐਮ ਓ ਅਤੇ ਸਿਵਲ ਸਰਜਨ ਸਾਹਿਬ ਨੂੰ ਮੰਗ ਪੱਤਰ ਦਿੱਤੇ। ਇਸ ਮੌਕੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਨੇ ਦੱਸਿਆ ਕਿ ਐਨ ਐਚ ਐਮ ਅਧੀਨ ਪੰਜਾਬ ਭਰ ਵਿੱਚ ਕੰਮ ਕਰਨ ਵਾਲੀਆਂ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਤਕਰੀਬਨ ਪੂਰੇ 18 ਸਾਲ ਤੋਂ ਸਿਹਤ ਵਿਭਾਗ ਦੇ ਕੰਮਾਂ ਨੂੰ ਬੜੀ ਇਮਾਨਦਾਰੀ ਅਤੇ ਸੁਚੱਜੇ ਢੰਗ ਨਾਲ ਕਰ ਰਹੀਆਂ ਹਨ।ਹਰ ਭਿਆਨਕ (ਕਰੋਨਾ ਮਹਾਂਮਾਰੀ)ਬੀਮਾਰੀ ਵਿੱਚ ਆਪਣੀ ਜਾਨ ਦੀ ਬਿਨਾ ਪ੍ਰਵਾਹ ਕੰਮ ਨੂੰ ਮੂਹਰੀ ਕਤਾਰ ਵਿੱਚ ਕਰਦੀਆਂ ਹਨ ਅਤੇ ਵਿਭਾਗ ਦੇ ਕੰਮਾਂ ਦੇ ਟਾਰਗਿਟ ਨੂੰ ਮਿਨਟੈਨ ਰੱਖਦੀਆਂ ਹਨ।ਸਿਹਤ ਵਿਭਾਗ ਅਤੇ ਲੋਕਾਂ ਵਿਚਕਾਰ ਪੁਲ ਦਾ ਕੰਮ ਕਰਦੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਵਾ ਰਹੀਆਂ ਹਨ। ਪ੍ਰੰਤੂ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਆਮ ਆਦਮੀ ਪਾਰਟੀ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਆਪਣੇ 08 ਮਾਰਚ ਤੋਂ 11ਮਾਰਚ ਤੱਕ ਚੱਲ ਵਾਲੇ ਬਜਟ ਵਿੱਚੋ ਫੁੱਟੀ ਕੌਡੀ ਨਹੀ ਦਿੱਤੀ ਵਰਕਰਾਂ ਦੀਆਂ ਉਮੀਦਾਂ ਪ੍ਰਤੀ ਬਜਟ ਖੋਖਲਾ ਸ਼ਾਬਤ ਹੋਇਆਂ। ਨਿਰਾਸ਼ਾ ਅਤੇ ਤਸ਼ੱਸਦ ਤੋਂ ਬਿਨਾਂ ਕਿਸੇ ਕਿਸਮ ਦੇ ਭੱਤਿਆਂ ਵਿੱਚ ਵਾਧਾ ਨਹੀ ਕੀਤਾ।ਇਸ ਨਾਲ ਪੰਜਾਬ ਭਰ ਦੀਆਂ ਸੈਂਕੜੇ ਆਸਾਂ ਵਰਕਰਾਂ ਪੰਜਾਬ ਸਰਕਾਰ ਦੇ ਕਾਰਜਗਜਾਈ ਦੀ ਨਿੰਦਿਆ ਕਰਦੀਆਂ ਹਨ। ਭਾਰੀ ਰੋਸ ਕਾਰਨ ਆਉਣ ਵਾਲੀ 16ਮਾਰਚ 28 ਮਾਰਚ 2026 ਤੱਕ ਪੂਰੇ ਪੰਜਾਬ ਵਿੱਚ ਆਪਣੇ ਸਾਰੇ ਹੀ ਕੰਮਾਂ ਦਾ ਮਕੁੰਮਲ ਤੌਰ ਤੇ ਬਾਈਕਾਟ ਕਰਨਗੀਆਂ। ਅਤੇ ਆਪਣੀਆਂ ਲਮਕ ਅਵਸਥਾ ਵਿੱਚ ਪੈਡਿੰਗ ਮੰਗਾਂ ਅਤੇ ਮੁਸ਼ਕਲਾਂ ਦੇ ਹੱਲ ਲਈ ਤਿੱਖੇ ਤੋਂ ਤਿੱਖੇ ਐਕਸ਼ਨਾਂ ਲਈ ਮਜਬੂਰ ਹੋਣ ਜਾਣ ਗਿਆਂ।ਇਸ ਸਿੱਟਿਆਂ ਤੋ ਪੰਜਾਬ ਸਰਕਾਰ ਖੁਦ ਜ਼ਿੰਮੇਵਾਰ ਹੋਵੇਗੀ।

ਅਮਨ ਅਰੋੜਾ ਵੱਲੋਂ ਲੌਂਗੋਵਾਲ ਮਾਈਨਰ ਦਾ ਉਦਘਾਟਨ

ਲੌਂਗੋਵਾਲ, 16 ਮਾਰਚ (ਭਗਵੰਤ ਸ਼ਰਮਾ)ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ ਵਿਖੇ ਲੌਂਗੋਵਾਲ ਤੋਂ ਮੰਡੇਰ ਕਲਾਂ ਰੋਡ (ਸੂਏ ਕੋਲ) ਕਰੀਬ 06 ਕਰੋੜ 55 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਲੌਂਗੋਵਾਲ ਮਾਈਨਰ ਅਤੇ ਮੰਡੇਰ ਕਲਾਂ ਸਬ ਮਾਈਨਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਸਮਾਜਿਕ ਭਲਾਈ ਦੇ ਤਹਿਤ ਲੋੜਵੰਦ ਅਤੇ ਦਿਵਿਆਂਗ ਵਿਅਕਤੀਆਂ ਨੂੰ ਟ੍ਰਾਈਸਾਈਕਲਾਂ ਦੀ ਵੰਡ ਵੀ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਤੀਬਾੜੀ ਨੂੰ ਮਜ਼ਬੂਤ ਕਰਨ ਲਈ ਸਿੰਚਾਈ ਪ੍ਰਣਾਲੀ ਨੂੰ ਅਧੁਨਿਕ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਹਿਰਾਂ ਅਤੇ ਮਾਈਨਰਾਂ ਦੀ ਮੁਰੰਮਤ ਅਤੇ ਨਿਰਮਾਣ ਨਾਲ ਕਿਸਾਨਾਂ ਨੂੰ ਖੇਤਾਂ ਤੱਕ ਪਾਣੀ ਦੀ ਸਹੂਲਤ ਸਮੇਂ ਸਿਰ ਮਿਲੇਗੀ, ਜਿਸ ਨਾਲ ਉਨ੍ਹਾਂ ਦੀ ਫਸਲ ਦੀ ਪੈਦਾਵਾਰ ਵਿੱਚ ਵਾਧਾ ਹੋਵੇਗਾ।ਉਨ੍ਹਾਂ ਕਿਹਾ ਕਿ ਲੌਂਗੋਵਾਲ ਮਾਈਨਰ ਅਤੇ ਮੰਡੇਰ ਕਲਾਂ ਸਬ ਮਾਈਨਰ ਦੇ ਚਾਲੂ ਹੋਣ ਨਾਲ ਇਲਾਕੇ ਦੇ ਕਈ ਪਿੰਡਾਂ ਦੀ ਖੇਤੀਬਾੜੀ ਜ਼ਮੀਨ ਨੂੰ ਸਿੰਚਾਈ ਲਈ ਪਾਣੀ ਮਿਲੇਗਾ ਅਤੇ ਕਿਸਾਨਾਂ ਨੂੰ ਵੱਡਾ ਫ਼ਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਸਿੰਚਾਈ ਪ੍ਰੋਜੈਕਟਾਂ ਲਈ ਵੱਡੇ ਪੱਧਰ 'ਤੇ ਨਿਵੇਸ਼ ਕੀਤਾ ਜਾ ਰਿਹਾ ਹੈ।ਇਸ ਮੌਕੇ ਕੈਬਨਿਟ ਮੰਤਰੀ ਨੇ ਲੋੜਵੰਦ ਅਤੇ ਦਿਵਿਆਂਗ ਵਿਅਕਤੀਆਂ ਨੂੰ ਟ੍ਰਾਈਸਾਈਕਲਾਂ ਸੌਂਪਦਿਆਂ ਕਿਹਾ ਕਿ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਸੰਵੇਦਨਸ਼ੀਲ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਸਹੂਲਤਾਂ ਨਾਲ ਦਿਵਿਆਂਗ ਵਿਅਕਤੀਆਂ ਦੀ ਰੋਜ਼ਾਨਾ ਜ਼ਿੰਦਗੀ ਆਸਾਨ ਬਣਦੀ ਹੈ ਅਤੇ ਉਹ ਆਪਣੀ ਆਤਮਨਿਰਭਰਤਾ ਨੂੰ ਮਜ਼ਬੂਤ ਕਰ ਸਕਦੇ ਹਨ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀ ਬੁਨਿਆਦੀ ਢਾਂਚਾਗਤ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਸੜਕਾਂ, ਪੀਣ ਵਾਲੇ ਪਾਣੀ, ਸਿੰਚਾਈ ਅਤੇ ਹੋਰ ਜ਼ਰੂਰੀ ਸੁਵਿਧਾਵਾਂ ਨੂੰ ਸੁਧਾਰਨ ਲਈ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਫੰਡ ਜਾਰੀ ਕੀਤੇ ਜਾ ਰਹੇ ਹਨ ਤਾਂ ਜੋ ਪਿੰਡਾਂ ਦੇ ਲੋਕਾਂ ਦੀ ਜ਼ਿੰਦਗੀ ਦੇ ਮਿਆਰ ਨੂੰ ਉੱਚਾ ਚੁੱਕਿਆ ਜਾ ਸਕੇ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਥਾਨਕ ਨੁਮਾਇੰਦੇ ਅਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

ਪੰਜਾਬ 'ਚ ਕੈਂਸਰ ਦਾ ਭਿਆਨਕ ਰੂਪ: ਮੌਤਾਂ ਨੇ ਵਧਾਈ ਚਿੰਤਾ: ਡਾ. ਕ੍ਰਿਸ਼ਨ ਲਾਲ

ਬੁਢਲਾਡਾ, 16 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ)-ਕੈਂਸਰ ਕੋਈ ਇੱਕਲੀ ਬਿਮਾਰੀ ਨਹੀਂ, ਸਗੋਂ 100 ਤੋਂ ਵੱਧ ਬਿਮਾਰੀਆਂ ਦਾ ਇੱਕ ਅਜਿਹਾ ਸਮੂਹ ਹੈ ਜੋ ਸਰੀਰ ਦੇ ਕਿਸੇ ਵੀ ਹਿੱਸੇ ਨੂੰ ਪ੍ਰਭਾਵਿਤ ਕਰ ਸਕਦਾ ਹੈ। ਆਮ ਤੌਰ ਤੇ ਸਾਡੇ ਸਰੀਰ ਦੇ ਸੈੱਲ ਇੱਕ ਨਿਯਮਤ ਪ੍ਰਕਿਰਿਆ ਤਹਿਤ ਪੈਦਾ ਹੁੰਦੇ ਹਨ ਅਤੇ ਪੁਰਾਣੇ ਹੋਣ ਤੇ ਖ਼ਤਮ ਹੋ ਜਾਂਦੇ ਹਨ, ਪਰ ਕੈਂਸਰ ਹੋਣ ਤੇ ਇਹ ਕੁਦਰਤੀ ਚੱਕਰ ਟੁੱਟ ਜਾਂਦਾ ਹੈ। ਖਰਾਬ ਹੋ ਚੁੱਕੇ ਸੈੱਲ ਮਰਨ ਦੀ ਬਜਾਏ ਬੇਕਾਬੂ ਹੋ ਕੇ ਵਧਣ ਲੱਗਦੇ ਹਨ, ਜੋ ਅੱਗੇ ਚੱਲ ਕੇ ਟਿਊਮਰ ਜਾਂ ਗੰਢ ਦਾ ਰੂਪ ਲੈ ਲੈਂਦੇ ਹਨ। ਇਹ ਘਾਤਕ ਟਿਊਮਰ ਸਰੀਰ ਦੇ ਦੂਜੇ ਹਿੱਸਿਆਂ ਵਿੱਚ ਫੈਲ ਕੇ ਤੰਦਰੁਸਤ ਸੈੱਲਾਂ ਨੂੰ ਵੀ ਨੁਕਸਾਨ ਪਹੁੰਚਾਉਂਦੇ ਹਨ। ਹਾਲਾਂਕਿ, ਬਲੱਡ ਕੈਂਸਰ (ਲਿਊਕੀਮੀਆ) ਵਰਗੀਆਂ ਸਥਿਤੀਆਂ ਵਿੱਚ ਗੰਢ ਨਹੀਂ ਬਣਦੀ, ਸਗੋਂ ਇਹ ਸਿੱਧਾ ਖੂਨ ਰਾਹੀਂ ਫੈਲਦਾ ਹੈ। ਅੱਜ ਕੈਂਸਰ ਵਿਸ਼ਵ ਪੱਧਰ ਤੇ ਮੌਤ ਦਾ ਦੂਜਾ ਸਭ ਤੋਂ ਵੱਡਾ ਕਾਰਨ ਬਣ ਚੁੱਕਾ ਹੈ, ਜਿੱਥੇ ਹਰ ਸਾਲ ਲਗਭਗ 2 ਕਰੋੜ ਨਵੇਂ ਮਾਮਲੇ ਸਾਹਮਣੇ ਆਉਂਦੇ ਹਨ ਅਤੇ 1 ਕਰੋੜ ਲੋਕ ਆਪਣੀ ਜਾਨ ਗੁਆ ਬੈਠਦੇ ਹਨ। ਵਿਸ਼ਵ ਸਿਹਤ ਸੰਗਠਨ ਅਨੁਸਾਰ 2050 ਤੱਕ ਇਨ੍ਹਾਂ ਮਾਮਲਿਆਂ ਵਿੱਚ 77% ਵਾਧੇ ਦੀ ਸੰਭਾਵਨਾ ਹੈ। ਭਾਰਤ ਵਿੱਚ ਇਹ ਸਥਿਤੀ ਹੋਰ ਵੀ ਤੇਜ਼ੀ ਨਾਲ ਵਿਗੜ ਰਹੀ ਹੈ, ਜਿੱਥੇ ਮਰੀਜ਼ਾਂ ਦੀ ਗਿਣਤੀ 15 ਲੱਖ ਤੋਂ ਉੱਪਰ ਪਹੁੰਚ ਚੁੱਕੀ ਹੈ ਅਤੇ ਹਰ 9 ਵਿੱਚੋਂ 1 ਵਿਅਕਤੀ ਨੂੰ ਆਪਣੇ ਜੀਵਨ ਕਾਲ ਵਿੱਚ ਕੈਂਸਰ ਹੋਣ ਦਾ ਖ਼ਤਰਾ ਹੈ। ਪੰਜਾਬ ਦਾ ਹਾਲ ਤਾਂ ਹੋਰ ਵੀ ਗੰਭੀਰ ਹੈ; ਮਾਲਵਾ ਖੇਤਰ ਤੋਂ ਬੀਕਾਨੇਰ ਜਾਣ ਵਾਲੀ ਰੇਲਗੱਡੀ ਕੈਂਸਰ ਟ੍ਰੇਨ ਵਜੋਂ ਜਾਣੀ ਜਾਣ ਲੱਗੀ ਹੈ। ਪੰਜਾਬ ਵਿੱਚ ਹਰ ਰੋਜ਼ ਲਗਭਗ 68 ਲੋਕ ਕੈਂਸਰ ਕਾਰਨ ਦਮ ਤੋੜ ਰਹੇ ਹਨ ਅਤੇ 2025 ਤੱਕ ਨਵੇਂ ਮਰੀਜ਼ਾਂ ਦੀ ਸਾਲਾਨਾ ਗਿਣਤੀ ਵਧ ਕੇ 43,196 ਤੱਕ ਪਹੁੰਚ ਗਈ ਹੈ। ਸੂਬੇ ਵਿੱਚ ਕੈਂਸਰ ਦੇ ਵਧਣ ਦਾ ਮੁੱਖ ਕਾਰਨ ਵਾਤਾਵਰਣ ਵਿੱਚ ਘੁਲਿਆ ਜ਼ਹਿਰ ਹੈ। ਧਰਤੀ ਹੇਠਲੇ ਪਾਣੀ ਵਿੱਚ ਯੂਰੇਨੀਅਮ ਅਤੇ ਆਰਸੈਨਿਕ ਦੀ ਮਾਤਰਾ ਨਿਰਧਾਰਤ ਸੀਮਾ ਨਾਲੋਂ 50 ਤੋਂ 100 ਗੁਣਾ ਤੱਕ ਜ਼ਿਆਦਾ ਹੋਣਾ ਅਤੇ ਦੇਸ਼ ਦੇ ਕੁੱਲ ਕੀਟਨਾਸ਼ਕਾਂ ਦਾ 15-18% ਹਿੱਸਾ ਇਕੱਲੇ ਪੰਜਾਬ ਵਿੱਚ ਵਰਤਿਆ ਜਾਣਾ ਇਸ ਦੇ ਮੁੱਖ ਕਾਰਨ ਹਨ। ਇਹ ਜ਼ਹਿਰ ਹੁਣ ਸਾਡੀ ਫੂਡ ਚੇਨ ਅਤੇ ਮਾਵਾਂ ਦੇ ਦੁੱਧ ਤੱਕ ਪਹੁੰਚ ਚੁੱਕਾ ਹੈ। ਇਸ ਦੇ ਨਾਲ ਹੀ ਸਿੰਥੈਟਿਕ ਨਸ਼ੇ, ਤੰਬਾਕੂ, ਪ੍ਰਦੂਸ਼ਣ ਅਤੇ ਮਾੜੀ ਜੀਵਨਸ਼ੈਲੀ ਕਾਰਨ ਹੁਣ 30 ਤੋਂ 45 ਸਾਲ ਦੇ ਨੌਜਵਾਨ ਵੀ ਇਸ ਦੀ ਲਪੇਟ ਵਿੱਚ ਆ ਰਹੇ ਹਨ। ਅਕਸਰ ਬਿਮਾਰੀ ਦਾ ਪਤਾ ਤੀਜੀ ਜਾਂ ਚੌਥੀ ਸਟੇਜ ਤੇ ਲੱਗਦਾ ਹੈ, ਜਿਸ ਕਾਰਨ ਇਲਾਜ ਮਹਿੰਗਾ ਹੋ ਜਾਂਦਾ ਹੈ ਅਤੇ ਬਚਣ ਦੀ ਸੰਭਾਵਨਾ 20% ਤੋਂ ਵੀ ਘੱਟ ਰਹਿ ਜਾਂਦੀ ਹੈ। ਪਰ ਵਿਗਿਆਨ ਦੀ ਤਰੱਕੀ ਨੇ ਉਮੀਦ ਦੀ ਕਿਰਨ ਜਗਾਈ ਹੈ। ਸਰਜਰੀ, ਕੀਮੋਥੈਰੇਪੀ, ਰੇਡੀਏਸ਼ਨ ਅਤੇ ਹੁਣ ਇਮਿਊਨੋਥੈਰੇਪੀ ਵਰਗੇ ਆਧੁਨਿਕ ਤਰੀਕਿਆਂ ਨਾਲ ਇਲਾਜ ਸੰਭਵ ਹੈ। ਪੰਜਾਬ ਵਿੱਚ ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਪੀ.ਜੀ.ਆਈ ਵਰਗੇ ਅਦਾਰੇ ਬਹੁਤ ਹੀ ਸਸਤਾ ਅਤੇ ਵਧੀਆ ਇਲਾਜ ਪ੍ਰਦਾਨ ਕਰ ਰਹੇ ਹਨ।

ਬਠਿੰਡਾ ਸ਼ਹਿਰ 'ਚ ਚੋਰੀਆਂ ਦੀ ਸੁਨਾਮੀ ਨੇ ਲੋਕਾਂ ਦੀ ਉਡਾਈ ਨੀਂਦ

ਬਠਿੰਡਾ, 16 ਮਾਰਚ (ਦੀਪਕ ਸ਼ਰਮਾ)ਬਠਿੰਡਾ ਸ਼ਹਿਰ ਵਿੱਚ ਪੁਲਿਸ ਦੀ ਮੁਸਤੈਦੀ ਅਤੇ 24 ਘੰਟੇ ਗਸ਼ਤ ਦੇ ਦਾਅਵੇ ਚੋਰਾਂ ਦੇ ਹੌਸਲਿਆਂ ਅੱਗੇ ਬੌਣੇ ਸਾਬਤ ਹੋ ਰਹੇ ਹਨ। ਜਿਸ ਸ਼ਹਿਰ ਵਿੱਚ ਪੁਲਿਸ ਚੱਪੇ-ਚੱਪੇ ਤੇ ਨਜ਼ਰ ਰੱਖਣ ਦੀ ਗੱਲ ਕਰਦੀ ਹੈ, ਉੱਥੇ ਪਿਛਲੇ 10 ਦਿਨਾਂ ਵਿੱਚ ਚੋਰਾਂ ਨੇ 8 ਤੋਂ ਵੱਧ ਵਾਰਦਾਤਾਂ ਨੂੰ ਅੰਜਾਮ ਦੇ ਕੇ ਪੁਲਿਸ ਪ੍ਰਸ਼ਾਸਨ ਨੂੰ ਸਿੱਧੀ ਚੁਣੌਤੀ ਦਿੱਤੀ ਹੈ। ਅਫਸੋਸ ਦੀ ਗੱਲ ਇਹ ਹੈ ਕਿ ਕਈ ਮਾਮਲਿਆਂ ਵਿੱਚ ਚੋਰਾਂ ਦੀਆਂ ਤਸਵੀਰਾਂ ਸੀਸੀਟੀਵੀ ਵਿੱਚ ਕੈਦ ਹੋਣ ਦੇ ਬਾਵਜੂਦ ਪੁਲਿਸ ਦੇ ਹੱਥ ਅਜੇ ਤੱਕ ਖਾਲੀ ਹਨ, ਜਿਸ ਕਾਰਨ ਸ਼ਹਿਰ ਵਾਸੀਆਂ ਵਿੱਚ ਦਹਿਸ਼ਤ ਅਤੇ ਗੁੱਸੇ ਦਾ ਮਾਹੌਲ ਹੈ।**ਪਹਿਲਾਂ ਮੱਥਾ ਟੇਕਿਆ, ਫਿਰ ਗੋਲਕ ਤੋੜੀ** ਚੋਰਾਂ ਦੀ ਬੇਖ਼ੌਫ਼ੀ ਦਾ ਆਲਮ ਇਹ ਹੈ ਕਿ ਉਨ੍ਹਾਂ ਨੇ ਧਾਰਮਿਕ ਅਸਥਾਨਾਂ ਨੂੰ ਵੀ ਨਹੀਂ ਬਖ਼ਸ਼ਿਆ। ਕ੍ਰਿਸ਼ਨਾ ਕਲੋਨੀ ਦੇ ਭਗਵਾਨ ਵਾਲਮੀਕਿ ਮੰਦਰ ਵਿੱਚ ਵਾਪਰੀ ਘਟਨਾ ਨੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਸੀਸੀਟੀਵੀ ਵਿੱਚ ਦਿਖਾਈ ਦੇ ਰਿਹਾ ਹੈ ਕਿ ਇੱਕ ਚੋਰ ਨੇ ਪਹਿਲਾਂ ਮੰਦਰ ਵਿੱਚ ਪ੍ਰਵੇਸ਼ ਕਰਕੇ ਭਗਵਾਨ ਅੱਗੇ ਮੱਥਾ ਟੇਕਿਆ, ਸ਼ਿਵਲਿੰਗ ਤੇ ਚੰਦਨ ਲਗਾਇਆ ਅਤੇ ਫਿਰ ਮੌਕਾ ਦੇਖ ਕੇ ਦਾਨ ਪੇਟੀ ਤੋੜ ਕੇ ਸਾਰੀ ਨਕਦੀ ਲੈ ਕੇ ਫ਼ਰਾਰ ਹੋ ਗਿਆ। ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। **ਤੇਜ਼ਧਾਰ ਹਥਿਆਰ ਲੈ ਕੇ ਘੁੰਮ ਰਹੇ ਨੇ ਚੋਰ**।ਪੁਰਾਣਾ ਥਾਣਾ ਨੇੜੇ ਲਕਸ਼ਮੀ ਕਲਾਥ ਹਾਊਸ ਵਿੱਚ ਹੋਈ ਚੋਰੀ ਨੇ ਪੁਲਿਸ ਦੇ ਸੁਰੱਖਿਆ ਪ੍ਰਬੰਧਾਂ ਤੇ ਵੱਡੇ ਸਵਾਲ ਖੜ੍ਹੇ ਕੀਤੇ ਹਨ। ਇੱਥੇ ਇੱਕ ਚੋਰ ਸ਼ਟਰ ਦੇ ਤਾਲੇ ਤੋੜ ਕੇ 9 ਹਜ਼ਾਰ ਰੁਪਏ ਉਡਾ ਲੈ ਗਿਆ। ਹੈਰਾਨੀ ਦੀ ਗੱਲ ਇਹ ਹੈ ਕਿ ਜਦੋਂ ਇੱਕ ਕੁੱਤੇ ਨੇ ਚੋਰ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਚੋਰ ਨੇ ਬੜੀ ਬੇਖ਼ੌਫ਼ੀ ਨਾਲ ਤਲਵਾਰ ਕੱਢ ਕੇ ਉਸਨੂੰ ਡਰਾਇਆ ਅਤੇ ਭੱਜ ਨਿਕਲਿਆ। ਇਸੇ ਤਰ੍ਹਾਂ ਪ੍ਰਤਾਪ ਨਗਰ ਵਿੱਚ ਡਾ. ਜਗਦੀਸ਼ ਦੇ ਕਲੀਨਿਕ ਨੂੰ ਵੀ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਗਈ, ਪਰ ਸੈਂਟਰ ਲਾਕ ਲੱਗਿਆ ਹੋਣ ਕਾਰਨ ਚੋਰ ਸ਼ਟਰ ਨਹੀਂ ਚੁੱਕ ਸਕਿਆ।**ਘਰਾਂ ਚੋਂ ਗਹਿਣੇ ਅਤੇ ਸਿਲੰਡਰ ਤੱਕ ਗਾਇਬ**।ਚੋਰਾਂ ਨੇ ਰਿਹਾਇਸ਼ੀ ਇਲਾਕਿਆਂ ਨੂੰ ਵੀ ਪੂਰੀ ਤਰ੍ਹਾਂ ਅਸੁਰੱਖਿਅਤ ਬਣਾ ਦਿੱਤਾ ਹੈ। ਲਾਲ ਸਿੰਘ ਨਗਰ ਵਿੱਚ ਏਡੀਸੀ ਦੀ ਕੋਠੀ ਦੇ ਸੁਰੱਖਿਆ ਕਰਮੀ ਗਗਨਦੀਪ ਸਿੰਘ ਦੇ ਬੰਦ ਘਰ ਚੋਂ ਚੋਰਾਂ ਨੇ 15 ਤੋਲੇ ਚਾਂਦੀ, ਸੋਨਾ ਅਤੇ ਗੈਸ ਸਿਲੰਡਰ ਚੋਰੀ ਕਰ ਲਿਆ। ਮੁਹੱਲਾ ਝੁੱਟਿਕਾ ਨਿਵਾਸੀ ਕੁਲਦੀਪ ਸਿੰਘ ਦੇ ਘਰੋਂ ਦੋ ਮੋਬਾਈਲ, 10 ਹਜ਼ਾਰ ਨਕਦ ਅਤੇਐਲਈਡੀ ਚੋਰੀ ਹੋਗਈ। ਇਹੀ ਨਹੀਂ, ਸੁਰਖਪੀਰ ਰੋਡ ਤੇ ਵੀ ਚੋਰਾਂ ਨੇ ਇੱਕ ਘਰੋਂ ਦੋ ਮੋਬਾਈਲ ਅਤੇ ਗੈਸ ਸਿਲੰਡਰ ਉਡਾ ਲਿਆ। ਇਸ ਤੋਂ ਇਲਾਵਾ ਐਸਐਸਡੀ ਗਰਲਜ਼ ਕਾਲਜ ਵਰਗੇ ਭੀੜ-ਭੜੱਕੇ ਵਾਲੇ ਇਲਾਕੇ ਵਿੱਚੋਂ ਵੀ ਮੋਟਰਸਾਈਕਲ ਚੋਰੀ ਹੋਣ ਦੀ ਘਟਨਾ ਸਾਹਮਣੇ ਆਈ ਹੈ।ਲਗਾਤਾਰ ਵਾਪਰ ਰਹੀਆਂ ਇਨ੍ਹਾਂ ਘਟਨਾਵਾਂ ਨੇ ਪੁਲਿਸ ਦੀ ਕਾਰਜਪ੍ਰਣਾਲੀ ਨੂੰ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਚੋਰ ਸ਼ਹਿਰ ਦੀਆਂ ਮੁੱਖ ਸੜਕਾਂ ਤੇ ਤਲਵਾਰਾਂ ਲੈ ਕੇ ਘੁੰਮ ਰਹੇ ਹਨ ਅਤੇ ਵਾਰਦਾਤਾਂ ਕਰ ਰਹੇ ਹਨ, ਤਾਂ ਪੁਲਿਸ ਦੀ ਗਸ਼ਤ ਕਿੱਥੇ ਹੋ ਰਹੀ ਹੈ?

ਚਿੱਟੇ ਦੇ ਸੌਦਾਗਰਾਂ ਤੋਂ ਅੱਕੇ ਮੁਹੱਲਾ ਵਾਸੀਆਂ ਨੇ ਖੋਲ੍ਹਿਆ ਮੋਰਚਾ, ਧਰਨਾ ਲਗਾ ਕੇ ਕੀਤਾ ਰੋਸ ਪ੍ਰਦਰਸ਼ਨ

ਬਠਿੰਡਾ, 16 ਮਾਰਚ (ਦੀਪਕ ਸ਼ਰਮਾ)ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਦੇ ਦਾਅਵਿਆਂ ਦੇ ਉਲਟ ਬਠਿੰਡਾ ਸ਼ਹਿਰ ਦੇ ਸੁਰਖਪੀਰ ਰੋਡ ਤੇ ਸਥਿਤੀ ਬੇਹੱਦ ਚਿੰਤਾਜਨਕ ਬਣੀ ਹੋਈ ਹੈ। ਇਲਾਕੇ ਵਿੱਚ ਸ਼ਰੇਆਮ ਵਿਕ ਰਹੇ ਚਿੱਟੇ ਅਤੇ ਪੁਲਿਸ ਦੀ ਕਥਿਤ ਢਿੱਲੀ ਕਾਰਵਾਈ ਤੋਂ ਅੱਕੇ ਲੋਕਾਂ ਦਾ ਗੁੱਸਾ ਐਤਵਾਰ ਰਾਤ ਨੂੰ ਉਸ ਵੇਲੇ ਫੁੱਟ ਪਿਆ, ਜਦੋਂ ਵੱਡੀ ਗਿਣਤੀ ਵਿੱਚ ਔਰਤਾਂ ਅਤੇ ਮਰਦਾਂ ਨੇ ਸੜਕ ਤੇ ਉਤਰ ਕੇ ਨਸ਼ਾ ਤਸਕਰਾਂ ਅਤੇ ਪੁਲਿਸ ਪ੍ਰਸ਼ਾਸਨ ਖਿਲਾਫ ਜ਼ੋਰਦਾਰ ਪ੍ਰਦਰਸ਼ਨ ਕੀਤਾ।ਪ੍ਰਦਰਸ਼ਨ ਕਰ ਰਹੀਆਂ ਔਰਤਾਂ ਨੇ ਗੰਭੀਰ ਇਲਜ਼ਾਮ ਲਾਉਂਦਿਆਂ ਕਿਹਾ ਕਿ ਸੁਰਖਪੀਰ ਰੋਡ ਦੀ ਗਲੀ ਨੰਬਰ-3 ਦੇ ਕੁਝ ਘਰਾਂ ਵਿੱਚ ਚਿੱਟੇ ਦਾ ਕਾਰੋਬਾਰ ਸ਼ਰੇਆਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਘਰਾਂ ਵਿੱਚ ਨਸ਼ਾ ਖ਼ਰੀਦਣ ਵਾਲਿਆਂ ਦਾ ਦਿਨ-ਰਾਤ ਜਮਾਵੜਾ ਲੱਗਿਆ ਰਹਿੰਦਾ ਹੈ, ਜਿਸ ਕਾਰਨ ਨਾ ਸਿਰਫ਼ ਇਲਾਕੇ ਦੇ ਨੌਜਵਾਨਾਂ ਦਾ ਭਵਿੱਖ ਬਰਬਾਦ ਹੋ ਰਿਹਾ ਹੈ, ਸਗੋਂ ਗਲੀ ਵਿੱਚੋਂ ਲੰਘਣਾ ਵੀ ਮੁਸ਼ਕਲ ਹੋ ਗਿਆ ਹੈ। ਲੋਕਾਂ ਅਨੁਸਾਰ ਨਸ਼ੇੜੀਆਂ ਦੇ ਖ਼ੌਫ਼ ਕਾਰਨ ਇਲਾਕੇ ਵਿੱਚ ਅਸੁਰੱਖਿਆ ਦਾ ਮਾਹੌਲ ਬਣਿਆ ਹੋਇਆ ਹੈ। ਇਸ ਮੌਕੇ ਮੁਹੱਲਾ ਵਾਸੀਆਂ ਨੇ ਕਿਹਾ ਕਿ ਇਸ ਸਬੰਧੀ ਕਈ ਵਾਰ ਪੁਲਿਸ ਕੋਲ ਸ਼ਿਕਾਇਤਾਂ ਕੀਤੀਆਂ ਗਈਆਂ ਹਨ, ਪਰ ਕੋਈ ਵੀ ਠੋਸ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ। ਪ੍ਰਦਰਸ਼ਨਕਾਰੀਆਂ ਨੇ ਇੱਥੋਂ ਤੱਕ ਇਲਜ਼ਾਮ ਲਾਇਆ ਕਿ ਕਈ ਵਾਰ ਪੁਲਿਸ ਦੀਆਂ ਗੱਡੀਆਂ ਮੌਕੇ ਤੇ ਆਉਂਦੀਆਂ ਤਾਂ ਹਨ, ਪਰ ਤਸਕਰਾਂ ਨੂੰ ਫੜਨ ਦੀ ਬਜਾਏ ਕੁਝ ਮਿੰਟਾਂ ਬਾਅਦ ਉੱਥੋਂ ਚੁੱਪਚਾਪ ਵਾਪਸ ਮੁੜ ਜਾਂਦੀਆਂ ਹਨ।ਪ੍ਰਦਰਸ਼ਨਕਾਰੀਆਂ ਨੇ ਸਾਫ਼ ਲਹਿਜੇ ਵਿੱਚ ਚਿਤਾਵਨੀ ਦਿੱਤੀ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਇਸ ਗਲੀ ਵਿੱਚੋਂ ਨਸ਼ੇ ਦੇ ਅੱਡੇ ਬੰਦ ਨਾ ਕਰਵਾਏ ਗਏ ਅਤੇ ਤਸਕਰਾਂ ਨੂੰ ਜੇਲ੍ਹ ਨਾ ਭੇਜਿਆ ਗਿਆ, ਤਾਂ ਇਲਾਕੇ ਦੇ ਲੋਕ ਵੱਡੇ ਪੱਧਰ ਤੇ ਸੰਘਰਸ਼ ਵਿੱਢਣਗੇ। ਉਨ੍ਹਾਂ ਮੰਗ ਕੀਤੀ ਕਿ ਇਲਾਕੇ ਦੇ ਮਾਹੌਲ ਨੂੰ ਸੁਰੱਖਿਅਤ ਬਣਾਉਣ ਲਈ ਤੁਰੰਤ ਸਖ਼ਤ ਕਾਰਵਾਈ ਕੀਤੀ ਜਾਵੇ।

ਕਨਈਆ ਮਿੱਤਲ ਦਾ ਪ੍ਰੋਗਰਾਮ ਭਲਕੇ

ਬੁਢਲਾਡਾ, 16 ਮਾਰਚ (ਦਵਿੰਦਰ ਸਿੰਘ ਕੋਹਲੀ/ਜੀਵਨ ਕੁਮਾਰ)ਪ੍ਰਸਿੱਧ ਭਜਨ ਗਾਇਕ ਕਨਈਆ ਮਿੱਤਲ 18 ਮਾਰਚ ਦਿਨ ਬੁੱਧਵਾਰ ਨੂੰ ਬੁਢਲਾਡਾ ਦੀ ਅਨਾਜ ਮੰਡੀ ਵਿੱਚ ਹੋਣ ਵਾਲੇ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਆ ਰਹੇ ਹਨ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਦੇ ਇਕੱਠ ਹੋਣ ਦੀ ਸੰਭਾਵਨਾ ਹੈ।ਪ੍ਰਬੰਧਕਾਂ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਭੀੜ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੇ ਪਰਸ, ਮੋਬਾਈਲ ਅਤੇ ਹੋਰ ਕੀਮਤੀ ਸਮਾਨ ਨੂੰ ਸੰਭਾਲ ਕੇ ਰੱਖਣ। ਭੀੜ ਭੜੱਕੇ ਦੌਰਾਨ ਕਈ ਵਾਰ ਚੋਰੀ ਜਾਂ ਜੇਬ ਕਤਰਿਆਂ ਵਰਗੀਆਂ ਘਟਨਾਵਾਂ ਵੀ ਹੋ ਸਕਦੀਆਂ ਹਨ, ਇਸ ਲਈ ਹਰ ਵਿਅਕਤੀ ਨੂੰ ਸਾਵਧਾਨ ਰਹਿਣ ਦੀ ਲੋੜ ਹੈ ਤਾਂ ਜੋ ਕਿਸੇ ਵੀ ਅਣਚਾਹੀ ਘਟਨਾ ਤੋਂ ਬਚਿਆ ਜਾ ਸਕੇ।

ਭਾਖੜਾ 'ਚੋਂ ਲਾਸ਼ਾਂ ਕੱਢਣ ਲਈ ਲੋਕਾਂ ਤੋਂ ਸਹਿਯੋਗ ਦੀ ਮੰਗ

ਖਨੌਰੀ 16 ਮਾਰਚ (ਓਮਪ੍ਰਕਾਸ਼ ਮੁਆਲ) ਪੰਜਾਬ ਵੱਲੋਂ ਭਾਖੜਾ ਨਹਿਰ ਵਿੱਚ ਵਹਿ ਕੇ ਆਉਣ ਵਾਲੀਆਂ ਅਣਪਛਾਤੀਆਂ ਡੈੱਡ ਬਾਡੀਆਂ ਨੂੰ ਬਾਹਰ ਕੱਢਣ ਦੀ ਸੇਵਾ ਸਾਡੀ ਟੀਮ ਵੱਲੋਂ ਲਗਾਤਾਰ ਕੀਤੀ ਜਾ ਰਹੀ ਹੈ। ਰੈਸਕਿਊ ਤੋਂ ਬਾਅਦ ਮ੍ਰਿਤਕਾਂ ਦੀ ਪਹਿਚਾਣ ਅਤੇ ਕਾਨੂੰਨੀ ਕਾਰਵਾਈ ਲਈ ਉਨ੍ਹਾਂ ਨੂੰ ਸਰਕਾਰੀ ਹਸਪਤਾਲ ਦੀ ਮੋਰਚਰੀ ਵਿੱਚ ਸੁਰੱਖਿਅਤ ਰੱਖਵਾਇਆ ਜਾਂਦਾ ਹੈ, ਤਾਂ ਜੋ ਪਰਿਵਾਰਕ ਮੈਂਬਰ ਸਮੇਂ ਸਿਰ ਪਹਿਚਾਣ ਕਰ ਸਕਣ। ਇਸ ਬਾਰੇ ਪ੍ਰੈਸ ਨੋਟ ਰਾਹੀਂ ਸਹਾਰਾ ਰੈਸਕਿਊ ਟੀਮ ਟੋਹਾਣਾ (ਹਰਿਆਣਾ) ਦੇ ਮੁੱਖੀ ਅਤੇ ਸਮਾਜ ਸੇਵਕ ਸ੍ਰੀ ਨਵਜੋਤ ਸਿੰਘ ਢਿੱਲੋਂ ਨੇ ਦੱਸਿਆ ਕਿ ਸਾਡੀ ਟੀਮ ਪਿਛਲੇ ਕਈ ਸਾਲਾਂ ਤੋਂ ਪੰਜਾਬ ਵੱਲੋਂ ਭਾਖੜਾ ਨਹਿਰ ਵਿੱਚ ਵਹਿ ਕੇ ਆਉਣ ਵਾਲੀਆਂ ਅਣਪਛਾਤੀਆਂ ਡੈੱਡ ਬਾਡੀਆਂ ਨੂੰ ਬਾਹਰ ਕੱਢਣ ਦੀ ਸੇਵਾ ਲਗਾਤਾਰ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਕਈ ਮਾਮਲਿਆਂ ਵਿੱਚ ਕੁਝ ਡੈੱਡ ਬਾਡੀਆਂ ਦੇ ਗਲ ਵਿੱਚ ਕ੍ਰਾਸ ਦੇ ਨਿਸ਼ਾਨ ਵਾਲੇ ਲਾਕੇਟ ਜਾਂ ਸਰੀਰ 'ਤੇ ਇਸ ਤਰ੍ਹਾਂ ਦੇ ਨਿਸ਼ਾਨ ਵੀ ਮਿਲੇ ਹਨ। ਇਸ ਮਾਮਲੇ ਨੂੰ ਲੈ ਕੇ ਸਮਾਜ ਵਿੱਚ ਵਾਰ-ਵਾਰ ਚਰਚਾ ਹੁੰਦੀ ਰਹਿੰਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਉਨ੍ਹਾਂ ਦਾ ਉਦੇਸ਼ ਕਿਸੇ ਵੀ ਧਰਮ ਜਾਂ ਭਾਈਚਾਰੇ ਦੇ ਖ਼ਿਲਾਫ਼ ਬੋਲਣਾ ਨਹੀਂ ਹੈ। ਉਨ੍ਹਾਂ ਨੇ ਸਮਾਜ ਨੂੰ ਅਪੀਲ ਕੀਤੀ ਕਿ ਆਪਣੇ ਇਤਿਹਾਸ, ਸੰਸਕਾਰ ਅਤੇ ਆਸਥਾ ਨਾਲ ਜੁੜੇ ਰਹਿਣ ਅਤੇ ਆਉਣ ਵਾਲੀ ਪੀੜ੍ਹੀ ਨੂੰ ਵੀ ਇਸ ਬਾਰੇ ਜਾਗਰੂਕ ਕੀਤਾ ਜਾਵੇ।

ਬਿਜਲੀ ਦੇ ਅਣਐਲਾਨੇ ਕੱਟਾਂ ਦੇ ਰੋਸ ਵਜੋਂ ਕਿਸਾਨ ਯੂਨੀਅਨਾਂ ਨੇ ਗਰਿੱਡ ਅੱਗੇ ਕੀਤਾ ਧਰਨਾ ਪ੍ਰਦਰਸ਼ਨ

ਭਗਤਾ ਭਾਈ ਕਾ, 16 ਮਾਰਚ (ਸਵਰਨ ਸਿੰਘ ਭਗਤਾ)ਪੰਜਾਬ ਅੰਦਰ ਇਹਨੀ ਦਿਨੀਂ ਹਲੇ ਗਰਮੀ ਦਾ ਮੌਸਮ ਸ਼ੁਰੂ ਹੋਇਆ ਹੈ ਪਰ ਬਿਜਲੀ ਵਿਭਾਗ ਵੱਲੋਂ ਹੁਣੇ ਤੋਂ ਹੀ ਲੰਮੇ ਲੰਮੇ ਬਿਜਲੀ ਕੱਟ ਲਗਾਕੇ ਆਮ ਜਨਤਾ ਦਾ ਧੂੰਆਂ ਕੱਢ ਰੱਖਿਆ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਸਥਾਨਕ ਸ਼ਹਿਰ ਦੇ ਬਿਜਲੀ ਘਰ ਅੱਗੇ ਲੱਗੇ ਧਰਨੇ ਦੌਰਾਨ ਕਿਸਾਨ ਯੂਨੀਅਨਾਂ ਦੇ ਆਗੂਆਂ ਨੇ ਕੀਤਾ,ਬੀਤੇ ਕੁਝ ਦਿਨਾਂ ਤੋਂ ਬਲਾਕ ਭਗਤਾ ਅਤੇ ਬਲਾਕ ਫੂਲ ਦੇ ਪਿੰਡਾਂ ਅੰਦਰ ਬਿਜਲੀ ਵਿਭਾਗ ਵੱਲੋਂ ਅਣਐਲਾਨੇ ਬਿਜਲੀ ਕੱਟ ਲਗਾਏ ਜਾ ਰਹੇ ਹਨ ਜਿਸਦੇ ਰੋਸ਼ ਵਜੋਂ ਅੱਜ ਭਗਤਾ ਭਾਈਕਾ ਗਰਿਡ ਅੱਗੇ ਭਾਕਿਯੂ ਕ੍ਰਾਂਤੀਕਾਰੀ ਪੰਜਾਬ, ਕਿਸਾਨ ਮਜਦੂਰ ਸੰਘਰਸ਼ ਕਮੇਟੀ ਅਤੇ ਭਾਕਿਯੂ ਖੋਸਾ ਯੂਨੀਅਨ ਦੀਆਂ ਵੱਖ ਵੱਖ ਪਿੰਡ ਇਕਾਈਆਂ ਵੱਲੋਂ ਧਰਨਾ ਪ੍ਰਦਰਸ਼ਨ ਕਰਕੇ ਇਹਨਾਂ ਬਿਜਲੀ ਕੱਟਾਂ ਖਿਲਾਫ ਰੋਸ਼ ਜ਼ਾਹਰ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਭਾਕਿਯੂ ਕ੍ਰਾਂਤੀਕਾਰੀ ਪੰਜਾਬ ਦੇ ਜ਼ਿਲ੍ਹਾ ਸੀ: ਮੀਤ ਪ੍ਰਧਾਨ ਦਰਸ਼ਨ ਢਿੱਲੋਂ ਫੂਲ ਨੇ ਕਿਹਾ ਕਿ ਇਕ ਪਾਸੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਸੰਬੰਧੀ ਵੱਡੇ ਵੱਡੇ ਦਾਅਵੇ ਕਰ ਰਹੀ ਹੈ ਜਦਕਿ ਇਹ ਦਾਅਵੇ ਇਹਨਾਂ ਲੱਗ ਰਹੇ ਬਿਜਲੀ ਕੱਟਾਂ ਨੇ ਹਵਾ ਹਵਾਈ ਕਰਕੇ ਰੱਖ ਦਿੱਤੇ ਹਨ। ਉਨ੍ਹਾਂ ਆਖਿਆ ਕਿ ਹਲੇ ਤਾਂ ਗਰਮੀ ਦਾ ਸੀਜ਼ਨ ਚੰਗੀ ਤਰਾਂ ਸ਼ੁਰੂ ਵੀ ਨਹੀਂ ਹੋਇਆ ਪਰ ਉਸਤੋਂ ਪਹਿਲਾਂ ਹੀ ਬਿਜਲੀ ਦੇ ਲੰਮੇ ਲੰਮੇ ਕੱਟਾਂ ਕਰਕੇ ਸਮਾਜ ਦੇ ਹਰ ਵਰਗ ਨੂੰ ਵੱਡੀਆਂ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਇਸ ਮੌਕੇ ਉਨ੍ਹਾਂ ਆਖਿਆ ਕਿ ਕਿਸਾਨਾਂ ਸਮੇਤ ਹਰ ਜਾਗਰੂਕ ਵਰਗ ਪਿਛਲੇ ਲੰਮੇ ਸਮੇਂ ਤੋਂ ਬਿਜਲੀ ਵਿਭਾਗ ਦੇ ਨਿੱਜੀਕਰਨ ਕਰਨ ਸੰਬੰਧੀ ਆਪਣੀ ਆਵਾਜ਼ ਉਠਾ ਰਿਹਾ ਹੈ ਤਾਂ ਜੋ ਇਸ ਲੋਕਾਂ ਦੇ ਅਦਾਰੇ ਨੂੰ ਬਚਾਇਆ ਜਾ ਸਕੇ। ਇਸ ਮੌਕੇ ਉਨ੍ਹਾਂ ਆਖਿਆ ਕਿ ਸਾਨੂੰ ਲੋਕਾਂ ਦੇ ਇਸ ਅਦਾਰੇ ਨੂੰ ਬਚਾਉਣ ਲਈ ਹੁਣੇ ਤੋਂ ਹੀ ਸੰਘਰਸ਼ ਵਿਚ ਕੁੱਦਣਾ ਪੈਣਾ ਹੈ ਨਹੀਂ ਤਾਂ ਉਹ ਦਿਨ ਦੂਰ ਨਹੀਂ ਜਦ ਲੋਕਾਂ ਦੇ ਘਰਾਂ ਚ ਜਬਰੀ ਪ੍ਰੀਪੇਡ ਮੀਟਰ ਲਗਾਕੇ ਉਹਨਾਂ ਦੀ ਅੰਨ੍ਹੀ ਲੁੱਟ ਹੋਵੇਗੀ ਕਿਓਂਕਿ ਇਹ ਬਿਜਲੀ ਸਮਾਰਟ ਮੀਟਰ ਬੁਲੇਟ ਟਰੇਨ ਤੋਂ ਵੀ ਜਿਆਦਾ ਤੇਜ਼ ਦੌੜਦੇ ਹਨ। ਇਸ ਮੌਕੇ ਅੱਜ ਦੇ ਇਸ ਧਰਨੇ ਪ੍ਰਦਰਸ਼ਨ ਮਗਰੋਂ ਸਥਾਨਕ ਬਿਜਲੀ ਵਿਭਾਗ ਤੋਂ ਸੰਬੰਧਿਤ ਅਧਿਕਾਰੀ ਨੂੰ ਕਿਸਾਨਾਂ ਵੱਲੋਂ ਬਿਜਲੀ ਦੇ ਕੱਟਾਂ ਨੂੰ ਠੱਲ ਪਾਉਣ ਲਈ, ਬਿਜਲੀ ਸਮਾਰਟ ਮੀਟਰਾਂ ਨੂੰ ਨਾ ਲਗਾਉਣ ਸੰਬੰਧੀ, ਬਿਜਲੀ ਵਿਭਾਗ ਦਾ ਨਿੱਜੀਕਰਨ ਰੋਕਣ ਸੰਬੰਧੀ, ਠੇਕੇਦਾਰੀ ਸਿਸਟਮ ਰੋਕਣ ਸੰਬੰਧੀ ਅਤੇ ਜੋ ਪਿੰਡਾਂ ਨੇ ਸਬ-ਸਟੇਸ਼ਨ (ਬਿਜਲੀ ਗਰਿੱਡ) ਵਾਸਤੇ ਜਮੀਨ ਦਿੱਤੀ ਹੈ ਉਹਨਾਂ ਨੂੰ ਅਰਬਨ ਸ਼ਹਿਰੀ ਕਰਨ ਸੰਬੰਧੀ ਮੰਗ ਪੱਤਰ ਚੇਅਰਮੈਨ ਪੀਐਸਪੀਸੀਐਲ ਪਟਿਆਲਾ ਪਾਸ ਭੇਜਣ ਲਈ ਸੌਂਪਿਆ ਗਿਆ।

ਵਿਧਾਨ ਸਭਾ 'ਚ ਗੂੰਜਿਆ ਰਾਮਪੁਰਾ ਫੂਲ ਦੇ ਟੀ-ਪੁਆਇੰਟ'ਤੇ ਵਾਪਰ ਰਹੇ ਹਾਦਸਿਆਂ ਦਾ ਮੁੱਦਾ

ਰਾਮਪੁਰਾ ਫੂਲ ,16 ਮਾਰਚ (ਮਨਪ੍ਰੀਤ ਮਿੰਟੂ) ਪੰਜਾਬ ਵਿਧਾਨ ਸਭਾ ਦੇ ਇਸ ਸੈਸ਼ਨ ਦੌਰਾਨ ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਰਾਮਪੁਰਾ ਵਿਖੇ ਟੀ-ਪੁਆਇੰਟ 'ਤੇ ਲਗਾਤਾਰ ਵਾਪਰ ਰਹੇ ਸੜਕ ਹਾਦਸਿਆਂ ਦਾ ਗੰਭੀਰ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਇਆ। ਉਨ੍ਹਾਂ ਕਿਹਾ ਕਿ ਇਸ ਸੰਵੇਦਨਸ਼ੀਲ ਸਥਾਨ 'ਤੇ ਆਵਾਜਾਈ ਦਾ ਦਬਾਅ ਵੱਧ ਹੋਣ ਕਾਰਨ ਅਕਸਰ ਹਾਦਸੇ ਵਾਪਰਦੇ ਹਨ, ਜਿਸ ਕਾਰਨ ਲੋਕਾਂ ਦੀ ਜਾਨ ਨੂੰ ਖਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਇਸ ਸਮੱਸਿਆ ਦੇ ਪੱਕੇ ਹੱਲ ਲਈ ਟੀ-ਪੁਆਇੰਟ 'ਤੇ ਫਲਾਈਓਵਰ ਬਣਾਉਣ ਜਾਂ ਟ੍ਰੈਫਿਕ ਦੀ ਸਹੂਲਤ ਲਈ ਕੱਟ ਵਧਾਉਣ ਵਰਗੇ ਉਪਾਅ ਵੀ ਸੁਝਾਏ।ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਨੂੰ ਹਦਾਇਤ ਕੀਤੀ ਕਿ ਵਿਧਾਇਕ ਬਲਕਾਰ ਸਿੱਧੂ ਵੱਲੋਂ ਉਠਾਏ ਗਏ ਇਸ ਮਹੱਤਵਪੂਰਨ ਜਨਹਿਤ ਦੇ ਮੁੱਦੇ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ।ਇਸ 'ਤੇ ਜਵਾਬ ਦਿੰਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਨੇ ਦੱਸਿਆ ਕਿ ਐਨ.ਐਚ-7 ਅਤੇ ਐਨ.ਐਚ-254 ਦੇ ਮੌੜ ਚੌਂਕ ਨੇੜੇ ਕੱਟ ਹੋਣ ਕਾਰਨ ਪਹਿਲਾਂ ਕਈ ਹਾਦਸੇ ਵਾਪਰਦੇ ਰਹੇ ਸਨ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਇਹ ਕੱਟ ਬੰਦ ਕੀਤਾ ਗਿਆ, ਸੜਕਾਂ 'ਤੇ ਸਟਰੀਟ ਲਾਈਟਾਂ ਲਗਾਈਆਂ ਗਈਆਂ ਹਨ ਅਤੇ ਟ੍ਰੈਫਿਕ ਨਿਯੰਤਰਣ ਲਈ ਸਾਈਨ ਬੋਰਡ ਵੀ ਲਗਾਏ ਗਏ ਹਨ।ਪਰੰਤੂ ਵਿਧਾਇਕ ਬਲਕਾਰ ਸਿੱਧੂ ਨੇ ਇਸਨੂੰ ਨਾਕਾਫੀ ਕਹਿੰਦਿਆਂ ਦੁਬਾਰਾ ਮੰਗ ਕੀਤੀ ਕਿ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਇੱਥੇ ਫਲਾਈਓਵਰ ਬਣਾਇਆ ਜਾਵੇ ਅਤੇ ਟ੍ਰੈਫਿਕ ਪ੍ਰਬੰਧਨ ਲਈ ਲੋੜ ਅਨੁਸਾਰ ਕੱਟ ਵਧਾਇਆ ਜਾਵੇ,

ਜੀਤਮਹਿੰਦਰ ਸਿੱਧੂ ਵੱਲੋਂ ਦਫ਼ਤਰ ਦੀ ਆਰੰਭਤਾ ਮੌਕੇ ਧਾਰਮਿਕ ਸਮਾਗਮ

ਵੱਡੀ ਗਿਣਤੀ ਲੋਕਾਂ ਦੀ ਸ਼ਮੂਲੀਅਤ ਨੇ ਰਾਜਸੀ ਸਮੀਕਰਨ ਬਦਲਣ ਦੇ ਦਿੱਤੇ ਸੰਕੇਤ

ਮੌੜ ਮੰਡੀ 16 ਮਾਰਚ (ਭੋਲਾ ਸਿੰਘ ਮਾਨ) ਵਿਧਾਨ ਸਭਾ ਹਲਕਾ ਮੌੜ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਬਠਿੰਡਾ ਮਾਨਸਾ ਰੋਡ ਤੇ ਸਥਿਤ ਮੌੜ ਮੰਡੀ ਵਿਖੇ ਹਲਕਾ ਪੱਧਰੀ ਦਫਤਰ ਦੀ ਆਰੰਭਤਾ ਮੌਕੇ ਕਰਵਾਏ ਧਾਰਮਿਕ ਸਮਾਗਮ ਚ ਹਲਕੇ ਭਰ ਚੋਂ ਹਜ਼ਾਰਾਂ ਦੀ ਗਿਣਤੀ ਚ ਕਾਂਗਰਸੀ ਵਰਕਰਾਂ ਤੇ ਆਮ ਲੋਕਾਂ ਦੀ ਸ਼ਮੂਲੀਅਤ ਨੇ ਹਲਕੇ ਦੇ ਰਾਜਸੀ ਸਮੀਕਰਨਾਂ ਚ ਬਦਲਾਅ ਦਾ ਵੱਡਾ ਸੰਕੇਤ ਦਿੱਤਾ ਹੈ ਕਿਉਂਕਿ ਧਾਰਮਿਕ ਸਮਾਗਮ ਚ ਲੋਕਾਂ ਦੀ ਇਕੱਤਰਤਾ ਕਿਸੇ ਰਾਜਸੀ ਰੈਲੀ ਤੋਂ ਵੀ ਵਧੇਰੇ ਹੋ ਨਿੱਬੜੀ। ਹਲਕਾ ਪੱਧਰੀ ਉਕਤ ਦਫਤਰ ਵਿੱਚ ਅੱਜ ਸਭ ਤੋਂ ਪਹਿਲਾਂ ਬੀਤੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਪ੍ਰਸਿੱਧ ਧਾਰਮਿਕ ਸੰਸਥਾ ਗੁਰਦੁਆਰਾ ਬੁੰਗਾ ਮਸਤੂਆਣਾ ਸਾਹਿਬ ਦਮਦਮਾ ਸਾਹਿਬ ਦੇ ਮੁਖੀ ਬਾਬਾ ਕਾਕਾ ਸਿੰਘ ਨੇ ਅਰਦਾਸ ਕੀਤੀ ਜਦੋਂਕਿ ਮਸਤੂਆਣਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਮਲਕੀਤ ਸਿੰਘ ਦੇ ਜਥੇ ਨੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਧਾਰਮਿਕ ਸਮਾਗਮ ਉਪਰੰਤ ਸੰਗਤਾਂ ਨੂੰ ਸੰਬੋਧਨ ਦੌਰਾਨ ਪੰਜਾਬ ਵਿਧਾਨ ਸਭਾ ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਹਲਕਾ ਪੱਧਰੀ ਦਫਤਰ ਲਈ ਜੀਤਮਹਿੰਦਰ ਸਿੰਘ ਸਿੱਧੂ ਨੂੰ ਵਧਾਈ ਦਿੰਦਿਆਂ ਕਿਹਾ ਕਿ ਦਫਤਰ ਦੀ ਆਰੰਭਤਾ ਮੌਕੇ ਹਲਕੇ ਦੀ ਸੰਗਤ ਦੀ ਵੱਡੀ ਪੱਧਰ ਤੇ ਮੌਜੂਦਗੀ ਇਹ ਦਰਸਾਉਣ ਲਈ ਕਾਫੀ ਹੈ ਕਿ ਹਲਕੇ ਦੇ ਕਾਂਗਰਸੀ ਵਰਕਰ ਤੇ ਲੋਕ ਕੀ ਚਾਹੁੰਦੇ ਹਨ।ਉਨਾਂ ਨੇ ਵਰਕਰਾਂ ਨੂੰ ਯਕੀਨ ਦਵਾਇਆ ਕਿ ਉਨਾਂ ਦੇ ਦਿਲ ਦੀ ਗੱਲ ਪੂਰੀ ਕਰਾਂਗੇ।ਇਸ ਮੌਕੇ ਉਨਾਂ ਨੇ ਪੰਜਾਬ ਦੀ 'ਆਪ' ਸਰਕਾਰ ਤੇ ਰੱਜ ਕੇ ਹੱਲੇ ਬੋਲਦਿਆਂ ਕਿਹਾ ਕਿ ਸੂਬੇ ਦਾ ਮੁੱਖ ਮੰਤਰੀ ਸਾਰੀਆਂ ਗਾਰੰਟੀਆਂ ਪੂਰੀਆਂ ਕਰਨ ਦੀ ਗੱਲ ਕਰਦਾ ਹੈ ਪਰ ਬਹਿਬਲ ਕਲਾਂ ਗੋਲੀਕਾਂਡ ਅਤੇ ਬਰਗਾੜੀ ਬੇਅਦਬੀ ਕਾਂਡ ਦੇ ਦੋਸ਼ੀਆਂ ਖਿਲਾਫ ਅੱਜ ਤੱਕ ਕੋਈ ਕਾਰਵਾਈ ਨਹੀ ਕੀਤੀ ਗਈ।ਹੋਰ ਤਾਂ ਹੋਰ ਬੇਅਦਬੀ ਸਬੰਧੀ ਅਦਾਲਤੀ ਕੇਸ ਵੀ ਸਰਕਾਰ ਦੀ ਨਲਾਇਕੀ ਕਾਰਣ ਹੋਰਨਾਂ ਰਾਜਾਂ ਦੀਆਂ ਅਦਾਲਤਾਂ ਚ ਤਬਦੀਲ ਹੋ ਗਏ। ਇਸ ਮੌਕੇ ਸੰਗਤ ਨੂੰ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਨੇ ਸੰਬੋਧਨ ਕਰਦਿਆਂ ਮੌੜ ਹਲਕੇ ਦੇ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬੇਦਾਗ ਸਖਸ਼ੀਅਤਾਂ ਦੇ ਮਾਲਿਕ ਤੇ ਇਮਾਨਦਾਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਨਾਲ ਡਟ ਜਾਣ।ਸਮਾਗਮ ਦੇ ਅੰਤ ਵਿੱਚ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਯਕੀਨ ਦਵਾਇਆ ਕਿ ਉਹ ਹਲਕਾ ਵਾਸੀਆਂ ਦੀ ਇੱਕ ਆਵਾਜ਼ ਤੇ ਅੱਧੀ ਰਾਤ ਨੂੰ ਵੀ ਉਨਾਂ ਨਾਲ ਖੜੇ ਦਿਖਾਈ ਦੇਣਗੇ। ਇਸ ਮੌਕੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ,ਸਾਬਕਾ ਮੰਤਰੀ ਹੰਸ ਰਾਜ ਜੋਸਨ,ਗੁਰਜੰਟ ਸਿੰਘ ਕੁੱਤੀਵਾਲ,ਡਾ.ਮਹਿੰਦਰ ਕੁਮਾਰ ਰਿਣਵਾ ਤੇ ਪਰਮਿੰਦਰ ਸਿੰਘ ਪਿੰਕੀ ਤਿੰਨੇ ਸਾਬਕਾ ਵਿਧਾਇਕ,ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ,ਕਮਲ ਧਾਲੀਵਾਲ ਅਮਰਗੜ੍ਹ,ਫਤਹਿ ਸਿੰਘ ਬਾਦਲ,ਰਾਜਿੰਦਰ ਦੀਪਾ ਸੁਨਾਮ,ਕੁਲਵੰਤ ਰਾਏ ਸਿੰਗਲਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਮਾਨਸਾ,ਹਰੀ ਸਿੰਘ ਖਾਈ ਜ਼ਿਲ੍ਹਾ ਕਾਂਗਰਸ ਪ੍ਰਧਾਨ ਮੋਗਾ,ਸੱਤਪਾਲ ਸਿੰਘ ਮੂਲੇਵਾਲ,ਆਦਿ ਸਖਸ਼ੀਅਤਾਂ ਨੇ ਵੀ ਹਾਜ਼ਰੀ ਲਵਾਈ।

ਗੁਆਂਢੀਆਂ ਨਾਲ ਵਿਵਾਦ ਤੋਂ ਬਾਅਦ ਨੌਜਵਾਨ ਨੇ ਸ਼ਮਸ਼ਾਨ ਘਾਟ ਚ ਖ਼ੁਦ ਨੂੰ ਮਾਰੀ ਗੋਲੀ

ਬਠਿੰਡਾ, 16 ਮਾਰਚ (ਦੀਪਕ ਸ਼ਰਮਾ)ਜ਼ਿਲ੍ਹੇ ਦੇ ਪਿੰਡ ਘਸੋਖਾਨਾ ਵਿੱਚ ਗੁਆਂਢੀਆਂ ਨਾਲ ਹੋਏ ਮਾਮੂਲੀ ਵਿਵਾਦ ਨੇ ਉਸ ਵੇਲੇ ਬਹੁਤ ਹੀ ਦੁਖਦਾਈ ਮੋੜ ਲੈ ਲਿਆ, ਜਦੋਂ ਬਾਊਂਸਰ ਵਜੋਂ ਕੰਮ ਕਰਦੇ ਇੱਕ ਨੌਜਵਾਨ ਨੇ ਸ਼ਮਸ਼ਾਨ ਘਾਟ ਵਿੱਚ ਜਾ ਕੇ ਆਪਣੀ ਹੀ ਲਾਇਸੰਸੀ ਰਿਵਾਲਵਰ ਨਾਲ ਖ਼ੁਦ ਨੂੰ ਗੋਲੀ ਮਾਰ ਕੇ ਖ਼ੁਦਕੁਸ਼ੀ ਕਰ ਲਈ। ਮ੍ਰਿਤਕ ਦੀ ਪਛਾਣ ਸੁਖਦੇਵ ਸਿੰਘ (35) ਵਜੋਂ ਹੋਈ ਹੈ, ਜੋ ਪੇਸ਼ੇ ਤੋਂ ਬਾਊਂਸਰ ਸੀ।ਥਾਣਾ ਕੋਟਫੱਤਾ ਦੇ ਇੰਸਪੈਕਟਰ ਜਗਦੀਪ ਸਿੰਘ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਸੁਖਦੇਵ ਸਿੰਘ ਦਾ ਕਿਸੇ ਗੱਲ ਨੂੰ ਲੈ ਕੇ ਆਪਣੇ ਗੁਆਂਢੀਆਂ ਨਾਲ ਝਗੜਾ ਹੋ ਗਿਆ ਸੀ। ਇਸ ਤਕਰਾਰ ਤੋਂ ਬਾਅਦ ਉਹ ਕਾਫੀ ਮਾਨਸਿਕ ਤਣਾਅ ਵਿੱਚ ਸੀ ਅਤੇ ਘਰੋਂ ਨਿਕਲ ਗਿਆ। ਦੇਰ ਸ਼ਾਮ ਪਿੰਡ ਵਾਸੀਆਂ ਨੂੰ ਸੂਚਨਾ ਮਿਲੀ ਕਿ ਪਿੰਡ ਦੇ ਸ਼ਮਸ਼ਾਨ ਘਾਟ ਵਿੱਚ ਇੱਕ ਵਿਅਕਤੀ ਖ਼ੂਨ ਨਾਲ ਲੱਥਪੱਥ ਪਿਆ ਹੈ। ਜਦੋਂ ਮੌਕੇ ਤੇ ਜਾ ਕੇ ਦੇਖਿਆ ਗਿਆ ਤਾਂ ਪਤਾ ਲੱਗਿਆ ਕਿ ਸੁਖਦੇਵ ਸਿੰਘ ਨੇ ਆਪਣੀ .32 ਬੋਰ ਦੀ ਲਾਇਸੰਸੀ ਰਿਵਾਲਵਰ ਨਾਲ ਖ਼ੁਦ ਨੂੰ ਗੋਲੀ ਮਾਰ ਲਈ ਸੀ।ਘਟਨਾ ਦੀ ਜਾਣਕਾਰੀ ਮਿਲਦੇ ਹੀ ਥਾਣਾ ਕੋਟਫੱਤਾ ਦੀ ਪੁਲਿਸ ਟੀਮ ਮੌਕੇ ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮੌਕੇ ਤੋਂ ਰਿਵਾਲਵਰ ਬਰਾਮਦ ਕਰ ਲਿਆ ਹੈ ਅਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ। ਪੋਸਟਮਾਰਟਮ ਦੀ ਰਿਪੋਰਟ ਅਤੇ ਪਰਿਵਾਰਕ ਬਿਆਨਾਂ ਦੇ ਆਧਾਰ ਤੇ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅਕਾਲੀ ਦਲ ਦੀ ਸਰਕਾਰ ਸਮੇਂ ਕਦੇ ਇਨਾਮੀ ਰਾਸ਼ੀ 'ਚ ਦੇਰੀ ਨਹੀਂ ਹੋਈ : ਮਲੂਕਾ

ਭਗਤਾ ਭਾਈ ਕਾ 16 ਮਾਰਚ (ਸਵਰਨ ਸਿੰਘ ਭਗਤਾ)ਕਬੱਡੀ ਐਸੋਸੀਐਸ਼ਨ ਦੇ ਲੰਬਾ ਸਮਾਂ ਪ੍ਰਧਾਨ ਰਹੇ ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਆਪ ਵਿਧਾਇਕ ਕਬੱਡੀ ਖਿਡਾਰੀ ਗੁਰਲਾਲ ਘਨੌਰ ਤੇ ਵਿਧਾਨ ਸਭਾ ਚ ਝੂਠ ਬੋਲਣ ਦੇ ਦੋਸ਼ ਲਾਏ ਹਨ ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਕਰਵਾਏ ਗਏ ਕਬੱਡੀ ਕੱਪਾ ਦਾ ਅਹਿਮ ਹਿੱਸਾ ਰਹੇ ਕਬੱਡੀ ਖਿਡਾਰੀ ਮੌਜੂਦਾ ਆਪ ਵਿਧਾਇਕ ਗੁਰਲਾਲ ਘਨੌਰ ਨੇ ਦੀ ਇਨਾਮੀ ਰਾਸ਼ੀ ਨੂੰ ਲੈਕੇ ਬਜਟ ਸੈਸ਼ਨ ਦੌਰਾਨ ਵਿਧਾਨ ਸਭਾ ਚ ਸਵਾਲ ਖੜੇ ਕੀਤੇ ਸਨ ਵਿਧਾਇਕ ਗੁਰਲਾਲ ਘਨੌਰ ਵੱਲੋਂ ਵਿਧਾਨ ਸਭਾ ਚ ਕਿਹਾ ਸੀ ਕਿ ਅਕਾਲੀ ਦਲ ਦੀ ਸਰਕਾਰ ਸਮੇ ਕਰਵਾਏ ਗਏ ਕਬੱਡੀ ਕੱਪਾ ਦੀ ਇਨਾਮੀ ਰਾਸ਼ੀ ਲੈਣ ਲਈ ਉਨ੍ਹਾਂ ਨੂੰ ਅਦਾਲਤ ਦਾ ਸਹਾਰਾ ਲੈਣਾ ਪੈਂਦਾ ਸੀ , ਵਰਲਡ ਕਬੱਡੀ ਕੱਪ ਸਮੇ ਐਸੋਸੀਐਸ਼ਨ ਦੇ ਪ੍ਰਧਾਨ ਰਹੇ ਸਿਕੰਦਰ ਸਿੰਘ ਮਲੂਕਾ ਨੇ ਅੱਜ ਇੱਕ ਵੀਡੀਓ ਜਾਰੀ ਕਰਦਿਆਂ ਕਿਹਾ ਕਿ ਗੁਰਲਾਲ ਘਨੌਰ ਨੇ ਵਿਧਾਨ ਸਭਾ ਵਰਗੇ ਪਵਿੱਤਰ ਸਦਨ ਚ ਸ਼ਰੇਆਮ ਝੂਠ ਬੋਲਿਆ ਹੈ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇ ਜੇਤੂ ਟੀਮ ਦੇ ਖਿਡਾਰੀਆਂ ਦੀ ਇਨਾਮੀ ਰਾਸ਼ੀ ਚ ਕਦੇ ਵੀ ਦੇਰੀ ਨਹੀਂ ਹੋਈ ਜਦ ਤੱਕ ਸੂਬੇ ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਖਿਡਾਰੀਆਂ ਨੂੰ ਇਨਾਮੀ ਰਾਸ਼ੀ ਸਮੇ ਸਿਰ ਮਿਲਦੀ ਰਹੀ ਤੇ ਨਾਲ ਹੀ ਸਰਕਾਰ ਨੇ ਸਾਰੇ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ ਵੀ ਦਿੱਤੀਆਂ ਸਨ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਉਦਮ ਨਾਲ ਜਿੱਥੇ ਪੰਜਾਬੀਆਂ ਦੀ ਮਾਂ ਖੇਡ ਕਬੱਡੀ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਾਨ ਸਨਮਾਨ ਮਿਲਿਆ ਉਥੇ ਹੀ ਪੰਜਾਬ ਦੇ ਖਿਡਾਰੀਆਂ ਨੂੰ ਵੱਡੀਆਂ ਸਹੂਲਤਾ ਮਿਲੀਆਂ ਮਲੂਕਾ ਨੇ ਕਿਹਾ ਕੇ 2016 ਚ ਹੋਏ ਕਬੱਡੀ ਕੱਪ ਕਬੱਡੀ ਦੀ ਇਨਾਮੀ ਰਾਸ਼ੀ ਲਈ ਸੂਬੇ ਚ 2017 ਤੋਂ ਬਾਅਦ ਸੱਤਾ ਤਬਦੀਲ ਹੋਣ ਕਾਰਨ ਖਿਡਾਰੀਆਂ ਨੂੰ ਅਦਾਲਤ ਜਾਣਾ ਪਿਆ ਸੀ 2016 ਵਾਲ਼ੇ ਕਬੱਡੀ ਕੱਪ ਦੀ ਇਨਾਮੀ ਰਾਸ਼ੀ ਚ ਦੇਰੀ ਲਈ ਕਾਂਗਰਸ ਸਰਕਾਰ ਦੋਸ਼ੀ ਸੀ ਨਾਂ ਕੇ ਅਕਾਲੀ ਦਲ ,ਮਲੂਕਾ ਨੇ ਕਿਹਾ ਕਿ ਗੁਰਲਾਲ ਘਨੌਰ ਤੇ ਹੋਰ ਕਿੰਨੇ ਹੀ ਕਬੱਡੀ ਖਿਡਾਰੀ ਬੇਸ਼ੱਕ ਉਹ ਚੰਗੇ ਖਿਡਾਰੀ ਸਨ ਪਰ ਉਹ ਅੱਜ ਜਿਸ ਮੁਕਾਮ ਤੇ ਹਨ ਉਹ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਰਵਾਏ ਗਏ ਕਬੱਡੀ ਕੱਪ ਕਾਰਨ ਹੀ ਹਨ ।

ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਕਾਕੂਵਾਲਾ ਇਕਾਈ ਦੀ ਚੋਣ ਹੋਈ

ਦਿੜ੍ਹਬਾ ਮੰਡੀ 16 ਮਾਰਚ (ਸੁਖਵਿੰਦਰ ਸਿੰਘ ਵਿਰਕ)ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪਿੰਡ ਕਾਕੂਵਾਲਾ ਵਿਖੇ ਨਵੀਂ ਇਕਾਈ ਦੀ ਚੋਣ ਪਿੰਡ ਦੇ ਗੁਰੂ ਘਰ ਵਿਖੇ ਕੀਤੀ ਗਈ ਇਸ ਮੌਕੇ ਬਲਾਕ ਦਿੜ੍ਹਬਾ ਦੇ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਅਤੇ ਜ਼ਿਲਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੰਘਰਸ਼ ਕਰਦੇ ਲੋਕਾਂ ਤੇ ਜਬਰ ਕੀਤਾ ਜਾ ਰਿਹਾ ਹੈ ਅਤੇ ਕੇਂਦਰ ਦੀ ਮੋਦੀ ਸਰਕਾਰ ਕਿਸਾਨ ਮਾਰੂ ਨੀਤੀਆਂ ਲੈ ਕੇ ਆ ਰਹੀ ਹੈ ਜਿਵੇਂ ਬਿਜਲੀ ਬਿੱਲ 2025, ਬੀਜ ਬਿਲ 2025, ਚਾਰ ਲੇਬਰ ਕੋਡ ਲਿਆ ਕੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਬਰਬਾਦ ਕਰਨ ਤੇ ਤੁਲੀ ਹੋਈ ਹੈ ਅਤੇ ਕਾਰਪੋਰੇਟਾਂ ਦੀ ਹੱਥ ਠੋਕਾ ਬਣ ਕੇ ਕਾਰਪੋਰੇਟ ਪੱਖੀ ਨੀਤੀਆਂ ਬਣਾ ਰਹੀ ਹੈ ਇਸ ਲਈ ਲੋਕਾਂ ਨੂੰ ਜਥੇਬੰਦਕ ਹੋ ਕੇ ਸਰਕਾਰਾਂ ਦੇ ਬਰਖਿਲਾਫ ਲੜਨਾ ਚਾਹੀਦਾ ਹੈ ਇਸ ਮੌਕੇ ਪਿੰਡ ਦੇ ਲੋਕਾਂ ਨੇ ਸਰਬ ਸੰਮਤੀ ਨਾਲ ਪਿੰਡ ਇਕਾਈ ਦਾ ਪ੍ਰਧਾਨ ਗੁਰਜੰਟ ਸਿੰਘ, ਖਜਾਨਚੀ ਲਾਭ ਸਿੰਘ, ਜਨਰਲ ਸਕੱਤਰ ਕੁਲਵੰਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਿੱਠੂ ਸਿੰਘ, ਪ੍ਰੈਸ ਸਕੱਤਰ ਅੰਮ੍ਰਿਤਪਾਲ ਸਿੰਘ, ਸੰਗਠਨ ਸਕੱਤਰ ਹਰਪਾਲ ਸਿੰਘ, ਪ੍ਰਚਾਰ ਸਕੱਤਰ ਜਰਨੈਲ ਸਿੰਘ, ਮੀਤ ਪ੍ਰਧਾਨ ਹੁਸ਼ਿਆਰ ਸਿੰਘ, ਸਹਾਇਕ ਸਕੱਤਰ ਹਰਬੰਸ ਸਿੰਘ ਸਮੇਤ 23 ਮੈਂਬਰੀ ਕਮੇਟੀ ਚੁਣੀ ਗਈ ਇਸ ਮੌਕੇ ਬਲਾਕ ਖਜਾਨਚੀ ਜਗਦੀਪ ਸਿੰਘ ਮਹਿਲਾ, ਮਿਸ਼ਰਾ ਸਿੰਘ ਨਿਹਾਲਗੜ੍ਹ, ਜੋਗਿੰਦਰ ਸਿੰਘ ਖੇੜੀ ਨਾਗਾ, ਜਸਵੰਤ ਸਿੰਘ ਸਮੂਰਾ, ਜਰਨੈਲ ਸਿੰਘ ਲਾਡਬੰਜਾਰਾ ਸਮੇਤ ਪਿੰਡ ਦੇ ਪਤਵੰਤੇ ਹਾਜ਼ਰ ਸਨ।

ਸੀ.ਪੀ.ਆਈ.ਐਮ ਦਾ ਜੱਥਾ ਮਾਰਚ ਸੰਗਰੂਰ ਪਹੁੰਚਣ 'ਤੇ ਗਰਮਜੋਸ਼ੀ ਨਾਲ ਕੀਤਾ ਸਵਾਗਤ

ਸੰਗਰੂਰ, 16 ਮਾਰਚ(ਹਰਕੰਵਲ ਸਿੰਘ ਹੈਪੀ)ਕੇਂਦਰ ਦੀਆਂ ਨੀਤੀਆਂ ਖਿਲਾਫ਼ ਸੀਪੀਆਈ ਐਮ ਦੇ ਸੂਬਾ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਦੀ ਅਗਵਾਈ ਵਿੱਚ ਸੰਗਰੂਰ ਪੁੱਜੇ ਜਥੇ ਦਾ ਚਮਕੌਰ ਸਿੰਘ ਖੇੜੀ ਜਿਲਾ ਸਕੱਤਰ ਸੀਪੀਆਈ ਐਮ ਸੰਗਰੂਰ ਨੇ ਮਾਰਚ ਦਾ ਭਰਵਾਂ ਸਵਾਗਤ ਕੀਤਾ ਗਿਆ। ਜ਼ਿਲਾ ਪ੍ਰਬੰਧਕੀ ਕੰਪਲੈਕਸ ਦੇ ਸਾਹਮਣੇ ਵੱਡੀ ਗਿਣਤੀ ਇਕੱਤਰ ਹੋਏ ਆਗੂਆ ਵੱਲੋਂ ਜੱਥੇ ਦਾ ਗਰਮਜ਼ੋਸ਼ੀ ਨਾਲ ਸਵਾਗਤ ਕੀਤਾ ਗਿਆ।ਸੰਗਰੂਰ ਵਿਖੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਸੂਬਾ ਸਕੱਤਰ ਸੀਪੀਆਈਐਮ ਪੰਜਾਬ ਨੇ ਕਿਹਾ ਕਿ ਅਮਰੀਕਾ ਇਜ਼ਰਾਇਲ ਵੱਲੋਂ ਮਿਲ ਕੇ ਈਰਾਨ ਤੇ ਹਮਲਾ ਕੀਤਾ ਗਿਆ ਹੈ, ਉਸ ਦੀ ਸੀਪੀਆਈ ਐਮ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ।ਉਨਾਂ ਇਹ ਵੀ ਆਖਿਆ ਕਿ ਭਾਰਤ ਵੱਲੋਂ ਅਮਰੀਕਾ ਨਾਲ ਜਿਹੜੀ ਵਪਾਰ ਸੰਧੀ ਕੀਤੀ ਗਈ ਹੈ ਉਸ ਵਿੱਚ ਵੀ ਅਮਰੀਕਾ ਨੇ ਮਨਮਰਜ਼ੀ ਕੀਤੀ ਹੈ ਭਾਰਤ ਸਰਕਾਰ ਨੇ ਥੱਲੇ ਲੱਗ ਕੇ ਗੁਪਤ ਤਰੀਕੇ ਨਾਲ ਇਹ ਸੰਧੀ ਕੀਤੀ ਹੈ। ਉਨਾਂ ਆਖਿਆ ਕਿ ਇਹ ਪਹਿਲੀ ਵਾਰੀ ਹੋਇਆ ਕਿ ਯੂਐਸਏ ਨਾਲ ਭਾਰਤ ਦੀ ਮੁਕਤ ਵਪਾਰ ਸੰਧੀ ਹੋਈ ਉਸ ਦਾ ਬਿਆਨ ਸਿਰਫ਼ ਵਾਇਟ ਹਾਊਸ ਵੱਲੋਂ ਜਾਰੀ ਹੋਇਆ ਭਾਰਤ ਵੱਲੋਂ ਜਾਰੀ ਹੀ ਨਹੀਂ ਹੋਇਆ। ਅਸੀਂ ਇਸ ਸੰਧੀ ਦੀ ਵੀ ਆਲੋਚਨਾ ਕਰਦੇ ਹਾਂ। ਕਾਮਰੇਡ ਕੇਐਨ ਉਮੇਸ਼ ਪੰਜਾਬ ਦੇ ਇਨਚਾਰਜ ਮੈਂ ਬੋਲਦੇ ਹੋਏ ਕਿਹਾ ਕਿ ਨਰਿੰਦਰ ਮੋਦੀ ਨੇ 2014 ਤੋਂ ਲੈ ਕੇ ਹੁਣ ਤੱਕ ਅਮਰੀਕਾ ਦੀ ਅਧੀਨਗੀ ਵਾਲਾ ਜਿਹੜਾ ਪਦ ਹਾਸਲ ਕੀਤਾ ਹੈ।ਉਨਾਂ ਇਹ ਵੀ ਆਖਿਆ ਕਿ ਅਸੀਂ 24 ਮਾਰਚ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਦੇਸ਼ ਵਿਆਪੀ ਰੈਲੀ ਕਰ ਰਹੇ ਹੈ ਜਿਸ ਵਿੱਚ ਅਮਰੀਕਾ ਭਾਰਤ ਦੀ ਮੁਕਤ ਵਪਾਰ ਸੰਧੀ ਦਾ ਹੀ ਵੱਡਾ ਵਿਸ਼ਾ ਹੈ। ਇਸ ਤੋਂ ਇਲਾਵਾ ਮਨਰੇਗਾ ਵਿੱਚ ਬਦਲਾਅ, ਖੇਤੀ ਬਿਜਲੀ ਤੇ ਬੀਜਾਂ ਨਾਲ ਸਬੰਧਿਤ ਕਾਨੂੰਨਾਂ ਬਾਰੇ ਵਿਸਥਾਰ ਚਰਚਾ ਕੀਤੀ ਜਾਵੇਗੀ।

ਪਟਿਆਲਾ-ਆਸ/ਪਾਸ

'ਦੀ ਕੋਆਪ੍ਰੇਟਿਵ ਸੁਸਾਇਟੀ' ਦੀ ਚੋਣ, ਰਣਜੋਧ ਸਿੰਘ ਹਡਾਣਾ ਵੱਲੋਂ ਚੁਣੀ ਟੀਮ ਦਾ ਸਨਮਾਨ

➢ਨਸੀਬ ਸਿੰਘ ਪ੍ਰਧਾਨ ਤੇ ਸੁਖਵੀਰ ਸਿੰਘ ਵਾਈਸ ਪ੍ਰਧਾਨ ਚੁਣੇ

ਭੁਨਰਹੇੜੀ, 16 ਮਾਰਚ (ਗੁਰਜੀਤ ਸਿੰਘ ਢੌਟ) : ਹਲਕਾ ਸਨੌਰ ਦੇ ਪਿੰਡ ਮੁਖਮੈਲਪੁਰ ਵਿਖੇ 'ਦੀ ਕੋਆਪ੍ਰੇਟਿਵ ਸੁਸਾਇਟੀ' ਦੀ ਚੋਣ ਅੱਜ ਪੂਰਨ ਤੌਰ 'ਤੇ ਸਰਬਸੰਮਤੀ ਨਾਲ ਨੇਪਰੇ ਚੜ੍ਹੀ। ਇਸ ਮੌਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਨਵੀਂ ਚੁਣੀ ਗਈ ਟੀਮ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਚੋਣ ਪ੍ਰਕਿਰਿਆ ਦੌਰਾਨ ਸਭਾ ਦੇ ਮੈਂਬਰਾਂ ਨੇ ਆਪਸੀ ਸਹਿਮਤੀ ਨਾਲ ਨਸੀਬ ਸਿੰਘ ਨੂੰ ਪ੍ਰਧਾਨ ਅਤੇ ਸੁਖਵੀਰ ਸਿੰਘ ਨੂੰ ਵਾਈਸ ਪ੍ਰਧਾਨ ਚੁਣਿਆ। ਸ. ਹਡਾਣਾ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸਹਿਕਾਰੀ ਅਦਾਰਿਆਂ ਨੂੰ ਮੁੜ ਸੁਰਜੀਤ ਕਰਨ ਲਈ ਵਚਨਬੱਧ ਹੈ, ਤਾਂ ਜੋ ਕਿਸਾਨਾਂ ਨੂੰ ਖਾਦਾਂ, ਬੀਜਾਂ ਅਤੇ ਹੋਰ ਸਹੂਲਤਾਂ ਲਈ ਦਰ-ਦਰ ਦੀਆਂ ਠੋਕਰਾਂ ਨਾ ਖਾਣੀਆਂ ਪੈਣ। ਉਨ੍ਹਾਂ ਉਮੀਦ ਪ੍ਰਗਟਾਈ ਕਿ ਨਵੀਂ ਚੁਣੀ ਗਈ ਟੀਮ ਪੂਰੀ ਇਮਾਨਦਾਰੀ ਨਾਲ ਸਭਾ ਦੇ ਕੰਮਕਾਜ ਨੂੰ ਚਲਾਏਗੀ ਅਤੇ ਪਿੰਡ ਦੇ ਵਿਕਾਸ ਵਿੱਚ ਆਪਣਾ ਅਹਿਮ ਯੋਗਦਾਨ ਪਾਵੇਗੀ। ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਨਸੀਬ ਸਿੰਘ ਨੇ ਹਲਕਾ ਇੰਚਾਰਜ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ, ਸਭਾ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਪਟਿਆਲਾ, 16 ਮਾਰਚ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਸ਼੍ਰੇਆ ਮਲਹੋਤਰਾ ਪੁੱਤਰੀ ਹਿਤੇਸ਼ ਮਲੋਹਰਤਾ ਵਾਸੀ ਲਾਹੌਰੀ ਗੇਟ ਪਟਿਆਲਾ ਨੇ ਕਥਿਤ ਦੋਸ਼ੀਆਂ ਨਿਖਿਲ ਓਝਾ ਪੁੱਤਰ ਘਨਸ਼ਿਆਮ ਓਝਾ ਵਾਸੀ ਟ੍ਰਾਈਫੈਕਟਾ ਸਪਲੇਨੇਡ ਬੇਲਾਥੂਰ ਰੋਡ ਕਡੂਗੋਡੀ ਵਾਈਟਫੀਲਡ ਬੈਂਗਲੂਰੂ, ਘਨਸ਼ਿਆਮ ਓਝਾ ਪੁੱਤਰ ਰਾਮੇਸ਼ਵਰ ਓਝਾ, ਸੀਮਾ ਓਝਾ ਪਤਨੀ ਘਨਸ਼ਿਆਮ ਓਝਾ ਵਾਸੀ ਰਿਸ਼ਿਤਾ ਮਲਬੇਰੀ ਹਾਈਟਸ ਗੋਲਫ ਸਿਟੀ ਲਖਨਊ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਮਿਤੀ 7-12-20 ਨੂੰ ਕਥਿਤ ਦੋਸ਼ੀ ਨਿਖਿਲ ਓਝਾ ਨਾਲ ਹੋਇਆ ਸੀ, ਜੋ ਵਿਆਹ ਤੋ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਏ। ਉਸ ਦੇ ਦਾਜ ਦਾ ਸਮਾਨ ਵੀ ਦੋਸ਼ੀਆਨ ਦੇ ਕਬਜੇ ਵਿੱਚ ਹੈ। ਪੁਲਿਸ ਨੇ ਧਾਰਾ 316(2), 85 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

ਮਹਿੰਦਰਾ ਕਾਲਜ ਵਿਖੇ 'ਸਿੱਖਿਆ ਦਾ ਸੰਕਲਪ' ਵਿਸ਼ੇ 'ਤੇ ਪ੍ਰੋ. ਕ੍ਰਿਸ਼ਨ ਕੁਮਾਰ ਦਾ ਲੈਕਚਰ ਕਰਵਾਇਆ

ਪਟਿਆਲਾ, 16 ਮਾਰਚ (ਰੁਪਾਣਾ) : ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿਖੇ ਕਾਲਜ ਦੇ 150 ਸਾਲਾ ਸਫ਼ਰ-ਏ- ਫ਼ਖ਼ਰ ਦੇ ਜਸ਼ਨਾਂ ਦੀ ਲੜੀ ਤਹਿਤ ਲੋਕ ਪ੍ਰਸ਼ਾਸਨ ਵਿਭਾਗ ਵੱਲੋਂ ਆਈ. ਕਯੂ. ਏ. ਸੀ. ਦੇ ਸਹਿਯੋਗ ਨਾਲ 'ਸਿੱਖਿਆ ਦਾ ਸੰਕਲਪ ਵਿਸ਼ੇ 'ਤੇ ਇੱਕ ਪਬਲਿਕ ਲੈਕਚਰ ਕਰਵਾਇਆ ਗਿਆ। ਇਸ ਲੈਕਚਰ ਵਿਚ ਮੁੱਖ ਬੁਲਾਰੇ ਵਜੋਂ ਐਨਸੀਆਰਟੀ ਦੇ ਸਾਬਕਾ ਡਾਇਰੈਕਟਰ ਪ੍ਰੋ. ਕ੍ਰਿਸ਼ਨ ਕੁਮਾਰ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਦੀ ਅਗਵਾਈ ਵਿੱਚ ਕਰਵਾਏ ਇਸ ਲੈਕਚਰ ਦਾ ਮੁੱਖ ਮਕਸਦ ਵਪਾਰੀਕਰਨ ਦੇ ਇਸ ਯੁੱਗ ਵਿੱਚ ਸਿੱਖਿਆ ਦੇ ਅਸਲੀ ਅਰਥ ਤੋਂ ਜਾਣੂੰ ਕਰਵਾਉਣਾ ਸੀ। ਇਸ ਮੌਕੇ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਨੇ ਮੁੱਖ ਵਕਤਾ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ ਅਤੇ ਕਿਹਾ ਕਿ

ਕਾਲਜ ਦੇ 150 ਸਾਲ ਦੇ ਲੰਮੇ ਵਿੱਦਿਅਕ ਇਤਿਹਾਸ ਵਿੱਚ ਬਹੁਤ ਵੱਡੀਆਂ ਸ਼ਖਸੀਅਤਾਂ ਕਾਲਜ ਵਿੱਚ ਆਈਆਂ ਅਤੇ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਅੱਜ ਵੀ ਵਿੱਦਿਅਕ ਦੁਨੀਆਂ ਦੇ ਅਜੀਮ ਵਿਦਵਾਨ ਪ੍ਰੋ. ਕ੍ਰਿਸ਼ਨ ਕੁਮਾਰ ਸਾਡੇ ਦਰਮਿਆਨ ਪਹੁੰਚੇ ਹਨ। ਉਹਨਾਂ ਇਹ ਵੀ ਕਿਹਾ ਕਿ ਸੋਸ਼ਲ ਮੀਡੀਆ ਦੇ ਇਸ ਦੌਰ ਵਿੱਚ ਬਹੁਤ ਜ਼ਰੂਰੀ ਹੈ ਕਿ ਵਿਦਿਆਰਥੀਆਂ ਨੂੰ ਮੁੜ ਕਿਤਾਬਾਂ ਨਾਲ ਜੋੜਿਆ ਜਾਏ ਅਤੇ ਸਿੱਖਿਆ ਪ੍ਰਤੀ ਸੰਵੇਦਨਸ਼ੀਲ ਬਣਾਇਆ ਜਾਵੇ। ਲੈਕਚਰ ਦੇ ਪ੍ਰਮੁੱਖ ਵਕਤਾ ਪ੍ਰੋ. ਕ੍ਰਿਸ਼ਨ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਦੇ ਅਰਥਾਂ ਨੂੰ ਦੋ ਹਿੱਸਿਆਂ - ਵਿਚਾਰ ਤੇ ਵਿਵਸਥਾ ਵਿੱਚ ਵੰਡ ਕੇ ਚਰਚਾ ਕੀਤੀ। ਸਿੱਖਿਆ ਦਾ ਵਿਚਾਰ ਬਹੁਤ ਮਾਸੂਮ ਤੇ ਖੂਬਸੂਰਤ ਹੈ, ਜਿਸ ਨਾਲ ਜੁੜੀਆਂ ਯਾਦਾਂ ਸਾਨੂੰ ਸੁੱਖ ਦਿੰਦੀਆਂ ਹਨ ਅਤੇ ਇਹ ਵਿਚਾਰ ਵਿਵਸਥਾ ਦੇ ਜੰਗਲ ਵਿੱਚ ਆ ਕੇ ਫਸ ਗਿਆ ਹੈ। ਉਹਨਾਂ ਦੱਸਿਆ ਕਿ ਅੱਜ ਦੇ ਸਮੇਂ ਵਿਚ ਵਿਵਸਥਾ ਅਨੇਕਾਂ ਸਮੱਸਿਆਵਾਂ ਨਾਲ ਘਿਰੀ ਹੋਈ ਹੈ ਪਰ ਇਸ ਤੋਂ ਬਿਨਾਂ ਵੀ ਸਿੱਖਿਆ ਹਾਸਲ ਨਹੀਂ ਹੋ ਸਕਦੀ। ਉਹਨਾਂ ਸਿੱਖਿਆ ਦੀ ਕਹਾਣੀ ਦੇ ਦੋ ਕਿਰਦਾਰਾਂ ਵਿਦਿਆਰਥੀ ਤੇ ਅਧਿਆਪਕਾਂ ਦੇ ਪਰਸਪਰ ਰਿਸ਼ਤਿਆਂ ਉੱਤੇ ਵੀ ਚਰਚਾ ਕੀਤੀ। ਲੋਕ ਪ੍ਰਸ਼ਾਸਨ ਵਿਭਾਗ ਦੇ ਮੁਖੀ ਡਾ. ਮੁਹੰਮਦ ਸੁਹੇਲ ਨੇ ਮੰਚ ਸੰਚਾਲਨ ਬਾਖੂਬੀ ਕੀਤਾ ਅਤੇ ਲੈਕਚਰ ਵਕਤਾ ਪ੍ਰੋ. ਕ੍ਰਿਸ਼ਨ ਕੁਮਾਰ ਨਾਲ ਜਾਣ-ਪਛਾਣ ਕਰਵਾਉਂਦਿਆਂ ਕਿਹਾ ਕਿ ਉਹ ਬਿਹਤਰੀਨ ਉਸਤਾਦ, ਸ਼ਬਦਾਂ ਦੇ ਜਾਦੂਗਰ ਅਤੇ ਸਿੱਖਿਆ ਦੇ ਖੇਤਰ ਦੇ ਪ੍ਰਮੁੱਖ ਵਿਦਵਾਨ ਹਨ। ਲੈਕਚਰ ਤੋਂ ਬਾਅਦ ਸਵਾਲ ਜਵਾਬ ਦੇ ਸੈਸ਼ਨ ਉਪਰੰਤ ਆਈ. ਕਯੂ. ਏ. ਸੀ ਦੇ ਮੈਂਬਰ ਅਤੇ ਸੰਗੀਤ ਵਿਭਾਗ ਦੇ ਮੁਖੀ ਡਾ. ਰਾਏ ਬਹਾਦਰ ਸਿੰਘ ਦੁਆਰਾ ਧੰਨਵਾਦੀ ਮਤਾ ਪੇਸ਼ ਕੀਤਾ ਗਿਆ। ਉਹਨਾਂ ਕਿਹਾ ਕੇ ਲੈਕਚਰ ਨੇ ਹਾਜਰ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਝੰਜੋੜਿਆ ਹੈ ਕਿ ਉਹ ਸਿੱਖਿਆ ਦੇ ਵਿਚਾਰ ਤੇ ਅਭਿਆਸ ਬਾਰੇ ਮੁੜ ਸੋਚਣ ਅਤੇ ਇਸ ਵਿਚ ਸੰਤੁਲਨ ਕਾਇਮ ਕਰਨ।ਇਸ ਲੈਕਚਰ ਵਿਚ ਕਾਲਜ ਵਾਈਸ ਪ੍ਰਿੰਸੀਪਲ ਪ੍ਰੋ. ਲਵਲੀਨ ਪਰਮਾਰ, ਕਾਲਜ ਕਾਉਂਸਲ ਮੈਂਬਰ ਡਾ. ਅੰਮ੍ਰਿਤ ਸਮਰਾ(ਬਰਸਰ) ਅਤੇ ਪ੍ਰੋ. ਸੁਨੀਤ ਕੁਮਾਰ, ਲੋਕ ਪ੍ਰਸ਼ਾਸ਼ਨ ਵਿਭਾਗ ਦੇ ਅਧਿਆਪਕ ਪ੍ਰੋ. ਰਮਨੀਤ ਕੌਰ, ਪ੍ਰੋ. ਆਸ਼ਿਮਾ ਸਿੰਘ, ਪ੍ਰੋ. ਹਰਮਨਪ੍ਰੀਤ ਸਿੰਘ, ਵਿਕਰਮ ਕਾਲਜ ਆਫ ਕਾਮਰਸ ਤੋਂ ਡਾ. ਪਰਮਜੀਤ ਸਿੰਘ ਅਤੇ ਹੋਰ ਕਾਲਜ ਅਧਿਆਪਕ ਤੇ ਵਿਦਿਆਰਥੀ ਭਰਵੀਂ ਗਿਣਤੀ ਵਿਚ ਸ਼ਾਮਿਲ ਹੋਏ। ਇਸ ਮੌਕੇ ਪ੍ਰੋ. ਕ੍ਰਿਸ਼ਨ ਕੁਮਾਰ ਦੀਆਂ ਕਿਤਾਬਾਂ ਦੀ ਪ੍ਰਦਰਸ਼ਨੀ ਵੀ ਕਾਲਜ ਵਿਚ ਲਗਾਈ ਗਈ।

ਨਵੇਂ ਸੈਸ਼ਨ ਮੌਕੇ ਮਿਲੇਨੀਅਮ ਵਰਲਡ ਸਕੂਲ 'ਚ ਇਨਡੋਰ ਸਵੀਮਿੰਗ ਪੂਲ ਦਾ ਉਦਘਾਟਨ

ਸਮਾਣਾ, 16 ਮਾਰਚ (ਵਿਜੇ ਕੁਮਾਰ): ਮਿਲੇਨੀਅਮ ਵਰਲਡ ਸਕੂਲ ਸਮਾਣਾ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਮੌਕੇ ਸਕੂਲ ਦੇ ਇਨਡੋਰ ਸਵੀਮਿੰਗ ਪੂਲ ਦਾ ਉਦਘਾਟਨ ਸਕੂਲ ਚੇਅਰਮੈਨ ਡਾ. ਕੇ.ਕੇ. ਜੌਹਰੀ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅੱਜ ਤੋਂ ਸਵਿਮਿੰਗ ਪੂਲ ਪੂਰੀ ਤਰ੍ਹਾਂ ਕਾਰਗਰ ਹੋ ਗਿਆ ਹੈ ਅਤੇ ਵਿਦਿਆਰਥੀ ਸਕੂਲ ਸਮੇਂ ਦੌਰਾਨ ਤੈਰਨ ਦੀ ਟ੍ਰੇਨਿੰਗ ਲੈ ਸਕਣਗੇ। ਇਸ ਤੋਂ ਇਲਾਵਾ ਸਕੂਲ ਸਮੇਂ ਤੋਂ ਬਾਅਦ ਇਹ ਸਹੂਲਤ ਇਲਾਕੇ ਦੇ ਲੋਕਾਂ ਲਈ ਵੀ ਉਪਲੱਬਧ ਰਹੇਗੀ ਤਾਂ ਜੋ ਉਹ ਵੀ ਇਸ ਦਾ ਲਾਭ ਲੈ ਸਕਣ। ਗੌਰਤਲਬ ਹੈ ਕਿ ਮਿਲੇਨੀਅਮ ਵਰਲਡ ਸਕੂਲ ਸਮਾਣਾ ਇਲਾਕੇ ਵਿੱਚ ਇੰਡੋਰ ਸਵਿਮਿੰਗ ਪੂਲ ਦੀ ਸਹੂਲਤ ਮੁਹੱਈਆ ਕਰਵਾਉਣ ਵਾਲੀਆਂ ਗਿਣਤੀ ਦੀਆਂ ਸੰਸਥਾਵਾਂ ਵਿੱਚੋਂ ਇੱਕ ਹੈ।ਸਕੂਲ ਪ੍ਰਬੰਧਨ ਵੱਲੋਂ ਸਵਿਮਿੰਗ ਪੂਲ ਵਿੱਚ ਸਫਾਈ ਅਤੇ ਸੁਰੱਖਿਆ ਲਈ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ ਸਵਿਮਿੰਗ ਪੂਲ ਵਿੱਚ ਮਿਊਜ਼ਿਕ ਸਿਸਟਮ ਅਤੇ ਹੋਰ ਮਨੋਰੰਜਨ ਸਬੰਧੀ ਸਹੂਲਤਾਂ ਵੀ ਉਪਲਬਧ ਕਰਵਾਈਆਂ ਗਈਆਂ ਹਨ, ਜਿਸ ਨਾਲ ਤੈਰਨ ਦਾ ਅਨੁਭਵ ਹੋਰ ਵੀ ਸੁਖਦ ਬਣਦਾ ਹੈ।ਸਕੂਲ ਪ੍ਰਬੰਧਕਾਂ ਅਨੁਸਾਰ ਵਿਦਿਆਰਥੀਆਂ ਲਈ ਸਕੂਲ ਸਮੇਂ ਦੌਰਾਨ ਨਿਯਮਿਤ ਤੈਰਨ ਦੀਆਂ ਕਲਾਸਾਂ ਕਰਵਾਈਆਂ ਜਾਣਗੀਆਂ। ਸਕੂਲ ਪ੍ਰਬੰਧਨ ਦਾ ਕਹਿਣਾ ਹੈ ਕਿ ਤੈਰਨ ਇੱਕ ਮਹੱਤਵਪੂਰਨ ਖੇਡ ਅਤੇ ਜੀਵਨ ਲਈ ਜ਼ਰੂਰੀ ਹੁਨਰ ਹੈ ਜੋ ਬੱਚਿਆਂ ਦੀ ਸਰੀਰਕ ਤੰਦਰੁਸਤੀ, ਆਤਮ ਵਿਸ਼ਵਾਸ ਅਤੇ ਅਨੁਸ਼ਾਸਨ ਨੂੰ ਵਧਾਉਂਦਾ ਹੈ। ਸਕੂਲ ਵਿੱਚ ਇਹ ਸਹੂਲਤ ਸ਼ੁਰੂ ਹੋਣ ਨਾਲ ਵਿਦਿਆਰਥੀਆਂ ਦੇ ਨਾਲ-ਨਾਲ ਇਲਾਕੇ ਦੇ ਲੋਕਾਂ ਨੂੰ ਵੀ ਵੱਡਾ ਲਾਭ ਮਿਲੇਗਾ।

ਪਬਲਿਕ ਕਾਲਜ ਦੇ ਵਿਦਿਆਰਥੀਆਂ ਦਾ ਇੱਕ ਰੋਜ਼ਾ ਵਿੱਦਿਅਕ ਟੂਰ

ਸਮਾਣਾ, 16 ਮਾਰਚ (ਵਿਜੇ ਕੁਮਾਰ) : ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ ਅਤੇ ਵਾਈਸ ਪ੍ਰਿੰਸੀਪਲ ਅਤੇ ਮੁੱਖੀ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਡਾ. ਹਰਕੀਰਤਨ ਕੌਰ ਦੀ ਯੋਗ ਅਗਵਾਈ ਹੇਠ ਪਬਲਿਕ ਕਾਲਜ ਸਮਾਣਾ ਵਿੱਚ ਚੱਲ ਰਹੀਆਂ ਬੀ.ਬੀ.ਏ. ਕਲਾਸਾਂ ਦੇ ਵਿਦਿਆਰਥੀਆਂ ਦਾ ਇੱਕ ਰੋਜ਼ਾ ਵਿੱਦਿਅਕ ਟੂਰ ਕਸੌਲੀ, ਹਿਮਾਚਲ ਪ੍ਰਦੇਸ਼ ਵਿਖੇ ਲਿਜਾਇਆ ਗਿਆ। ਕਸੌਲੀ ਵਿਖੇ ਪਹੁੰਚ ਕੇ ਵਿਦਿਆਰਥੀਆਂ ਨੇ ਮਾਲ ਰੋਡ, ਚਰਚ, ਮੌਂਕੀ ਪੁਆਇੰਟ ਅਤੇ ਸਨਸੈਟ ਪੁਆਇੰਟ ਵਿਜਿਟ ਕੀਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਸ਼ਾਪਿੰਗ ਅਤੇ ਹਿਮਾਚਲ ਫੂਡ ਦਾ ਵੀ ਨਵਾਂ ਅਨੁਭਵ ਕੀਤਾ। ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਇਸ ਵਿੱਦਿਅਕ ਟੂਰ ਦਾ ਖੂਬ ਆਨੰਦ ਮਾਣਿਆ। ਟੂਰ ਦੌਰਾਨ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਇਸ ਮੌਕੇ ਕਾਲਜ ਦੇ ਮੈਨੇਜਮੈਂਟ ਵਿਭਾਗ ਤੋਂ ਪ੍ਰੋ. ਦੀਪਸ਼ਿਖਾ ਗੁਪਤਾ ਅਤੇ ਪ੍ਰੋ. ਗੁਰਵਿੰਦਰ ਕੌਰ, ਮੈਥ ਵਿਭਾਗ ਤੋਂ ਪ੍ਰੋ. ਹਮਿਤ ਕੁਮਾਰ ਅਤੇ ਕੰਪਿਊਟਰ ਵਿਭਾਗ ਤੋਂ ਪ੍ਰੋ. ਸੰਟੀ ਕੁਮਾਰ ਵਿਦਿਆਰਥੀਆਂ ਨਾਲ ਮੌਜੂਦ ਰਹੇ।

ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਖੇਡ ਮੇਲੇ ਦਾ ਪੋਸਟਰ ਜਾਰੀ

ਭੁਨਰਹੇੜੀ, 16 ਮਾਰਚ (ਗੁਰਜੀਤ ਸਿੰਘ ਢੌਟ) : ਸਿੱਧ ਬਾਬਾ ਲੱਛਮਣ ਜਤੀ ਯੂਥ ਕਲਬ ਵੱਲੋਂ ਅਲੀਵਾਲ ਸਟੇਡੀਅਮ ਵਿੱਚ ਕਰਵਾਏ ਜਾਣ ਵਾਲੇ ਸਾਲਾਨਾ ਖੇਡ ਮੇਲੇ ਤਹਿਤ 20ਵੇਂ ਕਬੱਡੀ ਟੂਰਨਾਮੈਂਟ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਅਲੀਵਾਲ ਪਿੰਡ ਵਿੱਚ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਦੌਰਾਨ ਟੂਰਨਾਮੈਂਟ ਦਾ ਪੋਸਟਰ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਕਬੱਡੀ ਖੇਡ ਮੇਲੇ ਦਾ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਨੌਜਵਾਨਾਂ ਦੇ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ, ਜਿਸ ਦਾ ਲਾਭ ਵੱਧ ਤੋਂ ਵੱਧ ਨੌਜਵਾਨ ਖਿਡਾਰੀਆਂ ਨੂੰ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜਿੱਥੇ ਕਿ ਨੌਜਵਾਨ ਨੂੰ ਖੇਡਾਂ ਦੇ ਨਾਲ-ਨਾਲ ਸਰੀਰਕ ਤੰਦਰੁਸਤੀ ਵੀ ਮਿਲਦੀ ਹੈ ਉੱਥੇ ਹੀ ਨਸ਼ਿਆਂ ਤੋਂ ਦੂਰ ਰਹਿ ਕੇ ਆਪਣਾ ਭਵਿੱਖ ਵੀ ਉਜਵਲ ਬਣਾਉਂਦੇ ਹਨ। ਮੀਟਿੰਗ ਦੌਰਾਨ ਟੂਰਨਾਮੈਂਟ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਵਾਰ 18 ਅਤੇ 19 ਮਾਰਚ ਨੂੰ ਅਲੀਵਾਲ ਸਟੇਡੀਅਮ ਵਿੱਚ ਕਬੱਡੀ ਦੇ ਰੋਮਾਂਚਕ ਮੁਕਾਬਲੇ ਕਰਵਾਏ ਜਾਣਗੇ। ਇਸ ਮੌਕੇ ਸਿੱਧ ਬਾਬਾ ਲਛਮਣ ਜਤੀ ਯੂਥ ਕਲੱਬ ਦੇ ਪ੍ਰਧਾਨ ਦਲਬੀਰ ਸਿੰਘ ਅਤੇ ਦਿਲਬਾਗ ਸਿੰਘ, ਹਰਪ੍ਰੀਤ ਸਿੰਘ ਘੁੰਮਣ, ਅਮਰਦੀਪ ਸੰਘੇੜਾ ਹਾਜ਼ਰ ਸਨ।

ਡਾ. ਬੀ.ਐਸ. ਸੰਧੂ ਸਕੂਲ ਦੇ ਵਿਦਿਆਰਥੀਆਂ ਨੇ 'ਸਿਲਵਰਜ਼ੋਨ ਸਾਇੰਸ ਓਲੰਪੀਆਡ' 'ਚ ਮਾਰੀਆਂ ਮੱਲਾਂ

ਦੇਵੀਗੜ੍ਹ, 16 ਮਾਰਚ (ਗੁਰਜੀਤ ਸਿੰਘ ਢੌਟ) : ਘੜਾਮ ਰੋਡ, ਜੁਲਾਹ ਖੇੜੀ ਵਿਖੇ ਸਥਿਤ ਡਾ. ਬੀ.ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਪੱਧਰ ਦੇ 'ਸਿਲਵਰਜ਼ੋਨ ਸਾਇੰਸ ਓਲੰਪੀਆਡ' ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਪ੍ਰੀਖਿਆ ਵਿੱਚ ਸਕੂਲ ਦੇ ਕਈ ਵਿਦਿਆਰਥੀਆਂ ਨੇ ਆਪਣੀ ਬੌਧਿਕ ਸਮਰੱਥਾ ਦਾ ਲੋਹਾ ਮਨਵਾਉਂਦੇ ਹੋਏ ਵੱਖ-ਵੱਖ ਮੈਡਲ ਅਤੇ ਸਰਟੀਫਿਕੇਟ ਹਾਸਲ ਕੀਤੇ ਹਨ। ਵਿਦਿਆਰਥੀਆਂ ਦੀ ਇਸ ਵੱਡੀ ਸਫਲਤਾ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਸਕੂਲ ਮੈਨੇਜਿੰਗ ਡਾਇਰੈਕਟਰ ਰਜਿੰਦਰ ਕੌਰ ਸੰਧੂ ਨੇ ਵੀ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕੀਤੀ। ਸਕੂਲ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡਣ ਦੀ ਰਸਮ ਅਦਾ ਕੀਤੀ।

ਉਪ-ਕੁਲਪਤੀ ਪ੍ਰੋ. ਜਗਦੀਪ ਸਿੰਘ ਵੱਲੋਂ ਪੁਸਤਕ 'ਦੀਵਾ ਤੇ ਲਾਲਟੈਨ' ਦਾ ਲੋਕ-ਅਰਪਣ

ਪਟਿਆਲਾ, 16 ਮਾਰਚ (ਰੁਪਾਣਾ) : ਬਾਲ ਸਾਹਿਤ ਸਮਾਜ ਨੂੰ ਅਨੁਸ਼ਾਸਿਤ, ਸਭਿਅਕ, ਸਾਖਰ ਅਤੇ ਸੂਝਵਾਨ ਬਣਾਉਣ ਵਿਚ ਠੋਸ ਰੋਲ ਅਦਾ ਕਰਦਾ ਹੈ। ਸਮਾਜ ਅਤੇ ਸਮੇਂ ਦੇ ਹਾਣ ਦੀਆਂ ਅਜਿਹੀਆਂ ਪੁਸਤਕਾਂ ਦਾ ਨਿੱਘਾ ਸਵਾਗਤ ਕਰਨਾ ਬਣਦਾ ਹੈ। ਮੈਂ ਈਸ਼ਦੀਪ ਕੌਰ ਈਸ਼ਾ ਨੂੰ ਉਸ ਦੀ ਪਲੇਠੀ ਪੁਸਤਕ ਪ੍ਰਕਾਸ਼ਿਤ ਹੋਣ ਤੇ ਵਧਾਈ ਦਿੰਦਾ ਹਾਂ। ਇਹ ਸ਼ਬਦ ਪ੍ਰੋ. ਜਗਦੀਪ ਸਿੰਘ, ਉਪ ਕੁਲਪਤੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ, 'ਸ਼ਬਦਾਂਵਲੀ ਸਿਰਜਣਾ ਸੱਥ (ਰਜਿ:) ਪਟਿਆਲਾ' ਦੇ ਪ੍ਰਬੰਧਾਂ ਹੇਠ ਆਯੋਜਿਤ ਹੋਏ , ਬਾਲ ਸਾਹਿਤ ਦੀ ਉੱਭਰਦੀ ਲੇਖਿਕਾ ਈਸ਼ਦੀਪ ਕੌਰ ਈਸ਼ਾ ਦੇ ਪਲੇਠੇ ਕਹਾਣੀ ਸੰਗ੍ਰਹਿ 'ਦੀਵਾ ਤੇ ਲਾਲਟੈਨ' ਦੇ ਲੋਕ- ਅਰਪਣ ਦੇ ਮੌਕੇ 'ਤੇ ਆਖੀਆਂ। ਇਸ ਤੋਂ ਪਹਿਲਾਂ ਉੱਘੇ ਸ਼ਾਇਰ ਅੰਮ੍ਰਿਤਪਾਲ ਸਿੰਘ ਸ਼ੈਦਾ ਨੇ ਈਸ਼ਦੀਪ ਕੌਰ ਈਸ਼ਾ ਦੇ ਸਿਰਜਣਾ ਦੇ ਸਫ਼ਰ 'ਤੇ ਝਾਤ ਪੁਆਉਂਦਿਆਂ ਦੱਸਿਆ ਕਿ ਲੇਖਿਕਾ ਨੇ ਆਪਣੀ ਪਲੇਠੀ ਧੀ ਦੇ ਪਾਲਣ ਪੋਸ਼ਣ ਦੌਰਾਨ ਪੈਦਾ ਹੋਏ ਮਨੋਭਾਵਾਂ ਨੂੰ ਬਾਲ ਕਹਾਣੀਆਂ ਰਾਹੀਂ ਪ੍ਰਗਟ ਕਰਨ ਤੋਂ ਆਪਣਾ ਸਿਰਜਣਾ ਸਫ਼ਰ ਆਰੰਭ ਕੀਤਾ ਅਤੇ ਹੁਣ ਬਕਾਇਦਾ ਇਸ ਖੇਤਰ ਵਿਚ ਮਿਹਨਤ ਤੇ ਅਭਿਆਸ ਕਰ ਰਹੀ ਹੈ। ਸ਼੍ਰੋਮਣੀ ਬਾਲ ਸਾਹਿਤ ਅਵਾਰਡੀ ਪੀਯੂ ਤੋਂ ਸੇਵਾ ਮੁਕਤ ਰਜਿਸਟ੍ਰਾਰ ਡਾ. ਦਰਸ਼ਨ ਸਿੰਘ ਆਸ਼ਟ ਨੇ ਕਿਹਾ ਕਿ ਉਨ੍ਹਾਂ ਨੇ ਲੇਖਿਕਾ ਦੇ ਪਲੇਠੇ ਬਾਲ ਕਹਾਣੀ ਸੰਗ੍ਰਹਿ 'ਦੀਵਾ ਤੇ ਲਾਲਟੈਨ' ਦੀਆਂ ਕਹਾਣੀਆਂ ਦਾ ਵਿਸ਼ਲੇਸ਼ਣ ਕਰਦਿਆਂ ਵੇਖਿਆ ਕਿ ਲੇਖਿਕਾ ਨੇ ਸਾਡੇ ਸਮਾਜ ਦੇ ਬਹੁਤ ਅਹਿਮ ਤੇ ਵਿਸ਼ਾਲ ਅਰਥੀ ਵਿਸ਼ਿਆਂ ਨੂੰ ਅਤਿ ਸੰਕੋਚਵੇਂ ਢੰਗ ਨਾਲ ਕਹਾਣੀਆਂ ਵਿਚ ਪੇਸ਼ ਕਰਕੇ ਆਪਣੀ ਪ੍ਰੌੜ ਸਮਰੱਥਾ ਦਾ ਪ੍ਰਗਟਾਵਾ ਕੀਤਾ ਹੈ। ਲੇਖਿਕਾ ਦੀ ਇਕਾਗਰਚਿਤ ਮਿਹਨਤ ਲਾਜ਼ਮੀ ਉਸ ਦਾ ਰੌਸ਼ਨ ਭਵਿੱਖ ਉਸਾਰੇਗੀ। ਲੇਖਿਕਾ ਈਸ਼ਦੀਪ ਕੌਰ ਈਸ਼ਾ ਨੇ ਉਪਕੁਲਪਤੀ ਪ੍ਰੋ. ਜਗਦੀਪ ਸਿੰਘ, ਡਾ. ਦਰਸ਼ਨ ਸਿੰਘ ਆਸ਼ਟ ਅਤੇ ਆਏ ਹੋਏ ਵਿਦਵਾਨ ਪਤਵੰਤਿਆ ਦਾ ਧੰਨਵਾਦ ਕਰਨ ਉਪ੍ਰੰਤ ਆਪਣੀ ਸਿਰਜਣ ਪ੍ਰਕਿਰਿਆ ਬਾਰੇ ਸਾਂਝ ਪਾਉਂਦਿਆਂ ਦੱਸਿਆ ਕਿ ਉਸ ਨੂੰ ਸਕੂਲੀ ਜੀਵਨ ਤੋਂ ਹੀ ਬਾਲ ਸਾਹਿਤ ਪੜ੍ਹਣ ਦੀ ਚੇਟਕ ਸੀ। ਨਾਲੋਂ-ਨਾਲ ਲਿਖਣ ਦਾ ਵੀ ਅਭਿਆਸ ਚਲਦਾ ਰਹਿੰਦਾ ਸੀ। ਆਪਣੇ ਗ੍ਰਹਿਸਥੀ ਜੀਵਨ ਵਿਚ ਆਪਣੀ ਬੇਟੀ ਅਸਰੀਤ ਕੌਰ ਦੇ ਪਾਲਣ-ਪੋਸ਼ਣ ਦੀ ਪ੍ਰਕਿਰਿਆ ਨੇ ਹੱਥਲੇ ਕਹਾਣੀ ਸੰਗ੍ਰਹਿ ਨੂੰ ਜਨਮ ਦਿੱਤਾ ਹੈ। ਉਸ ਨੇ ਅੱਗੇ ਦੱਸਿਆ ਕਿ ਉਹ ਲਗਾਤਾਰ ਅਧਿਐਨ ਅਤੇ ਸਿਰਜਣਾ ਦਾ ਅਭਿਆਸ ਕਰਦੀ ਆ ਰਹੀ ਹੈ। ਇਸ ਮੌਕੇ 'ਤੇ ਪ੍ਰੋ. ਰਮਣੀਕ ਸਿੰਘ , ਸਤਨਾਮ ਕੌਰ, ਇ: ਸਿਮਰਨਜੀਤ ਸਿੰਘ ਚੱਢਾ, ਚਸ਼ਦੀਪ ਸਿੰਘ ਅਤੇ ਪਰਮ ਪਾਲ ਕੌਰ ਆਦਿ ਨੇ ਵੀ ਪੁਸਤਕ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਸੜਕ ਹਾਦਸੇ 'ਚ ਜ਼ਖ਼ਮੀ ਪ੍ਰਵਾਸੀ ਮਜ਼ਦੂਰ ਦੀ ਇਲਾਜ ਦੌਰਾਨ ਮੌਤ

ਸਮਾਣਾ, 16 ਮਾਰਚ (ਵਿਜੇ ਕੁਮਾਰ) : ਪਿਛਲੇ ਦਿਨੀਂ ਇੱਕ ਸੜਕ ਹਾਦਸੇ ਵਿੱਚ ਜ਼ਖ਼ਮੀ ਹੋਏ ਪ੍ਰਵਾਸੀ ਭੱਠਾ ਮਜ਼ਦੂਰ ਦੀ ਇਲਾਜ ਦੌਰਾਨ ਮੌਤ ਹੋ ਜਾਣ ਕਾਰਨ ਉਸਦੀ ਦੇਹ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ

ਘੱਗਾ ਪੁਲਿਸ ਦੇ ਏ.ਐਸ.ਆਈ. ਸ਼ੇਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਸੂਰਜ ਪਾਲ, ਵਾਸੀ ਪਿੰਡ ਪਤਰੇਵਾ (ਸੰਭਲ, ਉੱਤਰ ਪ੍ਰਦੇਸ਼) ਦੇ ਪੁੱਤਰ ਪ੍ਰਦੀਪ ਕੁਮਾਰ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਸਦਾ ਪਿਤਾ ਪਿੰਡ ਮਰਦਾਹੇੜੀ ਵਿਖੇ ਇੱਟਾਂ ਦੇ ਭੱਠੇ 'ਤੇ ਕੰਮ ਕਰਦਾ ਸੀ। ਸੂਰਜ ਪਾਲ ਆਪਣੇ ਇੱਕ ਸਾਥੀ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਪੁੱਤਰ ਰਵੀ ਨੂੰ ਮਿਲ ਕੇ ਪਿੰਡ ਖੇਤਲਾ ਤੋਂ ਵਾਪਸ ਆ ਰਿਹਾ ਸੀ। ਅਕਾਲਗੜ੍ਹ ਗੁਰਦੁਆਰੇ ਨੇੜੇ ਕਿਸੇ ਵਾਹਨ ਦੀ ਤੇਜ਼ ਰੌਸ਼ਨੀ ਅੱਖਾਂ ਵਿੱਚ ਪੈਣ ਕਾਰਨ ਮੋਟਰਸਾਈਕਲ ਬੇਕਾਬੂ ਹੋ ਕੇ ਸੜਕ ਕਿਨਾਰੇ ਪਏ ਪੱਥਰ ਨਾਲ ਟਕਰਾ ਗਿਆ। ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਣ ਕਾਰਨ ਉਸਨੂੰ ਪੀ. ਜੀ. ਆਈ. ਚੰਡੀਗੜ੍ਹ ਵਿਖੇ ਦਾਖ਼ਲ ਕਰਵਾਇਆ ਗਿਆ ਸੀ, ਜਿੱਥੇ ਬੀਤੇ ਦਿਨ ਉਸਦੀ ਮੌਤ ਹੋ ਗਈ।ਪੁਲਿਸ ਨੇ ਦਰਜ ਕਰਵਾਏ ਬਿਆਨਾਂ ਦੇ ਆਧਾਰ 'ਤੇ ਭਾਰਤੀ ਨਿਆ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ, ਪੋਸਟਮਾਰਟਮ ਤੋਂ ਬਾਅਦ ਮ੍ਰਿਤਕ ਦੀ ਦੇਹ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

'ਧਰਮ ਯੁੱਧ' ਮੋਰਚੇ ਵੱਲੋਂ ਕਾਲ ਦਿੱਤੀ ਜਾਂਦੀ ਹੈ ਤਾਂ ਜਥੇਬੰਦੀ ਵੱਡੇ ਪੱਧਰ 'ਤੇ ਮੋਰਚੇ ਦਾ ਸਾਥ ਦੇਵੇਗੀ : ਢੈਂਠਲ

10 ਅਪ੍ਰੈਲ ਤੱਕ ਬਲਾਕ ਦੀ ਚੋਣ ਕੀਤੀ ਜਾਵੇਗੀ : ਸਵਾਜਪੁਰ



ਸਮਾਣਾ, 16 ਮਾਰਚ (ਸੁਖਜਿੰਦਰ ਸਿੰਘ ਕੁਲਾਰਾਂ) : ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੀ ਮਹੀਨਾ ਵਾਰੀ ਮੀਟਿੰਗ ਗੁਰਦੁਆਰਾ ਈਸਰਸਰ ਸਾਹਿਬ ਬਿਜਲਪੁਰ ਅੱਡਾ ਢੈਂਠਲ ਵਿਖੇ ਬਲਾਕ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਸੂਬਾ ਆਗੂ ਸਤਵੰਤ ਸਿੰਘ ਵਜੀਦਪੁਰ ਅਤੇ ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਸਵਾਜਪੁਰ ਵਿਸ਼ੇਸ਼ ਤੌਰ ਤੇ ਪਹੁੰਚੇ। ਮੀਟਿੰਗ ਵਿੱਚ ਸੂਬਾ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਨੇ ਚੱਲ ਰਹੀਆਂ ਗਤੀਵਿਧੀਆਂ ਦੀ ਰਿਪੋਰਟ ਕੀਤੀ।ਸਮਾਣਾ ਵਿਖੇ ਚੱਲ ਰਹੇ ਧਰਮ ਮੋਰਚਾ ਅਤੇ ਬਲਾਕ ਦੀਆਂ ਸਾਰੀਆਂ ਇਕਾਈਆਂ ਵਿੱਚ ਮੈਂਬਰਸ਼ਿਪ ਕੱਟ ਕੇ ਚੋਣ ਕਰਾਉਣ ਦੀ ਚਰਚਾ ਕੀਤੀ। ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਨੇ ਕਿਹਾ ਕਿ ਆਉਣ ਵਾਲੀ 10 ਤਰੀਕ ਤੱਕ ਸਮਾਣਾ ਬਲਾਕ ਦੀ ਚੋਣ ਕੀਤੀ ਜਾਵੇਗੀ। ਇਸ ਮੌਕੇ ਗੱਲਬਾਤ ਕਰਦਿਆਂ ਗੁਰਨਾਮ ਸਿੰਘ ਢੈਂਠਲ ਨੇ ਕਿਹਾ ਕਿ ਜੋ ਸਮਾਣੇ 16 ਮਹੀਨਿਆਂ ਤੋਂ ਭਾਈ ਗੁਰਜੀਤ ਸਿੰਘ ਖਾਲਸਾ ਟਾਵਰ ਉੱਪਰ ਬੈਠੇ ਹੋਏ ਹਨ ।ਜਥੇਬੰਦੀ ਵੱਲੋਂ ਐਲਾਨ ਕੀਤਾ ਕਿ ਅਸੀਂ ਸ਼ੁਰੂ ਤੋਂ ਇਸ ਸੰਘਰਸ਼ ਦੀ ਹਮਾਇਤ ਦੇ ਵਿੱਚ ਹਾਂ ਅਤੇ ਜੇਕਰ ਆਉਣ ਵਾਲੇ ਦਿਨਾਂ ਵਿੱਚ ਕੋਈ ਵੀ ਧਰਮ ਯੁੱਧ ਮੋਰਚੇ ਵੱਲੋਂ ਕਾਲ ਦਿੱਤੀ ਜਾਂਦੀ ਹੈ, ਤਾਂ ਜਥੇਬੰਦੀ ਵੱਡੇ ਪੱਧਰ ਤੇ ਮੋਰਚੇ ਦਾ ਸਾਥ ਦਵੇਗੀ। ਇਸ ਮੌਕੇ ਯਾਦਵਿੰਦਰ ਸਿੰਘ ਕੂਕਾ,ਗੁਰਲਾਲ ਸਿੰਘ ਕੂਕਾ,ਭੁਪਿੰਦਰ ਸਿੰਘ ਢੈਂਠਲ,ਲਖਮੀਰ ਸਿੰਘ ਢੈਂਠਲ, ਗੁਰਬਾਜ ਸਿੰਘ ਢੈਂਠਲ,ਪਸ਼ਵਿੰਦਰ ਸਿੰਘ ਰਤਨਹੇੜੀ, ਅੰਗਰੇਜ ਸਿੰਘ ਰਤਨਹੇੜੀ, ਗੁਰੂ ਤੇਗ ਬਹਾਦਰ ਕਲੋਨੀ ਸਮਾਣਾ ਤਰਸੇਮ ਸਿੰਘ, ਗੁਰਭੇਜ ਸਿੰਘ, ਗੁਰਦੀਪ ਸਿੰਘ ਦੁਲੜ, ਨਰੰਗ ਸਿੰਘ ਦੁਲੜ, ਲਾਡੀ ਦੁਲੜ, ਅਜਾਇਬ ਸਿੰਘ ਦੁਲੜ, ਅਮਰਜੀਤ ਸਿੰਘ ਬਿਜਲਪੁਰ, ਤਰਲੋਕ ਸਿੰਘ ਰਤਨਹੇੜੀ, ਮਾਨ ਸਿੰਘ ਸਹਿਜਪੁਰ, ਰਣਜੋਤ ਸਿੰਘ ਸਹਿਜਪੁਰ, ਸੁਖਵੰਤ ਸਿੰਘ ਅਸਮਾਨਪੁਰ,ਭਜਨ ਸਿੰਘ ਸਮਾਣਾ, ਗੁਰਦੀਪ ਸਿੰਘ ਭੋਲੀ, ਪ੍ਰੈੱਸ ਸਕੱਤਰ ਸੁਖਜਿੰਦਰ ਸਿੰਘ ਕੁਲਾਰਾਂ ਆਦਿ ਆਗੂ ਹਾਜ਼ਰ ਸਨ।

ਪਿੰਡ ਬਾਸਮਾ 'ਚ ਕੁਸ਼ਤੀ ਮੁਕਾਬਲੇ ਕਰਵਾਏ

ਘਨੌਰ, 16 ਮਾਰਚ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਅਧੀਨ ਪੈਂਦੇ ਪਿੰਡ ਬਾਸਮਾ ਵਿੱਚ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਕੁਸਤੀ ਦੰਗਲ ਕਰਵਾਇਆ ਗਿਆ ਕੁਸ਼ਤੀ ਦੰਗਲ ਵਿੱਚ ਜੇਤੂ ਪਹਿਲਵਾਨ ਨੂੰ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਸ਼੍ਰੋਮਣੀ ਅਕਾਲੀ ਦਲ ਅਤੇ ਬੀ ਜੇ ਪੀ ਘਨੌਰ ਦੇ ਹਲਕਾ ਇੰਚਾਰਜ ਵਿਕਾਸ ਸ਼ਰਮਾ ਅਤੇ ਗੁਰਦੀਪ ਸਿੰਘ ਸਰਪੰਚ ਬਾਸਮਾ, ਪਤਵਿੰਦਰ ਸਿੰਘ ਸਰਪੰਚ ਬਾਸਮਾ ਕਲੋਨੀ, ਬਲਾਕ ਪ੍ਰਧਾਨ ਸਤਵਿੰਦਰ ਸਿੰਘ ਸੱਤੀ, ਹਰਮੇਸ਼ ਕੁਮਾਰ , ਲਖਵਿੰਦਰ ਸਿੰਘ, ਬੱਗਾ ਸਿੰਘ ਵੈਦਵਾਨ, ਮੱਖਣ ਸਿੰਘ, ਸੁਖਦਰਸ਼ਨ ਸਿੰਘ ਸੁੱਖਾ, ਭੱਪਲ ਠੇਕੇਦਾਰ ਬਾਸਮਾ, ਨਿਸ਼ਾਨ ਸਿੰਘ ਸੰਧੂ, ਜਸਮੀਤ ਸਿੰਘ ਰੋਡੀ ਸਰਪੰਚ ਖੇੜੀ ਗੁਰਨਾ , ਮਹਿੰਦਰ ਕਾਕਾ ਘੜਾਮਾ ਨੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਚੌਕੀ ਇੰਚਾਰਜ ਜਜਵਿੰਦਰ ਸਿੰਘ, ਏ. ਐਸ. ਆਈ. ਮੋਹਰ ਸਿੰਘ, ਏ.ਐਸ. ਆਈ. ਹਰਵਿੰਦਰ ਸਿੰਘ , ਜਰਨੈਲ ਸਿੰਘ ਖੇੜੀ ਗੁਰਨਾ ਤੇ ਇਲਾਕਾ ਵਾਸੀ ਹਾਜ਼ਰ ਸਨ।

ਬੂਥ ਕਮੇਟੀਆਂ ਦਾ ਕੰਮ ਆਖਰੀ ਪੜਾਅ 'ਤੇ : ਸੰਧੂ

ਸਮਾਣਾ, 16 ਮਾਰਚ (ਵਿਜੇ ਕੁਮਾਰ/ਜਵੰਦਾ) : ਆਮ ਆਦਮੀ ਪਾਰਟੀ ਦੁਆਰਾ ਬੂਥ ਕਮੇਟੀਆਂ ਦੇ ਰਿਵਿਊ ਦਾ ਚੱਲ ਰਿਹਾ ਕੰਮ ਲੱਗਭਗ ਆਖ਼ਰੀ ਪੜ੍ਹਾਅ 'ਤੇ ਹੈ, ਲਗਾਤਾਰ ਕਈ ਦਿਨਾਂ ਦੀ ਮਿਹਨਤ ਤੋਂ ਬਾਅਦ ਇੱਕ ਮਜ਼ਬੂਤ ਸੰਗਠਨ ਸਾਹਮਣੇ ਆਵੇਗਾ। ਇਹ ਵਿਚਾਰ ਆਮ ਆਦਮੀ ਪਾਰਟੀ ਦੇ ਲੀਡਰ ਅਤੇ ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਿਟਿਡ ਦੇ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਹਲਕਾ ਸਮਾਣਾ ਦੇ ਪਿੰਡ ਖੱਤਰੀਵਾਲ 'ਚ ਆਪ ਦੀ ਪਿੰਡ ਅਤੇ ਪੱਧਰ ਦੇ ਬੂਥ ਕਮੇਟੀ ਮੈਂਬਰਾਂ ਨੂੰ ਸਬੋਧਨ ਕਰਦਿਆਂ ਪ੍ਰਗਟ ਕੀਤੇ ।ਸੰਧੂ ਨੇ ਦੱਸਿਆ ਕਿ ਹੁਣ ਤੱਕ ਪਾਰਟੀ ਨੇ ਵੱਖ ਵੱਖ ਵਿੰਗਾਂ ਦਾ ਐਲਾਨ ਕੀਤਾ ਹੈ, ਜਿਸ ਤਹਿਤ ਹੁਣ ਤੱਕ ਪਾਰਟੀ ਨੇ ਲੱਗਭੱਗ ਸਾਰੇ ਵਿੰਗਾਂ ਦਾ ਨਿਰਮਾਣ ਬੜੇ ਵਧੀਆ ਢੰਗ ਨਾਲ ਕੀਤਾ ਹੈ । ਸੰਧੂ ਨੇ ਦੱਸਿਆ ਕਿ ਸਿਆਸੀ ਤੌਰ ਤੇ ਭਾਵੇਂ ਉਹ ਭਾਵੇਂ ਹਲਕਾ ਸਨੌਰ ਨੂੰ ਹੀ ਆਪਣੀ ਕਰਮ ਭੂਮੀ ਮੰਨਦੇ ਹਨ ਅਤੇ ਪਾਰਟੀ ਵੱਲੋਂ ਹੁਣ ਤੱਕ ਵੱਖ ਵੱਖ ਜਗਾ ਪੁੱਜ ਕੇ ਡਿਊਟੀਆਂ ਨਿਭਾ ਚੁੱਕੇ ਹਨ, ਇਸੇ ਲੜੀ ਤਹਿਤ ਉਹਨਾਂ ਦੀ ਡਿਊਟੀ ਪਟਿਆਲਾ ਦਿਹਾਤੀ ਦੇ ਪਿੰਡਾਂ 'ਚ ਲੱਗੀ ਹੋਈ ਸੀ, ਜਿਸਨੂੰ ਮੁਕੰਮਲ ਕਰਨ ਤੋਂ ਬਾਅਦ ਹਲਕਾ ਸਮਾਣਾ - ਭਵਾਨੀਗੜ੍ਹ ਰੋਡ ਤੇ ਪੈਂਦੇ ਪਿੰਡਾਂ ਦੀਆਂ ਬੂਥ ਕਮੇਟੀਆਂ ਨੂੰ ਰਿਵਿਊ ਕਰਨ ਦਾ ਕੰਮ ਦਿੱਤਾ ਗਿਆ ਹੈ, ਜਿਸ ਤੇ ਪਹਿਰਾ ਦਿੰਦਿਆਂ ਅੱਜ ਪਿੰਡ ਗੁਰੂ ਤੇਗ ਬਹਾਦਰ ਨਗਰ ਅਤੇ ਖੱਤਰੀਵਾਲਾ ਦਾ ਦੌਰਾ ਕੀਤਾ ਹੈ । ਇਸ ਮੌਕੇ ਪਿੰਡ ਵਾਲਿਆਂ ਤੋਂ ਬਲਾਕ ਸਮਿਤੀ ਸਮਾਣਾ ਦੇ ਚੇਅਰਮੈਨ ਹਰਦੀਪ ਸਿੰਘ ਚੀਮਾ,ਅਮਰ ਅਲੀ ਤੇ ਮਨਪ੍ਰੀਤ ਸਿੰਘ ਮਹਿਮਦਪੁਰ ਵੀ ਹਾਜ਼ਰ ਸਨ।

ਪੀ.ਆਰ.ਟੀ.ਸੀ. ਪੈਨਸ਼ਨਰਾਂ ਵੱਲੋਂ ਸਾਲਾਨਾ ਸਮਾਰੋਹ ਦੌਰਾਨ ਬਜ਼ੁਰਗਾਂ ਦਾ ਸਨਮਾਨ

ਪਟਿਆਲਾ, 16 ਮਾਰਚ (ਚ.ਨ.ਸ.) :ਪੀ.ਆਰ.ਟੀ.ਸੀ. ਦੇ ਪੈਨਸ਼ਨਰਾਂ ਨੇ ਪੀ.ਆਰ.ਟੀ.ਸੀ. ਪੈਨਸ਼ਨਰਜ਼ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਚੇਅਰਮੈਨ ਮੁਕੰਦ ਸਿੰਘ ਅਤੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਅਗਵਾਈ ਵਿੱਚ ਸਲਾਨਾ ਸਨਮਾਨ ਸਮਾਰੋਹ ਕੀਤਾ ਗਿਆ ਤੇ ਪੈਨਸ਼ਨ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਹਰ ਡਿਪੂ ਦੇ 75 ਸਾਲ ਦੇ ਪਾਰ ਕਰ ਚੁੱਕ 5—5 ਪੈਨਸ਼ਨਰਜ਼ ਨੂੰ ਮਮੈਂਟੋ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਮੁਕੰਦ ਸਿੰਘ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਵੱਖ—ਵੱਖ ਡਿਪੂਆਂ ਤੋਂ ਭਾਰੀ ਗਿਣਤੀ ਵਿੱਚ ਇਕੱਠੇ ਹੋਏ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆ ਉਨ੍ਹਾਂ ਵੱਲੋਂ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਵਿੱਚ ਪਾਏ ਯੋਗਦਾਨ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ, ਵਿਛੋੜਾ ਦੇ ਗਏ ਪੈਨਸ਼ਰਾਂ 'ਤੇ ਅਫਸੋਸ ਜਾਹਿਰ ਕੀਤਾ ਗਿਆ। ਇਸ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਲੰਘੇ ਸਾਲ ਅੰਦਰ ਕੀਤੇ ਸੰਘਰਸ਼ ਅਤੇ ਪ੍ਰਾਪਤੀਆਂ ਦਾ ਜਿਕਰ ਕਰਦਿਆਂ ਮੈਨੇਜਮੈਂਟ ਤੋਂ ਰਹਿੰਦੇ ਬਕਾਏ ਅਤੇ ਪੈਨਸ਼ਨ ਸਮੇਂ ਸਿਰ ਪਾਉਣ ਲਈ ਕਿਹਾ ਗਿਆ। ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਪਿਛਲੇ ਦਿਨੀਂ ਚੇਅਰਮੈਨ ਪੀ. ਆਰ. ਟੀ. ਸੀ. ਨਾਲ ਹੋਈ ਮੀਟਿੰਗ ਬਾਰੇ ਦੱਸਦਿਆ ਕਿਹਾ ਕਿ ਚੇਅਰਮੈਨ ਸਾਹਿਬ ਨੇ ਵਿਸ਼ਵਾਸ਼ ਦਿਵਾਇਆ ਹੈ ਕਿ ਹਰ ਪੈਨਸ਼ਨ ਸਮੇਂ ਸਿਰ ਪਾਈ ਜਾਇਆ ਕਰੇਗੀ ਅਤੇ ਰਹਿੰਦੇ ਬਕਾਏ ਜਿਵੇਂ ਕਿ 2016 ਦੇ ਗਰੇਡ ਮੈਡੀਕਲ ਬਿੱਲਾਂ ਦੇ ਬਕਾਏ ਅਤੇ ਨਵੇਂ ਰਿਟਾਇਰੀਆਂ ਦੇ ਬਕਾਏ ਜਲਦੀ ਦਿੱਤੇ ਜਾਣਗੇ ਪਰੰਤੂ ਚੇਅਰਮੈਨ ਸਾਹਿਬ ਵਲੋਂ ਆਪਣੇ ਵਾਅਦੇ ਮੁਤਾਬਿਕ ਬਕਾਏ ਤਾਂ ਕੀ ਦੇਣੇ ਸੀ ਹਾਲੇ ਤੱਕ ਪੈਨਸ਼ਨ ਵੀ ਨਹੀਂ ਪਾਈ ਗਈ। ਹਰੀ ਸਿੰਘ ਚਮਕ ਨੇ ਅਫਸੋਸ ਜਾਹਿਰ ਕਰਦਿਆਂ ਕਿਹਾ ਕਿ ਅਦਾਰਾ ਪੀ.ਆਰ.ਟੀ.ਸੀ. ਅੱਜ ਲਾ—ਵਾਰਿਸ ਜਾਪ ਰਿਹਾ ਹੈ। ਕੋਈ ਪੱਕਾ ਐਮ.ਡੀ. ਨਹੀਂ ਹੈ। ਉਨ੍ਹਾਂ ਅਫਸੋਸ ਜਾਹਿਰ ਕੀਤਾ ਕਿ ਪੰਜਾਬ ਸਰਕਾਰ ਵਲੋਂ ਪੀ.ਆਰ.ਟੀ.ਸੀ. ਲਈ ਬੱਜਟ ਵਿਚ ਲੋੜ ਮੁਤਾਬਿਕ ਪੈਸੇ ਨਹੀਂ ਰੱਖੇ ਗਏ ਜੋ ਕਿ ਬਹੁਤ ਨਿੰਦਣਯੋਗ ਹੈ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਰਵ ਸ੍ਰੀ ਬਖਸ਼ੀਸ਼ ਸਿੰਘ ਦਫਤਰ ਸਕੱਤਰ, ਅਮੋਲਕ ਸਿੰਘ ਕੈਸ਼ੀਅਰ, ਮਹਿੰਦਰ ਸਿੰਘ ਸੋਹੀ, ਬਚਨ ਸਿੰਘ ਅਰੋੜਾ, ਨੇ ਮਹੱਤਵ ਪੂਰਨ ਯੋਗਦਾਨ ਪਾਇਆ। ਸਟੇਜ਼ ਦੀ ਡਿਊਟੀ ਬਚਨ ਸਿੰਘ ਅਰੋੜਾ ਨੇ ਬਾਖੂਬੀ ਨਿਭਾਈ।

ਯੁਵਕ ਸੇਵਾਵਾਂ ਵਿਭਾਗ ਨੇ ਵਲੰਟੀਅਰਾਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

ਪਟਿਆਲਾ, 16 ਮਾਰਚ (ਚ.ਨ.ਸ.) : ਯੁਵਕ ਸੇਵਾਵਾਂ ਵਿਭਾਗ ਪਟਿਆਲਾ ਵੱਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰ ਪਟਿਆਲਾ ਦੇ ਸਹਿਯੋਗ ਨਾਲ ਸਟੇਟ ਕਾਲਜ ਆਫ ਐਜੂਕੇਸ਼ਨ ਵਿਖੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲਾ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵੱਖ-ਵੱਖ ਕਾਲਜਾਂ, ਸਕੂਲਾਂ ,ਆਈ ਟੀ ਆਈ ਦੇ ਐਨ.ਐਸ.ਐਸ. ਅਤੇ ਰੈਡ ਰਿਬਨ ਕਲੱਬਾਂ ਦੇ 200 ਤੋਂ ਵੱਧ ਵਲੰਟੀਅਰਜ਼ ਨੇ ਸ਼ਿਰਕਤ ਕੀਤੀ।ਜਿਸ ਵਿਚ ਮੁੱਖ ਮਹਿਮਾਨ ਡਾਕਟਰ ਅਨਹਦ ਗਿੱਲ ਪ੍ਰੋਗਰਾਮ ਕੋਆਰਡੀਨੇਟਰ ਐਨ.ਐਸ.ਐਸ. ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਨਵਜੋਤ ਸਿੰਘ ਧਾਲੀਵਾਲ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਡਾ. ਮਲਕੀਤ ਸਿੰਘ ਮਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪਟਿਆਲਾ ਨੇ ਕੀਤੀ।ਇਸ ਮੌਕੇ ਡਾ. ਪ੍ਰੋਫੈਸਰ ਵਨੀਤਾ ਰਾਣੀ ਪ੍ਰਿੰਸੀਪਲ ਸਟੇਟ ਕਾਲਜ ਆਫ ਐਜੂਕੇਸ਼ਨ ਪਟਿਆਲਾ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਵਿਸ਼ੇਸ਼ ਤੌਰ ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ

ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਪ੍ਰੋਫੈਸਰ ਨਵਨੀਤ ਕੌਰ ਜੇਜੀ, ਲੈਕਚਰਾਰ ਗੁਰਸ਼ਰਨਦੀਪ ਸਿੰਘ ਬਰਾੜ, ਐਸਟਿਟ ਪ੍ਰੋਫੈਸਰ ਜਸਪ੍ਰੀਤ ਸਿੰਘ, ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਸਰਕਾਰੀ ਆਈ ਟੀ ਆਈ ਲੜਕੇ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਡਾਕਟਰ ਅਨਹਦ ਗਿੱਲ, ਨਵਜੋਤ ਧਾਲੀਵਾਲ, ਡਾਕਟਰ ਮਲਕੀਤ ਮਾਨ ਨੇ ਕਿਹਾ ਕਿ ਵੱਖ ਵੱਖ ਕਾਲਜਾਂ, ਸਕੂਲਾਂ,ਆਈ ਟੀ ਆਈ ਦੇ ਐਨ ਐਸ ਐਸ ਵਲੰਟੀਅਰਜ਼ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਭਾਗ ਲੈ ਕੇ ਨਸ਼ਿਆਂ ਵਿਰੁੱਧ ਪੋਸਟਰ ਬਣਾ ਕੇ ਜਿਥੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਵੱਖ-ਵੱਖ ਕਾਲਜਾਂ, ਸਕੂਲਾਂ ਦੇ ਐਨ.ਐਸ.ਐਸ. ਵਲੰਟੀਅਰਜ਼ ਨੂੰ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪੇਂਟਿੰਗ, ਪੋਸਟਰ ਮੇਕਿੰਗ ਦੇ ਜੇਤੂਆਂ ਨੂੰ ਸਰਟੀਫਿਕੇਟ, ਮੈਡਲ ਦਿੱਤੇ ਗਏ।

ਪਟਿਆਲਾ-ਆਸ/ਪਾਸ

ਮੇਅਰ ਨੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡੇ

ਕੁੰਦਨ ਗੋਗੀਆ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਦਾ ਦਿੱਤਾ ਸੱਦਾ

ਪਟਿਆਲਾ, 16 ਮਾਰਚ (ਰੁਪਾਣਾ) : ਸ਼ਹਿਰ ਦੀ ਨਾਮੀ ਖੇਡ ਸੰਸਥਾ 'ਸਨੂਕਰ ਸਿਟੀ' ਪਟਿਆਲਾ ਵੱਲੋਂ ਚੰਦਨ ਚਹਿਲ ਦੀ ਅਗਵਾਈ ਹੇਠ ਗੁਰੂ ਨਾਨਕ ਮੁਹੱਲਾ (ਸਾਹਮਣੇ ਟੀ.ਬੀ. ਹਸਪਤਾਲ) ਵਿਖੇ ਦੋ ਦਿਨਾ ਰੋਮਾਂਚਕ ਸਨੂਕਰ ਟੂਰਨਾਮੈਂਟ ਕਰਵਾਇਆ ਗਿਆ। ਟੂਰਨਾਮੈਂਟ ਵਿੱਚ ਪਟਿਆਲਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲਗਭਗ 32 ਖਿਡਾਰੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਟੂਰਨਾਮੈਂਟ ਦੇ ਸਮਾਪਤੀ ਸਮਾਰੋਹ ਵਿੱਚ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਜੇਤੂ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਪਹਿਲਾ ਇਨਾਮ ਹਾਸਲ ਕਰਨ ਵਾਲੇ ਕਨਾਲ ਭਾਟੀਆ ਨੂੰ 5100 ਰੁਪਏ ਅਤੇ ਟਰਾਫੀ, ਦੂਜਾ ਇਨਾਮ ਹਾਸਲ ਕਰਨ ਵਾਲੇ ਧਰੁਵ ਛਾਬੜਾ ਨੂੰ 3100 ਰੁਪਏ ਅਤੇ ਟਰਾਫੀ ਅਤੇ ਤੀਜਾ ਇਨਾਮ ਹਾਸਲ ਕਰਨ ਵਾਲੇ ਸਵਾਸਤਿਕ ਨੂੰ 500 ਰੁਪਏ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ। ਵਿਸ਼ੇਸ਼ ਤੌਰ 'ਤੇ ਦੱਸ ਦਈਏ ਕਿ ਇਸ ਟੂਰਨਾਮੈਂਟ ਦਾ ਆਗਾਜ਼ 14 ਮਾਰਚ ਨੂੰ ਉੱਘੇ ਸਮਾਜ ਸੇਵੀ ਅਤੇ ਪਟਿਆਲਾ ਦੀ ਪ੍ਰਮੁੱਖ ਸੰਸਥਾ ਦੇ ਪ੍ਰਧਾਨ ਉਪਕਾਰ ਸਿੰਘ ਵੱਲੋਂ ਕੀਤਾ ਗਿਆ। ਮੇਅਰ ਕੁੰਦਨ ਗੋਗੀਆ ਨੇ ਨੌਜਵਾਨਾਂ ਨੂੰ ਖੇਡਾਂ ਵਿੱਚ ਆਪਣੀ ਕਾਬਲੀਅਤ ਦਿਖਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਖੇਡਾਂ ਦੇ ਮੈਦਾਨ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਨੇ ਟੂਰਨਾਮੈਂਟ ਦੇ ਪ੍ਰਬੰਧਕ ਚੰਦਨ ਚਹਿਲ ਦੀ ਵੀ ਸ਼ਲਾਘਾ ਕੀਤੀ । ਇਸ ਤੋਂ ਪਹਿਲਾਂ ਟੂਰਨਾਮੈਂਟ ਦੇ ਉਦਘਾਟਨ ਮੌਕੇ ਉਪਕਾਰ ਸਿੰਘ ਨੇ ਵੀ ਨੌਜਵਾਨਾਂ ਨੂੰ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਕਿਹਾ। ਸਮਾਗਮ ਦੌਰਾਨ ਸੁਸ਼ੀਲ ਮਿੱਡਾ ਅਤੇ ਗੁਰਿੰਦਰ ਪਾਲ ਸਿੰਘ ਸੰਧੂ ਨੇ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਮੇਅਰ ਕੁੰਦਨ ਗੋਗੀਆ ਨੂੰ ਗੁਲਦਸਤਾ ਭੇਂਟ ਕਰਕੇ ਜੀ ਆਇਆਂ ਨੂੰ ਕਿਹਾ ਗਿਆ। ਅਖ਼ੀਰ ਵਿੱਚ ਸਨੂਕਰ ਸਿਟੀ ਦੇ ਮਾਲਕ ਚੰਦਨ ਚਹਿਲ ਨੇ ਆਏ ਹੋਏ ਸਮੂਹ ਮਹਿਮਾਨਾਂ ਅਤੇ ਖਿਡਾਰੀਆਂ ਦਾ ਧੰਨਵਾਦ ਕੀਤਾ।

19 ਤੋਂ ਸ਼ੁਰੂ ਹੋਣ ਵਾਲੇ ਨਵਰਾਤਰੇ ਤੇ ਦੁਰਗਾ ਅਸ਼ਟਮੀ ਮਨਾਉਣ ਸਬੰਧੀ ਡੀ.ਸੀ. ਤੇ ਐਡਵਾਈਜ਼ਰੀ ਮੈਨੇਜਿੰਗ ਕਮੇਟੀ ਵੱਲੋਂ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਤਿਆਰੀਆਂ ਦਾ ਜਾਇਜ਼ਾ

ਮੰਦਰ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ : ਵਰਜੀਤ ਵਾਲੀਆ

ਪਟਿਆਲਾ, 16 ਮਾਰਚ (ਵਿਨੋਦ ਸ਼ਰਮਾ/ਰੁਪਾਣਾ) : ਪਟਿਆਲਾ ਦੇ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ 19 ਮਾਰਚ ਤੋਂ ਸ਼ੁਰੂ ਹੋ ਰਹੇ ਨਵਰਾਤਰੇ ਤੇ ਦੁਰਗਾ ਅਸ਼ਟਮੀ ਮਨਾਉਣ ਸਬੰਧੀ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਐਡਵਾਈਜਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਨੇ ਮੰਦਰ ਵਿਖੇ ਇੱਕ ਬੈਠਕ ਕੀਤੀ। ਇਸ ਮੌਕੇ ਕਮੇਟੀ ਮੈਂਬਰ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਕੁਮਾਰ ਸਮੇਤ ਏ.ਡੀ.ਸੀ (ਜ) ਸਿਮਰਪ੍ਰੀਤ ਕੌਰ, ਸੰਯੁਕਤ ਕਮਿਸ਼ਨਰ ਮਨਰੀਤ ਰਾਣਾ, ਡੀ.ਐਸ.ਪੀ. ਸਤਨਾਮ ਸਿੰਘ, ਜ਼ਿਲ੍ਹਾ ਐਡੀਪੀਡੀਮੋਲੋਜਿਸਟ ਡਾ. ਸੁਮਿਤ ਸਿੰਘ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਮੰਦਰ ਵਿਖੇ ਮਨਾਏ ਜਾਣ ਵਾਲੇ ਨਵਰਾਤਰਿਆਂ ਦੇ ਪ੍ਰਬੰਧਾਂ ਦੀਆਂ ਤਿਆਰੀਆਂ ਪੂਰੀ ਸ਼ਰਧਾ ਭਾਵਨਾ ਨਾਲ ਕੀਤੀਆਂ ਜਾ ਰਹੀਆਂ ਹਨ ਅਤੇ ਇੱਥੇ ਦੇਸ਼-ਵਿਦੇਸ਼ 'ਚੋਂ ਆਉਣ ਵਾਲੇ ਵੱਡੀ ਗਿਣਤੀ ਸ਼ਰਧਾਲੂਆਂ ਦੀ ਸਹੂਲਤ ਲਈ ਪੁਖ਼ਤਾ ਇੰਤਜਾਮ ਕੀਤੇ ਜਾਣਗੇ। ਇਸ ਬੈਠਕ ਦੌਰਾਨ ਐਸ.ਐਸ.ਪੀ. ਵਰੁਣ ਸ਼ਰਮਾ ਵੀ ਸ਼ਾਮਲ ਹੋਏ ਅਤੇ ਉਨ੍ਹਾਂ ਨੇ ਦੱਸਿਆ ਕਿ ਸ਼ਰਧਾਲੂਆਂ ਦੀ ਸੁਰੱਖਿਆ ਲਈ ਅਤੇ ਟ੍ਰੈਫਿਕ ਵਿਵਸਥਾ ਲਈ ਸਾਰੇ ਪ੍ਰਬੰਧ ਪਖ਼ਤਾ ਕੀਤੇ ਜਾਣਗੇ।ਐਡਵਾਈਜਰੀ ਮੈਨੇਜਿੰਗ ਕਮੇਟੀ ਮੈਂਬਰਾਂ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਗੁਪਤਾ ਨੇ ਕਿਹਾ ਕਿ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ 19 ਮਾਰਚ ਤੋਂ ਸ਼ੁਰੂ ਹੋਣ ਵਾਲੇ ਨਵਰਾਤਰੇ 27 ਮਾਰਚ ਤੱਕ ਚੱਲਣਗੇ, ਇਨ੍ਹਾਂ ਦੀ ਸ਼ੁਭ-ਆਰੰਭਤਾ ਮੌਕੇ ਵੱਡੀ ਗਿਣਤੀ ਸ਼ਰਧਾਲੂਆਂ ਦੀ ਆਮਦ ਨੂੰ ਲੈਕੇ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਮੰਦਿਰ ਦੀ ਸਜਾਵਟ ਤੇ ਹੋਰ ਪ੍ਰਬੰਧਾਂ ਸਮੇਤ ਸੁਰੱਖਿਆ, ਸਾਫ਼-ਸਫ਼ਾਈ, ਲੰਗਰ ਤੇ ਹੋਰ ਵਿਆਪਕ ਪ੍ਰਬੰਧਾਂ 'ਤੇ ਚਰਚਾ ਕਰਨ ਸਮੇਤ ਸਾਰੇ ਪ੍ਰਬੰਧ ਸਮੇਂ ਸਿਰ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਪਵਿੱਤਰ, ਪੁਰਾਤਨ ਤੇ ਇਤਿਹਾਸਕ ਸ੍ਰੀ ਕਾਲੀ ਦੇਵੀ ਮੰਦਿਰ ਦੀ ਪੂਰੀ ਦੁਨੀਆ 'ਚ ਮਹਾਨਤਾ ਅਤੇ ਮਾਨਤਾ ਹੈ, ਨਵਰਾਤਰਿਆਂ ਦੇ ਦਿਨਾਂ ਦੌਰਾਨ ਦੂਰੋਂ-ਦੂਰੋਂ ਸ਼ਰਧਾਲੂ ਇੱਥੇ ਨਤਮਸਤਕ ਹੋਣ ਲਈ ਆਉਂਦੇ ਹਨ, ਇਸ ਲਈ ਪਵਿੱਤਰ ਮੰਦਿਰ ਅਤੇ ਇਸਦੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਅਤੇ ਸ਼ਰਧਾਲੂਆਂ ਦੀ ਸੁਖਾਵੀਂ ਆਵਾਜਾਈ ਲਈ ਪੁਖ਼ਤਾ ਪ੍ਰਬੰਧਾਂ ਬਾਰੇ ਵੀ ਕਿਹਾ ਗਿਆ। ਸ਼ਰਧਾਲੂਆਂ ਦੀ ਵੱਡੀ ਗਿਣਤੀ ਵਿੱਚ ਆਮਦ ਨੂੰ ਲੈਕੇ ਪੁਲਿਸ ਵੱਲੋਂ ਸੁਰੱਖਿਆ ਦੇ ਵਿਆਪਕ ਪ੍ਰਬੰਧਾਂ ਤੋਂ ਇਲਾਵਾ ਵਾਹਨਾਂ ਦੀ ਪਾਰਕਿੰਗ ਸਮੇਤ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟਰੈਫ਼ਿਕ ਪਲਾਨ ਵੀ ਬਣਾਇਆ ਜਾ ਰਿਹਾ ਹੈ। ਸੀ.ਏ. ਅਜੇ ਅਲੀਪੁਰੀਆ ਨੇ ਕਿਹਾ ਕਿ ਮੰਦਰ ਵਿਖੇ ਸ਼ਰਧਾਲੂਆਂ ਤੇ ਆਮ ਲੋਕਾਂ ਲਈ ਆਮ ਆਦਮੀ ਕਲੀਨਿਕ ਚੱਲ ਰਿਹਾ ਹੈ, ਜਿੱਥੇ ਸ਼ਰਧਾਲੂ ਕਿਸੇ ਬਿਮਾਰੀ ਦੀ ਸੂਰਤ 'ਚ ਮੁਫ਼ਤ 'ਚ ਦਵਾਈ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਨੇ ਇਸ ਕਲੀਨਿਕ ਦਾ ਸਮਾਂ ਸਵੇਰੇ ਤੋਂ ਦੁਪਹਿਰ ਤੇ ਦੁਪਹਿਰ ਤੋਂ ਰਾਤ 9 ਵਜੇ ਤੱਕ ਕੀਤਾ ਗਿਆ ਹੈ। ਇਸ ਤੋਂ ਬਿਨ੍ਹਾਂ ਸ਼ਰਧਾਲੂਆਂ ਦੀ ਸਹੂਲਤ ਲਈ ਲੰਗਰ ਭੰਡਾਰਾ ਤੇ ਪੀਣ ਵਾਲੇ ਪਾਣੀ ਦੇ ਵੀ ਵਧੀਆ ਪ੍ਰਬੰਧ ਕੀਤੇ ਗਏ ਹਨ। ਸੰਗਤ ਲਈ ਲਗਾਏ ਜਾਂਦੇ ਲੰਗਰ ਐਡਵਾਈਜਰੀ ਕਮੇਟੀ ਵੱਲੋਂ ਨਿਰਧਾਰਤ ਸਥਾਨਾਂ 'ਤੇ ਹੀ ਲੱਗਣਗੇ, ਪੁਰਾਣੇ ਸ਼ੇਰਾਂ ਵਾਲੇ ਗੇਟ ਤੱਕ ਟੈਂਟ ਲੱਗਣਗੇ ਤਾਂ ਕਿ ਸ਼ਰਧਾਲੂਆਂ ਨੂੰ ਧੁੱਪ 'ਚ ਨਾ ਖੜ੍ਹਨਾ ਪਵੇ, ਜਦਕਿ ਸੰਗਤ ਲਈ ਵਾਧੂ ਮੋਬਾਇਲ ਟੌਆਇਲਟ ਵੀ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਕਿ ਮੰਦਰ ਦੇ ਚੱਲ ਰਹੇ ਨਿਰਮਾਣ ਕਾਰਜਾਂ ਕਰਕੇ ਸੰਗਤ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇ।

ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਦੀ ਮੰਗ 'ਤੇ ਰੋਸ ਧਰਨਾ ਭਲਕੇ : ਸੁਰਜੀਤ ਸਿੰਘ ਰੱਖੜਾ

ਪਟਿਆਲਾ, 16 ਮਾਰਚ (ਅਮਰਜੀਤ ਸਿੰਘ) : ਮੌਜੂਦਾ ਸਰਕਾਰ ਦੇ 4 ਸਾਲ ਪੂਰੇ ਹੋਣ 'ਤੇ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਨੇ ਤੰਜ ਕੱਸਦਿਆਂ ਕਿਹਾ ਕਿ ਬਦਲਾਅ ਦੇ ਵੱਡੇ ਦਾਅਵਿਆਂ ਨਾਲ ਸੱਤਾ 'ਚ ਆਈ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰ੍ਹੀ ਉਤਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਸ. ਰੱਖੜਾ ਨੇ ਕਿਹਾ ਕਿ ਸਮਾਣਾ ਵਿਖੇ ਪਿਛਲੇ ਕਰੀਬ 17 ਮਹੀਨਿਆਂ ਤੋਂ 400 ਫੁੱਟ ਉੱਚੇ ਟਾਵਰ 'ਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਦੀ ਮੰਗ ਕਰ ਰਹੇ ਹਨ, ਜਿਸ ਦੇ ਸਮਰਥਨ 'ਚ ਉਨ੍ਹਾਂ ਵੱਲੋਂ 18 ਮਾਰਚ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਪਟਿਆਲਾ ਵਿਖੇ ਸਵੇਰੇ 10 ਵਜੇ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਸਰਕਾਰ ਨੂੰ ਤਾੜਨਾ ਕਰਦੇ ਹੋਏ ਕਿਹਾ ਕਿ ਵਿਧਾਨ ਸਭਾ ਦੇ ਚੱਲ ਰਹੇ ਸੈਸ਼ਨ 'ਚ ਸਰਬ ਧਰਮਾਂ ਦੀ ਮਰਿਆਦਾ ਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣਾ ਚਾਹੀਦਾ ਹੈ ।

ਸਰਬ ਧਰਮ ਦੀਆਂ ਬੇਅਬਦੀਆਂ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਭਲਕੇ ਰੋਸ ਧਰਨੇ ਵਿੱਚ ਹਰ ਵਰਗ ਪਹੁੰਚੇ : ਵਿੰਦਾ ਗਰੋਵਰ

ਪਟਿਆਲਾ, 16 ਮਾਰਚ (ਅਮਰਜੀਤ ਸਿੰਘ) : ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ 18 ਮਾਰਚ ਨੂੰ ਡੀ.ਸੀ. ਦਫਤਰ ਪਟਿਆਲਾ ਵਿਖੇ ਸਵੇਰੇ 10 ਵਜੇ ਹੋਣ ਵਾਲੇ ਰੋਸ ਧਰਨੇ ਸੰਬੰਧੀ ਪਟਿਆਲਾ ਵਿਖੇ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੈਂਬਰ ਇੰਮਪਰੂਵਮੈਂਟ ਟਰੱਸਟ ਪਟਿਆਲਾ ਸ. ਰਵਿੰਦਰ ਸਿੰਘ ਵਿੰਦਾ ਗਰੋਵਰ ਵੱਲੋਂ ਮੀਟਿੰਗ ਕੀਤੀ ਗਈ। ਉਹਨਾਂ ਕਿਹਾ ਕਿ 18 ਮਾਰਚ ਦੇ ਰੋਸ ਧਰਨੇ ਦਾ ਇੱਕਠ ਸਰਬ ਧਰਮ ਦੀ ਰੱਖਿਆ ਲਈ ਕਾਨੂੰਨ ਬਣਾਉਣ ਵਾਸਤੇ ਹੈ ਅਤੇ ਇਹ ਸੰਦੇਸ਼ ਦੇਣ ਲਈ ਹੈ ਕਿ ਅਸੀਂ ਧਰਮਾਂ ਦੀ ਬੇਅਦਬੀ ਕਿਸੇ ਕੀਮਤ ਤੇ ਬਰਦਾਸ਼ਤ ਨਹੀਂ ਕਰ ਸਕਦੇ । ਉਹਨਾਂ 18 ਮਾਰਚ ਨੂੰ ਡੀ.ਸੀ.ਦਫਤਰ ਪਟਿਆਲਾ ਅੱਗੇ ਸ਼ਾਂਤਮਈ ਧਰਨੇ ਵਿੱਚ ਸਾਰੀਆਂ ਨੂੰ ਪਹੁੰਚਣ ਦੀ ਅਪੀਲ ਕੀਤੀ । ਇਸ ਮੌਕੇ ਸਤਿੰਦਰ ਸਿੰਘ ਸ਼ੱਕੂ ਗਰੋਵਰ, ਹਰਦਿਆਲ ਸਿੰਘ, ਗੁਰਪ੍ਰੀਤ ਸਿੰਘ ਕੋਹਲੀ, ਗੁਰਇਕਬਾਲ ਸਿੰਘ, ਪਰਮਜੀਤ ਸਿੰਘ, ਮੁਕੇਸ਼ ਕੁਮਾਰ, ਰਣਬੀਰ ਸਿੰਘ, ਹਰਪ੍ਰੀਤ ਸਿੰਘ, ਹੰਸਾ ਸਿੰਘ, ਪ੍ਰੀਤੀ ਕੁਮਾਰੀ, ਰੇਹਾਨ, ਗੁਰਪਾਲਇੰਦਰ ਸਿੰਘ, ਜਸਬੀਰ ਸਿੰਘ, ਬਲਮ ਸਿੰਘ, ਅਮਰੀਕ ਸਿੰਘ, ਸੁਖਦੇਵ ਸਿੰਘ, ਸ਼ਮਸ਼ੇਰ ਸਿੰਘ,ਪ੍ਰੀਤਮ ਸਿੰਘ, ਹਰਭਜਨ ਸਿੰਘ ਹਾਜ਼ਰ ਸਨ ।

ਸ਼੍ਰੀ ਪੰਚਦਸ਼ਨਾਮ ਮਹਾਕਾਲ ਅਖਾੜਾ ਦੇ ਦੋ ਸੰਰਕਸ਼ਕਾਂ ਨੂੰ ਰਾਸ਼ਟਰੀ ਸਨਮਾਨ

ਪਟਿਆਲਾ, 16 ਮਾਰਚ (ਚ.ਨ.ਸ.) : ਗਯਾ ਜੀ (ਬਿਹਾਰ) ਵਿੱਚ ਆਯੋਜਿਤ 'ਖੂਨ ਦਾਨ ਮਹਾਦਾਨ ਨੈਸ਼ਨਲ ਅਵਾਰਡ ਸਮਾਰੋਹ' ਦੌਰਾਨ ਸਮਾਜ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਯੋਗਦਾਨ ਨੂੰ ਦੇਖਦੇ ਹੋਏ 'ਸ਼੍ਰੀ ਪੰਚਦਸ਼ਨਾਮ ਮਹਾਕਾਲ ਅਖਾੜਾ, ਪੰਜਾਬ' ਦੇ ਦੋ ਸੰਰਕਸ਼ਕ ਕੁਨਾਲ ਗਿਰੀ ਜੀ ਅਤੇ ਕਾਰਤਿਕ ਸ਼ਾਸਤਰੀ ਜੀ ਨੂੰ ਨੈਸ਼ਨਲ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ 'ਸ਼ਹੀਦ ਭਗਤ ਸਿੰਘ ਯੂਥ ਬ੍ਰਿਗੇਡ, ਗਯਾ ਜੀ (ਬਿਹਾਰ) ਵੱਲੋਂ ਆਯੋਜਿਤ ਸਮਾਰੋਹ ਵਿੱਚ ਦਿੱਤਾ ਗਿਆ, ਜਿਸ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸਮਾਜ ਸੇਵਕ ਅਤੇ ਖੂਨ ਦਾਨੀ ਸ਼ਾਮਲ ਹੋਏ। ਇਸ ਮੌਕੇ 'ਤੇ ਦੋਵਾਂ ਸੰਰਕਸ਼ਕਾਂ ਨੇ ਕਿਹਾ ਕਿ ਸਮਾਜ ਸੇਵਾ, ਖੂਨ ਦਾਨ ਅਤੇ ਮਨੁੱਖਤਾ ਦੀ ਸੇਵਾ ਕਰਨਾ ਹਰ ਇਕ ਵਿਅਕਤੀ ਦੀ ਜ਼ਿੰਮੇਵਾਰੀ ਹੈ ਅਤੇ ਉਹ ਅੱਗੇ ਵੀ ਇਸੇ ਤਰ੍ਹਾਂ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਰਹਿਣਗੇ। ਸ਼੍ਰੀ ਪੰਚਦਸ਼ਨਾਮ ਮਹਾਕਾਲ ਅਖਾੜਾ ਦੇ ਮੈਂਬਰਾਂ ਅਤੇ ਸੇਵਾਦਾਰਾਂ ਨੇ ਵੀ ਇਸ ਉਪਲੱਬਧੀ 'ਤੇ ਖੁਸ਼ੀ ਜਤਾਈ ਅਤੇ ਕਿਹਾ ਕਿ ਇਹ ਸਨਮਾਨ ਪੂਰੇ ਸੰਸਥਾਨ ਲਈ ਮਾਨ ਦੀ ਗੱਲ ਹੈ।

ਬਹੁ-ਚਰਚਿਤ ਅਣ-ਅਧਿਕਾਰਤ ਕਲੋਨੀ ਦੇ ਪਲਾਟ ਸੇਲ ਕਰਨ ਵਿਰੁੱਧ ਕਾਰਵਾਈ ਦੇ ਹੁਕਮ ਜਾਰੀ

ਪਲਾਟਾਂ ਦੀ ਸੇਲ-ਪ੍ਰਚੇਜ਼ 'ਤੇ ਲਗਾਈ ਮੁਕੰਮਲ ਰੋਕ, ਹੁਣ ਨਹੀਂ ਹੋਣਗੀਆਂ ਰਜਿਸਟਰੀਆਂ

ਸ਼ੇਰਪੁਰ, 16 ਮਾਰਚ (ਬਲਜੀਤ ਸਿੰਘ ਟਿੱਬਾ) : ਪਿਛਲੇ ਦਿਨਾਂ ਦੇ ਦੌਰਾਨ ਕਸਬਾ ਸ਼ੇਰਪੁਰ ਅੰਦਰ ਚਰਚਾ ਵਿੱਚ ਆਈ ਬੜੀ ਰੋਡ ਉੱਪਰ ਬਣਨ ਵਾਲੀ ਨਵੀਂ ਅਣ-ਅਧਿਕਾਰਤ ਕਲੋਨੀ ਉੱਪਰ ਆਖ਼ਰਕਾਰ ਦਫਤਰ ਡਿਪਟੀ ਕਮਿਸ਼ਨਰ ਸੰਗਰੂਰ ਵੱਲੋਂ ਕਲੋਨੀ ਦੀਆਂ ਰਜਿਸਟਰੀਆਂ ਨਾ ਕਰਨ ਅਤੇ ਕਾਨੂੰਨ ਤੋੜਕੇ ਪਲਾਟ ਸੇਲ ਕਰਨ ਵਿਰੁੱਧ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ ਹਨ। ਵਧੀਕ ਡਿਪਟੀ ਕਮਿਸ਼ਨਰ ਸੰਗਰੂਰ ਵੱਲੋਂ ਜਾਰੀ ਪੱਤਰ ਅਨੁਸਾਰ ਪ੍ਰਾਪਤ ਹੋਈ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਕੈਂਟ ਬਿਲਡਰਜ ਅਤੇ ਇਸ ਨਾਲ ਸਬੰਧਿਤ ਤਿੰਨ ਵਿਅਕਤੀਆਂ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ ਅਤੇ ਇਸ ਸਬੰਧੀ ਆਪਣਾ ਸੱਪਸ਼ਟੀਕਰਨ 7 ਦਿਨ ਦੇ ਅੰਦਰ-ਅੰਦਰ ਦੇਣ ਲਈ ਕਿਹਾ ਗਿਆ ਹੈ। ਪੱਤਰ ਵਿੱਚ ਲਿਖਿਆ ਗਿਆ ਹੈ ਕਿ ਕੈਂਟ ਬਿਲਡਰਜ ਵੱਲੋਂ ਬੜੀ ਰੋਡ ਸ਼ੇਰਪੁਰ ਵਿਖੇ ਬਿਨਾਂ ਮਨਜ਼ੂਰੀ ਤੋਂ ਕਾਨੂੰਨ ਤੋੜਕੇ ਅਣ-ਅਧਿਕਾਰਤ ਕਲੋਨੀ ਕੱਟਕੇ ਪਲਾਟ ਵੇਚੇ ਜਾ ਰਹੇ ਹਨ। ਜਿਸ ਉੱਪਰ ਮੁਕੰਮਲ ਰੋਕ ਲਗਾਉਂਦਿਆਂ ਰਜਿਸਟਰੀਆਂ ਬੰਦ ਕਰ ਦਿੱਤੀਆਂ ਗਈਆਂ ਹਨ। ਜਿਕਰਯੋਗ ਹੈ ਕਿ ਇਸ ਅਣ-ਅਧਿਕਾਰਤ ਕਲੋਨੀ ਦੇ ਸੇਲ ਪ੍ਰਮੋਸ਼ਨ ਲਈ ਪਿਛਲੇ ਦਿਨੀਂ ਇੱਕ ਸਥਾਨਕ ਮੈਰਿਜ ਪੈਲੇਸ ਵਿੱਚ ਲੱਕੀ ਡਰਾਅ ਪ੍ਰੋਗਰਾਮ ਵੀ ਕੀਤਾ ਗਿਆ ਸੀ, ਜਿਸ ਵਿੱਚ ਇੱਕ ਮਸ਼ਹੂਰ ਪੰਜਾਬੀ ਗਾਇਕ ਵੱਲੋਂ ਵੀ ਆਪਣੀ ਪੇਸ਼ਕਾਰੀ ਦਿੱਤੀ ਗਈ ਸੀ, ਜਿਸ ਮਗਰੋਂ ਇਹ ਬਿਨਾਂ ਮਨਜ਼ੂਰੀ ਵਾਲੀ ਕਲੋਨੀ ਚਰਚਾ ਵਿੱਚ ਆ ਗਈ ਸੀ। ਦੱਸਣਯੋਗ ਹੈ ਕਿ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਨਾਇਬ ਤਹਿਸੀਲਦਾਰ ਸ਼ੇਰਪੁਰ ਨੂੰ ਇਸ ਅਣ-ਅਧਿਕਾਰਤ ਕਲੋਨੀ ਸਬੰਧੀ ਕੋਈ ਰਜਿਸਟਰੀ ਹੋਈ ਵੀ ਹੈ, ਤਾਂ ਉਸਦਾ ਰਿਕਾਰਡ ਪੇਸ਼ ਕਰਨ ਅਤੇ ਹੋਰ ਨਵੀਂ ਰਜਿਸਟਰੀ ਦਰਜ ਨਾ ਕਰਨ ਲਈ ਵੀ ਹਦਾਇਤ ਕੀਤੀ ਗਈ ਹੈ।

ਸਨੈਚਿੰਗ ਦੇ ਮਾਮਲੇ ਵਿੱਚ ਦੋ ਸਾਲ ਦੀ ਸਜ਼ਾ

ਪਟਿਆਲਾ, 16 ਮਾਰਚ (ਵਿਨੋਦ ਸ਼ਰਮਾ) : ਸਨੈਚਿੰਗ ਦੇ ਮਾਮਲੇ ਵਿੱਚ ਜ਼ਿਲ੍ਹਾ ਸੈਸ਼ਨ ਜੱਜ ਅਵਤਾਰ ਸਿੰਘ ਦੀ ਅਦਾਲਤ ਨੇ ਦੋਸ਼ੀ ਰੋਬਟ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਧਾਰਾ 379ਬੀ ਵਿਚ ਪੰਜ ਸਾਲ ਦੀ ਸਜ਼ਾ ਸੁਣਾਈ ਹੈ ਅਤੇ ਪੰਜ ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਜੁਰਮਾਨਾ ਨਾ ਭਰਨ ਦੀ ਸੂਰਤ ਵਿਚ ਦੋਸ਼ੀ ਨੂੰ ਛੇ ਮਹੀਨੇ ਦੀ ਵੱਖਰੀ ਸਜ਼ਾ ਭੁਗਤਣੀ ਪਵੇਗੀ। ਇਸੇ ਤਰ੍ਹਾਂ ਅਦਾਲਤ ਨੇ ਧਾਰਾ 411 ਵਿਚ ਇੱਕ ਸਾਲ ਦੀ ਸਜ਼ਾ ਸੁਣਾਈ ਹੈ ਅਤੇ ਪੰਜ ਸੌ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਜੁਰਮਾਨਾ ਨਾ ਭਰਨ ਦੀ ਸੂਰਤ ਵਿਚ ਦੋਸ਼ੀ ਨੂੰ ਦੋ ਮਹੀਨੇ ਦੀ ਵੱਖਰੀ ਸਜ਼ਾ ਭੁਗਤਣੀ ਪਵੇਗੀ। ਪੁਲਿਸ ਕੋਲ ਸ਼ਿਕਾਇਤਕਰਤਾ ਬਲਕਾਰ ਸਿੰਘ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਸ ਦਾ ਪਰਸ ਖੋਹ ਲਿਆ ਸੀ।

ਪਰਜਾਪਤ ਸਭਾ ਨਾਭਾ ਨੇ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ

ਨਾਭਾ, 16 ਮਾਰਚ (ਬਲਜਿੰਦਰ ਮਾਨ) : ਪਰਜਾਪਤ ਸਭਾ ਨਾਭਾ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਭਾਈ ਬੁੱਧੂ ਸ਼ਾਹ ਜੀ ਦੀ ਯਾਦ 'ਚ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ ਗਿਆ।ਇਹ ਸਮਾਗਮ ਪੰਜਵੇ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਅਨਿਨ ਸੇਵਕ ਭਾਈ ਬੁੱਧੂ ਸ਼ਾਹ ਜੀ ਅਤੇ ਗੁਲਵਾਨ ਘਾਟੀ ਦੇ ਮਹਾਨ ਸ਼ਹੀਦ ਗੁਰਤੇਜ ਸਿੰਘ ਫੌਜੀ ਦੀ ਯਾਦ ਵਿੱਚ ਭਾਈ ਬੁੱਧੂ ਸਾਹ ਕਮਿਊਨਟੀ ਹਾਲ ਮਾਡਰਨ ਸਿਟੀ ਚੌਧਰੀਮਾਜਰਾ ਰੋਡ ਵਿਖੇ ਸਭਾ ਦੇ ਪ੍ਰਧਾਨ ਸੰਤ ਰਾਮ ਜੀ ਦੀ ਅਗਵਾਈ ਵਿੱਚ ਕਰਵਾਇਆ ਗਿਆ।ਉਹਨਾਂ ਦੱਸਿਆ ਕਿ 13 ਮਾਰਚ ਨੂੰ ਸਵੇਰੇ ਸ੍ਰੀ ਅਖੰਡ ਪਾਠ ਸਹਿਬ ਅਰੰਭ ਕਰਵਾਏ ਗਏ ਸਨ, ਜਿਹਨਾਂ ਦੇ ਭੋਗ 15 ਮਾਰਚ ਨੂੰ ਪਾਏ ਗਏ ਉਪਰੰਤ ਕੀਰਤੀਨੇ ਜਥਿਆ ਵੱਲੋਂ ਗੁਰੂ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਸਭਾ ਦੇ ਸਵਰਗੀ ਪ੍ਰਧਾਨ ਬਲਜੀਤ ਸਿੰਘ ਮੱਖਣ ਟੋਡਰਵਾਲ ਦੀ ਯਾਦ ਚ ਖੂਨਦਾਨ ਕੈਂਪ ਮਿਸ਼ਨ ਲਾਲੀ ਹਰਿਆਲੀ ਵੱਲੋਂ ਲਗਾਇਆ ਗਿਆ। ਜਿਸ ਵਿੱਚ ਨੌਜਵਾਨਾਂ ਵੱਲੋ ਲੋੜਵੰਦਾਂ ਲਈ ਖਾਨਦਾਨ ਕੀਤਾ ਗਿਆ। ਪੜ੍ਹਾਈ ਅਤੇ ਖੇਡਾ ਵਿੱਚ ਅਵੱਲ ਆਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ ਅਤੇ ਆਪਣੀ ਤਨਖਾਹ ਵਿੱਚੋਂ 30 ਦੇ ਕਰੀਬ ਸਿਲਾਈ ਮਸ਼ੀਨਾਂ ਵੀ ਲੋੜਵੰਦ ਲੜਕੀਆਂ ਨੂੰ ਦਿੱਤੀਆਂ ਗਈਆਂ। ਚੇਅਰਮੈਨ ਜੱਸੀ ਸੋਹੀਆਵਾਲਾ ਵੱਲੋਂ ਹਾਜ਼ਰੀ ਲਗਵਾਕੇ ਸਵ: ਭਾਈ ਬਲਜੀਤ ਸਿੰਘ ਮੱਖਣ ਟੋਡਰਵਾਲ ਨੂੰ ਵਿਸ਼ੇਸ਼ ਤੌਰ 'ਤੇ ਯਾਦ ਕੀਤਾ ਗਿਆ। ਇਸ ਮੌਕੇ ਬਾਬਾ ਮੱਖਣ ਸਿੰਘ ਜੀ ਕਾਰ ਸੇਵਾ ਵਾਲੇ, ਬਾਬਾ ਜਗਜੀਤ ਸਿੰਘ ਕਕਰਾਲਾ,ਬਾਬਾ ਜੀ ਕੋਟ ਵਾਲੇ,ਬਾਬਾ ਕਾਲਾ ਰਾਮ ਜੀ ਟੱਲੇ ਵਾਲੇ, ਨਾਭਾ ਰਿਆਸਤ ਦੀ ਮਾਹਾਰਾਣੀ ਪ੍ਰੀਤੀ ਸਿੰਘ ਵੱਲੋਂ ਗੁਰਦੇਵ ਮੀਤ, ਮਹਾਰਾਣੀ ਪ੍ਰਨੀਤ ਕੌਰ ਵੱਲੋਂ ਬਰਿੰਦਰ ਬਿੱਟੂ, ਐਡਵੋਕੇਟ ਰਵਿੰਦਰ ਸਿੰਘ ਸ਼ਾਹਪੁਰ, ਕੇਵਲ ਸਿੰਘ ਚੌਹਾਨ ਚੇਅਰਮੈਨ ਪੰਜਾਬ ਪ੍ਰਜਾਪਤ ਸਭਾ ਜਲੰਧਰ, ਬਲਵਿੰਦਰ ਸਿੰਘ ਸਰੀਂਹ ਪ੍ਰਧਾਨ ਪਰਜਾਪਤ ਸਭਾ ਜਲੰਧਰ,ਐਨ ਆਰ ਆਈ ਕਲਵੰਤ ਸਿੰਘ ਗੋਰਾ,ਜੋਧ ਸਿੰਘ ਨੋਹਰਾ ਸਾਬਕਾ ਸਰਪੰਚ, ਮੱਖਣ ਸਿੰਘ ਡੱਬ, ਸਿਵਦੇਵ ਸਿੰਘ ਬੇਗਲ, ਰਾਜ ਰਾਣੀ ਕਲਿਆਣ, ਮਨਜੀਤ ਸਿੰਘ ਰਾਮਪੁਰਾ, ਵੇਦ ਚੰਦ ਮੰਡੌਰ, ਤੇਜਾ ਸਿੰਘ ਸੀਨੀਅਰ ਮੀਤ ਪ੍ਰਧਾਨ, ਜਰਨੈਲ ਸਿੰਘ, ਰਣਜੀਤ ਸਿੰਘ, ਬਲਜੀਤ ਸਿੰਘ ਰਾਜਗੜ੍ਹ, ਹਰਪ੍ਰੀਤ ਸਿੰਘ, ਰਵੀ ਸੋਖਲ, ਹਰਿਆਣਾ ਸਰਕਾਰ ਦੇ ਮਾਟੀ ਕਲਾ ਬੋਰਡ ਦੇ ਮੈਂਬਰ ਨਰਿੰਦਰ ਕੁਮਾਰ, ਸੂਬੇਦਾਰ ਜਗਦੇਵ ਸਿੰਘ ਅਤੇ ਜੱਸਾ ਟੋਡਰਵਾਲ ਆਦਿ ਹਾਜ਼ਰ ਸਨ।

ਸਾਧੂ ਸਿੰਘ ਧਰਮਸੋਤ ਵੱਲੋਂ ਮੁਫ਼ਤ ਸਿਲਾਈ ਸੈਂਟਰ ਦਾ ਉਦਘਾਟਨ

ਨਾਭਾ, 16 ਮਾਰਚ (ਬਲਜਿੰਦਰ ਮਾਨ) : ਭਾਈਘਨੱਈਆ ਵੈਲਫੇਅਰ ਤੇ ਸਪੋਰਟਸ ਕਲੱਬ ਵੱਲੋ ਵਾਰਡ ਨੰਬਰ 5 ਹੀਰਾ ਮਹਿਲ ਵਿਖੇ ਪ੍ਰਧਾਨ ਗੁਰਬਖਸ਼ੀਸ਼ ਸਿੰਘ ਭੱਟੀ ਸਾਬਕਾ ਪ੍ਰਧਾਨ ਨਗਰ ਕੌਂਸਲ ਤੇ ਮੌਜੂਦਾ ਕੌਂਸਲਰ ਪ੍ਰਿਤਪਾਲ ਕੌਰ ਭੱਟੀ ਦੀ ਅਗਵਾਈ ਫਰੀ ਸਿਲਾਈ ਸੈਂਟਰ ਖੋਲ੍ਹਿਆ ਗਿਆ, ਜਿਸ ਦਾ ਉਦਘਾਟਨ ਸਾਬਕਾ ਮੰਤਰੀ ਸਾਧੂ ਸਿੰਘ ਵੱਲੋਂ ਕੀਤਾ ਗਿਆ । ਇਸ ਮੌਕੇ ਉਨ੍ਹਾਂ ਭੱਟੀ ਪਰਿਵਾਰ ਦੀ ਇਸ ਕਾਰਜ ਲਈ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਸੰਸਥਾ 'ਚ ਸਿਖਲਾਈ ਲੈਣ ਵਾਲੀਆ ਲੜਕੀਆਂ ਨੂੰ 500 ਰੁਪੈ ਮਹੀਨਾ ਵਜ਼ੀਫਾ ਦਿੱਤਾ ਜਾਵੇਗਾ । ਇਸ ਮੌਕੇ ਸਾਬਕਾ ਚੇਅਰਮੈਨ ਪਰਮਜੀਤ ਸਿੰਘ ਖੱਟੜਾ, ਜਗਜੀਤ ਸਿੰਘ ਦੁਲੱਦੀ,ਰਣਬੀਰ ਸਿੰਘ, ਕਾਹਨ ਸਿੰਘ ਪ੍ਰਧਾਨ ਗੁਰਦੁਆਰਾ ਸੰਗਤਸਰ ਸਹਿਬ, ਬੁੱਧ ਰਾਜ ਵਰਮਾ, ਮਾਨਟੂ ਪਾਹੂਜਾ, ਜਥੇਦਾਰ ਕੂਲਦੀਪ ਸਿੰਘ ਅਲੋਹਰਾ, ਸਾਬਕਾ ਪ੍ਰਧਾਨ ਆੜਤੀਆ ਐਸੋਸੀਏਸ਼ਨ ਨਾਭਾ ਜੱਤੀ ਅਭੇਪੁਰ,, ਅਨਿਲ ਬਾਸਲ, ਰਾਕੇਸ਼ ਸਿੰਗਲਾ, ਰਣਜੀਤ ਸਿੰਘ ਪੂਨੀਆ, ਅਜੀਤਪ ਸਿੰਘ, ਬਰਿੰਦਰਪਾਲ ਸਿੰਘ,ਮਾਸਟਰ ਪਿਸ਼ੋਰਾ ਸਿੰਘ, ਸੋਨੂੰ ਸਾਬਕਾ ਐਮ ਸੀ, ਸੀਮਾ ਰਾਣੀ, ਪ੍ਰਿਤਪਾਲ ਕੌਰ ਭੱਟੀ, ਕੂਲਵਿੰਦਰ ਕੌਰ, ਜੱਗਾ ਡੀਲਰ, ਪਰਮਜੀਤ ਕੌਰ, ਮਨਜੀਤ ਕੌਰ,ਜੱਸਾ ਰੋਹਟਾ, ਮਾਸਟਰ ਨਾਨਕ ਸਿੰਘ , ਅਵਤਾਰ ਸਿੰਘ ਰੂਪਰਾਏ, ਬਬਲਾ, ਵਰਿੰਦਜੀਤ ਬੰਟੀ, ਸਾਬਕਾ ਐਮ ਸੀ ਗੋਗਾ, ਪਾਲਾ, ਬਾਂਸਲ , ਚੰਚਲ ਗਾਬਾ ਵਾਲੇ ਹਾਜ਼ਰ ਸਨ।

ਸਰਕਾਰੀ ਕਾਲਜ ਲੜਕੀਆਂ ਨੇ ਪਿੰਡ ਨਿਊ ਖੇੜੀ ਵਿਖੇ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਲਗਾਇਆ

ਪਟਿਆਲਾ, 16 ਮਾਰਚ (ਚ.ਨ.ਸ.) : ਸਰਕਾਰੀ ਕਾਲਜ ਲੜਕੀਆਂ, ਪਟਿਆਲਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਪਿੰਡ ਨਿਊ ਖੇੜੀ ਵਿੱਚ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਦਾ ਆਯੋਜਨ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਸਵਿੰਦਰ ਸਿੰਘ ਰੇਖੀ ਜੀ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿੱਚ ਐਨ.ਐਸ.ਐਸ. ਦੀਆਂ ਦੋ ਯੂਨਿਟਾਂ ਦੀਆਂ ਵਿਦਿਆਰਥਣਾਂ ਨੇ ਉਤਸ਼ਾਹ ਨਾਲ ਭਾਗ ਲਿਆ।ਕੈਂਪ ਦੌਰਾਨ ਵਿਦਿਆਰਥਣਾਂ ਨੇ ਕੌਮੀ ਸੇਵਾ ਦੀ ਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਪਿੰਡ ਵਿੱਚ ਸਫ਼ਾਈ ਅਭਿਆਨ ਚਲਾਇਆ, ਜਾਗਰੂਕਤਾ ਰੈਲੀਆਂ ਕੱਢੀਆਂ, ਸੈਨੇਟਰੀ ਪੈਡ ਵੰਡੇ, ਰੁੱਖ ਲਗਾਏ ਅਤੇ ਨੁੱਕੜ ਨਾਟਕਾਂ ਰਾਹੀਂ ਲੋਕਾਂ ਨੂੰ ਸਮਾਜਿਕ ਮੁੱਦਿਆਂ ਬਾਰੇ ਜਾਗਰੂਕ ਕੀਤਾ। ਪਿੰਡ ਦੇ ਸਰਪੰਚ ਅਤੇ ਪੰਚਾਇਤ ਨੇ ਕੈਂਪ ਵਲੰਟੀਅਰਾਂ ਨੂੰ ਪੂਰਾ ਸਹਿਯੋਗ ਦਿੱਤਾ। ਇਸ ਮੌਕੇ ਸਹਾਇਕ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਮੋਹਿਤ ਕੌਸ਼ਲ ਵੱਲੋਂ ਸਵੀਪ ਸੰਬੰਧੀ ਵਿਦਿਆਰਥਣਾਂ ਨੂੰ ਵੋਟਿੰਗ ਪ੍ਰਤੀ ਜਾਗਰੂਕ ਕੀਤਾ ਗਿਆ। ਰਿਟਾਇਰਡ ਪ੍ਰੋਫੈਸਰ ਡਾ. ਮੰਜੂ ਮਿੱਢਾ ਜੀ ਨੇ ਮਹਿਲਾ ਸਸ਼ਕਤੀਕਰਨ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ, ਜਦਕਿ ਰਾਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਭਾਗ ਤੋਂ ਸੁਖਵਿੰਦਰ ਸਿੰਘ ਵੱਲੋਂ ਖੂਨ ਦਾਨ ਦੀ ਮਹੱਤਤਾ ਬਾਰੇ ਪ੍ਰੇਰਨਾਦਾਇਕ ਵਿਅਖਿਆਨ ਦਿੱਤਾ ਗਿਆ। ਕੈਂਪ ਦੇ ਆਖਰੀ ਦਿਨ ਕਾਲਜ ਦੇ ਪ੍ਰਿੰਸੀਪਲ ਡਾ. ਸਵਿੰਦਰ ਸਿੰਘ ਰੇਖੀ ਵੱਲੋਂ ਵਿਦਿਆਰਥਣਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਡਾ. ਅਨਹਦ ਗਿੱਲ, ਕੁਆਰਡੀਨੇਟਰ ਐਨ. ਐਸ. ਐਸ. ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕੈਂਪ ਦਾ ਨਿਰੀਖਣ ਕੀਤਾ ਗਿਆ। ਕੈਂਪ ਦੌਰਾਨ ਵਿਦਿਆਰਥਣਾਂ ਲਈ ਵੱਖ-ਵੱਖ ਸੱਭਿਆਚਾਰਕ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਐਨ.ਐਸ.ਐਸ. ਵਿਭਾਗ ਦੇ ਪ੍ਰੋਗਰਾਮ ਅਫ਼ਸਰ ਪ੍ਰੋ. ਨਰਿੰਦਰਪਾਲ ਕੌਰ, ਪ੍ਰੋ. ਸੋਨੀਆ, ਡਾ. ਸਾਕਸ਼ੀ ਸ਼ਰਮਾ ਅਤੇ ਪ੍ਰੋ. ਪਰਨੀਤ ਕੌਰ ਨੇ ਕੈਂਪ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਦਿੱਤਾ।

ਖ਼ਾਲਸਾ ਕਾਲਜ ਵਿਖੇ ਮਾਨਸਿਕ ਸਿਹਤ ਦੀ ਮਹੱਤਤਾ ਬਾਰੇ ਲੈਕਚਰ

ਪਟਿਆਲਾ, 16 ਮਾਰਚ (ਚ.ਨ.ਸ.) : ਖ਼ਾਲਸਾ ਕਾਲਜ ਪਟਿਆਲਾ ਦੀ ਡਿਸਪੈਂਸਰੀ ਕਮੇਟੀ ਵੱਲੋਂ 'ਮਾਈਂਡ ਮੈਟਰਸ: ਮਾਨਸਿਕ ਤੰਦਰੁਸਤੀ ਦੀ ਮਹੱਤਤਾ' ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਪ੍ਰੋਗਰਾਮ ਦੇ ਮੁੱਖ ਬੁਲਾਰੇ ਡਾ. ਮਨਸਿਮਰਨ ਕੌਰ ਰੰਧਾਵਾ ਨੇ ਕਿਹਾ ਇਸ ਜਾਗਰੂਕਤਾ ਮੁਹਿੰਮ ਦਾ ਮੁੱਖ ਉਦੇਸ਼ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ, ਭਾਵਨਾਤਮਕ ਲਚਕਤਾ ਨੂੰ ਵਧਾਉਣਾ ਅਤੇ ਇੱਕ ਅਜਿਹਾ ਸਹਿਯੋਗੀ ਮਾਹੌਲ ਸਿਰਜਣਾ ਹੈ ਜਿੱਥੇ ਹਰ ਵਿਅਕਤੀ ਆਪਣੀ ਮਾਨਸਿਕ ਸਿਹਤ ਨੂੰ ਪਹਿਲ ਦੇ ਸਕੇ। ਡਾ. ਰੰਧਾਵਾ ਨੇ ਤਣਾਅ ਪ੍ਰਬੰਧਨ, ਭਾਵਨਾਤਮਕ ਸੰਤੁਲਨ ਅਤੇ ਰੋਜ਼ਾਨਾ ਜੀਵਨ ਵਿੱਚ ਸਵੈ-ਸੰਭਾਲ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਕਾਦਮਿਕ ਸੰਸਥਾਵਾਂ ਵਿੱਚ ਅਜਿਹੇ ਸਮਾਗਮ ਬਹੁਤ ਜ਼ਰੂਰੀ ਹਨ। ਵਾਈਸ ਪ੍ਰਿੰਸੀਪਲ ਡਾ. ਹਰਵਿੰਦਰ ਕੌਰ ਨੇ ਕਿਹਾ ਕਿ ਘਬਰਾਹਟ ਵਿੱਚ ਮਨੁੱਖ ਸਹੀ ਫੈਸਲੇ ਨਹੀਂ ਲੈ ਸਕਦਾ, ਜਦੋਂ ਕਿ ਸ਼ਾਂਤ ਮਨ ਨਾਲ ਸਪੱਸ਼ਟ ਸੋਚ ਅਤੇ ਬਿਹਤਰ ਪ੍ਰਤੀਕਿਰਿਆ ਸੰਭਵ ਹੈ। ਕਾਲਜ ਰਜਿਸਟਰਾਰ ਡਾ. ਇੰਦਰਬੀਰ ਕੌਰ ਨੇ ਖੁੱਲ੍ਹ ਕੇ ਗੱਲਬਾਤ ਕਰਨ ਦੀ ਮਹੱਤਤਾ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੀਆਂ ਭਾਵਨਾਵਾਂ ਨੂੰ ਆਪਣੇ ਦੋਸਤਾਂ, ਪਰਿਵਾਰ ਜਾਂ ਮੈਂਟਰਾਂ ਨਾਲ ਸਾਂਝਾ ਕਰਨ ਤੋਂ ਨਾ ਝਿਜਕਣ। ਸਮਾਗਮ ਦੌਰਾਨ ਇੱਕ ਇੰਟਰਐਕਟਿਵ ਸੈਸ਼ਨ ਵੀ ਹੋਇਆ ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਰਾਹੀਂ ਆਪਣੇ ਵਿਚਾਰ ਪੇਸ਼ ਕੀਤੇ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰੋ. ਜਤਿੰਦਰ ਕੌਰ ਨੇ ਮੁੱਖ ਬੁਲਾਰੇ, ਪ੍ਰਬੰਧਕਾਂ ਅਤੇ ਸਾਰੇ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਕੁੱਲ 65 ਪ੍ਰਤੀਭਾਗੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਡਾ. ਅੰਜੂ ਖੁੱਲਰ ਸਮੇਤ ਡਿਸਪੈਂਸਰੀ ਕਮੇਟੀ ਦੇ ਮੈਂਬਰ ਡਾ. ਹਿਨਾ, ਡਾ. ਕਿਰਨ, ਡਾ. ਕਮਲੇਸ਼ ਕੁਮਾਰ, ਡਾ. ਲਖਵਿੰਦਰ ਸਿੰਘ, ਪ੍ਰੋ. ਮੰਨਤ ਧਾਲੀਵਾਲ ਅਤੇ ਡਾ. ਗੀਤਾਂਜਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਦੀ ਮੀਟਿੰਗ ਦੌਰਾਨ ਸਾਬਕਾ ਸੀ.ਐੱਚ.ਡੀ. ਗਿਆਨ ਸਿੰਘ ਨੂੰ ਭਾਵ-ਭਿੰਨੀਆਂ ਸ਼ਰਧਾਂਜਲੀਆਂ

ਪਟਿਆਲਾ, 16 ਮਾਰਚ (ਚ.ਨ.ਸ.) : ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਹੈੱਡ ਆਫਿਸ ਯੂਨਿਟ ਪਟਿਆਲਾ ਦੀ ਮੀਟਿੰਗ ਇੱਥੇ ਯੂਨੀਅਨ ਪ੍ਰਧਾਨ ਭਿੰਦਰ ਸਿੰਘ ਚਹਿਲ ਦੀ ਅਗਵਾਈ ਹੇਠ ਹੋਈ। ਇਸ ਦੌਰਾਨ ਸਾਬਕਾ ਸੀ.ਐੱਚ.ਡੀ. ਗਿਆਨ ਸਿੰਘ ਅਤੇ ਸੂਬਾ ਆਗੂ ਕੇਵਲ ਸਿੰਘ ਦੀ ਪਤਨੀ ਸੁਰਿੰਦਰ ਕੌਰ ਦੇ ਦੇਹਾਂਤ 'ਤੇ ਜਥੇਬੰਦੀ ਵੱਲੋਂ ਦੋ ਮਿੰਟ ਦਾ ਮੌਨ ਧਾਰਨ ਕਰ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਮੈਨੇਜਮੈਂਟ ਵੱਲੋਂ ਪਾਵਰਕਾਮ ਦੀਆਂ ਜਾਇਦਾਦਾਂ ਵੇਚਣ ਦੀ ਕਾਰਵਾਈ ਦਾ ਜ਼ੋਰਦਾਰ ਵਿਰੋਧ ਕਰਦਿਆਂ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਕੀਤਾ ਗਿਆ। ਇਸ ਦੌਰਾਨ ਆਗੂਆਂ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਪੰਜਾਬ ਸਰਕਾਰ ਵੱਲੋਂ ਸੈਸ਼ਨ ਦੌਰਾਨ ਧਾਰੀ ਚੁੱਪ ਦੀ ਜ਼ੋਰਦਾਰ ਸ਼ਬਦਾਂ 'ਚ ਨਿੰਦਾ ਕੀਤੀ ਗਈ। ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਮੰਗ ਕੀਤੀ ਕਿ 1.1.2016 ਤੋਂ ਪਹਿਲਾਂ ਸੇਵਾਮੁਕਤ ਹੋਏ ਮੁਲਾਜ਼ਮਾਂ ਨੂੰ 2.59 ਪੈਨਸ਼ਨ ਸੁਧਾਈ ਫੈਕਟਰ, ਡੀ.ਏ. ਦੇ ਬਕਾਏ ਅਤੇ ਰਹਿੰਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ। ਇਸ ਦੇ ਨਾਲ ਹੀ ਕੈਸ਼ਲੈੱਸ ਮੈਡੀਕਲ ਸਹੂਲਤ ਸਣੇ ਹੋਰ ਮੰਗਾਂ ਮੰਨੀਆਂ ਜਾਣ। ਉਨ੍ਹਾਂ ਕਿਹਾ ਕਿ ਜੇ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਉਹ ਸੰਘਰਸ਼ ਤੇਜ਼ ਕਰਨ ਲਈ ਮਜਬੂਰ ਹੋਣਗੇ ਤੇ ਇਸ ਦਾ ਖਮਿਆਜ਼ਾ ਸਰਕਾਰ ਨੂੰ ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ। ਇਸ ਮੀਟਿੰਗ 'ਚ ਇੰਜ ਸੰਤੋਖ ਸਿੰਘ ਬੋਪਾਰਾਏ, ਖਜ਼ਾਨਚੀ ਅਮਰਜੀਤ ਸਿੰਘ, ਵਧੀਕ ਸਕੱਤਰ ਭੁਪਿੰਦਰ ਸਿੰਘ ਸਮੇਤ ਹਰਬੰਸ ਸਿੰਘ ਟਿਵਾਣਾ, ਸਾਬਕਾ ਮੁੱਖ ਇੰਜਨੀਅਰ ਅਮਰਜੀਤ ਸਿੰਘ, ਇੰਜ. ਕਰਤਾਰ ਸਿੰਘ, ਇੰਜ. ਸਤਪਾਲ ਸ਼ਰਮਾ, ਸਰਪ੍ਰਸਤ ਮਲਕੀਅਤ ਸਿੰਘ ਅਤੇ ਗੌਰੀ ਸ਼ੰਕਰ ਮੌਜੂਦ ਸਨ।

ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਖੇਡ ਮੁਕਾਬਲੇ ਕਰਵਾਏ



ਮਲੇਰਕੋਟਲਾ, 16 ਮਾਰਚ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਖੇਡ ਗਤੀਵਿਧੀਆਂ ਨਾਲ ਜੋੜਨ ਦੇ ਉਦੇਸ਼ ਨਾਲ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਸਥਾਨਕ ਡਾ. ਜਾਕਿਰ ਹੁਸੈਨ ਸਟੇਡੀਅਮ ਵਿਖੇ ਵਾਲੀਬਾਲ ਦੇ ਖੇਡ ਮੁਕਾਬਲੇ ਆਯੋਜਿਤ ਕਰਵਾਏ ਗਏ। ਇਸ ਮੌਕੇ ਨੌਜਵਾਨਾਂ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਖੇਡਾਂ ਰਾਹੀਂ ਸਿਹਤਮੰਦ ਜੀਵਨ ਦੀ ਮਹੱਤਤਾ ਨੂੰ ਉਜਾਗਰ ਕੀਤਾ। ਜ਼ਿਲ੍ਹਾ ਖੇਡ ਅਫਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਾ ਮੁਕਤ ਪੰਜਾਬ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਖੇਡ ਵਿਭਾਗ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਹਰ ਮਹੀਨੇ ਵੱਖ-ਵੱਖ ਖੇਡ ਮੁਕਾਬਲੇ ਅਤੇ ਜਾਗਰੂਕਤਾ ਸੈਮੀਨਾਰ ਕਰਵਾਏ ਜਾਂਦੇ ਹਨ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਘਾਤਕ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਹੋਰ ਦੱਸਿਆ ਕਿ ਖੇਡ ਮੁਕਾਬਲਿਆਂ ਦੌਰਾਨ ਵੱਖ-ਵੱਖ ਖਿਡਾਰੀਆਂ ਨੇ ਆਪਣੀ ਖੇਡ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਦੇ ਸਮਾਪਤ ਹੋਣ ਉਪਰੰਤ ਮੌਜੂਦ ਖਿਡਾਰੀਆਂ ਅਤੇ ਹੋਰ ਲੋਕਾਂ ਨੂੰ ਸੈਮੀਨਾਰ ਰਾਹੀਂ ਨਸ਼ਿਆਂ ਦੇ ਨੁਕਸਾਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ।

ਅਕਾਲੀ ਦਲ ਸੁਤੰਤਰ ਵੱਲੋਂ ਨਗਰ ਕੌਂਸਲ ਨਾਭਾ ਦੇ ਦਫ਼ਤਰ ਅੱਗੇ ਰੋਸ ਧਰਨਾ

ਨਾਭਾ, 16 ਮਾਰਚ (ਗੁਰਚਰਨ ਸਿੰਘ ਚੌਧਰੀਮਾਜਰਾ/ਬਲਜਿੰਦਰ ਮਾਨ) : ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਦੀ ਅਗਵਾਈ ਹੇਠ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਲੈ ਕੇ ਨਗਰ ਕੌਂਸਲ ਨਾਭਾ ਦੇ ਦਫਤਰ ਅੱਗੇ ਰੋਸ ਧਰਨਾ ਲਗਾਇਆ ਗਿਆ ਅਤੇ ਕਾਰਜ ਸਾਧਕ ਅਫਸਰ ਦੇ ਖਿਲਾਫ ਨਾਅਰੇਬਾਜ਼ੀ ਕਰਦੇ ਹੋਏ ਉਸ ਦਾ ਪਿੱਟ ਸਿਆਪਾ ਕੀਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਲੈ ਕੇ ਪਿਛਲੇ ਦਿਨੀ ਐਸ ਡੀ ਐਮ ਸਾਹਿਬ ਨਾਭਾ ਨੂੰ ਮੰਗ ਪੱਤਰ ਦਿੱਤਾ ਸੀ, ਜਿਸ ਵਿੱਚ ਅੱਜ ਦਾ ਜਿਹੜਾ ਅਕਾਲੀ ਦਲ ਸੁਤੰਤਰ ਵੱਲੋਂ ਸੰਕੇਤਕ ਧਰਨਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਸ ਵਿੱਚ ਪੁਰਾਣੇ ਹਾਥੀ ਖਾਨੇ ਦਾ ਗੰਦਾ ਨਾਲਾ ਓਪਨ ਹੋਣ ਕਰਕੇ ਕੀਮਤੀ ਜਾਨਾਂ ਜਾ ਰਹੀਆਂ ਹਨ ਅਤੇ ਜਾਨਵਰਾਂ ਦੀਆਂ ਵੀ ਜਾਨਾਂ ਜਾ ਰਹੀਆਂ ਹਨ। ਅਕਾਲੀ ਦਲ ਸੁਤੰਤਰ ਲੰਮੇ ਸਮੇਂ ਤੋਂ ਬਾਬਾ ਅਜਾਪਾਲ ਸਿੰਘ ਜੀ ਗੁਰਦੁਆਰਾ ਘੋੜਿਆਂ ਵਾਲੇ ਦੀ ਪੱਥਰਾਂ ਵਾਲੀ ਸੜਕ ਦਾ ਗੰਦਾ ਨਾਲਾ ਪੂਰਿਆ ਗਿਆ ਸੀ। ਸੜਕ ਬਣਨ ਤੋਂ ਬਾਅਦ ਉਸ ਦੇ ਆਲੇ ਦੁਆਲੇ ਨਾ ਸਫਾਈ ਰਹਿੰਦੀ ਹੈ, ਨਾ ਕੋਈ ਫੁੱਲ ਬੂਟੇ ਲਗਾਏ ਗਏ ਹਨ। ਉਹਨਾਂ ਕਿਹਾ ਕਿ ਇਹ ਮੁੱਖ ਮੰਗਾਂ ਨੂੰ ਰੱਖਦੇ ਹੋਏ ਇਹਨਾਂ ਮੰਗਾਂ ਨੂੰ ਅਤੀ ਜ਼ਰੂਰੀ ਸਮਝਕੇ ਹੱਲ ਕੀਤਾ ਜਾਵੇ। ਉਹਨਾਂ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਨੂੰ ਚੇਤਾਵਨੀ ਦਿੰਦਿਆਂ ਕਹਿ ਕਿ ਜੇਕਰ ਇਹਨਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਨਗਰ ਕੌਂਸਲ ਪ੍ਰਸ਼ਾਸਨ ਅਤੇ ਸਰਕਾਰ ਦੀ ਹੋਵੇਗੀ।ਇਸ ਮੌਕੇ ਹਰਬੰਸ ਸਿੰਘ ਖਟੜਾ, ਸੁਰਜੀਤ ਸਿੰਘ ਬਾਬਰਪੁਰ, ਹਰਬੰਸ ਸਿੰਘ ਖੇੜੀ, ਹੈਪੀ ਸੁਖੇਵਾਲ, ਬਿੱਲੂ ਸਹੌਲੀ, ਜਗਰੂਪ ਸਿੰਘ ਬੋੜਾ, ਪਰਮਜੀਤ ਸਿੰਘ ਖੋਖ, ਰਗਵੀਰ ਸਿੰਘ ਨੋਹਰਾ, ਜਸਪਾਲ ਸਿੰਘ ਸਹੌਲੀ, ਜਗਦੀਪ ਸਿੰਘ ਸਹੌਲੀ, ਰਣਜੀਤ ਸਿੰਘ ਬਨੇਰਾ, ਜਗਮੀਤ ਸਿੰਘ ਬਾਗੜੀਆਂ, ਅਵਤਾਰ ਸਿੰਘ ਬਨੇਰਾ, ਅਮਰੀਕ ਸਿੰਘ, ਭੋਲ਼ਾ ਸਹੌਲੀ, ਆਦਿ ਹਾਜ਼ਰ ਸਨ। ਇਸ ਮੌਕੇ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਵੱਲੋਂ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਨੂੰ ਮੰਗ ਪੱਤਰ ਦਿੱਤਾ।